ਰਜਿਸਟਰਡ ਪੋਸਟਲ ਰਜਿ: ਨੰ.
Pb/PTA(0274)/2024-26,
ਸਾਲ (Year) 58
ਅੰਕ ਨੰਬਰ (Volume No.) 151
ਫ਼ੋਨ: +91- 92168-07500
E-mail: news@charhdikala.com
www.charhdikala.com

ਨਾਨਕ ਨਾਮ ਚੜ੍ਹਦੀਕਲਾ ਤੇਰੇ ਭਾਣੇ ਸਰਬਤ ਦਾ ਭਲਾ

# ਚੜ੍ਹਦੀਕਲਾ

DAILY CHARHDIKALA, PATIALA

ਬਾਨੀ : (ਸਵ.) ਗਿ. ਹਰਨਾਮ ਸਿੰਘ ਜੀ | ਮੁੱਖ ਸੰਪਾਦਕ : ਡਾ. ਜਗਜੀਤ ਸਿੰਘ ਦਰਦੀ | ਸੰਪਾਦਕ : ਹਰਪ੍ਰੀਤ ਸਿੰਘ ਦਰਦੀ

ਕੁੱਲ ਪੰਨੇ: 12 (Tuesday, 2 June, 2026) ਮੰਗਲਵਾਰ, 2 ਜੂਨ, 2026, 19 ਜੇਠ, ਨਾਨਕਸ਼ਾਹੀ ਸੰਮਤ 558, ਬਿਕ੍ਰਮੀ 2083/ PRGI (RNI) Regd. No. 22972/1972/ ਮੁੱਲ: 2 ਰੁਪਏ

## 11 ਆਈ.ਪੀ.ਐਸ. ਤੇ 3 ਪੀ.ਪੀ.ਐਸ. ਅਧਿਕਾਰੀਆਂ ਦੇ ਤਬਾਦਲੇ

ਚੰਡੀਗੜ੍ਹ , 1 ਜੂਨ (ਚ.ਨ.ਸ.): ਪੰਜਾਬ ਸਰਕਾਰ ਨੇ ਸੋਮਵਾਰ ਨੂੰ 14 ਅਧਿਕਾਰੀਆਂ ਦੇ ਤਬਾਦਲੇ ਕੀਤੇ, ਜਿਨ੍ਹਾਂ ਵਿਚ 11 ਆਈ.ਪੀ.ਐਸ. ਤੇ 3 ਪੀ.ਪੀ.ਐਸ. ਅਧਿਕਾਰੀ ਸ਼ਾਮਲ ਹਨ। ਅੰਮ੍ਰਿਤਸਰ ਦਿਹਾਤੀ ਦੇ ਐਸ.ਐਸ.ਪੀ. ਸੁਹੇਲ ਕਾਸਿਮ ਮੀਰ ਨੂੰ ਹਟਾ ਦਿੱਤਾ ਗਿਆ ਹੈ। ਫਰੀਦਕੋਟ ਦੇ ਐਸ.ਐਸ.ਪੀ. ਪ੍ਰਗਿਆ ਜੈਨ ਨੂੰ ਏ.ਆਈ.ਜੀ. ਲਾਅ ਐਂਡ ਆਰਡਰ ,ਪੰਜਾਬ ਲਾਇਆ ਗਿਆ ਹੈ, ਜਦਕਿ ਸੁਹੇਲ ਕਾਸਿਮ ਮੀਰ ਨੂੰ ਏ.ਆਈ.ਜੀ. ਪਰਸੋਨਲ-1 ਪੰਜਾਬ ਨਿਯੁਕਤ ਕੀਤਾ ਗਿਆ ਹੈ। ਜਲੰਧਰ ਪੁਲਿਸ ਕਮਿਸ਼ਨਰ ਧਨਪ੍ਰੀਤ ਕੌਰ ਰੰਧਾਵਾ ਨੂੰ ਬਦਲ ਕੇ ਡੀ.ਆਈ.ਜੀ. ਸਤਿੰਦਰ ਸਿੰਘ (ਬਾਕੀ ਸਫ਼ਾ 2 'ਤੇ)

*ਮਜੀਠਾ ਥਾਣੇ ਬਾਹਰ ਹੰਗਾਮੇ ਦਾ ਮਾਮਲਾ*

# ਪੁਲਿਸ ਵੱਲੋਂ ਬਿਕਰਮ ਸਿੰਘ ਮਜੀਠੀਆ ਤੇ ਹੋਰਨਾਂ ਨੂੰ ਫੜਨ ਲਈ 12 ਟੀਮਾਂ ਗਠਿਤ

**ਭੀੜ ਨੇ ਥਾਣੇ 'ਚ ਦਾਖ਼ਲ ਹੋ ਕੇ ਫਾਈਲਾਂ ਪਾੜੀਆਂ, ਪੁਲਿਸ 'ਤੇ ਹਮਲਾ ਕਰਕੇ ਮੁਲਜ਼ਮ ਛੁਡਾਉਣ ਦੀ ਕੀਤੀ ਕੋਸ਼ਿਸ਼: ਐਸ.ਐਸ.ਪੀ.**

ਬਬਲੂ ਮਹਾਜਨ/ਗੁਰਦਿਆਲ ਸਿੰਘ

================

ਅੰਮ੍ਰਿਤਸਰ, 1 ਜੂਨ :ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਮਜੀਠੀਆ 'ਤੇ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ। ਅੰਮ੍ਰਿਤਸਰ ਪੁਲਿਸ ਨੇ ਮਜੀਠੀਆ ਨੂੰ ਫੜਨ ਲਈ 12 ਟੀਮਾਂ ਬਣਾਈਆਂ ਹਨ।

ਅੰਮ੍ਰਿਤਸਰ ਤੋਂ ਇਲਾਵਾ, ਚੰਡੀਗੜ੍ਹ ਵਿੱਚ ਵੀ ਮਜੀਠੀਆ ਦੀ ਤਲਾਸ਼ੀ ਲਈ ਜਾ ਰਹੀ ਹੈ।ਪੁਲਿਸ ਅਨੁਸਾਰ, ਮਜੀਠੀਆ ਅਤੇ ਉਸਦੇ ਸਾਥੀਆਂ ਵਿਰੁੱਧ ਕੱਲ੍ਹ (31 ਮਈ) ਨੂੰ ਮਜੀਠਾ ਪੁਲਿਸ ਸਟੇਸ਼ਨ ਤੋਂ ਅਕਾਲੀ ਆਗੂ ਨੂੰ ਜ਼ਬਰਦਸਤੀ ਛੁਡਾਉਣ ਦੇ ਦੋਸ਼ ਵਿੱਚ (ਬਾਕੀ ਸਫ਼ਾ 2 'ਤੇ)



### ਮਜੀਠੀਆ ਖ਼ਿਲਾਫ਼ ਲੁੱਕ ਆਊਟ ਨੋਟਿਸ ਜਾਰੀ

ਚੰਡੀਗੜ੍ਹ, 1 ਜੂਨ (ਚ.ਨ.ਸ.): ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਖ਼ਿਲਾਫ਼ ਪੰਜਾਬ ਪੁਲਿਸ ਵੱਲੋਂ ਲੁੱਕ ਆਊਟ ਨੋਟਿਸ ਜਾਰੀ ਕਰ ਦਿੱਤਾ ਗਿਆ ਹੈ। ਪੰਜਾਬ ਪੁਲਿਸ ਵੱਲੋਂ ਜਾਰੀ ਕੀਤੇ ਗਏ ਲੁੱਕ ਆਊਟ ਨੋਟਿਸ ਦੇ ਮੁਤਾਬਕ ਬਿਕਰਮ ਸਿੰਘ ਮਜੀਠੀਆ ਦੇ ਦੇਸ਼ ਛੱਡ ਕੇ ਬਾਹਰ ਜਾਣ 'ਤੇ ਪੂਰੀ ਤਰ੍ਹਾਂ ਰੋਕ ਲਗਾ ਦਿੱਤੀ ਗਈ ਹੈ, ਤਾਂ ਜੋ ਉਹ ਕਾਨੂੰਨੀ ਕਾਰਵਾਈ ਤੋਂ ਬਚਣ ਲਈ ਵਿਦੇਸ਼ ਨਾ ਭੱਜ ਸਕਣ।

*ਪੰਜਾਬ ਕੈਬਨਿਟ ਦੀ ਮੀਟਿੰਗ 'ਚ ਅਹਿਮ ਫ਼ੈਸਲੇ*

# ਚੋਣ ਵਿਭਾਗ ਦੇ ਸੇਵਾ ਨਿਯਮਾਂ 'ਚ ਸੋਧ ਨੂੰ ਹਰੀ ਝੰਡੀ

**ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਨੂੰ ਸੁਚਾਰੂ ਰੂਪ 'ਚ ਯਕੀਨੀ ਬਣਾਇਆ ਜਾ ਸਕੇਗਾ**

ਚੜ੍ਹਦੀਕਲਾ ਬਿਊਰੋ

================



ਚੰਡੀਗੜ੍ਹ, 1 ਜੂਨ :ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਵਜ਼ਾਰਤ ਨੇ ਅੱਜ ਅਹਿਮ ਫੈਸਲਾ ਲੈਂਦਿਆਂ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸੂਬੇ ਦੀ ਚੋਣ ਮਸ਼ੀਨਰੀ ਨੂੰ ਮਜ਼ਬੂਤ ਕਰਨ ਲਈ ਚੋਣ ਵਿਭਾਗ ਦੇ ਸੇਵਾ ਨਿਯਮਾਂ ਵਿੱਚ ਸੋਧ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਫੈਸਲੇ ਨਾਲ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਪ੍ਰਸ਼ਾਸਨਿਕ ਰੁਕਾਵਟਾਂ ਦੂਰ ਹੋਣਗੀਆਂ, ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ (ਐਸ.ਆਈ.ਆਰ.) ਨੂੰ ਸੁਚਾਰੂ ਅਤੇ ਨਿਰਵਿਘਨ ਤਰੀਕੇ ਨਾਲ ਨੇਪਰੇ ਚਾੜ੍ਹਨ ਵਿੱਚ ਮਦਦ ਮਿਲੇਗੀ ਅਤੇ ਚੋਣਾਂ ਨਾਲ ਸਬੰਧਤ ਕਾਰਜਾਂ ਲਈ ਲੋੜੀਂਦਾ ਸਟਾਫ ਯਕੀਨੀ ਬਣਾਉਣ ਲਈ ਖਾਲੀ ਪਈਆਂ ਮਹੱਤਵਪੂਰਨ ਅਸਾਮੀਆਂ ਨੂੰ ਭਰਨ ਲਈ ਰਾਹ ਪੱਧਰਾ ਹੋਵੇਗਾ। ਮੰਤਰੀ ਮੰਡਲ ਨੇ ਜਲ ਸਰੋਤ ਵਿਭਾਗ ਦੀ ਸਾਲ 2025-26 ਦੀ ਸਾਲਾਨਾ ਪ੍ਰਸ਼ਾਸਨਿਕ ਰਿਪੋਰਟ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ। ਇਹ ਫੈਸਲੇ ਅੱਜ ਇੱਥੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਮੰਤਰੀ ਮੰਡਲ ਦੀ ਮੀਟਿੰਗ ਦੌਰਾਨ ਲਏ ਗਏ।

ਇਸ ਫੈਸਲੇ ਦੀ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਮੰਤਰੀ ਦਫ਼ਤਰ ਨੇ ਦੱਸਿਆ ਕਿ ਮੰਤਰੀ ਮੰਡਲ ਨੇ ਚੋਣ ਕਾਨੂੰਨਗੋ ਦੀ ਅਸਾਮੀ ਤੋਂ ਚੋਣ ਤਹਿਸੀਲਦਾਰ ਵਜੋਂ ਤਰੱਕੀ ਲਈ ਲੋੜੀਂਦੇ ਤਜਰਬੇ ਨੂੰ 15 ਸਾਲ ਤੋਂ ਘਟਾ ਕੇ 12 ਸਾਲ ਕਰਨ ਲਈ ਚੋਣ ਵਿਭਾਗ ਦੇ ਸੇਵਾ ਨਿਯਮਾਂ ਵਿੱਚ ਸੋਧ ਨੂੰ ਪ੍ਰਵਾਨਗੀ ਦੇ ਦਿੱਤੀ ਹੈ।

ਇਹ ਸੋਧ ਵਿਭਾਗ ਵਿੱਚ ਚੋਣ ਤਹਿਸੀਲਦਾਰ ਦੀਆਂ 7 ਖਾਲੀ ਅਸਾਮੀਆਂ ਹੋਣ ਕਾਰਨ ਜ਼ਰੂਰੀ ਹੋ ਗਈ ਸੀ। ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਸੁਧਾਈ ਅਤੇ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਚੋਣਾਂ ਨਾਲ ਸਬੰਧਤ ਕੰਮਾਂ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਚੋਣ ਤਹਿਸੀਲਦਾਰਾਂ ਦੀਆਂ ਸੇਵਾਵਾਂ ਦੀ ਤੁਰੰਤ ਲੋੜ ਹੈ। ਮੌਜੂਦਾ ਨਿਯਮਾਂ ਤਹਿਤ 15 ਸਾਲਾਂ ਦੇ ਤਜਰਬੇ ਦੀ ਲੋੜ ਹੁੰਦੀ ਹੈ ਅਤੇ ਇਸ ਵੇਲੇ ਸੇਵਾ ਨਿਭਾ ਰਹੇ ਚੋਣ ਕਾਨੂੰਨਗੋਆਂ ਵਿੱਚੋਂ ਕੋਈ ਵੀ ਤਰੱਕੀ ਲਈ ਯੋਗ ਨਹੀਂ ਹੈ। ਵਿਭਾਗ ਨੇ ਲੋੜੀਂਦੇ ਤਜਰਬੇ ਨੂੰ ਘਟਾ ਕੇ 12 ਸਾਲ ਕਰਨ ਦੀ ਤਜਵੀਜ਼ ਰੱਖੀ ਸੀ ਤਾਂ ਜੋ ਯੋਗ ਚੋਣ ਕਾਨੂੰਨਗੋਆਂ ਨੂੰ ਆਉਣ (ਬਾਕੀ ਸਫ਼ਾ 2 'ਤੇ)

*'ਆਪ' ਕੋਰ ਕਮੇਟੀ ਦਾ ਫ਼ੈਸਲਾ*

## ਮਾਨ ਤੈਅ ਕਰਨਗੇ ਨਗਰ ਨਿਗਮ ਤੇ ਕੌਂਸਲਾਂ ਦੇ ਪ੍ਰਧਾਨਾਂ ਦੇ ਨਾਂਅ

ਚੰਡੀਗੜ੍ਹ , 1 ਜੂਨ (ਚ.ਨ.ਸ.):ਨਿਗਮ, ਕੌਂਸਲ ਚੋਣਾਂ ਨੂੰ ਲੈ ਕੇ 'ਆਪ' ਦਾ ਵੱਡਾ ਫ਼ੈਸਲਾ ਸਾਹਮਣੇ ਆਇਆ ਹੈ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਹੀ ਆਮ ਆਦਮੀ ਪਾਰਟੀ ਵੱਲੋਂ ਜਿੱਤੇ ਗਏ ਸਾਰੇ ਨਗਰ ਨਿਗਮਾਂ ਤੇ ਕੌਂਸਲਾਂ ਵਿਚ ਮੇਅਰ ਤੇ ਚੇਅਰਮੈਨਾਂ ਦੇ ਨਾਵਾਂ ਦਾ ਅੰਤਿਮ ਫੈਸਲਾ ਕਰਨਗੇ। ਪਾਰਟੀ ਦੀ ਕੋਰ ਕਮੇਟੀ ਨੇ ਇਹ ਅਧਿਕਾਰ ਪੂਰੀ ਤਰ੍ਹਾਂ ਤੋਂ ਮੁੱਖ ਮੰਤਰੀ ਨੂੰ ਸੌਂਪ ਦਿੱਤਾ ਹੈ ਤਾਂ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿਚ ਰੱਖਦੇ ਹੋਏ ਰਣਨੀਤਕ ਨਿਯੁਕਤੀਆਂ ਕੀਤੀਆਂ ਜਾ ਸਕਣ। ਮੰਨਿਆ ਜਾ ਰਿਹਾ ਹੈ ਕਿ ਆਉਣ ਵਾਲੇ ਦਿਨਾਂ ਵਿਚ ਪਾਰਟੀ ਵੱਖ-ਵੱਖ (ਬਾਕੀ ਸਫ਼ਾ 2 'ਤੇ)

## ਪੰਜਾਬ ਭਾਜਪਾ ਦੇ ਨਵੇਂ ਪ੍ਰਧਾਨ ਕੇਵਲ ਸਿੰਘ ਢਿੱਲੋਂ ਭਲਕੇ ਸੰਭਾਲਣਗੇ ਅਹੁਦਾ

ਚੰਡੀਗੜ੍ਹ, 1 ਜੂਨ (ਚ.ਨ.ਸ.): ਪੰਜਾਬ ਭਾਜਪਾ ਦੇ ਨਵ-ਨਿਯੁਕਤ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ 3 ਜੂਨ ਨੂੰ ਸਵੇਰੇ 10 ਵਜੇ ਚੰਡੀਗੜ੍ਹ ਸਥਿਤ ਪੰਜਾਬ ਭਾਜਪਾ ਦੇ ਮੁੱਖ ਦਫ਼ਤਰ ਵਿਖੇ ਰਸਮੀ ਤੌਰ 'ਤੇ ਆਪਣਾ ਕਾਰਜਭਾਰ ਸੰਭਾਲਣਗੇ। ਇਹ ਜਾਣਕਾਰੀ ਪੰਜਾਬ ਭਾਜਪਾ ਦੇ ਜਨਰਲ ਸਕੱਤਰ ਅਨਿਲ ਸਰੀਨ ਨੇ ਦਿੱਤੀ ।



ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂਆਂ ਸਮੇਤ ਸਾਬਕਾ ਪ੍ਰਦੇਸ਼ ਪ੍ਰਧਾਨ, ਰਾਸ਼ਟਰੀ ਅਹੁਦੇਦਾਰ, ਕੇਂਦਰੀ ਮੰਤਰੀ, ਸੰਸਦ ਮੈਂਬਰ, ਵਿਧਾਇਕ, ਸਾਬਕਾ ਮੰਤਰੀ, ਸਾਬਕਾ ਸੰਸਦ ਮੈਂਬਰ ਅਤੇ ਵਿਧਾਇਕ, ਪ੍ਰਦੇਸ਼ ਕੋਰ ਕਮੇਟੀ ਮੈਂਬਰ, (ਬਾਕੀ ਸਫ਼ਾ 2 'ਤੇ)

# ਪੰਜਾਬ 'ਚ 5 ਤੱਕ ਹਨ੍ਹੇਰੀ-ਤੂਫ਼ਾਨ ਨਾਲ ਪਵੇਗਾ ਭਾਰੀ ਮੀਂਹ !

ਚੜ੍ਹਦੀਕਲਾ ਬਿਊਰੋ

================



ਚੰਡੀਗੜ੍ਹ, 1 ਜੂਨ :ਉੱਤਰ ਭਾਰਤ ਦੇ ਵੱਖ-ਵੱਖ ਸੂਬਿਆਂ ਵਿਚ ਪ੍ਰੀ-ਮਾਨਸੂਨ ਦੀ ਰਾਹਤ ਨਾਲ ਮੌਸਮ ਦਾ ਮਿਜਾਜ਼ ਪੂਰੀ ਤਰ੍ਹਾਂ ਬਦਲ ਗਿਆ ਹੈ। ਪਿਛਲੇ ਕਈ ਦਿਨਾਂ ਤੋਂ ਪੈ ਰਹੀ ਭਿਆਨਕ ਗਰਮੀ ਤੋਂ ਲੋਕਾਂ ਨੂੰ ਵੱਡੀ ਰਾਹਤ ਮਿਲੀ ਹੈ। ਹਿਮਾਚਲ ਪ੍ਰਦੇਸ਼ ਦੇ ਉੱਪਰਲੇ ਇਲਾਕਿਆਂ ਵਿਚ ਹੋਈ ਬਰਫ਼ਬਾਰੀ ਅਤੇ ਪਹਾੜਾਂ 'ਤੇ ਸਰਗਰਮ ਪੱਛਮੀ ਗੜਬੜ (ਵੈਸਟਰਨ ਡਿਸਟਰਬੈਂਸ) ਦੇ ਪ੍ਰਭਾਵ ਨਾਲ ਪੰਜਾਬ ਦੀਆਂ ਹਵਾਵਾਂ ਵਿਚ ਵੀ ਠੰਢਕ ਮਹਿਸੂਸ ਕੀਤੀ ਜਾ ਰਹੀ ਹੈ। ਦਿਨ ਅਤੇ ਰਾਤ ਦੇ ਤਾਪਮਾਨ ਵਿਚ ਗਿਰਾਵਟ ਆਉਣ ਨਾਲ ਮੌਸਮ ਸੁਹਾਵਣਾ ਹੋ ਗਿਆ ਹੈ ਅਤੇ ਲੋਕਾਂ ਨੇ ਰਾਹਤ ਮਹਿਸੂਸ ਕੀਤੀ ਹੈ। ਉਥੇ ਹੀ ਮੌਸਮ ਵਿਭਾਗ ਨੇ ਅਗਲੇ ਦਿਨਾਂ ਲਈ ਵੱਡੀ ਅਪਡੇਟ ਜਾਰੀ ਕੀਤੀ ਹੈ। ਮੌਸਮ ਵਿਭਾਗ ਨੇ 5 ਜੂਨ ਤੱਕ ਪੰਜਾਬ ਦੇ ਮੌਸਮ ਨੂੰ ਲੈ ਕੇ ਵੱਡੀ ਭਵਿੱਖਬਾਣੀ ਕੀਤੀ ਹੈ। ਮੌਸਮ ਵਿਭਾਗ ਨੇ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਲਈ ਆਗਾਮੀ ਤਿੰਨ ਦਿਨਾਂ ਤੱਕ 'ਯੈਲੋ ਅਲਰਟ' ਜਾਰੀ ਕੀਤਾ ਹੈ। ਮੌਸਮ ਵਿਭਾਗ ਮੁਤਾਬਕ 1 ਜੂਨ ਅਤੇ 2 ਜੂਨ ਨੂੰ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਕੋਈ ਚਿਤਾਵਨੀ ਨਹੀਂ ਹੈ ਅਤੇ ਮੌਸਮ ਆਮ ਰਹਿਣ ਦੀ ਸੰਭਾਵਨਾ ਹੈ। 3 ਜੂਨ ਤੋਂ ਸੂਬੇ ਦੇ ਕਈ ਹਿੱਸਿਆਂ 'ਚ ਮੌਸਮ ਵਿਗੜਨ ਦੀ ਸੰਭਾਵਨਾ ਹੈ। ਫਿਰੋਜ਼ਪੁਰ, ਫਰੀਦਕੋਟ, ਮੁਕਤਸਰ, ਬਠਿੰਡਾ ਅਤੇ ਮਾਨਸਾ ਵਰਗੇ ਜ਼ਿਲ੍ਹਿਆਂ (ਬਾਕੀ ਸਫ਼ਾ 2 'ਤੇ)

# ਮਰਜ਼ੀ ਨਾਲ ਦੇਹ ਵਪਾਰ ਦਾ ਧੰਦਾ ਕਰਨਾ ਅਪਰਾਧ ਨਹੀਂ: ਸੁਪਰੀਮ ਕੋਰਟ

ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 1 ਜੂਨ: ਸੁਪਰੀਮ ਕੋਰਟ ਨੇ 70 ਸਾਲ ਪੁਰਾਣੇ ਅਨੈਤਿਕ ਆਵਾਜਾਈ (ਰੋਕਥਾਮ) ਐਕਟ ਦੇ ਡੂੰਘਾਈ ਨਾਲ ਵਿਸ਼ਲੇਸ਼ਣ ਤੋਂ ਬਾਅਦ ਇੱਕ ਇਤਿਹਾਸਕ ਫੈਸਲਾ ਸੁਣਾਇਆ ਹੈ। ਅਦਾਲਤ ਨੇ ਕਿਹਾ ਕਿ ਇਸ ਕਾਨੂੰਨ ਦਾ ਮੁੱਖ ਉਦੇਸ਼ ਨਾ ਤਾਂ ਵੇਸ਼ਵਾਗਮਨੀ ਨੂੰ ਪੂਰੀ ਤਰ੍ਹਾਂ ਖਤਮ ਕਰਨਾ ਹੈ ਅਤੇ ਨਾ ਹੀ ਇਸਨੂੰ ਅਪਰਾਧੀ ਬਣਾਉਣਾ ਹੈ; ਸਗੋਂ, ਇਸਦਾ ਅਸਲ ਉਦੇਸ਼ ਵੇਸ਼ਵਾਗਮਨੀ ਦੇ ਵਪਾਰੀਕਰਨ 'ਤੇ ਲਗਾਮ ਲਗਾਉਣਾ ਹੈ।



ਜਸਟਿਸ ਜੇ.ਬੀ. ਪਾਰਦੀਵਾਲਾ ਅਤੇ ਜਸਟਿਸ ਆਰ. ਮਹਾਦੇਵਨ ਦੀ ਬੈਂਚ ਨੇ ਕਿਹਾ, 'ਸਾਨੂੰ ਪੂਰਾ ਯਕੀਨ ਹੈ ਕਿ ਵੇਸ਼ਵਾਗਮਨੀ ਨੂੰ ਖਤਮ ਕਰਨਾ ਜਾਂ ਇਸਨੂੰ ਅਪਰਾਧੀ ਬਣਾਉਣਾ ਇਸ ਐਕਟ ਦਾ ਮੁੱਖ ਉਦੇਸ਼ ਨਹੀਂ ਹੈ। ਇਸ ਦੀ ਬਜਾਏ, ਇਸਦਾ ਉਦੇਸ਼ ਵੇਸ਼ਵਾਗਮਨੀ ਦੇ ਵਪਾਰੀਕਰਨ ਨੂੰ ਰੋਕਣਾ ਜਾਂ ਖਤਮ ਕਰਨਾ ਹੈ - ਯਾਨੀ ਕਿ, ਰੋਜ਼ੀ-ਰੋਟੀ ਦੇ ਇੱਕ ਸੰਗਠਿਤ ਸਾਧਨ ਵਜੋਂ ਵੇਸ਼ਵਾਗਮਨੀ ਦੀ ਵਰਤੋਂ 'ਤੇ ਪਾਬੰਦੀ ਲਗਾਉਣਾ।'

ਵੇਸ਼ਵਾਘਰਾਂ ਤੋਂ ਬਚਾਈਆਂ ਗਈਆਂ ਔਰਤਾਂ ਦੇ ਪੁਨਰਵਾਸ ਸਬੰਧੀ ਇੱਕ ਮਾਮਲੇ ਦੀ ਸੁਣਵਾਈ ਕਰਦੇ ਹੋਏ, ਬੈਂਚ ਨੇ ਇਸ 1956 ਦੇ ਐਕਟ ਦਾ ਡੂੰਘਾਈ ਨਾਲ ਵਿਸ਼ਲੇਸ਼ਣ ਕੀਤਾ। ਅਦਾਲਤ ਨੇ ਨੋਟ ਕੀਤਾ ਕਿ 20ਵੀਂ ਸਦੀ ਦੇ ਸ਼ੁਰੂ ਵਿੱਚ, ਵੇਸ਼ਵਾਗਮਨੀ ਲਈ ਔਰਤਾਂ ਦੀ ਤਸਕਰੀ ਬਹੁਤ ਜ਼ਿਆਦਾ ਸੀ, ਅਤੇ ਇਸ ਪ੍ਰਥਾ ਨੂੰ ਸਮਾਜ ਦੁਆਰਾ 'ਅਨੈਤਿਕ' ਮੰਨਿਆ ਜਾਂਦਾ ਸੀ; ਇਹੀ ਕਾਰਨ ਹੈ ਕਿ ਇਹ ਖਾਸ ਸ਼ਬਦ ਐਕਟ ਦੇ ਨਾਮ ਨਾਲ ਜੁੜ ਗਿਆ।

ਸੁਪਰੀਮ ਕੋਰਟ ਨੇ ਅੱਗੇ ਕਿਹਾ ਕਿ ਆਈਟੀਪੀਏ (ਅਨੈਤਿਕ ਆਵਾਜਾਈ (ਰੋਕਥਾਮ) ਐਕਟ) ਮੁੱਖ ਤੌਰ 'ਤੇ ਅਪਰਾਧੀਆਂ ਅਤੇ ਤਸਕਰਾਂ ਨੂੰ ਸਜ਼ਾ ਦੇਣ ਲਈ ਬਣਾਇਆ ਗਿਆ ਸੀ, ਨਾ ਕਿ ਖੁਦ ਵੇਸ਼ਵਾਗਮਨੀ ਵਿੱਚ ਸ਼ਾਮਲ ਔਰਤਾਂ ਨੂੰ ਸਜ਼ਾ ਦੇਣ ਲਈ। ਜਸਟਿਸ ਪਾਰਦੀਵਾਲਾ ਦੁਆਰਾ ਲਿਖੇ ਗਏ ਇਸ 298 ਪੰਨਿਆਂ ਦੇ ਫੈਸਲੇ ਵਿੱਚ, ਇਹ ਸਪੱਸ਼ਟ ਕੀਤਾ ਗਿਆ ਸੀ ਕਿ ਐਕਟ (ਬਾਕੀ ਸਫ਼ਾ 2 'ਤੇ)

# ਫ਼ੈਕਟਰੀ 'ਚ ਜ਼ਹਿਰੀਲੀ ਗੈਸ ਚੜ੍ਹਨ ਕਾਰਨ ਪਿਉ-ਪੁੱਤ ਸਣੇ ਤਿੰਨ ਦੀ ਮੌਤ




ਵਿਸ਼ਾਲ ਸ਼ਰਮਾ

================

ਲੁਧਿਆਣਾ,1 ਜੂਨ:ਲੁਧਿਆਣਾ ਦੇ ਘੋੜਾ ਕਲੋਨੀ ਸਥਿਤ ਦੀਪ ਮਸ਼ੀਨ ਟੂਲਜ਼ ਪ੍ਰਾਈਵੇਟ ਲਿਮਟਿਡ ਫੈਕਟਰੀ ਵਿੱਚ ਦੇਰ ਸਵੇਰ ਗਾਰ ਕੱਢਦੇ ਸਮੇਂ ਜ਼ਹਿਰੀਲੀ ਗੈਸ ਚੜ੍ਹਨ ਨਾਲ ਵੱਡਾ ਹਾਦਸਾ ਵਾਪਰਿਆ ਗਿਆ। ਇਸ ਦੌਰਾਨ ਤਿੰਨ ਲੋਕਾਂ ਦੀ ਮੌਤ ਹੋ ਗਈ। ਜਿਨ੍ਹਾਂ ਵਿੱਚ ਪਿਤਾ-ਪੁੱਤਰ ਸ਼ਾਮਲ ਹਨ ਪਿਤਾ ਮਾਨ ਸਿੰਘ ਅਤੇ ਪੁੱਤਰ ਅਮਿਤ ਕੁਮਾਰ ਦੇ ਨਾਮ ਸਾਹਮਣੇ ਆਏ ਹਨ। ਜਿਸ ਨੂੰ ਲੈ ਕੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਟੀਮਾਂ ਵੱਲੋਂ ਮੌਕੇ 'ਤੇ ਪਹੁੰਚ ਜਾਂਚ ਕੀਤੀ ਜਾ ਰਹੀ ਹੈ। ਦੱਸਿਆ ਜਾ ਰਿਹਾ ਕਿ ਇਹ ਹਾਦਸਾ ਤੜਕਸਾਰ ਵਾਪਰਿਆ ਅਤੇ ਤੁਰੰਤ ਹੀ ਹਾਦਸੇ ਦੇ ਪੀੜਤਾਂ ਨੂੰ ਨਜ਼ਦੀਕੀ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਸੀ ਜਿੱਥੇ ਡਾਕਟਰਾਂ ਨੇ ਤਿੰਨ ਲੋਕਾਂ ਨੂੰ ਮ੍ਰਿਤ ਘੋਸ਼ਿਤ ਕਰ ਦਿੱਤਾ ਅਤੇ 2 ਮਜ਼ਦੂਰਾਂ ਦੀ ਹਾਲਤ ਹਾਲੇ ਵੀ ਖਰਾਬ ਦੱਸੀ ਜਾ (ਬਾਕੀ ਸਫ਼ਾ 2 'ਤੇ)

## ਜੰਡਿਆਲਾ ਗੁਰੂ 'ਚ ਦਿਨ-ਦਿਹਾੜੇ ਸਰਕਾਰੀ ਅਧਿਆਪਕ ਦਾ ਕਤਲ

ਜੰਡਿਆਲਾ ਗੁਰੂ , 1 ਜੂਨ (ਰਾਮ ਸ਼ਰਨਜੀਤ ਸਿੰਘ): ਅੰਮ੍ਰਿਤਸਰ ਜ਼ਿਲ੍ਹੇ ਦੇ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਅਧੀਨ ਪੈਂਦੇ ਪਿੰਡ ਰਾਣਾ ਕਾਲਾ ਨੇੜੇ ਦਿਨ-ਦਿਹਾੜੇ ਚਾਰ ਲੁਟੇਰਿਆਂ ਨੇ ਇਕ ਸਰਕਾਰੀ ਅਧਿਆਪਕ ਦਾ ਬੜੀ ਬੇਰਹਿਮੀ ਨਾਲ ਕਤਲ ਕਰ ਦਿੱਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜੰਡਿਆਲਾ ਗੁਰੂ ਦੇ ਡੀ.ਐਸ.ਪੀ. ਨੇ ਦੱਸਿਆ ਕਿ ਮ੍ਰਿਤਕ ਦੀ ਪਛਾਣ ਜਗਦੀਪ ਸਿੰਘ (40) ਪੁੱਤਰ ਸਤਨਾਮ ਸਿੰਘ ਵਾਸੀ ਪਿੰਡ ਤਲਵੰਡੀ ਨੇੜੇ ਮਾਲੋਵਾਲ ਵਜੋਂ ਹੋਈ ਹੈ। ਮ੍ਰਿਤਕ ਜਗਦੀਪ ਸਿੰਘ ਪਿੰਡ ਗਹਿਰੀ ਮੰਡੀ ਵਿਖੇ ਸਰਕਾਰੀ ਸਕੂਲ ਵਿੱਚ ਡਰਾਇੰਗ ਅਧਿਆਪਕ ਵਜੋਂ ਸੇਵਾਵਾਂ ਨਿਭਾ ਰਿਹਾ ਸੀ। ਪ੍ਰਾਪਤ ਜਾਣਕਾਰੀ ਅਨੁਸਾਰ ਮ੍ਰਿਤਕ ਆਪਣੀ ਬੱਚੀ ਨੂੰ ਜੰਡਿਆਲਾ ਗੁਰੂ ਵਿਖੇ ਟਿਊਸ਼ਨ 'ਤੇ ਛੱਡ ਕੇ ਵਾਪਸ ਆ ਰਿਹਾ ਸੀ, (ਬਾਕੀ ਸਫ਼ਾ 2 'ਤੇ)



# ਸੁਪਰੀਮ ਕੋਰਟ ਵਿੱਚ 5 ਨਵੇਂ ਜੱਜਾਂ ਦੀ ਨਿਯੁਕਤੀ



ਚੜ੍ਹਦੀਕਲਾ ਬਿਊਰੋ

================

ਨਵੀਂ ਦਿੱਲੀ, 1 ਜੂਨ: ਦੇਸ਼ ਦੀ ਸਰਵਉੱਚ ਅਦਾਲਤ (ਸੁਪਰੀਮ ਕੋਰਟ) ਵਿੱਚ ਸੋਮਵਾਰ ਨੂੰ ਪੰਜ ਨਵੇਂ ਜੱਜਾਂ ਦੀ ਨਿਯੁਕਤੀ ਕੀਤੀ ਗਈ ਹੈ।

ਕੇਂਦਰੀ ਕਾਨੂੰਨ ਅਤੇ ਨਿਆਂ ਮੰਤਰਾਲੇ ਵੱਲੋਂ ਅੱਜ ਸਵੇਰੇ ਇਸ ਸਬੰਧੀ ਅਧਿਕਾਰਤ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ। ਸੁਪਰੀਮ ਕੋਰਟ ਵਿੱਚ ਪਦਉੱਨਤ ਕੀਤੇ ਗਏ ਇਨ੍ਹਾਂ ਜੱਜਾਂ ਵਿੱਚ ਵੱਖ-ਵੱਖ ਰਾਜਾਂ ਦੀਆਂ ਹਾਈ ਕੋਰਟਾਂ ਦੇ ਚੀਫ਼ ਜਸਟਿਸ ਸ਼ਾਮਲ ਹਨ। ਕਾਨੂੰਨ ਮੰਤਰਾਲੇ ਵੱਲੋਂ ਦਿੱਤੀ ਗਈ ਜਾਣਕਾਰੀ ਅਨੁਸਾਰ, ਸੁਪਰੀਮ ਕੋਰਟ ਦੇ ਜੱਜ ਵਜੋਂ ਨਿਯੁਕਤ ਕੀਤੇ ਗਏ ਨਾਵਾਂ ਵਿੱਚ ਬੰਬੇ ਹਾਈ ਕੋਰਟ ਦੇ ਚੀਫ਼ ਜਸਟਿਸ ਸ੍ਰੀ ਚੰਦਰਸ਼ੇਖਰ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਸ਼ੀਲ ਨਾਗੂ, ਮੱਧ ਪ੍ਰਦੇਸ਼ ਹਾਈ ਕੋਰਟ ਦੇ ਚੀਫ਼ ਜਸਟਿਸ ਸੰਜੀਵ ਸਚਦੇਵਾ, ਅਤੇ ਜੰਮੂ-ਕਸ਼ਮੀਰ ਹਾਈ ਕੋਰਟ ਦੇ ਚੀਫ਼ ਜਸਟਿਸ ਅਰੁਣ ਪੱਲੀ ਸ਼ਾਮਲ ਹਨ। ਇਨ੍ਹਾਂ ਤੋਂ ਇਲਾਵਾ ਵੈਂਕਟਾ ਸੁਬਰਾਮਨੀ ਮੋਹਨਾ ਨੂੰ ਵੀ ਦੇਸ਼ ਦੀ ਸਿਖ਼ਰਲੀ (ਬਾਕੀ ਸਫ਼ਾ 2 'ਤੇ)

## ਹਾਈ ਕੋਰਟ ਦੇ ਚੀਫ਼ ਜਸਟਿਸ ਸ਼ੀਲ ਨਾਗੂ ਬਣੇ ਸੁਪਰੀਮ ਕੋਰਟ ਦੇ ਜੱਜ

ਚੰਡੀਗੜ੍ਹ, 1 ਜੂਨ (ਚ.ਨ.ਸ.):ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਜਸਟਿਸ ਸ਼ੀਲ ਨਾਗੂ ਨੂੰ ਸੁਪਰੀਮ ਕੋਰਟ ਦਾ ਜੱਜ ਨਿਯੁਕਤ ਕਰ ਦਿੱਤਾ ਗਿਆ ਹੈ। ਕੇਂਦਰ ਸਰਕਾਰ ਵਲੋਂ ਜਾਰੀ ਨੋਟੀਫਿਕੇਸ਼ਨ ਰਾਹੀਂ ਉਨ੍ਹਾਂ ਸਮੇਤ ਪੰਜ ਨਵੇਂ ਜੱਜਾਂ ਦੀ ਸੁਪਰੀਮ ਕੋਰਟ 'ਚ ਨਿਯੁਕਤੀ ਨੂੰ ਮਨਜ਼ੂਰੀ ਦਿੱਤੀ ਗਈ। ਜਸਟਿਸ ਸ਼ੀਲ ਨਾਗੂ ਇਸ ਵੇਲੇ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਚੀਫ਼ ਜਸਟਿਸ ਵਜੋਂ ਸੇਵਾਵਾਂ ਨਿਭਾ ਰਹੇ ਸਨ। ਉਨ੍ਹਾਂ ਨੇ 9 ਜੁਲਾਈ, 2024 ਨੂੰ ਚੰਡੀਗੜ੍ਹ ਵਿਚ ਚੀਫ਼ ਜਸਟਿਸ ਦਾ ਅਹੁਦਾ ਸੰਭਾਲਿਆ ਸੀ। ਇਸ ਤੋਂ ਪਹਿਲਾਂ ਉਹ ਮੱਧ ਪ੍ਰਦੇਸ਼ ਹਾਈ ਕੋਰਟ ਵਿਚ ਜੱਜ ਅਤੇ ਕਾਰਜਕਾਰੀ ਚੀਫ਼ ਜਸਟਿਸ ਵਜੋਂ ਵੀ ਕੰਮ ਕਰ ਚੁੱਕੇ ਹਨ।

## ਮੱਖੂ 'ਚ ਦੁਕਾਨਦਾਰ ਦਾ ਕਤਲ, ਦੋ ਬਦਮਾਸ਼ਾਂ ਨੇ ਦੁਕਾਨ 'ਤੇ ਆ ਕੇ ਮਾਰੀਆਂ ਗੋਲ਼ੀਆਂ

ਮੱਖੂ, 1 ਜੂਨ (ਚ.ਨ.ਸ.): ਫਿਰੋਜ਼ਪੁਰ ਦੇ ਕਸਬਾ ਮੱਖੂ ਦੇ ਗੁਰਦੁਆਰਾ ਸਿੰਘ ਸਭਾ ਦੇ ਸਾਹਮਣੇ ਮੇਨ ਬਜ਼ਾਰ ਵਿੱਚ ਭੀੜ ਭਰੇ ਇਲਾਕੇ ਵਿਚ ਕੁੱਝ ਅਣਪਛਾਤੇ ਵਿਅਕਤੀਆਂ ਵੱਲੋਂ ਇੱਕ ਕਰਿਆਨਾ ਸਟੋਰ ਦੇ ਮਾਲਕ ਗੁਰਚਰਨ ਸਿੰਘ (ਕਾਲਾ ਗਾਬਾ) ਪੁੱਤਰ ਕੁਲਵੰਤ ਸਿੰਘ ਗਾਬਾ ਨੂੰ ਦਿਨ-ਦਿਹਾੜੇ ਗੋਲੀਆਂ ਮਾਰ ਕੇ ਗੰਭੀਰ ਰੂਪ ਵਿੱਚ ਜ਼ਖ਼ਮੀ ਕਰ ਦਿੱਤਾ, ਜਿਸ ਦੀ ਮੋਗਾ ਮੈਡੀਸਿਟੀ ਹਸਪਤਾਲ ਵਿੱਚ ਇਲਾਜ ਦੌਰਾਨ ਮੌਤ ਹੋ ਗਈ। ਮ੍ਰਿਤਕ ਕਾਲਾ ਗਾਬਾ ਦੀ ਦੁਕਾਨ 'ਤੇ ਕੰਮ ਕਰਨ ਵਾਲੇ ਮੁਲਾਜ਼ਮ ਨੇ ਦੱਸਿਆ ਕਿ ਹਮਲਾਵਰ ਪਹਿਲਾਂ ਦੁਕਾਨ 'ਤੇ ਕੋਲਡਰਿੰਕ ਲੈਣ ਦੇ ਬਹਾਨੇ ਆਇਆ ਅਤੇ ਤਕਰੀਬਨ 10-12 ਮਿੰਟ ਦੁਕਾਨ ਵਿੱਚ ਖੜ੍ਹਾ ਰਿਹਾ। ਮੁਲਾਜ਼ਮ ਨੇ (ਬਾਕੀ ਸਫ਼ਾ 2 'ਤੇ)



*ਸ਼੍ਰੋਮਣੀ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ*

## ਪੰਥਕ ਕਾਨਫ਼ਰੰਸ 'ਚ ਪੁੱਜੀਆਂ ਸਮੂਹ ਸਿੱਖ ਜਥੇਬੰਦੀਆਂ ਤੇ ਸੰਗਤਾਂ ਲਈ ਕੀਤਾ ਵਿਸ਼ੇਸ਼ ਧੰਨਵਾਦੀ ਮਤਾ ਪਾਸ



ਗੁਰਦਿਆਲ ਸਿੰਘ

================

ਅੰਮ੍ਰਿਤਸਰ, 1 ਜੂਨ : ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਅਗਵਾਈ ਵਿਚ ਅੱਜ ਇਥੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਹੋਈ ਇਕੱਤਰਤਾ ਵਿਚ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਮਾਮਲਿਆਂ ਨੂੰ ਵਿਚਾਰਨ ਦੇ ਨਾਲ-ਨਾਲ ਬੀਤੇ ਕੱਲ੍ਹ ਬਾਬਾ ਬਕਾਲਾ ਸਾਹਿਬ ਵਿਖੇ ਹੋਈ ਵਿਸ਼ਾਲ ਪੰਥਕ ਕਾਨਫ਼ਰੰਸ ਵਿਚ ਪੁੱਜੀਆਂ ਸਮੂਹ ਸਿੱਖ ਜਥੇਬੰਦੀਆਂ ਤੇ ਸੰਗਤ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦੀ ਮਤਾ ਪਾਸ ਕੀਤਾ ਗਿਆ। ਇਕੱਤਰਤਾ ਮਗਰੋਂ ਮੀਡੀਆ ਨਾਲ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਪੰਜਾਬ ਸਰਕਾਰ ਵੱਲੋਂ ਪਾਸ ਕੀਤੇ ਗਏ "ਜਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਸਤਿਕਾਰ (ਸੋਧ) ਐਕਟ 2026" (ਬਾਕੀ ਸਫ਼ਾ 2 'ਤੇ)

## ਅਦਾਲਤ 'ਚ ਗ਼ੈਰ-ਹਾਜ਼ਰ ਰਹਿਣ 'ਤੇ ਕੇਂਦਰੀ ਮੰਤਰੀ ਬਿੱਟੂ ਨੂੰ ਨੋਟਿਸ ਜਾਰੀ

ਲੁਧਿਆਣਾ, 1 ਜੂਨ (ਚ.ਨ.ਸ.):ਚੀਫ਼ ਜੁਡੀਸ਼ੀਅਲ ਮੈਜਿਸਟਰੇਟ ਪਵਲੀਨ ਸਿੰਘ ਦੀ ਅਦਾਲਤ ਨੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਇੱਕ ਅਪਰਾਧਿਕ ਮੁਕੱਦਮੇ ਦੀ ਸੁਣਵਾਈ ਦੌਰਾਨ ਬਿਨਾਂ ਕਿਸੇ ਪੂਰਵ ਸੂਚਨਾ ਦੇ ਗੈਰ-ਹਾਜ਼ਰ ਰਹਿਣ 'ਤੇ ਨੋਟਿਸ ਜਾਰੀ ਕੀਤਾ ਹੈ। ਅਦਾਲਤ ਨੇ ਉਨ੍ਹਾਂ ਨੂੰ 8 ਜੂਨ, 2026 ਨੂੰ ਪੇਸ਼ ਹੋਣ ਦੇ ਨਿਰਦੇਸ਼ ਦਿੱਤੇ ਹਨ। ਅਦਾਲਤ ਨੇ ਸਾਬਕਾ ਸੀਨੀਅਰ ਡਿਪਟੀ ਮੇਅਰ ਸ਼ਾਮ ਸੁੰਦਰ ਮਲਹੋਤਰਾ ਨੂੰ ਵੀ ਪੇਸ਼ੀ ਲਈ ਨੋਟਿਸ ਜਾਰੀ ਕੀਤਾ ਹੈ ਕਿਉਂਕਿ ਉਹ ਵੀ ਅਦਾਲਤੀ ਕਾਰਵਾਈ ਵਿੱਚ ਗੈਰ-ਹਾਜ਼ਰ ਰਹੇ। ਬਿੱਟੂ ਦੇ ਨਾਲ ਸਾਬਕਾ ਪੰਜਾਬ ਮੰਤਰੀ ਭਾਰਤ ਭੂਸ਼ਣ ਆਸ਼ੂ, ਸਾਬਕਾ (ਬਾਕੀ ਸਫ਼ਾ 2 'ਤੇ)



*ਵਿਧਾਨ ਸਭਾ ਚੋਣਾਂ-2027*

# ਕਾਂਗਰਸ ਚਲਦੀ ਲੜਾਈ 'ਚ ਬਦਲੇਗੀ ਘੋੜਾ

**ਵਿਜੇ ਇੰਦਰ ਸਿੰਗਲਾ ਨੂੰ ਪੰਜਾਬ ਕਾਂਗਰਸ ਦਾ ਪ੍ਰਧਾਨ ਬਣਾਏ ਜਾਣ ਦੀ ਸੰਭਾਵਨਾ**

ਦਰਸ਼ਨ ਸਿੰਘ ਦਰਸ਼ਕ

================

ਪਟਿਆਲਾ, 1 ਜੂਨ : ਪੰਜਾਬ ਕਾਂਗਰਸ ਇਸ ਵੇਲੇ ਇੱਕ ਵੱਡੇ ਸੰਗਠਨਾਤਮਿਕ ਬਦਲਾਅ ਦੀ ਕਗਾਰ 'ਤੇ ਖੜ੍ਹੀ ਜਾਪਦੀ ਹੈ। ਉਂਝ ਤਾਂ ਪਿਛਲੇ ਦਿਨੀਂ ਪੰਜਾਬ ਕਾਂਗਰਸ ਦੇ ਇੰਚਾਰਜ ਭੁਪੇਸ਼ ਬਘੇਲ ਇਹ ਕਹਿ ਚੁੱਕੇ ਹਨ ਕਿ ਰਾਜਾ ਵੜਿੰਗ ਨੂੰ ਪ੍ਰਧਾਨਗੀ ਤੋਂ ਉਤਾਰਿਆ ਨਹੀਂ ਜਾ ਰਿਹਾ ਪਰ ਪਾਰਟੀ ਵਿਚੋਂ ਇਹ ਗੱਲਾਂ ਨਿਕਲ ਕੇ ਸਾਹਮਣੇ ਆ ਰਹੀਆਂ ਹਨ ਕਿ ਵਿਜੇ ਇੰਦਰ ਸਿੰਗਲਾ ਨੂੰ ਪੰਜਾਬ ਕਾਂਗਰਸ ਦਾ ਪ੍ਰਧਾਨ ਬਣਾਉਣ ਦੀਆਂ ਤਿਆਰੀਆਂ ਚੱਲ ਰਹੀਆਂ ਹਨ। ਰਾਹੁਲ ਗਾਂਧੀ ਨੇ ਹਾਲ ਹੀ ਵਿੱਚ ਸੂਬੇ ਦੇ ਪੰਜ ਸੀਨੀਅਰ ਆਗੂਆਂ -ਪੀਪੀਸੀਸੀ ਚੀਫ਼ ਅਮਰਿੰਦਰ ਸਿੰਘ ਰਾਜਾ ਵੜਿੰਗ, ਸੀਐਲਪੀ ਲੀਡਰ





ਪ੍ਰਤਾਪ ਸਿੰਘ ਬਾਜਵਾ, ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ, ਵਿਜੇ ਇੰਦਰ ਸਿੰਗਲਾ ਅਤੇ ਸੁਖਜਿੰਦਰ ਸਿੰਘ ਰੰਧਾਵਾ ਨਾਲ ਇੱਕ-ਇੱਕ ਕਰਕੇ ਮੁਲਾਕਾਤਾਂ ਕੀਤੀਆਂ। ਇਸ ਮੀਟਿੰਗ ਤੋਂ ਬਾਅਦ ਪੰਜਾਬ ਕਾਂਗਰਸ ਦੀ ਅੰਦਰੂਨੀ ਸਿਆਸਤ ਇੱਕ ਵਾਰ ਫਿਰ ਸੁਰਖ਼ੀਆਂ ਵਿੱਚ ਆ ਗਈ ਹੈ। ਸੂਤਰਾਂ ਅਨੁਸਾਰ ਇਸ ਮੀਟਿੰਗ ਦਾ ਮੁੱਖ ਏਜੰਡਾ 2027 ਦੀਆਂ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਪਾਰਟੀ ਦੀ ਤਾਕਤ ਵਧਾਉਣਾ ਅਤੇ ਧੜੇਬੰਦੀ ਨੂੰ ਖਤਮ ਕਰਨਾ ਸੀ। ਮੀਟਿੰਗ ਵਿੱਚ ਸ਼ਾਮਲ ਜ਼ਿਆਦਾਤਰ ਆਗੂਆਂ ਨੇ ਵੜਿੰਗ ਨੂੰ ਹਟਾ ਕੇ ਨਵਾਂ ਸੂਬਾ ਪ੍ਰਧਾਨ ਲਗਾਉਣ ਲਈ ਦਬਾਅ ਬਣਾਇਆ। ਹਾਲਾਂਕਿ ਹਾਈਕਮਾਂਡ ਇਸ ਮੌਕੇ ਨੇਤਾ ਬਦਲੀ ਦੇ ਫ਼ਾਇਦੇ-ਨੁਕਸਾਨ ਨੂੰ ਧਿਆਨ ਨਾਲ ਤੋਲ ਰਹੀ ਹੈ।

ਪੰਜਾਬ ਕਾਂਗਰਸ ਵਿੱਚ ਪ੍ਰਧਾਨਗੀ ਦੀ ਕੁਰਸੀ ਲਈ ਇਸ ਵੇਲੇ ਕਈ ਨਾਮ ਚਰਚਾ ਵਿੱਚ ਹਨ। ਚਰਨਜੀਤ ਸਿੰਘ ਚੰਨੀ, ਸੁਖਜਿੰਦਰ ਸਿੰਘ ਰੰਧਾਵਾ ਅਤੇ ਪ੍ਰਤਾਪ ਸਿੰਘ ਬਾਜਵਾ ਸਰਗਰਮੀ ਨਾਲ ਲੌਬੀਇੰਗ ਕਰ ਰਹੇ ਹਨ, ਪਰ ਇਨ੍ਹਾਂ ਸਭ ਦੇ ਵਿਚਕਾਰ ਵਿਜੇ ਇੰਦਰ ਸਿੰਗਲਾ ਦਾ ਨਾਮ ਇੱਕ ਸੰਭਾਵਿਤ 'ਸਰਵ-ਸਹਿਮਤੀ' ਵਿਕਲਪ ਵਜੋਂ ਉੱਭਰ ਰਿਹਾ ਹੈ। ਰਾਹੁਲ ਗਾਂਧੀ ਦੇ . (ਬਾਕੀ ਸਫ਼ਾ 2 'ਤੇ)

*ਭਾਰਤੀ ਫ਼ਿਲਮੀ ਸੰਗੀਤ ਦਾ ਇੱਕ ਹੋਰ ਸਿਤਾਰਾ ਡੁੱਬਾ*

# ਸੁਮਨ ਕਲਿਆਣਪੁਰ: ਸੁਰਾਂ ਦੀ ਉਹ ਖ਼ਾਮੋਸ਼ੀ ਜੋ ਲੰਮੇ ਸਮੇਂ ਤੱਕ ਸੁਣਾਈ ਦਿੰਦੀ ਰਹੇਗੀ

ਡਾ. ਪ੍ਰੋ. ਕ੍ਰਿਸ਼ਨ ਕੁਮਾਰ ਰੱਤੂ
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

================

ਭਾਰਤੀ ਫ਼ਿਲਮੀ ਸੰਗੀਤ ਦੇ ਸੁਨਹਿਰੀ ਯੁੱਗ ਦੀ ਇੱਕ ਹੋਰ ਮਿੱਠੀ ਯਾਦ ਇਤਿਹਾਸ ਦੇ ਸਫ਼ਿਆਂ ਵਿੱਚ ਦਰਜ ਹੋ ਗਈ ਹੈ। ਪ੍ਰਸਿੱਧ ਫਿਲਮੀ ਗਾਇਕਾ ਸੁਮਨ ਕਲਿਆਣਪੁਰ ਦੇ ਦੇਹਾਂਤ ਨਾਲ ਉਹ ਸੁਰ ਖ਼ਾਮੋਸ਼ ਹੋ ਗਿਆ ਹੈ ਜਿਸ ਨੇ ਪਿਛਲੀ ਸਦੀ ਦੇ ਮੱਧ ਵਿੱਚ ਕਰੋੜਾਂ ਦਿਲਾਂ ਨੂੰ ਆਪਣੇ ਮਖ਼ਮਲੀ ਅਹਿਸਾਸ ਨਾਲ ਛੂਹਿਆ ਸੀ। ਉਹਨਾਂ ਦਾ ਜਾਣਾ ਸਿਰਫ਼ ਇੱਕ ਗਾਇਕਾ ਦਾ ਵਿਛੋੜਾ ਨਹੀਂ, ਸਗੋਂ ਉਸ ਸੰਗੀਤਕ ਸੰਸਾਰ ਦੇ ਇੱਕ ਅਹਿਮ ਅਧਿਆਇ ਦਾ ਅੰਤ ਹੈ ਜਿਸ ਵਿੱਚ ਸੁਰਾਂ ਦੀ ਪਵਿੱਤਰਤਾ, ਸ਼ਬਦਾਂ ਦੀ ਸ਼ਾਇਸਤਗੀ ਅਤੇ ਭਾਵਨਾਵਾਂ ਦੀ ਗਹਿਰਾਈ ਇਕੱਠੇ ਵਸਦੇ ਸਨ।

ਸੁਮਨ ਕਲਿਆਣਪੁਰ ਉਹਨਾਂ ਗਾਇਕਾਵਾਂ ਵਿੱਚੋਂ ਸਨ ਜਿਨ੍ਹਾਂ ਨੇ ਸ਼ੋਹਰਤ ਦੀ ਦੌੜ ਨਾਲੋਂ ਵੱਧ ਸੰਗੀਤ ਦੀ ਸਾਧਨਾ ਨੂੰ ਮਹੱਤਵ ਦਿੱਤਾ। ਉਹਨਾਂ ਦੀ ਆਵਾਜ਼ ਵਿੱਚ ਨਾ ਕੋਈ ਦਿਖਾਵਾ ਸੀ, ਨਾ ਕੋਈ ਕ੍ਰਿਤਗਿਮਤਾ। ਇੱਕ ਦਰਿਆ ਦੀ ਸ਼ਾਂਤ ਧਾਰਾ ਵਾਂਗ ਉਹਨਾਂ ਦੇ ਸੁਰ ਸੁਣਨ ਵਾਲੇ ਦੇ ਮਨ ਵਿੱਚ ਉਤਰਦੇ ਸਨ। ਇਹੀ ਕਾਰਨ ਸੀ ਕਿ ਉਹਨਾਂ ਦੇ ਗਾਏ ਗੀਤ ਅੱਜ ਵੀ ਸਮੇਂ ਦੀ ਧੂੜ ਤੋਂ ਅਛੂਤੇ ਹਨ।



ਭਾਰਤੀ ਫ਼ਿਲਮ ਸੰਗੀਤ ਦੇ ਇਤਿਹਾਸ ਵਿੱਚ ਉਹ ਇੱਕ ਵਿਲੱਖਣ ਥਾਂ ਰੱਖਦੀਆਂ ਹਨ। ਅਜਿਹਾ ਕਈ ਵਾਰ ਹੋਇਆ ਕਿ ਸਰੋਤਿਆਂ ਨੇ ਉਹਨਾਂ ਦੀ ਆਵਾਜ਼ ਨੂੰ ਲਤਾ ਮੰਗੇਸ਼ਕਰ ਦੀ ਆਵਾਜ਼ ਸਮਝ ਲਿਆ, ਪਰ ਇਹ ਤੁਲਨਾ ਵੀ ਉਹਨਾਂ ਦੀ ਗਾਇਕੀ ਦੀ ਉੱਚਾਈ ਦਾ ਪ੍ਰਮਾਣ ਸੀ। ਫਿਰ ਵੀ ਸੁਮਨ ਕਲਿਆਣਪੁਰ ਦੀ ਆਪਣੀ ਵੱਖਰੀ ਪਛਾਣ ਸੀ। ਉਹਨਾਂ ਦੇ ਸੁਰਾਂ ਵਿੱਚ ਇੱਕ ਨਰਮ ਉਦਾਸੀ, ਇੱਕ ਮਿੱਠੀ ਸੰਵੇਦਨਾ ਅਤੇ ਇੱਕ ਅੰਦਰੂਨੀ ਰੂਹਾਨੀਅਤ ਸੀ ਜੋ ਉਹਨਾਂ ਨੂੰ ਦੂਜਿਆਂ ਤੋਂ ਵੱਖਰਾ ਬਣਾਉਂਦੀ ਸੀ। ਮੁਹੰਮਦ ਰਫ਼ੀ ਨਾਲ ਗਾਏ ਉਹਨਾਂ ਦੇ ਕਈ ਯੁਗਲ ਗੀਤ ਅੱਜ ਵੀ ਸੰਗੀਤ ਪ੍ਰੇਮੀਆਂ ਦੀ ਪਹਿਲੀ ਪਸੰਦ ਹਨ। ਉਹਨਾਂ ਨੇ ਇਹ ਸਾਬਤ ਕੀਤਾ ਕਿ ਸੰਗੀਤ ਵਿੱਚ ਉੱਚੀ ਆਵਾਜ਼ (ਬਾਕੀ ਸਫ਼ਾ 2 'ਤੇ)

# ਕੈਪ. ਅਮਰਿੰਦਰ ਸਿੰਘ ਦੀ ਬੇਟੀ ਨੇ ਪੰਜਾਬ ਭਾਜਪਾ ਦੇ ਨਵੇਂ ਪ੍ਰਧਾਨ ਕੇਵਲ ਸਿੰਘ ਢਿੱਲੋਂ ਨਾਲ ਕੀਤੀ ਮੁਲਾਕਾਤ

## ਕੈਪਟਨ ਨੇ ਢਿੱਲੋਂ ਨੂੰ ਪ੍ਰਧਾਨ ਬਣਾਏ ਜਾਣ 'ਤੇ ਖੁੱਲ੍ਹ ਕੇ ਪ੍ਰਗਟਾਇਆ ਸੀ ਇਤਰਾਜ਼



ਚੰਡੀਗੜ੍ਹ, 1 ਜੂਨ (ਚ.ਨ.ਸ.) : ਸੀਨੀਅਰ ਭਾਜਪਾ ਆਗੂ ਅਤੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਭਾਜਪਾ ਦਾ ਪ੍ਰਧਾਨ ਬਣਾਏ ਜਾਣ ਦੀ ਖੁੱਲ੍ਹ ਕੇ ਆਲੋਚਨਾ ਕੀਤੀ ਸੀ। ਪਰ ਇਸ ਦੇ ਕੁਝ ਦਿਨਾਂ ਬਾਅਦ ਹੀ, ਉਨ੍ਹਾਂ ਦੀ ਬੇਟੀ ਜੈ ਇੰਦਰ ਕੌਰ ਨੇ ਪਟਿਆਲਾ ਦੇ ਪਾਰਟੀ ਵਰਕਰਾਂ ਅਤੇ ਆਗੂਆਂ ਨੂੰ ਨਾਲ ਲੈ ਕੇ ਸੋਮਵਾਰ ਨੂੰ ਚੰਡੀਗੜ੍ਹ ਵਿਖੇ ਕੇਵਲ ਸਿੰਘ ਢਿੱਲੋਂ ਦੇ ਨਿਵਾਸ ਸਥਾਨ ਉੱਤੇ ਉਨ੍ਹਾਂ ਨਾਲ ਮੁਲਾਕਾਤ ਕੀਤੀ ਤੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੱਤੀ।

ਮੁਲਾਕਾਤ ਦੌਰਾਨ ਜੈ ਇੰਦਰ ਕੌਰ ਨੇ ਕੇਵਲ ਸਿੰਘ ਢਿੱਲੋਂ ਦਾ ਮੂੰਹ ਮਿੱਠਾ ਕਰਵਾਇਆ। ਉਨ੍ਹਾਂ ਨੇ ਆਪਣਾ ਸਮਰਥਨ ਦਿੰਦੇ ਹੋਏ ਕਿਹਾ ਕਿ ਉਨ੍ਹਾਂ ਨੂੰ ਪੂਰਾ ਯਕੀਨ ਹੈ ਕਿ ਢਿੱਲੋਂ ਪੰਜਾਬ ਵਿੱਚ ਭਾਜਪਾ ਸੰਗਠਨ ਨੂੰ ਹੋਰ ਮਜ਼ਬੂਤ ਕਰਨਗੇ।

ਇਸ ਮੁਲਾਕਾਤ ਨੂੰ ਸਿਆਸੀ ਤੌਰ 'ਤੇ ਅਹਿਮ ਮੰਨਿਆ ਜਾ ਰਿਹਾ ਹੈ, ਕਿਉਂਕਿ ਕੈਪਟਨ ਅਮਰਿੰਦਰ ਨੇ ਢਿੱਲੋਂ ਨੂੰ ਪ੍ਰਧਾਨ ਬਣਾਏ ਜਾਣ 'ਤੇ ਖੁੱਲ੍ਹ ਕੇ ਇਤਰਾਜ਼ ਪ੍ਰਗਟ ਕੀਤਾ ਸੀ, ਜਿਸ ਨਾਲ ਪੰਜਾਬ ਭਾਜਪਾ ਦੇ ਅੰਦਰ ਫੁੱਟ ਹੋਣ ਦੇ ਅੰਦਾਜ਼ੇ ਲਗਾਏ ਜਾਣ ਲੱਗ ਪਏ ਸਨ।

# ਵਿਰਾਸਤ-ਏ-ਖ਼ਾਲਸਾ, ਭਗਵਾਨ ਵਾਲਮੀਕਿ ਤੀਰਥ ਸਥਲ ਹੋਣਗੇ ਸੌਰ ਊਰਜਾ ਨਾਲ ਲੈਸ: ਅਰੋੜਾ

## ਪਿੰਡਾਂ ਵਿੱਚ 3 ਲੱਖ ਸੋਲਰ ਸਟਰੀਟ ਲਾਈਟਾਂ ਲਾਉਣ ਲਈ 6 ਮਹੀਨਿਆਂ ਦਾ ਟੀਚਾ ਕੀਤਾ ਨਿਰਧਾਰਤ

ਚੰਡੀਗੜ੍ਹ, 1 ਜੂਨ (ਚ.ਨ.ਸ.) : ਸਾਫ-ਸੁਥਰੀ ਊਰਜਾ ਪੈਦਾ ਕਰਨ ਦੀ ਦਿਸ਼ਾ ਵੱਲ ਵੱਡੀ ਪਹਿਲਕਦਮੀ ਤਹਿਤ ਪੰਜਾਬ ਦੇ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਮੰਤਰੀ ਸ੍ਰੀ ਅਮਨ ਅਰੋੜਾ ਨੇ ਅੱਜ ਸੂਬੇ ਦੀਆਂ ਮੁੱਖ ਇਮਾਰਤਾਂ 'ਤੇ 2 ਮੈਗਾਵਾਟ ਸੋਲਰ ਪਾਵਰ ਪ੍ਰੋਜੈਕਟਾਂ ਲਗਾਉਣ ਦਾ ਐਲਾਨ ਕੀਤਾ, ਜਿਸ ਵਿੱਚ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਰਾਸਤ-ਏ-ਖਾਲਸਾ (500 ਕਿਲੋਵਾਟ), ਅੰਮ੍ਰਿਤਸਰ ਵਿੱਚ ਭਗਵਾਨ ਵਾਲਮੀਕਿ ਤੀਰਥ ਸਥਲ ਵਿਖੇ (400 ਕਿਲੋਵਾਟ) ਅਤੇ ਐਨ.ਆਈ.ਬੀ.ਈ. ਕਪੂਰਥਲਾ ਵਿਖੇ (300 ਕਿਲੋਵਾਟ) ਦੇ ਪ੍ਰੋਜੈਕਟ ਸ਼ਾਮਲ ਹਨ।

ਇੱਥੇ ਪੇਡਾ ਕੰਪਲੈਕਸ ਵਿਖੇ ਹਰੀ ਊਰਜਾ ਨਾਲ ਸਬੰਧਤ ਪ੍ਰੋਜੈਕਟਾਂ ਦੀ ਸਥਿਤੀ ਦਾ ਜਾਇਜ਼ਾ ਲੈਣ ਲਈ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ 661 ਸਰਕਾਰੀ ਇਮਾਰਤਾਂ ਦੀਆਂ ਛੱਤਾਂ 'ਤੇ ਵੀ 18.6 ਮੈਗਾਵਾਟ ਦੇ ਸੋਲਰ ਪਲਾਂਟ ਲਾਉਣ ਲਈ ਵਰਕ ਆਰਡਰ ਪਹਿਲਾਂ ਹੀ ਜਾਰੀ ਕਰ ਦਿੱਤੇ ਗਏ ਹਨ।

ਮੀਟਿੰਗ ਦੌਰਾਨ ਨਵੀਂ ਅਤੇ ਨਵਿਆਉਣਯੋਗ ਊਰਜਾ ਮੰਤਰੀ ਨੇ ਵਿਰਾਸਤ-ਏ-ਖਾਲਸਾ, ਭਗਵਾਨ ਵਾਲਮੀਕਿ ਤੀਰਥ ਸਥਲ ਅਤੇ ਐਨ.ਆਈ.ਬੀ.ਈ. ਕਪੂਰਥਲਾ ਸਮੇਤ ਪ੍ਰਮੁੱਖ ਵਿਰਾਸਤੀ ਅਤੇ ਵਿੱਦਿਅਕ ਇਮਾਰਤਾਂ ਵਿਖੇ 2 ਮੈਗਾਵਾਟ ਸੋਲਰਾਈਜੇਸਨ ਪ੍ਰੋਜੈਕਟ ਨੂੰ ਪੂਰਾ ਕਰਨ ਲਈ ਅਗਸਤ 2026 ਦੇ ਅੱਧ ਤੱਕ ਦੀ ਸਮਾਂ ਸੀਮਾ ਤੈਅ ਕੀਤੀ। ਉਨ੍ਹਾਂ ਅੱਗੇ ਕਿਹਾ ਕਿ ਰਾਜ ਵਿੱਚ 661 ਸਰਕਾਰੀ ਇਮਾਰਤਾਂ 'ਤੇ 18.6 ਮੈਗਾਵਾਟ ਦੀ ਕੁੱਲ ਸਮਰੱਥਾ ਵਾਲੇ ਸੋਲਰ ਪਾਵਰ ਪਲਾਂਟਾਂ ਲਈ ਵਰਕ ਆਰਡਰ ਵੀ ਜਾਰੀ ਕੀਤੇ ਜਾ ਚੁੱਕੇ ਹਨ ਅਤੇ ਹੁਣ ਤੱਕ 34 ਸਰਕਾਰੀ ਇਮਾਰਤਾਂ 'ਤੇ 1.413 ਮੈਗਾਵਾਟ ਦੀ ਕੁੱਲ ਸਮਰੱਥਾ ਵਾਲੇ ਸੋਲਰ ਪਲਾਂਟ ਲਗਾਏ ਜਾ ਚੁੱਕੇ ਹਨ। ਪਿੰਡਾਂ ਦੀਆਂ ਗਲੀਆਂ ਰਾਤਾਂ ਨੂੰ ਵੀ ਰੌਸ਼ਨ ਕਰਨ ਲਈ ਇੱਕ ਵੱਖਰੀ ਪਹਿਲਕਦਮੀ ਤਹਿਤ ਸ੍ਰੀ ਅਮਨ ਅਰੋੜਾ ਨੇ ਪੇਡਾ ਨੂੰ ਅਗਲੇ ਛੇ ਮਹੀਨਿਆਂ ਦੇ ਅੰਦਰ ਤਿੰਨ ਲੱਖ ਸੋਲਰ ਸਟਰੀਟ ਲਾਈਟਾਂ ਲਾਉਣ ਦੇ ਨਿਰਦੇਸ਼ ਦਿੱਤੇ। ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਪਹਿਲਾਂ ਹੀ ਪੰਜਾਬ ਭਰ ਦੇ 5,835 ਪਿੰਡਾਂ ਵਿੱਚ 1.19 ਲੱਖ ਤੋਂ ਵੱਧ ਸੋਲਰ ਸਟਰੀਟ ਲਾਈਟਾਂ ਲਗਾ ਚੁੱਕੀ ਹੈ।



ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਆਪਣੇ ਸਿਹਤਮੰਦ ਭਵਿੱਖ ਲਈ ਸੂਰਜੀ ਊਰਜਾ ਦੀ ਵਰਤੋਂ ਵੱਲ ਰੁਖ਼ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਰਾਸਤ-ਏ-ਖਾਲਸਾ ਵਰਗੀਆਂ ਵਿਰਾਸਤੀ ਥਾਵਾਂ ਅਤੇ 661 ਸਰਕਾਰੀ ਇਮਾਰਤਾਂ ਵਿਖੇ ਸੌਰ ਊਰਜਾ ਪ੍ਰੋਜੈਕਟ ਲਗਾ ਕੇ ਅਸੀਂ ਬਿਜਲੀ ਦੇ ਬਿੱਲਾਂ ਤੇ ਪ੍ਰਦੂਸ਼ਣ ਵਿੱਚ ਕਟੌਤੀ ਲਿਆ ਰਹੇ ਹਾਂ ਅਤੇ ਆਪਣੇ ਲੋਕਾਂ ਲਈ ਭਰੋਸੇਯੋਗ ਬਿਜਲੀ ਯਕੀਨੀ ਬਣਾ ਰਹੇ ਹਾਂ। ਸ੍ਰੀ ਅਰੋੜਾ ਨੇ ਕਿਹਾ ਕਿ 18.6 ਮੈਗਾਵਾਟ ਦੇ ਇਹ ਪ੍ਰੋਜੈਕਟ ਅਤੇ 3 ਲੱਖ ਸਟਰੀਟ ਲਾਈਟਾਂ ਪੰਜਾਬ ਦੇ ਸਿਹਤਮੰਦ ਵਾਤਾਵਰਣ ਨੂੰ ਯਕੀਨੀ ਬਣਾਉਣ ਦੇ ਨਾਲ-ਨਾਲ ਸਾਲਾਨਾ ਕਰੋੜਾਂ ਦੀ ਬੱਚਤ ਵੀ ਕਰਨਗੇ।

ਇਸ ਦੌਰਾਨ ਨਵੀਂ ਤੇ ਨਵਿਆਉਣਯੋਗ ਊਰਜਾ ਸਰੋਤ ਵਿਭਾਗ ਦੇ ਪ੍ਰਬੰਧਕੀ ਸਕੱਤਰ ਡਾ. ਬਸੰਤ ਗਰਗ ਨੇ ਸ੍ਰੀ ਅਰੋੜਾ ਨੂੰ ਜਾਣੂ ਕਰਵਾਇਆ ਕਿ 129 ਪਿੰਡਾਂ ਵਿੱਚ 2,521 ਸੋਲਰ ਸਟਰੀਟ ਲਾਈਟਾਂ ਲਗਾਉਣ ਦਾ ਕੰਮ ਇਸ ਸਮੇਂ ਪ੍ਰਗਤੀ ਅਧੀਨ ਹੈ, ਜਿਸਦੇ ਜੁਲਾਈ ਦੇ ਅੰਤ ਤੱਕ ਪੂਰਾ ਹੋਣ ਦੀ ਉਮੀਦ ਹੈ। ਖੇਤੀਬਾੜੀ ਪਹਿਲੂ 'ਤੇ ਗੱਲ ਕਰਦਿਆਂ ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2025-26 ਦੌਰਾਨ 5,000 ਤੋਂ ਵੱਧ ਆਫ-ਗਰਿੱਡ ਸਟੈਂਡਅਲੋਨ ਸੋਲਰ ਵਾਟਰ ਪੰਪ ਲਗਾਏ ਗਏ ਹਨ।

ਸਮੀਖਿਆ ਮੀਟਿੰਗ ਵਿੱਚ ਪੇਡਾ ਦੇ ਸੀਈਓ ਸ੍ਰੀ ਅਭਿਜੀਤ ਕਪਲਿਸ਼ ਅਤੇ ਵਿਭਾਗ ਦੇ ਹੋਰ ਸੀਨੀਅਰ ਅਧਿਕਾਰੀ ਵੀ ਮੌਜੂਦ ਸਨ।

# ਪਹਿਲੇ ਸਫ਼ੇ ਦੀ ਬਾਕੀ

### 11 ਆਈ.ਪੀ.ਐਸ. ਤੇ 3 ਪੀ.ਪੀ.ਐਸ.

ਨੂੰ ਜਲੰਧਰ ਦਾ ਨਵਾਂ ਸੀਪੀ ਨਿਯੁਕਤ ਕੀਤਾ ਗਿਆ ਹੈ। ਆਈ.ਪੀ.ਐਸ. ਸੰਦੀਪ ਗੋਇਲ ਨੂੰ ਡੀ.ਆਈ.ਜੀ. ਲੁਧਿਆਣਾ ਰੇਂਜ ਲਾਇਆ ਗਿਆ ਹੈ। ਹੋਰ ਟਰਾਂਸਫਰ ਕੀਤੇ ਅਧਿਕਾਰੀਆ ਦੀ ਲਿਸਟ ਹੇਠਾਂ ਦਿੱਤੀ ਗਈ ਹੈ।

### ਪੁਲਿਸ ਵੱਲੋਂ ਬਿਕਰਮ ਸਿੰਘ ਮਜੀਠੀਆ

ਮਾਮਲਾ ਦਰਜ ਕੀਤਾ ਗਿਆ ਹੈ। ਮਜੀਠੀਆ ਦੇ ਘਰ ਦੇ ਬਾਹਰ ਪਹੁੰਚੇ ਪੁਲਿਸ ਅਧਿਕਾਰੀਆਂ ਅਨੁਸਾਰ, ਅੰਮ੍ਰਿਤਸਰ ਦੇ ਗ੍ਰੀਨ ਐਵੇਨਿਊ, ਚੰਡੀਗੜ੍ਹ ਦੇ ਐਮਐਲਏ ਹੋਸਟਲ ਅਤੇ ਛੇ ਹੋਰ ਥਾਵਾਂ 'ਤੇ ਤਲਾਸ਼ੀ ਲਈ ਜਾ ਰਹੀ ਹੈ। ਇਸ ਮਾਮਲੇ ਵਿੱਚ, ਪੁਲਿਸ ਦਾ ਕਹਿਣਾ ਹੈ ਕਿ ਦੋਸ਼ੀ ਨੂੰ ਸਾਜਿਸ਼ ਦੇ ਤਹਿਤ ਥਾਣੇ ਤੋਂ ਛੁਡਾਇਆ ਗਿਆ ਸੀ। ਇਸ ਮਾਮਲੇ ਵਿੱਚ ਬਿਕਰਮ ਮਜੀਠੀਆ ਸਮੇਤ ਕਈ ਲੋਕਾਂ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਹੈ।ਐਸਐਸਪੀ ਸੁਹੇਲ ਕਾਸਿਮ ਮੀਰ ਨੇ ਕੀਤੇ ਵੱਡੇ ਖੁਲਾਸੇ-ਇਸ ਪੂਰੇ ਮਾਮਲੇ ਬਾਰੇ ਮੀਡੀਆ ਨੂੰ ਅਧਿਕਾਰਤ ਜਾਣਕਾਰੀ ਦਿੰਦਿਆਂ ਅੰਮ੍ਰਿਤਸਰ ਦਿਹਾਤੀ ਦੇ ਐੱਸ.ਐੱਸ.ਪੀ. ਸੋਹੇਲ ਕਾਸਿਮ ਮੀਰ ਨੇ ਕਈ ਵੱਡੇ ਖੁਲਾਸੇ ਕੀਤੇ ਹਨ। ਉਨ੍ਹਾਂ ਦੱਸਿਆ ਕਿ ਜੋਬਨਪ੍ਰੀਤ (ਜੋਬਨਜੀਤ) ਨੂੰ ਮਜੀਠਾ ਪੁਲਿਸ ਸਟੇਸ਼ਨ ਵਿੱਚ ਦਰਜ ਐਫ.ਆਈ.ਆਰ. ਨੰਬਰ 90 ਤਹਿਤ ਗ੍ਰਿਫ਼ਤਾਰ ਕੀਤਾ ਗਿਆ ਸੀ। ਐਤਵਾਰ ਸਵੇਰੇ ਲੱਗਭੱਗ 11:30 ਵਜੇ ਬਿਕਰਮ ਸਿੰਘ ਮਜੀਠੀਆ ਸਮੇਤ ਇੱਕ ਜਥੇਬੰਦੀ (ਕਿਰਤੀ ਕਿਸਾਨ ਯੂਨੀਅਨ) ਦੇ ਲੋਕ ਪੁਲਿਸ ਸਟੇਸ਼ਨ ਦੇ ਬਾਹਰ ਇਕੱਠੇ ਹੋਏ। ਕਾਨੂੰਨ ਦੀ ਪੂਰੀ ਤਰ੍ਹਾਂ ਅਣਦੇਖੀ ਕਰਦੇ ਹੋਏ, ਇਹ ਭੀੜ ਪੁਲੀਸ ਸਟੇਸ਼ਨ ਦੇ ਅੰਦਰ ਗੈਰ-ਕਾਨੂੰਨੀ ਢੰਗ ਨਾਲ ਦਾਖਲ ਹੋਈ ਅਤੇ ਥਾਣੇ ਦੀ ਤਲਾਸ਼ੀ ਲੈਣ ਲੱਗੀ। ਉਹ ਉਸ ਕਮਰੇ ਵਿੱਚ ਪਹੁੰਚ ਗਏ ਜਿੱਥੇ ਜੋਬਨਪ੍ਰੀਤ ਤੋਂ ਪੁੱਛਗਿੱਛ ਕੀਤੀ ਜਾ ਰਹੀ ਸੀ।

ਮਜੀਠੀਆ ਵੀ ਮੌਜੂਦ ਸਨ, ਥਾਣੇ ਦੇ ਕਮਰਿਆਂ ਵਿੱਚ ਦਾਖਲ ਹੋਏ: ਐਸਐਸਪੀ ਨੇ ਕਿਹਾ ਕਿ ਭੀੜ ਦਾ ਮੁੱਖ ਉਦੇਸ਼ ਪੁਲਿਸ ਹਿਰਾਸਤ ਵਿੱਚ ਮੌਜੂਦ ਮੁਲਜ਼ਮ ਨੂੰ ਛੁਡਾਉਣਾ ਸੀ। ਸਾਬਕਾ ਵਿਧਾਇਕ ਬਿਕਰਮ ਸਿੰਘ ਮਜੀਠੀਆ ਵੀ ਮੌਕੇ 'ਤੇ ਮੌਜੂਦ ਸਨ। ਪੁਲਿਸ ਦਾ ਕਹਿਣਾ ਹੈ ਕਿ ਭੀੜ ਬਿਨਾਂ ਕਿਸੇ ਅਧਿਕਾਰ ਦੇ ਥਾਣੇ ਦੇ ਵੱਖ-ਵੱਖ ਕਮਰਿਆਂ ਵਿੱਚ ਦਾਖਲ ਹੋਈ, ਸਰਕਾਰੀ ਰਿਕਾਰਡ ਅਤੇ ਕੇਸ ਫਾਈਲਾਂ ਨਾਲ ਛੇੜਛਾੜ ਕੀਤੀ ਅਤੇ ਸਰਕਾਰੀ ਜਾਇਦਾਦ ਨੂੰ ਨੁਕਸਾਨ ਪਹੁੰਚਾਇਆ। ਦੋਸ਼ੀ ਨੂੰ ਜ਼ਬਰਦਸਤੀ ਕਮਰੇ ਵਿੱਚੋਂ ਬਾਹਰ ਕੱਢਿਆ ਗਿਆ: ਐਸਐਸਪੀ ਨੇ ਕਿਹਾ, ਜਦੋਂ ਐਸਐਚਓ ਅਤੇ ਡੀਐਸਪੀ ਮਜੀਠਾ ਮੌਕੇ 'ਤੇ ਪਹੁੰਚੇ, ਤਾਂ ਉਨ੍ਹਾਂ ਨੇ ਭੀੜ ਨੂੰ ਯਕੀਨ ਦਿਵਾਉਣ ਦੀ ਕੋਸ਼ਿਸ਼ ਕੀਤੀ ਕਿ ਜੋਬਨਪ੍ਰੀਤ ਦੀ ਗ੍ਰਿਫ਼ਤਾਰੀ ਪੂਰੀ ਤਰ੍ਹਾਂ ਕਾਨੂੰਨੀ ਸੀ ਅਤੇ ਸਾਰੇ ਸਬੰਧਤ ਦਸਤਾਵੇਜ਼ ਉਪਲੱਬਧ ਸਨ। ਇਸ ਦੇ ਬਾਵਜੂਦ, ਕੁਝ ਲੋਕਾਂ ਨੇ ਦੋਸ਼ੀ ਨੂੰ ਕਮਰੇ ਵਿੱਚੋਂ ਬਾਹਰ ਕੱਢਣ ਦੀ ਕੋਸ਼ਿਸ਼ ਕੀਤੀ ਅਤੇ ਪੁਲਿਸ ਮੁਲਾਜ਼ਮਾਂ ਨਾਲ ਹੱਥੋਪਾਈ ਕੀਤੀ। ਐਸਐਚਓ ਦਾ ਮੋਬਾਈਲ ਫੋਨ ਵੀ ਖੋਹਣ ਦੀ ਕੋਸ਼ਿਸ਼ ਕੀਤੀ ਗਈ।ਪੁਲਿਸ ਨੇ ਦੁਬਾਰਾ ਗ੍ਰਿਫ਼ਤਾਰ ਕੀਤਾ, ਵਿਸ਼ੇਸ਼ ਟੀਮ ਬਣਾਈ: ਐਸਐਸਪੀ ਨੇ ਕਿਹਾ, ਪੁਲਿਸ ਨੇ ਸਮਝਦਾਰੀ ਨਾਲ ਸਥਿਤੀ ਨੂੰ ਕਾਬੂ ਕੀਤਾ ਅਤੇ ਦੋਸ਼ੀ ਨੂੰ ਦੁਬਾਰਾ ਗ੍ਰਿਫ਼ਤਾਰ ਕੀਤਾ।

ਘਟਨਾ ਨੂੰ ਗੰਭੀਰਤਾ ਨਾਲ ਲੈਂਦੇ ਹੋਏ, ਪੁਲਿਸ ਨੇ ਪੀਬੀਆਈ ਦੇ ਐਸਪੀ ਦੀ ਅਗਵਾਈ ਵਿੱਚ ਇੱਕ ਵਿਸ਼ੇਸ਼ ਜਾਂਚ ਟੀਮ (ਐਸਆਈਟੀ) ਬਣਾਈ ਹੈ। ਟੀਮ ਵਿੱਚ ਦੋ ਡੀਐਸਪੀ ਅਤੇ ਇੱਕ ਐਸਐਚਓ ਪੱਧਰ ਦਾ ਅਧਿਕਾਰੀ ਸ਼ਾਮਲ ਹੈ।ਕਾਨੂੰਨ ਸਾਰਿਆਂ ਲਈ ਬਰਾਬਰ ਹੈ, 6-7 ਲੋਕਾਂ ਦੀ ਪਛਾਣ: ਐਸਐਸਪੀ ਸੁਹੈਲ ਮੀਰ ਕਾਸਿਮ ਨੇ ਕਿਹਾ ਕਿ ਕਾਨੂੰਨ ਸਾਰਿਆਂ ਲਈ ਬਰਾਬਰ ਹੈ ਅਤੇ ਕੋਈ ਵੀ, ਭਾਵੇਂ ਕਿੰਨਾ ਵੀ ਪ੍ਰਭਾਵਸ਼ਾਲੀ ਕਿਉਂ ਨਾ ਹੋਵੇ, ਕਾਨੂੰਨ ਤੋਂ ਉੱਪਰ ਨਹੀਂ ਹੈ। ਉਨ੍ਹਾਂ ਕਿਹਾ ਕਿ ਘਟਨਾ ਦੀ ਵੀਡੀਓ ਦੇ ਆਧਾਰ 'ਤੇ ਹੁਣ ਤੱਕ ਛੇ ਤੋਂ ਸੱਤ ਲੋਕਾਂ ਦੀ ਪਛਾਣ ਕੀਤੀ ਗਈ ਹੈ, ਜਦੋਂ ਕਿ 50 ਤੋਂ ਵੱਧ ਲੋਕ ਮੌਕੇ 'ਤੇ ਮੌਜੂਦ ਸਨ। ਬਾਕੀ ਵਿਅਕਤੀਆਂ ਦੀ ਪਛਾਣ ਕਰਨ ਅਤੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰਨ ਲਈ ਛਾਪੇਮਾਰੀ ਜਾਰੀ ਹੈ।ਬਬਲੂ ਮਹਾਜਨ) ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਸਾਬਕਾ ਮੰਤਰੀ ਬਿਕਰਮ ਮਜੀਠੀਆ 'ਤੇ ਗ੍ਰਿਫ਼ਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।ਅੰਮ੍ਰਿਤਸਰ ਪੁਲਿਸ ਨੇ ਮਜੀਠੀਆ ਨੂੰ ਫੜਨ ਲਈ 12 ਟੀਮਾਂ ਬਣਾਈਆਂ ਹਨ। ਅੰਮ੍ਰਿਤਸਰ ਤੋਂ ਇਲਾਵਾ, ਚੰਡੀਗੜ੍ਹ ਵਿੱਚ ਵੀ ਮਜੀਠੀਆ ਦੀ ਤਲਾਸ਼ੀ ਲਈ ਜਾ ਰਹੀ ਹੈ।ਪੁਲਿਸ ਅਨੁਸਾਰ, ਮਜੀਠੀਆ ਅਤੇ ਉਸਦੇ ਸਾਥੀਆਂ ਵਿਰੁੱਧ ਕੱਲ੍ਹ (31 ਮਈ) ਨੂੰ ਮਜੀਠਾ ਪੁਲਿਸ ਸਟੇਸ਼ਨ ਤੋਂ ਅਕਾਲੀ ਆਗੂ ਨੂੰ ਜ਼ਬਰਦਸਤੀ ਛੁਡਾਉਣ ਦੇ ਦੋਸ਼ ਵਿੱਚ ਮਾਮਲਾ ਦਰਜ ਕੀਤਾ ਗਿਆ ਹੈ। ਮਜੀਠੀਆ ਦੇ ਘਰ ਦੇ ਬਾਹਰ ਪਹੁੰਚੇ ਪੁਲਿਸ ਅਧਿਕਾਰੀਆਂ ਅਨੁਸਾਰ, ਅੰਮ੍ਰਿਤਸਰ ਦੇ ਗ੍ਰੀਨ ਐਵੇਨਿਊ, ਚੰਡੀਗੜ੍ਹ ਦੇ ਐਮਐਲਏ ਹੋਸਟਲ ਅਤੇ ਛੇ ਹੋਰ ਥਾਵਾਂ 'ਤੇ ਤਲਾਸ਼ੀ ਲਈ ਜਾ ਰਹੀ ਹੈ। ਇਸ ਮਾਮਲੇ ਵਿੱਚ, ਪੁਲਿਸ ਦਾ ਕਹਿਣਾ ਹੈ ਕਿ ਦੋਸ਼ੀ ਨੂੰ ਸਾਜ਼ਿਸ਼ ਦੇ ਤਹਿਤ ਥਾਣੇ ਤੋਂ ਛੁਡਾਇਆ ਗਿਆ ਸੀ। ਇਸ ਮਾਮਲੇ ਵਿੱਚ ਬਿਕਰਮ ਮਜੀਠੀਆ ਸਮੇਤ ਕਈ ਲੋਕਾਂ ਵਿਰੁੱਧ ਮਾਮਲਾ ਦਰਜ ਕੀਤਾ ਗਿਆ ਹੈ।

### ਚੋਣ ਵਿਭਾਗ ਦੇ ਸੇਵਾ ਨਿਯਮਾਂ 'ਚ

ਵਾਲੇ ਸਮੇਂ ਵਿੱਚ ਪਦ-ਉੱਨਤ ਕੀਤਾ ਜਾ ਸਕੇ ਅਤੇ ਚੋਣ ਮਸ਼ੀਨਰੀ ਨੂੰ ਮਜ਼ਬੂਤ ਕਰਨ ਲਈ ਖਾਲੀ ਪਈਆਂ ਅਸਾਮੀਆਂ ਨੂੰ ਭਰਿਆ ਜਾ ਸਕੇ।

ਜਲ ਸਰੋਤ ਵਿਭਾਗ ਦੀ ਸਾਲਾਨਾ ਪ੍ਰਸ਼ਾਸਨਿਕ ਰਿਪੋਰਟ ਨੂੰ ਮਨਜ਼ੂਰੀ

ਇਸ ਦੌਰਾਨ ਮੰਤਰੀ ਮੰਡਲ ਨੇ ਸਾਲ 2025-26 ਲਈ ਜਲ ਸਰੋਤ ਵਿਭਾਗ ਦੀ ਸਾਲਾਨਾ ਪ੍ਰਸ਼ਾਸਨਿਕ ਰਿਪੋਰਟ ਨੂੰ ਵੀ ਪ੍ਰਵਾਨਗੀ ਦੇ ਦਿੱਤੀ ਹੈ। ਇਸ ਰਿਪੋਰਟ ਦੀ ਪ੍ਰਵਾਨਗੀ ਨਾਲ ਵਿੱਤੀ ਸਾਲ ਦੌਰਾਨ ਵਿਭਾਗ ਦੇ ਪ੍ਰਸ਼ਾਸਨਿਕ ਕੰਮਕਾਜ ਅਤੇ ਪ੍ਰਾਪਤੀਆਂ ਦੇ ਦਸਤਾਵੇਜ਼ੀਕਰਨ ਅਤੇ ਸਮੀਖਿਆ ਕਰਨ ਵਿੱਚ ਮਦਦ ਮਿਲੇਗੀ।.

### ਮਾਨ ਤੈਅ ਕਰਨਗੇ ਨਗਰ ਨਿਗਮ ਤੇ

ਨਗਰ ਕੌਂਸਲਾਂ ਵਿਚ ਮੇਅਰ, ਪ੍ਰਧਾਨ ਤੇ ਹੋਰ ਅਧਿਕਾਰੀਆਂ ਦੇ ਨਾਂ ਨੂੰ ਆਖਰੀ ਰੂਪ ਦੇ ਸਕਦੀ ਹੈ। 29 ਮਈ ਨੂੰ 104 ਸਥਾਨਕ ਨਿਗਮ ਚੋਣਾਂ ਦੇ ਨਤੀਜੇ ਐਲਾਨੇ ਗਏ ਸਨ, ਜਿਨ੍ਹਾਂ ਵਿਚ ਆਮ ਆਦਮੀ ਪਾਰਟੀ ਨੇ ਸਭ ਤੋਂ ਬੇਹਤਰ ਪ੍ਰਦਰਸ਼ਨ ਕੀਤਾ।

ਪਾਰਟੀ ਨੇ 8 ਵਿਚੋਂ 5 ਨਗਰ ਨਿਗਮਾਂ ਵਿਚ ਬਹੁਤ ਹਾਸਲ ਕਰਨ ਦੇ ਨਾਲ-ਨਾਲ ਕੁੱਲ 958 ਵਾਰਡਾਂ ਵਿਚ ਜਿੱਤ ਦਰਜ ਕੀਤਾ 8 ਮੁੱਖ ਨਗਰ ਨਿਗਮਾਂ ਨੂੰ ਮੋਗਾ, ਬਰਨਾਲਾ, ਬਠਿੰਡਾ, ਬਟਾਲਾ ਵਿਚ ਸਪੱਸ਼ਟ ਬਹੁਮਤ ਮਿਲਿਆ। ਦੂਜੇ ਪਾਸੇ ਮੋਹਾਲੀ ਨਗਰ ਨਿਗਮ ਵਿਚ 26 ਵਾਰਡ ਜਿੱਤ ਕੇ ਪਾਰਟੀ ਸਭ ਤੋ ਪਾਰਟੀ ਵਜੋਂ ਉੱਭਰੀ।

ਦੂਜੇ ਪਾਸੇ ਵਿਰੋਧੀ ਪਾਰਟੀਆਂ ਨੂੰ ਕੁਝ ਚੁਣੇ ਹੋਏ ਸ਼ਹਿਰਾਂ ਵਿਚ ਸਫਲਤਾ ਮਿਲੀ। ਕਪੂਰਥਲਾ ਨਗਰ ਨਿਗਮ ਵਿਚ ਕਾਂਗਰਸ ਨੇ 50 ਵਿਚੋਂ 31 ਵਾਰਡ ਜਿੱਤ ਕੇ ਸਪੱਸ਼ਟ ਬਹੁਮਤ ਹਾਸਲ ਕੀਤਾ ਤੇ ਆਪ ਨੂੰ ਪਿੱਛੇ ਛੱਡ ਦਿੱਤਾ ਦੂਜੇ ਪਾਸੇ ਭਾਰਤੀ ਜਨਤਾ ਪਾਰਟੀ ਨੇ ਅਬੋਹਰ ਨਗਰ ਨਿਗਮ ਵਿਚ 28 ਵਾਰਡ ਜਿੱਤ ਕੇ ਇਤਿਹਾਸ ਰਚ ਦਿੱਤਾ।

### ਪੰਜਾਬ ਭਾਜਪਾ ਦੇ ਨਵੇਂ ਪ੍ਰਧਾਨ ਕੇਵਲ ਸਿੰਘ ਢਿੱਲੋਂ

ਪ੍ਰਦੇਸ਼ ਅਹੁਦੇਦਾਰ, ਜ਼ਿਲ੍ਹਾ ਪ੍ਰਧਾਨ ਅਤੇ ਸੂਬੇ ਭਰ ਤੋਂ ਵੱਡੀ ਗਿਣਤੀ ਵਿੱਚ ਭਾਜਪਾ ਵਰਕਰ ਸ਼ਾਮਲ ਹੋਣਗੇ।

ਜ਼ਿਕਰਯੋਗ ਹੈ ਕਿ ਭਾਜਪਾ ਵੱਲੋਂ ਜੁਲਾਈ, 2023 ਵਿੱਚ ਸੁਨੀਲ ਜਾਖੜ ਨੂੰ ਪੰਜਾਬ ਭਾਜਪਾ ਦਾ ਪ੍ਰਧਾਨ ਲਗਾਇਆ ਗਿਆ ਸੀ, ਜਿਨ੍ਹਾਂ ਨੂੰ ਪਿਛਲੇ ਦਿਨੀਂ ਹਟਾ ਕੇ ਕੇਵਲ ਸਿੰਘ ਢਿੱਲੋਂ ਨੂੰ ਸੂਬਾ ਪ੍ਰਧਾਨ ਨਿਯੁਕਤ ਕਰ ਦਿੱਤਾ ਗਿਆ ਹੈ।

### ਪੰਜਾਬ 'ਚ 5 ਤੱਕ ਹਨ੍ਹੇਰੀ-ਤੂਫ਼ਾਨ

ਵਿੱਚ ਮੌਸਮ ਵਿਭਾਗ ਨੇ 'ਓਰੇਂਜ ਅਲਰਟ' ਜਾਰੀ ਕੀਤਾ ਗਿਆ ਹੈ, ਜਿੱਥੇ 50-60 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਨਾਲ ਤੇਜ਼ ਹਵਾਵਾਂ ਚੱਲਣ ਅਤੇ ਗਰਜ-ਚਮਕ ਦੇ ਨਾਲ ਬਿਜਲੀ ਪੈਣ ਦੀ ਸੰਭਾਵਨਾ ਹੈ ਜਦਕਿ ਬਾਕੀ ਜ਼ਿਲ੍ਹਿਆਂ ਵਿਚ ਯੈਲੋ ਅਲਰਟ ਰਹੇਗਾ। ਉਥੇ ਹੀ 4 ਜੂਨ ਵੀ ਮੌਸਮ ਵਿਭਾਗ ਨੇ ਪੰਜਾਬ ਦੇ ਬਹੁਤ ਸਾਰੇ ਜ਼ਿਲ੍ਹਿਆਂ ਵਿੱਚ ਤੇਜ਼ ਹਵਾਵਾਂ (40-60 ਕਿਲੋਮੀਟਰ ਪ੍ਰਤੀ ਘੰਟਾ) ਅਤੇ ਗਰਜ-ਚਮਕ ਦੀ ਸੰਭਾਵਨਾ ਜਤਾਈ ਗਈ ਹੈ। ਪੂਰੇ ਸੂਬੇ ਵਿਚ ਭਾਰੀ ਬਾਰਿਸ਼ ਅਤੇ ਹਨ੍ਹੇਰੀ-ਤੂਫ਼ਾਨ ਨੂੰ ਲੈ ਕੇ ਓਰੇਂਜ ਤੇ ਯੈਲੋ ਅਲਰਟ ਜਾਰੀ ਕੀਤਾ ਹੈ।

5 ਜੂਨ ਨੂੰ ਮੌਸਮ ਵਿੱਚ ਕੁਝ ਸੁਧਾਰ ਹੋਣ ਦੀ ਉਮੀਦ ਹੈ ਪਰ ਕੁਝ ਇਲਾਕਿਆਂ ਵਿੱਚ ਅਜੇ ਵੀ ਤੇਜ਼ ਹਵਾਵਾਂ ਅਤੇ ਗਰਜ-ਚਮਕ ਦੀ ਚਿਤਾਵਨੀ ਜਾਰੀ ਕੀਤੀ ਹੈ। ਮੌਸਮ ਵਿਭਾਗ ਨੇ ਨਿਸ਼ਾਨਦੇਹੀ ਕੀਤੇ ਗਏ ਦਿਨਾਂ ਦੌਰਾਨ ਲੋਕਾਂ ਨੂੰ ਸੁਚੇਤ ਰਹਿਣ ਦੀ ਅਪੀਲ ਕੀਤੀ ਹੈ। ਤੇਜ਼ ਹਵਾਵਾਂ ਅਤੇ ਬਿਜਲੀ ਚਮਕਣ ਸਮੇਂ ਸੁਰੱਖਿਅਤ ਥਾਵਾਂ 'ਤੇ ਰਹਿਣ ਦੀ ਸਲਾਹ ਦਿੱਤੀ ਗਈ। ਇਥੇ ਇਹ ਵੀ ਦੱਸ ਦੇਈਏ ਕਿ ਮੌਸਮ ਵਿਭਾਗ ਵੱਲੋਂ ਜਾਰੀ ਅੰਕੜਿਆਂ ਅਨੁਸਾਰ ਪੰਜਾਬ 'ਚ ਵੱਧ ਤੋਂ ਵੱਧ ਤਾਪਮਾਨ ਆਮ ਨਾਲੋਂ ਕਾਫ਼ੀ ਹੇਠਾਂ ਬਣਿਆ ਹੋਇਆ ਹੈ। ਹਾਲਾਂਕਿ ਸੂਬੇ ਦੇ ਔਸਤ ਵੱਧ ਤੋਂ ਵੱਧ ਤਾਪਮਾਨ 'ਚ 4.8 ਡਿਗਰੀ ਸੈਲਸੀਅਸ ਦਾ ਵਾਧਾ ਦਰਜ ਕੀਤਾ ਗਿਆ, ਪਰ ਇਹ ਅਜੇ ਵੀ ਆਮ ਨਾਲੋਂ 7.6 ਡਿਗਰੀ ਸੈਲਸੀਅਸ ਘੱਟ ਹੈ। ਸੂਬੇ ਵਿਚ ਵੱਧ ਤੋਂ ਵੱਧ ਤਾਪਮਾਨ 38 ਡਿਗਰੀ ਸੈਲਸੀਅਸ ਬਠਿੰਡਾ ਵਿਚ ਦਰਜ ਕੀਤਾ ਗਿਆ। ਉੱਥੇ ਹੀ ਜਲੰਧਰ ਦਾ ਵੱਧ ਤੋਂ ਵੱਧ ਤਾਪਮਾਨ 33 ਡਿਗਰੀ ਅਤੇ ਘੱਟ ਤੋਂ ਘੱਟ ਤਾਪਮਾਨ 24 ਡਿਗਰੀ ਸੈਲਸੀਅਸ ਰਿਕਾਰਡ ਕੀਤਾ ਗਿਆ, ਜੋ ਪਿਛਲੇ ਹਫ਼ਤੇ ਦੀ ਤੁਲਨਾ ਵਿਚ ਕਾਫ਼ੀ ਰਾਹਤ ਭਰਿਆ ਮੰਨਿਆ ਜਾ ਰਿਹਾ ਹੈ।

ਮੌਸਮ ਮਾਹਿਰਾਂ ਦਾ ਕਹਿਣਾ ਹੈ ਕਿ ਪ੍ਰੀ-ਮਾਨਸੂਨ ਸਰਗਰਮੀਆਂ ਨਾਲ ਆਉਣ ਵਾਲੇ 2 ਤੋਂ 3 ਦਿਨਾਂ ਦੌਰਾਨ ਪੰਜਾਬ ਸਹਿਤ ਹਰਿਆਣਾ, ਹਿਮਾਚਲ ਪ੍ਰਦੇਸ਼ ਅਤੇ ਚੰਡੀਗੜ੍ਹ ਇਲਾਕੇ ਵਿਚ ਮੌਸਮ ਮੁਕਾਬਲਤਨ ਠੰਢਾ ਬਣਿਆ ਰਹਿ ਸਕਦਾ ਹੈ। ਕਈ ਜ਼ਿਲ੍ਹਿਆਂ ਵਿਚ ਰੁਕ-ਰੁਕ ਕੇ ਮੀਂਹ ਪੈਣ ਦੇ ਆਸਾਰ ਹਨ, ਜਿਸ ਨਾਲ ਤਾਪਮਾਨ ਵਿਚ ਹੋਰ ਗਿਰਾਵਟ ਦਰਜ ਕੀਤੀ ਜਾ ਸਕਦੀ ਹੈ। ਜ਼ਿਕਰਯੋਗ ਹੈ ਕਿ ਮਈ ਮਹੀਨੇ ਦੇ ਆਖਰੀ ਹਫ਼ਤੇ ਵਿਚ ਜਲੰਧਰ ਸਮੇਤ ਪੰਜਾਬ ਦੇ ਕਈ ਜ਼ਿਲ੍ਹਿਆਂ ਵਿਚ ਤਾਪਮਾਨ 44 ਡਿਗਰੀ ਸੈਲਸੀਅਸ ਤੋਂ ਉੱਪਰ ਪਹੁੰਚ ਗਿਆ ਸੀ ਅਤੇ ਲੋਕ ਭਿਆਨਕ ਗਰਮੀ ਅਤੇ ਲੂਅ ਤੋਂ ਪ੍ਰੇਸ਼ਾਨ ਸਨ। ਹੁਣ ਪ੍ਰੀ-ਮਾਨਸੂਨ ਦੇ ਪਹਿਲੇ ਮੀਂਹ ਨੇ ਮੌਸਮ ਨੂੰ ਆਮ ਬਣਾਉਣ ਦਾ ਕੰਮ ਕੀਤਾ ਹੈ। ਮੌਸਮ ਵਿਭਾਗ ਦੇ ਅਗਾਊਂ-ਅਨੁਮਾਨ ਨੂੰ ਦੇਖਦੇ ਹੋਏ ਅਗਲੇ ਕੁਝ ਦਿਨਾਂ ਤੱਕ ਗਰਮੀ ਤੋਂ ਰਾਹਤ ਬਣੀ ਰਹਿਣ ਦੀ ਉਮੀਦ ਹੈ।

### ਮਰਜ਼ੀ ਨਾਲ ਦੇਹ ਵਪਾਰ ਦਾ ਧੰਦਾ

ਦੀਆਂ ਧਾਰਾਵਾਂ 7 ਅਤੇ 8 ਆਮ ਨਿਯਮ ਦੇ ਅਪਵਾਦ ਹਨ। ਇਹ ਧਾਰਾਵਾਂ ਖਾਸ ਹਾਲਤਾਂ ਵਿੱਚ ਵੇਸਵਾਗਮਨੀ ਦੇ ਵਿਅਕਤੀਗਤ ਕੰਮਾਂ ਨੂੰ ਅਪਰਾਧ ਬਣਾਉਂਦੀਆਂ ਹਨ: ਧਾਰਾ 7 ਜਨਤਕ ਥਾਵਾਂ ਦੇ ਨੇੜੇ ਵੇਸਵਾਗਮਨੀ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਸਜ਼ਾ ਦਿੰਦੀ ਹੈ, ਜਦੋਂ ਕਿ ਧਾਰਾ 8 ਜਨਤਕ ਥਾਵਾਂ 'ਤੇ ਗਾਹਕਾਂ ਨੂੰ ਬੇਨਤੀ ਕਰਨ ਜਾਂ ਬੇਨਤੀ ਕਰਨ ਨੂੰ ਅਪਰਾਧ ਮੰਨਦੀ ਹੈ।

ਇਸ 'ਤੇ ਟਿੱਪਣੀ ਕਰਦੇ ਹੋਏ, ਬੈਂਚ ਨੇ ਦੇਖਿਆ ਕਿ ਹਾਲਾਂਕਿ ਵੇਸਵਾਗਮਨੀ ਦੇ ਵਿਅਕਤੀਗਤ ਕੰਮਾਂ 'ਤੇ ਸਿੱਧੇ ਜਾਂ ਪੂਰੀ ਤਰ੍ਹਾਂ ਪਾਬੰਦੀ ਨਹੀਂ ਲਗਾਈ ਗਈ ਹੈ, ਪਰ ਜਨਤਕ ਸ਼ਿਸ਼ਟਾਚਾਰ ਅਤੇ ਸਮਾਜਿਕ ਨੈਤਿਕਤਾ ਨੂੰ ਕਾਇਮ ਰੱਖਣ ਲਈ ਅਜਿਹੀਆਂ ਪਾਬੰਦੀਆਂ ਜ਼ਰੂਰੀ ਹਨ। ਇਸ ਨੇ ਜ਼ੋਰ ਦੇ ਕੇ ਕਿਹਾ ਕਿ ਜਨਤਕ ਸੰਸਥਾਵਾਂ ਅਤੇ ਸੂਚਿਤ ਖੇਤਰਾਂ ਦੇ ਨੇੜੇ ਅਜਿਹੇ ਪ੍ਰਦਰਸ਼ਨਾਂ ਜਾਂ ਬੇਨਤੀਆਂ ਨੂੰ ਆਮ ਲੋਕਾਂ ਨੂੰ ਅਸੁਵਿਧਾ ਤੋਂ ਬਚਾਉਣ ਲਈ ਰੋਕਿਆ ਜਾਣਾ ਚਾਹੀਦਾ ਹੈ।

ਵੇਸਵਾਗਮਨੀ ਸੰਬੰਧੀ ਕਾਨੂੰਨੀ ਅਸਪੱਸ਼ਟਤਾ

ਅਦਾਲਤ ਨੇ ਸਪੱਸ਼ਟ ਕੀਤਾ ਕਿ ਉਹ ਨਾ ਤਾਂ ਵੇਸਵਾਗਮਨੀ ਦੇ ਪੂਰੀ ਤਰ੍ਹਾਂ ਅਪਰਾਧੀਕਰਨ ਦੀ ਵਕਾਲਤ ਕਰ ਰਹੀ ਹੈ ਅਤੇ ਨਾ ਹੀ ਇਸਨੂੰ ਪੂਰੀ ਤਰ੍ਹਾਂ ਨਿਯਮਤ ਛੱਡਣ ਦਾ ਸੁਝਾਅ ਦੇ ਰਹੀ ਹੈ। ਅਦਾਲਤ ਨੇ ਕਿਹਾ, 'ਅਸੀਂ ਸਿਰਫ਼ ਇਹ ਸਮਝਾਉਣਾ ਚਾਹੁੰਦੇ ਹਾਂ ਕਿ ਵਿਧਾਨਕ ਇਰਾਦਾ ਵੇਸਵਾਗਮਨੀ ਦੇ ਸਾਰੇ ਕੰਮਾਂ ਦੀ ਨਿੰਦਾ ਕਰਨਾ ਨਹੀਂ ਹੈ।' ਹਾਲਾਂਕਿ, ਇਸਨੇ ਸਵੀਕਾਰ ਕੀਤਾ ਕਿ ਇਸਦੀ ਪਰਿਭਾਸ਼ਾ ਵਿੱਚ ਕੁਝ ਅਸਪਸ਼ਟਤਾ ਹੈ, ਕਿਉਂਕਿ ਇਸਨੂੰ ਅਕਸਰ ਸਿਰਫ਼ ਸ਼ੋਸ਼ਣਕਾਰੀ ਜਾਂ ਅਪਮਾਨਜਨਕ ਰੌਸ਼ਨੀ ਵਿੱਚ ਦਰਸਾਇਆ ਜਾਂਦਾ ਹੈ।

ਐਕਟ ਦੀ ਧਾਰਾ 2 ਵਿੱਚ ਦਿੱਤੀ ਗਈ 'ਵੇਸਵਾਘਰ' ਸ਼ਬਦ ਦੀ ਪਰਿਭਾਸ਼ਾ ਦੀ ਜਾਂਚ ਕਰਦੇ ਹੋਏ, ਬੈਂਚ ਨੇ ਇੱਕ ਮਹੱਤਵਪੂਰਨ ਸਪੱਸ਼ਟੀਕਰਨ ਪੇਸ਼ ਕੀਤਾ।

ਅਦਾਲਤ ਨੇ ਕਿਹਾ ਕਿ ਜੇਕਰ ਇੱਕ ਇਕੱਲੀ ਔਰਤ ਰੋਜ਼ੀ-ਰੋਟੀ ਕਮਾਉਣ ਦੇ ਉਦੇਸ਼ ਲਈ ਆਪਣੇ ਘਰ ਦੇ ਅੰਦਰ ਵੇਸਵਾਗਮਨੀ ਵਿੱਚ ਸ਼ਾਮਲ ਹੁੰਦੀ ਹੈ - ਕਿਸੇ ਹੋਰ ਔਰਤ ਦੀ ਸ਼ਮੂਲੀਅਤ ਤੋਂ ਬਿਨਾਂ, ਅਤੇ ਕਿਸੇ ਬਾਹਰੀ ਵਿਅਕਤੀ ਜਾਂ ਵਿਚੋਲੇ ਦੁਆਰਾ ਅਹਾਤੇ ਦੀ ਦੇਖਭਾਲ ਵਿੱਚ ਭੂਮਿਕਾ ਨਿਭਾਏ ਬਿਨਾਂ - ਤਾਂ ਉਸਦੀ ਰਿਹਾਇਸ਼ ਦੀ ਜਗ੍ਹਾ, ਕਾਨੂੰਨ ਦੀਆਂ ਨਜ਼ਰਾਂ ਵਿੱਚ, ਵੇਸਵਾਘਰ ਨਹੀਂ ਮੰਨੀ ਜਾਵੇਗੀ।

### ਫੈਕਟਰੀ 'ਚ ਜ਼ਹਿਰੀਲੀ ਗੈਸ ਚੜ੍ਹਨ

ਰਹੀ ਹੈ। ਫਿਲਹਾਲ ਪੁਲਿਸ ਵੱਲੋਂ ਮਾਮਲੇ ਸਬੰਧੀ ਜਾਂਚ ਦੀ ਗੱਲ ਕਹੀ ਜਾ ਰਹੀ ਹੈ। ਉੱਧਰ ਯੂਨੀਅਨ ਦੇ ਆਗੂਆਂ ਨੇ ਕਿਹਾ ਕਿ ਇਹ ਫੈਕਟਰੀ ਮਾਲਕਾਂ ਦੀ ਲਾਪਰਵਾਹੀ ਦੇ ਕਾਰਨ ਹਾਦਸਾ ਵਾਪਰਿਆ ਹੈ। ਇਸ ਦੌਰਾਨ ਉਹਨਾਂ ਕਿਹਾ ਕਿ ਜਿੱਥੇ ਤਿੰਨ ਲੋਕਾਂ ਦੀ ਮੌਤ ਹੋਈ ਹੈ ਤਾਂ ਇਸ ਦੇ ਲਈ ਫੈਕਟਰੀ ਮਾਲਕ 'ਤੇ ਸਖਤ ਤੋਂ ਸਖਤ ਕਾਰਵਾਈ ਹੋਣੀ ਚਾਹੀਦੀ ਹੈ। ਨਾਲ ਹੀ ਉਹਨਾਂ ਇਸ ਘਟਨਾ ਨੂੰ ਲੈ ਕੇ ਨਿੰਦਾ ਕੀਤੀ ਅਤੇ ਸੇਫਟੀ ਮੇਅਰਮੈਂਟ ਨੂੰ ਲੈ ਕੇ ਵੀ ਸਵਾਲ ਚੁੱਕੇ ਹਨ। ਉੱਧਰ ਮੌਕੇ 'ਤੇ ਮੌਜੂਦ ਏਸੀਪੀ ਇੰਦਰਜੀਤ ਸਿੰਘ ਬੋਪਾ ਰਾਏ ਨੇ ਕਿਹਾ ਕਿ ਉਹਨਾਂ ਨੂੰ ਤਿੰਨ ਲੋਕਾਂ ਦੀ ਮੌਤ ਦੀ ਖਬਰ ਮਿਲੀ ਹੈ, ਜਿਸ ਤੋਂ ਬਾਅਦ ਉਹ ਮੌਕੇ 'ਤੇ ਪਹੁੰਚੇ ਨੇ ਉਹਨਾਂ ਕਿਹਾ ਕਿ ਫੈਕਟਰੀ ਦੇ ਵਿੱਚ ਇਹ ਜਹਰੀਲੀ ਗੈਸ ਚੜ੍ਹਨ ਦੇ ਨਾਲ ਹਾਦਸਾ ਹੋਇਆ ਹੈ, ਜਿਸ ਨੂੰ ਲੈ ਕੇ ਜਾਂਚ ਕੀਤੀ ਜਾ ਰਹੀ ਹੈ। ਉੱਧਰ ਐਸਡੀਐਮ ਜਸਲੀਨ ਭੁੱਲਰ ਲੁਧਿਆਣਾ ਨੇ ਵੀ ਇਸ ਮਾਮਲੇ ਸਬੰਧੀ ਜਾਂਚ ਦੀ ਗੱਲ ਕਹੀ ਹੈ। ਉਹਨਾਂ ਕਿਹਾ ਕਿ ਵੱਖ-ਵੱਖ ਟੀਮਾਂ ਦਾ ਗਠਨ ਕੀਤਾ ਗਿਆ ਹੈ ਅਤੇ ਇਹ ਘਟਨਾ ਦੇ ਕੀ ਕਾਰਨ ਹੈ ਇਸ ਨੂੰ ਲੈ ਕੇ ਜਾਂਚ ਕੀਤੀ ਜਾਵੇਗੀ।

### ਜੰਡਿਆਲਾ ਗੁਰੂ 'ਚ ਦਿਨ-ਦਿਹਾੜੇ

ਜਿੱਥੇ ਰਸਤੇ ਵਿੱਚ ਉਸ ਨੂੰ ਅਣਪਛਾਤੇ ਵਿਅਕਤੀਆਂ ਵੱਲੋਂ ਘੇਰ ਕੇ ਤੇਜ਼ਧਾਰ ਹਥਿਆਰਾਂ ਨਾਲ ਵਾਰ ਕਰਕੇ ਕਤਲ ਕਰ ਦਿੱਤਾ ਗਿਆ।

ਮ੍ਰਿਤਕ ਦੇ ਸਾਥੀ ਅਧਿਆਪਕਾਂ ਨੇ ਦੱਸਿਆ ਕਿ ਜਗਦੀਪ ਬਹੁਤ ਮਿੱਠਬੋਲੜਾ ਅਤੇ ਨਿੱਘੇ ਸੁਭਾਅ ਦਾ ਮਾਲਕ ਸੀ। ਜੰਡਿਆਲਾ ਗੁਰੂ ਇਲਾਕੇ ਵਿੱਚ ਲਗਾਤਾਰ ਲੁੱਟਾਂ-ਖੋਹਾਂ, ਕਤਲੋ-ਗ਼ਾਰਤ ਅਤੇ ਹੋਰ ਵਾਰਦਾਤਾਂ ਦੇ ਵਧਣ ਨਾਲ ਇਲਾਕੇ ਦੇ ਲੋਕਾਂ ਵਿੱਚ ਭਾਰੀ ਡਰ ਦਾ ਮਾਹੌਲ ਬਣਿਆ ਹੋਇਆ ਹੈ। ਉੱਥੇ ਹੀ ਡੀ.ਐੱਸ.ਪੀ. ਵੱਲੋਂ ਪੁਲਿਸ ਪਾਰਟੀ ਸਮੇਤ ਮੌਕੇ 'ਤੇ ਪਹੁੰਚ ਕੇ ਬਾਰੀਕੀ ਨਾਲ ਜਾਂਚ-ਪੜਤਾਲ ਸ਼ੁਰੂ ਕਰ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਪੁਲਿਸ ਹਰ ਪਹਿਲੂ ਤੋਂ ਇਸ ਮਾਮਲੇ ਦੀ ਜਾਂਚ ਕਰ ਰਹੀ ਹੈ।

### ਸੁਪਰੀਮ ਕੋਰਟ ਵਿੱਚ 5 ਨਵੇਂ ਜੱਜਾਂ

ਅਦਾਲਤ ਦਾ ਜੱਜ ਨਿਯੁਕਤ ਕੀਤਾ ਗਿਆ ਹੈ।

ਅਹਿਮ ਨਿਯੁਕਤੀਆਂ 'ਤੇ ਇੱਕ ਨਜ਼ਰ:

ਜਸਟਿਸ ਸ਼੍ਰੀ ਚੰਦਰਸ਼ੇਖਰ (ਚੀਫ਼ ਜਸਟਿਸ, ਬੰਬੇ ਹਾਈ ਕੋਰਟ)

ਜਸਟਿਸ ਸ਼ੀਲ ਨਾਗੂ (ਚੀਫ਼ ਜਸਟਿਸ, ਪੰਜਾਬ ਅਤੇ ਹਰਿਆਣਾ ਹਾਈ ਕੋਰਟ)

ਜਸਟਿਸ ਸੰਜੀਵ ਸਚਦੇਵਾ (ਚੀਫ਼ ਜਸਟਿਸ, ਮੱਧ ਪ੍ਰਦੇਸ਼ ਹਾਈ ਕੋਰਟ)

ਜਸਟਿਸ ਅਰੁਣ ਪੱਲੀ (ਚੀਫ਼ ਜਸਟਿਸ, ਜੰਮੂ ਅਤੇ ਕਸ਼ਮੀਰ ਹਾਈ ਕੋਰਟ)

ਵੈਂਕਟਾ ਸੁਬਰਾਮਨੀ ਮੋਹਨਾ

ਕੇਂਦਰੀ ਕਾਨੂੰਨ ਮੰਤਰਾਲੇ ਦੇ ਸੂਤਰਾਂ ਮੁਤਾਬਕ, ਇਨ੍ਹਾਂ ਨਵੇਂ ਜੱਜਾਂ ਦੀ ਨਿਯੁਕਤੀ ਨਾਲ ਸੁਪਰੀਮ ਕੋਰਟ ਵਿੱਚ ਜੱਜਾਂ ਦੀ ਗਿਣਤੀ ਵਧੇਗੀ, ਜਿਸ ਨਾਲ ਲੰਬਿਤ ਪਏ ਕੇਸਾਂ ਦੇ ਨਿਪਟਾਰੇ ਵਿੱਚ ਤੇਜ਼ੀ ਆਉਣ ਦੀ ਉਮੀਦ ਹੈ। ਇਹ ਨਵੇਂ ਜੱਜ ਜਲਦੀ ਹੀ ਆਪਣੇ ਅਹੁਦੇ ਦਾ ਹਲਫ਼ (ਸਹੁੰ) ਚੁੱਕਣਗੇ।

### ਮੱਖੂ 'ਚ ਦੁਕਾਨਦਾਰ ਦਾ ਕਤਲ,

ਦੱਸਿਆ ਕਿ ਉਹ ਬਾਅਦ ਵਿੱਚ ਕੋਲਡਰਿੰਕ ਲੈ ਕੇ ਚਲਾ ਗਿਆ ਅਤੇ ਫ਼ਿਰ 10 ਕੁ ਮਿੰਟ ਬਾਅਦ ਦੋ ਜਣੇ ਦੁਬਾਰਾ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਏ। ਇਕ ਵਿਅਕਤੀ ਮੋਟਰਸਾਈਕਲ 'ਤੇ ਬੈਠਾ ਰਿਹਾ ਅਤੇ ਦੂਸਰੇ ਵਿਅਕਤੀ ਵੱਲੋਂ ਦੁਕਾਨ ਦੇ ਅੰਦਰ ਆ ਕੇ ਕਾਲਾ ਗਾਬਾ ਦੇ ਗੋਲੀਆਂ ਮਾਰਨ ਤੋਂ ਬਾਅਦ ਮੌਕੇ ਤੋਂ ਫਰਾਰ ਹੋ ਗਏ।

ਘਟਨਾ ਦੀ ਸੂਚਨਾ ਮਿਲਦੇ ਹੀ ਐੱਸ.ਐੱਸ.ਪੀ. ਫਿਰੋਜ਼ਪੁਰ ਅਤੇ ਥਾਣਾ ਮੱਖੂ ਦੀ ਪੁਲਿਸ ਨੇ ਮੌਕੇ 'ਤੇ ਪਹੁੰਚ ਕੇ ਮ੍ਰਿਤਕ ਗੁਰਚਰਨ ਸਿੰਘ ਕਾਲਾ ਗਾਬਾ ਦੀ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਘਟਨਾ ਦੀ ਪੜਤਾਲ ਸ਼ੁਰੂ ਕਰ ਦਿੱਤੀ। ਗੁਰਚਰਨ ਸਿੰਘ ਕਾਲਾ ਗਾਬਾ ਦੀ ਹੋਈ ਹੱਤਿਆ ਕਾਰਨ ਸ਼ਹਿਰ ਵਾਸੀਆਂ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ ਅਤੇ ਸ਼ਹਿਰ ਵਾਸੀਆਂ ਵਿੱਚ ਸੋਗ ਦੀ ਲਹਿਰ ਦੌੜ ਗਈ।

ਗੁਰਚਰਨ ਸਿੰਘ ਕਾਲਾ ਗਾਬਾ ਜੋ ਕਿ ਬਹੁਤ ਹੀ ਵਧੀਆ ਸਮਾਜ ਸੇਵੀ ਇਨਸਾਨ ਦੀ ਦੁੱਖਦਾਈ ਘਟਨਾ ਦੀ ਖਬਰ ਸੁਣਦਿਆਂ ਸ਼ਹਿਰ ਵਾਸੀਆਂ ਨੇ ਰੋਸ ਵਜੋਂ ਬਾਜ਼ਾਰ ਬੰਦ ਕਰ ਦਿੱਤਾ ਅਤੇ ਧਰਨਾ ਲਗਾ ਕੇ ਸ਼ਹਿਰ ਵਾਸੀਆਂ ਨੇ ਪੁਲਿਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਜਲਦੀ ਤੋਂ ਜਲਦੀ ਦੋਸ਼ੀਆਂ ਨੂੰ ਗ੍ਰਿਫਤਾਰ ਕੀਤਾ ਜਾਵੇ ਨਹੀਂ ਤਾਂ ਸ਼ਹਿਰ ਵਾਸੀਆਂ ਵੱਲੋਂ ਮਜਬੂਰੀ ਵਿੱਚ ਨੈਸ਼ਨਲ ਹਾਈਵੇਅ ਜਾਮ ਕੀਤਾ ਜਾਵੇਗਾ। ਸ਼ਹਿਰ ਵਾਸੀਆਂ ਵੱਲੋਂ ਲਗਾਏ ਧਰਨੇ ਵਿਚ ਪਹੁੰਚ ਕੇ ਐੱਸ.ਐੱਸ.ਪੀ. ਫਿਰੋਜ਼ਪੁਰ ਨੇ ਵਿਸ਼ਵਾਸ਼ ਦਿਵਾਇਆ ਕਿ ਕਾਲਾ ਗਾਬਾ ਦੇ ਹਤਿਆਰਿਆਂ ਦੀ ਭਾਲ ਵਿੱਚ ਪੁਲਿਸ ਪ੍ਰਸ਼ਾਸਨ ਦੀਆਂ ਵੱਖ-ਵੱਖ ਟੀਮਾਂ ਬਣਾਈਆਂ ਗਈਆਂ ਹਨ ਅਤੇ ਕਾਤਲਾਂ ਨੂੰ ਜਲਦੀ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ।

### ਪੰਥਕ ਕਾਨਫ਼ਰੰਸ 'ਚ ਪੁੱਜੀਆਂ ਸਮੂਹ ਸਿੱਖ ਜਥੇਬੰਦੀਆਂ

ਵਿਚਲੇ ਇਤਰਾਜ਼ਾਂ ਬਾਰੇ ਬੀਤੇ ਕੱਲ੍ਹ ਬਾਬਾ ਬਕਾਲਾ ਸਾਹਿਬ ਵਿਖੇ ਹੋਈ ਵਿਸ਼ਾਲ ਪੰਥਕ ਕਾਨਫ਼ਰੰਸ ਵਿਚ ਜਿਥੇ ਸਿੱਖ ਜਥੇਬੰਦੀਆਂ ਦੇ ਮੁੱਖੀ ਸਾਹਿਬਾਨ ਨੇ ਸ਼ਿਰਕਤ ਕੀਤੀ, ਉਥੇ ਹੀ ਵੱਡੀ ਗਿਣਤੀ 'ਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਇਸ ਐਕਟ ਪ੍ਰਤੀ ਆਪਣੀਆਂ ਭਾਵਨਾਵਾਂ ਪ੍ਰਗਟ ਕੀਤੀਆਂ।

ਐਡਵੋਕੇਟ ਧਾਮੀ ਨੇ ਕਿਹਾ ਕਿ ਅੰਤ੍ਰਿੰਗ ਕਮੇਟੀ ਨੇ ਅੱਜ ਦੀ ਇਕੱਤਰਤਾ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਪ੍ਰਸਤੀ ਹੇਠ ਸ਼੍ਰੋਮਣੀ ਕਮੇਟੀ ਵੱਲੋਂ ਕਰਵਾਈ ਗਈ ਇਸ ਪੰਥਕ ਕਾਨਫ਼ਰੰਸ ਵਿਚ ਸ਼ਮੂਲੀਅਤ ਕਰਨ ਲਈ ਸਮੂਹ ਪੰਥਕ ਜਥੇਬੰਦੀਆਂ, ਦਮਦਮੀ ਟਕਸਾਲ, ਨਿਹੰਗ ਸਿੰਘ ਦਲਾਂ, ਸਿੱਖ ਸੰਸਥਾਵਾਂ, ਸਿੰਘ ਸਭਾਵਾਂ, ਦੀਵਾਨਾਂ, ਸਿੱਖ ਫੈਡਰੇਸ਼ਨਾਂ, ਸਭਾ ਸੁਸਾਇਟੀਆਂ, ਉਦਾਸੀ, ਨਿਰਮਲੇ ਤੇ ਕਾਰਸੇਵਾ ਵਾਲੇ ਮਹਾਂਪੁਰਸ਼, ਸੇਵਾ ਪੰਥੀ ਸੰਪ੍ਰਦਾਵਾਂ, ਗੁਰਦੁਆਰਾ ਕਮੇਟੀਆਂ, ਗ੍ਰੰਥੀ ਤੇ ਅਖੰਡਪਾਠੀ ਸਿੰਘਾਂ, ਸਿੱਖ ਵਿਦਵਾਨਾਂ ਤੇ ਬੁੱਧੀਜੀਵੀਆਂ ਸਮੇਤ ਸਿੱਖ ਸੰਗਤਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਇਸ ਦੇ ਨਾਲ ਹੀ ਸੰਗਤਾਂ ਨੂੰ ਪ੍ਰੇਰਨਾ ਕਰਕੇ ਲਿਆਉਣ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਨੂੰ ਸਮਰਪਿਤ ਹੁੰਦਿਆਂ ਆਪਣੀਆਂ ਜ਼ੁੰਮੇਵਾਰੀਆਂ ਤਨਦੇਹੀ ਨਾਲ ਨਿਭਾਉਣ ਲਈ ਸ਼੍ਰੋਮਣੀ ਕਮੇਟੀ ਦੇ ਸਕੱਤਰ ਸਾਹਿਬਾਨ, ਪ੍ਰਚਾਰਕ, ਢਾਡੀ ਤੇ ਕਵੀਸ਼ਰ ਜਥਿਆਂ ਸਮੇਤ ਸਮੂਹ ਕਰਮਚਾਰੀਆਂ ਦੀ ਸ਼ਲਾਘਾ ਵੀ ਕੀਤੀ ਗਈ।

ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਇਹ ਵੀ ਦੱਸਿਆ ਕਿ ਅੰਤ੍ਰਿੰਗ ਕਮੇਟੀ ਨੇ ਬੀਤੇ ਕੱਲ੍ਹ ਜਲਾਲਾਬਾਦ ਨੇੜਲੇ ਪਿੰਡ ਬਾਰੇਕੇ 'ਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪਾਵਨ ਬੀੜ ਅਗਨ ਭੇਟ ਹੋਣ ਦੀ ਘਟਨਾ 'ਤੇ ਦੁੱਖ ਜ਼ਾਹਰ ਕਰਦਿਆਂ ਸੰਗਤਾਂ ਨੂੰ ਸੁਚੇਤ ਹੋ ਕੇ ਸੇਵਾਵਾਂ ਨਿਭਾਉਣ ਲਈ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਗੁਰੂ ਘਰਾਂ ਅੰਦਰ ਪਹਿਰੇਦਾਰੀ ਯਕੀਨੀ ਬਨਾਉਣ ਅਤੇ ਬਿਜਲੀ ਉਪਕਰਣਾਂ ਦੀ ਸਮੇਂ-ਸਮੇਂ ਸੰਭਾਲ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣ। ਉਨ੍ਹਾਂ ਕਿਹਾ ਕਿ ਗਰਮੀ ਦੇ ਮੌਸਮ ਦੌਰਾਨ ਇਹ ਜ਼ੁੰਮੇਵਾਰੀ ਹੋਰ ਵੀ ਵਧ ਜਾਂਦੀ ਹੈ, ਜਿਸ ਪ੍ਰਤੀ ਸੰਗਤਾਂ ਨੂੰ ਚੇਤੰਨ ਹੋਣ ਦੀ ਲੋੜ ਹੈ।

ਐਡਵੋਕੇਟ ਧਾਮੀ ਨੇ ਦੱਸਿਆ ਕਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ 328 ਪਾਵਨ ਸਰੂਪਾਂ ਦੇ ਮਾਮਲੇ 'ਚ ਪੰਜਾਬ ਸਰਕਾਰ ਵੱਲੋਂ ਬਣਾਈ ਗਈ ਸਿੱਟ ਵੱਲੋਂ ਮੰਗੀਆਂ ਜਾ ਰਹੀਆਂ ਜਾਣਕਾਰੀਆਂ ਬਾਰੇ ਵੀ ਅੱਜ ਦੀ ਅੰਤ੍ਰਿੰਗ ਕਮੇਟੀ 'ਚ ਵਿਚਾਰ ਚਰਚਾ ਹੋਈ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਵੱਲੋਂ ਸਿੱਟ ਨੂੰ ਸਹਿਯੋਗ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ ਅਨੁਸਾਰ ਦਿੱਤਾ ਜਾ ਰਿਹਾ ਹੈ ਅਤੇ ਇਸ ਸਬੰਧ ਵਿਚ ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਨੂੰ ਇਕ ਪੱਤਰ ਲਿਖਿਆ ਸੀ। ਜਥੇਦਾਰ ਸਾਹਿਬ ਵੱਲੋਂ ਪੱਤਰ ਭੇਜ ਕੇ ਕੇਵਲ 328 ਪਾਵਨ ਸਰੂਪਾਂ ਦੇ ਮਾਮਲੇ ਵਿਚ ਹੀ ਸਹਿਯੋਗ ਕਰਨ ਲਈ ਕਿਹਾ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀ ਜਾਂਚ ਟੀਮ ਜਾਣਬੁਝ ਕੇ ਸਿੱਖ ਸੰਸਥਾ ਦੇ ਅਕਸ ਨੂੰ ਢਾਹ ਲਗਾਉਣ ਲਈ ਗ਼ਲਤ ਬਿਆਨੀ ਕਰ ਰਹੀ ਹੈ, ਜੋ ਕਿਸੇ ਵੀ ਤਰ੍ਹਾਂ ਜਾਇਜ਼ ਨਹੀਂ ਹੈ। ਉਨ੍ਹਾਂ ਕਿਹਾ ਕਿ ਸ਼੍ਰੋਮਣੀ ਕਮੇਟੀ ਇਸ ਮਾਮਲੇ ਵਿਚ ਪੂਰੀ ਪਾਰਦਰਸ਼ਤਾ ਨਾਲ ਸਹਿਯੋਗ ਕਰ ਰਹੀ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਸ ਮਾਮਲੇ ਤੋਂ ਬਾਹਰ ਜਾ ਕੇ ਮੰਗੀ ਗਈ ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਸ਼੍ਰੋਮਣੀ ਕਮੇਟੀ ਵੱਲੋਂ ਸਿੱਟ ਨੂੰ ਨਹੀਂ ਦਿੱਤੀ ਜਾਵੇਗੀ। ਉਨ੍ਹਾਂ ਇਸ ਮਾਮਲੇ ਵਿਚ ਕੁਝ ਲੋਕਾਂ ਵੱਲੋਂ ਸਿੱਖ ਸੰਸਥਾ ਖਿਲਾਫ਼ ਕੀਤੀ ਜਾ ਰਹੀ ਗ਼ਲਤ ਬਿਆਨੀ ਨੂੰ ਤੁਰੰਤ ਬੰਦ ਕਰਨ ਲਈ ਵੀ ਆਖਿਆ।

ਐਡਵੋਕੇਟ ਧਾਮੀ ਨੇ ਇਹ ਵੀ ਦੱਸਿਆ ਕਿ ਅੰਤ੍ਰਿੰਗ ਕਮੇਟੀ ਨੇ ਸ਼੍ਰੋਮਣੀ ਕਮੇਟੀ ਦੇ ਮੁਲਾਜ਼ਮਾਂ ਨੂੰ 3% ਮਹਿੰਗਾਈ ਭੱਤਾ ਦੇਣ ਦਾ ਫੈਸਲਾ ਵੀ ਕੀਤਾ ਗਿਆ ਹੈ। ਇਸ ਤੋਂ ਪਹਿਲਾਂ ਸ਼੍ਰੋਮਣੀ ਕਮੇਟੀ ਦੇ ਸਾਬਕਾ ਕਾਰਜਕਾਰੀ ਪ੍ਰਧਾਨ ਸ. ਹਰਿੰਦਰ ਸਿੰਘ ਤਰਨ ਤਾਰਨੀ ਦੇ ਅਕਾਲ ਚਲਾਣਾ ਕਰ ਜਾਣ 'ਤੇ ਸ਼ੋਕ ਮਤਾ ਵੀ ਪਾਸ ਕੀਤਾ ਹੈ।

ਇਕੱਤਰਤਾ 'ਚ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੋਂ ਇਲਾਵਾ ਸੀਨੀਅਰ ਮੀਤ ਪ੍ਰਧਾਨ ਸ. ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ. ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਸ. ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸ. ਸੁਰਜੀਤ ਸਿੰਘ ਗੜ੍ਹੀ, ਸ. ਸੁਰਜੀਤ ਸਿੰਘ ਤੁਗਲਵਾਲ, ਸ. ਸੁਰਜੀਤ ਸਿੰਘ ਕੰਗ, ਸ. ਗੁਰਪ੍ਰੀਤ ਸਿੰਘ ਝੱਬਰ, ਸ. ਦਲਜੀਤ ਸਿੰਘ ਭਿੰਡਰ, ਸ. ਬਲਦੇਵ ਸਿੰਘ ਕਾਇਮਪੁਰ, ਸ. ਮੇਜਰ ਸਿੰਘ ਢਿੱਲੋਂ, ਮੰਗਵਿੰਦਰ ਸਿੰਘ ਖਾਪੜਖੇੜੀ, ਓਐਸਡੀ ਸ. ਸਤਬੀਰ ਸਿੰਘ ਧਾਮੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਵਿੰਦਰ ਸਿੰਘ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਤੇਜਿੰਦਰ ਸਿੰਘ ਪੱਡਾ, ਸ. ਜਸਵਿੰਦਰ ਸਿੰਘ ਜੱਸੀ, ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਗੁਰਨਾਮ ਸਿੰਘ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਅਜ਼ਾਦਦੀਪ ਸਿੰਘ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਕਾਨੂੰਨੀ ਸਲਾਹਕਾਰ ਐਡਵੋਕੇਟ ਅਮਨਬੀਰ ਸਿੰਘ ਸਿਆਲੀ, ਐਕਸੀਅਨ ਸ. ਜਤਿੰਦਰਪਾਲ ਸਿੰਘ, ਸ. ਸੁਖਜਿੰਦਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਇੰਚਾਰਜ ਸ. ਪ੍ਰਜਿੰਦਰ ਸਿੰਘ, ਸ. ਗੁਰਪ੍ਰੀਤ ਸਿੰਘ ਰੋੜੇ, ਸ. ਗੁਰਪ੍ਰਤਾਪ ਸਿੰਘ, ਸ. ਤਰਸੇਮ ਸਿੰਘ ਆਦਿ ਸ਼ਾਮਲ ਸਨ।

### ਅਦਾਲਤ 'ਚ ਗ਼ੈਰ-ਹਾਜ਼ਰ ਰਹਿਣ 'ਤੇ ਕੇਂਦਰੀ ਮੰਤਰੀ

ਸੀਨੀਅਰ ਡਿਪਟੀ ਮੇਅਰ ਸ਼ਾਮ ਸੁੰਦਰ ਮਲਹੋਤਰਾ ਅਤੇ ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ) ਦੇ ਪ੍ਰਧਾਨ ਸੰਜੇ ਤਲਵਾੜ ਸਥਾਨਕ ਨਗਰ ਨਿਗਮ ਦਫ਼ਤਰ ਦਾ ਗੇਟ ਬੰਦ ਕਰਨ ਅਤੇ ਸਰਕਾਰੀ ਮੁਲਾਜ਼ਮ ਨੂੰ ਡਿਊਟੀ ਕਰਨ ਤੋਂ ਰੋਕਣ ਦੇ ਮਾਮਲੇ ਵਿੱਚ ਨਾਮਜ਼ਦ ਹਨ। ਥਾਣਾ ਡਵੀਜ਼ਨ ਨੰਬਰ 1 ਦੀ ਪੁਲਿਸ ਨੇ ਨਗਰ ਨਿਗਮ ਦੇ ਜ਼ੋਨ-ਏ ਦਫ਼ਤਰ ਵਿੱਚ ਤਾਇਨਾਤ ਗੇਟਮੈਨ ਅਮਿਤ ਕੁਮਾਰ ਦੇ ਬਿਆਨਾਂ 'ਤੇ ਰਵਨੀਤ ਸਿੰਘ ਬਿੱਟੂ, ਭਾਰਤ ਭੂਸ਼ਣ ਆਸ਼ੂ, ਸੰਜੇ ਤਲਵਾੜ, ਸ਼ਾਮ ਸੁੰਦਰ ਮਲਹੋਤਰਾ ਅਤੇ 60 ਹੋਰਾਂ ਖ਼ਿਲਾਫ਼ ਮਾਰਚ 2024 ਵਿੱਚ ਭਾਰਤੀ ਦੰਡਾਵਲੀ ਦੀਆਂ ਧਾਰਾਵਾਂ 353, 186 ਅਤੇ 149 ਤਹਿਤ ਕੇਸ ਦਰਜ ਕੀਤਾ ਸੀ।

ਸ਼ਿਕਾਇਤਕਰਤਾ ਅਨੁਸਾਰ, ਉਹ ਨਗਰ ਨਿਗਮ ਦਫ਼ਤਰ ਦੇ ਮੁੱਖ ਗੇਟ 'ਤੇ ਡਿਊਟੀ 'ਤੇ ਸੀ ਜਦੋਂ ਪ੍ਰਦਰਸ਼ਨਕਾਰੀਆਂ ਨੇ ਕਥਿਤ ਤੌਰ 'ਤੇ ਉਸ ਨੂੰ ਧੱਕਾ ਦਿੱਤਾ ਅਤੇ ਇਮਾਰਤ ਵਿੱਚ ਦਾਖਲ ਹੋ ਗਏ। ਇਹ ਵੀ ਦੋਸ਼ ਲਾਇਆ ਗਿਆ ਸੀ ਕਿ ਪ੍ਰਦਰਸ਼ਨਕਾਰੀਆਂ ਨੇ ਦਫ਼ਤਰ ਦਾ ਗੇਟ ਬੰਦ ਕਰ ਦਿੱਤਾ ਸੀ ਅਤੇ ਅਧਿਕਾਰੀਆਂ ਦੇ ਨਾਲ-ਨਾਲ ਆਮ ਲੋਕਾਂ ਨੂੰ ਵੀ ਦਫ਼ਤਰ ਵਿੱਚ ਦਾਖਲ ਹੋਣ ਤੋਂ ਰੋਕਿਆ ਸੀ।

### ਸੁਮਨ ਕਲਿਆਣਪੁਰ: ਸੁਰਾਂ ਦੀ ਉਹ

ਨਾਲੋਂ ਭਾਵਨਾ ਦੀ ਡੂੰਘਾਈ ਜ਼ਿਆਦਾ ਮਹੱਤਵ ਰੱਖਦੀ ਹੈ। ਜਦੋਂ ਉਹ ਗਾਉਂਦੀਆਂ ਸਨ ਤਾਂ ਲੱਗਦਾ ਸੀ ਜਿਵੇਂ ਸ਼ਬਦ ਆਪਣੇ ਆਪ ਸੁਰਾਂ ਵਿੱਚ ਢਲ਼ ਗਏ ਹੋਣ।

ਸੁਮਨ ਕਲਿਆਣਪੁਰ ਦਾ ਮਹੱਤਵ ਸਿਰਫ਼ ਉਹਨਾਂ ਦੇ ਗਾਏ ਗੀਤਾਂ ਤੱਕ ਸੀਮਤ ਨਹੀਂ। ਉਹ ਉਸ ਪੀੜ੍ਹੀ ਦੀ ਪ੍ਰਤੀਨਿਧੀ ਸਨ, ਜਿਸ ਨੇ ਭਾਰਤੀ ਸੰਗੀਤ ਨੂੰ ਸੱਭਿਆਚਾਰਕ ਸ਼ਖ਼ਸੀਅਤ ਬਖ਼ਸ਼ੀ। ਉਹਨਾਂ ਦੇ ਗੀਤਾਂ ਨੇ ਇੱਕ ਅਜਿਹੇ ਭਾਰਤ ਦੀ ਤਸਵੀਰ ਪੇਸ਼ ਕੀਤੀ ਜਿਸ ਵਿੱਚ ਪਿਆਰ ਸੀ, ਸਾਦਗੀ ਸੀ, ਸੰਵੇਦਨਾ ਸੀ ਅਤੇ ਮਨੁੱਖੀ ਰਿਸ਼ਤਿਆਂ ਦੀ ਗਰਮਾਹਟ ਸੀ। ਉਹਨਾਂ ਦੀ ਗਾਇਕੀ ਨੇ ਭਾਰਤੀ ਸਮਾਜ ਦੇ ਭਾਵਨਾਤਮਕ ਸੰਸਾਰ ਨੂੰ ਸਮਰੱਥ ਬਣਾਇਆ।

ਅੱਜ ਦੇ ਡਿਜ਼ੀਟਲ ਯੁੱਗ ਵਿੱਚ, ਜਿੱਥੇ ਸੰਗੀਤ ਅਕਸਰ ਤਕਨੀਕੀ ਚਮਕ-ਦਮਕ ਅਤੇ ਬਾਜ਼ਾਰੀ ਦੌੜ ਦਾ ਹਿੱਸਾ ਬਣ ਜਾਂਦਾ ਹੈ, ਉੱਥੇ ਸੁਮਨ ਕਲਿਆਣਪੁਰ ਵਰਗੀਆਂ ਆਵਾਜ਼ਾਂ ਸਾਨੂੰ ਇਹ ਯਾਦ ਦਿਵਾਉਂਦੀਆਂ ਹਨ ਕਿ ਸੰਗੀਤ ਦੀ ਅਸਲ ਤਾਕਤ ਉਸਦੀ ਰੂਹ ਵਿੱਚ ਵੱਸਦੀ ਹੈ। ਉਹਨਾਂ ਦੇ ਗੀਤ ਅੱਜ ਵੀ ਇਹ ਸਿਖਾਉਂਦੇ ਹਨ ਕਿ ਸੱਚਾ ਸੰਗੀਤ ਮਨੁੱਖ ਦੇ ਅੰਦਰਲੇ ਸੰਸਾਰ ਨੂੰ ਛੂਹਣ ਦੀ ਸਮਰੱਥਾ ਰੱਖਦਾ ਹੈ।

ਉਹਨਾਂ ਦੇ ਦਿਹਾਂਤ ਨਾਲ ਭਾਰਤੀ ਸੰਗੀਤ ਨੇ ਆਪਣੀ ਇੱਕ ਅਨਮੋਲ ਧਰੋਹਰ ਗੁਆ ਲਈ ਹੈ। ਪਰ ਮਹਾਨ ਕਲਾਕਾਰਾਂ ਦੀ ਖ਼ਾਸੀਅਤ ਇਹ ਹੁੰਦੀ ਹੈ ਕਿ ਉਹ ਸਰੀਰਕ ਤੌਰ 'ਤੇ ਵਿੱਛੜ ਕੇ ਵੀ ਆਪਣੇ ਸੁਰਾਂ ਵਿੱਚ ਜ਼ਿੰਦਾ ਰਹਿੰਦੇ ਹਨ। ਸੁਮਨ ਕਲਿਆਣਪੁਰ ਵੀ ਆਪਣੇ ਗੀਤਾਂ, ਆਪਣੀਆਂ ਯਾਦਾਂ ਅਤੇ ਆਪਣੀ ਮਖ਼ਮਲੀ ਆਵਾਜ਼ ਰਾਹੀਂ ਆਉਣ ਵਾਲੀਆਂ ਪੀੜ੍ਹੀਆਂ ਨਾਲ ਗੱਲਾਂ ਕਰਦੀਆਂ ਰਹਿਣਗੀਆਂ।

ਉਹਨਾਂ ਦੀ ਖ਼ਾਮੋਸ਼ੀ ਵਿੱਚ ਵੀ ਸੰਗੀਤ ਹੈ, ਅਤੇ ਸ਼ਾਇਦ ਇਹੀ ਕਿਸੇ ਮਹਾਨ ਗਾਇਕਾ ਦੀ ਸਭ ਤੋਂ ਵੱਡੀ ਜਿੱਤ ਹੁੰਦੀ ਹੈ।

### ਕਾਂਗਰਸ ਚਲਦੀ ਲੜਾਈ

ਇੱਕ ਕਰੀਬੀ ਸਹਿਯੋਗੀ ਵੱਲੋਂ ਕਰਵਾਏ ਗਏ ਅੰਦਰੂਨੀ ਪ੍ਰਸਿੱਧੀ ਸਰਵੇ ਵਿੱਚ ਚੰਨੀ ਨੂੰ ਪਾਰਟੀ ਦੀ ਅਗਵਾਈ ਕਰਨ ਲਈ ਵਧੇਰੇ ਮਜ਼ਬੂਤ ਸਥਿਤੀ ਵਿੱਚ ਦਿਖਾਇਆ ਗਿਆ ਹੈ। ਦੂਜੇ ਪਾਸੇ, ਦਿੱਲੀ ਵਿੱਚ ਸੀਨੀਅਰ ਆਗੂਆਂ ਦਾ ਇੱਕ ਧੜਾ ਵੜਿੰਗ ਨੂੰ ਹੀ ਬਰਕਰਾਰ ਰੱਖਣ ਦੇ ਹੱਕ ਵਿੱਚ ਹੈ।

ਚਰਨਜੀਤ ਸਿੰਘ ਚੰਨੀ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਹਨ ਅਤੇ ਇਸ ਵੇਲੇ ਜਲੰਧਰ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਹਨ। ਉਹ ਦਲਿਤ ਭਾਈਚਾਰੇ ਦੀ ਆਵਾਜ਼ ਬਣ ਕੇ ਕਾਂਗਰਸ ਨੂੰ ਵੱਡਾ ਸਮਾਜਿਕ ਆਧਾਰ ਦੇ ਸਕਦੇ ਹਨ। ਪਰ ਉਨ੍ਹਾਂ ਦੀ ਸਮੱਸਿਆ ਇਹ ਹੈ ਕਿ 2022 ਦੀਆਂ ਚੋਣਾਂ ਵਿੱਚ ਮੁੱਖ ਮੰਤਰੀ ਰਹਿੰਦਿਆਂ ਵੀ ਪਾਰਟੀ ਦੀ ਕਰਾਰੀ ਹਾਰ ਹੋਈ ਸੀ, ਜਿਸ ਕਾਰਨ ਵਿਰੋਧੀ ਧਿਰਾਂ ਉਨ੍ਹਾਂ 'ਤੇ ਸਵਾਲ ਚੁੱਕਦੀਆਂ ਰਹਿੰਦੀਆਂ ਹਨ।

ਸੁਖਜਿੰਦਰ ਸਿੰਘ ਰੰਧਾਵਾ ਪੰਜਾਬ ਦੇ ਸਾਬਕਾ ਡਿਪਟੀ ਮੁੱਖ ਮੰਤਰੀ ਅਤੇ ਗੁਰਦਾਸਪੁਰ ਤੋਂ ਲੋਕ ਸਭਾ ਸੰਸਦ ਮੈਂਬਰ ਹਨ। ਉਹ ਜ਼ਮੀਨੀ ਪੱਧਰ 'ਤੇ ਕੰਮ ਕਰਨ ਵਾਲੇ ਆਗੂ ਵਜੋਂ ਜਾਣੇ ਜਾਂਦੇ ਹਨ ਅਤੇ ਉਨ੍ਹਾਂ ਦਾ ਕਿਸਾਨਾਂ ਤੇ ਪੇਂਡੂ ਵਰਗ ਵਿੱਚ ਚੰਗਾ ਪ੍ਰਭਾਵ ਹੈ। ਹਾਲਾਂਕਿ ਉਹ ਵੀ ਦੱਖਣੀ-ਪੱਛਮੀ ਪੰਜਾਬ ਤੋਂ ਬਾਹਰ ਆਪਣੀ ਪਕੜ ਮਜ਼ਬੂਤ ਕਰਨ ਵਿੱਚ ਅਜੇ ਤੱਕ ਪੂਰੀ ਤਰ੍ਹਾਂ ਕਾਮਯਾਬ ਨਹੀਂ ਹੋਏ।

ਪ੍ਰਤਾਪ ਸਿੰਘ ਬਾਜਵਾ ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਹਨ ਅਤੇ ਪਾਰਟੀ ਦੇ ਸੂਬੇ ਵਿੱਚ ਸਭ ਤੋਂ ਬੇਬਾਕ ਬੁਲਾਰੇ ਹਨ। ਉਹ ਆਮ ਆਦਮੀ ਪਾਰਟੀ ਸਰਕਾਰ ਨੂੰ ਵਿਧਾਨ ਸਭਾ ਅੰਦਰ ਵੀ ਅਤੇ ਬਾਹਰ ਵੀ ਲਗਾਤਾਰ ਘੇਰਦੇ ਰਹਿੰਦੇ ਹਨ। ਪਰ ਪ੍ਰਧਾਨ ਅਤੇ ਵਿਰੋਧੀ ਧਿਰ ਦੇ ਆਗੂ ਦੀ ਭੂਮਿਕਾ ਇੱਕੋ ਵੇਲੇ ਨਿਭਾਉਣ ਦੀ ਸੰਭਾਵਨਾ ਘੱਟ ਜਾਪਦੀ ਹੈ।

ਇਨ੍ਹਾਂ ਸਾਰੇ ਉਮੀਦਵਾਰਾਂ ਵਿਚਕਾਰ ਵਿਜੇ ਇੰਦਰ ਸਿੰਗਲਾ ਦਾ ਨਾਮ ਦਿਲਚਸਪ ਕਾਰਨਾਂ ਕਰਕੇ ਉੱਭਰਿਆ ਹੈ। ਉਹ ਪੰਜਾਬ ਕਾਂਗਰਸ ਦੇ ਉਨ੍ਹਾਂ ਵਿਰਲੇ ਆਗੂਆਂ ਵਿੱਚੋਂ ਹਨ ਜਿਨ੍ਹਾਂ ਦਾ ਤਜਰਬਾ ਬਹੁ-ਪੱਖੀ ਹੈ। ਉਹ 2009 ਤੋਂ 2014 ਤੱਕ ਸੰਗਰੂਰ ਹਲਕੇ ਤੋਂ ਲੋਕ ਸਭਾ ਸੰਸਦ ਮੈਂਬਰ ਰਹੇ, 2017 ਵਿੱਚ ਸੰਗਰੂਰ ਅਸੈਂਬਲੀ ਸੀਟ ਤੋਂ ਵਿਧਾਇਕ ਚੁਣੇ ਗਏ ਅਤੇ ਕੈਪਟਨ ਅਮਰਿੰਦਰ ਸਿੰਘ ਸਰਕਾਰ ਵਿੱਚ ਪੀਡਬਲਯੂਡੀ ਤੇ ਪ੍ਰਸ਼ਾਸਨਿਕ ਸੁਧਾਰ ਮੰਤਰੀ ਵਜੋਂ ਵੀ ਕੰਮ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਨੂੰ ਏਆਈਸੀਸੀ ਵਿੱਚ ਵੀ ਅਹਿਮ ਭੂਮਿਕਾ ਦਿੱਤੀ ਗਈ ਹੈ, ਜਿਸ ਨਾਲ ਉਹ ਸੂਬੇ ਅਤੇ ਕੇਂਦਰੀ ਲੀਡਰਸ਼ਿਪ ਦੋਵਾਂ ਨਾਲ ਤਾਲਮੇਲ ਬਿਠਾਉਣ ਵਿੱਚ ਸਮਰੱਥ ਹਨ। ਸਿੰਗਲਾ ਦੀ ਸਭ ਤੋਂ ਵੱਡੀ ਤਾਕਤ ਇਹ ਹੈ ਕਿ ਉਹ ਕਿਸੇ ਇੱਕ ਧੜੇ ਨਾਲ ਬਹੁਤਾ ਜੁੜੇ ਹੋਏ ਨਹੀਂ ਹਨ। ਪੰਜਾਬ ਕਾਂਗਰਸ ਦੀ ਅਸਲ ਸਮੱਸਿਆ ਧੜੇਬੰਦੀ ਰਹੀ ਹੈ -ਜਦੋਂ ਵੀ ਕੋਈ ਧੜੇ ਵਾਲਾ ਆਗੂ ਪ੍ਰਧਾਨ ਬਣਦਾ ਹੈ, ਦੂਜੇ ਧੜੇ ਅੜਿੱਕੇ ਡਾਹੁੰਦੇ ਹਨ। ਹਾਈਕਮਾਂਡ ਹੁਣ ਅਜਿਹਾ ਚਿਹਰਾ ਲੱਭ ਰਹੀ ਹੈ ਜੋ ਵੱਖ-ਵੱਖ ਧੜਿਆਂ ਨੂੰ ਇਕੱਠੇ ਲੈ ਕੇ ਚੱਲ ਸਕੇ। ਕਾਂਗਰਸ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਏਆਈਸੀਸੀ ਜਨਰਲ ਸਕੱਤਰ ਕੇਸੀ ਵੇਣੂਗੋਪਾਲ ਵੀ ਇਨ੍ਹਾਂ ਵਿਚਾਰ-ਵਟਾਂਦਰਿਆਂ ਵਿੱਚ ਸ਼ਾਮਲ ਸਨ। ਇਹ ਦੱਸਦਾ ਹੈ ਕਿ ਪੰਜਾਬ ਕਾਂਗਰਸ ਦੇ ਭਵਿੱਖ ਦਾ ਫ਼ੈਸਲਾ ਹਾਈਕਮਾਂਡ ਦੇ ਸਭ ਤੋਂ ਉੱਚੇ ਪੱਧਰ 'ਤੇ ਹੋ ਰਿਹਾ ਹੈ।

ਸੂਤਰਾਂ ਦੱਸਿਆ ਕਿ ਵੜਿੰਗ, ਬਾਜਵਾ, ਰੰਧਾਵਾ, ਚੰਨੀ, ਸਿੰਗਲਾ, ਰਾਣਾ ਕੇਪੀ ਸਿੰਘ, ਪਰਗਟ ਸਿੰਘ ਅਤੇ ਅਮਰ ਸਿੰਘ ਵਰਗੇ ਤਜਰਬੇਕਾਰ ਆਗੂਆਂ ਨੂੰ ਅਹਿਮ ਕਮੇਟੀਆਂ ਵਿੱਚ ਸ਼ਾਮਲ ਕੀਤਾ ਜਾਵੇਗਾ। ਇਹ ਇਸ਼ਾਰਾ ਕਰਦਾ ਹੈ ਕਿ ਹਾਈਕਮਾਂਡ ਕਿਸੇ ਇੱਕ ਨੂੰ ਜਿਤਾਉਣ ਦੀ ਬਜਾਏ ਸਾਰਿਆਂ ਨੂੰ ਖ਼ੁਸ਼ ਰੱਖਣ ਦੀ ਕੋਸ਼ਿਸ਼ ਕਰ ਰਹੀ ਹੈ।

ਹਾਈਕਮਾਂਡ ਨੇ ਆਗੂਆਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਹਨ ਕਿ ਉਹ ਅਜਿਹੇ ਮਾਮਲਿਆਂ 'ਤੇ ਮੀਡੀਆ ਜਾਂ ਸੋਸ਼ਲ ਮੀਡੀਆ 'ਤੇ ਕੋਈ ਬਿਆਨ ਨਾ ਦੇਣ ਜੋ ਪਾਰਟੀ ਮੰਚਾਂ 'ਤੇ ਹੀ ਚਰਚਾ ਹੋਣੇ ਚਾਹੀਦੇ ਹਨ। ਇਸ ਦੇ ਬਾਵਜੂਦ ਅੰਦਰੂਨੀ ਸਰਗਰਮੀਆਂ ਦੀਆਂ ਖ਼ਬਰਾਂ ਲਗਾਤਾਰ ਬਾਹਰ ਆ ਰਹੀਆਂ ਹਨ, ਜੋ ਆਪਣੇ-ਆਪ ਵਿੱਚ ਦੱਸਦਾ ਹੈ ਕਿ ਅੰਦਰੂਨੀ ਤਣਾਅ ਕਿੰਨਾ ਡੂੰਘਾ ਹੈ।

ਪੰਜਾਬ ਕਾਂਗਰਸ ਲਈ ਇਹ ਫ਼ੈਸਲਾ ਮਹਿਜ਼ ਇੱਕ ਅਹੁਦੇ ਦੀ ਤਬਦੀਲੀ ਨਹੀਂ, ਸਗੋਂ 2027 ਦੀਆਂ ਵਿਧਾਨ ਸਭਾ ਚੋਣਾਂ ਲਈ ਰਣਨੀਤਕ ਨੀਂਹ ਰੱਖਣ ਦਾ ਮੌਕਾ ਹੈ। ਆਮ ਆਦਮੀ ਪਾਰਟੀ ਸਰਕਾਰ ਦੇ ਖ਼ਿਲਾਫ਼ ਕਾਂਗਰਸ ਨੂੰ ਇੱਕ ਮਜ਼ਬੂਤ ਅਤੇ ਇਕਜੁੱਟ ਵਿਰੋਧੀ ਧਿਰ ਵਜੋਂ ਪੇਸ਼ ਕਰਨਾ ਜ਼ਰੂਰੀ ਹੈ। ਪਾਰਟੀ ਦੇ 15 ਵਿਧਾਇਕ ਅਤੇ 7 ਲੋਕ ਸਭਾ ਸੀਟਾਂ ਦਾ ਆਧਾਰ ਦੱਸਦਾ ਹੈ ਕਿ ਪਾਰਟੀ ਪੂਰੀ ਤਰ੍ਹਾਂ ਕਮਜ਼ੋਰ ਨਹੀਂ ਹੋਈ, ਪਰ ਇਸ ਤਾਕਤ ਨੂੰ ਇਕਜੁੱਟ ਕਰਨਾ ਅੱਜ ਦੀ ਸਭ ਤੋਂ ਵੱਡੀ ਲੋੜ ਹੈ।

ਹਾਈਕਮਾਂਡ ਅਸਲ ਵਿੱਚ ਇੱਕ ਔਖੀ ਚੋਣ ਦਾ ਸਾਹਮਣਾ ਕਰ ਰਹੀ ਹੈ। ਜੇ ਚੰਨੀ ਨੂੰ ਪ੍ਰਧਾਨ ਬਣਾਇਆ ਜਾਂਦਾ ਹੈ ਤਾਂ ਬਾਜਵਾ ਅਤੇ ਰੰਧਾਵਾ ਧੜੇ ਅਸੰਤੁਸ਼ਟ ਹੋਣਗੇ। ਜੇ ਰੰਧਾਵਾ ਨੂੰ ਚੁਣਿਆ ਜਾਂਦਾ ਹੈ ਤਾਂ ਚੰਨੀ ਸਮੱਰਥਕ ਨਾਰਾਜ਼ ਹੋਣਗੇ। ਇਸੇ ਲਈ ਸਿੰਗਲਾ ਵਰਗੇ 'ਨਿਊਟਰਲ' ਚਿਹਰੇ ਦੀ ਚਰਚਾ ਵੱਧ ਰਹੀ ਹੈ। ਉਨ੍ਹਾਂ ਦਾ ਸੰਸਦੀ, ਵਿਧਾਨਕ ਅਤੇ ਮੰਤਰੀ-ਮੰਡਲੀ ਤਜਰਬਾ ਉਨ੍ਹਾਂ ਨੂੰ ਇੱਕ ਸੰਤੁਲਿਤ ਅਗਵਾਈ ਦੇ ਸਮਰੱਥ ਬਣਾਉਂਦਾ ਹੈ।

ਪਰ ਅਸਲ ਸਵਾਲ ਸਿਰਫ਼ ਨੇਤਾ ਦੇ ਨਾਮ ਦਾ ਨਹੀਂ, ਸਗੋਂ ਇਹ ਹੈ ਕਿ ਕੀ ਕਾਂਗਰਸ ਆਪਣੀ ਅੰਦਰੂਨੀ ਧੜੇਬੰਦੀ ਤੋਂ ਉੱਪਰ ਉੱਠ ਕੇ ਪੰਜਾਬ ਦੇ ਲੋਕਾਂ ਨੂੰ ਇੱਕ ਸਾਫ਼, ਦ੍ਰਿੜ੍ਹ ਵਿਕਲਪਿ ਦੇ ਸਕਦੀ ਹੈ।

ਚੜ੍ਹਦੀਕਲਾ

ਪਰਮਜੀਤ ਸਿੰਘ, ਪ੍ਰਿੰਟਰ ਪਬਲਿਸ਼ਰ ਨੇ ਰੋਜ਼ਾਨਾ ਚੜ੍ਹਦੀਕਲਾ, ਚੜ੍ਹਦੀਕਲਾ ਪ੍ਰਿੰਟਿੰਗ ਪ੍ਰੈੱਸ ਪ੍ਰਾਈਵੇਟ ਲਿਮਟਿਡ ਲਈ ਦਲਜੀਤ ਪ੍ਰਿੰਟਰਜ਼, 593 ਐਸ.ਐਸ.ਟੀ. ਨਗਰ ਪਟਿਆਲਾ ਤੋਂ ਛਪਵਾ ਕੇ ਦਫ਼ਤਰ ਰੋਜ਼ਾਨਾ ਚੜ੍ਹਦੀਕਲਾ, 577, ਐਸ.ਐਸ.ਟੀ. ਨਗਰ, ਪਟਿਆਲਾ ਤੋਂ ਪ੍ਰਕਾਸ਼ਿਤ ਕੀਤਾ। ਮੁੱਖ ਸੰਪਾਦਕ : ਜਗਜੀਤ ਸਿੰਘ 'ਦਰਦੀ'।

PRGI (RNI) Regd. No. 22972/1972

Printed & Published by Paramjit Singh on behalf of Charhdikala Printing Press Pvt. Ltd., Patiala & Printed at Daljit Printers 593, SST Nagar Patiala. Published at Office Daily Charhdikala 577, SST Nagar Patiala. Chief Editor : Jagjit Singh Dardi

PRGI (RNI) Regd. No. 22972/1972

### ਪੰਜਾਬ ਵਿੱਚ ਪਹਿਲੀ ਵਾਰ ਗੰਨੇ ਦੇ 100 ਫੀਸਦੀ ਬਕਾਏ ਦਾ ਨਿਪਟਾਰਾ

# ਮਾਨ ਸਰਕਾਰ ਨੇ ਸਾਲ 2025-26 ਦੇ ਪਿੜਾਈ ਸੀਜ਼ਨ ਦੌਰਾਨ ਕਿਸਾਨਾਂ ਨੂੰ 695.36 ਕਰੋੜ ਰੁਪਏ ਦਾ ਕੀਤਾ ਭੁਗਤਾਨ

ਚੰਡੀਗੜ੍ਹ, 1 ਜੂਨ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਨੇ ਖੇਤੀਬਾੜੀ ਅਤੇ ਸਹਿਕਾਰੀ ਖੇਤਰਾਂ ਨੂੰ ਮਜ਼ਬੂਤ ਕਰਨ ਵਿੱਚ ਵੱਡੀ ਪ੍ਰਾਪਤੀ ਹਾਸਲ ਕੀਤੀ ਹੈ। ਇਸ ਤਹਿਤ ਪਹਿਲੀ ਵਾਰ ਪੰਜਾਬ ਸਰਕਾਰ ਨੇ ਸਾਲ 2025-26 ਦੇ ਪਿੜ੍ਹਾਈ ਸੀਜਨ ਦੌਰਾਨ ਗੰਨਾ ਕਿਸਾਨਾਂ ਦੇ 100 ਫੀਸਦੀ ਬਕਾਏ ਅਦਾ ਕਰ ਦਿੱਤੇ ਹਨ। ਸੂਬੇ ਭਰ ਦੀਆਂ ਖੰਡ ਮਿੱਲਾਂ ਨੇ ਰਿਕਾਰਡ 167.20 ਲੱਖ ਕੁਇੰਟਲ ਗੰਨੇ ਦੀ ਖਰੀਦ ਕੀਤੀ ਅਤੇ 695.36 ਕਰੋੜ ਰੁਪਏ ਦਾ ਭੁਗਤਾਨ ਕੀਤਾ ਹੈ ਤਾਂ ਕਿ ਕਿਸਾਨਾਂ ਨੂੰ ਉਨ੍ਹਾਂ ਦੀ ਫਸਲ ਦੇ ਬਕਾਏ ਦੀ ਅਦਾਇਗੀ ਯਕੀਨੀ ਬਣਾਈ ਜਾ ਸਕੇ। ਇਹ ਪ੍ਰਾਪਤੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕਿਸਾਨ ਭਲਾਈ, ਫਸਲੀ ਵਿਭਿੰਨਤਾ ਅਤੇ ਪੇਂਡੂ ਖੁਸ਼ਹਾਲੀ ਪ੍ਰਤੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦੀ ਹੈ। ਕਿਸਾਨਾਂ ਨੂੰ ਰਵਾਇਤੀ ਕਣਕ-ਝੋਨੇ ਦੇ ਚੱਕਰ ਤੋਂ ਬਾਹਰ ਨਿਕਲਣ ਅਤੇ ਗੰਨੇ ਦੀ ਖੇਤੀ ਅਪਣਾਉਣ ਲਈ ਉਤਸ਼ਾਹਤ ਕਰਕੇ ਸਰਕਾਰ ਨੇ ਪੇਂਡੂ ਅਰਥਚਾਰੇ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਖੇਤੀਬਾੜੀ ਦੇ ਵਿਕਾਸ ਲਈ ਨਵੇਂ ਮੌਕੇ ਪੈਦਾ ਕੀਤੇ ਹਨ।

ਗੰਨੇ ਦੀ ਖੇਤੀ ਅਤੇ ਖੰਡ ਮਿੱਲਾਂ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਹਜ਼ਾਰਾਂ ਕਿਸਾਨ ਪਰਿਵਾਰਾਂ ਦੀ ਇਮਦਾਦ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਆ ਰਹੀਆਂ ਹਨ। ਖੇਤੀ ਨੂੰ ਹੋਰ ਉਤਸ਼ਾਹਿਤ ਕਰਨ ਲਈ ਸਹਿਕਾਰੀ ਖੰਡ ਮਿੱਲਾਂ ਨੇ ਕਿਸਾਨ ਪੱਖੀ ਕਈ ਪਹਿਲਕਦਮੀਆਂ ਕੀਤੀਆਂ ਹਨ ਜਿਨ੍ਹਾਂ ਵਿੱਚ ਮਿਆਰੀ ਬੀਜਾਂ ਦੀ ਸਪਲਾਈ, ਸਬਸਿਡੀ ਵਾਲੀ ਖੇਤੀਬਾੜੀ ਮਸ਼ੀਨਰੀ, ਖਾਦਾਂ, ਨਦੀਨਨਾਸ਼ਕ ਅਤੇ ਕੀਟਨਾਸ਼ਕ, ਮਿੱਟੀ ਦੀ ਪਰਖ ਦੀਆਂ ਸਹੂਲਤਾਂ ਅਤੇ ਜਾਗਰੂਕਤਾ ਕੈਂਪ ਤੇ ਸਿਖਲਾਈ ਪ੍ਰੋਗਰਾਮ ਸ਼ਾਮਲ ਹਨ। ਇਨ੍ਹਾਂ ਯਤਨਾਂ ਨੇ ਉਤਪਾਦਨ ਨੂੰ ਵਧਾਉਣ ਅਤੇ ਗੰਨੇ ਦੀ ਖੇਤੀ ਵਿੱਚ ਕਿਸਾਨਾਂ ਦੇ ਵਿਸ਼ਵਾਸ ਨੂੰ ਮਜ਼ਬੂਤ ਕਰਨ ਵਿੱਚ ਵੱਡਾ ਯੋਗਦਾਨ ਪਾਇਆ ਹੈ।

ਭਗਵੰਤ ਮਾਨ ਸਰਕਾਰ ਨੇ ਕਿਸਾਨਾਂ ਨੂੰ ਸਮੇਂ ਸਿਰ ਭੁਗਤਾਨ ਕਰਨ ਨੂੰ ਵੀ ਪਹਿਲ ਦਿੱਤੀ ਹੈ। ਸਾਲ 2025-26 ਦੇ ਪਿੜ੍ਹਾਈ ਸੀਜਨ ਦੌਰਾਨ ਖਰੀਦੇ ਗਏ ਗੰਨੇ ਦੇ ਸਾਰੇ ਭੁਗਤਾਨ ਜਾਰੀ ਕੀਤੇ ਗਏ ਜਿਸ ਨਾਲ ਗੰਨਾ ਉਤਪਾਦਕਾਂ ਨੂੰ ਵੱਡੀ ਵਿੱਤੀ ਰਾਹਤ ਮਿਲੀ ਅਤੇ ਸਰਕਾਰ ਦੀਆਂ ਖੇਤੀਬਾੜੀ ਨੀਤੀਆਂ ਵਿੱਚ ਉਨ੍ਹਾਂ ਦਾ ਭਰੋਸਾ ਹੋਰ ਮਜ਼ਬੂਤ ਹੋਇਆ।

**ਭਗਵੰਤ ਮਾਨ ਸਰਕਾਰ ਵੱਲੋਂ ਬਕਾਏ ਦੀ ਸਿੱਧੀ ਅਦਾਇਗੀ ਨੇ ਗੰਨੇ ਦੀ ਖੇਤੀ ਵਿੱਚ ਕਿਸਾਨਾਂ ਦਾ ਵਿਸ਼ਵਾਸ ਮੁੜ ਬਹਾਲ ਕੀਤਾ : ਪਾਲ ਸਿੰਘ**

ਪਿੰਡ ਹੁਥੀਆਂ ਦੇ ਸਰਪੰਚ ਅਤੇ ਬਟਾਲਾ ਸ਼ੂਗਰ ਮਿੱਲ ਨਾਲ ਜੁੜੇ ਕਿਸਾਨ ਪਾਲ ਸਿੰਘ ਨੇ ਸਰਕਾਰ ਦੇ ਇਸ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ, "ਮੈਂ ਪਿਛਲੇ 30 ਸਾਲਾਂ ਤੋਂ ਗੰਨੇ ਦੀ ਖੇਤੀ ਕਰ ਰਿਹਾ ਹਾਂ ਅਤੇ ਇਸ ਸਮੇਂ ਮੇਰੇ ਕੋਲ 20 ਏਕੜ ਰਕਬੇ ਵਿੱਚ ਗੰਨੇ ਦੀ ਖੇਤੀ ਹੈ। ਅਸੀਂ ਬਟਾਲਾ ਸ਼ੂਗਰ ਮਿੱਲ ਨਾਲ ਜੁੜੇ ਹੋਏ ਹਾਂ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਰਕਾਰ ਦੇ ਅਧੀਨ ਮਿੱਲ ਨੇ ਇਹ ਯਕੀਨੀ ਬਣਾਇਆ ਹੈ ਕਿ ਰਾਸ਼ੀ ਸਿੱਧੀ ਕਿਸਾਨਾਂ ਦੇ ਖਾਤਿਆਂ ਵਿੱਚ ਪਹੁੰਚ ਜਾਵੇ। ਕੁਝ ਕਿਸਾਨਾਂ ਨੂੰ 20 ਲੱਖ ਰੁਪਏ, ਕੁਝ ਨੂੰ 10 ਲੱਖ ਰੁਪਏ ਅਤੇ ਕੁਝ ਕਿਸਾਨਾਂ ਨੂੰ 15 ਲੱਖ ਰੁਪਏ ਸਿੱਧੇ ਉਨ੍ਹਾਂ ਦੇ ਖਾਤਿਆਂ ਵਿੱਚ ਮਿਲੇ ਹਨ।"

ਉਨ੍ਹਾਂ ਅੱਗੇ ਕਿਹਾ, "ਸਾਡੇ ਖਾਤਿਆਂ ਵਿੱਚ ਜਮ੍ਹਾਂ ਹੋਏ ਭੁਗਤਾਨ ਨੇ ਕਿਸਾਨਾਂ ਦਾ ਉਤਸ਼ਾਹ ਵਧਾਇਆ ਹੈ। ਪਹਿਲਾਂ ਭੁਗਤਾਨ ਰਾਸ਼ੀ ਸਮੇਂ ਦੇ ਨਾਲ ਕਿਸ਼ਤਾਂ ਵਿੱਚ ਆਉਂਦੀ ਸੀ। ਹੁਣ ਕਿਸਾਨਾਂ ਨੂੰ ਬਕਾਏ ਸਿੱਧੇ ਉਨ੍ਹਾਂ ਦੇ ਖਾਤਿਆਂ ਵਿੱਚ ਮਿਲ ਗਏ ਹਨ ਜਿਸ ਨਾਲ ਸਾਡੇ ਵਿੱਚੋਂ ਬਹੁਤ ਸਾਰੇ ਲੋਕਾਂ ਨੂੰ ਕਣਕ ਤੇ ਝੋਨੇ ਤੋਂ ਅੱਗੇ ਵਧਣ ਅਤੇ ਗੰਨੇ ਦੀ ਖੇਤੀ ਦਾ ਵਿਸਤਾਰ ਕਰਨ ਲਈ ਉਤਸ਼ਾਹ ਮਿਲਿਆ ਹੈ।"

**ਭਗਵੰਤ ਮਾਨ ਸਰਕਾਰ ਦੇ ਸਮੇਂ ਸਿਰ ਭੁਗਤਾਨ ਨੇ ਰਾਹਤ ਦਿੱਤੀ ਅਤੇ ਹੋਰ ਕਿਸਾਨਾਂ ਨੂੰ ਗੰਨੇ ਦੀ ਖੇਤੀ ਨਾਲ ਜੁੜਨ ਲਈ ਪ੍ਰੇਰਿਆ : ਲਖਬੀਰ ਸਿੰਘ**

ਮਿੱਲ ਦੀ ਸ਼ੁਰੂਆਤ ਤੋਂ ਹੀ ਇਸ ਨਾਲ ਜੁੜੇ ਪਿੰਡ ਆਲੋਵਾਲ ਦੇ ਲਖਬੀਰ ਸਿੰਘ ਨੇ ਕਿਹਾ, "ਜਦੋਂ ਤੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸੱਤਾ ਵਿੱਚ ਆਏ ਹਨ, ਫਸਲ ਦੇ ਭੁਗਤਾਨ ਵਿੱਚ ਕਾਫੀ ਸੁਧਾਰ ਹੋਇਆ ਹੈ। ਪੂਰੀ ਅਦਾਇਗੀ ਜਾਰੀ ਕਰਨ ਦੇ ਫੈਸਲੇ ਨਾਲ ਬਟਾਲਾ ਮਿੱਲ ਨਾਲ ਜੁੜੇ ਕਿਸਾਨਾਂ ਵਿੱਚ ਖੁਸ਼ੀ ਦੀ ਲਹਿਰ ਹੈ। ਜ਼ਮੀਨ ਮਾਲਕਾਂ ਨੂੰ ਉਨ੍ਹਾਂ ਦੇ ਬਕਾਏ ਮਿਲ ਗਏ ਹਨ ਅਤੇ ਉਹ ਬੇਹੱਦ ਸੰਤੁਸ਼ਟ ਹਨ।"

ਉਨ੍ਹਾਂ ਅੱਗੇ ਕਿਹਾ, "ਜੇਕਰ ਗੰਨੇ ਦਾ ਭੁਗਤਾਨ ਇਸੇ ਤਰ੍ਹਾਂ ਹੁੰਦਾ ਰਿਹਾ ਤਾਂ ਕਿਸਾਨ ਵੱਧ ਤੋਂ ਵੱਧ ਗੰਨੇ ਦੀ ਖੇਤੀ ਕਰਨ ਅਤੇ ਮਿੱਲਾਂ ਨਾਲ ਜੁੜੇ ਰਹਿਣ ਲਈ ਬਹੁਤ ਪ੍ਰੇਰਿਤ ਹੋਣਗੇ। ਮਿੱਲ ਨੇ ਕਿਸਾਨਾਂ ਨੂੰ ਵੱਡੀ ਰਾਹਤ ਦਿੱਤੀ ਹੈ ਅਤੇ ਉਨ੍ਹਾਂ ਦੇ ਵਿਸ਼ਵਾਸ ਨੂੰ ਮਜ਼ਬੂਤ ਕੀਤਾ ਹੈ।" ਮਿੱਲ ਦੇ ਸਟਾਫ ਦੇ ਯੋਗਦਾਨ ਦੀ ਸਲਾਘਾ ਕਰਦਿਆਂ ਲਖਬੀਰ ਸਿੰਘ ਨੇ ਕਿਹਾ, "ਮਿੱਲ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਬੜੀ ਲਗਨ ਨਾਲ ਕੰਮ ਕੀਤਾ ਹੈ ਅਤੇ ਇਸ ਨੂੰ ਸਭ ਤੋਂ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੀਆਂ ਮਿੱਲਾਂ ਵਿੱਚੋਂ ਇੱਕ ਬਣਾਉਣ ਵਿੱਚ ਮਦਦ ਕੀਤੀ ਹੈ। ਇਨ੍ਹਾਂ ਨਤੀਜਿਆਂ ਨੂੰ ਹਾਸਲ ਕਰਨ ਵਿੱਚ ਉਨ੍ਹਾਂ ਦੇ ਯਤਨਾਂ ਨੇ ਅਹਿਮ ਭੂਮਿਕਾ ਨਿਭਾਈ ਹੈ।" ਮੁੱਖ ਮੰਤਰੀ ਦੀ ਪਹਿਲਕਦਮੀ ਦੀ ਸਲਾਘਾ ਕਰਦਿਆਂ ਉਨ੍ਹਾਂ ਅੱਗੇ ਕਿਹਾ, "ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਹ ਯਕੀਨੀ ਬਣਾ ਕੇ ਕਿਸਾਨਾਂ ਨੂੰ ਬਹੁਤ ਵੱਡੀ ਰਾਹਤ ਦਿੱਤੀ ਹੈ ਕਿ ਭੁਗਤਾਨ ਰਾਸ਼ੀ ਸਮੇਂ ਸਿਰ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਟਰਾਂਸਫਰ ਹੋਵੇ। ਇਸ ਨਾਲ ਕਿਸਾਨਾਂ ਦਾ ਭਰੋਸਾ ਵਧਿਆ ਅਤੇ ਉਨ੍ਹਾਂ ਨੂੰ ਗੰਨੇ ਦੀ ਖੇਤੀ ਜਾਰੀ ਰੱਖਣ ਲਈ ਹੁਲਾਰਾ ਮਿਲਿਆ ਹੈ।"

# ਵੱਡੀਆਂ ਇਨਫੋਰਸਮੈਂਟ ਸਫਲਤਾਵਾਂ ਸਦਕਾ ਪੰਜਾਬ ਨੇ ਮਈ 2026 ਦੌਰਾਨ 14.59 ਫ਼ੀਸਦੀ ਜੀ.ਐੱਸ.ਟੀ. ਵਾਧੇ ਨਾਲ ਕੌਮੀ ਔਸਤ ਨੂੰ ਪਛਾੜਿਆ : ਚੀਮਾ

### ਸਖਤ ਟੈਕਸ ਪਾਲਣਾ ਮੁਹਿੰਮਾਂ ਸਦਕਾ ਸੂਬੇ ਦਾ ਮਾਲੀਆ ਅਧਾਰ ਕੌਮੀ ਰੁਝਾਨਾਂ ਨਾਲੋਂ ਅੱਗੇ ਨਿਕਲਿਆ



ਚੰਡੀਗੜ੍ਹ, 1 ਜੂਨ (ਚ.ਨ.ਸ.): ਪੰਜਾਬ ਦੀ ਮਜ਼ਬੂਤ ਵਿੱਤੀ ਕਾਰਗੁਜ਼ਾਰੀ ਨੂੰ ਮੁੜ ਦੁਹਰਾਉਂਦਿਆਂ, ਸੂਬੇ ਦੇ ਵਿੱਤ, ਆਬਕਾਰੀ ਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਐਲਾਨ ਕੀਤਾ ਕਿ ਸੂਬੇ ਨੇ ਮਈ 2026 ਦੌਰਾਨ ਵਸਤੂਆਂ ਅਤੇ ਸੇਵਾਵਾਂ ਕਰ (ਜੀ.ਐਸ.ਟੀ) ਪ੍ਰਾਪਤੀ ਵਿੱਚ 14.59 ਫੀਸਦੀ ਦਾ ਸ਼ਾਨਦਾਰ ਵਾਧਾ ਦਰਜ ਕੀਤਾ ਹੈ। ਵਿੱਤ ਮੰਤਰੀ ਚੀਮਾ ਨੇ ਦੱਸਿਆ, "ਇਸ ਮਹੀਨੇ ਦੀ ਕੁੱਲ ਜੀ.ਐੱਸ.ਟੀ. ਕਲੈਕਸ਼ਨ 2,400.52 ਕਰੋੜ ਰੁਪਏ ਤੱਕ ਪਹੁੰਚ ਗਈ ਹੈ, ਜੋ ਕਿ ਮਈ 2025 ਦੌਰਾਨ ਪ੍ਰਾਪਤ ਕੀਤੇ ਗਏ 2,094.81 ਕਰੋੜ ਰੁਪਏ ਦੇ ਮੁਕਾਬਲੇ 305.71 ਕਰੋੜ ਰੁਪਏ ਦਾ ਵੱਡਾ ਵਾਧਾ ਦਰਸਾਉਂਦੀ ਹੈ।" ਵਿੱਤ ਮੰਤਰੀ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਇਹ ਸ਼ਾਨਦਾਰ ਵਾਧਾ ਨਿਰੰਤਰ ਆਰਥਿਕ ਗਤੀਵਿਧੀਆਂ, ਬਿਹਤਰ ਟੈਕਸ ਪਾਲਣਾ ਤੇ ਆਬਕਾਰੀ ਤੇ ਕਰ ਵਿਭਾਗ ਵੱਲੋਂ ਇਨਫੋਰਸਮੈਂਟ ਉਪਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦਾ ਨਤੀਜਾ ਹੈ। ਪ੍ਰੈਸ ਬਿਆਨ ਵਿੱਚ ਇਸ ਦਾ ਖੁਲਾਸਾ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਪੰਜਾਬ ਦੀ ਜੀ.ਐੱਸ.ਟੀ. ਕਾਰਗੁਜ਼ਾਰੀ ਕੌਮੀ ਰੁਝਾਨਾਂ ਦੇ ਮੁਕਾਬਲੇ ਬੇਹੱਦ ਸ਼ਾਨਦਾਰ ਰਹੀ ਹੈ, ਜੋ ਕਿ ਪਿਛਲੇ ਸਾਲ ਦੇ ਇਸੇ ਮਹੀਨੇ ਦੇ ਮੁਕਾਬਲੇ ਦੇਸ਼ ਦੇ ਕੁੱਲ ਜੀ.ਐੱਸ.ਟੀ. ਮਾਲੀਏ ਦੇ ਲਗਭਗ 3.2 ਫੀਸਦੀ ਦੇ ਵਾਧੇ ਨਾਲੋਂ ਕਿਤੇ ਜ਼ਿਆਦਾ ਹੈ। ਵਿੱਤ ਮੰਤਰੀ ਨੇ ਕਿਹਾ, "ਜਿੱਥੇ ਪੰਜਾਬ ਦੀ ਨਕਦ ਉਗਰਾਹੀ (ਕੈਸ਼ ਕਲੈਕਸ਼ਨ) ਵਿੱਚ ਵਾਧਾ 6.57 ਫੀਸਦੀ ਰਿਹਾ, ਉੱਥੇ ਹੀ ਸੂਬੇ ਦਾ ਕੁੱਲ ਜੀ.ਐੱਸ.ਟੀ. ਵਾਧਾ 14.59 ਫੀਸਦੀ ਦੇ ਉੱਚੇ ਪੱਧਰ 'ਤੇ ਪਹੁੰਚ ਗਿਆ, ਜੋ ਕਿ ਸੂਬੇ ਦੇ ਮਾਲੀਆ ਅਧਾਰ ਦੇ ਮਜ਼ਬੂਤ ਹੋਣ, ਟੈਕਸ ਪਾਲਣਾ ਦੇ ਪੱਧਰ ਵਿੱਚ ਸੁਧਾਰ ਅਤੇ ਬਹੁਤ ਹੀ ਪ੍ਰਭਾਵਸ਼ਾਲੀ ਟੈਕਸ ਪ੍ਰਸ਼ਾਸਨ ਦੇ ਉਪਾਵਾਂ ਨੂੰ ਦਰਸਾਉਂਦਾ ਹੈ।"

ਇਨਫੋਰਸਮੈਂਟ ਦੀਆਂ ਪ੍ਰਾਪਤੀਆਂ ਬਾਰੇ ਜਾਣਕਾਰੀ ਦਿੰਦਿਆਂ ਵਿੱਤ ਮੰਤਰੀ ਚੀਮਾ ਨੇ ਕਿਹਾ, "ਪੂਰੇ ਪੰਜਾਬ ਵਿੱਚ ਸਟੇਟ ਇੰਟੈਲੀਜੈਂਸ ਐਂਡ ਪ੍ਰੀਵੈਂਟਿਵ ਯੂਨਿਟਸ (ਸਿਪੂ) ਨੇ ਸਿਰਫ ਮਈ 2026 ਦੌਰਾਨ 182.69 ਕਰੋੜ ਰੁਪਏ ਦਾ ਜੁਰਮਾਨਾ ਲਗਾ ਕੇ ਅਤੇ 178.76 ਕਰੋੜ ਰੁਪਏ ਦੀ ਵਸੂਲੀ ਕਰਕੇ ਸ਼ਾਨਦਾਰ ਨਤੀਜੇ ਦਿੱਤੇ ਹਨ।" ਉਨ੍ਹਾਂ ਦੱਸਿਆ ਕਿ ਇਹ ਵੱਡੀ ਵਸੂਲੀ ਵਿਆਪਕ ਡਾਟਾ ਵਿਸ਼ਲੇਸ਼ਣ (ਡਾਟਾ ਐਨਾਲਿਟਿਕਸ), ਖੁਫੀਆ ਜਾਣਕਾਰੀ ਅਧਾਰਤ ਜਾਂਚਾਂ, ਨਿਸ਼ਚਿਤ ਵੈਰੀਫਿਕੇਸ਼ਨ ਮੁਹਿੰਮਾਂ ਤੇ ਸੂਬੇ ਭਰ ਵਿੱਚ ਤਾਲਮੇਲ ਨਾਲ ਚਲਾਏ ਗਏ ਫੀਲਡ ਆਪਰੇਸ਼ਨਾਂ ਸਦਕਾ ਸੰਭਵ ਹੋਈ ਹੈ।

ਟੈਕਸ ਚੋਰੀ ਦੇ ਖਿਲਾਫ ਇੱਕ ਵੱਡੀ ਸਫਲਤਾ ਦਾ ਖੁਲਾਸਾ ਕਰਦਿਆਂ ਵਿੱਤ ਮੰਤਰੀ ਚੀਮਾ ਨੇ ਦੱਸਿਆ, "ਪੰਜਾਬ ਕਰ ਵਿਭਾਗ ਨੇ ਮਈ 2026 ਦੌਰਾਨ 85.4 ਕਰੋੜ ਰੁਪਏ ਦੇ ਫਰਜ਼ੀ ਬਿਲਿੰਗ ਰੈਕੇਟ ਦਾ ਸਫਲਤਾਪੂਰਵਕ ਪਰਦਾਫਾਸ਼ ਕੀਤਾ ਹੈ ਤੇ ਲੁਧਿਆਣਾ ਦੀ ਇੱਕ ਫਰਮ ਦੇ ਡਾਇਰੈਕਟਰ ਨੂੰ ਬੋਗਸ ਲੈਣ-ਦੇਣ ਰਾਹੀਂ 15.56 ਕਰੋੜ ਰੁਪਏ ਦਾ ਫਰਜ਼ੀ ਇਨਪੁਟ ਟੈਕਸ ਕ੍ਰੈਡਿਟ (ਆਈ.ਟੀ.ਸੀ) ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਹੈ।" ਉਨ੍ਹਾਂ ਕਿਹਾ ਕਿ ਸਿਪੂ ਦੀ ਜਾਂਚ ਵਿੱਚ ਸਾਹਮਣੇ ਆਇਆ ਹੈ ਕਿ ਟੈਕਸ ਧੋਖਾਧੜੀ ਕਰਨ ਲਈ ਗੈਰ-ਮੌਜੂਦ ਫਰਮਾਂ, ਫਰਜ਼ੀ ਇਨਵੌਇਸ, ਫਰਜ਼ੀ ਡੈਬਿਟ ਨੋਟਸ ਅਤੇ ਜਾਅਲੀ ਟਰਾਂਸਪੋਰਟੇਸ਼ਨ ਰਿਕਾਰਡਾਂ ਦੀ ਵਰਤੋਂ ਕੀਤੀ ਗਈ ਸੀ। ਇਸ ਕਾਰਵਾਈ ਤਹਿਤ ਸੰਬੰਧਿਤ ਫਰਮ ਦੇ ਡਾਇਰੈਕਟਰ ਨੂੰ ਪੰਜਾਬ ਵਸਤੂਆਂ ਅਤੇ ਸੇਵਾਵਾਂ ਕਰ ਐਕਟ ਦੇ ਤਹਿਤ ਗ੍ਰਿਫ਼ਤਾਰ ਕੀਤਾ ਗਿਆ ਤੇ ਇਸ ਧੋਖਾਧੜੀ ਨਾਲ ਜੁੜੇ ਲਾਭਪਾਤਰੀਆਂ ਕੋਲੋਂ ਲਗਭਗ 3 ਕਰੋੜ ਰੁਪਏ ਦੀ ਵਸੂਲੀ ਵੀ ਕੀਤੀ ਜਾ ਚੁੱਕੀ ਹੈ।

ਆਪਣੇ ਪ੍ਰੈਸ ਬਿਆਨ ਦੇ ਅੰਤ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੁਹਰਾਇਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਉੱਨਤ ਡਾਟਾ ਐਨਾਲਿਟਿਕਸ, ਈ-ਵੇਅ ਬਿੱਲ ਦੀ ਬਾਰੀਕੀ ਨਾਲ ਜਾਂਚ, ਫਾਸਟੈਗ ਵੈਰੀਫਿਕੇਸ਼ਨ ਅਤੇ ਖੁਫੀਆ ਜਾਣਕਾਰੀਆਂ ਦੀ ਵਰਤੋਂ ਕਰਕੇ ਸਰਕਾਰੀ ਮਾਲੀਏ ਦੀ ਰਾਖੀ ਕਰਨ ਅਤੇ ਇਮਾਨਦਾਰ ਟੈਕਸਦਾਤਾਵਾਂ ਨੂੰ ਇੱਕ ਬਰਾਬਰ ਦਾ ਮਾਹੌਲ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਵਿੱਤ ਮੰਤਰੀ ਨੇ ਫਰਜ਼ੀ ਬਿਲਿੰਗ ਅਤੇ ਸੰਗਠਿਤ ਟੈਕਸ ਚੋਰੀ ਦੇ ਨੈੱਟਵਰਕਾਂ ਵਿਰੁੱਧ ਸਰਕਾਰ ਦੀ ਸਖਤ "ਜ਼ੀਰੋ-ਟਾਲਰੈਂਸ" ਨੀਤੀ ਨੂੰ ਮੁੜ ਦੁਹਰਾਇਆ ਤੇ ਪ੍ਰਣ ਲਿਆ ਕਿ ਆਬਕਾਰੀ ਤੇ ਕਰ ਵਿਭਾਗ ਸਹਾਇਤਾ, ਸਖਤ ਨਿਗਰਾਨੀ ਤੇ ਬਿਨਾਂ ਕਿਸੇ ਸਮਝੌਤੇ ਦੇ ਇਨਫੋਰਸਮੈਂਟ ਦੇ ਸੰਤੁਲਿਤ ਤਰੀਕੇ ਨਾਲ ਅਸਲ ਟੈਕਸਦਾਤਾਵਾਂ ਦੇ ਹਿੱਤਾਂ ਦੀ ਰੱਖਿਆ ਕਰਨਾ ਜਾਰੀ ਰੱਖੇਗਾ।

# ਪੰਜਾਬ ਸਰਕਾਰ ਵੱਲੋਂ ਅਸ਼ੀਰਵਾਦ ਸਕੀਮ ਤਹਿਤ 1241 ਲਾਭਪਾਤਰੀਆਂ ਲਈ 6.33 ਕਰੋੜ ਦੀ ਵਿੱਤੀ ਸਹਾਇਤਾ ਜਾਰੀ : ਡਾ. ਬਲਜੀਤ ਕੌਰ



ਚੰਡੀਗੜ੍ਹ, 1 ਜੂਨ (ਚ.ਨ.ਸ.): ਆਰਥਿਕ ਤੌਰ 'ਤੇ ਕਮਜ਼ੋਰ ਤੇ ਲੋੜਵੰਦ ਪਰਿਵਾਰਾਂ ਲਈ ਸਮਾਜਿਕ ਸੁਰੱਖਿਆ ਨੂੰ ਹੋਰ ਮਜ਼ਬੂਤ ਬਣਾਉਣ ਵੱਲ ਇੱਕ ਅਹਿਮ ਕਦਮ ਚੁੱਕਦਿਆਂ ਪੰਜਾਬ ਸਰਕਾਰ ਨੇ ਅਸ਼ੀਰਵਾਦ ਸਕੀਮ ਤਹਿਤ ਪੱਛੜੀਆਂ ਸ਼੍ਰੇਣੀਆਂ ਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ 1241 ਲਾਭਪਾਤਰੀਆਂ ਲਈ 6.33 ਕਰੋੜ ਰੁਪਏ ਦੀ ਵਿੱਤੀ ਸਹਾਇਤਾ ਜਾਰੀ ਕੀਤੀ ਗਈ ਹੈ। ਇਹ ਜਾਣਕਾਰੀ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦਿੱਤੀ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸਮਾਜਿਕ ਨਿਆਂ, ਅਧਿਕਾਰਤਾ ਅਤੇ ਘੱਟ ਗਿਣਤੀ ਮੰਤਰੀ ਡਾ. ਬਲਜੀਤ ਕੌਰ ਨੇ ਦੱਸਿਆ ਕਿ ਜ਼ਿਲ੍ਹਾ ਅੰਮ੍ਰਿਤਸਰ, ਬਰਨਾਲਾ, ਬਠਿੰਡਾ, ਫਰੀਦਕੋਟ, ਸ੍ਰੀ ਫਤਹਿਗੜ੍ਹ ਸਾਹਿਬ, ਜਲੰਧਰ, ਕਪੂਰਥਲਾ, ਮਾਨਸਾ, ਪਟਿਆਲਾ, ਪਠਾਨਕੋਟ, ਐਸ.ਏ.ਐਸ. ਨਗਰ, ਐਸ.ਬੀ.ਐਸ. ਨਗਰ ਤੇ ਮਾਲੇਰਕੋਟਲਾ ਦੇ ਕੁੱਲ 1241 ਯੋਗ ਲਾਭਪਾਤਰੀਆਂ ਦੀਆਂ ਅਰਜ਼ੀਆਂ ਅਸ਼ੀਰਵਾਦ ਪੋਰਟਲ 'ਤੇ ਪ੍ਰਾਪਤ ਹੋਈਆਂ ਸਨ। ਇਨ੍ਹਾਂ ਲਾਭਪਾਤਰੀਆਂ ਨੂੰ ਵਿੱਤੀ ਸਹਾਇਤਾ ਪ੍ਰਦਾਨ ਕਰਨ ਲਈ 6.33 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ।

ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਰਾਸ਼ੀ ਨਾਲ ਜ਼ਿਲ੍ਹਾ ਅੰਮ੍ਰਿਤਸਰ ਦੇ 546, ਬਰਨਾਲਾ ਦੇ 19, ਬਠਿੰਡਾ ਦੇ 14, ਫਰੀਦਕੋਟ ਦੇ 10, ਸ੍ਰੀ ਫਤਹਿਗੜ੍ਹ ਸਾਹਿਬ ਦੇ 21, ਜਲੰਧਰ ਦੇ 129, ਕਪੂਰਥਲਾ ਦੇ 90 ਤੇ ਮਾਨਸਾ ਦੇ 27 ਲਾਭਪਾਤਰੀਆਂ ਨੂੰ ਲਾਭ ਮਿਲੇਗਾ। ਇਸੇ ਤਰ੍ਹਾਂ ਪਟਿਆਲਾ ਦੇ 39, ਪਠਾਨਕੋਟ ਦੇ 208, ਐਸ.ਏ.ਐਸ. ਨਗਰ ਦੇ 22, ਐਸ.ਬੀ.ਐਸ. ਨਗਰ ਦੇ 103 ਤੇ ਮਾਲੇਰਕੋਟਲਾ ਦੇ 13 ਲਾਭਪਾਤਰੀਆਂ ਨੂੰ ਵੀ ਇਸ ਸਕੀਮ ਤਹਿਤ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ। ਡਾ. ਬਲਜੀਤ ਕੌਰ ਨੇ ਦੱਸਿਆ ਕਿ ਅਸ਼ੀਰਵਾਦ ਸਕੀਮ ਤਹਿਤ ਪੰਜਾਬ ਸਰਕਾਰ ਵੱਲੋਂ ਯੋਗ ਘੱਟ ਆਮਦਨੀ ਵਾਲੇ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਲਈ 51,000 ਰੁਪਏ ਦੀ ਵਿੱਤੀ ਸਹਾਇਤਾ ਮੁਹੱਈਆ ਕਰਵਾਈ ਜਾਂਦੀ ਹੈ। ਉਨ੍ਹਾਂ ਕਿਹਾ ਕਿ ਇਹ ਸਕੀਮ ਆਰਥਿਕ ਤੌਰ 'ਤੇ ਕਮਜ਼ੋਰ ਪਰਿਵਾਰਾਂ ਲਈ ਇੱਕ ਮਜ਼ਬੂਤ ਸਹਾਰਾ ਸਾਬਤ ਹੋ ਰਹੀ ਹੈ ਤੇ ਧੀਆਂ ਦੇ ਵਿਆਹ ਸਮੇਂ ਪੈਣ ਵਾਲੇ ਵਿੱਤੀ ਬੋਝ ਨੂੰ ਘਟਾਉਣ ਵਿੱਚ ਅਹਿਮ ਭੂਮਿਕਾ ਨਿਭਾ ਰਹੀ ਹੈ।

ਸਮਾਜਿਕ ਨਿਆਂ ਮੰਤਰੀ ਨੇ ਦੱਸਿਆ ਕਿ ਸਕੀਮ ਦਾ ਲਾਭ ਲੈਣ ਲਈ ਬਿਨੈਕਾਰ ਪੰਜਾਬ ਰਾਜ ਦਾ ਸਥਾਈ ਨਿਵਾਸੀ ਹੋਵੇ, ਪਰਿਵਾਰ ਗਰੀਬੀ ਰੇਖਾ ਤੋਂ ਹੇਠਾਂ ਦਾ ਹੋਵੇ ਅਤੇ ਪਰਿਵਾਰ ਦੀ ਸਾਰੇ ਸਰੋਤਾਂ ਤੋਂ ਸਾਲਾਨਾ ਆਮਦਨ 32,790 ਰੁਪਏ ਤੋਂ ਘੱਟ ਹੋਵੇ। ਉਨ੍ਹਾਂ ਦੱਸਿਆ ਕਿ ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਤੇ ਹੋਰ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨਾਲ ਸਬੰਧਤ ਪਰਿਵਾਰਾਂ ਦੀਆਂ ਦੋ ਧੀਆਂ ਇਸ ਸਕੀਮ ਦਾ ਲਾਭ ਲੈਣ ਲਈ ਯੋਗ ਹਨ। ਉਨ੍ਹਾਂ ਅੱਗੇ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਡੀ.ਬੀ.ਟੀ. (ਡਾਇਰੈਕਟ ਬੈਨੀਫਿਟ ਟਰਾਂਸਫਰ) ਰਾਹੀਂ ਸਿੱਧੇ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਹੈ, ਜਿਸ ਨਾਲ ਪਾਰਦਰਸ਼ਤਾ, ਜਵਾਬਦੇਹੀ ਤੇ ਸਮੇਂ ਸਿਰ ਸਹਾਇਤਾ ਯਕੀਨੀ ਬਣਦੀ ਹੈ। ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਮਾਜ ਦੇ ਹਰ ਵਰਗ ਦੀ ਭਲਾਈ ਤੇ ਸਸ਼ਕਤੀਕਰਨ ਲਈ ਦ੍ਰਿੜ੍ਹਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਕੋਈ ਵੀ ਯੋਗ ਅਤੇ ਲੋੜਵੰਦ ਪਰਿਵਾਰ ਭਲਾਈ ਸਕੀਮਾਂ ਦੇ ਲਾਭ ਤੋਂ ਵਾਂਝਾ ਨਾ ਰਹੇ। ਉਨ੍ਹਾਂ ਕਿਹਾ ਕਿ ਸਮਾਜਿਕ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨੂੰ ਸਸ਼ਕਤ ਬਣਾਉਣ ਅਤੇ ਉਨ੍ਹਾਂ ਦੀ ਸੂਬੇ ਦੇ ਵਿਕਾਸ ਵਿੱਚ ਭਾਗੀਦਾਰੀ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਉਪਰਾਲੇ ਕੀਤੇ ਜਾ ਰਹੇ ਹਨ।

# ਜੇਲ੍ਹ 'ਚ ਕਿਸੇ ਵੀ ਤਰ੍ਹਾਂ ਦੀ ਹਿੰਸਕ ਘਟਨਾ ਲਈ ਸਬੰਧਤ ਜੇਲ੍ਹ ਸੁਪਰਡੈਂਟ ਦੀ ਜ਼ਿੰਮੇਵਾਰੀ ਤੈਅ ਹੋਵੇਗੀ : ਡਾ. ਰਵਜੋਤ ਸਿੰਘ

ਚੰਡੀਗੜ੍ਹ, 1 ਜੂਨ (ਚ.ਨ.ਸ.): ਭਵਿੱਖ ਵਿੱਚ ਕਿਸੇ ਵੀ ਜੇਲ੍ਹ ਵਿੱਚ ਹਿੰਸਕ



ਘਟਨਾ, ਸੁਰੱਖਿਆ ਵਿੱਚ ਕੁਤਾਹੀ ਜਾਂ ਪ੍ਰਸ਼ਾਸਨਿਕ ਲਾਪਰਵਾਹੀ ਸਾਹਮਣੇ ਆਉਣ ਦੀ ਸੂਰਤ ਵਿੱਚ ਸਬੰਧਤ ਅਧਿਕਾਰੀਆਂ ਦੀ ਜ਼ਿੰਮੇਵਾਰੀ ਤੈਅ ਕੀਤੀ ਜਾਵੇਗੀ ਤੇ ਉਨ੍ਹਾਂ ਖ਼ਿਲਾਫ ਸਖਤ ਅਨੁਸ਼ਾਸਨਾਤਮਕ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਪੰਜਾਬ ਦੇ ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਨੇ ਪੰਜਾਬ ਭਵਨ ਵਿਖੇ ਪੰਜਾਬ ਦੀਆਂ ਸਮੂਹ ਜੇਲ੍ਹਾਂ ਦੇ ਸੁਪਰਡੈਂਟਾਂ ਨਾਲ ਇੱਕ ਉੱਚ-ਪੱਧਰੀ ਸਮੀਖਿਆ ਮੀਟਿੰਗ ਦੌਰਾਨ ਸਪੱਸ਼ਟ ਕੀਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜੇਲ੍ਹਾਂ ਵਿੱਚ ਸੁਰੱਖਿਅਤ, ਅਨੁਸ਼ਾਸਿਤ ਤੇ ਸੁਧਾਰਕ ਮਾਹੌਲ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤੇ ਜੇਲ੍ਹਾਂ ਵਿੱਚ ਹਿੰਸਕ ਘਟਨਾਵਾਂ ਨੂੰ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮੀਟਿੰਗ ਦੌਰਾਨ ਜੇਲ੍ਹ ਪ੍ਰਬੰਧਨ, ਸੁਰੱਖਿਆ ਵਿਵਸਥਾਵਾਂ, ਬੰਦੀਆਂ ਦੀ ਭਲਾਈ ਅਤੇ ਵਿਭਾਗੀ ਕਾਰਗੁਜ਼ਾਰੀ ਨਾਲ ਸਬੰਧਤ ਵੱਖ-ਵੱਖ ਮੁੱਦਿਆਂ 'ਤੇ ਵਿਸਥਾਰ ਨਾਲ ਚਰਚਾ ਕੀਤੀ ਗਈ। ਡਾ. ਰਵਜੋਤ ਸਿੰਘ ਨੇ ਜੇਲ੍ਹ ਅਧਿਕਾਰੀਆਂ ਨੂੰ ਆਪਣੀ ਕਾਰਗੁਜ਼ਾਰੀ ਦਾ ਲਗਾਤਾਰ ਮੁਲਾਂਕਣ ਕਰਨ, ਕਮਜ਼ੋਰੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਦੂਰ ਕਰਨ ਤੇ ਉਪਲਬਧ ਸਰੋਤਾਂ ਦੀ ਪ੍ਰਭਾਵਸ਼ਾਲੀ ਵਰਤੋਂ ਰਾਹੀਂ ਬਿਹਤਰ ਨਤੀਜੇ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।

ਉਨ੍ਹਾਂ ਕਿਹਾ ਕਿ ਇੱਕ ਸਮਰੱਥ ਤੇ ਜ਼ਿੰਮੇਵਾਰ ਅਧਿਕਾਰੀ ਉਹ ਹੁੰਦਾ ਹੈ ਜੋ ਉਪਲਬਧ ਸਰੋਤਾਂ ਨਾਲ ਆਪਣੀ ਡਿਊਟੀ ਪੂਰੀ ਇਮਾਨਦਾਰੀ, ਨਿਸ਼ਠਾ ਤੇ ਪੇਸ਼ੇਵਰਾਨਾ ਢੰਗ ਨਾਲ ਨਿਭਾਉਂਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜੇਲ੍ਹਾਂ ਅੰਦਰ ਕਿਸੇ ਵੀ ਤਰ੍ਹਾਂ ਦੀ ਹਿੰਸਾ, ਅਨੁਸ਼ਾਸਨਹੀਣਤਾ ਜਾਂ ਗੈਰ-ਕਾਨੂੰਨੀ ਗਤੀਵਿਧੀ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਜੇਲ੍ਹ ਪ੍ਰਬੰਧਨ ਨੂੰ ਹੋਰ ਮਜ਼ਬੂਤ, ਆਧੁਨਿਕ ਤੇ ਪ੍ਰਭਾਵਸ਼ਾਲੀ ਬਣਾਉਣ 'ਤੇ ਜ਼ੋਰ ਦਿੰਦਿਆਂ ਜੇਲ੍ਹ ਮੰਤਰੀ ਨੇ ਕਿਹਾ ਕਿ ਜੇਲ੍ਹਾਂ ਦਾ ਮੁੱਖ ਉਦੇਸ਼ ਸਿਰਫ ਬੰਦੀਆਂ ਨੂੰ ਹਿਰਾਸਤ ਵਿੱਚ ਰੱਖਣਾ ਨਹੀਂ, ਸਗੋਂ ਉਨ੍ਹਾਂ ਦੇ ਸੁਧਾਰ, ਪੁਨਰਵਾਸ ਅਤੇ ਸਮਾਜ ਦੀ ਮੁੱਖ ਧਾਰਾ ਨਾਲ ਮੁੜ ਜੋੜਨ ਲਈ ਅਨੁਕੂਲ ਮਾਹੌਲ ਮੁਹੱਈਆ ਕਰਵਾਉਣਾ ਹੈ। ਉਨ੍ਹਾਂ ਜੇਲ੍ਹ ਪ੍ਰਸ਼ਾਸਨ ਨੂੰ ਬੰਦੀਆਂ ਲਈ ਸਿੱਖਿਆ, ਹੁਨਰ ਵਿਕਾਸ, ਸਿਹਤ ਸਹੂਲਤਾਂ ਤੇ ਮਨੋਵਿਗਿਆਨਕ ਸਹਾਇਤਾ ਵਰਗੇ ਉਪਰਾਲਿਆਂ 'ਤੇ ਵਿਸ਼ੇਸ਼ ਧਿਆਨ ਦੇਣ ਦੇ ਆਦੇਸ਼ ਵੀ ਦਿੱਤੇ। ਮੀਟਿੰਗ ਦੌਰਾਨ ਜੇਲ੍ਹ ਵਿਭਾਗ ਦੇ ਅਧਿਕਾਰੀਆਂ ਵੱਲੋਂ ਵਿਭਾਗ ਦੀਆਂ ਵੱਖ-ਵੱਖ ਗਤੀਵਿਧੀਆਂ ਤੇ ਸੁਧਾਰਾਤਮਕ ਪ੍ਰੋਗਰਾਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਵਿੱਚ ਬੰਦੀਆਂ ਲਈ ਸਿਹਤ ਸਹੂਲਤਾਂ, ਖੁਰਾਕ ਪ੍ਰਬੰਧ, ਸਟਾਫ ਦੀ ਭਰਤੀ, ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਕਰਮਚਾਰੀਆਂ ਨਾਲ ਸਬੰਧਤ ਮੁੱਦਿਆਂ 'ਤੇ ਵੀ ਚਰਚਾ ਕੀਤੀ ਗਈ। ਇਸ ਮੌਕੇ ਜੇਲ੍ਹ ਵਿਭਾਗ ਦੇ ਸਕੱਤਰ ਮੁਹੰਮਦ ਤਈਅਬ, ਏ.ਡੀ.ਜੀ.ਪੀ. ਜੇਲ੍ਹ ਆਰ. ਕੇ. ਜੈਸਵਾਲ ਤੋਂ ਇਲਾਵਾ ਪੰਜਾਬ ਦੀਆਂ ਸਮੂਹ ਜੇਲ੍ਹਾਂ ਦੇ ਸੁਪਰਡੈਂਟ ਤੇ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

# ਡੀ.ਜੀ.ਪੀ. ਵੱਲੋਂ ਫੀਲਡ ਯੂਨਿਟਾਂ ਨੂੰ ਸੂਬੇ ਭਰ 'ਚ ਪੁਲਿਸ ਦੀ ਮੌਜੂਦਗੀ ਤੇ ਗਸ਼ਤ ਵਧਾਉਣ ਦੇ ਨਿਰਦੇਸ਼

ਚੰਡੀਗੜ੍ਹ, 1 ਜੂਨ (ਚ.ਨ.ਸ.): ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੂਬੇ ਵਿੱਚ ਸੁਰੱਖਿਅਤ ਮਾਹੌਲ ਯਕੀਨੀ ਬਣਾਉਣ ਦੇ ਮੱਦੇਨਜ਼ਰ ਵੱਡੇ ਯਤਨ ਕਰਦਿਆਂ ਡਾਇਰੈਕਟਰ ਜਨਰਲ ਆਫ਼ ਪੁਲਿਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਅੱਜ ਸਾਰੀਆਂ ਫੀਲਡ ਯੂਨਿਟਾਂ ਨੂੰ ਪੁਲਿਸ ਦੀ ਮੌਜੂਦਗੀ ਵਧਾਉਣ ਅਤੇ ਪੁਲਿਸ ਦੀ ਗਸ਼ਤ ਨੂੰ ਰਣਨੀਤਕ ਨਾਕਿਆਂ, ਮੋਬਾਈਲ ਗਸ਼ਤ, ਵਾਹਨਾਂ ਦੀ ਚੈਕਿੰਗ ਰਾਹੀਂ ਹੋਰ ਮਜ਼ਬੂਤ ਕਰਨ ਦੇ ਨਿਰਦੇਸ਼ ਦਿੱਤੇ ਤਾਂ ਜੋ ਲੋਕਾਂ ਵਿੱਚ ਪੁਲਿਸ ਦਾ ਭਰੋਸਾ ਹੋਰ ਵਧਾਇਆ ਜਾ ਸਕੇ ਅਤੇ ਉਹਨਾਂ ਲਈ ਸੁਰੱਖਿਅਤ ਵਾਤਾਵਰਣ ਯਕੀਨੀ ਬਣਾਇਆ ਜਾ ਸਕੇ। ਡੀਜੀਪੀ ਆਪਣੇ ਦਫ਼ਤਰ ਵਿਖੇ ਜ਼ਿਲ੍ਹਿਆਂ/ਕਮਿਸ਼ਨਰੇਟਾਂ ਦੇ ਸੁਪਰਵਾਈਜ਼ਰੀ ਅਫਸਰਾਂ ਵਜੋਂ ਤਾਇਨਾਤ ਸੀਨੀਅਰ ਸਪੈਸ਼ਲ ਡੀਜੀਪੀਜ਼/ਐਡੀਸ਼ਨਲ ਡੀਜੀਪੀਜ਼/ਆਈਜੀਪੀਜ਼/ਡੀਆਈਜੀਜ਼ ਰੈਂਕ ਦੇ ਅਧਿਕਾਰੀਆਂ , ਰੇਂਜ ਆਈਜੀਪੀ/ਡੀਆਈਜੀਜ਼, ਸਾਰੇ ਪੁਲਿਸ ਕਮਿਸ਼ਨਰਾਂ (ਸੀਪੀਜ਼) ਅਤੇ ਸਾਰੇ ਸੀਨੀਅਰ ਪੁਲਿਸ ਸੁਪਰਡੈਂਟਾਂ (ਐਸਐਸਪੀ) ਲਈ ਨਾਲ ਵਰਚੁਅਲ ਮੋਡ ਰਾਹੀਂ ਸੂਬਾ ਪੱਧਰੀ ਕਾਨੂੰਨ ਅਤੇ ਵਿਵਸਥਾ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਇਸ ਮੀਟਿੰਗ ਦਾ ਮੁੱਖ ਕੇਂਦਰ ਪੰਜਾਬ ਸਰਕਾਰ ਦੀਆਂ ਮੁੱਖ ਪੁਲਿਸਿੰਗ ਤਰਜੀਹਾਂ 'ਤੇ ਜ਼ੋਰ ਦੇਣਾ, ਅਪਰਾਧ ਸਥਿਤੀ ਦੀ ਸਮੀਖਿਆ ਕਰਨਾ ਤੇ ਰਾਜ ਭਰ ਵਿੱਚ ਪੁਲਿਸ ਦੀ ਮੌਜੂਦਗੀ ਵਧਾਉਣਾ ਸੀ।

"ਡੀਜੀਪੀ ਗੌਰਵ ਯਾਦਵ ਨੇ ਕਿਹਾ, "ਮੈਂ ਸਾਰੇ ਸੀ.ਪੀਜ਼ ਤੇ ਐਸਐਸਪੀਜ਼ ਨੂੰ ਆਪੋ-ਆਪਣੇ ਅਧਿਕਾਰ ਖੇਤਰਾਂ ਵਿੱਚ ਪੁਲਿਸ ਨਾਕੇ ਵਧਾਉਣ ਦੇ ਨਿਰਦੇਸ਼ ਦਿੱਤੇ ਹਨ। ਇਹਨਾਂ ਨਾਕਿਆਂ 'ਤੇ ਵੱਧ ਤੋਂ ਵੱਧ ਵਾਹਨਾਂ ਦੀ ਸੁਚੱਜੀ ਜਾਂਚ ਕਰਨ ਤੇ ਅਪਰਾਧਿਕ ਤੱਤਾਂ ਨੂੰ ਰੋਕਣ ਤੇ ਪੰਜਾਬ ਭਰ ਵਿੱਚ ਪੁਖਤਾ ਸੁਰੱਖਿਆ ਯਕੀਨੀ ਬਣਾਉਣ ਲਈ ਮੋਬਾਈਲ ਗਸ਼ਤ ਵਿੱਚ ਤੇਜ਼ੀ ਲਿਆਉਣ ਲਈ ਵੀ ਕਿਹਾ ਗਿਆ ਹੈ।" ਉਹਨਾਂ ਜ਼ਿਲ੍ਹਾ ਪੁਲਿਸ ਮੁਖੀਆਂ ਨੂੰ ਆਮ ਲੋਕਾਂ ਵਿੱਚ ਸੁਰੱਖਿਆ ਅਤੇ ਵਿਸ਼ਵਾਸ ਹੋਰ ਮਜ਼ਬੂਤ ਕਰਨ ਲਈ ਵੱਧ ਤੋਂ ਵੱਧ ਪੁਲਿਸ ਫੋਰਸ ਦੀ ਤਾਇਨਾਤੀ ਯਕੀਨੀ ਬਣਾਉਣ ਦੇ ਵੀ ਨਿਰਦੇਸ਼ ਦਿੱਤੇ। ਮੀਟਿੰਗ ਦੌਰਾਨ, ਡੀਜੀਪੀ ਨੇ ਪੰਜਾਬ ਸਰਕਾਰ ਦੀਆਂ ਦੋ ਪ੍ਰਮੁੱਖ ਪਹਿਲਕਦਮੀਆਂ "ਯੁੱਧ ਨਸ਼ਿਆਂ ਵਿਰੁੱਧ" ਤੇ "ਗੈਂਗਸਟਰਾਂ ਤੇ ਵਾਰ" ਦੀ ਪ੍ਰਗਤੀ ਦੀ ਵਿਆਪਕ ਸਮੀਖਿਆ ਵੀ ਕੀਤੀ।

ਵੱਡੇ ਰਣਨੀਤਕ ਬਦਲਾਅ ਦਾ ਖੁਲਾਸਾ ਕਰਦਿਆਂ, ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਨਸ਼ਿਆਂ ਦੇ ਕਾਰੋਬਾਰ ਵਿੱਚ ਪੈਸੇ ਦੀ ਸਪਲਾਈ ਨੂੰ ਰੋਕਣ ਲਈ ਪੰਜਾਬ ਪੁਲਿਸ ਗੈਰ-ਕਾਨੂੰਨੀ ਹਵਾਲਾ ਆਪਰੇਟਰਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ 'ਤੇ ਜ਼ੋਰ ਦੇ ਰਹੀ ਹੈ। ਲੋਕ-ਪੱਖੀ ਪੁਲਿਸਿੰਗ 'ਤੇ ਜ਼ੋਰ ਦਿੰਦਿਆਂ ਡੀਜੀਪੀ ਨੇ ਸਾਰੇ ਸੀਪੀਜ਼ ਅਤੇ ਐਸਐਸਪੀਜ਼ ਨੂੰ ਆਮ ਲੋਕਾਂ ਤੇ ਪੁਲਿਸ ਫੋਰਸ ਵਿਚਕਾਰ ਆਪਸੀ ਤਾਲਮੇਲ ਵਧਾਉਣ ਦੇ ਨਿਰਦੇਸ਼ ਦਿੱਤੇ। ਜ਼ਿਲ੍ਹਾ ਮੁਖੀਆਂ ਨੂੰ ਪੁਲਿਸ-ਜਨਤਕ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਵੱਖ-ਵੱਖ ਸਥਾਨਕ ਐਸੋਸੀਏਸ਼ਨਾਂ, ਨਾਗਰਿਕਾਂ ਤੇ ਗ੍ਰਾਮ ਰੱਖਿਆ ਕਮੇਟੀਆਂ (ਵੀ.ਡੀ.ਸੀ.) ਨਾਲ ਲਗਾਤਾਰ ਮੀਟਿੰਗਾਂ ਕਰਨ ਲਈ ਵੀ ਕਿਹਾ ਗਿਆ।

# ਦਿਲ 'ਚ ਛੇਦ ਨਾਲ ਸਾਲਾਂ ਤੱਕ ਜੂਝਦੀ ਰਹੀ ਗੁਰਪ੍ਰੀਤ ਕੌਰ; 'ਮੁੱਖ ਮੰਤਰੀ ਸਿਹਤ ਯੋਜਨਾ' ਨੇ ਦਿੱਤਾ ਨਵਾਂ ਜੀਵਨ

ਚੰਡੀਗੜ੍ਹ, 1 ਜੂਨ (ਚ.ਨ.ਸ.) ਭਗਵੰਤ ਮਾਨ ਸਰਕਾਰ ਦੀ "ਮੁੱਖ ਮੰਤਰੀ ਸਿਹਤ ਯੋਜਨਾ" ਪੰਜਾਬ ਦੇ ਲੋਕਾਂ ਨੂੰ ਇਲਾਜ ਦੇ ਖਰਚ ਦੀ ਚਿੰਤਾ ਤੋਂ ਬਿਨਾਂ ਮਿਆਰੀ ਸਿਹਤ ਸੇਵਾਵਾਂ ਮੁਹੱਈਆ ਕਰਵਾ ਰਹੀ ਹੈ। ਇਸ ਯੋਜਨਾ ਅਧੀਨ ਹਰ ਪਾਤਰ ਪਰਿਵਾਰ ਨੂੰ ਹਰ ਸਾਲ 10 ਲੱਖ ਰੁਪਏ ਤੱਕ ਦਾ ਕੈਸ਼ਲੈੱਸ ਇਲਾਜ ਦਿੱਤਾ ਜਾਂਦਾ ਹੈ। ਇਸ ਯੋਜਨਾ ਨੂੰ ਲੋਕਾਂ ਵੱਲੋਂ ਵਿਆਪਕ ਸਮਰਥਨ ਮਿਲਿਆ ਹੈ ਅਤੇ ਹੁਣ ਤੱਕ ਇਸ ਵਿੱਚ 45 ਲੱਖ ਤੋਂ ਵੱਧ ਲੋਕਾਂ ਦੀ ਰਜਿਸਟ੍ਰੇਸ਼ਨ ਹੋ ਚੁੱਕੀ ਹੈ। ਖਾਸ ਤੌਰ 'ਤੇ ਮੈਡੀਕਲ ਐਮਰਜੈਂਸੀ ਦੀਆਂ ਸਥਿਤੀਆਂ ਵਿੱਚ ਹਜ਼ਾਰਾਂ ਪਰਿਵਾਰਾਂ ਨੂੰ ਇਸ ਦਾ ਲਾਭ ਮਿਲਿਆ ਹੈ ਅਤੇ ਕਈ ਲਾਭਪਾਤਰੀਆਂ ਨੇ ਇਸ ਲਈ ਧੰਨਵਾਦ ਪ੍ਰਗਟ ਕੀਤਾ ਹੈ। ਅਜਿਹੀ ਹੀ ਇੱਕ ਲਾਭਪਾਤਰੀ ਹੈ ਬਠਿੰਡਾ ਦੀ 37 ਸਾਲਾ ਗੁਰਪ੍ਰੀਤ ਕੌਰ, ਜਿਨ੍ਹਾਂ ਦੀ ਜ਼ਿੰਦਗੀ ਦਿਲ ਦੀ ਇੱਕ ਗੰਭੀਰ ਬੀਮਾਰੀ ਕਾਰਨ ਅਚਾਨਕ ਸੰਕਟ ਵਿੱਚ ਆ ਗਈ। ਜਦੋਂ ਉਨ੍ਹਾਂ ਨੂੰ ਪਤਾ ਲੱਗਾ ਕਿ ਉਨ੍ਹਾਂ ਦੇ ਦਿਲ ਵਿੱਚ ਇੱਕ ਵੱਡਾ ਛੇਦ ਹੈ, ਤਾਂ ਉਨ੍ਹਾਂ ਨੂੰ ਨਾ ਸਿਰਫ ਸਿਹਤ ਸੰਬੰਧੀ ਗੰਭੀਰ ਚੁਣੌਤੀ ਦਾ ਸਾਹਮਣਾ ਕਰਨਾ ਪਿਆ, ਸਗੋਂ ਇਲਾਜ ਦੇ ਭਾਰੀ ਖਰਚ ਦੀ ਚਿੰਤਾ ਵੀ ਉਨ੍ਹਾਂ ਨੂੰ ਸਤਾਉਣ ਲੱਗੀ। ਪਰ ਏਮਸ ਬਠਿੰਡਾ ਵਿੱਚ ਸਫਲ ਇਲਾਜ ਅਤੇ ਮੁੱਖ ਮੰਤਰੀ ਸਿਹਤ ਯੋਜਨਾ ਦੇ ਸਹਿਯੋਗ ਨਾਲ ਉਨ੍ਹਾਂ ਨੂੰ ਜੀਵਨ ਦਾ ਨਵਾਂ ਮੌਕਾ ਮਿਲਿਆ।

ਜਾਂਚ ਦੌਰਾਨ ਡਾਕਟਰਾਂ ਨੇ ਪਾਇਆ ਕਿ ਗੁਰਪ੍ਰੀਤ ਦੇ ਦਿਲ ਦੇ ਉੱਪਰੀ ਦੋਹਾਂ ਹਿੱਸਿਆਂ ਵਿਚਕਾਰ 22 ਮਿਲੀਮੀਟਰ ਦਾ ਵੱਡਾ ਐਟਰੀਅਲ ਸੈਪਟਲ ਡਿਫੈਕਟ (ਏਐਸਡੀ) ਸੀ। ਇਸ ਕਾਰਨ ਖੂਨ ਦੇ ਪ੍ਰਵਾਹ ਵਿੱਚ ਗੜਬੜੀ ਆ ਗਈ ਤੇ ਦਿਲ 'ਤੇ ਵਾਧੂ ਦਬਾਅ ਪੈ ਰਿਹਾ ਸੀ। ਜੇ ਇਸ ਦਾ ਇਲਾਜ ਨਾ ਹੁੰਦਾ ਤਾਂ ਅੱਗੇ ਚੱਲ ਕੇ ਇਹ ਦਿਲ ਦੇ ਫੇਲ੍ਹ ਹੋਣ ਵਰਗੀਆਂ ਗੰਭੀਰ ਜਟਿਲਤਾਵਾਂ ਦਾ ਕਾਰਨ ਬਣ ਸਕਦਾ ਸੀ। ਬੀਮਾਰੀ ਦਾ ਪਤਾ ਲੱਗਦੇ ਹੀ ਪਰਿਵਾਰ ਵਿੱਚ ਡਰ ਤੇ ਚਿੰਤਾ ਦਾ ਮਾਹੌਲ ਬਣ ਗਿਆ। ਇੱਕ ਪਾਸੇ ਉਨ੍ਹਾਂ ਦੀ ਸਿਹਤ ਦੀ ਚਿੰਤਾ ਸੀ, ਦੂਜੇ ਪਾਸੇ ਇਲਾਜ ਦੇ ਖਰਚ ਦਾ ਬੋਝ ਵੀ ਸੀ। ਗੁਰਪ੍ਰੀਤ ਕੌਰ ਨੇ ਦੱਸਿਆ, "ਸਭ ਤੋਂ ਪਹਿਲਾਂ ਮੇਰੇ ਮਨ ਵਿੱਚ ਇਲਾਜ ਦੇ ਖਰਚ ਦਾ ਹੀ ਖ਼ਿਆਲ ਆਇਆ। ਮੈਨੂੰ ਚਿੰਤਾ ਸੀ ਕਿ ਅਸੀਂ ਇਹ ਖਰਚ ਕਿਵੇਂ ਝੱਲਾਂਗੇ। ਅਜਿਹਾ ਲੱਗ ਰਿਹਾ ਸੀ ਜਿਵੇਂ ਸਾਡਾ ਪਰਿਵਾਰ ਇੱਕ ਬਹੁਤ ਮੁਸ਼ਕਲ ਮੋੜ 'ਤੇ ਖੜ੍ਹਾ ਹੋਵੇ।"

ਏਮਸ ਬਠਿੰਡਾ ਦੇ ਮਾਹਿਰਾਂ ਨੇ ਇਸ ਖਾਮੀ ਨੂੰ ਠੀਕ ਕਰਨ ਲਈ ਵਿਸ਼ੇਸ਼ ਪ੍ਰਕਿਰਿਆ ਦੀ ਸਲਾਹ ਦਿੱਤੀ। ਹਸਪਤਾਲ ਦੇ ਰਿਕਾਰਡ ਮੁਤਾਬਕ, 5 ਮਈ 2026 ਨੂੰ ਕਾਰਡਿਯਕ ਕੈਥੇਟਰਾਈਜੇਸ਼ਨ ਲੈਬ ਵਿੱਚ ਜਨਰਲ ਐਨੇਸਥੀਸੀਆ ਹੇਠ ਇਹ ਪ੍ਰਕਿਰਿਆ ਕੀਤੀ ਗਈ। ਇਸ ਦੌਰਾਨ 24 ਮਿਲੀਮੀਟਰ ਦਾ ਐਮਪਲੇਟਜ਼ਰ ਸੈਪਟਲ ਓਕਲੂਡਰ ਡਿਵਾਈਸ ਲਗਾ ਕੇ ਦਿਲ ਦੇ ਛੇਦ ਨੂੰ ਬੰਦ ਕੀਤਾ ਗਿਆ। ਪਰਿਵਾਰ ਨੇ ਮੁੱਖ ਮੰਤਰੀ ਸਿਹਤ ਯੋਜਨਾ 'ਤੇ ਭਰੋਸਾ ਕੀਤਾ, ਜਿਸ ਨੇ ਕਰੀਬ ਇੱਕ ਲੱਖ ਰੁਪਏ ਦੀ ਇਲਾਜ ਲਾਗਤ ਨੂੰ ਕਵਰ ਕੀਤਾ। ਇਹ ਪ੍ਰਕਿਰਿਆ ਖਤਰਿਆਂ ਨਾਲ ਭਰੀ ਹੋਈ ਸੀ। ਕਾਰਡਿਯਕ ਕੈਥੇਟਰਾਈਜੇਸ਼ਨ ਲੈਬ ਦੇ ਬਾਹਰ ਪਰਿਵਾਰਕ ਮੈਂਬਰ ਹੱਥ ਜੋੜ ਕੇ ਅਰਦਾਸ ਕਰਦੇ ਹੋਏ ਉਡੀਕ ਕਰ ਰਹੇ ਸਨ। ਗੁਰਪ੍ਰੀਤ ਕੌਰ ਦੇ ਪਤੀ ਉਹ ਪਲ ਯਾਦ ਕਰਦੇ ਹੋਏ ਕਹਿੰਦੇ ਹਨ, "ਅਸੀਂ ਸਿਰਫ ਅਰਦਾਸ ਹੀ ਕਰ ਸਕਦੇ ਸੀ। ਹਰ ਮਿੰਟ ਬਹੁਤ ਲੰਮਾ ਲੱਗ ਰਿਹਾ ਸੀ। ਜਦੋਂ ਡਾਕਟਰ ਬਾਹਰ ਆਏ ਅਤੇ ਦੱਸਿਆ ਕਿ ਸਭ ਕੁਝ ਸਫ਼ਲ ਰਿਹਾ, ਤਾਂ ਅਜਿਹਾ ਲੱਗਾ ਜਿਵੇਂ ਸਾਡੇ ਸਿਰ ਤੋਂ ਬਹੁਤ ਵੱਡਾ ਬੋਝ ਉੱਤਰ ਗਿਆ ਹੋਵੇ।"

ਇਹ ਪ੍ਰਕਿਰਿਆ ਪੂਰੀ ਤਰ੍ਹਾਂ ਸਫ਼ਲ ਰਹੀ ਅਤੇ ਕੋਈ ਜਟਿਲਤਾ ਸਾਹਮਣੇ ਨਹੀਂ ਆਈ। ਗੁਰਪ੍ਰੀਤ ਲਈ ਇਹ ਸਿਹਤਮੰਦ ਭਵਿੱਖ ਵੱਲ ਇੱਕ ਨਵੀਂ ਸ਼ੁਰੂਆਤ ਸੀ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਮਿਲਿਆ ਆਰਥਿਕ ਸਹਾਰਾ ਬਹੁਤ ਮਹੱਤਵਪੂਰਨ ਸੀ, ਜਿਸ ਨੇ ਪਰਿਵਾਰ ਨੂੰ ਅਜਿਹੇ ਭਾਰੀ ਖਰਚ ਤੋਂ ਬਚਾ ਲਿਆ ਜੋ ਉਨ੍ਹਾਂ ਲਈ ਅਸਹਿਣਯੋਗ ਹੋ ਸਕਦਾ ਸੀ। ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਮਾਮਲਾ ਜਨਤਕ ਸਿਹਤ ਸਹਾਇਤਾ ਦੇ ਅਸਲ ਉਦੇਸ਼ ਨੂੰ ਦਰਸਾਉਂਦਾ ਹੈ। ਰਾਜ ਸਿਹਤ ਏਜੰਸੀ, ਪੰਜਾਬ ਦੇ ਤਾਜ਼ਾ ਅੰਕੜਿਆਂ ਅਨੁਸਾਰ, ਇਸ ਯੋਜਨਾ ਤਹਿਤ ਹੁਣ ਤੱਕ 1,75,210 ਮਰੀਜ਼ਾਂ ਨੂੰ ਲਾਭ ਮਿਲਿਆ ਹੈ ਅਤੇ ਕੁੱਲ 3,43,370 ਇਲਾਜ ਕੀਤੇ ਜਾ ਚੁੱਕੇ ਹਨ। ਇਸ ਯੋਜਨਾ 'ਤੇ ਹੁਣ ਤੱਕ 581.90 ਕਰੋੜ ਰੁਪਏ ਖਰਚ ਕੀਤੇ ਜਾ ਚੁੱਕੇ ਹਨ, ਜੋ ਰਾਜ ਵਿੱਚ ਕੈਸ਼ਲੈੱਸ ਸਿਹਤ ਸੇਵਾਵਾਂ ਪ੍ਰਤੀ ਸਰਕਾਰ ਦੀ ਮਜ਼ਬੂਤ ਵਚਨਬੱਧਤਾ ਨੂੰ ਦਰਸਾਉਂਦਾ ਹੈ।

### ਐਸ.ਸੀ. ਕਮਿਸ਼ਨ ਵੱਲੋਂ ਰਵਨੀਤ ਸਿੰਘ ਬਿੱਟੂ ਵੱਲੋਂ 4 ਨੂੰ ਤਲਬ

ਚੰਡੀਗੜ੍ਹ, 1 ਜੂਨ (ਚ.ਨ.ਸ.): ਪੰਜਾਬ ਰਾਜ ਅਨੁਸੂਚਿਤ ਜਾਤੀ ਕਮਿਸ਼ਨ ਨੇ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਜਾਤੀਸੂਚਕ ਸ਼ਬਦ ਵਰਤਣ ਸਬੰਧੀ ਮਾਮਲੇ 'ਚ ਆਪਣਾ ਪੱਖ ਰੱਖਣ ਲਈ 4 ਜੂਨ ਨੂੰ ਕਮਿਸ਼ਨ ਅੱਗੇ ਪੇਸ਼ ਹੋਣ ਲਈ ਤਲਬ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਸੋਸ਼ਲ ਮੀਡੀਆ ਰਾਹੀਂ ਉਨ੍ਹਾਂ ਦੇ ਧਿਆਨ 'ਚ ਆਇਆ ਸੀ ਕਿ ਕੇਂਦਰੀ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਵੱਲੋਂ ਆਪਣੇ ਧੂਰੀ ਦੌਰੇ ਦੌਰਾਨ ਜਾਤੀਸੂਚਕ ਸ਼ਬਦ ਵਰਤੇ ਗਏ ਸਨ ਜਿਸ ਬਾਬਤ ਐਸ.ਐਸ.ਪੀ. ਸੰਗਰੂਰ ਤੋਂ ਰਿਪੋਰਟ ਤਲਬ ਕੀਤੀ ਗਈ ਸੀ ਪ੍ਰੰਤੂ ਪੁਲਿਸ ਵੱਲੋਂ ਅੱਜ ਪੇਸ਼ ਰਿਪੋਰਟ ਨਾਲ ਕਮਿਸ਼ਨ ਵੱਲੋਂ ਅਸਹਿਮਤੀ ਜ਼ਾਹਿਰ ਕੀਤੀ ਗਈ ਹੈ।

# ਗੈਂਗਸਟਰਾਂ 'ਤੇ ਵਾਰ ਦੇ 132ਵੇਂ ਦਿਨ 446 ਥਾਵਾਂ ਉੱਤੇ ਛਾਪੇਮਾਰੀ ਦੌਰਾਨ 192 ਕਾਬੂ

ਚੰਡੀਗੜ੍ਹ, 1 ਜੂਨ (ਚ.ਨ.ਸ.): ਸੂਬੇ ਵਿੱਚ ਚੱਲ ਰਹੀ ਫੈਸਲਾਕੁੰਨ ਮੁਹਿੰਮ "ਗੈਂਗਸਟਰਾਂ ਤੇ ਵਾਰ" ਦੇ 132ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਜਦੋਂ ਕਿ 7 ਵਿਅਕਤੀਆਂ ਨੂੰ ਪੁੱਛਗਿੱਛ ਤੋਂ ਬਾਅਦ ਛੱਡ ਦਿੱਤਾ ਗਿਆ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 3 ਭਗੌੜੇ ਅਪਰਾਧੀ (ਪੀਓ) ਨੂੰ ਵੀ ਗ੍ਰਿਫਤਾਰ ਕੀਤਾ ਹੈ।




ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946

ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਤੇ ਮੈਪ ਕੀਤੇ 446 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ "ਗੈਂਗਸਟਰਾਂ ਤੇ ਵਾਰ" ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਸੂਬੇ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 132ਵੇਂ ਦਿਨ ਪੁਲਿਸ ਟੀਮਾਂ ਨੇ 192 ਵਿਅਕਤੀਆਂ ਨੂੰ ਗ੍ਰਿਫ਼ਤਾਰ ਕਰਨ ਦੇ ਨਾਲ-ਨਾਲ ਇੱਕ ਹਥਿਆਰ ਬਰਾਮਦ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ 33,119 ਹੋ ਗਈਆਂ। ਇਸ ਤੋਂ ਇਲਾਵਾ 57 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ, ਰਾਹੀਂ ਗੁਪਤ ਰੂਪ ਵਿੱਚ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਰਿਪੋਰਟ ਕਰ ਸਕਦੇ ਹਨ ਅਤੇ ਅਪਰਾਧ ਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਹੈ। ਇਸ ਦੌਰਾਨ ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 457ਵੇਂ ਦਿਨ ਵੀ ਜਾਰੀ ਰੱਖਦਿਆਂ 75 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 673 ਗ੍ਰਾਮ ਹੈਰੋਇਨ, 74 ਕਿਲੋ ਭੁੱਕੀ, 1900 ਨਸ਼ੀਲੀਆਂ ਗੋਲੀਆਂ ਅਤੇ 31,850 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਨਾਲ ਸਿਰਫ 457 ਦਿਨਾਂ ਵਿੱਚ ਗ੍ਰਿਫਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 66,093 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ 2 ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜੀ ਕੀਤਾ ਹੈ।

# ਦਮਦਮੀ ਟਕਸਾਲ ਵਿਖੇ ਸ਼ਹੀਦੀ ਹਫ਼ਤੇ ਦੀ ਸ਼ਰਧਾ ਤੇ ਉਤਸ਼ਾਹ ਨਾਲ ਕੀਤੀ ਪ੍ਰਾਰੰਭਤਾ

ਚੌਕ ਮਹਿਤਾ, 1 ਜੂਨ (ਬਲਜਿੰਦਰ ਸਿੰਘ ਰੰਧਾਵਾ): ਜੂਨ 1984 ਨੂੰ ਵਾਪਰੇ ਤੀਸਰੇ ਘੱਲੂਘਾਰੇ ਅਪਰੇਸ਼ਨ ਬਲੂ ਸਟਾਰ ਬਲੂ ਸਟਾਰ ਦੀ 42ਵੀਂ ਵਰੇ ਗੰਢ ਤੇ ਅੱਜ ਟਕਸਾਲ ਦੇ ਹੈਡਕੁਆਰਟਰ ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ ਵਿਖੇ ਸ਼ਹੀਦੀ ਸਪਤਾਹ ਦੀ ਪ੍ਰਾਰੰਭਤਾ ਕਰ ਦਿੱਤੀ ਗਈ। ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਅਗਵਾਈ ਹੇਠ ਕਰਵਾਈ ਜਾ ਰਹੇ ਇਸ ਮਹਾਨ ਸ਼ਹੀਦੀ ਸਮਾਗਮ ਵਿੱਚ ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲੇ ਭਾਈ ਅਮਰੀਕ ਸਿੰਘ ਭਾਈ 18 ਸਿੰਘ ਜਨਰਲ ਸੁਬੇਗ ਸਿੰਘ ਅਤੇ ਹੋਰ ਹਜ਼ਾਰਾਂ ਹੀ ਸਿੰਘ ਸਿੰਘਣੀਆਂ ਭੁਝੰਗੀਆਂ ਦੀਆਂ ਸ਼ਹਾਦਤਾਂ ਨੂੰ ਸਮਰਪਿਤ ਅੱਜ ਇਸ ਸਮਾਗਮ ਵਿੱਚ ਟਕਸਾਲ ਮੁਖੀ ਨੇ ਉਸ ਵੇਲੇ ਤੇ ਹਾਲਾਤਾਂ ਦਾ ਦਾ ਵੇਰਵਾ ਸੰਗਤਾਂ ਨੂੰ ਦੱਸਣਾ ਕੀਤਾ। ਉਹਨਾਂ ਨੇ ਸੰਗਤਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਹਨਾਂ ਸ਼ਹੀਦੀ ਸਮਾਗਮ ਵਿੱਚ ਜੋ ਕਿ ਸ਼ਾਮ ਨੂੰ 4 ਵਜੇ ਸ਼ੁਰੂ ਹੋ ਜਾਂਦੇ ਹਨ ਸ੍ਰੀ ਦਰਬਾਰ ਸਾਹਿਬ ਜੀ ਦੇ ਹਜ਼ੂਰੀ ਰਾਗੀ ਰੋਜਾਨਾ ਕੀਰਤਨ ਕੀਤਾ ਕਰਨਗੇ ਉਪਰੰਤ ਕਥਾ ਪ੍ਰਵਾਹ ਚੱਲੇਗਾ।

ਪੋਥੀ ਪਾਠ ਦੀ ਸੇਵਾ ਭਾਈ ਸਤਨਾਮ ਸਿੰਘ ਖਾਲਸਾ ਨੇ ਤੇ ਮੰਚ ਸੰਚਾਲਨ ਪ੍ਰਿੰਸੀਪਲ ਗੁਰਦੀਪ ਸਿੰਘ ਰੰਧਾਵਾ ਨੇ ਕੀਤਾ। ਇਸ ਮੌਕੇ ਸੰਤ ਸਮਾਜ ਦੇ ਮਹਾਂਪੁਰਖ ਸੰਤ ਗਿਆਨੀ ਗੁਰਦੇਵ ਸਿੰਘ ਤਰਸਿੱਕੇ ਵਾਲੇ, ਬਾਬਾ ਗੁਰਦੀਪ ਸਿੰਘ ਖੁਜਾਲੇ ਵਾਲੇ, ਬਾਬਾ ਅਜੀਤ ਸਿੰਘ ਮੁਖੀ ਤਰਨਾ ਦਲ ਮਹਿਤਾ, ਬਾਬਾ ਗੁਰਮੀਤ ਸਿੰਘ ਬੱਦੋਵਾਲ, ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ, ਬਾਬਾ ਨਵਤੇਜ ਸਿੰਘ ਚੇਲੇਆਣਾ ਸਾਹਿਬ, ਬਾਬਾ




ਸੁਖਵੰਤ ਸਿੰਘ ਚੰਨਣਕੇ, ਜਥੇਦਾਰ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਪ੍ਰਿੰਸੀਪਲ ਜੋਬਨਪ੍ਰੀਤ ਸਿੰਘ, ਭਾਈ ਪ੍ਰਭਜੀਤ ਸਿੰਘ, ਭਾਈ ਪ੍ਰਕਾਸ਼ ਸਿੰਘ ਭਾਈ ਨਿਰਮਲ ਸਿੰਘ, ਆਦਿ ਤੋਂ ਇਲਾਵਾ ਫੈਡਰੇਸ਼ਨ ਆਗੂ ਅਮਰਬੀਰ ਸਿੰਘ ਢੋਟ, ਸਰਪੰਚ ਕਸ਼ਮੀਰ ਸਿੰਘ ਕਾਲਾ, ਪ੍ਰਿੰਸੀਪਲ ਹਰਸ਼ਦੀਪ ਸਿੰਘ ਰੰਧਾਵਾ ਡਾਕਟਰ ਅਵਤਾਰ ਸਿੰਘ ਬੁਟਰ (ਦੋਵੇਂ ਮੈਂਬਰ ਚੀਫ ਖਾਲਸਾ ਦੀਵਾਨ), ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਪ੍ਰਿੰਸੀਪਲ ਤੇਜਬੀਰ ਸਿੰਘ ਸੋਹਲ, ਰਮਨਬੀਰ ਸਿੰਘ ਲੱਧਾ ਮੁੰਡਾ, ਅੰਤਰਪ੍ਰੀਤ ਸਿੰਘ ਲੱਧਾ ਮੁੰਡਾ, ਮਨਜੋਤ ਸਿੰਘ ਰੰਧਾਵਾ, ਬਲਕਾਰ ਸਿੰਘ ਪੀ ਬੀ ਐਸ ਵਾਲੇ, ਸਰਪੰਚ ਹਰਜਿੰਦਰ ਸਿੰਘ ਜੱਜ, ਭਾਈ ਜਸਪਾਲ ਸਿੰਘ ਅੰਮ੍ਰਿਤਸਰ, ਭਾਈ ਦਮਨਪ੍ਰੀਤ ਸਿੰਘ, ਡਾਕਟਰ ਅਰਪਿੰਦਰ ਸਿੰਘ, ਜਥੇਦਾਰ ਬਹਾਦਰ ਸਿੰਘ, ਹਰ ਗੋਪਾਲ ਸਿੰਘ ਰੰਧਾਵਾ, ਬਲਜਿੰਦਰ ਸਿੰਘ ਰਾਜੂ ਅਤੇ ਹੋਰ ਬੇਅੰਤ ਸੰਗਤਾਂ ਮੌਜੂਦ ਸਨ।

# 1984 ਦੇ ਸ਼ਹੀਦਾਂ ਦੀ ਯਾਦ 'ਚ ਅਖੰਡ ਪਾਠ ਸਾਹਿਬ ਅੱਜ ਤੋਂ ਆਰੰਭ : ਕਾਲਕਾ

ਨਵੀਂ ਦਿੱਲੀ, 1 ਜੂਨ (ਅੰਮ੍ਰਿਤਪਾਲ ਸਿੰਘ): ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਦੱਸਿਆ ਕਿ ਜੂਨ 1984 ਵਿੱਚ ਸ੍ਰੀ ਅਕਾਲ ਤਖ਼ਤ ਸਾਹਿਬ ਤੇ ਸ੍ਰੀ ਦਰਬਾਰ ਸਾਹਿਬ, ਅੰਮ੍ਰਿਤਸਰ ਵਿਖੇ ਵਾਪਰੇ ਸ਼ਹੀਦੀ ਸਾਕੇ ਦੌਰਾਨ ਸਿੱਖ ਕੌਮ ਤੇ ਧਰਮ ਦੀ ਰੱਖਿਆ ਲਈ ਆਪਣੀਆਂ ਜਾਨਾਂ ਵਾਰਨ ਵਾਲੇ ਸਿੰਘਾਂ ਤੇ ਸਿੰਘਣੀਆਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 2 ਜੂਨ ਨੂੰ ਇਤਿਹਾਸਕ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਜੀ ਵਿਖੇ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਅਖੰਡ ਪਾਠ ਸਾਹਿਬ ਦੀ ਸਮਾਪਤੀ 4 ਜੂਨ ਦਿਨ ਵੀਰਵਾਰ ਸਵੇਰੇ 10:00 ਵਜੇ ਹੋਵੇਗੀ, ਜਿਸ ਉਪਰੰਤ ਵਿਸ਼ੇਸ਼ ਅਰਦਾਸ ਸਮਾਗਮ ਕਰਵਾਇਆ ਜਾਵੇਗਾ। ਉਨਾ ਕਿਹਾ ਕਿ ਇਸ ਦੌਰਾਨ ਸ਼ਹੀਦਾਂ ਦੀ ਲਾਸਾਨੀ ਕੁਰਬਾਨੀ ਨੂੰ ਯਾਦ ਕਰਦਿਆਂ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ ਜਾਣਗੇ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਜਾਵੇਗੀ।



ਹਰਮੀਤ ਸਿੰਘ ਕਾਲਕਾ ਨੇ ਕਿਹਾ ਕਿ ਜੂਨ 1984 ਦਾ ਸ਼ਹੀਦੀ ਸਾਕਾ ਸਿੱਖ ਇਤਿਹਾਸ ਦਾ ਇੱਕ ਅਹਿਮ ਤੇ ਦਰਦਨਾਕ ਪੜਾਅ ਹੈ, ਜਿਸ ਨੇ ਪੂਰੀ ਸਿੱਖ ਕੌਮ ਨੂੰ ਬੂਰੀ ਤਰਾਂ ਪ੍ਰਭਾਵਿਤ ਕੀਤਾ। ਉਨ੍ਹਾਂ ਕਿਹਾ ਕਿ ਇਸ ਸਾਕੇ ਦੌਰਾਨ ਸ਼ਹੀਦ ਹੋਏ ਸਿੰਘਾਂ ਤੇ ਸਿੰਘਣੀਆਂ ਦੀਆਂ ਕੁਰਬਾਨੀਆਂ ਸਦਾ ਲਈ ਸਿੱਖ ਕੌਮ ਦੀ ਯਾਦ ਦਾ ਅਟੁੱਟ ਹਿੱਸਾ ਰਹਿਣਗੀਆਂ ਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਧਰਮ, ਸਿਧਾਂਤਾਂ ਤੇ ਅਸੂਲਾਂ ਦੀ ਰੱਖਿਆ ਲਈ ਪ੍ਰੇਰਿਤ ਕਰਦੀਆਂ ਰਹਿਣਗੀਆਂ। ਉਨ੍ਹਾਂ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਵੱਡੀ ਗਿਣਤੀ ਵਿੱਚ ਗੁਰਦੁਆਰਾ ਸ੍ਰੀ ਬੰਗਲਾ ਸਾਹਿਬ ਜੀ ਵਿਖੇ ਪਹੁੰਚ ਕੇ ਅਖੰਡ ਪਾਠ ਸਾਹਿਬ ਤੇ ਅਰਦਾਸ ਸਮਾਗਮ ਵਿੱਚ ਸ਼ਾਮਲ ਹੋਣ, ਸ਼ਹੀਦਾਂ ਦੀ ਯਾਦ ਨੂੰ ਨਮਨ ਕਰਨ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਚੜ੍ਹਦੀ ਕਲਾ, ਸੁੱਖ-ਸ਼ਾਂਤੀ ਤੇ ਸਰਬੱਤ ਦੇ ਭਲੇ ਲਈ ਅਰਦਾਸ ਕਰਨ।

# ਕਾਂਗਰਸ ਪੂਰੀ ਤਰ੍ਹਾਂ ਇੱਕਜੁੱਟ ਹੈ : ਵੜਿੰਗ

### ਕੈਪ. ਅਮਰਿੰਦਰ ਸਿੰਘ ਨੂੰ ਸਮਝ ਆ ਗਿਐ ਕਿ ਕਾਂਗਰਸ ਲੋਕਤਾਂਤਰਿਕ ਪਾਰਟੀ ਹੈ, ਜਦਕਿ ਭਾਜਪਾ 'ਚ ਘੁੱਟਣ ਵਾਲਾ ਮਾਹੌਲ

ਲੁਧਿਆਣਾ, 1 ਜੂਨ (ਅੰਮ੍ਰਿਤਪਾਲ ਸਿੰਘ): ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਹੈ ਕਿ ਪਾਰਟੀ ਪੂਰੀ ਤਰ੍ਹਾਂ ਇੱਕਜੁੱਟ ਹੈ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਸੂਬੇ ਵਿੱਚ ਮੁੜ ਸੱਤਾ ਵਿੱਚ ਵਾਪਸੀ ਕਰੇਗੀ। ਵੜਿੰਗ, ਜਿਹੜੇ ਲੁਧਿਆਣਾ ਤੋਂ ਲੋਕ ਸਭਾ ਮੈਂਬਰ ਵੀ ਹਨ, ਆਪਣੇ ਸਾਥੀ ਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਮਿਲੇ, ਜੋ ਖੇਤੀਬਾੜੀ ਬਾਰੇ ਸੰਸਦੀ ਸਥਾਈ ਕਮੇਟੀ ਦੇ ਚੇਅਰਮੈਨ ਵੀ ਹਨ ਤੇ ਪੀਏਯੂ ਦੇ ਦੌਰੇ 'ਤੇ ਆਏ ਵਫ਼ਦ ਦੀ ਅਗਵਾਈ ਕਰ ਰਹੇ ਸਨ। ਇਸ ਮੌਕੇ ਵੜਿੰਗ ਨੇ ਸਥਾਨਕ ਸੀਨੀਅਰ ਆਗੂਆਂ ਦੇ ਨਾਲ ਪੀਏਯੂ ਕੈਂਪਸ ਵਿੱਚ ਚੰਨੀ ਦਾ ਸਵਾਗਤ ਕੀਤਾ। ਉਨ੍ਹਾਂ ਨੇ ਕਿਹਾ ਕਿ ਚੰਨੀ ਨਾ ਸਿਰਫ਼ ਸਥਾਈ ਕਮੇਟੀ ਦੇ ਚੇਅਰਮੈਨ ਹਨ, ਸਗੋਂ ਪਾਰਟੀ ਦੇ ਸੀਨੀਅਰ ਆਗੂ ਅਤੇ ਸੂਬੇ ਦੇ ਸਾਬਕਾ ਮੁੱਖ ਮੰਤਰੀ ਵੀ ਹਨ। ਉਨ੍ਹਾਂ ਜ਼ੋਰ ਦਿੰਦਿਆਂ, ਕਿਹਾ ਕਿ ਉਹ ਖੁਦ, ਪ੍ਰਤਾਪ ਸਿੰਘ ਬਾਜਵਾ, ਚਰਨਜੀਤ ਸਿੰਘ ਚੰਨੀ, ਸੁਖਜਿੰਦਰ ਸਿੰਘ ਰੰਧਾਵਾ ਅਤੇ ਹੋਰ ਸਾਰੇ ਆਗੂ ਇਕੱਠੇ ਹਨ ਤੇ 2027 ਵਿੱਚ ਪੰਜਾਬ ਵਿੱਚ ਕਾਂਗਰਸ ਦੀ ਜਿੱਤ ਯਕੀਨੀ ਬਣਾਉਣਗੇ। ਸੂਬਾ ਕਾਂਗਰਸ ਪ੍ਰਧਾਨ ਨੇ ਚੰਨੀ ਨੂੰ ਇੱਕ ਵਿਸਥਾਰ ਸਹਿਤ ਮੰਗ ਪੱਤਰ ਸੌਂਪਦਿਆਂ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲਈ ਖੋਜ ਕਾਰਜਾਂ ਵਾਸਤੇ ਯਕਮੁਸ਼ਤ 1000 ਕਰੋੜ ਰੁਪਏ ਦੀ ਵਿਸ਼ੇਸ਼ ਗਰਾਂਟ ਤੇ ਇਸ ਤੋਂ ਇਲਾਵਾ, ਹਰ ਸਾਲ 50 ਤੋਂ 60 ਕਰੋੜ ਰੁਪਏ ਦੀ ਨਿਯਮਤ ਗਰਾਂਟ ਦੇਣ ਦੀ ਮੰਗ ਕੀਤੀ। ਉਨ੍ਹਾਂ ਨੇ ਕਿਹਾ ਕਿ ਪੀਏਯੂ ਨੂੰ ਲੰਮੇ ਸਮੇਂ ਤੋਂ ਲੋੜੀਂਦੇ ਫੰਡ ਨਹੀਂ ਮਿਲ ਰਹੇ ਹਨ ਅਤੇ ਕਈ ਵਾਰ ਕਰਮਚਾਰੀਆਂ ਤੇ ਵਿਗਿਆਨੀਆਂ ਨੂੰ ਤਨਖਾਹਾਂ ਦੇਣ ਲਈ ਵੀ ਪੈਸਿਆਂ ਦੀ ਕਮੀ ਹੋ ਜਾਂਦੀ ਹੈ। ਉਨ੍ਹਾਂ ਨੇ ਕਿਹਾ ਕਿ ਦੇਸ਼ ਦੀ ਖੁਰਾਕ ਸੁਰੱਖਿਆ ਯਕੀਨੀ ਬਣਾਉਣ ਵਿੱਚ ਪੀਏਯੂ ਦੀ ਅਹਿਮ ਭੂਮਿਕਾ ਰਹੀ ਹੈ, ਕਿਉਂਕਿ ਹਰਿਤ ਕ੍ਰਾਂਤੀ ਦੀ ਸ਼ੁਰੂਆਤ ਇਸੇ ਯੂਨੀਵਰਸਿਟੀ ਤੋਂ ਹੋਈ ਸੀ। ਜਦਕਿ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਜਿੱਤ ਸਬੰਧੀ ਦਾਅਵਿਆਂ ਬਾਰੇ ਪੁੱਛੇ ਜਾਣ 'ਤੇ ਵੜਿੰਗ ਨੇ ਕਿਹਾ ਕਿ ਪਿਛਲੇ 20 ਸਾਲਾਂ ਤੋਂ ਹਮੇਸ਼ਾ ਸੱਤਾਧਾਰੀ ਪਾਰਟੀ ਇਹ ਚੋਣਾਂ ਜਿੱਤਦੀ ਰਹੀ ਹੈ, ਲੇਕਿਨ ਬਾਅਦ ਵਿੱਚ ਵਿਧਾਨ ਸਭਾ ਚੋਣਾਂ ਹਾਰ ਜਾਂਦੀ ਹੈ।



ਉਨ੍ਹਾਂ ਨੇ ਕਿਹਾ ਕਿ ਦਰਅਸਲ ਪਹਿਲਾਂ ਦੀਆਂ ਸਰਕਾਰਾਂ ਨਾਲੋਂ ਆਪ ਦਾ ਪ੍ਰਦਰਸ਼ਨ ਕਾਫ਼ੀ ਕਮਜ਼ੋਰ ਰਿਹਾ ਹੈ। ਆਪ ਸਰਕਾਰ ਦੌਰਾਨ ਵਿਰੋਧੀ ਧਿਰ ਦਾ ਪ੍ਰਦਰਸ਼ਨ ਪਹਿਲਾਂ ਨਾਲੋਂ ਕਾਫ਼ੀ ਬਿਹਤਰ ਰਿਹਾ ਹੈ। ਇੱਕ ਹੋਰ ਸਵਾਲ ਦੇ ਜਵਾਬ ਵਿੱਚ, ਉਨ੍ਹਾਂ ਨੇ ਕਿਹਾ ਕਿ ਕਾਨੂੰਨ-ਵਿਵਸਥਾ, ਨਸ਼ਿਆਂ, ਰੋਜ਼ਗਾਰ ਅਤੇ ਵਿੱਤੀ ਪ੍ਰਬੰਧਨ ਦੇ ਮਾਮਲੇ ਵਿੱਚ ਆਪ ਸਰਕਾਰ ਪੂਰੀ ਤਰ੍ਹਾਂ ਅਸਫਲ ਰਹੀ ਹੈ ਅਤੇ ਸੂਬੇ ਨੂੰ ਕਰਜ਼ੇ ਹੇਠ ਦਬਾ ਦਿੱਤਾ ਹੈ। ਉਨ੍ਹਾਂ ਨੇ ਕਿਹਾ ਕਿ ਬੇਕਸੂਰ ਲੋਕਾਂ ਦੇ ਕਤਲ ਹੁਣ ਆਮ ਗੱਲ ਬਣ ਗਏ ਹਨ। ਹਾਲਾਤ ਇੰਨੇ ਮਾੜੇ ਹਨ ਕਿ ਆਪ ਸਰਕਾਰ ਭ੍ਰਿਸ਼ਟਾਚਾਰ ਵਿੱਚ ਗਲ ਤੱਕ ਡੁੱਬੀ ਹੋਈ ਹੈ ਅਤੇ ਹਰ ਪੰਜਾਬੀ ਇਸਦਾ ਖਮਿਆਜ਼ਾ ਭੁਗਤ ਰਹੇ ਹਨ।

ਉਨ੍ਹਾਂ ਨੇ ਸਵਾਲ ਕੀਤਾ ਕਿ ਕੀ ਉਨ੍ਹਾਂ ਨੇ ਨੌਜਵਾਨਾਂ ਨੂੰ ਕੋਈ ਰੋਜ਼ਗਾਰ ਦਿੱਤਾ ਹੈ ਜਾਂ ਫਿਰ ਪੰਜਾਬ ਵਿੱਚ ਕੋਈ ਨਵੀਂ ਰੇਲ ਲਾਈਨ ਵਿਛਾਈ ਹੈ? ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੇ ਇਸ ਬਿਆਨ ਬਾਰੇ ਕਿ ਕਾਂਗਰਸ ਭਾਜਪਾ ਤੋਂ ਵੱਖਰੀ ਹੈ ਕਿਉਂਕਿ ਉਹ ਹਰ ਕਿਸੇ ਨੂੰ ਭਰੋਸੇ ਵਿੱਚ ਲੈਂਦੀ ਹੈ, ਵੜਿੰਗ ਨੇ ਕਿਹਾ ਕਿ ਫਿਰ ਇਨ੍ਹਾਂ ਨੂੰ ਪਾਰਟੀ ਛੱਡਣ ਦੀ ਲੋੜ ਕਿਉਂ ਪਈ ਸੀ? ਉਨ੍ਹਾਂ ਨੇ ਕਿਹਾ ਕਿ ਹੁਣ ਸ਼ਾਇਦ ਇਨ੍ਹਾਂ ਨੂੰ ਅਹਿਸਾਸ ਹੋ ਗਿਆ ਹੋਵੇਗਾ ਕਿ ਕਾਂਗਰਸ ਕਿੰਨੀ ਖੁੱਲ੍ਹੀ ਸੋਚ ਵਾਲੀ ਪਾਰਟੀ ਹੈ ਅਤੇ ਭਾਜਪਾ ਵਿੱਚ ਕਿੰਨਾ ਘੁੱਟਣ ਵਾਲਾ ਮਾਹੌਲ ਹੈ। ਜਦਕਿ ਲੁਧਿਆਣਾ ਦੇ ਸ਼ਾਹੀ ਇਮਾਮ ਵੱਲੋਂ ਈਦ ਦੀ ਨਮਾਜ਼ ਵਿੱਚ ਉਨ੍ਹਾਂ ਦੀ ਗੈਰ-ਹਾਜ਼ਰੀ 'ਤੇ ਸਵਾਲ ਚੁੱਕੇ ਜਾਣ ਬਾਰੇ, ਵੜਿੰਗ ਨੇ ਕਿਹਾ ਕਿ ਇਸ ਮਾਮਲੇ ਨੂੰ ਸਿਆਸੀ ਰੰਗ ਨਹੀਂ ਦੇਣਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਉਹ ਨਿਯਮਿਤ ਤੌਰ 'ਤੇ ਮਸਜਿਦ ਤੇ ਇਮਾਮ ਸਾਹਿਬ ਨੂੰ ਮਿਲਦੇ ਰਹਿੰਦੇ ਹਨ, ਪਰ ਈਦ ਵਾਲੇ ਦਿਨ ਉਹ ਹੋਰ ਰੁਝੇਵਿਆਂ ਕਾਰਨ ਨਹੀਂ ਪਹੁੰਚ ਸਕੇ। ਇਸ ਮੌਕੇ ਉਨ੍ਹਾਂ ਦੇ ਨਾਲ ਜੱਸੀ ਖੰਗੂੜਾ, ਸੁਰਿੰਦਰ ਡਾਵਰ, ਕੁਲਦੀਪ ਸਿੰਘ ਵੈਦ, ਪਵਨ ਦੀਵਾਨ, ਸੰਜੇ ਤਲਵਾੜ ਅਤੇ ਹੋਰ ਸੀਨੀਅਰ ਆਗੂ ਵੀ ਮੌਜੂਦ ਰਹੇ।

# ਚਰਨਜੀਤ ਸਿੰਘ ਚੰਨਾ ਚੀਮਾ ਬਣੇ ਟਰੱਕ ਯੂਨੀਅਨ ਸੰਦੌੜ ਦੇ ਪ੍ਰਧਾਨ



ਸੰਦੌੜ, 1 ਜੂਨ (ਚ.ਨ.ਸ.): ਸੀਨੀਅਰ ਆਪ ਆਗੂ ਤੇ ਟਰੱਕ ਯੂਨੀਅਨ ਸੰਦੌੜ ਦੇ ਮੀਤ ਪ੍ਰਧਾਨ ਚਰਨਜੀਤ ਸਿੰਘ ਚੀਮਾ ਨੂੰ ਟਰੱਕ ਯੂਨੀਅਨ ਸੰਦੌੜ ਦਾ ਨਵਾਂ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਚਰਨਜੀਤ ਸਿੰਘ ਚੀਮਾ ਆਮ ਆਦਮੀ ਪਾਰਟੀ ਦੇ ਫਾਉਂਡਰ ਮੈਂਬਰ ਹਨ ਤੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਦੇ ਵਿਸਵਾਸਪਾਤਰ ਮੰਨੇ ਜਾਂਦੇ ਹਨ।ਚਰਨਜੀਤ ਸਿੰਘ ਚੀਮਾ ਦੇ ਅਹੁਦਾ ਸੰਭਾਲਣ ਮੌਕੇ ਵਿਸੇਸ ਤੌਰ ਤੇ ਪਹੁੰਚੇ ਹਲਕਾ ਮਾਲੇਰਕੋਟਲਾ ਦੇ ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਤੇ ਪ੍ਰਧਾਨ ਬਣਨ ਤੇ ਵਧਾਈ ਦਿੱਤੀ।ਚਰਨਜੀਤ ਸਿੰਘ ਚੀਮਾ ਨੇ ਆਪਣੀ ਨਿਯੁਕਤੀ ਤੇ ਖੁਸ਼ੀ ਜਾਹਿਰ ਕਰਦੇ ਹੋਏ ਕਿਹਾ ਕਿ ਵਿਧਾਇਕ ਡਾ. ਜਮੀਲ ਉਰ ਰਹਿਮਾਨ ਦਾ ਧੰਨਵਾਦ ਕੀਤਾ ਅਤੇ ਉਨ੍ਹਾਂ ਵਲੋਂ ਦਿੱਤੀ ਗਈ ਇਸ ਜਿੰਮੇਵਾਰੀ ਨੂੰ ਉਹ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾ ਕੇ ਪਾਰਟੀ ਦੀ ਚੜ੍ਹਦੀ ਕਲਾ ਲਈ ਕੰਮ ਕਰਨਗੇ। ਚਰਨਜੀਤ ਸਿੰਘ ਚੰਨਾ ਨੇ ਕਿਹਾ ਕਿ ਟਰੱਕ ਉਪਰੇਟਰਾਂ ਦੀ ਬਿਹਤਰੀ ਲਈ ਉਹ ਕੰਮ ਕਰਨਗੇ ਅਤੇ ਟਰੱਕ ਉਪਰੇਟਰਾਂ ਨੂੰ ਆਉਣ ਵਾਲੇ ਸਮੇਂ ਵਿਚ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਮੈਡਮ ਫਰਿਆਲ ਰਹਿਮਾਨ, ਏ.ਕੇ ਮੂਨਸ ਜਿਲ੍ਹਾ ਯੂਥ ਪ੍ਰਧਾਨ, ਚੇਅਰਮੈਨ ਸੰਤੋਖ ਸਿੰਘ ਦਸੌਧਾ ਸਿੰਘ ਵਾਲਾ, ਪੀ.ਏ ਗੁਰਮੁੱਖ ਸਿੰਘ ਖਾਨਪੁਰ,ਸਰਪੰਚ ਜੁਗਰਾਜ ਸਿੰਘ ਚੀਮਾ, ਡਾ. ਚਮਕੌਰ ਸਿੰਘ ਧਨੋਂ, ਸੁਖਦਰਸ਼ਨ ਸਿੰਘ ਮਿੱਠੇਵਾਲ, ਸਰਪੰਚ ਬਲਵੀਰ ਸਿੰਘ ਕਸਬਾ ਭੁਰਾਲ, ਸੁਖਦੇਵ ਸਿੰਘ ਚੀਮਾ, ਗੁਰਨਾਮ ਸਿੰਘ ਕਸਬਾ ਭੁਰਾਲ, ਜਰਨੈਲ ਸਿੰਘ ਬਿਸ਼ਨਗੜ੍ਹ, ਗੱਗੀ ਸੰਦੌੜ, ਹਰਮਨ ਧਲੇਰ ਖੁਰਦ, ਬਲਵੀਰ ਸਿੰਘ ਚੀਮਾ, ਅਬਦੁੱਲ ਸਕੂਰ, ਕੌਂਸਲਰ ਅਸਰਫ, ਅਸਲਮ ਭੱਟੀ ਆਦਿ ਆਗੂ ਹਾਜ਼ਰ ਸਨ।

## ਸੰਪਾਦਕੀ

# ਬੁਰੀਆਂ ਰਵਾਇਤਾਂ ਡੂੰਘੀਆਂ ਜੜ੍ਹਾਂ

ਇੱਕ ਸਮਾਜ ਨੂੰ ਸਿਰਫ਼ ਉਦੋਂ ਹੀ ਸੱਭਿਅਕ ਅਤੇ ਸੰਪੂਰਨ ਤੌਰ 'ਤੇ ਵਿਕਸਤ ਮੰਨਿਆ ਜਾਂਦਾ ਹੈ ਜਦੋਂ ਇਹ ਵਿਤਕਰੇ ਅਤੇ ਵਿਤਕਰੇ ਤੋਂ ਮੁਕਤ ਹੁੰਦਾ ਹੈ ਅਤੇ ਹਰ ਕੋਈ ਆਪਣਾ ਹਿੱਸਾ ਮਾਣਦਾ ਹੈ। ਹਾਲਾਂਕਿ, ਇਹ ਵਿਡੰਬਨਾ ਹੈ ਕਿ ਆਜ਼ਾਦੀ ਦੇ ਦਹਾਕਿਆਂ ਬਾਅਦ ਵੀ ਭਾਰਤੀ ਸਮਾਜ ਵਿੱਚ ਅਜਿਹੀਆਂ ਬੁਰੀਆਂ ਪ੍ਰਥਾਵਾਂ ਡੂੰਘੀਆਂ ਜੜ੍ਹਾਂ ਜਮਾਈ ਬੈਠੀਆਂ ਹਨ, ਜਿੱਥੇ ਔਰਤਾਂ ਨੂੰ ਘੱਟ ਸਮਝਿਆ ਜਾਂਦਾ ਹੈ ਅਤੇ ਪੁਰਸ਼-ਪ੍ਰਧਾਨ ਮਾਨਸਿਕਤਾ ਕਾਰਨ ਸਰੀਰਕ ਅਤੇ ਮਾਨਸਿਕ ਸ਼ੋਸ਼ਣ ਦਾ ਸ਼ਿਕਾਰ ਬਣਾਇਆ ਜਾਂਦਾ ਹੈ। ਦਾਜ ਪ੍ਰਥਾ ਇੱਕ ਅਜਿਹਾ ਪ੍ਰਥਾ ਹੈ ਜਿਸ 'ਤੇ ਸਖ਼ਤ ਕਾਨੂੰਨਾਂ ਦੇ ਬਾਵਜੂਦ, ਰੋਕ ਨਹੀਂ ਲਗਾਈ ਜਾਂਦੀ। ਦਾਜ ਲਈ ਪਰੇਸ਼ਾਨੀ ਜਾਂ ਕਤਲ ਦੀਆਂ ਘਟਨਾਵਾਂ ਅਕਸਰ ਹੁੰਦੀਆਂ ਰਹਿੰਦੀਆਂ ਹਨ। ਅਜਿਹੇ ਹੀ ਇੱਕ ਮਾਮਲੇ ਵਿੱਚ ਸੁਪਰੀਮ ਕੋਰਟ ਨੇ ਸ਼ੁੱਕਰਵਾਰ ਨੂੰ ਇੱਕ ਸਖ਼ਤ ਟਿੱਪਣੀ ਜਾਰੀ ਕਰਦਿਆਂ ਕਿਹਾ ਕਿ ਜਦੋਂ ਕਿਸੇ ਕੁੜੀ ਦੇ ਪਰਿਵਾਰ ਤੋਂ ਤੋਹਫ਼ਿਆਂ ਦੇ ਨਾਮ 'ਤੇ ਵੱਡੀ ਰਕਮ ਲਈ ਜਾਂਦੀ ਹੈ, ਤਾਂ ਉਨ੍ਹਾਂ ਨੂੰ ਭਿਖਾਰੀ ਕਿਹਾ ਜਾਂਦਾ ਹੈ। ਇਹ ਸਥਿਤੀ ਬਹੁਤ ਸ਼ਰਮਨਾਕ ਹੈ। ਸੁਪਰੀਮ ਕੋਰਟ ਨੇ ਸਪੱਸ਼ਟ ਤੌਰ 'ਤੇ ਕਿਹਾ ਕਿ ਸਮਾਜ ਨੂੰ ਇਹ ਸੁਨੇਹਾ ਭੇਜਿਆ ਜਾਣਾ ਚਾਹੀਦਾ ਹੈ ਕਿ ਨੂੰਹ ਅਤੇ ਉਸਦੇ ਪਰਿਵਾਰ ਨੂੰ ਦਾਜ ਲਈ ਪਰੇਸ਼ਾਨ ਕਰਨਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਸਵਾਲ ਇਹ ਹੈ ਕਿ ਜਦੋਂ ਦੇਸ਼ ਵਿੱਚ ਦਾਜ ਵਿਰੁੱਧ ਸਖ਼ਤ ਕਾਨੂੰਨੀ ਪ੍ਰਬੰਧ ਮੌਜੂਦ ਹਨ ਤਾਂ ਇਸ ਬੁਰਾਈ ਪ੍ਰਥਾ ਨੂੰ ਅਜੇ ਵੀ ਕਿਉਂ ਨਹੀਂ ਰੋਕਿਆ ਜਾ ਸਕਿਆ? ਸਪੱਸ਼ਟ ਤੌਰ 'ਤੇ, ਇਹ ਸਾਡੇ ਸ਼ਾਸਨ ਅਤੇ ਸਮਾਜਿਕ ਪ੍ਰਣਾਲੀ ਵਿੱਚ ਖਾਮੀਆਂ ਦਾ ਨਤੀਜਾ ਹੈ, ਜਿਸ ਦੇ ਨਤੀਜੇ ਔਰਤਾਂ ਅਤੇ ਉਨ੍ਹਾਂ ਦੇ ਪਰਿਵਾਰ ਭੁਗਤਦੇ ਹਨ। ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੇ ਅੰਕੜਿਆਂ ਅਨੁਸਾਰ, 2017 ਵਿੱਚ ਦੇਸ਼ ਵਿੱਚ ਦਾਜ ਕਾਰਨ ਮੌਤਾਂ ਦੇ 7,466 ਮਾਮਲੇ ਦਰਜ ਕੀਤੇ ਗਏ ਸਨ, ਜਦੋਂ ਕਿ 2024 ਵਿੱਚ 5,737 ਅਜਿਹੇ ਮਾਮਲੇ ਦਰਜ ਕੀਤੇ ਗਏ ਸਨ। ਇਸੇ ਤਰ੍ਹਾਂ, 2023 ਵਿੱਚ ਦਾਜ ਕਾਰਨ ਹੋਣ ਵਾਲੀਆਂ ਮੌਤਾਂ ਦੇ 15,000 ਤੋਂ ਵੱਧ ਮਾਮਲੇ ਦਰਜ ਕੀਤੇ ਗਏ ਸਨ। ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੇ ਅਨੁਸਾਰ, 2024 ਵਿੱਚ ਦਾਜ ਕਾਰਨ ਹੋਣ ਵਾਲੀਆਂ ਮੌਤਾਂ ਦੇ 5,737 ਮਾਮਲੇ ਦਰਜ ਕੀਤੇ ਗਏ ਸਨ। ਇਸਦਾ ਮਤਲਬ ਹੈ ਕਿ ਅਸਲ ਸਥਿਤੀ ਅਜੇ ਵੀ ਭਿਆਨਕ ਹੈ। ਇਹ ਇਸ ਲਈ ਹੈ ਕਿਉਂਕਿ ਬਹੁਤ ਸਾਰੇ ਮਾਮਲਿਆਂ ਵਿੱਚ, ਔਰਤਾਂ ਨੂੰ ਮਾਨਸਿਕ ਅਤੇ ਸਰੀਰਕ ਤਸੀਹੇ ਦਾ ਸਾਹਮਣਾ ਕਰਨਾ ਪੈਂਦਾ ਹੈ, ਪਰ ਸਮਾਜਿਕ ਦਬਾਅ, ਪਰਿਵਾਰਕ ਕਲੰਕ ਅਤੇ ਜਾਗਰੂਕਤਾ ਦੀ ਘਾਟ ਕਾਰਨ, ਉਹ ਪੁਲਿਸ ਵਿਚ ਸ਼ਿਕਾਇਤ ਦਰਜ ਕਰਨ ਵਿੱਚ ਅਸਮਰੱਥ ਹੁੰਦੀਆਂ ਹਨ। ਇਸ ਵਿੱਚ ਕੋਈ ਸ਼ੱਕ ਨਹੀਂ ਹੈ ਕਿ ਦਾਜ ਪ੍ਰਥਾ ਨੂੰ ਖਤਮ ਕਰਨ ਲਈ ਕਾਨੂੰਨੀ ਅਤੇ ਸਮਾਜਿਕ ਦੋਵਾਂ ਮੋਰਚਿਆਂ 'ਤੇ ਗੰਭੀਰ ਕਾਰਵਾਈ ਦੀ ਲੋੜ ਹੈ। ਜਦੋਂ ਤੱਕ ਸਮਾਜਿਕ ਸੋਚ ਨਹੀਂ ਬਦਲਦੀ ਅਤੇ ਔਰਤਾਂ ਨੂੰ ਉਨ੍ਹਾਂ ਦੇ ਅਧਿਕਾਰਾਂ ਪ੍ਰਤੀ ਵਿਆਪਕ ਤੌਰ 'ਤੇ ਜਾਗਰੂਕ ਨਹੀਂ ਕੀਤਾ ਜਾਂਦਾ, ਕਾਨੂੰਨ ਬਣਾਉਣ ਦਾ ਉਦੇਸ਼ ਅਤੇ ਇਸਦਾ ਪ੍ਰਭਾਵਸ਼ਾਲੀ ਲਾਗੂਕਰਨ ਅਧੂਰਾ ਰਹੇਗਾ। ਸੁਪਰੀਮ ਕੋਰਟ ਨੇ ਇਹ ਵੀ ਸਪੱਸ਼ਟ ਤੌਰ 'ਤੇ ਕਿਹਾ ਹੈ ਕਿ ਮਰਦ ਬਾਅਦ ਵਿੱਚ ਲੜਕੀ ਅਤੇ ਉਸਦੇ ਪਰਿਵਾਰ ਨੂੰ ਅਪਮਾਨਿਤ ਕਰਨ ਲਈ ਵਿਆਹ ਕਿਉਂ ਕਰਦੇ ਹਨ। ਦਾਜ ਲਈ ਮਾਨਸਿਕ ਅਤੇ ਵਿੱਤੀ ਦਬਾਅ ਪਾਉਣਾ ਇੱਕ ਗੰਭੀਰ ਅਪਰਾਧ ਹੈ ਅਤੇ ਅਜਿਹੇ ਮਾਮਲਿਆਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਣਾ ਚਾਹੀਦਾ ਹੈ। ਇਹ ਅਜੀਬ ਹੈ ਕਿ ਦਾਜ ਲਈ ਪਰੇਸ਼ਾਨੀ ਨੂੰ ਸਮਾਜ ਵਿੱਚ ਇੱਕ ਆਮ ਘਟਨਾ ਮੰਨਿਆ ਜਾਂਦਾ ਹੈ, ਇਸੇ ਕਰਕੇ ਪੁਲਿਸ ਅਕਸਰ ਪੀੜਤ ਦੀ ਸ਼ਿਕਾਇਤ ਦਰਜ ਕਰਨ ਦੀ ਬਜਾਏ ਦੋਵਾਂ ਧਿਰਾਂ ਵਿਚਕਾਰ ਸੁਲ੍ਹਾ ਨੂੰ ਤਰਜੀਹ ਦਿੰਦੀ ਹੈ। ਇਸ ਲਈ, ਹਰ ਪੱਧਰ 'ਤੇ ਦਾਜ ਨਾਲ ਸਬੰਧਤ ਮਾਮਲਿਆਂ ਨੂੰ ਗੰਭੀਰਤਾ ਨਾਲ ਲੈਣ ਅਤੇ ਸਰਕਾਰ ਦੀ ਜਾਂਚ ਪ੍ਰਣਾਲੀ ਵਿੱਚ ਖਾਮੀਆਂ ਨੂੰ ਦੂਰ ਕਰਨ ਦੀ ਲੋੜ ਹੈ, ਜਿਸ ਨਾਲ ਇਸਨੂੰ ਸੰਵੇਦਨਸ਼ੀਲ ਅਤੇ ਜਵਾਬਦੇਹ ਬਣਾਇਆ ਜਾ ਸਕੇ। ਨਿੱਕੀ ਭਾਟੀ ਕਤਲ ਕਾਂਡ ਨੇ ਦੇਸ਼ ਭਰ ਵਿੱਚ ਮਹੱਤਵਪੂਰਨ ਸੁਰਖੀਆਂ ਬਟੋਰੀਆਂ। ਨੋਇਡਾ ਦੀ ਇੱਕ ਕੁੜੀ ਨੂੰ ਜਿਸ ਬੇਰਹਿਮੀ ਨਾਲ ਦਾਜ ਲਈ ਕਥਿਤ ਤੌਰ 'ਤੇ ਕਤਲ ਕੀਤਾ ਗਿਆ ਸੀ, ਉਸ ਨੇ ਸਾਰਿਆਂ ਨੂੰ ਹੈਰਾਨ ਕਰ ਦਿੱਤਾ। ਹਾਲਾਂਕਿ, ਨੌਂ ਮਹੀਨਿਆਂ ਬਾਅਦ, ਮ੍ਰਿਤਕ ਦੇ ਪਰਿਵਾਰ ਨੇ ਇੱਕ ਵੱਡਾ ਯੂ-ਟਰਨ ਲੈ ਲਿਆ ਹੈ, ਜਿਸ ਨਾਲ ਜਾਂਚ ਦੀ ਦਿਸ਼ਾ ਬਦਲ ਗਈ ਹੈ। ਮ੍ਰਿਤਕ ਦੀ ਭੈਣ, ਜੋ ਮੌਕੇ 'ਤੇ ਮੌਜੂਦ ਸੀ, ਦੇ ਬਿਆਨ ਵੀ ਅਸੰਗਤ ਹੋ ਗਏ ਹਨ।

**-ਜਗਜੀਤ ਸਿੰਘ ਦਰਦੀ**

# ਪੰਜਾਬ ਵਿੱਚ ਸਿਆਸੀ ਬਦਲਾਖੋਰੀ ਅਤੇ ਬਦਲਦਾ ਰਾਜਨੀਤਿਕ ਮਾਹੌਲ

## ਭ੍ਰਿਸ਼ਟਾਚਾਰ ਬੇਰੁਜ਼ਗਾਰੀ ਨਸ਼ੇ ਤੇ ਲੋਕਾਂ ਦਾ ਵਿਵਹਾਰ ਬਦਲਦੇ ਰਾਜਨੀਤਿਕ ਦੌਰ ਦੀ ਝਲਕ



ਪ੍ਰੋ. ਡਾ. ਕ੍ਰਿਸ਼ਨ ਕੁਮਾਰ ਰੱਤੂ
ਮੋ: 9478730156
ਉੱਘੇ ਲੇਖਕ ਤੇ ਮੀਡੀਆ ਵਿਸ਼ਲੇਸ਼ਕ

ਅੱਜ ਪੰਜਾਬ ਲਗਾਤਾਰ ਸਿਆਸੀ ਤਣਾਅ ਤੇ ਸਿਆਸੀ ਬਦਲਾਖੋਰੀ ਦੇ ਮਨੋਵਿਗਿਆਨਕ ਸੰਕਟ 'ਚੋਂ ਲੰਘ ਰਿਹਾ ਹੈ। ਪੰਜਾਬ ਵਿੱਚ ਇਸ ਵੇਲੇ ਇੱਕ ਅਜਿਹਾ ਸਿਆਸੀ ਮਾਹੌਲ ਬਣ ਗਿਆ ਹੈ ਜੋ ਪਹਿਲਾਂ ਕਦੀ ਨਹੀਂ ਦੇਖਿਆ ਗਿਆ। ਬਦਲਾਖੋਰੀ (ਟਰਨਕੋਟਿਜ਼ਮ), ਰਾਜਨੀਤਿਕ ਬਦਲਾ, ਅਫਸਰਸ਼ਾਹੀ ਵਿੱਚ ਭ੍ਰਿਸ਼ਟਾਚਾਰ, ਪੁਲਿਸ ਦੀ ਰਾਜਨੀਤੀਕਰਨ ਅਤੇ ਸਮਾਜਕ ਰਿਸ਼ਤਿਆਂ ਵਿੱਚ ਵਧਦੀਆਂ ਦਰਾਰਾਂ ਇਸ ਮਾਹੌਲ ਦੀਆਂ ਮੁੱਖ ਵਿਸ਼ੇਸ਼ਤਾਵਾਂ ਬਣ ਗਈਆਂ ਹਨ। ਅੱਜ ਵਿਚਾਰਧਾਰਾ ਅਤੇ ਪਾਰਟੀਆਂ ਵੱਖ-ਵੱਖ ਹੋ ਸਕਦੀਆਂ ਹਨ, ਪਰ ਇਸ ਵਾਰ ਰਿਸ਼ਤੇ ਅਤੇ ਸਮਾਜਕ ਸਾਂਝ ਖਤਰੇ ਵਿੱਚ ਹਨ। ਅੱਜ ਇਹਨਾਂ ਸਾਰੇ ਮੁੱਦਿਆਂ ਉੱਤੇ ਡੂੰਘਾਈ ਨਾਲ ਵਿਚਾਰ ਕਰਦਿਆਂ ਇਹ ਦਿਖਾਈ ਦੇ ਰਿਹਾ ਹੈ ਕਿ ਕਿਸਾਨਾਂ ਦੇ ਮਸਲੇ, ਬੰਦੀ ਸਿੰਘਾਂ ਦੀ ਰਿਹਾਈ, ਸਰਕਾਰੀ ਫੈਸਲਿਆਂ ਦੀ ਅਪ੍ਰਸੰਗਿਕਤਾ, ਪੁਲਿਸ ਤ੍ਰਾਸ, ਰਾਜਨੀਤਿਕ ਪਾਰਟੀਆਂ ਦਾ ਵਿਵਹਾਰ, 2027 ਚੋਣਾਂ ਉੱਤੇ ਅਸਰ, ਸਿਆਸੀ ਬਦਲੇ ਦੀਆਂ ਹੱਦਾਂ, ਸਮਾਜ ਅਤੇ ਸੱਤਾ ਉੱਤੇ ਮਨੋਵਿਗਿਆਨਿਕ ਪ੍ਰਭਾਵ ਅਤੇ ਫੋਟੋਆਂ ਵਾਲੀ ਸ਼ਤਰੰਜ (ਇਮੇਜ ਪਾਲਿਟਿਕਸ) ਵਿਚ ਇਸ ਨਵੀਂ ਸੋਚ ਦਾ ਉਭਾਰ ਅਤੇ ਇਸ ਦੇ ਨਾਲ ਪੰਜਾਬ ਅਲੱਗ ਤਰ੍ਹਾਂ ਦੇ ਮਾਨਸਿਕਤਾ 'ਚੋਂ ਗੁਜ਼ਰ ਰਿਹਾ ਹੈ।

ਅੱਜ ਬਦਲਾਖੋਰੀ ਦਾ ਨਵਾਂ ਤੂਫਾਨ 2022 ਵਿਧਾਨ ਸਭਾ ਚੋਣਾਂ ਵਿਚ ਆਮ ਆਦਮੀ ਪਾਰਟੀ (ਆਪ) ਦੀ ਭਰਪੂਰ ਜਿੱਤ ਤੋਂ ਬਾਅਦ ਪੰਜਾਬੀ ਰਾਜਨੀਤੀ ਵਿਚ ਇੱਕ ਨਵੀਂ ਤਾਕਤ ਵਜੋਂ ਉਭਰੀ। ਆਪ ਹੁਣ ਆਪਣੇ ਆਪ ਵਿਚ ਇੱਕ ਵੱਡੀ ਤਬਾਹੀ ਦਾ ਸਾਹਮਣਾ ਕਰ ਰਹੀ ਹੈ। ਅਪ੍ਰੈਲ 2026 ਵਿਚ ਸੱਤ ਰਾਜ ਸਭਾ ਮੈਂਬਰਾਂ (ਜਿਨ੍ਹਾਂ ਵਿਚ ਛੇ ਪੰਜਾਬ ਨਾਲ ਸਬੰਧਤ) ਦਾ ਭਾਜਪਾ ਵਿਚ ਜਾਣਾ ਇੱਕ ਵੱਡਾ ਝਟਕਾ ਸੀ। ਰਾਘਵ ਚੱਢਾ, ਸੰਦੀਪ ਪਾਠਕ, ਅਸ਼ੋਕ ਮਿੱਤਲ ਵਰਗੇ ਆਗੂਆਂ ਦੀ ਤਬਦੀਲੀ ਨੇ ਆਪ ਨੂੰ ਰਾਜ ਸਭਾ ਵਿਚ ਤਗੜਾ ਨੁਕਸਾਨ ਪਹੁੰਚਾਇਆ। ਇਹ ਸਿਰਫ਼ ਵਿਅਕਤੀਗਤ ਫੈਸਲੇ ਨਹੀਂ ਸਨ ਇਹ ਸੱਤਾ, ਸੁਰੱਖਿਆ ਅਤੇ ਭਵਿੱਖੀ ਗਠਜੋੜ ਦੀ ਰਾਜਨੀਤੀ ਸੀ।

ਇਹ ਪਹਿਲਾਂ ਅਕਾਲੀ ਦਲ ਅਤੇ ਕਾਂਗਰਸ ਵਿਚਾਲੇ ਬਦਲਾਖੋਰੀ ਆਮ ਸੀ, ਪਰ ਆਪ ਆਉਣ ਤੋਂ ਬਾਅਦ ਇਹ ਤਿੰਨ-ਚਾਰ ਧਿਰਾਂ ਵਿਚਾਲੇ ਫੈਲ ਗਈ ਹੈ। ਇਸ ਨਾਲ ਰਾਜਨੀਤੀ ਵਿਚ ਵਿਚਾਰਧਾਰਾ ਤੋਂ ਵੱਧ ਸੱਤਾ ਬਚਾਉਣ ਅਤੇ ਵਿਰੋਧੀ ਨੂੰ ਖਤਮ ਕਰਨ ਵਾਲੀ ਸੋਚ ਹਾਵੀ ਹੋ ਗਈ ਹੈ। ਆਪ ਵੱਲੋਂ ਇਸ ਨੂੰ "ਗਦਾਰੀ" ਆਖਿਆ ਜਾ ਰਿਹਾ ਹੈ, ਜਦਕਿ ਵਿਰੋਧੀ ਇਸ ਨੂੰ ਆਪ ਦੀ "ਡੁੱਬਦੀ ਕਿਸ਼ਤੀ" ਛੱਡਣ ਵਜੋਂ ਪੇਸ਼ ਕਰ ਰਹੇ ਹਨ। ਇਸ ਬਦਲਾਖੋਰੀ ਨੇ ਸਮਾਜਕ ਰਿਸ਼ਤਿਆਂ ਨੂੰ ਵੀ ਤੋੜਿਆ ਹੈ। ਪਰਿਵਾਰਾਂ, ਰਿਸ਼ਤੇਦਾਰੀਆਂ ਅਤੇ ਪਿੰਡੀ ਭਾਈਚਾਰਿਆਂ ਵਿਚ ਰਾਜਨੀਤਿਕ ਵੰਡ ਵਧ ਗਈ ਹੈ। ਪਹਿਲਾਂ ਵਿਚਾਰਧਾਰਾ ਉੱਤੇ ਬਹਿਸ ਹੁੰਦੀ ਸੀ, ਹੁਣ ਨਿੱਜੀ ਰਿਸ਼ਤੇ ਟੁੱਟ ਰਹੇ ਹਨ।

ਅੱਜ ਇਹ ਪੰਜਾਬੀ ਸਮਾਜ ਦੀਆਂ ਜੜ੍ਹਾਂ ਨੂੰ ਖੋਖਲਾ ਕਰ ਰਿਹਾ ਹੈ। ਸਮਾਜ ਵਿਗਿਆਨੀਆਂ ਅਨੁਸਾਰ ਇਸ ਤਰ੍ਹਾਂ ਦੀ ਬਦਲਾਖੋਰੀ ਲੋਕਾਂ ਵਿਚ ਰਾਜਨੀਤੀ ਪ੍ਰਤੀ ਵਿਸ਼ਵਾਸ ਘਟਾਉਂਦੀ ਹੈ ਅਤੇ ਸਾਇਬਰਨੈਟਿਕ (ਸੋਸ਼ਲ ਮੀਡੀਆ) ਧਰੁਵੀਕਰਨ ਨੂੰ ਵਧਾਉਂਦੀ ਹੈ। ਅਫਸਰਸ਼ਾਹੀ ਵਿਚ ਭ੍ਰਿਸ਼ਟਾਚਾਰ ਅਤੇ ਸਰਕਾਰੀ ਫੈਸਲੇ ਪੰਜਾਬ ਵਿਚ ਅਫਸਰਸ਼ਾਹੀ ਵਿਚ ਭ੍ਰਿਸ਼ਟਾਚਾਰ ਦਾ ਬੋਲਬਾਲਾ ਇੱਕ ਵੱਡੀ ਸਮੱਸਿਆ ਬਣੀ ਹੋਈ ਹੈ।

ਅੱਜ ਆਪ ਸਰਕਾਰ ਨੇ ਐਂਟੀ-ਕਰੱਪਸ਼ਨ ਐਕਸ਼ਨ ਲਾਈਨ ਚਲਾਈ ਅਤੇ ਹਜ਼ਾਰਾਂ ਨੌਕਰੀਆਂ ਮੈਰਿਟ ਉੱਤੇ ਦੇਣ ਦਾ ਦਾਅਵਾ ਕੀਤਾ (65,000 ਤੋਂ ਵੱਧ ਰੈਗੂਲਰਾਈਜ਼ੇਸ਼ਨ), ਪਰ ਵਿਰੋਧੀ ਧਿਰ ਇਸ ਨੂੰ ਚੋਣੀ ਭ੍ਰਿਸ਼ਟਾਚਾਰ ਆਖ ਰਹੀ ਹੈ। ਸੀਬੀਆਈ ਛਾਪਿਆਂ, ਵਿਜੀਲੈਂਸ ਰੇਡਾਂ ਅਤੇ ਈਡੀ ਕਾਰਵਾਈਆਂ ਨੇ ਅਫਸਰਾਂ ਵਿਚ ਡਰ ਅਤੇ ਅਸਥਿਰਤਾ ਪੈਦਾ ਕਰ ਦਿੱਤੀ ਹੈ। ਪੁਲਿਸ ਅਤੇ ਬਿਊਰੋਕ੍ਰੇਸੀ ਉੱਤੇ ਰਾਜਨੀਤੀਕਰਨ ਦੇ ਇਲਜ਼ਾਮ ਲੱਗ ਰਹੇ ਹਨ। ਵਿਰੋਧੀ ਆਗੂ ਆਖ ਰਹੇ ਹਨ ਕਿ ਪੁਲਿਸ ਨੂੰ ਵਿਰੋਧੀਆਂ ਖਿਲਾਫ ਵਰਤਿਆ ਜਾ ਰਿਹਾ ਹੈ, ਜਦਕਿ ਸਰਕਾਰ ਇਸ ਨੂੰ ਭ੍ਰਿਸ਼ਟਾਚਾਰ ਵਿਰੋਧੀ ਮੁਹਿੰਮ ਆਖ ਰਹੀ ਹੈ। ਇਸ ਨਾਲ ਆਮ ਆਦਮੀ ਦਾ ਭਰੋਸਾ ਘੱਟ ਰਿਹਾ ਹੈ ਅਤੇ ਰਾਜਨੀਤਿਕ ਪਾਰਟੀਆਂ ਦਾ ਵਕਾਰ ਖਤਮ ਹੋ ਰਿਹਾ ਹੈ।

ਅੱਜ ਕਈ ਸਰਕਾਰੀ ਫੈਸਲੇ ਬਹੁ ਗਿਣਤੀ ਲੋਕਾਂ ਨੂੰ ਰਾਸ ਨਹੀਂ ਆ ਰਹੇ। ਬਿਜਲੀ ਬਿਲ, ਖੇਤੀ ਨੀਤੀਆਂ ਅਤੇ ਆਰਥਿਕ ਮੁੱਦਿਆਂ ਉੱਤੇ ਅਸੰਤੋਸ਼ ਵਧ ਰਿਹਾ ਹੈ। ਪੰਜਾਬ ਦਾ ਵਧਦਾ ਕਰਜ਼ਾ (4 ਲੱਖ ਕਰੋੜ ਤੋਂ ਵੱਧ) ਅਤੇ ਬੇਰੁਜ਼ਗਾਰੀ ਵੀ ਵੱਡੇ ਮੁੱਦੇ ਹਨ। ਕਿਸਾਨਾਂ ਦਾ ਮਸਲਾ ਅਤੇ ਬੰਦੀ ਸਿੰਘਾਂ ਦੀ ਰਿਹਾਈ ਕਿਸਾਨ ਲਗਾਤਾਰ ਧਰਨੇ, ਟ੍ਰੈਕਟਰ ਮਾਰਚ ਅਤੇ ਬੰਦ ਕਰਵਾ ਰਹੇ ਹਨ। ਐੱਮਐੱਸਪੀ ਦੀ ਕਾਨੂੰਨੀ ਗਾਰੰਟੀ, ਬਿਜਲੀ ਬਿਲ ਵਾਪਸੀ, ਨਦੀਆਂ ਦੇ ਪਾਣੀਆਂ ਦਾ ਮਸਲਾ ਅਤੇ ਫਸਲ ਵਿਭਿੰਨਤਾ ਉੱਤੇ ਗੱਲਬਾਤ ਨਾ ਹੋਣ ਕਾਰਨ ਅਸੰਤੋਸ਼ ਵਧ ਰਿਹਾ ਹੈ।

ਹੁਣ ਇਹ ਮਸਲੇ ਪੰਜਾਬ ਦੀ ਖੇਤੀ ਆਰਥਿਕਤਾ ਅਤੇ ਗ੍ਰਾਮੀਣ ਲੋਕਾਂ ਦੀ ਜੀਵਨ ਰੀਤ ਨਾਲ ਜੁੜੇ ਹੋਏ ਹਨ। ਬੰਦੀ ਸਿੰਘਾਂ ਦੀ ਰਿਹਾਈ ਇੱਕ ਭਾਵਨਾਤਮਕ ਅਤੇ ਧਾਰਮਿਕ ਮੁੱਦਾ ਹੈ। ਹਵਾਰਾ ਕਲਾਂ ਵਰਗੀਆਂ ਇਕੱਠਾਂ ਵਿਚ ਇਸ ਮੁੱਦੇ ਉੱਤੇ ਤਾਕੀਦ ਕੀਤੀ ਜਾ ਰਹੀ ਹੈ। ਇਸ ਨਾਲ ਸਿੱਖ ਭਾਵਨਾਵਾਂ ਜੁੜੀਆਂ ਹੋਈਆਂ ਹਨ ਅਤੇ ਰਾਜਨੀਤਿਕ ਪਾਰਟੀਆਂ ਇਸ ਉੱਤੇ ਚੁੱਪ ਰਹਿਣ ਜਾਂ ਟਾਲ-ਮਟੋਲ ਕਰਨ ਕਾਰਨ ਲੋਕਾਂ ਵਿਚ ਗੁੱਸਾ ਵਧ ਰਿਹਾ ਹੈ।

ਅੱਜ ਇਹ ਮਸਲਾ 2027 ਚੋਣਾਂ ਵਿਚ ਵੱਡਾ ਟਰਨਿੰਗ ਪੁਆਇੰਟ ਬਣ ਸਕਦਾ ਹੈ। ਪੁਲਿਸ ਉੱਤੇ ਰਾਜਨੀਤੀਕਰਨ ਦੇ ਇਲਜ਼ਾਮ ਲੱਗ ਰਹੇ ਹਨ। ਵਿਰੋਧੀ ਆਗੂ ਆਖ ਰਹੇ ਹਨ ਕਿ ਪੁਲਿਸ ਵਿਰੋਧੀਆਂ ਖਿਲਾਫ ਵਰਤੀ ਜਾ ਰਹੀ ਹੈ, ਜਿਸ ਨਾਲ ਆਮ ਆਦਮੀ ਵਿਚ ਡਰ ਅਤੇ ਰੋਸ ਵਧ ਰਿਹਾ ਹੈ। ਇਸ ਨਾਲ ਰਾਜਨੀਤਿਕ ਪਾਰਟੀਆਂ ਦਾ ਵਕਾਰ ਖਤਮ ਹੋ ਰਿਹਾ ਹੈ। ਲੋਕ ਰਾਜਨੀਤੀ ਨੂੰ ਇੱਕ ਗੰਦਾ ਖੇਡ ਆਖਣ ਲੱਗੇ ਹਨ। 2027 ਚੋਣਾਂ ਉੱਤੇ ਅਸਰ 2027 ਵਿਧਾਨ ਸਭਾ ਚੋਣਾਂ ਵਿਚ ਚਾਰ ਧਿਰਾਂ ਵਾਲਾ ਲੜਾਈ ਵਾਲਾ ਮਾਹੌਲ ਬਣ ਰਿਹਾ ਹੈ - ਆਪ, ਕਾਂਗਰਸ, ਅਕਾਲੀ ਦਲ ਅਤੇ ਭਾਜਪਾ।

ਅੱਜ ਬਦਲਾਖੋਰੀ, ਭ੍ਰਿਸ਼ਟਾਚਾਰ ਅਤੇ ਕਿਸਾਨਾਂ ਅਤੇ ਬੰਦੀ ਸਿੰਘ ਮੁੱਦੇ ਚੋਣਾਂ ਨੂੰ ਪ੍ਰਭਾਵਿਤ ਕਰਨਗੇ। ਕੁਝ ਸਰਵੇਖਣਾਂ ਵਿਚ ਕਾਂਗਰਸ ਅੱਗੇ ਦਿਖਾਈ ਦੇ ਰਹੀ ਹੈ, ਪਰ ਆਪ ਅਜੇ ਵੀ ਤਾਕਤਵਰ ਹੈ। ਭਾਜਪਾ ਸ਼ਹਿਰੀ ਖੇਤਰਾਂ ਵਿਚ ਵਧ ਰਹੀ ਹੈ। ਇੱਕ ਬਹੁ-ਕੋਣੀ ਲੜਾਈ ਵਿਚ ਕੋਈ ਸਪੱਸ਼ਟ ਮੈਂਡੇਟ ਨਾ ਬਣਨ ਦੀ ਸੰਭਾਵਨਾ ਹੈ, ਜਿਸ ਨਾਲ ਗਠਜੋੜ ਰਾਜਨੀਤੀ ਵਧੇਗੀ। ਸਿਆਸੀ ਬਦਲਾ ਅਕਸਰ ਕਿੱਥੇ ਤੱਕ ਜਾਵੇਗਾ? ਸਿਆਸੀ ਬਦਲਾ ਅਕਸਰ ਵਿਅਕਤੀਗਤ ਹੱਦ ਤੋਂ ਉੱਪਰ ਉਠ ਕੇ ਸੰਸਥਾਵਾਂ ਨੂੰ ਖਤਮ ਕਰਦਾ ਹੈ। ਇਹ ਅਫਸਰਸ਼ਾਹੀ, ਪੁਲਿਸ ਅਤੇ ਨਿਆਂ ਪ੍ਰਣਾਲੀ ਨੂੰ ਤੋੜਦਾ ਹੈ।

ਅੱਜ ਪੰਜਾਬ ਵਿਚ ਇਹ ਹੱਦ ਤੱਕ ਜਾ ਸਕਦਾ ਹੈ ਕਿ ਲੋਕ ਰਾਜਨੀਤੀ ਤੋਂ ਮੋਹ ਭੰਗ ਕਰ ਲੈਣ ਅਤੇ ਘਰੇਲੂ/ਧਾਰਮਿਕ ਲੀਡਰਸ਼ਿਪ ਵੱਲ ਝੁਕਾਅ ਵਧੇ। ਇਤਿਹਾਸ ਗਵਾਹ ਹੈ ਕਿ ਅਜਿਹੀ ਰਾਜਨੀਤੀ ਨੇ ਪੰਜਾਬ ਨੂੰ 80-90ਵਿਆਂ ਵਿਚ ਨੁਕਸਾਨ ਪਹੁੰਚਾਇਆ ਸੀ। ਸਮਾਜ ਅਤੇ ਸੱਤਾ ਉੱਤੇ ਮਨੋਵਿਗਿਆਨਿਕ ਅਸਰ: ਇਸ ਮਾਹੌਲ ਨੇ ਲੋਕਾਂ ਵਿਚ ਉਦਾਸੀਨਤਾ, ਗੁੱਸਾ ਅਤੇ ਧ੍ਰੁਵੀਕਰਨ ਪੈਦਾ ਕੀਤਾ ਹੈ। ਯੁਵਕ ਰੁਜ਼ਗਾਰ ਅਤੇ ਭਵਿੱਖ ਤੋਂ ਡਰਦੇ ਹਨ। ਸੱਤਾ ਵਿਚ ਬੈਠੇ ਲੋਕ ਬਚਾਅ ਵਾਲੀ ਮਾਨਸਿਕਤਾ ਵਿਚ ਆ ਗਏ ਹਨ, ਜਿਸ ਨਾਲ ਫੈਸਲੇ ਲੋਕ-ਹਿਤ ਤੋਂ ਦੂਰ ਹੋ ਰਹੇ ਹਨ। ਫੋਟੋਆਂ ਵਾਲੀ ਸ਼ਤਰੰਜ (ਸੋਸ਼ਲ ਮੀਡੀਆ ਪ੍ਰਚਾਰ) ਵਿਚ ਇਹ ਮਾਹੌਲ ਨਫਰਤ ਅਤੇ ਝੂਠੀਆਂ ਖਬਰਾਂ ਨੂੰ ਵਧਾਵਾ ਦੇ ਰਿਹਾ ਹੈ। ਲੋਕ ਤੱਥਾਂ ਤੋਂ ਵੱਧ ਭਾਵਨਾਵਾਂ ਉੱਤੇ ਵਿਸ਼ਵਾਸ ਕਰਨ ਲੱਗੇ ਹਨ।

ਅੱਜ ਇਹ ਨਵਾਂ ਮਾਹੌਲ ਇੱਕ ਖਤਰਨਾਕ ਸੋਚ ਪੈਦਾ ਕਰ ਰਿਹਾ ਹੈ - ਸਭ ਇੱਕੋ ਵਰਗੇ ਹਨ। ਇਸ ਨਾਲ ਲੋਕਤੰਤਰੀ ਭਾਗੀਦਾਰੀ ਘਟ ਸਕਦੀ ਹੈ ਅਤੇ ਘਰੇਲੂ ਤਾਕਤਾਂ ਵਧ ਸਕਦੀਆਂ ਹਨ। ਸਿੱਟਾ: ਪੰਜਾਬ ਵਿਚ ਇਹ ਨਵਾਂ ਮਾਹੌਲ ਇੱਕ ਚੇਤਾਵਨੀ ਹੈ। ਰਾਜਨੀਤੀ ਨੂੰ ਵਿਚਾਰਧਾਰਾ ਅਤੇ ਲੋਕ ਸੇਵਾ ਵੱਲ ਵਾਪਸ ਲਿਆਉਣਾ ਲਾਜ਼ਮੀ ਹੈ। ਅੱਜ ਬਦਲਾਖੋਰੀ, ਭ੍ਰਿਸ਼ਟਾਚਾਰ ਅਤੇ ਤ੍ਰਾਸਦੀ ਰਾਜਨੀਤੀ ਨਾਲ ਸੱਤਾ ਟਿਕ ਸਕਦੀ ਹੈ, ਪਰ ਸਮਾਜ ਖੋਖਲਾ ਹੋ ਜਾਵੇਗਾ। 2027 ਚੋਣਾਂ ਇੱਕ ਮੌਕਾ ਹਨ, ਜਿਸ ਵਿਚ ਲੋਕ ਆਪਣੀ ਆਵਾਜ਼ ਬੁਲੰਦ ਕਰ ਸਕਦੇ ਹਨ। ਫਿਲਹਾਲ ਲੋੜ ਹੈ ਡਾਇਲਾਗ, ਸਮਾਜਿਕ ਏਕਤਾ ਅਤੇ ਲੋਕ-ਕੇਂਦਰਿਤ ਰਾਜਨੀਤੀ ਦੀ। ਇਸ ਤੋਂ ਬਿਨਾਂ ਪੰਜਾਬ ਦਾ ਭਵਿੱਖ ਉੱਜੜ ਸਕਦਾ ਹੈ।

# ਤਖਤ ਸ੍ਰੀ ਹਜ਼ੂਰ ਸਾਹਿਬ ਵਿਖੇ ਦੁਕਾਨਾਂ ਤੋ ਸਿੱਖ ਸ਼ਸ਼ਤਰਾਂ ਨੂੰ ਜ਼ਬਤ ਕਰਨਾ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਨਫਰਤੀ ਵਰਤਾਰਾ



ਬਘੇਲ ਸਿੰਘ ਧਾਲੀਵਾਲ
99142-58142

ਤਖਤ ਸ੍ਰੀ ਹਜ਼ੂਰ ਸਾਹਿਬ ਦੇ ਨੇੜੇ ਸਿੱਖ ਕਕਾਰਾਂ ਅਤੇ ਸਿੱਖ ਸ਼ਸ਼ਤਰਾਂ ਦੀਆਂ ਦੁਕਾਨਾਂ ਅਤੇ ਸਟਾਲਾਂ ਤੋ ਸ਼ਸ਼ਤਰ ਜਬਤ ਕਰਨ ਦੀ ਮਹਾਰਸ਼ਟਰ ਸਰਕਾਰ ਦੀ ਕਾਰਵਾਈ ਨੇ ਸਿੱਖ ਮਨਾਂ ਨੂੰ ਡਾਹਢੀ ਸੱਟ ਮਾਰੀ ਹੈ। ਇੱਕ ਪਾਸੇ ਕੇਂਦਰ ਦੀ ਸੱਤਾਧਾਰੀ ਭਾਰਤੀ ਜਨਤਾ ਪਾਰਟੀ ਪੰਜਾਬ ਵਿੱਚ ਸੱਤਾ ਹਾਸਲ ਕਰਨ ਦੇ ਸੁਪਨੇ ਲੈ ਰਹੀ ਹੈ ਅਤੇ ਸਿੱਖਾਂ ਦੀ ਸਭ ਤੋਂ ਵੱਡੀ ਹਮਦਰਦ ਹੋਣ ਦੀਆਂ ਗੱਲਾਂ ਕਰਦੀ ਹੈ, ਪਰ ਦੂਜੇ ਪਾਸੇ ਅਜਿਹੇ ਵਰਤਾਰੇ ਵਾਪਰ ਰਹੇ ਹਨ, ਜਿਹੜੇ ਸਿੱਖਾਂ ਨੂੰ ਬੇਗਾਨਗੀ ਦਾ ਅਹਿਸਾਸ ਕਰਵਾਉਣ ਵਾਲੇ ਹਨ। ਸਿੱਖੀ ਵਿੱਚ ਸ਼ਸਤਰ ਕੋਈ ਸਧਾਰਨ ਵਸਤੂ ਨਹੀਂ, ਇਹ ਸਿੱਖ ਦੀ ਪਹਿਚਾਣ ਦਾ ਹਿੱਸਾ ਹਨ। ਇਹ ਜ਼ੁਲਮ ਦੇ ਖ਼ਿਲਾਫ਼ ਖੜ੍ਹਨ ਦਾ ਪ੍ਰਤੀਕ ਹਨ, ਇਹ ਧਰਮ ਦੀ ਰੱਖਿਆ ਦਾ ਸੰਕਲਪ ਹਨ ਅਤੇ ਇਹੀ ਕਾਰਨ ਹੈ ਕਿ ਜਦੋਂ ਨਾਂਦੇੜ ਵਿਖੇ ਤਖ਼ਤ ਸ੍ਰੀ ਹਜ਼ੂਰ ਸਾਹਿਬ ਦੇ ਆਲੇ-ਦੁਆਲੇ ਸ਼ਸਤਰਾਂ ਦੀਆਂ ਦੁਕਾਨਾਂ ਅਤੇ ਸਟਾਲਾਂ ਉੱਤੇ ਪੁਲਿਸ ਕਾਰਵਾਈ ਕਰਦੀ ਹੈ, ਹਜ਼ਾਰਾਂ ਸ਼ਸਤਰ ਜ਼ਬਤ ਕਰ ਲੈਂਦੀ ਹੈ ਅਤੇ ਦੁਕਾਨਦਾਰਾਂ ਖ਼ਿਲਾਫ਼ ਪਰਚੇ ਦਰਜ ਕਰਦੀ ਹੈ, ਤਾਂ ਸਿੱਖ ਮਹਿਸੂਸ ਕਰਦੇ ਹਨ ਕਿ ਉਹ ਇਸ ਦੇਸ਼ ਵਿੱਚ ਅਜ਼ਾਦ ਨਹੀਂ ਹਨ। ਸਿੱਖ ਇਸ ਵਰਤਾਰੇ ਨੂੰ ਮਹਿਜ਼ ਕਾਨੂੰਨੀ ਕਾਰਵਾਈ ਵਜੋਂ ਨਹੀਂ, ਬਲਕਿ ਆਪਣੀ ਧਾਰਮਿਕ ਅਜ਼ਾਦੀ ਉੱਤੇ ਹਮਲੇ ਵਜੋਂ ਦੇਖਦੇ ਹਨ। ਮੀਡੀਆ ਰਿਪੋਰਟਾਂ ਮੁਤਾਬਕ ਨਾਂਦੇੜ ਪੁਲਿਸ ਨੇ 4,796 ਧਾਰਦਾਰ ਸ਼ਸਤਰ ਜ਼ਬਤ ਕੀਤੇ, ਜਿਨ੍ਹਾਂ ਵਿੱਚ ਕਿਰਪਾਨਾਂ, ਖੰਡੇ, ਗੁਪਤੀਆਂ, ਕਟਾਰਾਂ ਅਤੇ ਹੋਰ ਪਰੰਪਰਾਗਤ ਸ਼ਸਤਰ ਸ਼ਾਮਲ ਹਨ। ਪੁਲਿਸ ਨੇ ਆਪਣੀ ਇਸ ਵਧੀਕੀ ਨੂੰ ਮਹਾਰਾਸ਼ਟਰ ਦੀ ਸਭ ਤੋਂ ਵੱਡੀ ਇਕ-ਦਿਨਾ ਸ਼ਸਤਰ ਜ਼ਬਤੀ ਕਾਰਵਾਈ ਕਹਿੰਦਿਆਂ ਇਸ ਕਾਰਵਾਈ ਨੂੰ ਵੱਡੀ ਪਰਾਪਤੀ ਵਜੋਂ ਦੱਸਿਆ ਜਾ ਰਿਹਾ ਹੈ ਅਤੇ ਹਥਿਆਰ ਐਕਟ ਤਹਿਤ ਮਾਮਲੇ ਦਰਜ ਕੀਤੇ ਗਏ ਹਨ। ਪਰ ਸਵਾਲ ਇਹ ਉੱਠਦਾ ਹੈ ਕਿ ਕੀ ਪ੍ਰਸ਼ਾਸਨ ਨੇ ਇਸ ਮਾਮਲੇ ਨੂੰ ਸਿੱਖ ਧਾਰਮਿਕ ਪਰੰਪਰਾਵਾਂ ਦੀ ਸੰਵੇਦਨਸ਼ੀਲਤਾ ਨੂੰ ਸਮਝਦੇ ਹੋਏ ਗੁਰਦੁਆਰਾ ਬੋਰਡ ਦੇ ਪ੍ਰਬੰਧਕਾਂ ਨਾਲ ਕੋਈ ਵਿਚਾਰ ਚਰਚਾ ਕੀਤੀ ਜਾਂ ਫਿਰ ਸਿੱਧੀ ਕਾਰਵਾਈ ਕਰਕੇ ਇੱਕ ਵਾਰ ਫਿਰ ਸਿੱਖਾਂ ਨੂੰ ਇਹ ਸੁਨੇਹਾ ਦਿੱਤਾ ਗਿਆ ਹੈ ਕਿ ਤੁਹਾਡੇ ਧਾਰਮਿਕ ਪ੍ਰਤੀਕ ਵੀ ਸਰਕਾਰੀ ਮਨਜ਼ੂਰੀ ਦੇ ਮੋਹਤਾਜ਼ ਹਨ। ਸਿੱਖ ਇਤਿਹਾਸ ਵਿੱਚ ਸ਼ਸਤਰਾਂ ਦੀ ਮਹੱਤਤਾ ਕਿਸੇ ਤੋਂ ਲੁਕੀ ਹੋਈ ਨਹੀਂ ਹੈ। ਕਲਗੀਧਰ ਦਸਮੇਸ਼ ਪਿਤਾ ਨੇ ਖਾਲਸਾ ਦੀ ਸਾਜਨਾ ਕਰਕੇ ਸਿੱਖ ਨੂੰ ਸਵੈ ਰੱਖਿਅਕ ਬਣਨ ਲਈ ਸ਼ਸਤਰਧਾਰੀ ਹੋਣ ਦੇ ਹੁਕਮ ਕੀਤੇ ਹਨ। ਕਿਰਪਾਨ ਖਾਲਸੇ ਦੇ ਪੰਜ ਕਕਾਰਾਂ ਵਿੱਚੋਂ ਇੱਕ ਅਹਿਮ ਕਕਾਰ ਹੈ। ਨਿਹੰਗ ਪਰੰਪਰਾ ਤੋਂ ਲੈ ਕੇ ਹਜ਼ੂਰ ਸਾਹਿਬ ਦੀ ਮਰਯਾਦਾ ਤੱਕ, ਸ਼ਸਤਰਾਂ ਦਾ ਵਿਸ਼ੇਸ਼ ਅਸਥਾਨ ਹੈ। ਸਿੱਖਾਂ ਦੇ ਹਰ ਇੱਕ ਗੁਰਦੁਆਰਾ ਸਾਹਿਬ ਵਿੱਚ ਸਸ਼ਤਰਾਂ ਨੂੰ ਪ੍ਰਕਾਸ਼ ਰੱਖਿਆ ਜਾਂਦਾ ਹੈ,ਪ੍ਰੰਤੂ ਹਜ਼ੂਰ ਸਾਹਿਬ ਨੰਦੇੜ (ਮਹਾਰਾਸ਼ਟਰ) ਵਿੱਚ ਖਾਸ ਕਰਕੇ ਸ਼ਸਤਰ ਪ੍ਰਕਾਸ਼ ਦੀ ਵਿਲੱਖਣ ਪਰੰਪਰਾ ਮੌਜੂਦ ਹੈ, ਜੋ ਸਿੱਖ ਵਿਰਾਸਤ ਦਾ ਅਹਿਮ ਅੰਗ ਮੰਨੀ ਜਾਂਦੀ ਹੈ। ਇਸੇ ਲਈ ਜਦੋਂ ਹਜ਼ੂਰ ਸਾਹਿਬ ਨੰਦੇੜ ਦੇ ਨੇੜੇ ਦਹਾਕਿਆਂ ਤੋਂ ਚੱਲ ਰਹੀਆਂ ਸ਼ਸਤਰਾਂ ਦੀਆਂ ਦੁਕਾਨਾਂ ਉੱਤੇ ਅਚਾਨਕ ਵੱਡੇ ਪੱਧਰ 'ਤੇ ਕਾਰਵਾਈ ਹੁੰਦੀ ਹੈ, ਤਾਂ ਸਿੱਖ ਮਨਾਂ ਵਿੱਚ ਸ਼ੱਕ ਪੈਦਾ ਹੋਣਾ ਸੁਭਾਵਿਕ ਹੈ। ਜੇਕਰ ਮਾਮਲਾ ਕਾਨੂੰਨੀ ਪ੍ਰਕਿਰਿਆ ਦਾ ਸੀ ਤਾਂ ਕੀ ਇਸਦਾ ਹੱਲ ਗੱਲਬਾਤ ਰਾਹੀਂ ਪ੍ਰਬੰਧਕਾਂ ਤੋਂ ਸਿੱਖ ਸਿਧਾਂਤਾਂ ਸਬੰਧੀ ਸਮਝ ਕੇ ਹੋ ਸਕਦਾ ਸੀ। ਜੇਕਰ ਪ੍ਰਸ਼ਾਸਨ ਚਾਹੁੰਦਾ ਤਾਂ ਤਖ਼ਤ ਸਾਹਿਬ ਦੇ ਪ੍ਰਬੰਧਕਾਂ, ਪੰਥਕ ਨੁਮਾਇੰਦਿਆਂ ਨਾਲ ਬੈਠ ਕੇ ਕੋਈ ਰਾਹ ਕੱਢਿਆ ਜਾ ਸਕਦਾ ਸੀ। ਪਰ ਜਦੋਂ ਸਿੱਧੇ ਛਾਪੇ, ਜ਼ਬਤੀਆਂ ਅਤੇ ਪਰਚਿਆਂ ਦਾ ਰਸਤਾ ਚੁਣਿਆ ਜਾਂਦਾ ਹੈ ਤਾਂ ਇਹ ਕੇਵਲ ਕਾਨੂੰਨ ਦੀ ਕਾਰਵਾਈ ਨਹੀਂ, ਸਗੋਂ ਇੱਕ ਮਨੋਵਿਗਿਆਨਕ ਸੰਦੇਸ਼ ਬਣ ਜਾਂਦਾ ਹੈ। ਅਜਿਹਾ ਸੰਦੇਸ਼ ਇਹ ਅਹਿਸਾਸ ਕਰਵਾਉਂਦਾ ਹੈ ਕਿ ਰਾਜ ਦੀ ਤਾਕਤ ਤੁਹਾਡੀ ਧਾਰਮਿਕ ਪਰੰਪਰਾ ਤੋਂ ਉੱਪਰ ਹੈ। ਇਹੀ ਉਹ ਅਹਿਸਾਸ ਹੈ ਜਿਸਨੂੰ ਸਿੱਖ ਗੁਲਾਮੀ ਦਾ ਅਹਿਸਾਸ ਕਹਿ ਰਹੇ ਹਨ। ਗੁਲਾਮੀ ਸਿਰਫ਼ ਜੰਜ਼ੀਰਾਂ ਨਾਲ ਹੀ ਨਹੀਂ ਹੁੰਦੀ,ਬਲਕਿ ਗੁਲਾਮੀ ਉਦੋਂ ਵੀ ਹੁੰਦੀ ਹੈ ਜਦੋਂ ਕਿਸੇ ਕੌਮ ਨੂੰ ਇਹ ਮਹਿਸੂਸ ਕਰਵਾ ਦਿੱਤਾ ਜਾਵੇ ਕਿ ਤੁਹਾਡੇ ਧਾਰਮਿਕ ਚਿੰਨ੍ਹ, ਤੁਹਾਡੀਆਂ ਪਰੰਪਰਾਵਾਂ ਅਤੇ ਤੁਹਾਡਾ ਇਤਿਹਾਸ ਸ਼ੱਕ ਦੀ ਨਜ਼ਰ ਹੇਠ ਰਹਿਣਗੇ। ਹੋਰ ਵੀ ਹੈਰਾਨੀ ਵਾਲੀ ਗੱਲ ਇਹ ਹੈ ਕਿ ਪੁਲਿਸ ਵੱਲੋਂ ਦਿੱਤੇ ਗਏ ਬਿਆਨਾਂ ਵਿੱਚ ਇਹ ਕਿਹਾ ਗਿਆ ਹੈ ਕਿ ਜ਼ਬਤ ਕੀਤੇ ਗਏ ਸ਼ਸਤਰਾਂ ਦਾ ਵੱਡਾ ਹਿੱਸਾ ਅਪਰਾਧਿਕ ਵਰਤੋਂ ਲਈ ਹੋ ਸਕਦਾ ਸੀ, ਕੇਵਲ ਥੋੜ੍ਹਾ ਹਿੱਸਾ ਹੀ ਧਾਰਮਿਕ ਜਾਂ ਰਸਮੀ ਵਰਤੋਂ ਲਈ ਸੀ। ਸਵਾਲ ਇਹ ਵੀ ਹੈ ਕਿ ਇਹ ਨਤੀਜਾ ਕਿਸ ਅਧਾਰ 'ਤੇ ਕੱਢਿਆ ਗਿਆ । ਕੀ ਕਿਸੇ ਸਿੱਖ ਸੰਸਥਾ ਨਾਲ ਸਲਾਹ ਕੀਤੀ ਗਈ, ਕਿਸੇ ਧਾਰਮਿਕ ਮਾਹਿਰ ਦੀ ਰਾਏ ਲਈ ਗਈ ਜਾਂ ਫਿਰ ਸਿੱਖ ਸ਼ਸਤਰਾਂ ਨੂੰ ਸਿਰਫ਼ ਕਾਨੂੰਨ-ਵਿਵਸਥਾ ਅਤੇ ਫਿਰਕੂ ਨਫਰਤ ਦੀ ਐਨਕ ਰਾਹੀਂ ਦੇਖਿਆ ਗਿਆ।

ਜਦੋਂ ਸ਼ਸਤਰ ਹਜ਼ੂਰ ਸਾਹਿਬ ਸਮੇਤ ਕਿਸੇ ਵੀ ਇਤਿਹਾਸਕ ਅਸਥਾਨ ਦੇ ਨੇੜੇ ਵਿਕਦੇ ਹਨ, ਤਾਂ ਉਹ ਰਸਮੀ ਹਥਿਆਰ ਨਹੀਂ ਸਗੋਂ ਉਹ ਸਿੱਖ ਇਤਿਹਾਸ ਦੀ ਯਾਦ ਹੁੰਦੀ ਹੈ। ਉਹ ਗੁਰੂ ਸਾਹਿਬ ਦੀ ਬਖ਼ਸ਼ੀ ਹੋਈ ਪਰੰਪਰਾ ਦਾ ਪ੍ਰਤੀਕ ਹੁੰਦੀ ਹੈ। ਉਹ ਉਸ ਕੌਮ ਦੀ ਪਛਾਣ ਹੁੰਦੀ ਹੈ, ਜਿਸਨੇ ਆਪਣੇ ਧਰਮ, ਆਪਣੀ ਹੋਂਦ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਲਈ ਲੱਖਾਂ ਕੁਰਬਾਨੀਆਂ ਦਿੱਤੀਆਂ ਹਨ। ਇਸ ਮਾਮਲੇ ਵਿੱਚ ਸਵਾਲ ਕੇਂਦਰ ਅਤੇ ਮਹਾਰਾਸ਼ਟਰ ਸਰਕਾਰ 'ਤੇ ਉੱਠਦਾ ਹੈ। ਇੱਕ ਪਾਸੇ ਸਿੱਖ ਵਿਰਾਸਤ ਦੀਆਂ ਗੱਲਾਂ ਕੀਤੀਆਂ ਜਾਂਦੀਆਂ ਹਨ, ਗੁਰੂ ਸਾਹਿਬਾਨਾਂ ਦੇ ਪ੍ਰਕਾਸ਼ ਪੁਰਬ ਮਨਾਏ ਜਾਂਦੇ ਹਨ, ਸਿੱਖਾਂ ਦੇ ਯੋਗਦਾਨ ਦੀਆਂ ਵਡਿਆਈਆਂ ਕੀਤੀਆਂ ਜਾਂਦੀਆਂ ਹਨ। ਦੂਜੇ ਪਾਸੇ ਜਦੋਂ ਸਿੱਖਾਂ ਦੇ ਧਾਰਮਿਕ ਪ੍ਰਤੀਕਾਂ ਦੀ ਗੱਲ ਆਉਂਦੀ ਹੈ ਤਾਂ ਉਹੀ ਪ੍ਰਤੀਕ ਸ਼ੱਕ ਦੇ ਘੇਰੇ ਵਿੱਚ ਆ ਜਾਂਦੇ ਹਨ। ਇਹ ਦੋਗਲੇ ਚਰਿੱਤਰ ਅੱਜ ਦੇ ਸਿੱਖ ਤੋਂ ਲੁਕੇ ਹੋਏ ਨਹੀਂ ਹਨ। ਅੱਜ ਇਹ ਮਾਮਲਾ ਸਿਰਫ਼ 4,796 ਸ਼ਸਤਰਾਂ ਦੀ ਜ਼ਬਤੀ ਦਾ ਨਹੀਂ ਹੈ। ਇਹ ਸਵਾਲ ਹੈ ਸਿੱਖਾਂ ਦੀ ਧਾਰਮਿਕ ਆਜ਼ਾਦੀ ਦਾ। ਇਹ ਸਵਾਲ ਸਿੱਖਾਂ ਦੀ ਇੱਜ਼ਤ, ਅਣਖ ਅਤੇ ਉਹਨਾਂ ਨਾਲ ਹੁੰਦੀ ਨਾਬਰਾਬਰੀ ਦਾ ਹੈ, ਇਹ ਸਵਾਲ ਉਸ ਸੰਵਿਧਾਨਕ ਅਧਿਕਾਰ ਦਾ ਵੀ ਹੈ ਜੋ ਹਰ ਧਾਰਮਿਕ ਭਾਈਚਾਰੇ ਨੂੰ ਆਪਣੀਆਂ ਧਾਰਮਿਕ ਪਰੰਪਰਾਵਾਂ, ਮਾਨਤਾਵਾਂ ਅਨੁਸਾਰ ਜੀਵਨ ਜਿਊਣ ਦਾ ਹੱਕ ਦਿੰਦਾ ਹੈ। ਭਾਵੇਂ ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੇ ਇਸ ਕਾਰਵਾਈ ਦੀ ਨਿੰਦਾ ਕਰਦਿਆਂ ਕਿਹਾ ਹੈ ਕਿ ਪ੍ਰੰਪਰਾਗਤ ਸਿੱਖ ਸ਼ਸਤਰਾਂ ਦੀ ਜ਼ਬਤੀ ਅਤੇ ਮਾਮਲਿਆਂ ਦੇ ਪੁਲਿਸ ਕੇਸ ਦਰਜ ਕਰਨ ਦੀ ਘਟਨਾ ਨੇ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ ਅਤੇ ਸਰਕਾਰ ਨੂੰ ਇਹ ਕੇਸ ਵਾਪਸ ਲੈਣੇ ਚਾਹੀਦੇ ਹਨ, ਪਰੰਤੂ ਸਵਾਲ ਇੱਥੇ ਸਿੱਖ ਸੰਸਥਾਵਾਂ ਦੀ ਕਾਰਵਾਈ ਵੀ ਸ਼ੱਕ ਦੇ ਘੇਰੇ ਵਿੱਚ ਆ ਜਾਂਦੀ ਹੈ ਕਿ ਜਦੋਂ ਅਜਿਹੀਆਂ ਕਾਰਵਾਈਆਂ ਵਾਰ ਵਾਰ ਦੁਹਰਾਈਆਂ ਜਾਂਦੀਆਂ ਹਨ, ਤਾਂ ਸੰਸਥਾਵਾਂ ਉਚਿੱਤ ਕਦਮ ਨਹੀ ਚੁੱਕਦੀਆਂ, ਬਲਕਿ ਮਹਿਜ਼ ਇੱਕ ਬਿਆਨ ਦੇ ਕੇ ਆਪਣੇ ਆਪ ਨੂੰ ਸੁਰਖਰੂ ਕਰਨ ਦਾ ਰਿਵਾਜ਼ ਇਸ ਕਰਕੇ ਚੱਲ ਪਿਆ ਹੈ ਕਿਉਂਕਿ ਸਿੱਖ ਸੰਸਥਾਵਾਂ 'ਤੇ ਉਹ ਲੋਕ ਕਾਬਜ਼ ਹੋ ਚੁੱਕੇ ਹਨ, ਜੋ ਆਪਣੀਆਂ ਚੌਧਰਾਂ ਖਾਤਰ ਆਪਣੀ ਅਣਖ ਗੈਰਤ ਪਹਿਲਾਂ ਹੀ ਸਰਕਾਰਾਂ ਦੇ ਪੈਰਾਂ ਵਿੱਚ ਨਿਛਾਵਰ ਕਰ ਚੁੱਕੇ ਹਨ। ਸਿੱਖਾਂ ਦੀ ਸਿਰਮੌਰ ਸੰਸਥਾ ਸ਼ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਆਪਣਾ ਅਸਲ ਦਬਦਬਾ ਗੁਆ ਚੁੱਕੀ ਹੈ। ਸਰਕਾਰ ਵੱਲੋਂ ਲੰਮੇ ਸਮੇਂ ਤੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਚੋਣ ਨਾ ਕਰਵਾਇਆ ਜਾਣਾ ਅਤੇ ਸ਼੍ਰੋਮਣੀ ਕਮੇਟੀ 'ਤੇ ਕਾਬਜ਼ ਧਿਰ ਵੱਲੋਂ ਸ਼੍ਰੋਮਣੀ ਕਮੇਟੀ ਦੀਆਂ ਆਮ ਚੋਣਾਂ ਕਰਵਾਉਣ ਲਈ ਕੇਂਦਰ ਸਰਕਾਰ ਨਾਲ ਕੋਈ ਠੋਸ ਗੱਲਬਾਤ ਨਾ ਕਰਨਾ ਵੀ ਇਹ ਸਪੱਸ਼ਟ ਕਰਦਾ ਹੈ ਕਿ ਕਾਬਜ਼ ਧਿਰ ਨਹੀਂ ਚਾਹੁੰਦੀ ਕਿ ਆਮ ਚੋਣਾਂ ਕਰਵਾਈਆਂ ਜਾਣ। ਸਿੱਖਾਂ ਦੀ ਆਪਸੀ ਪਾਟੋਧਾੜ ਕਾਰਨ ਸੰਸਥਾਵਾਂ ਕਮਜ਼ੋਰ ਹੋ ਗਈਆਂ ਹਨ ਅਤੇ ਕਮਜ਼ੋਰ ਹੋ ਚੁੱਕੇ ਪ੍ਰਬੰਧਕ ਹਕੂਮਤਾਂ ਨਾਲ ਅੱਖ 'ਚ ਅੱਖ ਪਾ ਕੇ ਗੱਲ ਕਰਨ ਦੀ ਹਿੰਮਤ ਹੌਂਸਲਾ ਗੁਆ ਚੁੱਕੇ ਹਨ। ਇਹੋ ਕਾਰਨ ਹੈ ਕਿ ਕੇਂਦਰੀ ਅਤੇ ਸੂਬਿਆਂ ਦੀਆਂ ਭਾਜਪਾ ਸਰਕਾਰਾਂ ਸਿੱਖਾਂ ਨੂੰ ਗੁਲਾਮੀ ਦਾ ਅਹਿਸਾਸ ਕਰਵਾ ਰਹੀਆਂ ਹਨ। ਤਖਤ ਸ੍ਰੀ ਹਜ਼ੂਰ ਸਾਹਿਬ ਨੰਦੇੜ ਦੇ ਸ਼ਸਤਰ ਕੋਈ ਅਪਰਾਧ ਦੀ ਨਿਸ਼ਾਨੀ ਨਹੀਂ, ਬਲਕਿ ਸਿੱਖ ਪਰੰਪਰਾ ਦਾ ਹਿੱਸਾ ਹਨ, ਉਸ ਸਿੱਖ ਕੌਮ ਦੀ ਵਿਰਾਸਤ ਹਨ, ਜਿਸਨੇ ਸਰਬੱਤ ਦੇ ਭਲੇ ਦਾ ਸੰਦੇਸ਼ ਦਿੱਤਾ ਹੈ। ਜੇ ਸਰਕਾਰਾਂ ਸੱਚਮੁੱਚ ਸਿੱਖਾਂ ਦਾ ਭਰੋਸਾ ਜਿੱਤਣਾ ਚਾਹੁੰਦੀਆਂ ਹਨ ਤਾਂ ਉਨ੍ਹਾਂ ਨੂੰ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਸਮਝਣਾ ਹੋਵੇਗਾ। ਕਰੂਰਤਾ ਭਰੀ ਕਨੂੰਨੀ ਕਾਰਵਾਈ ਦੀ ਬਜਾਏ ਸਤਿਕਾਰ ਅਤੇ ਗੱਲਬਾਤ ਨਾਲ ਕੌਮ ਦੀਆਂ ਭਾਵਨਾਵਾਂ ਨੂੰ ਸਮਝਣਾ ਪਵੇਗਾ। ਸਿੱਖਾਂ ਨੂੰ ਵਾਰ-ਵਾਰ ਇਹ ਅਹਿਸਾਸ ਕਰਵਾਇਆ ਜਾਣਾ, ਕਿ ਉਨ੍ਹਾਂ ਦੀਆਂ ਧਾਰਮਿਕ ਪਰੰਪਰਾਵਾਂ ਵੀ ਹਕੂਮਤਾਂ ਦੀ ਮਨਜ਼ੂਰੀ ਦੀਆਂ ਮੋਹਤਾਜ਼ ਹਨ, ਇਹ ਸਿੱਖਾਂ ਲਈ ਅਸਹਿ ਵਰਤਾਰਾ ਹੈ। ਸੋ ਜੇਕਰ ਕੇਂਦਰ ਦੀ ਸੱਤਾਧਾਰੀ ਭਾਜਪਾ ਸੱਚਮੁੱਚ ਸਿੱਖਾਂ ਨਾਲ ਸੁਖਾਵੇਂ ਸਬੰਧ ਰੱਖਣਾ ਚਾਹੁੰਦੀ ਹੈ ਤਾਂ ਉਹਨਾਂ ਨੂੰ ਸਿੱਖਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਵੀ ਖਿਆਲ ਰੱਖਣਾ ਹੋਵੇਗਾ। ਸਿੱਖ ਕੌਮ ਦੇ ਸਵੈਮਾਨ ਨੂੰ ਸੱਟ ਮਾਰਨ ਦੇ ਨਤੀਜੇ ਕਦੇ ਵੀ ਦੇਸ਼ ਦੇ ਹਿੱਤ ਵਿੱਚ ਨਹੀਂ ਹੋ ਸਕਦੇ। 2027 ਵਿੱਚ ਪੰਜਾਬ ਵਿੱਚ ਆਪਣੇ ਬਲਬੂਤੇ 'ਤੇ ਆਪਣਾ ਅਧਾਰ ਕਾਇਮ ਕਰਨ ਦੀ ਇੱਛਾ ਰੱਖਣ ਵਾਲੀ ਭਾਰਤੀ ਜਨਤਾ ਪਾਰਟੀ ਨੂੰ ਇਹ ਸਮਝਣਾ ਪਵੇਗਾ ਕਿ ਸਿੱਖਾਂ ਨੂੰ ਦਬਾਉਣ ਜਾਂ ਗੁਲਾਮੀ ਦਾ ਅਹਿਸਾਸ ਕਰਵਾਉਣ ਵਾਲਾ ਵਰਤਾਰਾ ਉਹਨਾਂ ਨੂੰ ਪੰਜਾਬ ਦੀ ਸੱਤਾ ਦੇ ਕਰੀਬ ਨਹੀਂ ਆਉਣ ਦੇਵੇਗਾ।

# ਰਾਹੁਲ ਨੇ ਫਿਰ ਪਾਏ ਕਾਂਗਰਸੀ ਲੀਡਰ ਪੜ੍ਹਨੇ



ਕਮਲਜੀਤ ਸਿੰਘ ਬਨਵੈਤ
98147 34035

- ☛ ਪੰਜਾਬ ਕਾਂਗਰਸ ਦੀ ਲੀਡਰਸ਼ਿਪ ਨੂੰ ਰਾਹੁਲ ਗਾਂਧੀ ਨੇਆਪਣੇ ਘਰੋਂ ਬੜੇ ਬੇਆਬਰੂ ਕਰਕੇ ਤੋਰਿਆ
- ☛ ਰਾਹੁਲ ਗਾਂਧੀ ਨੇ ਰਾਜਾ ਵੜਿੰਗ ਨੂੰ ਬਦਲਣ ਤੋਂ ਸਿੱਧੀ ਕੀਤੀ ਨਾਂਹ, ਕਈਆਂ ਨੂੰ ਤਾੜਿਆ ਵੀ
- ☛ ਕਾਂਗਰਸ ਨੇ ਵੱਡੇ ਘਰੋਂ 2027 ਦੀਆਂ ਚੋਣਾਂ ਕਿਸੇ ਚਿਹਰੇ 'ਤੇ ਲੜਨ ਤੋਂ ਕੀਤੀ ਦੋ ਟੂਕ ਨਾਂਹ
- ☛ ਇੱਕ ਦੂਜੇ ਦੀ ਸ਼ਿਕਾਇਤ ਲਾਉਣ ਵਾਲਿਆਂ ਦੀ ਠੱਪੀ ਖੁੰਬ, ਕਿਹਾ ਪੰਜਾਬ ਜਿੱਤਣ ਲਈ ਕੰਮ ਕਰੋ

ਮੁਲਕ ਦੀ ਪਾਰਲੀਮੈਂਟ ਵਿੱਚ ਵਿਰੋਧੀ ਧਿਰ ਦੇ ਨੇਤਾ ਅਤੇ ਕਾਂਗਰਸ ਦੇ ਸੀਨੀਅਰ ਨੇਤਾ ਰਾਹੁਲ ਗਾਂਧੀ ਨੇ ਆਪਣੇ ਘਰੋਂ ਪੰਜਾਬ ਦੇ ਲੀਡਰਾਂ ਨੂੰ ਬੇਆਬਰੂ ਕਰਕੇ ਤੋਰਿਆ ਹੈ। ਇਸ ਤੋਂ ਪਹਿਲਾਂ ਰਾਹੁਲ ਗਾਂਧੀ ਨੇ ਬਰਨਾਲਾ ਰੈਲੀ ਵਿੱਚ ਪੰਜਾਬ ਕਾਂਗਰਸ ਦੇ ਵੱਡੇ ਨੇਤਾਵਾਂ ਨੂੰ ਰਿਜ਼ਰਵ ਲਾਉਣ ਦੀ ਤਾੜਨਾ ਕੀਤੀ ਸੀ। ਇਸ ਵਾਰ ਦੀ ਮੀਟਿੰਗ ਵਿੱਚ ਰਾਹੁਲ ਗਾਂਧੀ ਨੇ ਤਾਂ ਪੰਜਾਬ ਦੇ ਲੀਡਰਾਂ ਦੀ ਇੱਕ ਸਿਰਿਓਂ ਫੜ ਕੇ ਖੁੰਬ ਠੱਪ ਦਿੱਤੀ ਹੈ। ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਤਾਂ ਮੀਟਿੰਗ ਅੱਧ ਵਿਚਾਲੇ ਛੱਡ ਕੇ ਬਾਹਰ ਆ ਗਏ ਦੱਸੇ ਜਾਂਦੇ ਹਨ। ਵੈਸੇ ਪ੍ਰਤਾਪ ਸਿੰਘ ਬਾਜਵਾ ਏਨੇ ਕੱਚੇ ਲੀਡਰ ਨਹੀਂ ਕਿ ਉਹ ਕਾਹਲ ਵਿੱਚ ਕੱਚ ਕਰੜ ਫੈਸਲਾ ਲੈ ਲੈਣ ਪਰ ਪੰਜਾਬ ਕਾਂਗਰਸ ਨਾਲ ਜੁੜੇ ਸੂਤਰ ਅਜਿਹਾ ਦਾਅਵਾ ਕਰਦੇ ਹਨ। ਇੱਕ ਗੱਲ ਸਾਡੇ ਵੀ ਸਮਝਦਾ ਪੈਂਦੀ ਹੈ ਕਿ ਰਾਹੁਲ ਗਾਂਧੀ ਦੀ ਮੀਟਿੰਗ ਨਾਲੋਂ ਪ੍ਰਤਾਪ ਸਿੰਘ ਬਾਜਵਾ ਨੂੰ ਹੋਰ ਵੱਧ ਮਹੱਤਵਪੂਰਨ ਕੰਮ ਕਿਹੜਾ ਪੈਂਦਾ ਸੀ। ਇੱਕ ਗੱਲ ਪੱਕੀ ਹੈ ਕਿ ਰਾਹੁਲ ਗਾਂਧੀ ਅਤੇ ਆਲ ਇੰਡੀਆ ਕਾਂਗਰਸ ਦੇ ਪ੍ਰਧਾਨ ਮਲਿਕ ਅਰਜਨ ਖੜਗੇ ਨੇ ਪੰਜਾਬ ਲੀਡਰਸ਼ਿਪ ਵਿੱਚ ਕੋਈ ਬਦਲਾਅ ਕਾਰਨ ਦੋ ਟੁਕ ਨਾ ਕਰ ਦਿੱਤੀ ਹੈ।

ਮੀਟਿੰਗ ਵਿੱਚ ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਰਾਜਾ ਅਮਰਿੰਦਰ ਸਿੰਘ ਵੜਿੰਗ ਦੇ ਨੇੜਕੂ ਰਹੇ ਇੱਕ ਵੱਡੇ ਕੱਦ ਦੇ ਨੇਤਾ ਨੇ ਜਦੋਂ ਉੱਪਰਲੀ ਲੀਡਰਸ਼ਿਪ ਵਿੱਚ ਬਦਲਾਅ ਦੀ ਮੰਗ ਕੀਤੀ ਤਾਂ ਰਾਹੁਲ ਗਾਂਧੀ ਟੁੱਟ ਕੇ ਪੈ ਗਏ ਕੀ ਇਸ ਨਾਲ 2027 ਦੀਆਂ ਦੀਆਂ ਚੋਣਾਂ ਜਿੱਤੀਆਂ ਜਾ ਸਕਣਗੀਆਂ ? ਰਾਹੁਲ ਗਾਂਧੀ ਨੇ ਸਾਫ਼ ਕਿਹਾ ਪੰਜਾਬ ਵਿਧਾਨ ਸਭਾ ਦੀਆਂ ਅਗਲੀਆਂ ਚੋਣਾਂ ਜਿੱਤਣ ਲਈ ਠੋਸ ਦਲੀਲਾਂ ਦਿੱਤੀਆਂ ਜਾਣ। ਲੜਾਈ ਭੜ੍ਹਾਈ ਪਹਿਲਾਂ ਹੀ ਬਥੇਰੀ ਕਰਕੇ ਦੇਖ ਲਈ ਹੈ। ਵੈਸੇ ਵੀ ਹੁਣ ਜਦੋਂ ਚੋਣਾਂ ਵਿੱਚ ਮਹੀਨੇ ਰਹਿ ਗਏ ਹਨ ਤਾਂ ਪ੍ਰਧਾਨ ਬਦਲਣ ਦਾ ਵੇਲਾ ਨਹੀਂ ਰਿਹਾ ਹੈ।

ਪਾਰਟੀ ਦੇ ਹੀ ਇੱਕ ਹੋਰ ਵੱਡੇ ਕੱਦ ਦੇ ਨੇਤਾ ਨੇ ਨਗਰ ਨਿਗਮ ਤੇ ਨਗਰ ਕੌਂਸਲ ਦੀਆਂ ਚੋਣਾਂ ਵਿੱਚ ਪੰਜਾਬ ਕਾਂਗਰਸ ਦੇ ਪ੍ਰਧਾਨ ਵਿੱਚ ਪਾਰਟੀ ਨੂੰ ਨਮੋਸ਼ੀ ਭਰੀ ਹਾਰ ਮਿਲਣ ਦਾ ਮੁੱਦਾ ਚੁੱਕਿਆ ਤਾਂ ਵੀ ਉਹਨਾਂ ਦਾ ਵਾਰ ਖ਼ਾਲੀ ਗਿਆ। ਇਸ ਨੇਤਾ ਦੇ ਆਪਣੇ ਹਲਕੇ ਵਿੱਚ ਇਹਨਾਂ ਚੋਣਾਂ ਦੌਰਾਨ ਕਾਂਗਰਸ ਦੀ ਬੱਲੇ ਬੱਲੇ ਹੋਈ ਹੈ। ਉਂਝ ਸਥਾਨਕ ਸਰਕਾਰ ਦੀਆਂ ਇਹਨਾਂ ਚੋਣਾਂ ਵਿੱਚ ਵੋਟਰ ਕਾਂਗਰਸ ਅਤੇ ਭਾਜਪਾ ਤੋਂ ਪਾਸਾ ਵੱਟ ਕੇ ਲੰਘੇ ਹਨ। ਹਾਲਾਂਕਿ ਇਸ ਤੋਂ ਪਹਿਲਾਂ 2024 ਦੀਆਂ ਲੋਕ ਸਭਾ ਚੋਣਾਂ ਅਤੇ ਜ਼ਿਲ੍ਹਾ ਪਰਿਸ਼ਦ ਤੇ ਬਲਾਕ ਸਮਿਤੀ ਦੀਆਂ ਚੋਣਾਂ ਵਿੱਚ ਕਾਂਗਰਸ ਦੀ ਕਾਰਗੁਜ਼ਾਰੀ ਕਾਫ਼ੀ ਬਿਹਤਰ ਰਹੀ ਸੀ।

ਇੱਕ ਹੋਰ ਅਹਿਮ ਜਾਣਕਾਰੀ ਸਾਹਮਣੇ ਆਈ ਹੈ ਕਿ ਕਾਂਗਰਸ ਦੇ ਵੱਡੇ ਘਰੋਂ ਇਸ ਵਾਰ ਪੰਜਾਬ ਵਿਧਾਨ ਸਭਾ ਦੀਆਂ ਚੋਣਾਂ ਕਿਸੇ ਚਿਹਰੇ 'ਤੇ ਨਾ ਲੜਨ ਦਾ ਫੈਸਲਾ ਸੁਣਾ ਦਿੱਤਾ ਗਿਆ ਹੈ। ਇੱਕ ਤਰ੍ਹਾਂ ਨਾਲ ਹੁਣ ਚਿਹਰਿਆਂ ਦੀ ਲੜਾਈ ਖ਼ਤਮ ਹੋ ਗਈ ਹੈ। ਹੋ ਸਕਦਾ ਹੈ ਕਿ ਵੱਡੇ ਘਰ ਦੇ ਇਹ ਸੁਨੇਹੇ ਕਰਕੇ ਪ੍ਰਤਾਪ ਸਿੰਘ ਬਾਜਵਾ ਅੰਦਰੋਂ ਬਿਟਰ ਗਏ ਹੋਣ। ਵੈਸੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੁਪੇਸ਼ ਬਘੇਲ ਨੂੰ ਬਾਜਵਾ ਦੇ ਮੀਟਿੰਗ ਵਿੱਚ ਛੱਡ ਕੇ ਜਾਣ ਨੂੰ ਲੈ ਕੇ ਸਪੱਸ਼ਟੀਕਰਨ ਦੇਣਾ ਪਿਆ ਹੈ ਹਾਲਾਂਕਿ ਉਹ ਆਪ ਚੁੱਪ ਹਨ। ਹੋ ਸਕਦਾ ਅਗਲੇ ਦਿਨ ਹੀ ਪ੍ਰਤਾਪ ਸਿੰਘ ਬਾਜਵਾ ਕੁਝ ਠੰਡੇ ਪੈਣ ਪਿੱਛੋਂ ਉਚਰ ਦੇਣ। ਸਾਲ 2022 ਦੀਆਂ ਚੋਣਾਂ ਵਿੱਚ ਰਾਹੁਲ ਗਾਂਧੀ ਵੱਲੋਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਪਾਰਟੀ ਦੇ ਚਿਹਰੇ ਵਜੋਂ ਉਭਾਰਿਆ ਗਿਆ ਸੀ। ਭੁਪੇਸ਼ ਬਘੇਲ ਵੀ ਇਸ ਵਾਰ ਸਪੱਸ਼ਟ ਕਰ ਚੁੱਕੇ ਹਨ ਕਿ ਕਾਂਗਰਸ ਦੇ ਤਾਂ ਸਿਰਫ ਰਾਹੁਲ ਗਾਂਧੀ ਅਤੇ ਮਲਿਕ ਅਰਜੁਨ ਖੜਗੇ ਦੋ ਹੀ ਚਿਹਰੇ ਹਨ



ਪੰਜਾਬ ਕਾਂਗਰਸ ਦੀ ਲੀਡਰਸ਼ਿਪ ਅੰਦਰਲੀ ਲੜਾਈ ਜੱਗ ਜ਼ਾਹਰ ਹੈ। ਹੁਣ ਇਹ ਲੁਕੀ ਨਹੀਂ ਰਹੀ। ਵੈਸੇ ਤਾਂ ਕਈ ਚਿਰ ਪਹਿਲਾਂ ਪਰਦਾ ਚੁੱਕਿਆ ਗਿਆ ਸੀ। ਪੰਜਾਬ ਕਾਂਗਰਸ ਦੀ ਲੀਡਰਸ਼ਿਪ ਦੀ ਅੰਦਰਲੀ ਲੜਾਈ ਕਰਕੇ ਪਾਰਟੀ ਨੇ ਬੜਾ ਕੁਝ ਗੁਆ ਲਿਆ ਹੈ। ਇੱਕ ਸਮਾਂ ਸੀ ਜਦੋਂ ਬਦਲਾਅ ਦੇ ਨਾਂ 'ਤੇ ਬਣੀ ਸਰਕਾਰ ਦਾ ਬਦਲ ਕਾਂਗਰਸ ਨੂੰ ਸਮਝਿਆ ਜਾਣ ਲੱਗਾ ਸੀ। ਰਾਹੁਲ ਗਾਂਧੀ ਦੇ ਘਰੋਂ ਬੇਆਬਰੂ ਹੋ ਕੇ ਨਿਕਲੇ ਕਾਂਗਰਸੀ ਲੀਡਰਾਂ ਨੇ ਹਾਲੇ ਤੱਕ ਚੁੱਪ ਸਾਧੀ ਹੋਈ ਹੈ।

ਆਲੇ ਦੁਆਲੇ ਤੋਂ ਕਨਸੋਆਂ ਜ਼ਰੂਰ ਪੈਣ ਲੱਗੀਆਂ ਹਨ ਕਿ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਕਾਂਗਰਸ ਦੀ ਸੁਪਰੀਮੋ ਸੋਨੀਆ ਗਾਂਧੀ ਨਾਲ ਅੰਦਰੋਂ ਅੰਦਰੀ ਗਿਟਮਿਟ ਹੋਣ ਲੱਗੀ ਹੈ। ਸੋਨੀਆ ਗਾਂਧੀ ਹਾਲੇ ਵੀ ਕੈਪਟਨ ਅਮਰਿੰਦਰ ਸਿੰਘ ਵਿੱਚੋਂ ਕਾਂਗਰਸ ਦਾ ਭਵਿੱਖ ਦੇਖਦੇ ਹੋ ਸਕਦੇ ਹਨ। ਦੂਜੇ ਬੰਨੇ ਭਾਰਤੀ ਜਨਤਾ ਪਾਰਟੀ ਨੇ ਕਈ ਚਿਰ ਪਹਿਲਾਂ ਕੈਪਟਨ ਅਮਰਿੰਦਰ ਸਿੰਘ ਦੇ ਖੰਭ ਝਾੜ ਦਿੱਤੇ ਸਨ। ਕੈਪਟਨ ਅਮਰਿੰਦਰ ਸਿੰਘ ਦੀ ਆਪਣੇ ਪਰਿਵਾਰ ਨੂੰ ਸਿਆਸਤ ਵਿੱਚ ਸਿੱਟ ਕਰਨ ਦੀ ਮਜਬੂਰੀ ਦਿਸਣ ਲੱਗੀ ਹੈ। ਉਹਨਾਂ ਨੂੰ ਫ਼ੈਸਲਾ ਲੈਣ ਤੋਂ ਪਹਿਲਾਂ ਈਡੀ ਅਤੇ ਸੀਬੀਆਈ ਦੀ ਮਹਿਲਾਂ ਦੇ ਦਰ 'ਤੇ ਸੰਭਾਵਿਤ ਦਸਤਕ ਨੂੰ ਯਾਦ ਰੱਖਣਾ ਹੋਵੇਗਾ। ਪੰਜਾਬ ਪ੍ਰਦੇਸ਼ ਕਾਂਗਰਸ ਨੂੰ ਆਪਣੀ ਅੰਦਰੂਨੀ ਲੜਾਈ ਕਰਕੇ ਹੀ ਸੂਬੇ ਅੰਦਰ ਹੋਈਆਂ ਸੱਤ ਵਾਰ ਦੀਆਂ ਜ਼ਿਮਨੀ ਚੋਣਾਂ ਵਿੱਚੋਂ ਛੇ ਵਾਰ ਹਾਰ ਦਾ ਮੂੰਹ ਦੇਖਣਾ ਪਿਆ ਹੈ। ਲੁਧਿਆਣਾ ਜ਼ਿਮਨੀ ਚੋਣ ਲੜਾਈ ਹੋਵੇ ਜਾਂ ਗਿੱਦੜਬਾਹਾ ਜ਼ਿਮਨੀ ਚੋਣ ਦੀ ਗੱਲ ਕਰ ਲਈਏ ਤਾਂ ਦੋਹਾਂ ਧਿਰਾਂ ਦੇ ਲੀਡਰ ਕਿਵੇਂ ਸਿਆਸੀ ਲਕੀਰ ਖਿੱਚ ਕੇ ਚੱਲਦੇ ਰਹੇ ਇਹ ਕਿਸੇ ਤੋਂ ਭੁੱਲਿਆ ਨਹੀਂ ਹੋਇਆ ਹੈ।

ਕਾਂਗਰਸ ਹਾਈ ਕਮਾਂਡ ਵੀ ਦਿੱਲੀ ਬੈਠੀ ਸਾਰਾ ਕੁਝ ਦੇਖਦੀ ਰਹੀ। ਕਈ ਵਾਰ ਮੀਟਿੰਗ ਬੁਲਾ ਕੇ ਤਾੜਿਆ ਪਰ ਗੱਲ ਨਾ ਬਣੀ। ਕਾਂਗਰਸ ਹਾਈ ਕਮਾਂਡ ਪੱਛੜ ਕੇ ਫੈਸਲੇ ਲੈਣ ਲਈ ਜਾਣੀ ਜਾਂਦੀ ਹੈ। ਉਮੀਦਵਾਰਾਂ ਦੀ ਚੋਣ ਕਰਨੀ ਹੋਵੇ ਜਾਂ ਫਿਰ ਐਮਪੀ ਜਾਂ ਐਮਐਲਏ ਦੀਆਂ ਟਿਕਟਾਂ ਵੰਡਣੀਆਂ ਹੋਣ ਅਤੇ ਜਾਂ ਫਿਰ ਮੰਤਰੀਆਂ ਜਾਂ ਮੁੱਖ ਮੰਤਰੀ ਦੀ ਚੋਣ ਕਰਨੀ ਹੋਵੇ ਮਾਮਲਾ ਹਫ਼ਤਿਆਂ ਬੱਧੀ ਲਟਕਿਆ ਰਹਿੰਦਾ ਹੈ। ਰਾਹੁਲ ਗਾਂਧੀ ਬਰਨਾਲਾ ਰੈਲੀ ਵਿੱਚ ਪੰਜਾਬ ਕਾਂਗਰਸ ਦੀ ਲੀਡਰਸ਼ਿਪ ਨੂੰ ਤਾੜਨਾ ਤਾਂ ਕਰ ਗਏ ਸਨ ਪਰ ਦੋ ਟੁਕ ਸੁਣਾਉਣ ਲਈ ਹੁਣ ਵੀ ਦੇਰੀ ਕਰ ਦਿੱਤੀ ਹੈ।

ਪੰਜਾਬ ਵਿੱਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਜਾਣ ਬੁੱਝ ਕੇ ਲੜਾਈ ਆਪ ਅਤੇ ਭਾਜਪਾ ਵਿੱਚ ਬਣਾ ਦਿੱਤੀ ਹੈ। ਹਾਲਾਂਕਿ ਕਾਂਗਰਸ ਦਾ ਸਿਆਸੀ ਕੱਦ ਕਿਤੇ ਉੱਚਾ ਹੈ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸਿਆਸੀ ਚਤੁਰਾਈ ਨਾਲ ਕਾਂਗਰਸ ਨੂੰ ਪਰਦੇ ਦੇ ਪਿੱਛੇ ਧੱਕ ਰਹੇ ਹਨ। ਕਾਂਗਰਸ ਨੂੰ ਸਰਗਰਮ ਸਿਆਸਤ ਵਿੱਚੋਂ ਗ਼ੈਰ ਹਾਜ਼ਰੀ ਮਹਿੰਗੀ ਪੈ ਸਕਦੀ ਹੈ। ਜੇ ਕਾਂਗਰਸੀ ਹਾਲੇ ਵੀ ਨਾ ਸਮਝੇ ਤਾਂ ਬਹੁਤ ਦੇਰ ਹੋ ਜਾਣੀ ਹੈ। ਜੇ ਸੰਭਲ ਗਏ ਤਾਂ ਸਮਝੋ ਡੁੱਲੇ ਬੇਰਾਂ ਦਾ ਕੁਝ ਨਹੀਂ ਵਿਗੜਿਆ। ਪੰਜਾਬ ਉਸ ਮੋੜ 'ਤੇ ਖੜ੍ਹਾ ਹੈ ਜਿੱਥੇ ਕਿਸੇ ਵੀ ਸਿਆਸੀ ਪਾਰਟੀ ਨੂੰ ਆਪਣਾ ਭਵਿੱਖ ਪੱਕਾ ਨਜ਼ਰ ਨਹੀਂ ਆ ਰਿਹਾ ਹੈ। ਪੰਜਾਬ ਦੀ ਸਿਆਸਤ ਵਿੱਚ ਗ਼ੈਰ ਯਕੀਨੀ ਬਣੀ ਹੋਈ ਹੈ। ਸਾਰੀਆਂ ਸਿਆਸੀ ਪਾਰਟੀਆਂ ਦੇ ਅੰਦਰ ਕੁਝ ਹੋਰ ਪੱਕ ਰਿਹਾ ਹੈ। ਬਾਹਰੋਂ ਦਿਸਦਾ ਕੁਝ ਹੋਰ ਹੈ।

## ਗੁੰਮਨਾਮ ਸਮੁੰਦਰੀ ਯੋਧਿਆਂ ਦੀ ਜਾਨ ਦਾਅ ’ਤੇ

# ਹੋਰਮੁਜ਼ ਸੰਕਟ ਦੇ ਪਹਿਲੇ ਮਾਨਵੀ ਸ਼ਿਕਾਰ ਅਤੇ ਵਿਸ਼ਵ ਅਰਥਵਿਵਸਥਾ ’ਚ ਮਹਿੰਗਾਈ



ਵਿੰਕਲਜੀਤ ਸਿੰਘ ਸਰਾ
9501477889

**ਵਿਸ਼ਵ ਸੰਕਟ ਦੀ ਅਸਲ ਪਰਤ** : ਜਦੋਂ ਵੀ ਕਿਸੇ ਅੰਤਰਰਾਸ਼ਟਰੀ ਜਲ-ਮਾਰਗ ’ਤੇ ਭੂ-ਰਾਜਨੀਤਿਕ ਸੰਕਟ ਗਹਿਰਾਉਂਦਾ ਹੈ, ਤਾਂ ਵੱਡੀਆਂ ਰਾਜਧਾਨੀਆਂ ਵਿੱਚ ਬੈਠੇ ਸਿਆਸਤਦਾਨ ਅਤੇ ਅਰਥਸ਼ਾਸਤਰੀ ਇਸਨੂੰ ਸਿਰਫ਼ ਨਕਸ਼ਿਆਂ, ਨੀਤੀਆਂ ਅਤੇ ਤੇਲ ਦੇ ਬੈਰਲਾਂ ਦੇ ਅੰਕੜਿਆਂ ਦੇ ਚਸ਼ਮੇ ਤੋਂ ਦੇਖਦੇ ਹਨ। ਬਹਿਸਾਂ ਹੁੰਦੀਆਂ ਹਨ ਕਿ ਕੱਚਾ ਤੇਲ ਕਿੰਨਾ ਮਹਿੰਗਾ ਹੋਵੇਗਾ ਅਤੇ ਸ਼ੇਅਰ ਬਾਜ਼ਾਰ ਕਿੰਨਾ ਡਿੱਗੇਗਾ। ਪਰ ਇੱਕ ਸੰਪਾਦਕੀ ਦ੍ਰਿਸ਼ਟੀਕੋਣ ਤੋਂ ਜੇਕਰ ਇਸ ਸੰਕਟ ਦੀ ਅਸਲ ਪਰਤ ਉਤਾਰੀ ਜਾਵੇ, ਤਾਂ ਇੱਕ ਬੇਹੱਦ ਪਰੇਸ਼ਾਨ ਕਰਨ ਵਾਲਾ ਸੱਚ ਸਾਹਮਣੇ ਆਉਂਦਾ ਹੈ।

**ਤਬਾਹੀ ਦਾ ਲੜੀਵਾਰ ਚੱਕਰ** : ਇਸ ਸੰਕਟ ਦਾ ਸਭ ਤੋਂ ਪਹਿਲਾਂ, ਸਭ ਤੋਂ ਘਾਤਕ ਅਤੇ ਸਿੱਧਾ ਅਸਰ ਸਮੁੰਦਰ ਦੀਆਂ ਭਿਆਨਕ ਲਹਿਰਾਂ ’ਤੇ ਦਿਨ-ਰਾਤ ਮੌਤ ਦੇ ਸਾਏ ਵਿੱਚ ਕੰਮ ਕਰਨ ਵਾਲੇ ਉਹਨਾਂ ਇਨਸਾਨਾਂ ’ਤੇ ਪੈਂਦਾ ਹੈ, ਜਿਨ੍ਹਾਂ ਦੀ ਹੋਂਦ, ਕੁਰਬਾਨੀ ਅਤੇ ਦਰਦ ਬਾਰੇ ਦੁਨੀਆ ਦਾ ਮੀਡੀਆ ਕਦੇ ਗੱਲ ਹੀ ਨਹੀਂ ਕਰਦੇ। ਇਹਨਾਂ ਗੁੰਮਨਾਮ ਸਮੁੰਦਰੀ ਯੋਧਿਆਂ ਦੀ ਜ਼ਿੰਦਗੀ ਜਦੋਂ ਸਮੁੰਦਰ ਦੇ ਵਿਚਕਾਰ ਲਟਕ ਜਾਂਦੀ ਹੈ, ਉਦੋਂ ਜਾ ਕੇ ਇਸ ਦਾ ਸੇਕ ਅਰਬਾਂ ਡਾਲਰਾਂ ਦੀਆਂ ਕੰਪਨੀਆਂ ਦੇ ਕਾਰੋਬਾਰ ਤੱਕ ਪਹੁੰਚਦਾ ਹੈ ਅਤੇ ਅਖ਼ੀਰ ਵਿੱਚ ਇਹ ਇੱਕ ਆਮ ਨਾਗਰਿਕ ਦੀ ਰਸੋਈ ਅਤੇ ਜੇਬ ਨੂੰ ਪ੍ਰਭਾਵਿਤ ਕਰਦਾ ਹੈ। ਹੋਰਮੁਜ਼ ਸਟਰੇਟ ਵਿੱਚ ਵਧ ਰਹੀ ਅਸਥਿਰਤਾ ਇਸੇ ਮਾਨਵੀ ਸੰਕਟ ਅਤੇ ਆਰਥਿਕ ਚੱਕਰ ਦੀ ਸਭ ਤੋਂ ਸੰਵੇਦਨਸ਼ੀਲ ਮਿਸਾਲ ਹੈ। ਸਮੁੰਦਰੀ ਕਰਮਚਾਰੀਆਂ ਦਾ ਅਣਗੌਲਿਆ ਦਰਦ, ਬੰਧਕ ਜੀਵਨ ਅਤੇ ਮਾਨਵੀ ਤ੍ਰਾਸਦੀ

**ਸਮੁੰਦਰ ਦੇ ਵਿਚਕਾਰ ਜੀਵਨ-ਮਰਨ ਦੀ ਜੰਗ** : ਹੋਰਮੁਜ਼ ਸੰਕਟ ਦੀ ਸਭ ਤੋਂ ਪਹਿਲੀ ਅਤੇ ਸਭ ਤੋਂ ਦਰਦਨਾਕ ਸੱਟ ਉਹਨਾਂ ਹਜ਼ਾਰਾਂ ਸਮੁੰਦਰੀ ਕਰਮਚਾਰੀਆਂ, ਮਲਾਹਾਂ, ਰਸੋਈਆਂ ਅਤੇ ਜੂਨੀਅਰ ਇੰਜੀਨੀਅਰਾਂ ’ਤੇ ਵੱਜਦੀ ਹੈ ਜੋ ਅੰਤਰਰਾਸ਼ਟਰੀ ਮਾਲ-ਵਾਹਕ ਜਹਾਜ਼ਾਂ ’ਤੇ ਆਪਣੇ ਪਰਿਵਾਰਾਂ ਤੋਂ ਹਜ਼ਾਰਾਂ ਮੀਲ ਦੂਰ ਮਹੀਨਿਆਂ ਬੱਧੀ ਖ਼ੂਨ-ਪਸੀਨਾ ਵਹਾਉਂਦੇ ਹਨ। ਅਜਿਹਾ ਲੱਗਦਾ ਹੈ ਜਿਵੇਂ ਦੁਨੀਆ ਨੇ ਇਹਨਾਂ ਕਰਮਚਾਰੀਆਂ ਨੂੰ ਸਿਰਫ਼ ਮਸ਼ੀਨਾਂ ਦੇ ਪੁਰਜ਼ੇ ਮੰਨ ਲਿਆ ਹੋਵੇ। ਜਦੋਂ ਇਹ ਰਸਤਾ ਕਿਸੇ ਭੂ-ਰਾਜਨੀਤਿਕ ਜੰਗ ਕਾਰਨ ਬੰਦ ਹੋਣ ਦੀ ਕੰਗਾਰ ’ਤੇ ਆਉਂਦਾ ਹੈ ਜਾਂ ਕੋਈ ਜਹਾਜ਼ ਜ਼ਬਤ ਕੀਤਾ ਜਾਂਦਾ ਹੈ, ਤਾਂ ਇਹਨਾਂ ਬੇਕਸੂਰ ਮਨੁੱਖਾਂ ਸਾਹਮਣੇ ਕੇਵਲ ਨੌਕਰੀ ਬਚਾਉਣ ਦੀ ਨਹੀਂ, ਬਲਕਿ ਸਮੁੰਦਰ ਦੇ ਵਿਚਕਾਰ ਘੁੱਟ-ਘੁੱਟ ਕੇ ਮਰਨ ਦੀ ਨੌਬਤ ਆ ਜਾਂਦੀ ਹੈ।

**ਖਾਣੇ ਦੀ ਰਾਸ਼ਨਿੰਗ ਅਤੇ ਅੱਧਪੇਟ ਜੀਵਨ** : ਜਦੋਂ ਕੋਈ ਵਿਸ਼ਾਲ ਜਹਾਜ਼ ਖਾੜੀ ਦੇ ਵਿਚਕਾਰ ਮਹੀਨਿਆਂ ਲਈ ਫਸ ਜਾਂਦਾ ਹੈ, ਤਾਂ ਸਭ ਤੋਂ ਪਹਿਲਾਂ ਜਹਾਜ਼ ਦਾ ਮੁੱਖ ਰਸੋਈਆ (Chief Cook) ਖਾਣੇ ’ਤੇ ਸਖ਼ਤ ਪਾਬੰਦੀਆਂ ਲਗਾ ਦਿੰਦਾ ਹੈ। ਜਹਾਜ਼ਾਂ ’ਤੇ ਆਮ ਤੌਰ ’ਤੇ 40-50 ਦਿਨਾਂ ਦਾ ਆਮ ਰਾਸ਼ਨ ਹੁੰਦਾ ਹੈ ਅਤੇ ਲੰਬੇ ਰੂਟਾਂ ਜਿਵੇਂ ਚੀਨ, ਯੂਰਪ ਜਾਂ ਅਮਰੀਕਾ ਲਈ 60-90 ਦਿਨਾਂ ਦਾ ਸੁੱਕਾ ਰਾਸ਼ਨ ਲੋਡ ਹੁੰਦਾ ਹੈ। ਪਰ ਐਮਰਜੈਂਸੀ ਵਿੱਚ ਜਦੋਂ ਅੱਗੇ ਵਧਣ ਦਾ ਕੋਈ ਰਸਤਾ ਨਹੀਂ ਦਿਸਦਾ, ਤਾਂ ਕਰਮਚਾਰੀਆਂ ਨੂੰ ਜ਼ਿੰਦਾ ਰੱਖਣ ਲਈ ਜਲਦੀ ਖ਼ਰਾਬ ਹੋਣ ਵਾਲੀਆਂ ਚੀਜ਼ਾਂ ਜਿਵੇਂ ਸਬਜ਼ੀਆਂ ਅਤੇ ਮਾਸ ਪਹਿਲਾਂ ਖ਼ਤਮ ਕੀਤੇ ਜਾਂਦੇ ਹਨ ਅਤੇ ਸਿਰਫ਼ ਦਾਲ ਅਤੇ ਚੌਲ ਦੇ ਸਹਾਰੇ ਕਈ-ਕਈ ਮਹੀਨੇ ਬੇਹੱਦ ਮਾਪ-ਤੋਲ ਕੇ ਗੁਜ਼ਾਰਨੇ ਪੈਂਦੇ ਹਨ।

**ਪੀਣ ਵਾਲੇ ਪਾਣੀ ਦੀ ਕਿੱਲਤ ਅਤੇ ਸਖ਼ਤ ਨਿਯਮ** : ਇਸ ਮਾਨਵੀ ਸੰਕਟ ਵਿੱਚ ਪੀਣ ਵਾਲੇ ਪਾਣੀ ਦੀ ਕਿੱਲਤ ਸਭ ਤੋਂ ਭਿਆਨਕ ਰੂਪ ਧਾਰਨ ਕਰ ਲੈਂਦੀ ਹੈ। ਜਹਾਜ਼ ’ਤੇ ਸਮੁੰਦਰ ਦੇ ਖਾਰੇ ਪਾਣੀ ਨੂੰ ਪੀਣ ਯੋਗ ਬਣਾਉਣ ਵਾਲੀਆਂ ਵਿਸ਼ੇਸ਼ ਮਸ਼ੀਨਾਂ ਹੁੰਦੇ ਹਨ, ਜੋ ਇੰਜਣ ਦੀ ਗਰਮੀ ਜਾਂ ਵੈਕਿਊਮ ਜਨਰੇਟਰ ਨਾਲ ਚੱਲਦੀਆਂ ਹਨ। ਪਰ ਜੇਕਰ ਸੰਕਟ ਦੌਰਾਨ ਬਾਲਣ ਬਚਾਉਣ ਲਈ ਜਹਾਜ਼ ਦਾ ਮੁੱਖ ਇੰਜਣ ਬੰਦ ਕਰਨਾ ਪੈ ਜਾਵੇ, ਤਾਂ ਕਰਮਚਾਰੀਆਂ ਲਈ ਪਾਣੀ ਦੀ ਇੱਕ-ਇੱਕ ਬੂੰਦ ਕੀਮਤੀ ਹੋ ਜਾਂਦੀ ਹੈ ਅਤੇ ਨਹਾਉਣ, ਕੱਪੜੇ ਧੋਣ ਜਾਂ ਸਾਫ਼-ਸਫ਼ਾਈ ਕਰਨ ’ਤੇ ਮੁਕੰਮਲ ਪਾਬੰਦੀ ਲਗਾ ਦਿੱਤੀ ਜਾਂਦੀ ਹੈ।

**ਅਸਹਿ ਗਰਮੀ ਅਤੇ ਬਲੈਕਆਊਟ ਦਾ ਨਰਕ** : ਜਹਾਜ਼ ਦੇ ਬਾਲਣ (ਡੀਜ਼ਲ) ਨੂੰ ਕਈ ਮਹੀਨਿਆਂ ਤੱਕ ਖਿੱਚਣ ਲਈ ਮੁੱਖ ਜਨਰੇਟਰ ਬੰਦ ਕਰਕੇ ਸਿਰਫ਼ ਐਮਰਜੈਂਸੀ ਬੈਕਅੱਪ ਜਨਰੇਟਰ ਚਲਾਏ ਜਾਂਦੇ ਹਨ। ਆਮ ਦਿਨਾਂ ਵਿੱਚ 20 ਦਿਨ ਚੱਲਣ ਵਾਲਾ ਇਹ ਬਾਲਣ ਇਸੇ ਤਰ੍ਹਾਂ 3 ਤੋਂ 4 ਮਹੀਨਿਆਂ ਤੱਕ ਚਲਾਇਆ ਜਾਂਦਾ ਹੈ, ਜਿਸ ਦੇ ਨਤੀਜੇ ਵਜੋਂ ਕਰਮਚਾਰੀਆਂ ਨੂੰ ਬਿਨਾਂ ਏਸੀ (13) ਅਤੇ ਬਿਨਾਂ ਲੋੜੀਂਦੀ ਬਿਜਲੀ ਦੇ, ਖਾੜੀ ਦੀ ਅਸਹਿ ਝੁਲਸਾ ਦੇਣ ਵਾਲੀ ਗਰਮੀ ਵਿੱਚ ਜਹਾਜ਼ ਦੇ ਲੋਹੇ ਦੇ ਕੈਬਿਨਾਂ ਅੰਦਰ ਦਿਨ-ਰਾਤ ਤੜਫਣਾ ਪੈਂਦਾ ਹੈ।

**ਮੈਡੀਕਲ ਪ੍ਰਬੰਧ ਅਤੇ ਮਾਨਸਿਕ ਤਣਾਅ** : ਸਮੁੰਦਰੀ ਨਿਯਮਾਂ ਅਨੁਸਾਰ ਹਰ ਵੱਡੇ ਜਹਾਜ਼ ’ਤੇ ਇੱਕ ਮਿੰਨੀ ਹਸਪਤਾਲ ਹੁੰਦਾ ਹੈ, ਜਿਸ ਵਿੱਚ ਐਂਟੀਬਾਇਓਟਿਕਸ, ਪੇਨ ਕਿੱਲਰ ਅਤੇ ਆਕਸੀਜਨ ਸਿਲੰਡਰ ਦਾ 3 ਮਹੀਨਿਆਂ ਦਾ ਸਟਾਕ ਹੁੰਦਾ ਹੈ। ਪਰ ਜੰਗੀ ਮਾਹੌਲ, ਮਿਸਾਈਲ ਜਾਂ ਡਰੋਨ ਹਮਲਿਆਂ ਦਾ ਲਗਾਤਾਰ ਡਰ ਅਤੇ ਪਰਿਵਾਰਾਂ ਨਾਲੋਂ ਸੰਪਰਕ ਟੁੱਟਣਾ ਇਹਨਾਂ ਕਰਮਚਾਰੀਆਂ ’ਤੇ ਭਾਰੀ ਮਾਨਸਿਕ ਅਤੇ ਮਨੋਵਿਗਿਆਨਕ ਦਬਾਅ ਪਾਉਂਦਾ ਹੈ। ਅਜਿਹੇ ਔਖੇ ਸਮੇਂ ਕਪਤਾਨ ਦੇ ਲਾਕਰ ਵਿੱਚ ਪਈ ਲਗਭਗ 50,000 ਡਾਲਰ ਦੀ ਐਮਰਜੈਂਸੀ ਨਕਦੀ ਹੀ ਕਰਮਚਾਰੀਆਂ ਲਈ ਦਵਾਈਆਂ ਜਾਂ ਕੋਈ ਹੋਰ ਜ਼ਰੂਰੀ ਰਾਹਤ ਸਮੱਗਰੀ ਖਰੀਦਣ ਦਾ ਇੱਕਮਾਤਰ ਸਹਾਰਾ ਹੁੰਦੀ ਹੈ। ਭਾਰਤ ਲਈ ਇਹ ਮੁੱਦਾ ਬੇਹੱਦ ਸੰਵੇਦਨਸ਼ੀਲ ਹੈ ਕਿਉਂਕਿ ਦੁਨੀਆ ਭਰ ਦੇ ਜਹਾਜ਼ਾਂ ’ਤੇ ਸਭ ਤੋਂ ਵੱਧ ਭਾਰਤੀ ਕਰਮਚਾਰੀ ਤਾਇਨਾਤ ਹਨ, ਜੋ ਬਿਨਾਂ ਕਿਸੇ ਕਸੂਰ ਦੇ ਇਸ ਭੂ-ਰਾਜਨੀਤਿਕ ਦਲਦਲ ਵਿੱਚ ਫਸ ਜਾਂਦੇ ਹਨ ਅਤੇ ਜਿਨ੍ਹਾਂ ਦੀ ਸੁਰੱਖਿਅਤ ਵਾਪਸੀ ਲਈ ਪਰਦੇ ਦੇ ਪਿੱਛੇ ਬੇਹੱਦ ਗੁੰਝਲਦਾਰ ਕੂਟਨੀਤੀ (Diplomacy) ਲੜਾਉਣੀ ਪੈਂਦੀ ਹੈ।

**ਕਰਮਚਾਰੀਆਂ ਦੀ ਸੁਰੱਖਿਆ ਦੇ ਮੱਦੇਨਜ਼ਰ ਸ਼ਿਪਿੰਗ ਅਤੇ ਬੀਮਾ ਕੰਪਨੀਆਂ ਸਾਹਮਣੇ ਖੜ੍ਹੀਆਂ ਵੱਡੀਆਂ ਆਰਥਿਕ ਚੁਣੌਤੀਆਂ**

**ਰੂਟ ਬਦਲਣ ਦੀ ਮਜਬੂਰੀ ਅਤੇ ਵੱਡੇ ਖ਼ਰਚੇ** : ਜਦੋਂ ਸਮੁੰਦਰ ਵਿੱਚ ਕਰਮਚਾਰੀਆਂ ਦੀ ਜਾਨ ਅਤੇ ਸੁਰੱਖਿਆ ਦਾਅ ’ਤੇ ਲੱਗਦੀ ਹੈ, ਤਾਂ ਉਸ ਦਾ ਅਗਲਾ ਸਿੱਧਾ ਪ੍ਰਭਾਵ ਗਲੋਬਲ ਸ਼ਿਪਿੰਗ ਲਾਈਨਾਂ ਅਤੇ ਲੌਜਿਸਟਿਕਸ ਕੰਪਨੀਆਂ ਦੇ ਪੂਰੇ ਕਾਰੋਬਾਰ ਨੂੰ ਹਿਲਾ ਕੇ ਰੱਖ ਦਿੰਦਾ ਹੈ। Maersk, MSC, CMA CGM, Hapag-Lloyd ਅਤੇ Evergreen ਵਰਗੀਆਂ ਵੱਡੀਆਂ ਅੰਤਰਰਾਸ਼ਟਰੀ ਕੰਪਨੀਆਂ ਲਈ ਆਪਣੇ ਅਰਬਾਂ ਡਾਲਰ ਦੇ ਜਹਾਜ਼ਾਂ ਅਤੇ ਹਜ਼ਾਰਾਂ ਕਰਮਚਾਰੀਆਂ ਦੇ ਸਟਾਫ਼ ਨੂੰ ਹੋਰਮੁਜ਼ ਸਟਰੇਟ ਦੇ ਖ਼ਤਰਨਾਕ ਰਸਤੇ ਵਿਚੋਂ ਲੰਘਾਉਣ ਦਾ ਫ਼ੈਸਲਾ ਕਰਨਾ ਕੋਈ ਸੌਖਾ ਕੰਮ ਨਹੀਂ ਹੁੰਦਾ। ਆਪਣੇ ਕਰਮਚਾਰੀਆਂ ਨੂੰ ਮੌਤ ਦੇ ਮੂੰਹ ਵਿੱਚ ਧੱਕਣ ਤੋਂ ਬਚਣ ਲਈ, ਇਹ ਕੰਪਨੀਆਂ ਮਜਬੂਰ ਹੋ ਕੇ ਜਹਾਜ਼ਾਂ ਦੇ ਰੂਟ ਬਦਲ ਦਿੰਦੀਆਂ ਹਨ ਅਤੇ ਜਹਾਜ਼ਾਂ ਨੂੰ ਹੋਰਮੁਜ਼ ਦੀ ਬਜਾਏ ਹਜ਼ਾਰਾਂ ਮੀਲ ਲੰਬੇ ਵਿਕਲਪਕ ਰਸਤਿਆਂ (ਜਿਵੇਂ ਕਿ ਅਫ਼ਰੀਕਾ ਦੇ ਕੇਪ ਆਫ਼ ਗੁੱਡ ਹੋਪ) ਰਾਹੀਂ ਭੇਜਿਆ ਜਾਂਦਾ ਹੈ। ਇਸ ਲੰਬੀ ਯਾਤਰਾ ਕਾਰਨ ਬਾਲਣ ਦਾ ਖ਼ਰਚਾ ਬਹੁਤ ਜ਼ਿਆਦਾ ਵਧ ਜਾਂਦਾ ਹੈ ਅਤੇ ਮਾਲ ਦੀ ਡਿਲੀਵਰੀ ਵਿੱਚ ਕਈ ਹਫ਼ਤਿਆਂ ਦੀ ਦੇਰੀ ਹੁੰਦੀ ਹੈ, ਜਿਸ ਨਾਲ ਅੰਤਰਰਾਸ਼ਟਰੀ ਬੰਦਰਗਾਹਾਂ (Ports) ’ਤੇ ਜਹਾਜ਼ਾਂ ਦੀਆਂ ਲੰਬੀਆਂ ਕਤਾਰਾਂ ਲੱਗ ਜਾਂਦੀਆਂ ਹਨ।

**ਜੰਗੀ ਬੀਮੇ ਦੀ ਮਾਰ ਅਤੇ ਸਪਲਾਈ ਚੇਨ ਦਾ ਟੁੱਟਣਾ** : ਇਸ ਦੇ ਨਾਲ ਹੀ, ਜਦੋਂ ਕਿਸੇ ਸਮੁੰਦਰੀ ਖੇਤਰ ਨੂੰ ‘High Risk Zone” (ਉੱਚ ਜੋਖ਼ਮ ਵਾਲਾ ਖੇਤਰ) ਘੋਸ਼ਿਤ ਕਰ ਦਿੱਤਾ ਜਾਂਦਾ ਹੈ, ਤਾਂ ਬੀਮਾ ਕੰਪਨੀਆਂ ਜਹਾਜ਼ਾਂ ਅਤੇ ਉੱਥੇ ਕੰਮ ਕਰਦੇ ਸਟਾਫ਼ ਲਈ ’ਜੰਗੀ ਖ਼ਤਰੇ ਦਾ ਬੀਮਾ’ (War Risk Premium) ਅਸਧਾਰਨ ਰੂਪ ਵਿੱਚ ਵਧਾ ਦਿੰਦੀਆਂ ਹਨ। ਜਿਸ ਜਹਾਜ਼ ਦਾ ਬੀਮਾ ਆਮ ਦਿਨਾਂ ਵਿੱਚ ਕੁਝ ਹਜ਼ਾਰ ਡਾਲਰ ਹੁੰਦਾ ਹੈ, ਕੰਪਨੀਆਂ ਨੂੰ ਸੰਕਟ ਦੇ ਸਮੇਂ ਉਸ ਲਈ ਲੱਖਾਂ ਡਾਲਰ ਵਾਧੂ ਚੁਕਾਉਣੇ ਪੈਂਦੇ ਹਨ। ਕਤਰ ਵਰਗੇ ਖਾੜੀ ਦੇਸ਼ਾਂ ਤੋਂ ਆਉਣ ਵਾਲੀ ਤਰਲ ਪ੍ਰਾਕ੍ਰਿਤਿਕ ਗੈਸ (LNG) ਅਤੇ ਵੱਖ-ਵੱਖ ਉਦਯੋਗਾਂ ਲਈ ਜ਼ਰੂਰੀ ਕੱਚੇ ਮਾਲ ਦੀ ਸਪਲਾਈ ਚੇਨ ਟੁੱਟਣ ਨਾਲ ਸੰਸਾਰ ਭਰ ਦੀਆਂ ਫੈਕਟਰੀਆਂ ਵਿੱਚ ਉਤਪਾਦਨ ਠੱਪ ਹੋਣ ਦੀ ਨੌਬਤ ਆ ਜਾਂਦੀ ਹੈ।

**ਕਰਮਚਾਰੀਆਂ ਅਤੇ ਕੰਪਨੀਆਂ ਦੀਆਂ ਮੁਸ਼ਕਲਾਂ ਦਾ ਆਮ ਜਨਤਾ (Public) ’ਤੇ ਅਸਰ ਅਤੇ ਮਹਿੰਗਾਈ ਦੀ ਮਾਰ ਤੇਲ ਦੀਆਂ ਕੀਮਤਾਂ ’ਚ ਉਛਾਲ** : ਸਮੁੰਦਰੀ ਕਰਮਚਾਰੀਆਂ ਦੇ ਇਸ ਮਾਨਵੀ ਸੰਕਟ ਅਤੇ ਸ਼ਿਪਿੰਗ ਕੰਪਨੀਆਂ ਦੇ ਵਧੇ ਹੋਏ ਅਰਬਾਂ ਡਾਲਰ ਦੇ ਖਰਚਿਆਂ ਦਾ ਅੰਤਿਮ ਖ਼ਮਿਆਜ਼ਾ ਕਿਸੇ ਲੀਡਰ ਜਾਂ ਉਦਯੋਗਪਤੀ ਨੂੰ ਨਹੀਂ, ਬਲਕਿ ਦੁਨੀਆ ਭਰ ਦੀ ਆਮ ਜਨਤਾ ਨੂੰ ਭੁਗਤਣਾ ਪੈਂਦਾ ਹੈ। ਇਹ ਸਿਲਸਿਲਾ ਸਮੁੰਦਰ ਤੋਂ ਸ਼ੁਰੂ ਹੋ ਕੇ ਸਿੱਧਾ ਆਮ ਲੋਕਾਂ ਦੇ ਘਰਾਂ ਦੀ ਰਸੋਈ ਤੱਕ ਪਹੁੰਚਦਾ ਹੈ। ਹੋਰਮੁਜ਼ ਸਟਰੇਟ ਰਾਹੀਂ ਦੁਨੀਆ ਦੇ ਕੁੱਲ ਸਮੁੰਦਰੀ ਤੇਲ ਵਪਾਰ ਦਾ ਲਗਭਗ 20% ਹਿੱਸਾ ਲੰਘਦਾ ਹੈ ਅਤੇ ਜਦੋਂ ਇਸ ਸਪਲਾਈ ਲਾਈਨ ਵਿੱਚ ਇੱਕ ਦਿਨ ਦੀ ਵੀ ਰੁਕਾਵਟ ਆਉਂਦੀ ਹੈ, ਤਾਂ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਕੱਚੇ ਤੇਲ ਦੀਆਂ ਕੀਮਤਾਂ ਨੂੰ ਅੱਗ ਲੱਗ ਜਾਂਦੀ ਹੈ।

**ਰੋਜ਼ਮਰ੍ਹਾ ਦੀਆਂ ਵਸਤਾਂ ਦਾ ਮਹਿੰਗਾ ਹੋਣਾ** : ਕੱਚਾ ਤੇਲ ਮਹਿੰਗਾ ਹੋਣ ਕਾਰਨ ਦੇਸ਼ ਦੇ ਕੋਨੇ-ਕੋਨੇ ਵਿੱਚ ਸਥਾਨਕ ਪੈਟਰੋਲ ਪੰਪਾਂ ’ਤੇ ਕੀਮਤਾਂ ਵਿੱਚ ਭਾਰੀ ਵਾਧਾ ਹੁੰਦਾ ਹੈ, ਜਿਸ ਨਾਲ ਦੇਸ਼ ਅੰਦਰ ਮਾਲ-ਭਾੜਾ ਅਤੇ ਆਵਾਜਾਈ ਦੀ ਲਾਗਤ (Transportation Cost) ਤੁਰੰਤ ਵਧ ਜਾਂਦੀ ਹੈ। ਇਸ ਦਾ ਸਿੱਧਾ ਅਸਰ ਇਹ ਹੁੰਦਾ ਹੈ ਕਿ ਬਾਜ਼ਾਰ ਵਿੱਚ ਮਿਲਣ ਵਾਲੀਆਂ ਰੋਜ਼ਾਨਾ ਵਰਤੋਂ ਦੀਆਂ ਚੀਜ਼ਾਂ ਜਿਵੇਂ ਸਬਜ਼ੀਆਂ, ਅਨਾਜ, ਦਾਲਾਂ, ਦੁੱਧ ਅਤੇ ਦਵਾਈਆਂ ਆਮ ਲੋਕਾਂ ਦੀ ਪਹੁੰਚ ਤੋਂ ਦੂਰ ਹੋ ਕੇ ਮਹਿੰਗੀਆਂ ਹੋਣ ਲੱਗਦੀਆਂ ਹਨ।

**ਵਿੱਤੀ ਬਾਜ਼ਾਰਾਂ ’ਚ ਘਬਰਾਹਟ ਅਤੇ ਲੋਨ ਦਾ ਬੋਝ** : ਇਸ ਦੇ ਨਾਲ ਹੀ, ਹੋਰਮੁਜ਼ ਵਿੱਚ ਤਣਾਅ ਦੀ ਇੱਕ ਵੀ ਖ਼ਬਰ ਆਉਣ ਨਾਲ ਦੁਨੀਆ ਭਰ ਦੇ ਸ਼ੇਅਰ ਬਾਜ਼ਾਰਾਂ (Stock Markets) ਵਿੱਚ ਭਾਜੜ ਮਚ ਜਾਂਦੀ ਹੈ ਅਤੇ ਬਾਜ਼ਾਰ ਡਿੱਗਣ ਕਾਰਨ ਆਮ ਲੋਕਾਂ ਦੀ ਮਿਹਨਤ ਦੀ ਕਮਾਈ ਅਤੇ ਨਿਵੇਸ਼ ਡੁੱਬਣ ਲੱਗਦੇ ਹਨ। ਇਸ ਵਧਦੀ ਹੋਈ ਮਹਿੰਗਾਈ ਨੂੰ ਕਾਬੂ ਕਰਨ ਲਈ ਕੇਂਦਰੀ ਬੈਂਕਾਂ ’ਤੇ ਵਿਆਜ ਦਰਾਂ (Interest Rates) ਨੂੰ ਉੱਚਾ ਰੱਖਣ ਦਾ ਭਾਰੀ ਦਬਾਅ ਬਣਦਾ ਹੈ, ਜਿਸ ਕਾਰਨ ਆਮ ਮੱਧਵਰਗੀ ਪਰਿਵਾਰਾਂ ਲਈ ਘਰ ਬਣਾਉਣ, ਗੱਡੀ ਖਰੀਦਣ ਜਾਂ ਬੱਚਿਆਂ ਦੀ ਪੜ੍ਹਾਈ ਲਈ ਬੈਂਕ ਤੋਂ ਲੋਨ ਲੈਣਾ ਬੇਹੱਦ ਮਹਿੰਗਾ ਹੋ ਜਾਂਦਾ ਹੈ।

**ਹੋਰਮੁਜ਼ ਦੀ ਭੂਗੋਲਿਕ ਬਣਤਰ ਅਤੇ ਭੂ-ਰਾਜਨੀਤਿਕ ਟਕਰਾਅ ਦਾ ਤਿਕੋਣ ਰਣਨੀਤਿਕ ਅਤੇ ਸੰਕੁਚਿਤ ਬਣਤਰ** : ਜੇਕਰ ਇਸ ਪੂਰੇ ਸੰਕਟ ਦੇ ਭੂਗੋਲਿਕ ਕੇਂਦਰ ਨੂੰ ਦੇਖਿਆ ਜਾਵੇ, ਤਾਂ ਹੋਰਮੁਜ਼ ਸਟਰੇਟ ਫ਼ਾਰਸ ਦੀ ਖਾੜੀ ਨੂੰ ਅਰਬ ਸਾਗਰ ਅਤੇ ਓਮਾਨ ਦੀ ਖਾੜੀ ਨਾਲ ਜੋੜਨ ਵਾਲਾ ਇੱਕ ਬੇਹੱਦ ਸੰਕੁਚਿਤ ਸਮੁੰਦਰੀ ਰਸਤਾ ਹੈ। ਇਸ ਦੇ ਇੱਕ ਪਾਸੇ ਇਰਾਨ ਦੀਆਂ ਸਰਹੱਦਾਂ ਹਨ ਅਤੇ ਦੂਜੇ ਪਾਸੇ ਓਮਾਨ ਅਤੇ ਸੰਯੁਕਤ ਅਰਬ ਅਮੀਰਾਤ (UAE) ਵਰਗੇ ਖਾੜੀ ਦੇਸ਼ ਸਥਿਤ ਹਨ। ਇਹ ਰਸਤਾ ਕੁਝ ਥਾਵਾਂ ’ਤੇ ਇੰਨਾ ਜ਼ਿਆਦਾ ਤੰਗ ਹੈ ਕਿ ਇਸ ਦੀ ਇਹੀ ਭੂਗੋਲਿਕ ਬਣਤਰ ਇਸ ਦੀ ਸਭ ਤੋਂ ਵੱਡੀ ਰਣਨੀਤਿਕ ਤਾਕਤ ਅਤੇ ਸਭ ਤੋਂ ਵੱਡੀ ਕਮਜ਼ੋਰੀ ਬਣ ਚੁੱਕੀ ਹੈ।

**ਸ਼ਕਤੀਆਂ ਦਾ ਟਕਰਾਅ ਅਤੇ ਫ਼ੌਜੀ ਮੌਜੂਦਗੀ** : ਸਾਊਦੀ ਅਰਬ, ਇਰਾਕ, ਕੁਵੈਤ ਅਤੇ ਯੂਏਈ ਵਰਗੇ ਵਿਸ਼ਵ ਦੇ ਸਭ ਤੋਂ ਵੱਡੇ ਤੇਲ-ਉਤਪਾਦਕ ਦੇਸ਼ਾਂ ਦਾ ਪੂਰਾ ਵਪਾਰਕ ਭਵਿੱਖ ਇਸੇ ਬਰੀਕ ਸਮੁੰਦਰੀ ਰਸਤੇ ’ਤੇ ਟਿਕਿਆ ਹੋਇਆ ਹੈ। ਜਦੋਂ ਵੀ ਇਰਾਨ ਉੱਤੇ ਅਮਰੀਕਾ ਜਾਂ ਪੱਛਮੀ ਦੇਸ਼ਾਂ ਵੱਲੋਂ ਕੋਈ ਨਵੀਂ ਆਰਥਿਕ ਪਾਬੰਦੀ ਲਗਾਈ ਜਾਂਦੀ ਹੈ, ਤਾਂ ਉਹ ਪੂਰੀ ਦੁਨੀਆ ਨੂੰ ਝੁਕਾਉਣ ਲਈ ਇਸੇ ਸਟਰੇਟ ਨੂੰ ਬੰਦ ਕਰਨ ਜਾਂ ਇੱਥੋਂ ਲੰਘਣ ਵਾਲੇ ਵਪਾਰਕ ਜਹਾਜ਼ਾਂ ਨੂੰ ਨਿਸ਼ਾਨਾ ਬਣਾਉਣ ਦੀ ਧਮਕੀ ਦਿੰਦਾ ਹੈ। ਅਮਰੀਕਾ ਅਤੇ ਉਸਦੇ ਸਹਿਯੋਗੀ ਦੇਸ਼ ਇਸ ਖੇਤਰ ਵਿੱਚ ਆਪਣੀ ਬਹੁਤ ਵੱਡੀ ਨੌਸੈਨਿਕ ਅਤੇ ਫ਼ੌਜੀ ਮੌਜੂਦਗੀ ਰੱਖਦੇ ਹਨ, ਪਰ ਇਹ ਹਥਿਆਰਾਂ ਦੀ ਲੜਾਈ ਸੰਕਟ ਨੂੰ ਸੁਲਝਾਉਣ ਦੀ ਬਜਾਏ ਉੱਥੇ ਕੰਮ ਕਰਨ ਵਾਲੇ ਨਿਰਦੋਸ਼ ਸਮੁੰਦਰੀ ਕਰਮਚਾਰੀਆਂ ਦੇ ਜੀਵਨ ਦੇ ਜੋਖ਼ਮ ਨੂੰ ਕਈ ਗੁਣਾ ਵਧਾ ਦਿੰਦੀ ਹੈ।

**ਭਾਰਤ, ਚੀਨ ਅਤੇ ਏਸ਼ੀਆਈ ਦੇਸ਼ਾਂ ਦੀ ਇਸ ਜਲ-ਮਾਰਗ ’ਤੇ ਵੱਡੀ ਨਿਰਭਰਤਾ ਏਸ਼ੀਆਈ ਊਰਜਾ ਸੁਰੱਖਿਆ ਦਾ ਆਧਾਰ** : ਇਹ ਸਮਝਣਾ ਬਹੁਤ ਜ਼ਰੂਰੀ ਹੈ ਕਿ ਹੋਰਮੁਜ਼ ਵਿੱਚ ਪੈਦਾ ਹੋਣ ਵਾਲੀ ਕੋਈ ਵੀ ਅਸਥਿਰਤਾ ਪੱਛਮੀ ਦੇਸ਼ਾਂ ਦੇ ਮੁਕਾਬਲੇ ਭਾਰਤ, ਚੀਨ ਅਤੇ ਜਾਪਾਨ ਵਰਗੀਆਂ ਵੱਡੀਆਂ ਏਸ਼ੀਆਈ ਅਰਥਵਿਵਸਥਾਵਾਂ ਨੂੰ ਕਿੰਨੀ ਬੁਰੀ ਤਰ੍ਹਾਂ ਬਰਬਾਦ ਕਰ ਸਕਦੀ ਹੈ। ਇਹ ਦੇਸ਼ ਆਪਣੀ ਉਦਯੋਗਿਕ ਤਰੱਕੀ ਅਤੇ ਊਰਜਾ ਸੁਰੱਖਿਆ ਲਈ ਲਗਭਗ ਪੂਰੀ ਤਰ੍ਹਾਂ ਖਾੜੀ ਦੇਸ਼ਾਂ ਦੇ ਤੇਲ ’ਤੇ ਹੀ ਨਿਰਭਰ ਹਨ।

**ਭਾਰਤ ਦਾ ਆਯਾਤ ਬਿੱਲ ਅਤੇ ਅਸਥਾਈ ਰਾਹਤ** : ਖ਼ਾਸ ਕਰਕੇ ਭਾਰਤ ਆਪਣੀ ਲੋੜ ਦਾ 80% ਤੋਂ ਵੱਧ ਕੱਚਾ ਤੇਲ ਬਾਹਰੋਂ ਮੰਗਵਾਉਂਦਾ ਹੈ, ਜੋ ਇਸੇ ਰੂਟ ਰਾਹੀਂ ਸਾਡੀਆਂ ਬੰਦਰਗਾਹਾਂ ਤੱਕ ਪਹੁੰਚਦਾ ਹੈ। ਹੋਰਮੁਜ਼ ਵਿੱਚ ਸੰਕਟ ਆਉਣ ਨਾਲ ਭਾਰਤ ਦਾ ਆਯਾਤ ਬਿੱਲ ਬਹੁਤ ਜ਼ਿਆਦਾ ਵਧ ਜਾਂਦਾ ਹੈ, ਜਿਸ ਨਾਲ ਅੰਤਰਰਾਸ਼ਟਰੀ ਬਾਜ਼ਾਰ ਵਿੱਚ ਡਾਲਰ ਦੇ ਮੁਕਾਬਲੇ ਸਾਡਾ ਰੁਪਿਆ ਕਮਜ਼ੋਰ ਹੋ ਜਾਂਦਾ ਹੈ। ਨਤੀਜੇ ਵਜੋਂ ਦੇਸ਼ ਦੇ ਵਿੱਤੀ ਪ੍ਰਬੰਧਨ ਸਾਹਮਣੇ ਗੰਭੀਰ ਚੁਣੌਤੀਆਂ ਖੜ੍ਹੀਆਂ ਹੋ ਜਾਂਦੀਆਂ ਹਨ। ਭਾਵੇਂ ਭਾਰਤ ਨੇ ਐਮਰਜੈਂਸੀ ਲਈ ਵੱਖ-ਵੱਖ ਥਾਵਾਂ ’ਤੇ ਆਪਣੇ ਰਣਨੀਤਿਕ ਤੇਲ ਭੰਡਾਰ (Strategic Petroleum Reserves) ਸਥਾਪਿਤ ਕੀਤੇ ਹਨ, ਪਰ ਇਹ ਭੰਡਾਰ ਸਿਰਫ਼ ਕੁਝ ਦਿਨਾਂ ਦੀ ਅਸਥਾਈ ਰਾਹਤ ਹੀ ਦੇ ਸਕਦੇ ਹਨ, ਕਿਸੇ ਲੰਬੇ ਸਮੇਂ ਦੇ ਭੂ-ਰਾਜਨੀਤਿਕ ਸੰਕਟ ਦਾ ਪੂਰਾ ਬਦਲ ਕਦੇ ਨਹੀਂ ਬਣ ਸਕਦੇ।

**ਮਾਨਵੀ ਚਿੰਤਾ ਤੋਂ ਆਰਥਿਕ ਬੋਝ ਤੱਕ** : ਹੋਰਮੁਜ਼ ਸਟਰੇਟ ਦਾ ਇਹ ਗੰਭੀਰ ਵਿਵਾਦ ਸਾਨੂੰ ਇਹ ਸਿਖਾਉਂਦਾ ਹੈ ਕਿ ਅੱਜ ਦੇ ਦੌਰ ਵਿੱਚ ਕੋਈ ਵੀ ਦੇਸ਼, ਸਮਾਜ ਜਾਂ ਨਾਗਰਿਕ ਦੂਜਿਆਂ ਤੋਂ ਵੱਖਰਾ ਨਹੀਂ ਹੈ। ਸਮੁੰਦਰ ਦੀਆਂ ਖ਼ੌਫ਼ਨਾਕ ਲਹਿਰਾਂ ਦੇ ਵਿਚਕਾਰ ਜਹਾਜ਼ ’ਤੇ ਬੰਧਕ ਬਣੇ ਇੱਕ ਨਿਰਦੋਸ਼ ਮਲਾਹ ਦੇ ਸੁੱਕਦੇ ਹੋਏ ਰਾਸ਼ਨ, ਪੀਣ ਵਾਲੇ ਪਾਣੀ ਦੀ ਬੂੰਦ-ਬੂੰਦ ਦੀ ਤੜਫ ਅਤੇ ਉਸ ਦੇ ਪਰਿਵਾਰ ਦੇ ਅਣਗੌਲੇ ਦਰਦ ਤੋਂ ਸ਼ੁਰੂ ਹੋਣ ਵਾਲਾ ਇਹ ਮਾਨਵੀ ਸੰਕਟ, ਸ਼ਿਪਿੰਗ ਕੰਪਨੀਆਂ ਦੇ ਲੱਖਾਂ ਡਾਲਰ ਦੇ ਵਧੇ ਹੋਏ ਬੀਮਾ ਖਰਚਿਆਂ ਦੇ ਰਾਹ ਤੋਂ ਹੁੰਦਾ ਹੋਇਆ, ਆਖ਼ਰਕਾਰ ਸਾਡੇ ਦੇਸ਼ ਦੇ ਇੱਕ ਆਮ ਨਾਗਰਿਕ ਦੀ ਜੇਬ ’ਤੇ ਮਹਿੰਗਾਈ ਦਾ ਕੁਹਾੜਾ ਬਣ ਕੇ ਡਿੱਗਦੀ ਹੈ।

**ਕੂਟਨੀਤੀ ਦੀ ਅਨਿਵਾਰਤਾ** : ਇਸੇ ਲਈ, ਹੋਰਮੁਜ਼ ਸਟਰੇਟ ਵਿੱਚ ਸਥਿਰਤਾ, ਅਮਨ ਅਤੇ ਸੁਰੱਖਿਆ ਬਣਾਈ ਰੱਖਣਾ ਸਿਰਫ਼ ਮੱਧ ਪੂਰਬ ਦੀ ਰਾਜਨੀਤੀ ਦਾ ਹਿੱਸਾ ਨਹੀਂ ਹੈ, ਬਲਕਿ ਇਹ ਦੁਨੀਆ ਭਰ ਦੇ ਸਮੁੰਦਰੀ ਕਰਮਚਾਰੀਆਂ ਦੀਆਂ ਕੀਮਤੀ ਜਾਨਾਂ ਦੀ ਰੱਖਿਆ ਅਤੇ ਅਰਬਾਂ ਲੋਕਾਂ ਦੀ ਆਰਥਿਕ ਹੋਂਦ ਨੂੰ ਬਚਾਉਣ ਦੀ ਸਭ ਤੋਂ ਵੱਡੀ ਅਨਿਵਾਰਤਾ ਹੈ। ਜਦੋਂ ਤੱਕ ਸੰਸਾਰ ਦੇ ਵੱਡੇ ਨੇਤਾ ਇਹਨਾਂ ਇਨਸਾਨਾਂ ਦੇ ਦਰਦ ਨੂੰ ਸਮਝ ਕੇ ਅੰਤਰਰਾਸ਼ਟਰੀ ਕੂਟਨੀਤੀ ਰਾਹੀਂ ਇਸ ਜਲ-ਮਾਰਗ ਨੂੰ ਸੁਰੱਖਿਅਤ ਨਹੀਂ ਕਰਦੇ, ਉਦੋਂ ਤੱਕ ਵਿਸ਼ਵ ਅਰਥਵਿਵਸਥਾ ਦੀ ਹੋਂਦ ਹਮੇਸ਼ਾ ਖ਼ਤਰੇ ਵਿੱਚ ਰਹੇਗੀ।

# ਵਾਤਾਵਰਨ ਦਿਵਸ ’ਤੇ ਵਿਸ਼ੇਸ਼: ਸੰਤੁਲਿਤ ਵਾਤਾਵਰਨ ਅਤੇ ਮਨੁੱਖੀ ਜੀਵਨ ਲਈ ਰੁੱਖਾਂ ਦੀ ਮਹੱਤਤਾ



ਦਿਨੇਸ਼ ਕੁਮਾਰ
ਲੈਕਚਰਾਰ ਫ਼ਿਜ਼ਿਕਸ
ਸ. ਵਿਕਟੋਰੀਆ ਕੰਨਿਆ
ਸੀਨੀ. ਸੈਕੰ. ਸਕੂਲ,
ਪਟਿਆਲਾ

ਰੁੱਖ ਮਨੁੱਖਤਾ ਲਈ ਕੁਦਰਤ ਦੇ ਸਭ ਤੋਂ ਵੱਡੇ ਤੋਹਫ਼ਿਆਂ ਵਿੱਚੋਂ ਇੱਕ ਹਨ। ਇਹ ਨਾ ਸਿਰਫ਼ ਵਾਤਾਵਰਣ ਸੰਤੁਲਨ ਬਣਾਈ ਰੱਖਣ ਲਈ ਜ਼ਰੂਰੀ ਹਨ, ਸਗੋਂ ਮਨੁੱਖੀ ਜੀਵਨ ਨੂੰ ਕਾਇਮ ਰੱਖਣ ਵਿੱਚ ਵੀ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਆਕਸੀਜਨ ਅਤੇ ਭੋਜਨ ਪ੍ਰਦਾਨ ਕਰਨ ਤੋਂ ਲੈ ਕੇ ਜਲਵਾਯੂ ਨੂੰ ਕੰਟਰੋਲ ਕਰਨ ਅਤੇ ਜੈਵ-ਵਿਭਿੰਨਤਾ ਦਾ ਸਮਰਥਨ ਕਰਨ ਤੱਕ, ਰੁੱਖ ਧਰਤੀ ’ਤੇ ਹਰ ਜੀਵ ਦੇ ਬਚਾਅ ਅਤੇ ਤੰਦਰੁਸਤੀ ਨਾਲ ਡੂੰਘਾਈ ਨਾਲ ਜੁੜੇ ਹੋਏ ਹਨ। ਅੱਜ ਦੇ ਸੰਸਾਰ ਵਿੱਚ, ਜਿੱਥੇ ਵਾਤਾਵਰਣ ਪ੍ਰਦੂਸ਼ਣ, ਜਲਵਾਯੂ ਪਰਿਵਰਤਨ ਅਤੇ ਗਲੋਬਲ ਵਾਰਮਿੰਗ ਮੁੱਖ ਚਿੰਤਾਵਾਂ ਬਣ ਰਹੇ ਹਨ, ਰੁੱਖਾਂ ਦੀ ਮਹੱਤਤਾ ਪਹਿਲਾਂ ਨਾਲੋਂ ਕਿਤੇ ਵੱਧ ਵਧ ਗਈ ਹੈ।

**ਰੁੱਖ ਅਤੇ ਵਾਤਾਵਰਣ ਸੰਤੁਲਨ**

ਰੁੱਖ ਇੱਕ ਸਿਹਤਮੰਦ ਵਾਤਾਵਰਣ ਦੀ ਰੀੜ੍ਹ ਦੀ ਹੱਡੀ ਹਨ। ਉਹ ਵਾਯੂਮੰਡਲ ਤੋਂ ਕਾਰਬਨ ਡਾਈਆਕਸਾਈਡ ਸੋਖਦੇ ਹਨ ਅਤੇ ਆਕਸੀਜਨ ਛੱਡਦੇ ਹਨ, ਜਿਸ ਨਾਲ ਹਵਾ ਸਾਫ਼ ਅਤੇ ਮਨੁੱਖਾਂ ਅਤੇ ਜਾਨਵਰਾਂ ਲਈ ਸਿਹਤਮੰਦ ਬਣਦੀ ਹੈ। ਵੱਡੀ ਗਿਣਤੀ ਵਿੱਚ ਰੁੱਖ ਗ੍ਰੀਨ ਹਾਊਸ ਗੈਸਾਂ ਦੇ ਨੁਕਸਾਨਦੇਹ ਪ੍ਰਭਾਵਾਂ ਨੂੰ ਘਟਾਉਣ ਵਿੱਚ ਮਦਦ ਕਰਦੇ ਹਨ, ਜੋ ਕਿ ਗਲੋਬਲ ਵਾਰਮਿੰਗ ਲਈ ਜ਼ਿੰਮੇਵਾਰ ਹਨ।

ਜੰਗਲ ਬਾਰਿਸ਼ ਨੂੰ ਵੀ ਨਿਯੰਤ੍ਰਿਤ ਕਰਦੇ ਹਨ ਅਤੇ ਪਾਣੀ ਦੇ ਚੱਕਰ ਨੂੰ ਬਣਾਈ ਰੱਖਦੇ ਹਨ। ਰੁੱਖ ਮਿੱਟੀ ਨੂੰ ਆਪਣੀਆਂ ਜੜ੍ਹਾਂ ਨਾਲ ਮਜ਼ਬੂਤੀ ਨਾਲ ਫੜ ਕੇ ਮਿੱਟੀ ਦੇ ਕਟੌਤੀ ਨੂੰ ਰੋਕਦੇ ਹਨ ਅਤੇ ਭੂਮੀਗਤ ਪਾਣੀ ਨੂੰ ਸੁਰੱਖਿਅਤ ਰੱਖਣ ਵਿੱਚ ਮਦਦ ਕਰਦੇ ਹਨ। ਇਸ ਤੋਂ ਇਲਾਵਾ, ਇਹ ਸ਼ਹਿਰਾਂ ਅਤੇ ਪਿੰਡਾਂ ਦੇ ਤਾਪਮਾਨ ਨੂੰ ਘਟਾਉਂਦੇ ਹਨ, ਛਾਂ ਪ੍ਰਦਾਨ ਕਰਦੇ ਹਨ ਅਤੇ ਕੁਦਰਤੀ ਤੌਰ ’ਤੇ ਵਾਤਾਵਰਣ ਨੂੰ ਠੰਡਾ ਕਰਦੇ ਹਨ। ਰੁੱਖਾਂ ਤੋਂ ਬਿਨਾਂ, ਕੁਦਰਤ ਦਾ ਸੰਤੁਲਨ ਵਿਗੜ ਜਾਵੇਗਾ। ਵਧਦਾ ਤਾਪਮਾਨ, ਅਨਿਯਮਿਤ ਬਾਰਿਸ਼, ਹੜ੍ਹ, ਸੋਕਾ ਅਤੇ ਪ੍ਰਦੂਸ਼ਣ ਸਾਰੇ ਜੰਗਲਾਂ ਦੀ ਕਟਾਈ ਅਤੇ ਜੰਗਲਾਂ ਦੇ ਵਿਨਾਸ਼ ਨਾਲ ਜੁੜੇ ਹੋਏ ਹਨ।

**ਮਨੁੱਖੀ ਜੀਵਨ ਵਿੱਚ ਰੁੱਖਾਂ ਦੀ ਮਹੱਤਤਾ**

ਰੁੱਖ ਮਨੁੱਖੀ ਜੀਵਨ ਵਿੱਚ ਅਣਗਿਣਤ ਤਰੀਕਿਆਂ ਨਾਲ ਯੋਗਦਾਨ ਪਾਉਂਦੇ ਹਨ। ਉਹ ਫਲ, ਸਬਜ਼ੀਆਂ, ਗਿਰੀਦਾਰ, ਦਵਾਈਆਂ, ਲੱਕੜ, ਰਬੜ, ਕਾਗਜ਼ ਅਤੇ ਹੋਰ ਬਹੁਤ ਸਾਰੇ ਲਾਭਦਾਇਕ ਉਤਪਾਦ ਪ੍ਰਦਾਨ ਕਰਦੇ ਹਨ। ਸਿਹਤ ਸੰਭਾਲ ਅਤੇ ਰਵਾਇਤੀ ਦਵਾਈ ਵਿੱਚ ਵਰਤੇ ਜਾਣ ਵਾਲੇ ਕਈ ਚਿਕਿਤਸਕ ਪੌਦੇ ਅਤੇ ਜੜ੍ਹੀਆਂ ਬੂਟੀਆਂ ਰੁੱਖਾਂ ਅਤੇ ਜੰਗਲਾਂ ਤੋਂ ਆਉਂਦੀਆਂ ਹਨ।

ਰੁੱਖ ਮਨੁੱਖੀ ਅਤੇ ਸਰੀਰਕ ਸਿਹਤ ਨੂੰ ਵੀ ਬਿਹਤਰ ਬਣਾਉਂਦੇ ਹਨ। ਹਰਾ-ਭਰਾ ਵਾਤਾਵਰਣ ਸ਼ਾਂਤੀ ਪੈਦਾ ਕਰਦਾ ਹੈ, ਤਣਾਅ ਘਟਾਉਂਦਾ ਹੈ ਅਤੇ ਜੀਵਨ ਦੀ ਗੁਣਵੱਤਾ ਵਿੱਚ ਸੁਧਾਰ ਕਰਦਾ ਹੈ। ਰੁੱਖਾਂ ਨਾਲ ਭਰੇ ਪਾਰਕ ਅਤੇ ਬਾਗ਼ ਲੋਕਾਂ ਨੂੰ ਆਰਾਮ ਕਰਨ ਅਤੇ ਕੁਦਰਤ ਨਾਲ ਜੁੜਨ ਲਈ ਜਗ੍ਹਾ ਪ੍ਰਦਾਨ ਕਰਦੇ ਹਨ।

ਆਰਥਿਕ ਤੌਰ ’ਤੇ, ਰੁੱਖ ਖੇਤੀਬਾੜੀ, ਫਰਨੀਚਰ, ਨਿਰਮਾਣ ਅਤੇ ਕਾਗਜ਼ ਉਤਪਾਦਨ ਵਰਗੇ ਉਦਯੋਗਾਂ ਦਾ ਸਮਰਥਨ ਕਰਦੇ ਹਨ। ਦੁਨੀਆ ਭਰ ਦੇ ਲੱਖਾਂ ਲੋਕ ਆਪਣੀ ਰੋਜ਼ੀ-ਰੋਟੀ ਲਈ ਸਿੱਧੇ ਜਾਂ ਅਸਿੱਧੇ ਤੌਰ ’ਤੇ ਜੰਗਲਾਂ ’ਤੇ ਨਿਰਭਰ ਕਰਦੇ ਹਨ।

**ਰੁੱਖ ਅਤੇ ਜੈਵ ਵਿਭਿੰਨਤਾ**: ਰੁੱਖ ਪੰਛੀਆਂ, ਕੀੜੇ-ਮਕੌੜਿਆਂ ਅਤੇ ਜੰਗਲੀ ਜਾਨਵਰਾਂ ਨੂੰ ਪਨਾਹ ਅਤੇ ਭੋਜਨ ਪ੍ਰਦਾਨ ਕਰਦੇ ਹਨ। ਜੰਗਲ ਅਣਗਿਣਤ ਪ੍ਰਜਾਤੀਆਂ ਦਾ ਘਰ ਹਨ ਜੋ ਧਰਤੀ ਦੀ ਜੈਵ ਵਿਭਿੰਨਤਾ ਦਾ ਮਹੱਤਵਪੂਰਨ ਹਿੱਸਾ ਬਣਦੀਆਂ ਹਨ। ਜਦੋਂ ਰੁੱਖ ਕੱਟੇ ਜਾਂਦੇ ਹਨ, ਤਾਂ ਬਹੁਤ ਸਾਰੀਆਂ ਪ੍ਰਜਾਤੀਆਂ ਆਪਣਾ ਨਿਵਾਸ ਸਥਾਨ ਗੁਆ ਦਿੰਦੀਆਂ ਹਨ ਅਤੇ ਖ਼ਤਰੇ ਵਿੱਚ ਪੈ ਜਾਂਦੀਆਂ ਹਨ ਜਾਂ ਅਲੋਪ ਹੋ ਸਕਦੀਆਂ ਹਨ।

ਇਸ ਤਰ੍ਹਾਂ, ਰੁੱਖਾਂ ਦੀ ਰੱਖਿਆ ਦਾ ਅਰਥ ਜੰਗਲੀ ਜੀਵਾਂ ਦੀ ਰੱਖਿਆ ਕਰਨਾ ਅਤੇ ਵਾਤਾਵਰਣ ਪ੍ਰਣਾਲੀ ਦੇ ਕੁਦਰਤੀ ਸੰਤੁਲਨ ਨੂੰ ਸੁਰੱਖਿਅਤ ਰੱਖਣਾ ਵੀ ਹੈ।

**ਜੰਗਲਾਂ ਦੀ ਕਟਾਈ ਦੇ ਨੁਕਸਾਨਦੇਹ ਪ੍ਰਭਾਵ**

ਤੇਜ਼ੀ ਨਾਲ ਹੋ ਰਹੇ ਸ਼ਹਿਰੀਕਰਨ ਅਤੇ ਉਦਯੋਗੀਕਰਨ ਨੇ ਵੱਡੇ ਪੱਧਰ ’ਤੇ ਰੁੱਖਾਂ ਦੀ ਕਟਾਈ ਕੀਤੀ ਹੈ। ਇਸ ਜੰਗਲਾਂ ਦੀ ਕਟਾਈ ਨੇ ਗੰਭੀਰ ਵਾਤਾਵਰਣ ਸੰਬੰਧੀ ਸਮੱਸਿਆਵਾਂ ਪੈਦਾ ਕੀਤੀਆਂ ਹਨ ਜਿਵੇਂ ਕਿ ਹਵਾ ਪ੍ਰਦੂਸ਼ਣ, ਜਲਵਾਯੂ ਪਰਿਵਰਤਨ, ਜੰਗਲੀ ਜੀਵਾਂ ਦਾ ਨੁਕਸਾਨ ਅਤੇ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਗਿਰਾਵਟ। ਜੰਗਲਾਂ ਦੀ ਤਬਾਹੀ ਹੜ੍ਹਾਂ ਅਤੇ ਜ਼ਮੀਨ ਖਿਸਕਣ ਵਰਗੀਆਂ ਕੁਦਰਤੀ ਆਫ਼ਤਾਂ ਦੇ ਜੋਖਮ ਨੂੰ ਵੀ ਵਧਾਉਂਦੀ ਹੈ। ਜੇਕਰ ਰੁੱਖਾਂ ਦੀ ਕਟਾਈ ਮੌਜੂਦਾ ਦਰ ’ਤੇ ਜਾਰੀ ਰਹੀ, ਤਾਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਗੰਭੀਰ ਵਾਤਾਵਰਣ ਅਤੇ ਸਿਹਤ ਸੰਕਟਾਂ ਦਾ ਸਾਹਮਣਾ ਕਰਨਾ ਪੈ ਸਕਦਾ ਹੈ।

**ਸਾਡੀ ਜ਼ਿੰਮੇਵਾਰੀ**: ਹਰ ਵਿਅਕਤੀ ਦੀ ਜ਼ਿੰਮੇਵਾਰੀ ਹੈ ਕਿ ਉਹ ਰੁੱਖ ਲਗਾਉਣ ਅਤੇ ਲਗਵਾਉਣ। ਸਰਕਾਰਾਂ, ਸਕੂਲਾਂ ਅਤੇ ਸਮਾਜਿਕ ਸੰਗਠਨਾਂ ਨੂੰ ਰੁੱਖ ਲਗਾਉਣ ਦੀਆਂ ਮੁਹਿੰਮਾਂ ਅਤੇ ਵਾਤਾਵਰਣ ਜਾਗਰੂਕਤਾ ਮੁਹਿੰਮਾਂ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ। ਇੱਕ ਵੀ ਰੁੱਖ ਲਗਾਉਣ ਨਾਲ ਕੁਦਰਤ ਵਿੱਚ ਸਾਰਥਕ ਯੋਗਦਾਨ ਪਾਇਆ ਜਾ ਸਕਦਾ ਹੈ। ਲੋਕਾਂ ਨੂੰ ਰੁੱਖਾਂ ਦੀ ਬੇਲੋੜੀ ਕਟਾਈ ਤੋਂ ਬਚਣਾ ਚਾਹੀਦਾ ਹੈ ਅਤੇ ਸੰਭਾਲ ਪ੍ਰੋਗਰਾਮਾਂ ਦਾ ਸਮਰਥਨ ਕਰਨਾ ਚਾਹੀਦਾ ਹੈ। ਰੁੱਖ ਬਚਾਓ, ਜੀਵਨ ਬਚਾਓ ਸੁਨੇਹਾ ਰੋਜ਼ਾਨਾ ਜੀਵਨ ਦਾ ਹਿੱਸਾ ਬਣਨਾ ਚਾਹੀਦਾ ਹੈ।

**ਸਿੱਟਾ**: ਰੁੱਖ ਸਿਰਫ਼ ਕੁਦਰਤ ਦੀ ਸੁੰਦਰਤਾ ਦਾ ਹਿੱਸਾ ਨਹੀਂ ਹਨ; ਇਹ ਜੀਵਨ ਲਈ ਵੀ ਜ਼ਰੂਰੀ ਹਨ। ਉਹ ਵਾਤਾਵਰਣ ਸੰਤੁਲਨ ਬਣਾਈ ਰੱਖਦੇ ਹਨ, ਜੈਵ ਵਿਭਿੰਨਤਾ ਦਾ ਸਮਰਥਨ ਕਰਦੇ ਹਨ ਅਤੇ ਮਨੁੱਖਤਾ ਨੂੰ ਅਣਗਿਣਤ ਲਾਭ ਪ੍ਰਦਾਨ ਕਰਦੇ ਹਨ। ਇੱਕ ਸਿਹਤਮੰਦ ਭਵਿੱਖ ਇਸ ਗੱਲ ’ਤੇ ਨਿਰਭਰ ਕਰਦਾ ਹੈ ਕਿ ਅਸੀਂ ਅੱਜ ਆਪਣੇ ਰੁੱਖਾਂ ਦੀ ਕਿੰਨੀ ਗੰਭੀਰਤਾ ਨਾਲ ਰੱਖਿਆ ਅਤੇ ਸੰਭਾਲ ਕਰਦੇ ਹਾਂ। ਰੁੱਖ ਲਗਾ ਕੇ ਅਤੇ ਬਚਾ ਕੇ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਲਈ ਧਰਤੀ ਦੀ ਰੱਖਿਆ ਕਰ ਰਹੇ ਹਾਂ। ਜਿੱਥੇ ਰੁੱਖ ਹਨ, ਉੱਥੇ ਜੀਵਨ ਹੈ।

# ਗੰਭੀਰ ਸੰਕਟ ਦੇ ਦੌਰ ’ਚੋਂ ਗੁਜ਼ਰ ਰਿਹਾ ਪੰਜਾਬ

ਸੰਜੀਵ ਸੈਣੀ
78889-66168



ਪੰਜਾਬ ਅਣਖੀਲੇ ਯੋਧਿਆਂ ਦੀ ਧਰਤੀ ਹੈ, ਜਿਨ੍ਹਾਂ ਨੇ ਦੇਸ਼ ਦੀ ਆਜ਼ਾਦੀ ਤੋਂ ਲੈ ਕੇ ਹਰੀ ਕ੍ਰਾਂਤੀ ਸਮੇਤ ਹਰ ਖੇਤਰ ਵਿੱਚ ਅੱਗੇ ਹੋ ਕੇ ਆਪਣਾ ਯੋਗਦਾਨ ਪਾਇਆ ਹੈ, ਪਰ ਅੱਜ ਪੰਜਾਬ ਗੰਭੀਰ ਸੰਕਟਾਂ ਦੇ ਦੌਰ ਵਿੱਚੋਂ ਗੁਜ਼ਰ ਰਿਹਾ ਹੈ, ਜਿੱਥੇ ਰੋਜ਼ਾਨਾ ਵਾਪਰ ਰਹੀਆਂ ਮਾੜੀਆਂ ਘਟਨਾਵਾਂ ਨਾਲ ਦਿਲ ਦਹਿਲ ਉੱਠਦਾ ਹੈ। ਸਿਆਸੀ ਪਾਰਟੀਆਂ ਸੂਬੇ ਦੀ ਬੇਹਤਰੀ ਦੀ ਬਜਾਏ ਆਪਣੀ ਵੋਟ ਦੀ ਰਾਜਨੀਤੀ ਨੂੰ ਸਾਧਣ ਵਿੱਚ ਲੱਗੀਆਂ ਹੋਈਆਂ ਹਨ। ਇੱਕ ਦੂਜੇ ’ਤੇ ਇਲਜ਼ਾਮ ਲਗਾਉਂਦਿਆਂ ਚਿੱਕੜ ਉਛਾਲਣ ਦੀ ਰਾਜਨੀਤੀ ਹੇਠਲੇ ਪੱਧਰ ਤੱਕ ਚਲੀ ਗਈ ਹੈ। ਪਰ ਬੇਸ਼ੁਮਾਰ ਸਮੱਸਿਆਵਾਂ ਤੇ ਅਹਿਮ ਮਸਲਿਆਂ ਨੂੰ ਹੱਲ ਕਰਨ ਵੱਲ ਨਾ ਕਿਸੇ ਦਾ ਧਿਆਨ ਹੈ ਤੇ ਨਾ ਹੀ ਕੋਈ ਢੁੱਕਵੀਂ ਯੋਜਨਾ ਬਣਾਈ ਜਾ ਰਹੀ ਹੈ । ਜਿਵੇਂ ਪੰਜਾਬ ਦੇ ਪਾਣੀਆਂ ਦਾ ਮੁੱਦਾ ਪਿਛਲੇ ਬਹੁਤ ਲੰਮੇ ਅਰਸੇ ਤੋਂ ਲਟਕਿਆ ਪਿਆ ਹੈ। ਹੁਣ ਤਾਂ ਸੁਪਰੀਮ ਕੋਰਟ ਨੇ ਇਹ ਕਹਿ ਕੇ ਆਪਣਾ ਪੱਲਾ ਛੁਡਾ ਲਿਆ ਕਿ ਦੋਵੇਂ ਸੂਬੇ(ਪੰਜਾਬ ਤੇ ਹਰਿਆਣਾ) ਆਪਸੀ ਗੱਲਬਾਤ ਨਾਲ ਮਸਲੇ ਦਾ ਹੱਲ ਲੱਭਣ। ਸੂਬੇ ’ਚ ਰੋਜ਼ਾਨਾ ਵਾਪਰ ਰਹੀਆਂ ਅਪਰਾਧਕ ਘਟਨਾਵਾਂ ਦੌਰਾਨ ਵਪਾਰੀਆਂ, ਰਸੂਖਦਾਰ ਪਰਿਵਾਰਾਂ ਤੇ ਨਾਮਵਰ ਲੋਕਾਂ ਤੋਂ ਫਿਰੌਤੀਆਂ ਮੰਗੀਆਂ ਜਾ ਰਹੀਆਂ ਹਨ। ਨਿੱਤ ਹੁੰਦੇ ਮੁਕਾਬਲਿਆਂ ਤੇ ਲੁੱਟ ਖੋਹ ਦੀਆਂ ਵਾਰਦਾਤਾਂ ਕਾਰਨ ਸੂਬੇ ਦੇ ਲੋਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ । ਦਿਨ ਦਿਹਾੜੇ ਗੋਲੀਆਂ ਚੱਲ ਰਹੀਆਂ ਹਨ, ਰਾਹ ਜਾਂਦੀਆਂ ਔਰਤਾਂ ਝਪਟਮਾਰਾਂ ਤੇ ਸਮਾਜ ਵਿਰੋਧੀ ਅਨਸਰਾਂ ਤੋਂ ਸੁਰੱਖਿਅਤ ਨਹੀਂ ਹਨ।

ਪੰਜਾਬ ਦੇ ਕਿਸਾਨਾਂ ਦੀ ਗੱਲ ਕਰੀਏ ਤਾਂ ਦੇਸ਼ ਦਾ ਅੰਨ ਭੰਡਾਰ ਭਰਨ ਵਿੱਚ ਉਹ ਹਮੇਸ਼ਾ ਸਭ ਤੋਂ ਮੋਹਰੀ ਰਹੇ ਹਨ। ਪਰ ਫਸਲਾਂ ਦੇ ਵੱਧ ਝਾੜ ਲੈਣ ਦੇ ਲਾਲਚ ਵਿੱਚ ਉਹਨਾਂ ਅੰਨ੍ਹੇਵਾਹ ਰਸਾਇਣਿਕ ਖਾਦਾਂ ਤੇ ਕੀਟਨਾਸ਼ਕਾਂ ਦੀ ਵਰਤੋਂ ਕਰਕੇ ਜ਼ਮੀਨ ਦੀ ਉਪਜਾਊ ਸ਼ਕਤੀ ਨੂੰ ਵੱਡਾ ਖੋਰਾ ਲਗਾ ਲਿਆ ਹੈ। ਵਧੇਰੇ ਖਾਦਾਂ ਤੇ ਕੀਟਨਾਸ਼ਕਾਂ ਨਾਲ ਤਿਆਰ ਹੋਏ ਅਨਾਜ ਨੂੰ ਖਾਣ ਕਾਰਨ ਸੂਬੇ ਦੇ ਲੋਕ ਤੇ ਪਸ਼ੂ ਕਈ ਤਰ੍ਹਾਂ ਦੀਆਂ ਬਿਮਾਰੀਆਂ ਦੇ ਸ਼ਿਕਾਰ ਹੋਣ ਲੱਗੇ ਹਨ। ਧਰਤੀ ਹੇਠਲੇ ਪਾਣੀ ਅਤੇ ਕੀਟਨਾਸ਼ਕਾਂ ਅਤੇ ਖਾਦਾਂ ਦੀ ਅੰਨ੍ਹੇਵਾਹ ਹੋ ਰਹੀ ਵਰਤੋਂ ਕਾਰਨ ਧਰਤੀ ਹੇਠਲਾ ਪਾਣੀ ਨੀਵਾਂ ਤੇ ਜ਼ਹਿਰੀਲਾ ਹੁੰਦਾ ਜਾ ਰਿਹਾ ਹੈ। ਸਰਕਾਰ ਵੱਲੋਂ ਸਿਰਫ਼ ਝੋਨੇ ਤੇ ਕਣਕ ’ਤੇ ਐਮਐਸਪੀ ਦਿੱਤੇ ਜਾਣ ਕਾਰਨ ਪੰਜਾਬ ’ਚ ਖੇਤੀ ਵਿਭਿੰਨਤਾ ਪ੍ਰਭਾਵਿਤ ਤੌਰ ’ਤੇ ਲਾਗੂ ਨਹੀਂ ਹੋ ਸਕੀ ਅਤੇ ਕਿਸਾਨ ਫ਼ਸਲੀ ਚੱਕਰ ’ਚੋਂ ਬਾਹਰ ਨਹੀਂ ਨਿਕਲ ਸਕੇ। ਭਾਵੇਂ ਮਾਹਿਰਾਂ ਵੱਲੋਂ ਵਾਰ-ਵਾਰ ਕਿਸਾਨਾਂ ਨੂੰ ਮੱਕੀ ਸਬਜ਼ੀਆਂ, ਮੂੰਗੀ ਤੇ ਬਾਗਬਾਨੀ ਹੇਠ ਜ਼ਮੀਨ ਦਾ ਰਕਬਾ ਵਧਾਉਣ ਦੀ ਸਲਾਹ ਦਿੱਤੀ ਜਾਂਦੀ ਹੈ,ਪਰ ਇਹਨਾਂ ਲਈ ਮੰਡੀਕਰਨ ਦੀ ਢੁੱਕਵੀਂ ਵਿਵਸਥਾ ਨਾ ਹੋਣ ਕਾਰਨ ਖੇਤੀ ਵਿਭਿੰਨਤਾ ਨੂੰ ਬਹੁਤਾ ਹੁਲਾਰਾ ਨਹੀਂ ਮਿਲ ਸਕਿਆ। ਪੰਜਾਬ ਦਾ ਵਾਤਾਵਰਣ ਲਗਾਤਾਰ ਪ੍ਰਦੂਸ਼ਿਤ ਹੁੰਦਾ ਜਾ ਰਿਹਾ ਹੈ। ਪਹਿਲਾਂ ਪਿੰਡਾਂ ਵਿੱਚ ਹਰੇਕ ਜ਼ਿੰਮੀਦਾਰ ਦੇ ਖੇਤਾਂ ਵਿੱਚ ਲੱਗੇ ਟਿਊਬਵੈੱਲ ’ਤੇ ਪੰਜ ਤੋਂ ਸੱਤ ਫ਼ਲਦਾਰ ਜਾਂ ਛਾਂ ਵਾਲੇ ਦਰੱਖਤ ਆਮ ਹੁੰਦੇ ਸਨ। ਲੋਕਾਂ ਦੇ ਘਰਾਂ, ਹਵੇਲੀਆਂ, ਸੜਕਾਂ ਤੇ ਖੇਤਾਂ ਵਿੱਚ ਦਰੱਖ਼ਤਾਂ ਦੀ ਭਰਮਾਰ ਹੁੰਦੀ ਸੀ, ਪਰ ਅੱਜ ਕੱਲ ਖੇਤਾਂ ’ਚ ਮੋਟਰ ਵਾਲੇ ਛੋਟੇ ਕੋਠਿਆਂ ਤੇ ਘਰਾਂ ’ਚ ਕੋਈ ਦਰੱਖਤ ਨਜ਼ਰ ਨਹੀਂ ਆਉਂਦਾ।

ਭਾਵੇਂ ਵਾਤਾਵਰਨ ਨੂੰ ਸੰਤੁਲਿਤ ਕਰਨ ਲਈ ਹਰ ਸਾਲ ਬਰਸਾਤਾਂ ’ਚ ਨਵੇਂ ਬੂਟੇ ਲਗਾਉਣ ਦੀਆਂ ਮੁਹਿੰਮਾਂ ਚਲਾਈਆਂ ਜਾਂਦੀਆਂ ਹਨ। ਪਰ ਚੰਗੀ ਤਰ੍ਹਾਂ ਸਾਂਭ ਸੰਭਾਲ ਨਾ ਹੋਣ ਕਰਕੇ ਬਹੁਤੇ ਬੂਟੇ ਮਰ ਜਾਂਦੇ ਹਨ। ਕਿਸਾਨਾਂ ਵੱਲੋਂ ਹਰ ਸਾਲ ਝੋਨੇ ਦੀ ਪਰਾਲੀ ਨੂੰ ਖੇਤਾਂ ਵਿੱਚ ਅੱਗ ਲਗਾਉਣ ਕਰਕੇ ਜ਼ਹਿਰੀਲਾ ਧੂੰਆਂ ਵਾਤਾਵਰਣ ਨੂੰ ਬਹੁਤ ਪਲੀਤ ਕਰ ਦਿੰਦਾ ਹੈ। ਇਸ ਦੌਰਾਨ ਕਈ ਵਾਰ ਗੰਭੀਰ ਹਾਦਸੇ ਵੀ ਵਾਪਰ ਜਾਂਦੇ ਹਨ। ਉਦਯੋਗਿਕ ਇਕਾਈਆਂ ਤੇ ਬੇਸ਼ੁਮਾਰ ਵਾਹਨਾਂ ਵੱਲੋਂ ਜ਼ਹਿਰੀਲੇ ਧੂੰਏਂ ਨਾਲ ਵਾਤਾਵਰਣ ਨੂੰ ਪਲੀਤ ਕਰਨ ਵਿੱਚ ਪਾਏ ਜਾਂਦੇ ਯੋਗਦਾਨ ਤੋਂ ਕੋਈ ਵੀ ਇਨਕਾਰੀ ਨਹੀਂ ਹੋ ਸਕਦਾ। ਪਰ ਸਰਕਾਰਾਂ ਕਿਸਾਨਾਂ ਨੂੰ ਹੀ ਵਾਤਾਵਰਨ ਦੇ ਦੁਸ਼ਮਣ ਮੰਨ ਕੇ ਉਨ੍ਹਾਂ ਦੇ ਜ਼ਮੀਨੀ ਰਿਕਾਰਡ ਵਿੱਚ ਰੈਡ ਐਂਟਰੀ ਕਰਨ ਦੇ ਰਾਹ ਤੁਰ ਪਈਆਂ ਹਨ। ਹਾਲ ਹੀ ਵਿੱਚ ਦੇਸ਼ ਦੀ ਪਾਰਲੀਮੈਂਟ ਵਿੱਚ ਖੇਤੀਬਾੜੀ ਮੰਤਰੀ ਸ਼ਿਵਰਾਜ ਚੌਹਾਨ ਨੇ ਕਿਹਾ ਕਿ ਕਿਸਾਨਾਂ ਨੂੰ ਹੀ ਇਕੱਲੇ ਵਾਤਾਵਰਣ ਦਾ ਦੁਸ਼ਮਣ ਨਾ ਮੰਨਿਆ ਜਾਵੇ। ਪੰਜਾਬ ਹਮੇਸ਼ਾ ਭਾਈਚਾਰਕ, ਸਾਂਝੀਵਾਲਤਾ ਤੇ ਲੋੜਵੰਦਾਂ ਦੀ ਮਦਦ ਕਰਨ ਲਈ ਜਾਣਿਆ ਜਾਂਦਾ ਰਿਹਾ ਹੈ। ਪਰ ਹੁਣ ਬਦਲਦੇ ਮਾਹੌਲ ਤੇ ਸਮਾਜਿਕ ਕੁਰੀਤੀਆਂ ਦੇ ਦੌਰ ਵਿੱਚ ਖ਼ੂਨ ਦੇ ਰਿਸ਼ਤਿਆਂ ਵਿੱਚ ਵੀ ਪਹਿਲਾਂ ਜਿਹਾ ਨਿੱਘ ਤੇ ਸਤਿਕਾਰ ਨਹੀਂ ਰਿਹਾ ਹੈ। ਹੁਣ ਤੱਕ ਕਈ ਥਾਵਾਂ ’ਤੇ ਪੁੱਤਰਾਂ ਵੱਲੋਂ ਆਪਣੇ ਮਾਂ ਪਿਓ ਨੂੰ ਬਰਹਿਮੀ ਨਾਲ ਮਾਰਨ ਦੀਆਂ ਘਟਨਾਵਾਂ ਵਾਪਰ ਚੁੱਕੀਆਂ ਹਨ। ਸਕੇ ਭਰਾ ਦੁਸ਼ਮਣ ਬਣ ਕੇ ਇੱਕ -ਦੂਜੇ ਦੇ ਹੱਕ ਖੋਹ ਰਹੇ ਹਨ। ਔਰਤਾਂ ਆਪਣੇ ਪ੍ਰੇਮੀਆਂ ਨਾਲ ਮਿਲ ਕੇ ਆਪਣੇ ਪਤੀਆਂ ਨੂੰ ਮਰਵਾ ਰਹੀਆਂ ਹਨ। ਮਾਵਾਂ ਵੱਲੋਂ ਆਪਣੇ ਹੀ ਬੱਚਿਆਂ ਨੂੰ ਜ਼ਹਿਰ ਦੇ ਕੇ ਮਾਰਨ ਦੇ ਮਾਮਲੇ ਸਾਹਮਣੇ ਆ ਚੁੱਕੇ ਹਨ। ਗੁਰੂਆਂ ਦੇ ਨਾਂ ’ਤੇ ਵੱਸਦਾ ਪੰਜਾਬ ਪਤਾ ਨਹੀਂ ਕਿਉਂ ਮਾੜੇ ਪਾਸੇ ਵੱਲ ਤੁਰ ਪਿਆ ਹੈ। ਪੰਜਾਬ ਵਿੱਚ ਮੁੜ ਖੁਸ਼ੀਆਂ ਤੇ ਖੇੜੇ ਲਿਆਉਣ ਲਈ ਸਾਨੂੰ ਸਾਰਿਆਂ ਨੂੰ ਹੀ ਸੁਹਿਰਦ ਤੇ ਇੱਕਜੁੱਟ ਹੋਣਾ ਪਵੇਗਾ ਤਾਂ ਹੀ ਅਸੀਂ ਆਪਣੇ ਪੰਜਾਬ ਨੂੰ ਮੁੜ ਤੋਂ ਹਰਿਆ ਭਰਿਆ ਤੇ ਰੰਗਲਾ ਪੰਜਾਬ ਬਣਾ ਸਕਾਂਗੇ।

# ਭਾਈ ਜੋਧ ਸਿੰਘ ਨੂੰ ਯਾਦ ਕਰਦਿਆਂ

ਇੰਦਰਪ੍ਰੀਤ ਕੌਰ,
ਲੁਧਿਆਣਾ

ਗੁਰਬਾਣੀ ਦੇ ਪ੍ਰਸਿੱਧ ਖੋਜਕਾਰ ਤੇ ਵਿਆਖਿਆਕਾਰ ਭਾਈ ਜੋਧ ਸਿੰਘ ਇਕ ਅਜਿਹੀ ਸ਼ਖ਼ਸੀਅਤ ਸਨ, ਜਿਨ੍ਹਾਂ ਨੂੰ ਸਿੱਖਿਆ ਸ਼ਾਸਤਰੀ, ਧਰਮ ਸ਼ਾਸਤਰੀ, ਪ੍ਰਬੰਧਕ ਤੇ ਲੇਖਕ ਵਜੋਂ ਜਾਣਿਆ ਜਾਂਦਾ ਹੈ। ਉਨ੍ਹਾਂ ਨੇ ਆਪਣੇ ਜੀਵਨ ’ਚ ਕਈ ਸਰਕਾਰੀ ਉਪਾਧੀਆਂ ਪ੍ਰਾਪਤ ਕੀਤੀਆਂ। ਉਨ੍ਹਾਂ ਦੀ ਸ਼ਖ਼ਸੀਅਤ ਬਾਰੇ ਡਾ. ਅਤਰ ਸਿੰਘ ਕਹਿੰਦੇ ਹਨ, ‘ਉਨ੍ਹਾਂ ਨੇ ਜੀਵਨ ਵਿਚ ਜੋ ਆਦਰਸ਼ ਮਿੱਥੇ ਸਨ, ਸਾਰੀ ਉਮਰ ਪੂਰੀ ਦ੍ਰਿੜ੍ਹਤਾ ਨਾਲ ਉਨ੍ਹਾਂ ’ਤੇ ਤੁਰੇ।’

ਭਾਈ ਜੋਧ ਸਿੰਘ ਦੀਆਂ ਲਗਭਗ ਸਾਰੀਆਂ ਰਚਨਾਵਾਂ ਧਾਰਮਿਕ ਤੇ ਅਧਿਆਤਮਿਕ ਵਿਸ਼ਿਆਂ ’ਤੇ ਆਧਾਰਿਤ ਹਨ। ਉਨ੍ਹਾਂ ਨੇ ਕੁਝ ਲੇਖ ਰਾਜਨੀਤਕ ਤੇ ਵਿੱਦਿਅਕ ਵਿਸ਼ਿਆਂ ਬਾਰੇ ਵੀ ਲਿਖੇ। ਉਨ੍ਹਾਂ ਦਾ ਸਬੰਧ ਕਈ ਅੰਦੋਲਨਾਂ ਨਾਲ ਰਿਹਾ ਜਿਵੇਂ ਕਿ ਸਿੰਘ ਸਭਾ ਲਹਿਰ, ਗੁਰਦੁਆਰਾ ਸੁਧਾਰ ਲਹਿਰ, ਚੀਫ਼ ਖ਼ਾਲਸਾ ਦੀਵਾਨ ਆਦਿ। ਇਸ ਤੋਂ ਇਲਾਵਾ ਖ਼ਾਲਸਾ ਕਾਲਜ ਅੰਮ੍ਰਿਤਸਰ, ਪੰਜਾਬ ਯੂਨੀਵਰਸਿਟੀ ਲਾਹੌਰ, ਸੋਲਨ ਯੂਨੀਵਰਸਿਟੀ, ਪੰਜਾਬੀ ਯੂਨੀਵਰਸਿਟੀ ਨਾਲ ਵੀ ਗੂੜ੍ਹਾ ਨਾਤਾ ਰਿਹਾ। ਪੰਜਾਬ ਦੇ ਵਿੱਦਿਆ ਖੇਤਰ ’ਚ ਉਨ੍ਹਾਂ ਦਾ ਸਥਾਨ ਉੱਚਾ ਹੈ। ਉਹ ਸਿੱਖ ਪੁਨਰ ਜਾਗ੍ਰਿਤੀ ਲਹਿਰ ਦੀ ਪੈਦਾਵਾਰ ਸਨ। ਉਨ੍ਹਾਂ ਨੇ ਪੰਜਾਬੀ ਬੋਲੀ ਦੇ ਸਾਹਿਤ ਨੂੰ ਭਰਪੂਰ ਕਰਨ ਲਈ ਨਵੇਂ ਲਿਖਾਰੀਆਂ ਨੂੰ ਉਤਸ਼ਾਹਿਤ ਕੀਤਾ।

ਉਨ੍ਹਾਂ ਪੰਜਾਬੀ ਨੂੰ ਵਿੱਦਿਅਕ ਤੇ ਰਾਜ ਪ੍ਰਬੰਧਕ ਢਾਂਚੇ ’ਚ ਆਪਣੀ ਯੋਗ ਥਾਂ ਦਿਵਾਉਣ ਲਈ ਬੇਹੱਦ ਯਤਨ ਕੀਤੇ। ਉਨ੍ਹਾਂ ਯੂਨੀਵਰਸਿਟੀ ਦੇ ਅੰਦਰ ਤੇ ਬਾਹਰ ਪੰਜਾਬੀ ਬੋਲੀ ਦੇ ਪੱਖ ’ਚ ਕਈ ਲੜਾਈਆਂ ਲੜੀਆਂ।

ਚੀਫ਼ ਖ਼ਾਲਸਾ ਦੀਵਾਨ ਜੋ ਸਿੱਖਾਂ ਦੀ ਮਹਾਨ ਸੰਸਥਾ ਹੈ, ਰਾਹੀਂ ਭਾਈ ਸਾਹਿਬ ਨੇ ਪੰਜਾਬ ਦੇ ਸਕੂਲਾਂ ’ਚ ਪੰਜਾਬੀ ਦੀ ਪੜ੍ਹਾਈ ਕਰਾਉਣ ਲਈ ਕਾਫ਼ੀ ਜ਼ੋਰ ਲਾਇਆ। ਇਸ ਤੋਂ ਬਾਅਦ ਯੂਨੀਵਰਸਿਟੀ ’ਚ ਵੀ ਜੱਦੋ-ਜਹਿਦ ਜਾਰੀ ਰੱਖੀ। ਉਨ੍ਹਾਂ ਦੇ ਯਤਨਾਂ ਸਦਕਾ ਹੀ ਯੂਨੀਵਰਸਿਟੀ ’ਚ ਪੰਜਾਬੀ ਦਾ ਡਿਗਰੀ ਕੋਰਸਾਂ ’ਚ ਲਾਜ਼ਮੀ ਤੇ ਚੋਣਵਾਂ ਮਜ਼ਮੂਨ ਪ੍ਰਵਾਨ ਹੋਇਆ। ਇਸੇ ਤਰ੍ਹਾਂ ਉਨ੍ਹਾਂ ਨੂੰ ਪੰਜਾਬੀ ’ਚ ਐਮ.ਏ. ਸ਼ੁਰੂ ਕਰਵਾਉਣ ਵਿਚ ਸਫ਼ਲਤਾ ਮਿਲੀ। ਇਸ ਤੋਂ ਇਲਾਵਾ ਪੰਜਾਬੀ ਸਕੂਲਾਂ ਤੇ ਯੂਨੀਵਰਸਿਟੀ ਦੇ ਪੱਧਰ ਤੋਂ ਸਿੱਖਿਆ ਦਾ ਮਾਧਿਅਮ ਬਣਾਉਣ ਲਈ ਸ਼ਲਾਘਾਯੋਗ ਯਤਨ ਕੀਤੇ, ਜਿਨ੍ਹਾਂ ਸਦਕੇ ਅੱਜ ਵਿੱਦਿਅਕ ਖੇਤਰ ’ਚ ਪੰਜਾਬੀ ਦਾ ਉਹ ਸਥਾਨ ਹੈ, ਜੋ ਹੋਰ ਪ੍ਰਾਂਤਾਂ ’ਚ ਉਨ੍ਹਾਂ ਦੀਆਂ ਬੋਲੀਆਂ ਦਾ ਹੈ।

ਉਨ੍ਹਾਂ ਨੇ ਪੰਜਾਬੀ ਬੋਲੀ ਵਾਧੇ ਲਈ ਕੰਮ ਕਰ ਰਹੀਆਂ ਸੰਸਥਾਵਾਂ ਨੈਸ਼ਨਲ ਅਕੈਡਮੀ ਆਫ ਲੇਟਰਜ਼ ਦਿੱਲੀ ਦੇ ਐਡਵਾਈਜਰੀ ਬੋਰਡ, ਭਾਸ਼ਾ ਵਿਭਾਗ ਬੋਰਡ ਆਫ ਸਟੱਡੀਜ਼ ਇਨ ਪੰਜਾਬੀ ਰਿਸਰਚ ਕਮੇਟੀ/ਰਿਸਰਚ ਬੋਰਡ ਅਤੇ ਪੰਜਾਬੀ ਸਾਹਿਤ ਅਕਾਦਮੀ ਦੇ ਉੱਘੇ ਮੈਂਬਰ ਹੋਣ ਦੇ ਨਾਤੇ ਇਨ੍ਹਾਂ ਅਦਾਰਿਆਂ ਦੀ ਵਧ-ਚੜ੍ਹ ਕੇ ਅਗਵਾਈ ਕੀਤੀ। ਉਨ੍ਹਾਂ ਨੇ ਅੰਗਰੇਜ਼ੀ ਭਾਸ਼ਾ ’ਚ ਜਪੁਜੀ, ਲਾਈਫ ਆਫ ਸ੍ਰੀ ਗੁਰੂ ਅਮਰਦਾਸ ਜੀ, ਸਟੱਡੀਜ਼ ਇਨ ਸਿੱਖਇਜ਼ਮ, 33 ਸਵਈਏ ਕਬੀਰ ਆਦਿ ਪੁਸਤਕਾਂ ਲਿਖੀਆਂ। ਇਨ੍ਹਾਂ ਸਾਰੀਆਂ ਗੱਲਾਂ ਤੋਂ ਸਪੱਸ਼ਟ ਹੈ ਕਿ ਭਾਈ ਜੋਧ ਸਿੰਘ ਪੰਜਾਬ ਵਿੱਦਿਅਕ ਸੇਵਾ ਪੰਜਾਬੀ ਬੋਲੀ ਤੇ ਸਾਹਿਤ ਨੂੰ ਸਮਰਪਿਤ ਰਹੇ। ਉਨ੍ਹਾਂ ਨੇ ਗੁਰਮਤਿ ਦੀ ਵਿਆਖਿਆ ਨੂੰ ਹੀ ਆਪਣੇ ਜੀਵਨ ਦਾ ਟੀਚਾ ਬਣਾ ਲਿਆ ਸੀ। ਗੁਰਮਤਿ ਦੇ ਪ੍ਰਚਾਰ ਲਈ ਕਈ ਲੇਖ ਉਨ੍ਹਾਂ ਵਲੋਂ ਛਾਪੇ ਗਏ, ਸੈਮੀਨਾਰਾਂ ’ਚ ਖੋਜ ਪੱਤਰ ਪੜ੍ਹੇ ਗਏ ਤੇ ਪ੍ਰਧਾਨਗੀਆਂ ਕੀਤੀਆਂ ਗਈਆਂ। ਉਨ੍ਹਾਂ ਨੇ ਪੰਜਾਬੀ ਭਾਸ਼ਾ ’ਚ ਸਿੱਖੀ ਕੀ ਹੈ, ‘ਟੀਕਾ ਜਪੁਜੀ ਸਾਹਿਬ, ਭਗਤ ਬਾਣੀ ਸਟੀਕ, ਗੁਰਮਤਿ ਨਿਰਣੈ,’ ਦੇ ਦਰਸ਼ਨ ਆਦਿ ਪੁਸਤਕਾਂ ਸ੍ਰੀ ਕਰਤਾਰਪੁਰੀ ਬੀੜ ਦਾ ਪ੍ਰਕਾਸ਼ਨ ਕੀਤਾ। .

ਜੇ ਅਸੀਂ ਗੱਲ ਕਰੀਏ ਉਨ੍ਹਾਂ ਦੇ ਜੀਵਨ ਦੀ ਤਾਂ ਭਾਈ ਸਾਹਿਬ ਦੇ ਜੀਵਨ ’ਚ ਸਿੱਖ ਜੀਵਨ ਜਾਚ ਦੇ ਉੱਚ ਆਦਰਸ਼ ਮੁੱਖ ਸਨ। ਯਥਾਰਥਵਾਦੀ ਦ੍ਰਿਸ਼ਟੀਕੋਣ, ਵਿਵੇਕਵਾਦੀ ਸੋਚ ਤੇ ਗੁਰਬਾਣੀ ਦੇ ਉੱਚ ਆਦਰਸ਼ਾਂ ਨੇ ਮਿਲ ਕੇ ਉਨ੍ਹਾਂ ਨੂੰ ਆਪਣੇ ਸਮੇਂ ਦਾ ਅਦੁੱਤੀ ਇਨਸਾਨ ਬਣਾਇਆ।

ਉਹ ਆਪਣੇ-ਆਪ ’ਚ ਇਕ ਸੰਸਥਾ ਸਨ ਤੇ ਉਨ੍ਹਾਂ ਦੇ ਨਿੱਜੀ ਗੁਣ ਸਮੂਹ ’ਤੇ ਵੀ ਭਾਰੂ ਰਹਿੰਦੇ ਸਨ। ਉਨ੍ਹਾਂ ਦੇ ਨਿੱਜੀ ਗੁਣਾਂ ’ਚ ਸੰਜਮ ਤੇ ਵਕਤ ਦੀ ਪਾਬੰਦੀ ਖ਼ਾਸ ਸਨ। ਇਹ ਦੋਵੇਂ ਗੁਣ ਉਨ੍ਹਾਂ ਨੇ ਆਪਣੇ ਜੀਵਨ ਦੀਆਂ ਵਿਸ਼ੇਸ਼ ਸਥਿਤੀਆਂ ਤੋਂ ਹਾਸਿਲ ਕੀਤੇ ਹੋਏ ਸਨ। ਸਾਲ 1952 ’ਚ ਪੈਪਸੂ ਦੇ ਪੰਜਾਬੀ ਮਹਿਕਮੇ ਵਲੋਂ ਉਨ੍ਹਾਂ ਨੂੰ ਪੰਜ ਰਤਨਾਂ ’ਚ ਇਕ’ ਸਨਮਾਨ ਨਾਲ ਸਨਮਾਨਿਤ ਕਰਨ ਮੌਕ ਗਿਆਨੀ ਲਾਲ ਸਿੰਘ ਨੇ ਕਿਹਾ ਸੀ, ਲਿਖਣਾ ਭਾਈ ਜੋਧ ਸਿੰਘ ਦਾ ਪੇਸ਼ਾ ਨਹੀਂ, ਇਨ੍ਹਾਂ ਜੋ ਕੁਝ ਵੀ ਲਿਖਿਆ ਹੈ ਉਹ ਵੱਖ-ਵੱਖ ਸਮੇਂ ਆਪਣੇ ਜ਼ਿੰਮੇ ਲੱਗ ਫ਼ਰਜ਼ਾਂ ਦਾ ਭੁਗਤਾਨ ਕਰਨ ਲਈ ਲਿਖਿਆ ਹੈ।

ਇਸ ਲਈ ਇਨ੍ਹਾਂ ਦੀ ਲਿਖਤ ਵਿਚ ਪੇਸ਼ੇਵਰ ਲੇਖਕਾਂ ਵਾਂਗ ਸ਼ਬਦਾਂ ਦਾ ਤਾਣਾ-ਬਾਣਾ ਪੈਂਦਾ ਕਰਨ ਲਈ ਸਾਹਿਤਕ ਰੰਗੀਨੀਆਂ ਦੀ ਭਰਮਾਰ ਨਹੀਂ ਹੁੰਦੀ। ਆਪਣੇ ਅੰਤਿਮ ਦਿਨਾਂ ਵਿਚ ਉਨ੍ਹਾਂ ਨੇ ਲੁਧਿਆਣਾ ਵਿਖੇ ਰਿਹਾਇਸ਼ ਕੀਤੀ। ਇਸ ਸਮੇਂ ਦੌਰਾਨ ਉਨ੍ਹਾਂ ਨੇ ਪ੍ਰੋਫੈਸਰ ਗੁਰਬਚਨ ਸਿੰਘ ਤਾਲਿਬ ਵਲੋਂ ਤਿਆਰ ਕੀਤੇ ਗੁਰੂ ਗ੍ਰੰਥ ਸਾਹਿਬ ਦੇ ਅੰਗਰੇਜ਼ੀ ਅਨੁਵਾਦ ਦੀ ਸੁਧਾਈ ਦਾ ਕਾਰਜ ਵੀ ਕੀਤਾ। ਉਹ ਸਿੱਖੀ ਦੇ ਪ੍ਰਚਾਰ ਤੇ ਪ੍ਰਸਾਰ ਲਈ ਪੂਰਾ ਜੀਵਨ ਸਮਰਪਿਤ ਰਹੇ।

GRIHUM HOUSING FINANCE Apna Ghar. Apni Pehchan.

**ਗ੍ਰੀਹਮ ਹਾਊਸਿੰਗ ਫਾਇਨਾਂਸ ਲਿਮਟਿਡ**
ਰਜਿ. ਦਫਤਰ-6ਵੀਂ ਮੰਜ਼ਿਲ, ਬੀ-ਬਿਲਡਿੰਗ, ਗੰਗਾ ਟਰੂਨੋ ਬਿਜ਼ਨਸ ਪਾਰਕ, ਲੋਹੇਗਾਓਂ, ਪੁਣੇ-411014

ਅੰਤਿਕਾ 4 (ਵੇਖੋ ਨਿਯਮ 8 (1))
ਕਬਜ਼ਾ ਸੂਚਨਾ
(ਅਚੱਲ ਸੰਪੱਤੀ ਲਈ)

ਜਿਥੇ ਕਿ, ਨਿਮਨ ਹਸਤਾਖਰੀ ਨੇ **ਗ੍ਰੀਹਮ ਹਾਊਸਿੰਗ ਫਾਇਨਾਂਸ ਲਿਮਟਿਡ** ਦੇ ਅਧਿਕਾਰਤ ਅਧਿਕਾਰੀ ਵਜੋਂ ਵਿੱਤੀ ਸੰਪੱਤੀਆਂ ਦੇ ਸੁਰੱਖਿਅਣ ਅਤੇ ਪੁਨਰ ਉਸਾਰੀ ਅਤੇ ਸੁਰੱਖਿਆ ਵਿਆਜ ਦਾ ਲਾਗੂਕਰਨ ਕਾਨੂੰਨ, 2002 ਦੇ ਅਧੀਨ ਅਤੇ ਸੁਰੱਖਿਆ ਵਿਆਜ (ਲਾਗੂਕਰਨ) ਨਿਯਮਾਂਵਲੀ, 2002 ਦੇ ਨਿਯਮ 3 ਨਾਲ ਪੜ੍ਹੀ ਜਾਣ ਵਾਲੀ ਧਾਰਾ 13 (12) ਅਧੀਨ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਦਰਸਾਈ ਸੂਚਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ ਸਬੰਧਤ ਮੰਗ ਸੂਚਨਾ ਵਿਚ ਦਰਸਾਈ ਰਕਮ (†) ਨੂੰ ਅਦਾ ਕਰਨ ਲਈ ਉਨ੍ਹਾਂ ਨੂੰ ਸੱਦਾ ਦਿੰਦੇ ਹੋਏ ਨਿਮਨ ਦਰਸਾਈ ਮਿਤੀ ਨੂੰ ਕਰਜ਼ਦਾਰਾਂ ਨੂੰ ਮੰਗ ਸੂਚਨਾ ਜਾਰੀ ਕੀਤੀ ਸੀ। ਜਿਵੇਂ ਕਿ ਕਰਜ਼ਦਾਰਾਂ ਰਕਮ ਦਾ ਭੁਗਤਾਨ ਕਰਨ ਵਿਚ ਨਾਕਾਮ ਰਹੇ ਹਨ, ਕਰਜ਼ਦਾਰਾਂ ਨੂੰ ਅਤੇ ਆਮ ਜਨਤਾ ਨੂੰ ਸੂਚਨਾ ਦਿੱਤੀ ਜਾਂਦੀ ਹੈ ਕਿ ਨਿਮਨ ਹਸਤਾਖਰੀ ਨੇ ਨਿਮਨ ਦਰਸਾਈ ਮਿਤੀ ਨੂੰ ਦਰਸਾਈ ਨਿਯਮਾਂਵਲੀ ਦੇ ਨਿਯਮ 8 ਨਾਲ ਪੜ੍ਹੇ ਜਾਣ ਵਾਲੇ ਦਰਸਾਏ ਕਾਨੂੰਨ ਦੀ ਧਾਰਾ 13 (4) ਦੇ ਅਧੀਨ ਉਨ੍ਹਾਂ ਨੂੰ ਪ੍ਰਦੱਤ ਸ਼ਕਤੀਆਂ ਦੀ ਵਰਤੋਂ ਕਰਦੇ ਹੋਏ ਨਿਮਨ ਦਰਸਾਈ ਸੰਪੱਤੀ ਦਾ **27 ਮਈ ਸਾਲ 2026** ਨੂੰ **ਕਬਜ਼ਾ** ਨੂੰ ਲੈ ਲਿਆ ਹੈ। ਕਰਜ਼ਦਾਰਾਂ ਨੂੰ ਵਿਸ਼ੇਸ਼ ਕਰਕੇ ਅਤੇ ਜਨਤਾ ਨੂੰ ਆਮ ਕਰਕੇ ਇਥੇ ਚੇਤਾਵਨੀ ਦਿੱਤੀ ਜਾਂਦੀ ਹੈ ਕਿ ਸੰਪੱਤੀ ਦੀ ਸੌਦੇਬਾਜ਼ੀ ਨਾ ਕੀਤੀ ਜਾਵੇ ਅਤੇ ਸੰਪੱਤੀ ਦੀ ਕੋਈ ਵੀ ਸੌਦੇਬਾਜ਼ੀ ਸੁਰੱਖਿਅਤ ਕਰਜ਼ਦਾਤਾ ਦੀ ਰਕਮ ਅਤੇ ਉਸ ਉਪਰ ਵਿਆਜ ਸਮੇਤ ਚਾਰਜ ਨਾਲ ਸਬੰਧਤ ਹੋਵੇਗੀ। ਕਰਜ਼ਦਾਰ ਦਾ ਧਿਆਨ ਸੁਰੱਖਿਅਤ ਸੰਪੱਤੀਆਂ ਦੀ ਪੁਨਰ ਪ੍ਰਾਪਤੀ ਲਈ ਉਪਲਬਧ ਸਮੇਂ ਦੇ ਸਬੰਧ ਵਿੱਚ ਕਾਨੂੰਨ ਦੀ ਧਾਰਾ 13 ਦੀ ਉਪ-ਧਾਰਾ (8) ਦੀਆਂ ਵਿਵਸਥਾਵਾਂ ਵੱਲ ਦੁਆਇਆ ਜਾਂਦਾ ਹੈ। ਕਬਜ਼ੇ ਵਿਚ ਲਈ ਗਈ ਸੰਪੱਤੀ ਦਾ ਵੇਰਵਾ ਨਿਮਨ ਅਨੁਸਾਰ ਹੈ।

| ਲ. ਨੰ. | ਕਰਜ਼ਦਾਰਾਂ ਦੇ ਨਾਮ | ਸੰਪੱਤੀ ਦਾ ਵੇਰਵਾ | ਕਬਜ਼ੇ ਲੈਣ ਦੀ ਮਿਤੀ | ਵਿਧਾਨਿਕ ਮੰਗ ਸੂਚਨਾ ਦੀ ਮਿਤੀ | ਮੰਗ ਸੂਚਨਾ ਵਿਚ ਰਕਮ (ਰੁਪਏ) |
|---|---|---|---|---|---|
| 1. | ਰਾਮ ਪਾਲ, ਸੋਨੂੰ, ਰੰਜਨਾ | ਸਾਲ 2021-2022 ਦੀ ਜਮਾਂਬੰਦੀ ਅਨੁਸਾਰ ਕਰਤਾਰਪੁਰ-4 ਜਿਲ੍ਹਾ ਜਲੰਧਰ ਖੇਤਰ ਵਿੱਚ ਸਥਿਤ 3/8 ਮਰਲੇ ਮਾਪ ਵਾਲੇ ਮਕਾਨ ਦੇ ਸਾਰੇ ਭਾਗ ਅਤੇ ਹਿੱਸੇ ਜਿਸ ਵਿੱਚ ਖੇਵਟ ਨੰ: 313/300 ਖਤੌਣੀ ਨੰ: 427 ਖਸਰਾ ਨੰ: 996 ਵਿੱਚ ਸ਼ਾਮਲ ਜੋ ਕਿ 0 ਕਨਾਲ 18 ਮਰਲਾ ਦਾ 3/8 ਹਿੱਸਾ ਅਤੇ 0 ਕਨਾਲ 6 3/4 ਮਰਲੇ (ਕਿਰਨ ਲਤਾ) ਦਾ ਹਿੱਸਾ ਕਰਤਾਰਪੁਰ-4 ਜਿਲਾ ਜਲੰਧਰ ਜਮਾਂਬੰਦੀ ਸਾਲ 2021-2022 ਲਈ ਖੇਵਟ ਨੰ: 313/300 ਖਤੌਣੀ 427 ਖਸਰਾ ਨੰ: 996 0 ਕਨਾਲ 18 ਮਰਲੇ ਦਾ 1/18 ਰਕਬੇ (ਭਾਰਤ ਭੂਸ਼ਣ) ਦਾ ਖੇਤਰ ਨਿਰਭਰ ਕਰਦਾ ਹੈ। ਹੱਦਬੰਦੀ ਪੂਰਬ:- ਜੋਗਾ ਸਿੰਘ, ਪੱਛਮ:-ਪ੍ਰਿੰਸ ਅਰੋੜਾ, ਉੱਤਰ:-ਸੜਕ ਦੱਖਣ:-ਜੋਗਾ ਸਿੰਘ। | 27-05-2026 | 17-03-2026 | LOAN NO. HL00595100000005056373 Rs.1016011/- (ਦਸ ਲੱਖ ਸੋਲ੍ਹਾਂ ਹਜ਼ਾਰ ਗਿਆਰਾਂ ਰੁਪਏ ਕੇਵਲ) 17/03/2026 ਨੂੰ ਭੁਗਤਾਨਯੋਗ, ਪ੍ਰਾਪਤੀ ਤੱਕ 13 ਪ੍ਰਤੀ ਸਾਲ ਵਿਆਜ ਸਮੇਤ। |
| 2. | ਗੁਰਮਿੰਦਰ ਸਿੰਘ, ਜਸਵਿੰਦਰ ਆਰ ਸਿੰਘ, ਰਜਿੰਦਰ ਸਿੰਘ | ਮਕਾਨ ਦੇ ਸਾਰੇ ਭਾਗ ਅਤੇ ਹਿੱਸੇ ਜੋ ਕਿ ਖਾਤਾ ਨੰਬਰ 247/266 ਖਸਰਾ ਨੰਬਰ 26//12/3 (0-8) ਜਮਾਂਬੰਦੀ ਸਾਲ 2019-20 ਲਈ ਮਕਾਨ ਰਕਬਾ 3 ਮਰਲਾ 37 ਵਰਗ ਫੁੱਟ ਹੱਦਬੰਦੀ ਪੂਰਬ-ਰੋਡ, ਪੱਛਮ- ਗੁਰਦੁਆਰਾ ਸਾਹਿਬ, ਉੱਤਰ ਜੋਗਿੰਦਰ ਪਾਲ, ਦੱਖਣ- ਨਾਲਾ ਹਨ, ਮਾਪ 11 ਫੁੱਟ 6 ਇੰਚ, ਪੱਛਮ, 27 ਫੁੱਟ 6 ਇੰਚ, ਉੱਤਰ, 45 ਫੁੱਟ 6 ਇੰਚ, ਦੱਖਣ, 46 ਫੁੱਟ 7 ਇੰਚ | 27-05-2026 | 20-03-2026 | LOAN NO. HL00567100000005054736 Rs. 961847/- (ਨੌਂ ਲੱਖ ਇਕਾਹਠ ਹਜ਼ਾਰ ਅੱਠ ਸੌ ਸੰਤਾਲੀ ਰੁਪਏ ਕੇਵਲ) 20/03/2026 ਨੂੰ 13.85 ਪ੍ਰਤੀ ਸਾਲ ਵਿਆਜ ਸਮੇਤ ਭੁਗਤਾਨਯੋਗ। |

ਸਥਾਨ : ਪੰਜਾਬ ਮਿਤੀ : 02.06.2026 ਸਹੀ/- ਅਧਿਕਾਰਤ ਦਫਤਰ ਗ੍ਰੀਹਮ ਹਾਊਸਿੰਗ ਫਾਇਨਾਂਸ ਲਿਮਟਿਡ

### ਕਿਰਪਾਨ ਪਵਿੱਤਰ ਧਾਰਮਿਕ ਚਿੰਨ੍ਹ ਹੈ, ਹਥਿਆਰ ਨਹੀਂ....

# ਬ੍ਰਿਟੇਨ ਦੀ 'ਰਿਫਾਰਮ ਯੂਕੇ' ਪਾਰਟੀ ਵੱਲੋਂ ਪਾਬੰਦੀ ਲਗਾਉਣ ਦੀ ਮੰਗ ਦਾ ਸਿੱਖ ਭਾਈਚਾਰੇ ਵੱਲੋਂ ਖੰਡਨ

ਲੰਡਨ, 1 ਜੂਨ (ਚ.ਨ.ਸ): ਬ੍ਰਿਟੇਨ ਵਿੱਚ ਰਹਿਣ ਵਾਲੇ ਸਿੱਖ ਭਾਈਚਾਰੇ ਨੇ ਰਾਈਟ-ਵਿੰਗ 'ਰਿਫਾਰਮ ਯੂਕੇ' ਪਾਰਟੀ ਵੱਲੋਂ ਅੰਮ੍ਰਿਤਧਾਰੀ ਸਿੱਖਾਂ ਨੂੰ ਜਨਤਕ ਥਾਵਾਂ 'ਤੇ ਕਿਰਪਾਨ ਧਾਰਨ ਕਰਨ ਦੀ ਮਿਲੀ ਕਾਨੂੰਨੀ ਛੋਟ ਨੂੰ ਖ਼ਤਮ ਕਰਨ ਦੀ ਉਠਾਈ ਗਈ ਮੰਗ ਦਾ ਜ਼ੋਰਦਾਰ ਖੰਡਨ ਕੀਤਾ ਹੈ। ਸਿੱਖ ਜਥੇਬੰਦੀਆਂ ਨੇ ਸਪੱਸ਼ਟ ਸ਼ਬਦਾਂ ਵਿੱਚ ਆਖਿਆ ਹੈ ਕਿ ਕਿਰਪਾਨ ਇੱਕ ਪਵਿੱਤਰ ਧਾਰਮਿਕ ਚਿੰਨ੍ਹ (ਕਕਾਰ) ਹੈ, ਨਾ ਕਿ ਕੋਈ ਹਥਿਆਰ। ਇਹ ਵਿਵਾਦ ਸਾਊਥੈਂਪਟਨ ਯੂਨੀਵਰਸਿਟੀ ਦੇ 18 ਸਾਲਾ ਫਾਈਨੈਂਸ ਦੇ ਵਿਦਿਆਰਥੀ ਹੈਨਰੀ ਨੋਵਾਕ ਦੀ ਹੱਤਿਆ ਦੇ ਮਾਮਲੇ ਵਿੱਚ 23 ਸਾਲਾ ਸਿੱਖ ਨੌਜਵਾਨ ਵਿਕਰਮ ਸਿੰਘ ਦਿਗਵਾ ਨੂੰ ਅਦਾਲਤ ਵੱਲੋਂ ਦੋਸ਼ੀ ਕਰਾਰ ਦਿੱਤੇ ਜਾਣ ਤੋਂ ਬਾਅਦ ਸ਼ੁਰੂ ਹੋਇਆ ਹੈ। ਇਸ ਸਬੰਧੀ ਬ੍ਰਿਟਿਸ਼ ਅਖ਼ਬਾਰਾਂ ਵਿੱਚ ਛਪੀ ਖ਼ਬਰ ਨਾਮੀ ਫਾਈਲ ਵਿੱਚ ਵੀ ਦੇਖੀ ਜਾ ਸਕਦੀ ਹੈ। ਭਾਈਚਾਰੇ ਦੇ ਆਗੂਆਂ ਨੇ ਦਲੀਲ ਦਿੱਤੀ ਹੈ ਕਿ ਕਿਸੇ ਇੱਕ ਵਿਅਕਤੀ ਵੱਲੋਂ ਕੀਤੇ ਗਏ ਗੁਨਾਹ ਦੀ ਸਜ਼ਾ ਪੂਰੇ ਸਿੱਖ ਭਾਈਚਾਰੇ ਨੂੰ ਨਹੀਂ ਦਿੱਤੀ ਜਾ ਸਕਦੀ ਤੇ ਨਾ ਹੀ ਇਸ ਦੇ ਆਧਾਰ 'ਤੇ ਲੱਖਾਂ ਕਾਨੂੰਨ ਦੀ ਪਾਲਣਾ ਕਰਨ ਵਾਲੇ ਸਿੱਖਾਂ ਦੇ ਧਾਰਮਿਕ ਅਧਿਕਾਰਾਂ 'ਤੇ ਪਾਬੰਦੀ ਲਗਾਈ ਜਾ ਸਕਦੀ ਹੈ। ਇੱਕ ਅਖ਼ਬਾਰ ਨਾਲ ਗੱਲਬਾਤ ਕਰਦਿਆਂ ਇੰਡੀਅਨ ਵਰਕਰਜ਼ ਐਸੋਸੀਏਸ਼ਨ (ਗ੍ਰੇਟ ਬ੍ਰਿਟੇਨ) ਦੇ ਜਨਰਲ ਸਕੱਤਰ ਸੀਤਲ ਸਿੰਘ ਗਿੱਲ ਨੇ ਕਿਹਾ ਕਿ ਸਾਊਥੈਂਪਟਨ ਦੇ ਵਿਦਿਆਰਥੀ ਹੈਨਰੀ ਨੋਵਾਕ ਦੀ ਮੰਦਭਾਗੀ ਹੱਤਿਆ ਦੇ ਮਾਮਲੇ ਨੂੰ ਕਿਸੇ ਖ਼ਾਸ ਧਰਮ ਦੇ ਲੋਕਾਂ ਨੂੰ ਬਦਨਾਮ ਕਰਨ ਲਈ ਵਰਤਿਆ ਨਹੀਂ ਜਾਣਾ ਚਾਹੀਦਾ। ਉਨ੍ਹਾਂ ਕਿਹਾ ਕਿ ਬ੍ਰਿਟੇਨ ਵਿੱਚ ਸਿੱਖ ਭਾਈਚਾਰਾ ਪੀੜ੍ਹੀਆਂ ਤੋਂ ਪੂਰੀ ਅਮਨ-ਸ਼ਾਂਤੀ ਤੇ ਆਪਸੀ ਭਾਈਚਾਰੇ ਨਾਲ ਰਹਿ ਰਿਹਾ ਹੈ ਤੇ ਕਿਸੇ ਇੱਕ ਅਪਰਾਧਿਕ ਘਟਨਾ ਕਾਰਨ ਸਦੀਆਂ ਪੁਰਾਣੀ ਧਾਰਮਿਕ ਆਜ਼ਾਦੀ ਨੂੰ ਖ਼ਤਰੇ ਵਿੱਚ ਨਹੀਂ ਪਾਇਆ ਜਾ ਸਕਦਾ।ਇਹ ਸਾਰਾ ਮਾਮਲਾ ਉਦੋਂ ਗਰਮਾਇਆ ਜਦੋਂ ਸਾਊਥੈਂਪਟਨ ਕਰਾਊਨ ਕੋਰਟ ਦੀ ਜਿਊਰੀ ਨੇ ਵਿਕਰਮ ਦਿਗਵਾ ਨੂੰ ਹੈਨਰੀ ਨੋਵਾਕ ਦੇ ਕਤਲ ਦੇ ਮਾਮਲੇ ਵਿੱਚ ਦੋਸ਼ੀ ਪਾਇਆ। ਇਸ ਦੇ ਨਾਲ ਹੀ ਅਦਾਲਤ ਨੇ ਵਿਕਰਮ ਦੀ 53 ਸਾਲਾ ਮਾਂ ਕਿਰਨ ਕੌਰ ਨੂੰ ਵੀ ਘਟਨਾ ਸਥਾਨ ਤੋਂ ਹਥਿਆਰ ਗਾਇਬ ਕਰਕੇ ਅਪਰਾਧੀ ਦੀ ਮਦਦ ਕਰਨ ਦੇ ਦੋਸ਼ ਹੇਠ ਦੋਸ਼ੀ ਕਰਾਰ ਦਿੱਤਾ ਹੈ।ਲੇਬਰ ਪਾਰਟੀ ਦੇ ਕਈ ਸੰਸਦ ਮੈਂਬਰਾਂ ਨੇ ਵੀ ਸਿੱਖਾਂ ਦਾ ਪੱਖ ਪੂਰਦਿਆਂ ਰਿਫਾਰਮ ਪਾਰਟੀ ਦੀ ਇਸ ਮੰਗ ਨੂੰ ਮੰਦਭਾਗਾ ਦੱਸਿਆ ਹੈ।

# ਸ਼ੈਰੀ ਕਲਸੀ ਦੀ ਅਗਵਾਈ ਹੇਠ ਵਰਕਰਾਂ ਦੀ ਪ੍ਰਭਾਵਸ਼ਾਲੀ ਮੀਟਿੰਗ, ਚੋਣ ਰਣਨੀਤੀ 'ਤੇ ਹੋਈ ਚਰਚਾ



ਕਾਦੀਆਂ, 1 ਜੂਨ (ਸਿਕੰਦਰ ਸੰਧੂ): ਕਾਦੀਆਂ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਆਮ ਆਦਮੀ ਪਾਰਟੀ ਵੱਲੋਂ ਆਪਣੀਆਂ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਇਸੇ ਕੜੀ ਤਹਿਤ ਅੱਜ ਕਾਦੀਆਂ ਵਿਖੇ ਪਾਰਟੀ ਵਰਕਰਾਂ ਦੀ ਇੱਕ ਵਿਸ਼ਾਲ ਤੇ ਪ੍ਰਭਾਵਸ਼ਾਲੀ ਮੀਟਿੰਗ ਪੰਜਾਬ ਆਮ ਆਦਮੀ ਪਾਰਟੀ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਤੋਂ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਦੀ ਅਗਵਾਈ ਹੇਠ ਹੋਈ। ਮੀਟਿੰਗ ਦੌਰਾਨ ਆਉਣ ਵਾਲੀਆਂ ਨਗਰ ਕੌਂਸਲ ਚੋਣਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ ਤੇ ਪਾਰਟੀ ਦੀਆਂ ਭਵਿੱਖੀ ਰਣਨੀਤੀਆਂ ਨੂੰ ਲੈ ਕੇ ਵਰਕਰਾਂ ਨਾਲ ਵਿਚਾਰ ਸਾਂਝੇ ਕੀਤੇ ਗਏ। ਇਸ ਮੌਕੇ ਪਾਰਟੀ ਵੱਲੋਂ ਪੰਜਾਬ ਸਰਕਾਰ ਦੇ ਤਿੰਨ ਸਾਲਾਂ ਦੌਰਾਨ ਕਰਵਾਏ ਗਏ ਵਿਕਾਸ ਕਾਰਜਾਂ ਤੇ ਲੋਕ ਭਲਾਈ ਯੋਜਨਾਵਾਂ ਬਾਰੇ ਵੀ ਚਰਚਾ ਕੀਤੀ ਗਈ। ਸ਼ੈਰੀ ਕਲਸੀ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਪੰਜਾਬ ਦੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕਰਨ ਦੀ ਦਿਸ਼ਾ ਵਿੱਚ ਇਤਿਹਾਸਕ ਕੰਮ ਕੀਤੇ ਹਨ। ਉਨ੍ਹਾਂ ਕਿਹਾ ਕਿ ਪਾਰਟੀ ਦੇ ਵਿਕਾਸ ਕਾਰਜਾਂ ਤੇ ਲੋਕ ਹਿੱਤ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣਾ ਹਰ ਵਰਕਰ ਦੀ ਜ਼ਿੰਮੇਵਾਰੀ ਹੈ ਤਾਂ ਜੋ ਲੋਕਾਂ ਨੂੰ ਸਰਕਾਰ ਦੀਆਂ ਪ੍ਰਾਪਤੀਆਂ ਬਾਰੇ ਜਾਣੂੰ ਕਰਵਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਕਾਦੀਆਂ ਨਗਰ ਕੌਂਸਲ ਚੋਣਾਂ ਵਿੱਚ ਪਾਰਟੀ ਮਜ਼ਬੂਤੀ ਨਾਲ ਮੈਦਾਨ ਵਿੱਚ ਉਤਰੇਗੀ ਤੇ ਵਰਕਰਾਂ ਦੀ ਮਿਹਨਤ ਦੇ ਸਦਕਾ ਸ਼ਾਨਦਾਰ ਜਿੱਤ ਹਾਸਲ ਕਰੇਗੀ। ਉਨ੍ਹਾਂ ਸਾਰੇ ਵਰਕਰਾਂ ਨੂੰ ਇਕਜੁੱਟ ਹੋ ਕੇ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਦੀ ਅਪੀਲ ਕੀਤੀ। ਇਸ ਮੌਕੇ ਕਾਦੀਆਂ ਹਲਕਾ ਇੰਚਾਰਜ ਜਗਰੂਪ ਸਿੰਘ ਸੇਖਵਾਂ, ਜੋਬਨ ਰੰਧਾਵਾ, ਬੰਬੀਤਾ ਖੋਸਲਾ ਤੇ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਤੇ ਵਰਕਰ ਮੌਜੂਦ ਸਨ। ਮੀਟਿੰਗ ਦੌਰਾਨ ਵਰਕਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਚੋਣਾਂ ਵਿੱਚ ਪਾਰਟੀ ਦੀ ਜਿੱਤ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ ਗਿਆ।

# ਝੋਨੇ ਦੀ ਪਰਾਲੀ ਦੀ ਸਾਂਭ-ਸੰਭਾਲ ਵਾਲੀਆਂ ਮਸ਼ੀਨਾਂ ਲਈ ਬਿਨੈਕਾਰਾਂ ਦੀ ਚੋਣ 3 ਨੂੰ: ਡੀ.ਸੀ.



ਨਵਾਂ ਸ਼ਹਿਰ, 1 ਜੂਨ (ਸੁਖਦੇਵ ਸਿੰਘ ਉੜਾਪੜ): ਪੰਜਾਬ ਸਰਕਾਰ ਵੱਲੋਂ ਸਾਲ 2026 ਵਿੱਚ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੋਂ ਰੋਕਣ ਲਈ ਮੁਹਿੰਮ ਤੇਜ਼ੀ ਨਾਲ ਚੱਲ ਰਹੀ ਹੈ। ਇਸ ਸਬੰਧ ਵਿੱਚ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ, ਗੁਲਪ੍ਰੀਤ ਸਿੰਘ ਔਲਖ (ਆਈ.ਏ.ਐਸ) ਵੱਲੋਂ ਜਾਣਕਾਰੀ ਦਿੱਤੀ ਗਈ ਕਿ ਕਰਾਪ ਰੈਜ਼ੀਡਊ ਮੈਨੇਜਮੈਂਟ ਸਕੀਮ ਸਾਲ 2026 ਲਈ ਝੋਨੇ ਦੀ ਪਰਾਲੀ ਦੀਆਂ ਸਾਭ-ਸੰਭਾਲ ਵਾਲੀਆਂ ਮਸ਼ੀਨਾਂ 'ਤੇ ਸਬਸਿਡੀ ਦੇਣ ਲਈ ਬਿਨੈਕਾਰਾਂ ਦੀ ਚੋਣ ਮਿਤੀ 03-06-2026 ਨੂੰ ਸਵੇਰੇ 11:00 ਵਜੇ ਡੀ.ਸੀ. ਦਫਤਰ ਵਿਖੇ ਕੀਤੀ ਜਾਣੀ ਹੈ। ਉਨ੍ਹਾਂ ਵੱਲੋਂ ਇਸ ਸਕੀਮ ਵਿੱਚ ਅਪਲਾਈ ਕੀਤੇ ਗਏ ਕਿਸਾਨਾਂ ਨੂੰ ਇਸ ਚੋਣ ਵਿੱਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਗਿਆ। ਉਨ੍ਹਾਂ ਵੱਲੋਂ ਜ਼ਿਲ੍ਹੇ ਦੇ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਗਈ ਕਿ ਕੋਈ ਵੀ ਕਿਸਾਨ ਝੋਨੇ ਦੀ ਪਰਾਲੀ ਨੂੰ ਅੱਗ ਨਾ ਲਗਾਵੇ, ਜਿਸ ਨਾਲ ਵਾਤਾਵਰਨ ਨੂੰ ਪ੍ਰਦੂਸ਼ਿਤ ਹੋਣ ਤੋਂ ਰੋਕਿਆ ਜਾ ਸਕੇ। ਇਸ ਸਬੰਧ ਵਿੱਚ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਮੁੱਖ ਖੇਤੀਬਾੜੀ ਅਫਸਰ ਡਾ. ਲੇਖ ਰਾਜ ਮਾਹੀ ਵੱਲੋਂ ਜਾਣਕਾਰੀ ਦਿੱਤੀ ਗਈ ਕਿ ਇੱਸ ਸਕੀਮ ਅਧੀਨ ਹਲੇ ਤੱਕ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਵਿੱਚ ਝੋਨੇ ਦੀ ਪਰਾਲੀ ਦੀ ਸਾਭ-ਸੰਭਾਲ ਵਾਲੀਆਂ ਕੁੱਲ 2126 ਮਸ਼ੀਨਾਂ ਉਪਲੱਬਧ ਹਨ। ਉਨ੍ਹਾਂ ਵੱਲੋਂ ਸਮੂਹ ਕਿਸਾਨਾਂ ਨੂੰ ਪਰਾਲੀ ਨੂੰ ਅੱਗ ਨਾ ਲਗਾਉਣ ਤੇ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਪੀਲ ਕੀਤੀ ਗਈ।

# ਨਾਬਾਲਿਗ ਲੜਕੀ ਨਾਲ ਜਿਨਸੀ ਸ਼ੋਸ਼ਣ ਦੇ ਦੋਸ਼ ਹੇਠ ਸੇਵਾਮੁਕਤ ਐਸ.ਐਮ.ਓ. ਵਿਰੁੱਧ ਮਾਮਲਾ ਦਰਜ

ਕੁਰੂਕਸ਼ੇਤਰ/ਕਰਨਾਲ, 1 ਜੂਨ (ਚ.ਨ.ਸ): ਹਰਿਆਣਾ ਦੇ ਕੁਰੂਕਸ਼ੇਤਰ ਵਿੱਚ ਸਥਿਤ ਲੋਕ ਨਾਇਕ ਜੈ ਪ੍ਰਕਾਸ਼ (ਐਲ.ਐਨ.ਜੇ.ਪੀ.) ਸਿਵਲ ਹਸਪਤਾਲ ਤੋਂ ਇੱਕ ਬਹੁਤ ਹੀ ਸ਼ਰਮਨਾਕ ਤੇ ਇਨਸਾਨੀਅਤ ਨੂੰ ਤਾਰ-ਤਾਰ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਇੱਥੇ ਇੱਕ ਸੇਵਾਮੁਕਤ ਸੀਨੀਅਰ ਮੈਡੀਕਲ ਅਫ਼ਸਰ (ਐਸ.ਐਮ.ਓ.) ਵੱਲੋਂ ਹਸਪਤਾਲ ਵਿੱਚ ਇਲਾਜ ਅਧੀਨ ਇੱਕ 15 ਸਾਲਾ ਨਾਬਾਲਗ ਲੜਕੀ ਨਾਲ ਕਥਿਤ ਤੌਰ 'ਤੇ ਜਿਨਸੀ ਸ਼ੋਸ਼ਣ ਕੀਤੇ ਜਾਣ ਦੀ ਸਖ਼ਤ ਨਿਖੇਧੀਯੋਗ ਘਟਨਾ ਵਾਪਰੀ ਹੈ। ਕੁਰੂਕਸ਼ੇਤਰ ਪੁਲਿਸ ਨੇ ਇਸ ਸਬੰਧੀ ਕਾਰਵਾਈ ਕਰਦਿਆਂ ਐਤਵਾਰ ਨੂੰ ਮੁਲਜ਼ਮ ਡਾਕਟਰ ਖ਼ਿਲਾਫ਼ ਗੰਭੀਰ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ। ਇਸ ਘਟਨਾ ਦੇ ਸਾਹਮਣੇ ਆਉਣ ਤੋਂ ਬਾਅਦ ਪੂਰੇ ਸਿਹਤ ਵਿਭਾਗ ਤੇ ਇਲਾਕੇ ਵਿੱਚ ਭਾਰੀ ਰੋਸ ਤੇ ਸਨਸਨੀ ਫੈਲ ਗਈ ਹੈ। ਮਾਮਲੇ ਦੀ ਗੰਭੀਰਤਾ ਨੂੰ ਦੇਖਦੇ ਹੋਏ ਹਰਿਆਣਾ ਸਿਹਤ ਵਿਭਾਗ ਨੇ ਤੁਰੰਤ ਸਖ਼ਤ ਕਦਮ ਚੁੱਕਦਿਆਂ ਉਕਤ ਡਾਕਟਰ ਦੀਆਂ ਸੇਵਾਵਾਂ ਨੂੰ ਮੁਅੱਤਲ ਕਰਕੇ ਖ਼ਤਮ ਕਰ ਦਿੱਤਾ ਹੈ। ਮਿਲੀ ਜਾਣਕਾਰੀ ਤੇ ਪੁਲਿਸ ਰਿਪੋਰਟਾਂ ਅਨੁਸਾਰ ਮੁਲਜ਼ਮ ਦੀ ਪਛਾਣ ਡਾ. ਸ਼ੈਲੇਂਦਰ ਕੁਮਾਰ ਸ਼ੈਲੀ ਵਜੋਂ ਹੋਈ ਹੈ। ਡਾ. ਸ਼ੈਲੀ ਪਹਿਲਾਂ ਸਿਵਲ ਹਸਪਤਾਲ ਵਿੱਚ ਐਸ.ਐਮ.ਓ. ਦੇ ਅਹੁਦੇ ਤੋਂ ਸੇਵਾਮੁਕਤ ਹੋ ਚੁੱਕਾ ਸੀ, ਪਰ ਬਾਅਦ ਵਿੱਚ ਸਰਕਾਰ ਵੱਲੋਂ ਚਲਾਏ ਜਾ ਰਹੇ ਇਸੇ ਹਸਪਤਾਲ ਵਿੱਚ ਉਸ ਨੂੰ ਇੱਕ ਸਲਾਹਕਾਰ (ਕੰਸਲਟੈਂਟ) ਵਜੋਂ ਦੁਬਾਰਾ ਤਾਇਨਾਤ ਕੀਤਾ ਗਿਆ ਸੀ। ਇਸ ਦੌਰਾਨ ਉਸ ਨੇ ਡਾਕਟਰੀ ਪੇਸ਼ੇ ਨੂੰ ਕਲੰਕਿਤ ਕਰਦਿਆਂ ਇੱਕ ਨਾਬਾਲਿਗ ਲੜਕੀ ਨੂੰ ਆਪਣੀ ਹਵਸ ਦਾ ਸ਼ਿਕਾਰ ਬਣਾਉਣ ਦੀ ਕੋਸ਼ਿਸ਼ ਕੀਤੀ। ਘਟਨਾ ਦਾ ਪਤਾ ਲੱਗਦਿਆਂ ਹੀ ਪੀੜਤ ਲੜਕੀ ਦੇ ਪਰਿਵਾਰ ਵੱਲੋਂ ਪੁਲਿਸ ਨੂੰ ਸ਼ਿਕਾਇਤ ਦਿੱਤੀ ਗਈ, ਜਿਸ ਤੋਂ ਬਾਅਦ ਹਰਿਆਣਾ ਸਿਹਤ ਵਿਭਾਗ ਨੇ ਮੁਲਜ਼ਮ ਖ਼ਿਲਾਫ਼ ਐਫ.ਆਈ.ਆਰ. ਦਰਜ ਹੋਣ ਦੇ ਤੁਰੰਤ ਬਾਅਦ ਉਸ ਨੂੰ ਨੌਕਰੀ ਤੋਂ ਫ਼ਾਰਗ ਕਰ ਦਿੱਤਾ।

# ਵਿਧਾਇਕ ਸ਼ੈਰੀ ਕਲਸੀ ਨੇ ਲੋਕ ਮਿਲਣੀ 'ਚ ਲੋਕਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ

ਬਟਾਲਾ/ਨੌਸ਼ਹਿਰਾ ਮੱਝਾ ਸਿੰਘ, 1 ਜੂਨ (ਬਲਵਿੰਦਰ ਸਿੰਘ ਪੰਜਗਰਾਈਂ/ਡਾ. ਸਤਨਾਮ ਸੰਧੂ): ਪੰਜਾਬ ਦੇ ਕਾਰਜਕਾਰੀ ਪ੍ਰਧਾਨ ਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਕਿਹਾ ਕਿ ਉਹ ਬਟਾਲਾ ਹਲਕੇ ਦੇ ਵਿਕਾਸ ਲਈ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ ਤੇ ਵਿਕਾਸ ਕਾਰਜਾਂ ਦੀ ਰਫਤਾਰ ਹੋਰ ਤੇਜ਼ ਕੀਤੀ ਜਾਵੇਗੀ। ਵਿਧਾਇਕ ਸ਼ੈਰੀ ਕਲਸੀ ਨੇ ਹਲਕਾ ਵਾਸੀਆਂ ਦੀਆਂ ਮੁਸ਼ਕਿਲਾਂ ਸੁਣ ਕੇ ਨਿਪਟਾਰਾ ਕਰਦਿਆਂ ਕਿਹਾ ਕਿ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਨੂੰ ਪੂਰਾ ਕਰ ਰਹੇ ਹਨ ਤੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਦੁੱਖ-ਤਕਲੀਫਾਂ ਦੂਰ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਬਟਾਲੇ ਸ਼ਹਿਰ ਦੀ ਗੱਲ ਕਰਦਿਆਂ ਦੱਸਿਆ ਕਿ ਬਟਾਲਾ ਵਾਸੀਆਂ ਨੇ ਵਿਕਾਸ ਕਾਰਜਾਂ 'ਤੇ ਮੋਹਰ ਲਗਾਉਂਦਿਆਂ ਨਗਰ ਨਿਗਮ ਬਟਾਲਾ ਦੀ ਸੇਵਾ ਆਪ ਪਾਰਟੀ ਦੇ ਉਮੀਦਵਾਰਾਂ ਨੂੰ ਸੌਂਪੀ ਹੈ ਤੇ ਉਹ ਸ਼ਹਿਰ ਵਾਸੀਆਂ ਨੂੰ ਵਿਸ਼ਵਾਸ ਦਿਵਾਉਂਦੇ ਹਨ ਕਿ ਬਟਾਲਾ ਸ਼ਹਿਰ ਦੀ ਵਿਕਾਸ ਪੱਖੋਂ ਹੋਰ ਨੁਹਾਰ ਬਦਲੀ ਜਾਵੇਗੀ।ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਲੋਕਾਂ ਦੀ ਸਿਹਤ ਸਹੂਲਤਾਂ ਨੂੰ ਮੁੱਖ ਰੱਖਦਿਆਂ ਸੂਬੇ ਦੇ ਸਾਰੇ ਲੋਕਾਂ ਨੂੰ 10 ਲੱਖ ਰੁਪਏ ਤੱਕ ਦਾ ਮੁਫਤ ਇਲਾਜ ਮੁਹੱਈਆ ਕਰਵਾਇਆ ਗਿਆ ਹੈ। ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਔਰਤਾਂ ਨੂੰ 1000 ਰੁਪਏ, ਐਸਸੀ ਭਾਈਚਾਰੇ ਨਾਲ ਸਬੰਧਤ ਔਰਤਾਂ ਨੂੰ 1500 ਮਹੀਨੇ ਦੇਣ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਚਾਰ ਸਾਲਾਂ ਵਿੱਚ ਹਲਕੇ ਅੰਦਰ ਸਰਬਪੱਖੀ ਵਿਕਾਸ ਕਰਵਾਏ ਗਏ ਹਨ। ਬਟਾਲਾ ਹਲਕਾ ਵਾਸੀਆਂ ਨੂੰ ਇੱਕ ਛੱਤ ਹੇਠਾਂ ਵੱਖ-ਵੱਖ ਸਹੂਲਤਾਂ ਦੇਣ ਦੇ ਮਕਸਦ ਨਾਲ ਨਵਾਂ ਤਹਿਸੀਲ ਕੰਪਲੈਕਸ ਉਸਾਰਿਆ ਗਿਆ ਹੈ। ਸ਼ਹਿਰ ਦੀਆਂ ਪ੍ਰਮੁੱਖ ਸੜਕਾਂ 'ਤੇ ਲਾਈਟਾਂ ਲਗਾਈਆਂ ਜਾ ਰਹੀਆਂ ਹਨ। ਸ਼ਹਿਰ ਵਿੱਚ ਲਾਇਬ੍ਰੇਰੀ ਦੀ ਨਵੀਂ ਇਮਾਰਤ ਉਸਾਰੀ ਗਈ ਹੈ। ਸੁੱਖਾ ਸਿੰਘ-ਮਹਿਤਾਬ ਸਿੰਘ ਚੌਕ ਵਿਖੇ ਸ਼ਾਨਦਾਰ ਕਲਾਕ ਟਾਵਰ ਲਗਾਇਆ ਗਿਆ ਹੈ। ਲੋਕਾਂ ਨੂੰ ਸਾਫ਼-ਸੁਥਰਾ ਪੀਣ ਵਾਲਾ ਪਾਣੀ ਮੁਹੱਈਆ ਕਰਵਾਉਣ ਲਈ ਕਰੀਬ 24 ਕਰੋੜ ਰੁਪਏ ਦੀ ਲਾਗਤ ਨਾਲ ਵਿਕਾਸ ਕੰਮ ਚੱਲ ਰਿਹਾ ਹੈ। ਇਸ ਤੋਂ ਇਲਾਵਾ ਹਲਕੇ ਦੇ ਪਿੰਡਾਂ ਅੰਦਰ ਵੀ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ ਤੇ ਆਉਣ ਵਾਲੇ ਦਿਨਾਂ ਵਿੱਚ ਵਿਕਾਸ ਕਾਰਜ ਹੋਰ ਤੇਜ਼ੀ ਨਾਲ ਕਰਵਾਏ ਜਾਣਗੇ।



# ਵਿਧਾਇਕ ਜਿੰਪਾ ਵੱਲੋਂ ਡੀਏਵੀ ਕਾਲਜ-ਅਸਲਮਾਬਾਦ ਬਾਈਪਾਸ ਮਾਰਗ 'ਤੇ ਸਟਰੀਟ ਲਾਈਟਾਂ ਦਾ ਉਦਘਾਟਨ

## ☛ ਬਿਹਤਰ ਰੋਸ਼ਨੀ ਨਾਲ ਸੁਰੱਖਿਆ 'ਚ ਹੋਵੇਗਾ ਵਾਧਾ, ਰਾਤ ਸਮੇਂ ਆਵਾਜਾਈ ਸੁਰੱਖਿਅਤ ਹੋਵੇਗੀ

ਹੁਸ਼ਿਆਰਪੁਰ, 1 ਜੂਨ (ਦੀਪਕ ਅਗਨੀਹੋਤਰੀ): ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਅੱਜ ਡੀਏਵੀ ਕਾਲਜ ਤੋਂ ਅਸਲਮਾਬਾਦ ਬਾਈਪਾਸ ਤੱਕ ਲਗਾਈਆਂ ਗਈਆਂ ਨਵੀਆਂ ਸਟਰੀਟ ਲਾਈਟਾਂ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਕਿਹਾ ਕਿ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਤੇ ਨਾਗਰਿਕਾਂ ਨੂੰ ਬਿਹਤਰ ਸਹੂਲਤਾਂ ਮੁਹੱਈਆ ਕਰਵਾਉਣਾ ਪੰਜਾਬ ਸਰਕਾਰ ਦੀਆਂ ਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ। ਵਿਧਾਇਕ ਜਿੰਪਾ ਨੇ ਕਿਹਾ ਕਿ ਇਸ ਰਸਤੇ 'ਤੇ ਲੋੜੀਂਦੀ ਰੋਸ਼ਨੀ ਦੀ ਲੋੜ ਲੰਬੇ ਸਮੇਂ ਤੋਂ ਮਹਿਸੂਸ ਕੀਤੀ ਜਾ ਰਹੀ ਸੀ। ਸਟਰੀਟ ਲਾਈਟਾਂ ਦੇ ਚਾਲੂ ਹੋਣ ਨਾਲ ਨਾ ਸਿਰਫ਼ ਰਾਹਗੀਰਾਂ ਤੇ ਵਾਹਨ ਚਾਲਕਾਂ ਨੂੰ ਸੁਵਿਧਾ ਮਿਲੇਗੀ, ਸਗੋਂ ਇਲਾਕੇ ਦੀ ਸੁਰੱਖਿਆ ਵੀ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਕਿਹਾ ਕਿ ਰਾਤ ਸਮੇਂ ਇਸ ਸੜਕ ਤੋਂ ਲੰਘਣ ਵਾਲੇ ਵਿਦਿਆਰਥੀਆਂ, ਕਰਮਚਾਰੀਆਂ ਤੇ ਆਮ ਲੋਕਾਂ ਨੂੰ ਹੁਣ ਬਿਹਤਰ ਰੌਸ਼ਨੀ ਦਾ ਲਾਭ ਮਿਲੇਗਾ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਸਾਰੇ ਸ਼ਹਿਰਾਂ ਤੇ ਕਸਬਿਆਂ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾ ਰਹੀ ਹੈ। ਇਸੇ ਕੜੀ ਤਹਿਤ ਹੁਸ਼ਿਆਰਪੁਰ ਵਿੱਚ ਵੀ ਸੜਕਾਂ, ਸੀਵਰੇਜ, ਪੀਣ ਵਾਲੇ ਪਾਣੀ, ਸਟਰੀਟ ਲਾਈਟਾਂ ਤੇ ਹੋਰ ਲੋਕ-ਹਿੱਤ ਪ੍ਰੋਜੈਕਟਾਂ 'ਤੇ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਵਿਧਾਇਕ ਜਿੰਪਾ ਨੇ ਕਿਹਾ ਕਿ ਲੋਕਾਂ ਵੱਲੋਂ ਦਿੱਤੇ ਗਏ ਭਰੋਸੇ 'ਤੇ ਖਰਾ ਉਤਰਨਾ ਉਨ੍ਹਾਂ ਦੀ ਜ਼ਿੰਮੇਵਾਰੀ ਹੈ ਤੇ ਇਲਾਕੇ ਦੇ ਵਿਕਾਸ ਲਈ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਕੰਮ ਜਾਰੀ ਰਹਿਣਗੇ। ਉਨ੍ਹਾਂ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਹਿਰ ਦੇ ਹੋਰ ਇਲਾਕਿਆਂ ਵਿੱਚ ਵੀ, ਜਿੱਥੇ ਲੋੜ ਹੋਵੇ, ਉਥੇ ਬਿਹਤਰ ਰੌਸ਼ਨੀ ਪ੍ਰਬੰਧ ਯਕੀਨੀ ਬਣਾਇਆ ਜਾਵੇ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਵੀਣ ਸੈਣੀ, ਮਾਰਕੀਟ ਕਮੇਟੀ ਹੁਸ਼ਿਆਰਪੁਰ ਦੇ ਚੇਅਰਮੈਨ ਜਸਪਾਲ ਸਿੰਘ ਚੇਚੀ, ਮੁਖੀ ਰਾਮ ਸਮੇਤ ਹੋਰ ਪਤਵੰਤੇ ਮੌਜੂਦ ਸਨ। ਸਭ ਨੇ ਇਸ ਵਿਕਾਸ ਕਾਰਜ ਲਈ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

# ਵਿਧਾਇਕ ਰਾਜਾ ਨੇ ਲੱਖਾਂ ਦੀ ਲਾਗਤ ਨਾਲ ਸੀਵਰੇਜ ਸਫ਼ਾਈ ਕਾਰਜ ਸ਼ੁਰੂ ਕਰਵਾਏ



ਟਾਂਡਾ ਉੜਮੁੜ, 1 ਜੂਨ (ਅਰਜੁਨ ਜੈਨ): ਆਉਣ ਵਾਲੇ ਬਰਸਾਤੀ ਮੌਸਮ ਤੋਂ ਪਹਿਲਾਂ ਟਾਂਡਾ ਸ਼ਹਿਰ ਦੇ ਸਾਰੇ ਬੰਦ ਪਏ ਸੀਵਰੇਜ ਪਾਈਪਾਂ ਦੀ ਪੂਰੀ ਤਰ੍ਹਾਂ ਸਫ਼ਾਈ ਕਰਵਾ ਕੇ ਸੀਵਰੇਜ ਖੋਲ੍ਹ ਦਿੱਤੇ ਜਾਣਗੇ ਤਾਂ ਜੋ ਸ਼ਹਿਰ ਵਾਸੀਆਂ ਨੂੰ ਸੀਵਰੇਜ ਸਬੰਧੀ ਕਿਸੇ ਪ੍ਰੇਸ਼ਾਨੀ ਦਾ ਸਾਹਮਣਾ ਨਾ ਕਰਨਾ ਪਵੇ , ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਇਕ ਉੜਮੁੜ ਟਾਂਡਾ ਜਸਵੀਰ ਸਿੰਘ ਰਾਜਾ ਗਿੱਲ ਨੇ ਕਰੀਬ 26 ਲੱਖ ਰੁਪਏ ਦੀ ਲਾਗਤ ਨਾਲ ਸੀਵਰੇਜ ਸਫ਼ਾਈ ਕਾਰਜ ਦਾ ਉਦਘਾਟਨ ਕਰਦਿਆਂ ਕੀਤਾ। ਇਸ ਮੌਕੇ ਉਨ੍ਹਾਂ ਚੇਅਰਮੈਨ ਬਲਾਕ ਸੰਮਤੀ ਟਾਂਡਾ ਸੁਖਵਿੰਦਰਜੀਤ ਸਿੰਘ ਝਾਵਰ, ਆਪ ਦੇ ਸੰਗਠਨ ਇੰਚਾਰਜ ਕੇਸ਼ਵ ਸਿੰਘ ਸੈਣੀ, ਕੌਂਸਲਰ ਹਰੀਕ੍ਰਿਸ਼ਨ ਸੈਣੀ, ਕੌਂਸਲਰ ਪ੍ਰਵੀਨ ਖੰਨਾ ਉਰਫ ਸੋਨੂੰ, ਕੌਂਸਲਰ ਹਰਮੀਤ ਸਿੰਘ ਵੜੈਚ ਆਦਿ ਵੀ ਹਾਜ਼ਰ ਸਨ।ਇਸ ਮੌਕੇ ਬੋਲਦਿਆਂ ਵਿਧਾਇਕ ਰਾਜਾ ਗਿੱਲ ਨੇ ਕਿਹਾ ਕਿ ਕਰੀਬ 26 ਲੱਖ ਰੁਪਏ ਦੀ ਲਾਗਤ ਨਾਲ ਸ਼ੁਰੂ ਹੋਇਆ ਇਹ ਸੀਵਰੇਜ ਸਫ਼ਾਈ ਦਾ ਕੰਮ ਕਰੀਬ ਦੋ ਮਹੀਨੇ ਤੱਕ ਲਗਾਤਾਰ ਚੱਲੇਗਾ। ਉਨ੍ਹਾਂ ਕਿਹਾ ਕਿ ਬਰਸਾਤ ਦੇ ਮੌਸਮ ਤੋਂ ਪਹਿਲਾਂ ਸ਼ਹਿਰ ਦੇ ਜਿੰਨੇ ਵੀ ਵੱਡੇ-ਛੋਟੇ ਸੀਵਰੇਜ ਬੰਦ ਹੋਏ ਹਨ, ਉਨ੍ਹਾਂ ਦੀ ਪੂਰੀ ਤਰ੍ਹਾਂ ਸਫ਼ਾਈ ਕਰ ਦਿੱਤੀ ਜਾਵੇ, ਜਿਸ ਵਾਸਤੇ ਠੇਕੇਦਾਰ ਵੱਲੋਂ ਸੀਵਰੇਜ ਸਫ਼ਾਈ ਕਰਨ ਵਾਲੀ ਮਸ਼ੀਨ ਲਿਆਂਦੀ ਗਈ ਹੈ ਜੋ ਲਗਾਤਾਰ ਸ਼ਹਿਰ ਦੇ ਹਰ ਵਾਰਡ ਵਿੱਚ ਸੀਵਰੇਜ ਸਫ਼ਾਈ ਦਾ ਕੰਮ ਪੂਰਾ ਕਰੇਗੀ । ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਮੁਹੱਲੇ ਦੇ ਬੰਦ ਪਏ ਸੀਵਰੇਜ ਸਬੰਧੀ ਕਾਰਜ ਸਾਧਕ ਅਫਸਰ ਟਾਂਡਾ ਤੇ ਵਾਰਡ ਦੇ ਮੌਜੂਦਾ ਕੌਂਸਲਰ ਦੇ ਧਿਆਨ ਵਿੱਚ ਲਿਆਉਣ ਤਾਂ ਸੀਵਰੇਜ ਸਫ਼ਾਈ ਦਾ ਕੰਮ ਹੋ ਸਕੇ। ਇਸ ਮੌਕੇ ਸਾਬਕਾ ਕੌਂਸਲਰ ਸੁਰਿੰਦਰਜੀਤ ਸਿੰਘ, ਸਾਬਕਾ ਕੌਂਸਲਰ ਸੁਮਨ ਖੋਸਲਾ, ਆਪ ਆਗੂ ਰਾਜਨ ਸੋਂਧੀ, ਆਪ ਆਗੂ ਅਨਿਲ ਗੌਰਾ, ਨੰਬਰਦਾਰ ਹਰਵਿੰਦਰ ਸਿੰਘ, ਆਪ ਆਗੂ ਅਮਨ ਘੁੰਮਣ, ਆਪ ਆਗੂ ਗੁਰਮੀਤ ਸਿੰਘ, ਨੈਨੂੰ ਜਸਰਾ ਤੇ ਸੁਖਜੀਤ ਸਿੰਘ ਸੁੱਖਾ ਹਾਜ਼ਰ ਸਨ।

# ਮਨਿਸਟੀਰੀਅਲ ਕਾਮੇ ਮੁਲਾਜ਼ਮ ਮਾਰੂ ਰਿਪੋਰਟ ਦੀਆਂ ਕਾਪੀਆਂ ਅੱਜ ਸਾੜਨਗੇ



ਗੁਰਦਾਸਪੁਰ, 1 ਜੂਨ (ਜਗੀਰ ਸਿੰਘ ਮੰਡ/ਨਾਹਰ): ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ਼ ਯੂਨੀਅਨ ਦੀ 31 ਮਈ ਨੂੰ ਆਨਲਾਈਨ ਸੂਬਾ ਪੱਧਰੀ ਹੰਗਾਮੀ ਮੀਟਿੰਗ ਸੂਬਾ ਪ੍ਰਧਾਨ ਗੁਰਨਾਮ ਸਿੰਘ ਵਿਰਕ, ਤਰਸੇਮ ਭੱਠਲ, ਸੂਬਾ ਜਨਰਲ ਸਕੱਤਰ ਦੀ ਪ੍ਰਧਾਨਗੀ ਹੇਠ ਕੀਤੀ ਗਈ। ਜਿਸ ਵਿੱਚ ਸਮੁੱਚੇ ਪੰਜਾਬ ਦੇ ਵਿਭਾਗੀ ਜਥੇਬੰਦੀਆਂ ਦੇ ਪ੍ਰਧਾਨ, ਜਨਰਲ ਸਕੱਤਰ ਤੋਂ ਇਲਾਵਾ ਸੂਬਾ ਬਾਡੀ ਦੇ ਆਗੂ ਸਾਹਿਬਾਨ ਤੇ ਵੱਖ-ਵੱਖ ਜ਼ਿਲ੍ਹਿਆਂ ਤੋਂ ਜ਼ਿਲ੍ਹਾ ਪ੍ਰਧਾਨ ਤੇ ਜਨਰਲ ਸਕੱਤਰ ਸਾਹਿਬਾਨਾਂ ਤੋਂ ਇਲਾਵਾ ਹੋਰ ਜੁਝਾਰੂ ਸਾਥੀ ਮੀਟਿੰਗ ਵਿੱਚ ਹਾਜ਼ਰ ਹੋਏ।ਜਿਸ ਵਿੱਚ ਹਾਜ਼ਰ ਸਮੁੱਚੀ ਲੀਡਰਸ਼ਿਪ ਵੱਲੋਂ ਇਸ ਗੱਲ 'ਤੇ ਤਿੱਖਾ ਪ੍ਰਤੀਕਰਮ ਦਿੱਤਾ ਗਿਆ, ਜੋ ਪੰਜਾਬ ਸਰਕਾਰ ਦੀ ਕੈਬਨਿਟ ਸਬ-ਕਮੇਟੀ ਵੱਲੋਂ ਮਾਣਯੋਗ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿੱਚ ਮਹਿੰਗਾਈ ਭੱਤੇ 'ਤੇ ਹੋ ਰਹੀ ਸੁਣਵਾਈ ਦੌਰਾਨ ਪੇਸ਼ ਕੀਤੀ ਬੰਦ ਲਿਫਾਫਾ ਰਿਪੋਰਟ ਨੂੰ ਖੁੱਲ੍ਹਣ ਤੋਂ ਬਾਅਦ ਜੋ ਤੱਥ ਸਾਹਮਣੇ ਆਏ ਹਨ, ਉਹ ਪੰਜਾਬ ਸਰਕਾਰ ਵੱਲੋਂ ਸਹੀ ਤੱਥਾਂ ਨੂੰ ਅੱਖੋਂ ਪਰੋਖੇ ਕਰਕੇ ਬਦਨੀਤੀ ਨਾਲ ਝੂਠੇ ਅੰਕੜੇ ਪੇਸ਼ ਕਰਕੇ ਮਾਣਯੋਗ ਅਦਾਲਤ ਨੂੰ ਵੀ ਗੁੰਮਰਾਹ ਕਰਨ ਦੀ ਜਿੱਥੇ ਕੋਸ਼ਿਸ਼ ਕੀਤੀ ਹੈ, ਉਥੇ ਇਹ ਪ੍ਰਤੱਖ ਕਰ ਦਿੱਤਾ ਕਿ ਉਹ ਮੁਲਾਜ਼ਮਾਂ ਦੇ ਮਹਿੰਗਾਈ ਭੱਤੇ ਨੂੰ ਦੇਣ ਤੋਂ ਜਿੱਥੇ ਭੱਜ ਰਹੀ ਹੈ, ਉਥੇ ਹੁਣ ਉਨ੍ਹਾਂ ਦੇ ਸਕੇਲਾਂ 'ਤੇ ਵੀ ਕੁਹਾੜਾ ਚਲਾਉਣਾ ਚਾਹੁੰਦੀ ਹੈ। ਜਦਕਿ ਸਾਲ 2011 ਵਿੱਚ 5ਵੇਂ ਤਨਖਾਹ ਕਮਿਸ਼ਨ ਦੀ ਰਿਪੋਰਟ ਲਾਗੂ ਹੋਣ ਸਮੇਂ ਦੂਜੀ ਵਾਰ ਦਿੱਤਾ ਗਿਆ ਤਨਖਾਹ ਵਾਧਾ ਛੇਵੇਂ ਤਨਖਾਹ ਕਮਿਸ਼ਨ ਨੂੰ ਜਨਵਰੀ 2016 ਵਿੱਚ ਲਾਗੂ ਕਰਦੇ ਸਮੇਂ ਵਾਪਸ ਲੈ ਲਿਆ ਗਿਆ। ਉਥੇ 37 ਪ੍ਰਕਾਰ ਦੇ ਭੱਤੇ ਵੀ ਬੰਦ ਕਰ ਦਿੱਤੇ ਗਏ ਤੇ ਮੌਜੂਦਾ ਸਰਕਾਰ ਨੇ 18 ਫੀਸਦੀ ਮਹਿੰਗਾਈ ਭੱਤਾ ਵੀ ਦੱਬ ਰੱਖਿਆ ਹੈ ਤੇ ਹੁਣ ਜੋ ਮੁਲਾਜ਼ਮਾਂ ਨੂੰ ਤਨਖਾਹਾਂ ਮਿਲ ਰਹੀਆਂ ਹਨ, ਉਨ੍ਹਾਂ 'ਤੇ ਵੀ ਕੱਟ ਲਗਾਉਣ ਲਈ ਸਾਜਿਸ਼ ਘੜੀ ਜਾ ਰਹੀ ਹੈ। ਉਨ੍ਹਾਂ ਨੇ ਜਿੱਥੇ ਇਸ ਰਿਪੋਰਟ ਦੀਆਂ ਕਾਪੀਆਂ ਸਾੜਨ ਦੀ ਮੰਗ ਕੀਤੀ ਹੈ, ਉਥੇ ਨਾਲ ਹੀ ਸਰਕਾਰ ਨੂੰ ਚੇਤਾਵਨੀ ਦੇਣ ਲਈ ਚੇਤਾਵਨੀ ਰੈਲੀਆਂ ਕਰਨ ਤੇ ਪੰਜਾਬ ਸਰਕਾਰ ਦਾ ਮੁਕੰਮਲ ਕੰਮ ਬੰਦ ਕਰਨ ਲਈ ਕਲਮ ਛੋੜ ਹੜਤਾਲ ਦੇਣ ਦੀ ਵੀ ਮੰਗ ਕੀਤੀ ਹੈ। ਭਾਵੇਂ ਕਿ ਪੰਜਾਬ ਸਰਕਾਰ ਵੱਲੋਂ ਵਿੱਤ ਮੰਤਰੀ ਪੰਜਾਬ ਨਾਲ ਜਥੇਬੰਦੀ ਨੂੰ 3 ਜੂਨ, 2026 ਨੂੰ ਮੀਟਿੰਗ ਦਾ ਸਮਾਂ ਦਿੱਤਾ ਗਿਆ ਹੈ। ਫਿਰ ਵੀ ਸੂਬਾ ਕਮੇਟੀ ਨੇ ਸਮੂਹ ਆਗੂਆਂ ਦੀ ਰਾਏ ਮੁਤਾਬਿਕ ਸਰਬਸੰਮਤੀ ਨਾਲ ਫੈਸਲਾ ਕੀਤਾ ਹੈ ਕਿ 2 ਜੂਨ, 2026 ਨੂੰ 11:00 ਵਜੇ ਪੰਜਾਬ ਸਰਕਾਰ ਵੱਲੋਂ ਮਾਣਯੋਗ ਹਾਈਕੋਰਟ ਵਿੱਚ ਪੇਸ਼ ਕੀਤੀ ਗਲਤ ਤੱਥਾਂ ਦੀ ਮੁਲਾਜ਼ਮ ਵਿਰੋਧੀ ਰਿਪੋਰਟ ਦੀਆਂ ਕਾਪੀਆਂ ਜ਼ਿਲ੍ਹਾ ਹੈਡ ਕੁਆਰਟਰਾਂ 'ਤੇ ਸਾੜੀਆਂ ਜਾਣਗੀਆਂ।

# ਵਿਧਾਇਕ ਰੰਧਾਵਾ ਨੇ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ

ਗੁਰਦਾਸਪੁਰ, 1 ਜੂਨ (ਹੈਪੀ ਕੋਟਲੀ): ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਮਹਿਤਾ ਤੇ ਰਾਮਦੀਵਾਲੀ ਤੋਂ ਪਵਿੱਤਰ ਧਰਤੀ ਸ੍ਰੀ ਅਨੰਦਪੁਰ ਸਾਹਿਬ ਲਈ ਸ਼ਰਧਾਲੂਆਂ ਦੀ ਬੱਸ ਨੂੰ ਰਵਾਨਾ ਕੀਤਾ ਗਿਆ। ਇਸ ਮੌਕੇ ਯਾਤਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੀ ਸੁਖਮਈ ਤੇ ਚੜ੍ਹਦੀਕਲਾ ਵਾਲੀ ਯਾਤਰਾ ਦੀ ਕਾਮਨਾ ਕੀਤੀ ਗਈ। ਇਸ ਮੌਕੇ ਵਿਰਾਸਤ ਸੇਵਾ ਸੰਗਠਨ ਦੇ ਜ਼ਿਲ੍ਹਾ ਪ੍ਰਧਾਨ ਤੇ ਮਾਰਕਿਟ ਕਮੇਟੀ ਕਲਾਨੌਰ ਦੇ ਚੇਅਰਮੈਨ ਰਣਜੇਤ ਸਿੰਘ ਬਾਠ ਝੰਗੀ ਵੀ ਮੌਜੂਦ ਸਨ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਸ਼ਰਧਾਲੂਆਂ ਦੀ ਬੱਸ ਰਵਾਨਾ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਲੋਕਾਂ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਏ ਜਾ ਰਹੇ ਹਨ ਤੇ ਲੋਕ ਪੂਰੀ ਸ਼ਰਧਾ ਭਾਵਨਾ ਨਾਲ ਯਾਤਰਾ ਕਰ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਬੱਸ ਰਾਹੀਂ ਤਿੰਨ ਦਿਨਾਂ ਵਿੱਚ ਸ਼ਰਧਾਲੂਆਂ ਨੂੰ ਸ੍ਰੀ ਅਨੰਦਪੁਰ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਵਿਰਾਸਤ-ਏ-ਖਾਲਸਾ, ਸ੍ਰੀ ਕੀਰਤਪੁਰ ਸਾਹਿਬ ਤੇ ਮਾਤਾ ਨੈਣਾ ਦੇਵੀ ਦੇ ਦਰਸ਼ਨ ਕਰਵਾਏ ਜਾਣਗੇ। ਇਸ ਮੌਕੇ ਯਾਤਰਾ 'ਤੇ ਜਾ ਰਹੇ ਸ਼ਰਧਾਲੂਆਂ ਨੇ ਮੁੱਖ ਮੰਤਰੀ ਪੰਜਾਬ ਤੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਦਾ ਧੰਨਵਾਦ ਕਰਦਿਆਂ ਕਿ ਮੁੱਖ ਮੰਤਰੀ ਤੀਰਥ ਯੋਜਨਾ ਨਾਲ ਲੋਕਾਂ ਵਿੱਚ ਖੁਸ਼ੀ ਵਰਗਾ ਮਾਹੌਲ ਹੈ ਤੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬਹੁਤ ਉਤਸ਼ਾਹਿਤ ਹਨ।



# ਮਿੱਟੀ ਪਰਖ ਮੁਹਿੰਮ ਤਹਿਤ ਰਘਵਾਲ ਵਿਖੇ ਜਾਗਰੂਕਤਾ ਕੈਂਪ ਲਗਾਇਆ

ਹੁਸ਼ਿਆਰਪੁਰ, 1 ਜੂਨ (ਪਰਮਿੰਦਰ ਘੁੰਮਣ): ਪੀ.ਏ.ਯੂ. ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ ਵੱਲੋਂ ਖਾਦਾਂ ਦੀ ਸੰਤੁਲਿਤ ਵਰਤੋਂ ਸਬੰਧੀ ਚਲਾਈ ਜਾ ਰਹੀ ਮੁਹਿੰਮ ਤਹਿਤ ਬਲਾਕ ਭੂੰਗਾ ਦੇ ਪਿੰਡ ਰਘਵਾਲ ਵਿਖੇ ਜਾਗਰੂਕਤਾ ਕੈਂਪ ਕਰਵਾਇਆ ਗਿਆ। ਇਹ ਪ੍ਰੋਗਰਾਮ ਖ਼ਾਲਸਾ ਏਡ ਇੰਟਰਨੈਸ਼ਨਲ ਦੇ ਸਹਿਯੋਗ ਨਾਲ ਮਿੱਟੀ ਪਰਖ ਮੁਹਿੰਮ ਤਹਿਤ ਕਰਵਾਇਆ ਗਿਆ। ਕੈਂਪ ਦੌਰਾਨ ਕ੍ਰਿਸ਼ੀ ਵਿਗਿਆਨ ਕੇਂਦਰ, ਹੁਸ਼ਿਆਰਪੁਰ ਦੇ ਸਹਿਯੋਗੀ ਨਿਰਦੇਸ਼ਕ (ਸਿਖਲਾਈ) ਡਾ. ਮਨਿੰਦਰ ਸਿੰਘ ਬੌਂਸ ਨੇ ਸਾਉਣੀ ਦੀਆਂ ਫ਼ਸਲਾਂ ਵਿੱਚ ਮਿੱਟੀ ਪਰਖ ਦੀ ਮਹੱਤਤਾ ਤੇ ਖਾਦਾਂ ਦੀ ਸਿਫ਼ਾਰਸ਼ ਅਨੁਸਾਰ ਵਰਤੋਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਸਾਨਾਂ ਨੂੰ ਲੋੜ ਤੋਂ ਵੱਧ ਨਾਈਟ੍ਰੋਜਨ ਤੇ ਫਾਸਫੋਰਸ ਖਾਦਾਂ ਦੀ ਵਰਤੋਂ ਤੋਂ ਗੁਰੇਜ਼ ਕਰਨ ਤੇ ਜ਼ਮੀਨ ਦੀ ਹਾਲਾਤ ਅਨੁਸਾਰ ਤੇ ਪੀ.ਏ.ਯੂ. ਵੱਲੋਂ ਸਿਫਾਰਿਸ਼ ਤਹਿਤ ਹੀ ਖਾਦਾਂ ਦੀ ਵਰਤੋਂ 'ਤੇ ਜ਼ੋਰ ਦਿੱਤਾ। ਉਨ੍ਹਾਂ ਮਿੱਟੀ ਪਰਖ ਲਈ ਨਮੂਨਾ ਲੈਣ ਦੀ ਸਹੀ ਵਿਧੀ ਬਾਰੇ ਜਾਣੂੰ ਕਰਵਾਇਆ ਤੇ ਕੇ.ਵੀ.ਕੇ. ਵਿਖੇ ਉਪਲਬੱਧ ਮਿੱਟੀ ਤੇ ਪਾਣੀ ਦੀ ਜਾਂਚ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਨੇ ਕਿਸਾਨਾਂ ਨੂੰ ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਕਿਸਾਨ ਭਲਾਈ ਪ੍ਰਦਾਨ ਕੀਤੀਆਂ ਜਾ ਰਹੀਆਂ ਸੇਵਾਵਾਂ ਦਾ ਵੱਧ ਤੋਂ ਵੱਧ ਲਾਹਾ ਲੈਣ ਲਈ ਵੀ ਪ੍ਰੇਰਿਆ।ਕ੍ਰਿਸ਼ੀ ਵਿਗਿਆਨ ਕੇਂਦਰ ਤੋਂ ਸਹਾਇਕ ਪ੍ਰੋਫੈਸਰ (ਸਬਜ਼ੀ ਵਿਗਿਆਨ) ਡਾ. ਕਰਮਵੀਰ ਸਿੰਘ ਗਰਚਾ ਨੇ ਮਿੱਟੀ ਦੀ ਸਿਹਤ ਨੂੰ ਬਣਾਈ ਰੱਖਣ ਤੇ ਫ਼ਸਲਾਂ ਦੇ ਝਾੜ ਨੂੰ ਵਧਾਉਣ ਲਈ ਹਰੀ ਖਾਦ ਤੇ ਰੂੜੀ ਖਾਦ ਨੂੰ ਦੀ ਵਰਤੋਂ ਬਾਰੇ ਦੱਸਿਆ। ਉਨ੍ਹਾਂ ਨੇ ਸਾਉਣੀ ਦੀਆਂ ਫ਼ਸਲਾਂ ਲਈ ਪੰਜਾਬ ਐਗਰੀਕਲਚਰਲ ਯੂਨੀਵਰਸਿਟੀ ਵੱਲੋਂ ਸਿਫ਼ਾਰਸ਼ ਕੀਤੀਆਂ ਜੈਵਿਕ ਖਾਦਾਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ। ਸਮਾਗਮ ਦੌਰਾਨ ਖ਼ਾਲਸਾ ਏਡ ਇੰਟਰਨੈਸ਼ਨਲ ਤੋਂ ਗਗਨਦੀਪ ਸਿੰਘ ਨੇ ਕੇ.ਵੀ.ਕੇ. ਦੀ ਟੀਮ ਦਾ ਧੰਨਵਾਦ ਕੀਤਾ ਤੇ ਕਿਸਾਨਾਂ ਨੂੰ ਰਸਾਇਣਕ ਖਾਦਾਂ ਦੀ ਬੇਲੋੜੀ ਤੇ ਮਹਿੰਗੀ ਵਰਤੋਂ ਤੋਂ ਬਚਣ ਲਈ ਆਪਣੇ ਖੇਤਾਂ ਦੀ ਮਿੱਟੀ ਦੀ ਪਰਖ ਕਰਵਾਉਣ ਲਈ ਪ੍ਰੇਰਿਤ ਕੀਤ ਗਿਆ।

# ਮੰਦਰ ਮਾਤਾ ਰਾਣੀ ਧਰਮਸ਼ਾਲਾ ਸੰਮਤੀ ਵੱਲੋਂ 32ਵਾਂ ਸਾਲਾਨਾ ਜਗਰਾਤਾ

ਫ਼ਤਹਿਗੜ੍ਹ ਚੂੜੀਆਂ, 1 ਜੂਨ (ਰਾਜਨ ਸ਼ਰਮਾ): ਇਥੇ ਵਾਰਡ ਨੰਬਰ 6 ਸਾਨਣ ਮੁਹੱਲਾ ਦਰਬਾਰ ਮਾਤਾ ਚਿੰਤਪੁਰਨੀ ਮੰਦਰ ਮਾਤਾ ਰਾਣੀ (ਛੱਪੜ ਕੰਢੇ) ਵਿਖੇ ਮੰਦਰ ਮਾਤਾ ਰਾਣੀ ਧਰਮਸ਼ਾਲਾ ਸੰਮਤੀ ਫਤਹਿਗੜ੍ਹ ਚੂੜੀਆਂ ਵੱਲੋਂ 32ਵਾਂ ਸਾਲਾਨਾ ਜਗਰਾਤਾ ਧੂਮ-ਧਾਮ ਤੇ ਉਤਸ਼ਾਹ ਨਾਲ ਕਰਵਾਇਆ ਗਿਆ, ਜਿਸ ਵਿੱਚ ਇਲਾਕੇ ਭਰ ਦੀਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਲਗਵਾਈ। ਇਸ ਮੌਕੇ ਨਗਰ ਸੁਧਾਰ ਟਰੱਸਟ ਗੁਰਦਾਸਪੁਰ ਦੇ ਚੇਅਰਮੈਨ ਰਾਜੀਵ ਸ਼ਰਮਾ, ਆਪ ਆਗੂ ਨਵੀਸ਼ ਨੰਦਾ, ਖੁਸ਼ਜੀਵਨ ਸਿੰਘ ਘਣੱਈਆ, ਐਡ. ਨਵਤੇਜ ਸਿੰਘ ਰੰਧਾਵਾ ਸਮੇਤ ਵੱਖ-ਵੱਖ ਧਾਰਮਿਕ, ਸਮਾਜਿਕ ਤੇ ਰਾਜਨੀਤਿਕ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ। ਜਗਰਾਤੇ ਵਿੱਚ ਮਾਸਟਰ ਨੂਰ ਮਹਿਰਾ ਅੰਮ੍ਰਿਤਸਰ ਤੇ ਗੁੱਡੂ ਵਾਧਵਾ ਲੁਧਿਆਣਾ ਨੇ ਮਾਤਾ ਰਾਣੀ ਦੀਆਂ ਭੇਟਾਂ ਦਾ ਗੁਣਗਾਨ ਕਰਕੇ ਸੰਗਤਾਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ। ਦੋਵਾਂ ਗਾਇਕਾਂ ਨੇ ਆਪਣੇ ਸ਼ਾਨਦਾਰ ਸੁਰਾਂ ਰਾਹੀਂ ਮਾਤਾ ਰਾਣੀ ਦੀ ਮਹਿਮਾ ਦਾ ਗੁਣਗਾਨ ਕਰਦਿਆਂ ਆਈਆਂ ਸੰਗਤਾਂ ਨੂੰ ਭਗਤੀ ਦੇ ਰੰਗ ਵਿੱਚ ਰੰਗਿਆ ਤੇ ਸਨਾਤਨ ਨੂੰ ਮਜ਼ਬੂਤ ਕਰਨ ਦਾ ਹੋਕਾ ਦਿੱਤਾ। ਤਾਰਾ ਰਾਣੀ ਦੀ ਅਮਰ ਕਥਾ ਮਹੰਤ ਗੰਗੂ ਅਨਜਾਨ ਐਂਡ ਪਾਰਟੀ ਵੱਲੋਂ ਕੀਤੀ ਗਈ।ਇਸ ਮੌਕੇ ਪ੍ਰਬੰਧਕਾਂ ਵੱਲੋਂ ਆਈਆਂ ਸ਼ਖ਼ਸੀਅਤਾਂ ਤੇ ਵੱਖ-ਵੱਖ ਧਾਰਮਿਕ ਸੰਸਥਾਵਾਂ ਦਾ ਸਨਮਾਨ ਕੀਤਾ ਗਿਆ। ਚੇਅਰਮੈਨ ਰਾਜੀਵ ਸ਼ਰਮਾ ਤੇ ਨਵੀਸ਼ ਨੰਦਾ ਨੇ ਮੰਦਰ ਦਾ ਨਿਰਮਾਣ ਕਰਵਾਉਣ ਲਈ ਸਹਿਯੋਗ ਦੇਣ ਦਾ ਐਲਾਨ ਕੀਤਾ। ਪੁਲਿਸ, ਫਾਇਰ ਬ੍ਰਿਗੇਡ ਤੇ ਐਂਬੂਲੈਂਸ ਟੀਮਾਂ ਸਮੇਤ ਐਨ.ਆਰ.ਆਈ. ਸੁਨੀਲ ਦੁੱਗਲ, ਰਵੀਪਾਲ ਸਿੰਘ, ਅਰਸ਼ਦੀਪ ਸਿੰਘ, ਵਿਨੇ ਸਹਿਦੇਵ, ਬੰਟੀ ਦਾ ਵਿਸ਼ੇਸ਼ ਸਹਿਯੋਗ ਰਿਹਾ। ਇਸ ਮੌਕੇ ਸੰਦੀਪ ਕੁਮਾਰ ਪ੍ਰਧਾਨ, ਵਿਸ਼ੂ, ਅਸ਼ੋਕ, ਹਨੀ, ਰਮੇਸ਼ ਸੋਨੀ, ਮਨੀ, ਗੋਰਾ, ਗਗਨ, ਵਿਨੇ, ਸੰਨੀ, ਅਮਨ, ਸੂਰਜ, ਗੋਰੂ, ਰੂਬਲ, ਸੰਨੀ ਭਗਤ, ਨਵਨੀਤ ਡੋਗਰਾ, ਵਿਸ਼ਾਲ ਸਹਿਦੇਵ, ਪੰਮਾ, ਰਾਜ ਕੁਮਾਰ ਰਾਜਾ, ਮੋਨੂੰ, ਲੱਭਾ, ਕਿਟਮਨ, ਰਿਤਿਕ, ਪ੍ਰਥਮ, ਅਕਸ਼ਿਤ, ਮਾਧਵ, ਹਰਬੰਸ ਲਾਲ, ਬਿੱਲੂ, ਦਾਨਿਸ਼, ਰਾਘਵ ਕਾਕਾ, ਸ਼ੁੱਭ ਪ੍ਰਕਾਸ਼, ਅਰੁਣ ਕੁਮਾਰ ਹਾਜ਼ਰ ਸਨ।



# ਕਦੋਂ ਬਣੇਗੀ ਅਠਵਾਲ ਅੱਡੇ ਤੋਂ ਪਿੰਡ ਵੀਲਾ ਬੱਜੂ ਤੇ ਤਲਵੰਡੀ ਭਿੰਡਰ ਨੂੰ ਜਾਂਦੀ ਸੜਕ: ਅਮਰੀਕ ਮੀਕੇ



ਸ੍ਰੀ ਹਰਿਗੋਬਿੰਦਪੁਰ ਸਾਹਿਬ/ਘੁਮਾਣ, 1 ਜੂਨ (ਡਾ. ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ): ਮੇਨ ਰੋਡ ਅੰਮ੍ਰਿਤਸਰ, ਸ੍ਰੀ ਹਰਿਗੋਬਿੰਦਪੁਰ ਸਾਹਿਬ 'ਤੇ ਸਥਿਤ ਅਠਵਾਲ ਅੱਡੇ ਦੇ ਨਜ਼ਦੀਕ ਪਿੰਡ ਵੀਲਾ ਬੱਜੂ ਨੂੰ ਜਾਂਦੀ ਸੜਕ ਦੀ ਬਹੁਤ ਖ਼ਸਤਾ ਹਾਲਤ ਬਣੀ ਹੋਈ ਹੈ, ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਕਰਦਿਆਂ ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੇ ਜ਼ਿਲ੍ਹਾ ਜਨਰਲ ਸਕੱਤਰ ਅਮਰੀਕ ਸਿੰਘ ਮੀਕੇ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਪਹਿਲਾਂ ਤਾਂ ਇਸ ਸੜਕ ਵਿੱਚ ਬਹੁਤ ਵੱਡੇ ਖੱਡੇ ਪਏ ਹੋਏ ਸਨ। ਪਰ ਪਿੰਡਾਂ ਦੇ ਲੋਕਾਂ ਵੱਲੋਂ ਹਲਕਾ ਵਿਧਾਇਕ ਐਡ. ਅਮਰਪਾਲ ਸਿੰਘ ਕਿਸ਼ਨਕੋਟ ਨੂੰ ਇਸ ਸੜਕ ਨਵੀਨੀਕਰਨ ਕਰਨ ਬਾਰੇ ਮੰਗ ਕੀਤੀ ਤਾਂ ਹਲਕਾ ਇਸ ਸੜਕ 'ਤੇ ਪੱਥਰ ਪੈਣਾ ਸ਼ੁਰੂ ਹੋ ਗਿਆ। ਲੋਕਾਂ ਨੇ ਬੜੀ ਆਸ ਕੀਤੀ ਕਿ ਇਹ ਸੜਕ ਜਲਦੀ ਬਣ ਜਾਵੇਗੀ। ਪਰ ਕਾਫੀ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਲੋਕ ਨਿਰਮਾਣ ਵਿਭਾਗ ਵੱਲੋਂ ਇਸ ਸੜਕ ਉਪਰ ਲੁੱਕ ਨਹੀਂ ਪਾਈ ਗਈ। ਉਨ੍ਹਾਂ ਆਖਿਆ ਥੋੜੇ ਸਮੇਂ ਬਾਅਦ ਬਰਸਾਤ ਦਾ ਮੌਸਮ ਸ਼ੁਰੂ ਹੋਣ ਵਾਲਾ ਜਿਸ ਨਾਲ ਇਸ ਸੜਕ ਤੋਂ ਲੰਘਣ ਵਾਲੇ ਰਾਹੀਂ ਗਿਰਾਂ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪਵੇਗਾ। ਉਨ੍ਹਾਂ ਆਖਿਆ ਕਿ ਇਹ ਸੜਕ ਬਣਨ ਦਾ ਠੇਕਾ ਛੇ ਮਹੀਨਿਆਂ ਦਾ ਸੀ, ਜਿਸ ਨੂੰ ਛੇ ਮਹੀਨਿਆਂ ਵਿੱਚ ਬਣਾਉਣਾ ਸੀ ਪਰ ਡੇਢ ਸਾਲ ਬੀਤ ਜਾਣ ਦੇ ਬਾਵਜੂਦ ਵੀ ਇਹ ਸੜਕ ਨਹੀਂ ਬਣੀ। ਉਨ੍ਹਾਂ ਆਖਿਆ ਕਿ ਜੇਕਰ ਲੋਕ ਨਿਰਮਾਣ ਵਿਭਾਗ ਵੱਲੋਂ ਇਸ ਸੜਕ 'ਤੇ ਜਲਦੀ ਲੁੱਕ ਨਾ ਪਾਈ ਤਾਂ ਭਾਰਤੀ ਕਿਸਾਨ ਯੂਨੀਅਨ ਪਿੰਡਾਂ ਦੇ ਮੋਹਤਬਰਾਂ ਨਾਲ ਸਲਾਹ ਮਸ਼ਵਰਾ ਕਰਕੇ ਲੋਕ ਨਿਰਮਾਣ ਵਿਭਾਗ ਵਿਰੁੱਧ ਧਰਨਾ ਲਗਾਇਆ ਜਾਵੇਗਾ। ਇਸ ਸਬੰਧੀ ਪੱਤਰਕਾਰ ਵੱਲੋਂ ਲੋਕ ਨਿਰਮਾਣ ਵਿਭਾਗ ਦੇ ਐਸਡੀਓ ਕਵਲਜੀਤ ਸਿੰਘ ਨਾਲ ਫੋਨ 'ਤੇ ਗੱਲਬਾਤ ਕੀਤੀ ਤਾਂ ਉਨ੍ਹਾਂ ਨੇ ਕਿਹਾ ਕਿ ਇਹ ਸੜਕ ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ ਤਹਿਤ ਹੈ ਤੇ ਲੁੱਕ ਦਾ ਰੇਟ ਵੱਧ ਜਾਣ ਕਰਕੇ ਸਾਨੂੰ ਸੜਕ 'ਤੇ ਪਾਉਣ ਲਈ ਲੁੱਕ ਨਹੀਂ ਮਿਲ ਰਿਹਾ, ਜਦੋਂ ਸੜਕ 'ਤੇ ਪਾਉਣ ਲਈ ਲੁੱਕ ਮਿਲ ਗਿਆ ਤਾਂ ਇਸ ਸੜਕ 'ਤੇ ਲੁੱਕ ਪਾ ਦਿੱਤਾ ਜਾਵੇਗਾ। ਇਸ ਮੌਕੇ ਜ਼ਿਲ੍ਹਾ ਪ੍ਰਚਾਰ ਸਕੱਤਰ ਸਰਵਣ ਸਿੰਘ ਤਲਵੰਡੀ, ਮੀਤ ਪ੍ਰਧਾਨ ਸੰਤੋਖ ਸਿੰਘ ਬਾਜਵਾ, ਬਲਦੇਵ ਸਿੰਘ, ਬੂਟਾ ਸਿੰਘ, ਸੂਬੇਦਾਰ ਜੋਗਾ ਸਿੰਘ, ਵਾਈਸ ਪ੍ਰਧਾਨ ਸੁਲੱਖਣ ਸਿੰਘ, ਦਲਬੀਰ ਸਿੰਘ ਤੇ ਬਲਵਿੰਦਰ ਸਿੰਘ ਪੰਨੂੰ ਹਾਜ਼ਰ ਸਨ।

# ਅਰੋੜਾ ਭਾਈਚਾਰੇ ਨੇ ਸ੍ਰੀ ਅਰੂਤ ਜੀ ਮਹਾਰਾਜ ਦਾ ਜਨਮਦਿਨ ਮਨਾਇਆ



ਮੋਗਾ, 1 ਜੂਨ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਮੋਗਾ ਦੇ ਰਜਿਸਟਰਡ ਅਰੋੜਾ ਭਾਈਚਾਰੇ ਦੀ ਸਮੁੱਚੀ ਮੈਂਬਰਸ਼ਿਪ ਨੇ ਬੇਦੀ ਨਗਰ ਸਥਿਤ ਸ਼ਿਵ ਕ੍ਰਿਪਾ ਬਿਰਧ ਆਸ਼ਰਮ ਵਿਖੇ ਅਰੂਤ ਜੀ ਮਹਾਰਾਜ ਦਾ ਜਨਮਦਿਨ ਮਨਾਇਆ। ਇਸ ਦੀ ਸ਼ੁਰੂਆਤ ਮੈਂਬਰਾਂ ਨੇ ਅਰੂਤ ਜੀ ਮਹਾਰਾਜ ਦੀ ਤਸਵੀਰ ਨੂੰ ਮਾਲਾ ਚੜ੍ਹਾ ਕੇ ਤੇ ਫੁੱਲਾਂ ਦੀ ਵਰਖਾ ਕਰਕੇ ਕੀਤੀ। ਇਸ ਤੋਂ ਬਾਅਦ ਉਨ੍ਹਾਂ ਨੇ ਆਸ਼ਰਮ ਦੇ ਸਾਰੇ ਨਿਵਾਸੀਆਂ ਨੂੰ ਸ਼ਰਧਾ ਨਾਲ ਭੋਜਨ ਪਰੋਸ ਕੇ ਤੇ ਜ਼ਰੂਰੀ ਸਮਾਨ ਪ੍ਰਦਾਨ ਕਰਕੇ ਆਸ਼ੀਰਵਾਦ ਲਿਆ। ਇਸ ਮੌਕੇ ਅਰੋੜਾ ਭਾਈਚਾਰੇ ਦੇ ਅਸ਼ੋਕ ਧਮੀਜਾ, ਕੌਂਸਲਰ ਅਰਵਿੰਦਰ ਸਿੰਘ ਕਾਨਪੁਰੀਆ, ਸਾਬਕਾ ਕੌਂਸਲਰ ਸਾਹਿਲ ਅਰੋੜਾ (ਕੌਂਸਲਰ ਡਿੰਪਲ ਅਰੋੜਾ ਦੇ ਪਤੀ), ਰੋਮੀ ਗਰੋਵਰ, ਹਰਪਾਲ ਬੱਤਰਾ, ਰਾਜੇਸ਼ ਗਾਂਧੀ, ਰਜਿੰਦਰ ਛਾਬੜਾ, ਬਿੰਦੂ ਸਚਦੇਵਾ, ਕੀਮਤੀ ਲਾਲ, ਵਿਨੋਦ ਟੈਨੀ, ਸਵਰਨਜੀਤ ਅਰੋੜਾ, ਬਿੱਟੂ ਅਰੋੜਾ, ਕਰਨ ਛਾਬੜਾ, ਲਲਿਤ ਵਿਜ ਤੇ ਗੁਰਵਿੰਦਰ ਸਿੰਘ ਮੌਜੂਦ ਸਨ।

# ਚੇਤਨਪੁਰਾ ਵਿਖੇ ਡੇਂਗੂ, ਮਲੇਰੀਆ ਜਾਗਰੂਕਤਾ ਕੈਂਪ ਲਗਾਇਆ



ਅਜਨਾਲਾ, 1 ਜੂਨ (ਸੁਖਦੇਵ ਸਿੰਘ ਖ਼ਾਲਸਾ): ਸਿਵਲ ਸਰਜਨ ਡਾ. ਸਤਿੰਦਰਜੀਤ ਸਿੰਘ ਬਜਾਜ ਤੇ ਮਲੇਰੀਆ ਅਫਸਰ ਡਾ. ਹਰਜੋਤ ਕੌਰ, ਸਿਨੀਅਰ ਮੈਡੀਕਲ ਅਫਸਰ ਡਾ. ਨੋਬਲ ਭਾਟੀਆ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਚੇਤਨਪੁਰਾ ਵਿਖੇ ਮਲੇਰੀਆ ਜਾਗਰੂਕਤਾ ਕੈਂਪ ਲਗਾਇਆ ਗਿਆ, ਜਿਸ ਵਿੱਚ ਲੋਕਾਂ ਨੂੰ ਮਲੇਰੀਆ ਸਬੰਧੀ ਐਸਆਈ ਹਰਪਾਲ ਸਿੰਘ ਤੇ ਐਸਆਈ ਬਲਵਿੰਦਰ ਸਿੰਘ ਨੇ ਜਾਣਕਾਰੀ ਦਿੱਤੀ ਤੇ ਦੱਸਿਆ ਕਿ ਬੁਖਾਰ ਐਨਾਫਲੀਨ ਮੱਛਰ ਦੇ ਕੱਟਣ ਨਾਲ ਫੈਲਦਾ ਹੈ, ਇਹ ਮੱਛਰ ਖੜ੍ਹੇ ਪਾਣੀ ਵਿੱਚ ਪੈਦਾ ਹੁੰਦਾ ਹੈ, ਮੱਛਰ ਨੂੰ ਪੈਦਾ ਹੋਣ ਵਾਲੇ ਸਰੋਤ ਜਿਵੇਂ ਕੂਲਰ ਤੇ ਗਮਲਿਆਂ ਵਿੱਚ ਪਾਣੀ ਨਾ ਖੜ੍ਹਾ ਹੋਣ ਦਿੱਤਾ ਜਾਵੇ, ਜੇਕਰ ਫਿਰ ਵੀ ਬੁਖਾਰ ਦੇ ਲੱਛਣ ਨਜ਼ਰ ਆਉਣ ਤਾਂ ਨੇੜੇ ਦੇ ਸਰਕਾਰੀ ਹਸਪਤਾਲ ਜਾਂ ਡਿਸਪੈਂਸਰੀ ਵਿੱਚੋਂ ਉਸ ਦੀ ਜਾਂਚ ਕਰਵਾਈ ਜਾਵੇ, ਜੋ ਕਿ ਬਿਲਕੁਲ ਮੁਫਤ ਕੀਤੀ ਜਾਂਦੀ ਹੈ।ਇਸ ਮੌਕੇ 'ਤੇ ਪਿੰਡ ਦੇ ਲੋਕਾਂ ਤੋਂ ਇਲਾਵਾ ਰਛਪਾਲ ਸਿੰਘ ਮਪਹਵ, ਹਰਦੀਪ ਕੌਰ ਏਐਨਐਮ, ਪ੍ਰਦੀਪ ਸਿੰਘ ਤੇ ਆਸ਼ਾ ਵਰਕਰਾਂ ਹਾਜ਼ਰ ਹੋਈਆਂ।

# ਐਸ.ਐਫ.ਸੀ. ਗਰੁੱਪ ਆਫ ਇੰਸਟੀਚਿਊਸ਼ਨਜ਼ ਨੇ ਅੰਤਰਰਾਸ਼ਟਰੀ ਮਾਪੇ ਦਿਵਸ ਮਨਾਇਆ

ਮੋਗਾ, 1 ਜੂਨ (ਨਿਸ਼ੀ ਮਨਚੰਦਾ/ਗੁਰਦੇਵ ਖੁਰਾਣਾ): ਐਸ.ਐਫ.ਸੀ. ਗਰੁੱਪ ਆਫ ਇੰਸਟੀਚਿਊਸ਼ਨਜ਼, ਧਰਮਕੋਟ ਰੋਡ, ਮੋਗਾ ਵੱਲੋਂ ਅੰਤਰਰਾਸ਼ਟਰੀ ਮਾਪੇ ਦਿਵਸ ਉਤਸ਼ਾਹ, ਕ੍ਰਿਤਜਤਾ ਤੇ ਸਤਿਕਾਰ ਨਾਲ ਮਨਾਇਆ ਗਿਆ। ਇਸ ਮੌਕੇ ਮਾਪਿਆਂ ਦੇ ਆਪਣੇ ਬੱਚਿਆਂ ਦੇ ਜੀਵਨ ਤੇ ਭਵਿੱਖ ਨੂੰ ਸੰਵਾਰਨ ਵਿੱਚ ਅਮੁੱਲੇ ਯੋਗਦਾਨ ਨੂੰ ਸਨਮਾਨਿਤ ਕੀਤਾ ਗਿਆ।ਇਸ ਮੌਕੇ ਐਸ.ਐਫ.ਸੀ. ਗਰੁੱਪ ਦੇ ਸੀ.ਐਮ.ਡੀ. ਐਡ. ਅਭਿਸ਼ੇਕ ਜਿੰਦਲ ਨੇ ਕਿਹਾ ਕਿ ਵਿਸ਼ਵ ਮਾਪੇ ਦਿਵਸ ਹਰ ਸਾਲ 1 ਜੂਨ ਨੂੰ ਮਨਾਇਆ ਜਾਂਦਾ ਹੈ। ਸੰਯੁਕਤ ਰਾਸ਼ਟਰ ਮਹਾਂਸਭਾ ਵੱਲੋਂ ਸਾਲ 2012 ਵਿੱਚ ਸਥਾਪਤ ਕੀਤਾ ਗਿਆ ਇਹ ਦਿਨ ਦੁਨੀਆਂ ਭਰ ਦੇ ਮਾਪਿਆਂ ਤੇ ਦੇਖਭਾਲ ਕਰਨ ਵਾਲਿਆਂ ਨੂੰ ਉਨ੍ਹਾਂ ਦੀ ਨਿਸ਼ਕਾਮ ਵਚਨਬੱਧਤਾ, ਜੀਵਨ ਭਰ ਦੀਆਂ ਕੁਰਬਾਨੀਆਂ ਤੇ ਬੱਚਿਆਂ ਦੀ ਪਰਵਰਿਸ਼, ਸੰਭਾਲ ਤੇ ਸੁਰੱਖਿਆ ਵਿੱਚ ਨਿਭਾਈ ਜਾਂਦੀ ਅਟੱਲ ਭੂਮਿਕਾ ਲਈ ਸਨਮਾਨਿਤ ਕਰਦਾ ਹੈ।ਫਰਸਟ ਲੇਡੀ ਸ਼ੀਨਮ ਜਿੰਦਲ ਨੇ ਕਿਹਾ ਕਿ ਮਾਪੇ ਹਰ ਵਿਅਕਤੀ ਦੇ ਜੀਵਨ ਦੇ ਪਹਿਲੇ ਅਧਿਆਪਕ, ਮਾਰਗਦਰਸ਼ਕ ਤੇ ਪ੍ਰੇਰਣਾ ਸਰੋਤ ਹੁੰਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਮਾਪਿਆਂ ਵੱਲੋਂ ਦਿੱਤੇ ਗਏ ਮਜ਼ਬੂਤ ਪਰਿਵਾਰਕ ਮੁੱਲ, ਪਿਆਰ ਤੇ ਸਹਿਯੋਗ ਇੱਕ ਪ੍ਰਗਤੀਸ਼ੀਲ ਤੇ ਸੰਵੇਦਨਸ਼ੀਲ ਸਮਾਜ ਦੀ ਨੀਂਹ ਰੱਖਦੇ ਹਨ। ਇਸ ਮੌਕੇ ਹੋਰ ਹਾਜ਼ਰ ਸ਼ਖ਼ਸੀਅਤਾਂ ਵਿੱਚ ਪ੍ਰੋ. (ਡਾ.) ਏ. ਐਸ. ਬੇਦੀ (ਗਰੁੱਪ ਡਾਇਰੈਕਟਰ, ਐਸ.ਐਫ.ਸੀ. ਕਾਲਜਿਜ਼), ਡਾ. ਆਰਤੀ ਸੰਗਰੇ (ਪ੍ਰਿੰਸੀਪਲ, ਫਾਰਮੇਸੀ), ਡਾ. ਨੇਹਾ ਮਹਾਜਨ (ਪ੍ਰਿੰਸੀਪਲ, ਮੈਨੇਜਮੈਂਟ), ਮਨਦੀਪ ਕੌਰ (ਪ੍ਰਿੰਸੀਪਲ, ਨਰਸਿੰਗ) ਤੇ ਮਨਜਿੰਦਰ ਸਿੰਘ ਸੇਖੋਂ (ਪ੍ਰਿੰਸੀਪਲ, ਆਈ.ਟੀ.ਆਈ.) ਸ਼ਾਮਲ ਸਨ।

# ਆਮ ਆਦਮੀ ਕਲੀਨਿਕ ਸਫਦਰਪੁਰ ਵਿਖੇ ਨੋ ਤੰਬਾਕੂ ਦਿਵਸ ਮਨਾਇਆ



ਦਸੂਹਾ, 1 ਜੂਨ (ਰਾਜਿੰਦਰ ਸਿੰਘ ਦਸੂਹਾ): ਸਿਵਲ ਸਰਜਨ ਹੁਸ਼ਿਆਰਪੁਰ ਡਾ. ਮਨਦੀਪ ਕਮਲ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸੀਨੀਅਰ ਮੈਡੀਕਲ ਅਫਸਰ ਡਾ. ਰੋਹਿਤ ਬਰੂਟਾ ਜੀਪੀਐਚਸੀ ਮੰਡ ਭੰਡੇਰ ਦੀ ਯੋਗ ਅਗਵਾਈ ਹੇਠ ਆਮ ਆਦਮੀ ਕਲੀਨਿਕ ਸ਼ਬਦਪੁਰ ਵਿਖੇ ਵਰਲਡ ਨੋ ਤੰਬਾਕੂ ਡੇਅ ਮਨਾਇਆ ਗਿਆ। ਇਸ ਮੌਕੇ ਡਾ. ਸਾਹਿਲ ਨੇ ਲੋਕਾਂ ਨੂੰ ਦੱਸਿਆ ਕਿ ਤੰਬਾਕੂ ਦਿਵਸ ਮਨਾਉਣ ਦਾ ਉਦੇਸ਼ ਤੰਬਾਕੂ ਤੋਂ ਹੋਣ ਬਿਮਾਰੀਆਂ ਤੋਂ ਸਮਾਜ ਨੂੰ ਬਚਾਉਣਾ ਹੈ, ਇਸ ਦੇ ਨਾਲ ਫੇਫੜੇ ਦਾ ਕੈਂਸਰ ਵਰਗੀਆਂ ਘਾਤਕ ਬਿਮਾਰੀਆਂ ਹੁੰਦੀਆਂ ਹਨ। ਇਸ ਮੌਕੇ ਰਜਿੰਦਰ ਸਿੰਘ ਮਲਟੀਪਰਪਜ਼ ਹੈਲਥ ਵਰਕਰ ਨੇ ਦੱਸਿਆ ਕਿ ਤੰਬਾਕੂ ਦੇ ਵਿੱਚ ਨਿਕੋਟੀਨ ਪਦਾਰਥ ਹੁੰਦਾ ਹੈ ਜੋ ਕਿ ਇਸ ਦੀ ਲਤ ਲਗਾਉਂਦਾ ਹੈ, ਤੰਬਾਕੂ ਦੀ ਵਰਤੋਂ ਸਰੀਰ ਨੂੰ ਹੀ ਨਹੀਂ ਬਲਕਿ ਆਰਥਿਕ ਤੇ ਮਾਨਸਿਕ ਜੀਵਨ ਨੂੰ ਵੀ ਤਬਾਹ ਕਰਦੀ ਹੈ। ਆਓ ਅਸੀਂ ਸਾਰੇ ਮਿਲ ਕੇ ਪ੍ਰਣ ਕਰੀਏ ਅਸੀਂ ਤੰਬਾਕੂ ਤੋਂ ਦੂਰ ਰਹਾਂਗੇ ਤੇ ਦੂਜਿਆਂ ਨੂੰ ਵੀ ਤੋਂ ਦੂਰ ਰਹਿਣ ਲਈ ਪ੍ਰੇਰਿਤ ਕਰਾਂਗੇ।

# ਅਮਰੀਕਾ ਤੇ ਈਰਾਨ ਬਹੁਤ ਵਧੀਆ ਸਮਝੌਤੇ ਦੇ ਨੇੜੇ: ਟਰੰਪ

## ☛ਸ਼ਰਤਾਂ ਨਾ ਮੰਨਣ 'ਤੇ ਮਸਲਾ ਹੋਰ ਢੰਗ ਨਾਲ ਨਜਿੱਠਣ ਦੀ ਚਿਤਾਵਨੀ

ਵਾਸ਼ਿੰਗਟਨ, 1 ਜੂਨ (ਚ.ਨ.ਸ): ਅਮਰੀਕਾ ਦੇ ਰਾਸ਼ਟਰਪਤੀ ਡੌਨਾਲਡ ਟਰੰਪ ਨੇ ਕਿਹਾ ਹੈ ਕਿ ਅਮਰੀਕਾ ਤੇ ਈਰਾਨ 'ਬਹੁਤ ਚੰਗੇ ਸਮਝੌਤੇ' ਦੇ ਨੇੜੇ ਹਨ, ਪਰ ਜੇ ਵਾਸ਼ਿੰਗਟਨ ਨੂੰ ਉਹ ਨਹੀਂ ਮਿਲਦਾ ਜੋ ਉਹ ਚਾਹੁੰਦਾ ਹੈ ਤਾਂ ਉਹ 'ਮਾਮਲੇ ਨੂੰ ਕਿਸੇ ਹੋਰ ਤਰੀਕੇ ਨਾਲ ਖ਼ਤਮ ਕਰੇਗਾ।' ਟਰੰਪ ਨੇ ਇਹ ਟਿੱਪਣੀਆਂ ਆਪਣੀ ਨੂੰਹ ਲਾਰਾ ਟਰੰਪ ਨਾਲ ਇੰਟਰਵਿਊ ਦੌਰਾਨ ਕੀਤੀਆਂ, ਜਿਸ ਦਾ ਪ੍ਰਸਾਰਨ ਲੰਘੀ ਰਾਤ ਕੀਤਾ ਗਿਆ ਸੀ। ਟਰੰਪ ਨੇ ਕਿਹਾ ਕਿ ਅਸੀਂ ਬਹੁਤ ਵਧੀਆ ਸਮਝੌਤੇ ਨੇੜੇ ਹਾਂ। ਜੇ ਤੁਸੀਂ ਜਲਦਬਾਜ਼ੀ ਕਰੋਗੇ ਤਾਂ ਤੁਹਾਨੂੰ ਬਿਹਤਰ ਸਮਝੌਤਾ ਨਹੀਂ ਮਿਲ ਸਕੇਗਾ ਤੇ ਹੌਲੀ-ਹੌਲੀ ਪਰ ਯਕੀਨੀ ਤੌਰ 'ਤੇ ਸਾਨੂੰ ਉਹ ਮਿਲ ਰਿਹਾ ਹੈ ਜੋ ਅਸੀਂ ਚਾਹੁੰਦੇ ਹਾਂ। ਜੇ ਸਾਨੂੰ ਉਹ ਨਾ ਮਿਲਿਆ ਜੋ ਅਸੀਂ ਚਾਹੁੰਦੇ ਹਾਂ ਤਾਂ ਅਸੀਂ ਇਸ ਨੂੰ ਕਿਸੇ ਹੋਰ ਤਰੀਕੇ ਨਾਲ ਖ਼ਤਮ ਕਰਾਂਗੇ।" ਟਰੰਪ ਨੇ ਕਿਹਾ ਕਿ



ਈਰਾਨੀ 'ਚੰਗੇ ਵਾਰਤਾਕਾਰ' ਹਨ ਪਰ 'ਸਾਰੇ ਪੱਤੇ' ਹੁਣ ਅਮਰੀਕਾ ਦੇ ਹੱਥ ਵਿੱਚ ਹਨ ਕਿਉਂਕਿ ਈਰਾਨ 'ਫ਼ੌਜੀ ਪੱਧਰ 'ਤੇ ਹਾਰ ਚੁੱਕਾ ਹੈ।' ਟਰੰਪ ਨੇ ਦੱਸਿਆ ਕਿ ਈਰਾਨੀਆਂ ਨੇ ਕਿਹਾ ਹੈ ਕਿ ਉਹ ਪਰਮਾਣੂ ਹਥਿਆਰ ਵਿਕਸਿਤ ਨਹੀਂ ਕਰ ਰਹੇ। ਈਰਾਨ 'ਤੇ ਅਮਰੀਕਾ ਦਾ 'ਕਾਫ਼ੀ ਦਬਦਬਾ' ਹੈ ਕਿਉਂਕਿ ਉਨ੍ਹਾਂ ਦੀ ਜਲ ਸੈਨਾ ਤੇ ਹਵਾਈ ਸੈਨਾ 'ਪੂਰੀ ਤਰ੍ਹਾਂ ਤਬਾਹ' ਹੋ ਚੁੱਕੀ ਹੈ। ਅਮਰੀਕਾ, ਈਰਾਨੀ ਫ਼ੌਜ ਨੂੰ ਪੂਰੀ ਤਰ੍ਹਾਂ ਖ਼ਤਮ ਨਹੀਂ ਕਰ ਸਕਿਆ ਕਿਉਂਕਿ ਕੁਝ ਨੇਤਾ ਵਧੇਰੇ ਉਦਾਰਵਾਦੀ ਹਨ। ਅਮਰੀਕਾ ਨੇ ਈਰਾਨ ਦੇ ਵਧੇਰੇ ਕੱਟੜਪੰਥੀ ਤੱਤਾਂ ਤੇ ਮੁੱਖ ਲੀਡਰਸ਼ਿਪ ਨੂੰ ਨਿਸ਼ਾਨਾ ਬਣਾਇਆ ਹੈ।

# ਜ਼ਿਲ੍ਹਾ ਅਦਾਲਤ ਕੰਪਲੈਕਸ 'ਚ ਬਾਂਦਰ ਨੇ ਵਰ੍ਹਾਇਆ ਨੋਟਾਂ ਦਾ ਮੀਂਹ

ਬੁਲੰਦਸ਼ਹਿਰ, 1 ਜੂਨ (ਚ.ਨ.ਸ): ਇੱਥੋਂ ਦੇ ਜ਼ਿਲ੍ਹਾ ਅਦਾਲਤ ਕੰਪਲੈਕਸ ਵਿੱਚ ਇੱਕ ਬਾਂਦਰ ਨੇ ਇੱਕ ਵਿਅਕਤੀ



ਕੋਲੋਂ ਕਰੀਬ 2 ਲੱਖ ਰੁਪਏ ਵਾਲਾ ਬੈਗ ਖੋਹ ਲਿਆ ਤੇ ਬਾਅਦ ਵਿੱਚ ਇੱਕ ਰੁੱਖ ਉਤੇ ਬੈਠ ਕੇ ਉਸ ਨੂੰ ਪਾੜ ਦਿੱਤਾ, ਜਿਸ ਕਾਰਨ ਕਰੰਸੀ ਨੋਟਾਂ ਦਾ ਮੀਂਹ ਵਰਨ ਲੱਗਾ। ਇਸ ਘਟਨਾ ਦੀ ਇੱਕ ਵੀਡੀਓ ਵੀ ਸੋਸ਼ਲ ਮੀਡੀਆ ਉਤੇ ਸਾਹਮਣੇ ਆਈ ਹੈ। ਐਡਵੋਕੇਟ ਸੋਹਨਪਾਲ ਮੁਤਾਬਿਕ ਰਵਿੰਦਰ ਸਟੈਂਪ ਪੇਪਰ ਖਰੀਦਣ ਜਾ ਰਿਹਾ ਸੀ ਤੇ ਉਸ ਦੇ ਬੈਗ 'ਚ ਕਰੀਬ 2 ਲੱਖ ਰੁਪਏ ਸਨ। ਉਸ ਦੇ ਨਾਲ ਉਸ ਦਾ ਸਾਥੀ ਆਮਿਰ ਵੀ ਸੀ। ਜਦੋਂ ਬਾਂਦਰ ਨੇ ਅਚਾਨਕ ਬੈਗ ਖੋਹ ਲਿਆ ਤੇ ਅਦਾਲਤ ਦੇ ਅੰਦਰ ਲੱਗੇ ਇੱਕ ਰੁੱਖ ਉਤੇ ਚੜ੍ਹ ਗਿਆ। ਉਨ੍ਹਾਂ ਦੱਸਿਆ ਕਿ ਬਾਂਦਰ ਨੇ ਫਿਰ ਬੈਗ ਨੂੰ ਪਾੜ ਦਿੱਤਾ ਤੇ ਕਰੰਸੀ ਨੋਟਾਂ ਨੂੰ ਬਾਹਰ ਸੁੱਟਣਾ ਸ਼ੁਰੂ ਕਰ ਦਿਤਾ। ਰੁੱਖ ਦੇ ਹੇਠਾਂ ਲੋਕ ਇਕੱਠੇ ਹੋ ਗਏ ਤੇ ਜ਼ਮੀਨ ਉਤੇ ਨੋਟ ਡਿੱਗਦੇ ਵੇਖ ਕੇ ਹੈਰਾਨ ਰਹਿ ਗਏ। ਉਨ੍ਹਾਂ ਨੇ ਖਿੱਲਰੇ ਹੋਏ ਪੈਸੇ ਇਕੱਠੇ ਕੀਤੇ ਤੇ ਰਵਿੰਦਰ ਨੂੰ ਵਾਪਸ ਕਰਨ ਵਿੱਚ ਮਦਦ ਕੀਤੀ। ਮੌਕੇ ਉਤੇ ਮੌਜੂਦ ਲੋਕਾਂ ਮੁਤਾਬਿਕ ਨਕਦੀ ਦੇ ਨੁਕਸਾਨ ਦੀ ਕੋਈ ਰਿਪੋਰਟ ਨਹੀਂ ਹੈ।

# ਇਜ਼ਰਾਈਲੀ ਫ਼ੌਜ ਵੱਲੋਂ ਲੈਬਨਾਨ ਦੇ ਇਤਿਹਾਸਕ ਕਿਲ੍ਹੇ 'ਤੇ ਕਬਜ਼ਾ

ਬੈਰੂਤ, 1 ਜੂਨ (ਚ.ਨ.ਸ): ਇਜ਼ਰਾਈਲੀ ਫ਼ੌਜ ਨੇ ਦੱਖਣੀ ਲੈਬਨਾਨ ਵਿੱਚ ਵੱਡੀ ਕਾਰਵਾਈ ਕਰਦਿਆਂ



ਰਣਨੀਤਕ ਤੌਰ 'ਤੇ ਅਹਿਮ ਪਹਾੜੀ ਤੇ ਉਸ 'ਤੇ ਬਣੇ ਇਤਿਹਾਸਕ ਬਿਊਫੋਰਟ ਕਿਲ੍ਹੇ ਉਪਰ ਕਬਜ਼ਾ ਕਰ ਲਿਆ ਹੈ। ਪਿਛਲੀ ਇੱਕ ਚੌਥਾਈ ਸਦੀ ਵਿੱਚ ਲੈਬਨਾਨ ਦੇ ਅੰਦਰ ਇਜ਼ਰਾਈਲ ਦੀ ਇਹ ਸਭ ਤੋਂ ਡੂੰਘੀ ਘੁਸਪੈਠ ਹੈ। ਨਬਾਤਿਯੇਹ ਸ਼ਹਿਰ ਨੇੜੇ ਸਥਿਤ ਇਸ ਕਿਲ੍ਹੇ 'ਤੇ ਕਬਜ਼ਾ ਹਿਜ਼ਬੁੱਲਾ ਨਾਲ ਕਈ ਦਿਨਾਂ ਦੀ ਭਿਆਨਕ ਲੜਾਈ ਤੇ ਹਵਾਈ ਹਮਲਿਆਂ ਤੋਂ ਬਾਅਦ ਹੋਇਆ ਹੈ। ਰੱਖਿਆ ਮੰਤਰੀ ਇਸਰਾਈਲ ਕਾਟਜ਼ ਨੇ 'ਐਕਸ' 'ਤੇ ਪੁਸ਼ਟੀ ਕੀਤੀ ਕਿ ਕਿਲ੍ਹੇ ਉਪਰ ਇਜ਼ਰਾਈਲੀ ਝੰਡਾ ਲਹਿਰਾ ਦਿੱਤਾ ਗਿਆ ਹੈ। ਇਹ ਕਾਰਵਾਈ ਉਸ ਸਮੇਂ ਹੋਈ ਹੈ ਜਦੋਂ ਵਾਸ਼ਿੰਗਟਨ ਵਿੱਚ ਦੋਵੇਂ ਮੁਲਕਾਂ ਵਿਚਾਲੇ ਸ਼ਾਂਤੀ ਵਾਰਤਾ ਚੱਲ ਰਹੀ ਹੈ। ਇਸ ਤੋਂ ਪਹਿਲਾਂ ਇਜ਼ਰਾਈਲ ਨੇ 1982 ਵਿੱਚ ਇਸ ਕਿਲ੍ਹੇ 'ਤੇ ਕਬਜ਼ਾ ਕੀਤਾ ਸੀ, ਜਿਸ ਨੂੰ 2000 ਵਿੱਚ ਖ਼ਾਲੀ ਕਰ ਦਿੱਤਾ ਗਿਆ ਸੀ।

# ਹਸਪਤਾਲ 'ਚੋਂ 6 ਮਹੀਨਿਆਂ ਦਾ ਬੱਚਾ ਅਗਵਾ

## ☛ਮਚੀ ਹਾਹਾਕਾਰ, ਖੰਗਾਲ ਰਹੀ ਦਿੱਲੀ ਪੁਲਿਸ

ਨਵੀਂ ਦਿੱਲੀ, 1 ਜੂਨ (ਚ.ਨ.ਸ): ਦਿੱਲੀ ਦੇ ਇੱਕ ਹਸਪਤਾਲ 'ਚ ਉਸ ਸਮੇਂ



ਸਨਸਨੀ ਫੈਲ ਗਈ, ਜਦੋਂ 6 ਮਹੀਨਿਆਂ ਦੇ ਇੱਕ ਬੱਚੇ ਨੂੰ ਅਗਵਾ ਕਰਨ ਦਾ ਮਾਮਲਾ ਸਾਹਮਣੇ ਆਇਆ। ਇੱਕ ਔਰਤ ਸੀਲਮਪੁਰ ਥਾਣਾ ਖੇਤਰ ਤੋਂ ਬੱਚੇ ਤੇ ਉਸ ਦੇ ਮਾਪਿਆਂ ਨੂੰ ਜਨਮ ਸਰਟੀਫਿਕੇਟ ਬਣਵਾਉਣ ਦਾ ਝਾਂਸਾ ਦੇ ਕੇ ਹਸਪਤਾਲ ਲੈ ਕੇ ਆਈ ਸੀ। ਪਰਿਵਾਰ ਵਾਲਿਆਂ ਨੂੰ ਫਾਰਮ ਭਰਨ 'ਚ ਉਲਝਾ ਕੇ ਉਕਤ ਔਰਤ ਬੱਚੇ ਨੂੰ ਲੈ ਕੇ ਫ਼ਰਾਰ ਹੋ ਗਈ। ਮਾਪਿਆਂ ਨੇ ਬੱਚੇ ਤੇ ਉਸ ਔਰਤ ਦੀ ਬਹੁਤ ਭਾਲ ਕੀਤੀ ਪਰ ਕਿਤੇ ਵੀ ਨਾ ਮਿਲਣ ਤੋਂ ਬਾਅਦ ਉਹ ਪੁਲਿਸ ਸਟੇਸ਼ਨ ਪਹੁੰਚ ਗਏ। ਇਸ ਦੌਰਾਨ ਬੱਚੇ ਦੇ ਪਿਤਾ ਦੀ ਸ਼ਿਕਾਇਤ 'ਤੇ ਜੀ.ਟੀ.ਬੀ. ਇਨਕਲੇਵ ਥਾਣਾ ਪੁਲਿਸ ਨੇ ਕੇਸ ਦਰਜ ਕਰ ਲਿਆ। ਸ਼ਾਹਦਰਾ ਜ਼ਿਲ੍ਹਾ ਡੀ.ਸੀ.ਪੀ.ਆਰ.ਪੀ. ਮੀਣਾ ਨੇ ਦੱਸਿਆ ਕਿ ਬੱਚੇ ਦੇ ਅਗਵਾ ਦਾ ਕੇਸ ਦਰਜ ਕੀਤਾ ਗਿਆ ਹੈ। ਥਾਣਾ ਪੁਲਿਸ, ਸਪੈਸ਼ਲ ਸਟਾਫ਼ ਸਮੇਤ ਕਈ ਟੀਮਾਂ ਬੱਚੇ ਨੂੰ ਬ੍ਰਾਮਦ ਕਰਨ ਲਈ ਤਾਇਨਾਤ ਕੀਤੀਆਂ ਗਈਆਂ ਹਨ। ਉਤਰ-ਪੂਰਬੀ ਜ਼ਿਲ੍ਹਾ ਪੁਲਿਸ ਤੋਂ ਵੀ ਸਹਿਯੋਗ ਲਿਆ ਜਾ ਰਿਹਾ ਹੈ। ਮੁਲਜ਼ਮ ਔਰਤ ਦੀ ਪਛਾਣ ਲਈ ਸੀ.ਸੀ.ਟੀ.ਵੀ. ਕੈਮਰਿਆਂ ਦੀ ਫੁਟੇਜ ਖੰਗਾਲੀ ਜਾ ਰਹੀ ਹੈ।

# ਨੇਪਾਲ ਨੇ ਭਾਰਤ ਦੀ ਜ਼ਮੀਨ 'ਤੇ ਕਬਜ਼ਾ ਕੀਤਾ ਹੈ, ਬਾਲੇਨ ਸ਼ਾਹ ਦੇ ਬਿਆਨ 'ਤੇ ਭੜਕੇ ਨੇਪਾਲ ਦੇ ਲੋਕ

ਨਵੀਂ ਦਿੱਲੀ, 1 ਜੂਨ (ਚ.ਨ.ਸ): ਨੇਪਾਲ ਦੇ ਪ੍ਰਧਾਨ ਮੰਤਰੀ ਬਾਲੇਨ ਸ਼ਾਹ ਨੇ ਇੱਕ ਅਜਿਹਾ ਦਾਅਵਾ ਕੀਤਾ ਹੈ, ਜਿਸ ਨੇ ਉਨ੍ਹਾਂ ਦੇ ਆਪਣੇ ਹੀ ਦੇਸ਼ ਵਿੱਚ ਇੱਕ ਵੱਡਾ ਸਿਆਸੀ ਤੂਫ਼ਾਨ ਖੜ੍ਹਾ ਕਰ ਦਿੱਤਾ ਹੈ। ਨੇਪਾਲ ਦੀ ਰਾਜਧਾਨੀ ਕਾਠਮੰਡੂ ਹਮੇਸ਼ਾ ਤੋਂ ਭਾਰਤ 'ਤੇ ਨੇਪਾਲੀ ਜ਼ਮੀਨ 'ਤੇ ਕਬਜ਼ਾ ਕਰਨ ਦਾ ਦੋਸ਼ ਲਗਾਉਂਦੀ ਰਹੀ ਹੈ, ਪਰ ਪੀ.ਐਮ. ਸ਼ਾਹ ਨੇ ਦਾਅਵਾ ਕੀਤਾ ਹੈ ਕਿ ਨੇਪਾਲ ਨੇ ਵੀ ਭਾਰਤੀ ਖੇਤਰ 'ਤੇ ਕਬਜ਼ਾ ਕਰ ਰੱਖਿਆ ਹੈ। ਇਸ ਸਾਲ ਦੀ ਸ਼ੁਰੂਆਤ ਵਿੱਚ ਦੱਖਣੀ ਏਸ਼ੀਆਈ ਦੇਸ਼ ਦੇ ਸਭ ਤੋਂ ਨੌਜਵਾਨ ਪ੍ਰਧਾਨ ਮੰਤਰੀ ਬਣੇ 35 ਸਾਲਾ ਬਾਲੇਨ ਸ਼ਾਹ ਨੇ ਨੇਪਾਲੀ ਸੰਸਦ ਵਿੱਚ ਆਪਣੇ ਪਹਿਲੇ ਸੰਬੋਧਨ ਦੌਰਾਨ ਇਹ ਚੌਂਕਾਉਣ ਵਾਲੀ ਗੱਲ ਕਹੀ। ਉਨ੍ਹਾਂ ਨੇ ਮੰਨਿਆ ਕਿ ਲਿਪੁਲੇਖ, ਲਿਮਪੀਆਧੁਰਾ ਤੇ ਕਾਲਾਪਾਣੀ ਖੇਤਰਾਂ ਨਾਲ ਜੁੜਿਆ ਸਰਹੱਦੀ ਵਿਵਾਦ ਦੋਵਾਂ ਦੇਸ਼ਾਂ ਦੇ ਦੁਵੱਲੇ ਸਬੰਧਾਂ ਵਿੱਚ ਇੱਕ ਸੰਵੇਦਨਸ਼ੀਲ ਮੁੱਦਾ ਬਣਿਆ ਹੋਇਆ ਹੈ। ਉਨ੍ਹਾਂ ਨੇ ਸੁਝਾਅ ਦਿੱਤਾ ਕਿ ਇਸ ਮੁੱਦੇ ਨੂੰ ਸੁਲਝਾਉਣ ਲਈ ਦੋਵਾਂ ਦੇਸ਼ਾਂ ਨੂੰ ਇਤਿਹਾਸਕਾਰਾਂ, ਸਰਵੇਖਣਕਾਰਾਂ ਤੇ ਮਾਹਿਰਾਂ ਦੀ ਮਦਦ ਲੈਣੀ ਚਾਹੀਦੀ ਹੈ।



ਇਸ ਦੇ ਨਾਲ ਹੀ ਉਨ੍ਹਾਂ ਨੇ ਇਹ ਵੀ ਜੋੜਿਆ ਕਿ ਕਾਠਮੰਡੂ ਨੇ ਇਸ ਮਾਮਲੇ ਨੂੰ ਚੀਨ ਤੇ ਯੂਨਾਈਟਿਡ ਕਿੰਗਡਮ (ਬ੍ਰਿਟੇਨ) ਦੇ ਸਾਹਮਣੇ ਵੀ ਚੁੱਕਿਆ ਹੈ। 11 ਮਈ ਤੋਂ ਸ਼ੁਰੂ ਹੋਏ ਸੰਸਦ ਸੈਸ਼ਨ ਵਿੱਚ ਪਹਿਲੀ ਵਾਰ ਬੋਲਦਿਆਂ ਪ੍ਰਧਾਨ ਮੰਤਰੀ ਬਾਲੇਨ ਸ਼ਾਹ ਨੇ ਕਿਹਾ ਕਿ ਤੁਹਾਨੂੰ ਇੱਕ ਅਜਿਹਾ ਤੱਥ ਜਾਣ ਕੇ ਹੈਰਾਨੀ ਹੋਵੇਗੀ ਜੋ ਮੈਨੂੰ ਹਾਲ ਹੀ ਵਿੱਚ, ਪ੍ਰਧਾਨ ਮੰਤਰੀ ਬਣਨ ਤੋਂ ਬਾਅਦ ਹੀ ਪਤਾ ਲੱਗਾ ਹੈ। ਭਾਰਤ ਨੇ ਨਾ ਸਿਰਫ਼ ਨੇਪਾਲੀ ਖੇਤਰ 'ਤੇ ਕਬਜ਼ਾ ਕੀਤਾ ਹੈ, ਬਲਕਿ ਨੇਪਾਲ ਨੇ ਵੀ ਕਈ ਥਾਵਾਂ 'ਤੇ ਭਾਰਤੀ ਖੇਤਰ 'ਤੇ ਕਬਜ਼ਾ ਕੀਤਾ ਹੋਇਆ ਹੈ। ਉਨ੍ਹਾਂ ਨੇ ਅੱਗੇ ਕਿਹਾ ਕਿ ਹੁਣ ਦੋਵਾਂ ਦੇਸ਼ਾਂ ਨੂੰ ਤੱਥਾਂ ਦਾ ਅਧਿਐਨ ਕਰਨਾ ਚਾਹੀਦਾ ਹੈ ਤੇ ਦੋਸਤਾਂ ਵਾਂਗ ਇੱਕਠੇ ਬੈਠ ਕੇ ਇਸ ਮੁੱਦੇ ਨੂੰ ਸੁਲਝਾਉਣਾ ਚਾਹੀਦਾ ਹੈ। ਹਾਲਾਂਕਿ, ਸ਼ਾਹ ਨੇ ਆਪਣੇ ਭਾਸ਼ਣ ਵਿੱਚ ਇਸ ਗੱਲ ਦਾ ਕੋਈ ਵੇਰਵਾ ਸਾਂਝਾ ਨਹੀਂ ਕੀਤਾ ਕਿ ਨੇਪਾਲ ਨੇ ਕਥਿਤ ਤੌਰ 'ਤੇ ਕਿਸ ਭਾਰਤੀ ਜ਼ਮੀਨ 'ਤੇ ਕਬਜ਼ਾ ਕੀਤਾ ਹੈ।

# ਪੁਲਿਸ ਵੱਲੋਂ ਨਸ਼ਾ ਤਸਕਰਾਂ ਦੀ ਇੱਕ ਕਰੋੜ 25 ਲੱਖ ਰੁਪਏ ਦੀ ਪ੍ਰੋਪਰਟੀ ਫ੍ਰੀਜ਼

ਡੇਰਾ ਬਾਬਾ ਨਾਨਕ, 1 ਜੂਨ (ਹੈਪੀ ਕੋਟਲੀ): ਬੀਤੇ ਸਾਲ 21 ਸਤੰਬਰ 2025 ਨੂੰ ਪੁਲਿਸ ਥਾਣਾ ਡੇਰਾ ਬਾਬਾ ਨਾਨਕ ਵੱਲੋਂ ਪੰਜ ਦੋਸ਼ੀਆਂ ਨੂੰ 10 ਕਿੱਲੋ 20 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਜੇਲ੍ਹ ਦੀਆਂ ਸਲਾਖਾਂ ਪਿੱਛੇ ਭੇਜਿਆ ਗਿਆ ਸੀ ਤੇ ਫੜ੍ਹੇ ਗਏ ਦੋਸ਼ੀ ਜ਼ਿਲ੍ਹਾ ਗੁਰਦਾਸਪੁਰ ਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਵੱਖ-ਵੱਖ ਪਿੰਡਾਂ ਦੇ ਰਹਿਣ ਵਾਲੇ ਸਨ ਤੇ ਪੁਲਿਸ ਵੱਲੋਂ ਫੜ੍ਹੇ ਗਏ ਦੋਸ਼ੀਆਂ ਦੀਆਂ



ਨਸ਼ੇ ਦੇ ਕਾਲੇ ਕਾਰੋਬਾਰ ਤੋਂ ਬਣਾਈਆਂ ਗਈਆਂ ਪ੍ਰੋਪਰਟੀਆਂ ਫ੍ਰੀਜ਼ ਕਰਨ ਲਈ ਉਚ ਅਧਿਕਾਰੀਆਂ ਨੂੰ ਕਾਗਜ਼ਾਤ ਭੇਜੇ ਗਏ ਸਨ ਤੇ ਅੱਜ ਉਨ੍ਹਾਂ ਦੋਸ਼ੀਆਂ ਦੀਆਂ ਸਰਕਾਰ ਵੱਲੋਂ ਪ੍ਰਾਪਰਟੀਆਂ ਫ੍ਰੀਜ਼ ਕਰਨ ਦੇ ਪ੍ਰਸ਼ਾਸਨ ਨੂੰ ਨਿਰਦੇਸ਼ ਜਾਰੀ ਕੀਤੇ ਗਏ ਹਨ।ਇਸ ਸਬੰਧੀ ਪੁਲਿਸ ਥਾਣਾ ਡੇਰਾ ਬਾਬਾ ਨਾਨਕ ਦੇ ਡੀਐਸਪੀ ਜੋਗਾ ਸਿੰਘ ਵੱਲੋਂ ਪ੍ਰੈਸ ਕਾਨਫਰੰਸ ਕਰਕੇ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਮਾਣਯੋਗ ਮੁੱਖ ਮੰਤਰੀ ਪੰਜਾਬ ਤੇ ਡੀਜੀਪੀ ਗੌਰਵ ਯਾਦਵ ਵੱਲੋਂ ਛੇੜੇ ਗਏ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਬੀਤੀ 21 ਸਤੰਬਰ 2025 ਨੂੰ ਪੰਜ ਨਸ਼ਾ ਤਸਕਰਾਂ ਨੂੰ 10 ਕਿੱਲੋ 20 ਗ੍ਰਾਮ ਹੈਰੋਇਨ ਸਮੇਤ ਗ੍ਰਿਫਤਾਰ ਕਰਕੇ ਪੁਲਿਸ ਥਾਣਾ ਡੇਰਾ ਬਾਬਾ ਨਾਨਕ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਸੀ ਤੇ ਅੱਜ ਉਨ੍ਹਾਂ ਪੰਜਾਂ ਨਸ਼ਾ ਤਸਕਰਾਂ ਦੀ ਇੱਕ ਕਰੋੜ 25 ਲੱਖ ਰੁਪਏ ਦੀ ਪ੍ਰੋਪਰਟੀ ਫ੍ਰੀਜ਼ ਕੀਤੀ ਗਈ ਹੈ, ਜੋ ਕਿ ਜ਼ਿਲ੍ਹਾ ਗੁਰਦਾਸਪੁਰ ਤੇ ਜ਼ਿਲ੍ਹਾ ਅੰਮ੍ਰਿਤਸਰ ਦੇ ਵੱਖ ਵੱਖ ਥਾਣਿਆਂ ਅਧੀਨ ਆਉਂਦੇ ਪਿੰਡਾਂ ਦੇ ਰਹਿਣ ਵਾਲੇ ਹਨ। ਇਸ ਮੌਕੇ ਉਨ੍ਹਾਂ ਹੋਰਨਾਂ ਨਸ਼ਾ ਤਸਕਰਾਂ ਤੇ ਭੈੜੇ ਅਨਸਰਾਂ ਨੂੰ ਚੇਤਾਵਨੀ ਦਿੱਤੀ ਹੈ ਕਿ ਉਹ ਆਪੋ-ਆਪਣੇ ਕਾਲੇ ਕਾਰੋਬਾਰ ਛੱਡ ਦੇਣ ਨਹੀਂ ਤਾਂ ਉਨ੍ਹਾਂ ਉਪਰ ਸਖਤ ਤੋਂ ਸਖਤ ਕਾਰਵਾਈ ਕੀਤੀ ਜਾਵੇਗੀ।

# ਸਕੂਲ ਤੋਂ ਤੰਗ-ਪ੍ਰੇਸ਼ਾਨ ਹੋ ਕੇ ਵਿਦਿਆਰਥਣ ਨੇ ਨਿਗਲਿਆ ਜ਼ਹਿਰ, ਇਲਾਜ ਦੌਰਾਨ ਮੌਤ

ਅੰਮ੍ਰਿਤਸਰ, 1 ਜੂਨ (ਚ.ਨ.ਸ): ਫਤਹਿਗੜ੍ਹ ਚੂੜੀਆਂ ਰੋਡ 'ਤੇ ਸਥਿਤ ਡੀ.ਡੀ.ਆਈ.ਐਸ. ਸਕੂਲ ਵਿੱਚ ਗਿਆਰਵੀਂ ਜਮਾਤ ਦੀ ਇੱਕ ਵਿਦਿਆਰਥਣ ਨੇ ਤੰਗ-ਪ੍ਰੇਸ਼ਾਨ ਕੀਤੇ ਜਾਣ ਤੋਂ ਦੁਖੀ ਹੋ ਕੇ ਕੁਝ ਦਿਨ ਪਹਿਲਾਂ ਜ਼ਹਿਰ ਨਿਗਲ ਲਿਆ ਸੀ। ਸ਼ਨੀਵਾਰ ਦੀ ਰਾਤ ਅਮਜੋਤ ਕੌਰ (17) ਦੀ ਮੌਤ ਹੋ ਗਈ। ਮਾਂ ਸਰਬਜੀਤ ਕੌਰ ਦਾ ਦੋਸ਼ ਹੈ ਕਿ ਉਕਤ ਸਕੂਲ ਦੀ ਫੀਸ ਤੇ ਦਾਖਲੇ ਵਿੱਚੋਂ 20 ਹਜ਼ਾਰ ਦੇ ਕਰੀਬ ਫੀਸ ਬਾਕੀ ਚੱਲ ਰਹੀ ਸੀ। 22 ਮਈ ਨੂੰ ਸਕੂਲ ਪ੍ਰਿੰਸੀਪਲ ਤੇ ਸਟਾਫ਼ ਨੇ ਉਸ ਨੂੰ ਪੈਸਿਆਂ ਲਈ ਕਾਫੀ ਜ਼ਲੀਲ ਕੀਤਾ ਸੀ। ਇਸ ਤੋਂ ਬਾਅਦ ਬੱਚੀ ਨੇ ਘਰ



ਪਹੁੰਚ ਕੇ ਕੋਈ ਜ਼ਹਿਰੀਲੀ ਚੀਜ਼ ਨਿਗਲ ਲਈ। ਹਾਲਤ ਖ਼ਰਾਬ ਹੋਣ 'ਤੇ ਉਸ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ, ਜਿੱਥੇ ਐਤਵਾਰ ਦੀ ਰਾਤ ਉਸ ਦੀ ਮੌਤ ਹੋ ਗਈ। ਪੁਲਿਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਲਿਆ ਹੈ। ਬੱਚੀ ਦੇ ਪਰਿਵਾਰਕ ਮੈਂਬਰਾਂ ਨੇ ਸਕੂਲ ਪ੍ਰਬੰਧਕਾਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।

# ਨਦੀ 'ਚ ਡੁੱਬਦੀ ਕੁੜੀ ਨੂੰ ਬਚਾਉਣ ਪਾਣੀ 'ਚ ਉਤਰੇ 5 ਨੌਜਵਾਨ ਡੁੱਬੇ

ਕੁਰਨੂਲ, 1 ਜੂਨ (ਚ.ਨ.ਸ): ਆਂਧਰਾ ਪ੍ਰਦੇਸ਼ ਦੇ ਕੁਰਨੂਲ ਜ਼ਿਲ੍ਹੇ 'ਚ ਤੁੰਗਭਦਰਾ ਨਦੀ 'ਚ ਡਿੱਗੀ ਇੱਕ ਨਾਬਾਲਿਗ ਕੁੜੀ ਨੂੰ ਬਚਾਉਣ ਦੀ ਕੋਸ਼ਿਸ਼ 'ਚ 5 ਲੋਕ ਡੁੱਬ ਗਏ। ਪੁਲਿਸ ਦੇ ਇੱਕ ਅਧਿਕਾਰੀ ਨੇ ਇਹ ਜਾਣਕਾਰੀ ਦਿੱਤੀ। ਅਧਿਕਾਰੀ ਨੇ ਦੱਸਿਆ ਕਿ ਸ਼ਨੀਵਾਰ ਸ਼ਾਮ 4.30 ਵਜੇ ਕੁੜੀ ਨਦੀ 'ਚ ਆਪਣੇ ਪੈਰ ਧੋ ਰਹੀ ਸੀ, ਉਦੋਂ ਉਹ ਫਿਸਲ ਗਈ ਤੇ ਤੇਜ਼ ਵਹਾਅ 'ਚ ਰੁੜ੍ਹ ਗਈ। ਅਧਿਕਾਰੀ ਨੇ ਦੱਸਿਆ ਕਿ ਕੁੜੀ ਨੂੰ ਬਚਾਉਣ ਦੀ ਕੋਸ਼ਿਸ਼ 'ਚ ਨਦੀ 'ਚ ਛਾਲ ਮਾਰਨ ਵਾਲੇ 5 ਲੋਕ ਡੁੱਬ ਗਏ, ਹਾਲਾਂਕਿ ਕੁੜੀ ਨੂੰ ਬਚਾਅ ਲਿਆ ਗਇਆ। ਪੁਲਿਸ ਨੇ ਦੱਸਿਆ ਕਿ ਇਸ ਘਟਨਾ 'ਚ ਜਾਨ ਗੁਆਉਣ ਵਾਲੇ ਸਾਰੇ ਵਿਅਕਤੀ ਨੇੜੇ-ਤੇੜੇ ਦੇ ਪਿੰਡਾਂ ਦੇ ਰਹਿਣ ਵਾਲੇ ਸਨ। ਅਧਿਕਾਰੀ ਨੇ ਦੱਸਿਆ ਕਿ ਸਥਾਨਕ ਪੁਲਿਸ ਨੇ ਰਾਜ ਆਫ਼ਤ ਪ੍ਰਤੀਕਿਰਿਆ ਫ਼ੋਰਸ (ਐਸਡੀਆਰਐਫ) ਦੀ ਟੀਮ ਦੀ ਮਦਦ ਨਾਲ ਮ੍ਰਿਤਕਾਂ ਦੀਆਂ ਲਾਸ਼ਾਂ ਬ੍ਰਾਮਦ ਕਰਨ ਲਈ ਤਲਾਸ਼ੀ ਮੁਹਿੰਮ ਸ਼ੁਰੂ ਕੀਤੀ।

# ਡੀ.ਸੀ. ਵੱਲੋਂ ਐਮ/ਐਸ ਓਪਟੀਮਮ ਇਮੀਗ੍ਰੇਸ਼ਨ ਸਲਿਊਸ਼ਨ ਦਾ ਲਾਇਸੈਂਸ ਰੱਦ

ਸ੍ਰੀ ਫਤਹਿਗੜ੍ਹ ਸਾਹਿਬ, 1 ਜੂਨ (ਹਰਪ੍ਰੀਤ ਕੌਰ ਟਿਵਾਣਾ): ਡਿਪਟੀ ਕਮਿਸ਼ਨਰ-ਕਮ-ਲਾਇਸੈਂਸਿੰਗ ਅਥਾਰਟੀ ਫ਼ਤਹਿਗੜ੍ਹ ਸਾਹਿਬ ਡਾ. ਸੋਨਾ ਥਿੰਦ ਨੇ ਪੰਜਾਬ ਮਨੁੱਖੀ ਤਸਕਰੀ ਰੋਕਥਾਮ ਐਕਟ 2012 (ਪੰਜਾਬ ਐਕਟ 2 ਆਫ 2013) ਦੇ ਸੈਕਸ਼ਨ 6 (1)(ਜੀ)ਤਹਿਤ ਵਿਕਾਸ ਰਖੇਜਾ ਪੁੱਤਰ ਸੁਖਦੇਵ ਰਖੇਜਾ ਵਾਸੀ ਸਾਹਮਣੇ ਸੋਹਲ ਨਰਸਿੰਗ ਹੋਮ ਭੱਟੀ ਰੋਡ, ਬ੍ਰਾਹਮਣ ਮਾਜਰਾ ਤਹਿਸੀਲ ਤੇ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੇ ਨਾਮ 'ਤੇ ਚੱਲ ਰਹੇ ਐਮ/ਐਸ ਓਪਟੀਮਮ ਇਮੀਗ੍ਰੇਸ਼ਨ ਸਲਿਊਸ਼ਨ, ਬ੍ਰਾਹਮਣ ਮਾਜਰਾ ਸਰਹਿੰਦ ਜ਼ਿਲ੍ਹਾ ਫਤਹਿਗੜ੍ਹ ਸਾਹਿਬ ਦਾ ਲਾਇਸੈਂਸ ਨੰ: 01/MC-1, ਮਿਤੀ 11.02.2016 ਰੱਦ ਕਰ ਦਿੱਤਾ ਹੈ। ਡਿਪਟੀ ਕਮਿਸ਼ਨਰ-ਕਮ-ਲਾਇਸੈਂਸਿੰਗ ਅਥਾਰਟੀ ਵੱਲੋਂ ਜਾਰੀ ਦਫਤਰੀ ਹੁਕਮ ਵਿੱਚ ਦਰਜ ਹੈ ਕਿ ਲਾਇਸੈਂਸ ਦੀ ਮਿਆਦ ਖਤਮ ਹੋਣ ਤੋਂ ਦੋ ਮਹੀਨੇ ਪਹਿਲਾਂ ਲਾਇਸੈਂਸ ਰੀਨਿਊ ਕਰਵਾਉਣ ਲਈ ਅਪਲਾਈ ਕਰਨਾ ਹੁੰਦਾ ਹੈ, ਪਰ ਲਾਇਸੈਂਸੀ ਵੱਲੋਂ ਲਾਇਸੈਂਸ ਰੀਨਿਊ ਕਰਵਾਉਣ ਲਈ ਅਪਲਾਈ ਨਹੀਂ ਕੀਤਾ ਗਿਆ।



ਦਫ਼ਤਰ ਡਿਪਟੀ ਕਮਿਸ਼ਨਰ ਵੱਲੋਂ ਮਿਤੀ 08 ਮਈ 2026 ਰਾਹੀਂ ਲਾਇਸੈਂਸੀ ਨੂੰ ਇੱਕ ਹਫਤੇ ਦੇ ਅੰਦਰ-ਅੰਦਰ ਲਾਇਸੈਂਸ ਰੀਨਿਊ ਕਰਨ ਲਈ ਅਪਲਾਈ ਕਰਨ ਸਬੰਧੀ ਨੋਟਿਸ ਜਾਰੀ ਕੀਤਾ ਗਿਆ ਸੀ ਪ੍ਰੰਤੂ ਵਿਕਾਸ ਰਖੇਜਾ ਵੱਲੋਂ ਨੋਟਿਸ ਜਾਰੀ ਹੋਣ ਦੀ ਮਿਤੀ ਤੋਂ ਬਾਅਦ ਤਕਰੀਬਨ 15 ਦਿਨ ਦਾ ਸਮਾਂ ਬੀਤ ਜਾਣ ਦੇ ਬਾਵਜੂਦ ਲਾਇਸੈਂਸ ਰੀਨਿਊ ਕਰਵਾਉਣ ਲਈ ਕੋਈ ਦਰਖਾਸਤ ਪੇਸ਼ ਨਹੀਂ ਕੀਤੀ ਗਈ, ਇਸ ਲਈ ਜ਼ਿਲ੍ਹਾ ਮੈਜਿਸਟਰੇਟ ਵੱਲੋਂ ਇਹ ਲਾਇਸੈਂਸ ਰੱਦ ਕੀਤਾ ਗਿਆ ਹੈ।

# ਰਾਜੂ ਖੰਨਾ ਵੱਲੋਂ ਵੱਖ-ਵੱਖ ਵਿੰਗਾਂ ਤੇ ਸਰਕਲ ਪ੍ਰਧਾਨਾਂ ਨਾਲ ਮੀਟਿੰਗ

ਅਮਲੋਹ, 1 ਜੂਨ (ਜਸਵੰਤ ਸਿੰਘ): ਸ਼੍ਰੋਮਣੀ ਅਕਾਲੀ ਦਲ ਦਾ ਹਰ ਵਰਕਰ, ਆਗੂ ਤੇ ਅਹੁਦੇਦਾਰ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਹਰ ਸੁਨੇਹਾ ਹਲਕੇ ਦੇ ਘਰ-ਘਰ ਪਹੁੰਚਾਏ ਤਾਂ ਜੋ 2027 ਵਿੱਚ ਲੋਕ ਸਰਕਾਰਾਂ ਦੇ ਗੁੰਮਰਾਹਕੁੰਨ ਪ੍ਰਚਾਰ ਤੋਂ ਬਚ ਸਕਣ। ਇਸ ਗੱਲ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਇਥੇ



ਪਾਰਟੀ ਦਫ਼ਤਰ ਵਿਖੇ ਵੱਖ-ਵੱਖ ਵਿੰਗਾਂ ਦੇ ਸਰਕਲ ਪ੍ਰਧਾਨਾਂ ਨਾਲ ਮੀਟਿੰਗ ਕਰਨ ਸਮੇਂ ਕੀਤਾ। ਉਨ੍ਹਾਂ ਕਿਹਾ ਕਿ ਦਿੱਲੀ ਤੋਂ ਚੱਲਣ ਵਾਲੀਆਂ ਪਾਰਟੀਆਂ ਨੂੰ ਚੱਲਦਾ ਕਰਕੇ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਦੀ ਜ਼ਰੂਰਤ ਹੈ ਕਿਉਂਕਿ ਦਿੱਲੀ ਤੋਂ ਚੱਲਣ ਵਾਲੀਆਂ ਪਾਰਟੀਆਂ ਕਦੇ ਵੀ ਪੰਜਾਬ ਦਾ ਭਲਾ ਨਹੀਂ ਕਰ ਸਕਦੀਆਂ। ਕਾਂਗਰਸ ਪਾਰਟੀ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਪਾਰਟੀ ਨੇ ਦੇਸ਼ 'ਤੇ ਲੰਮਾ ਸਮਾਂ ਰਾਜ ਕੀਤਾ ਪਰ ਪੰਜਾਬ ਲਈ ਕੁਝ ਨਹੀਂ ਕੀਤਾ, ਸਗੋਂ ਸਾਕਾ ਨੀਲਾ ਤਾਰਾ ਕਰਕੇ ਸ੍ਰੀ ਅਕਾਲ ਤਖ਼ਤ ਸਾਹਿਬ ਢਹਿ-ਢੇਰੀ ਕੀਤਾ ਤੇ ਸ੍ਰੀ ਹਰਿਮੰਦਰ ਸਾਹਿਬ ਉਪਰ ਹਮਲੇ ਕਰਵਾ ਕੇ ਦਿੱਲੀ ਵਿੱਚ ਹਜ਼ਾਰਾਂ ਸਿੱਖਾਂ ਦਾ ਕਤਲੇਆਮ ਕੀਤਾ। ਉਨ੍ਹਾਂ ਸਮੁੱਚੇ ਸਰਕਲ ਪ੍ਰਧਾਨਾਂ ਨੂੰ ਅਪੀਲ ਕੀਤੀ ਕਿ ਉਹ ਪਿੰਡ, ਵਾਰਡ ਪੱਧਰ ਤੇ ਹਰ ਘਰ ਤੱਕ ਜਾ ਕੇ ਲੋਕਾਂ ਨਾਲ ਤਾਲਮੇਲ ਕਰਕੇ ਲੋਕਾਂ ਨੂੰ ਇਸ ਪ੍ਰਤੀ ਜਾਗਰੂਕ ਕਰਨ ਤੇ ਸ਼੍ਰੋਮਣੀ ਅਕਾਲੀ ਦਲ ਦੀਆਂ ਨਿਤੀਆਂ ਪ੍ਰਤੀ ਜਾਣੂ ਕਰਵਾਉਣ। ਇਸ ਮੌਕੇ ਡਾ. ਅਰੁਜਨ ਸਿੰਘ, ਜਥੇ. ਹਰਬੰਸ ਸਿੰਘ ਬਡਾਲੀ, ਜਰਨੈਲ ਸਿੰਘ ਮਾਜਰੀ, ਹਰਵਿੰਦਰ ਸਿੰਘ ਬਿੰਦਾ ਮਾਜਰੀ, ਸ਼ਹਿਰੀ ਪ੍ਰਧਾਨ ਰਾਕੇਸ਼ ਕੁਮਾਰ ਸ਼ਾਹੀ, ਹਰਿੰਦਰ ਸਿੰਘ ਦੀਵਾ, ਨਾਜ਼ਰ ਸਿੰਘ ਮੰਡੀ, ਕੁਲਵਿੰਦਰ ਸਿੰਘ ਭੰਗੂ, ਸੋਮਨਾਥ ਅਜਨਾਲੀ, ਅਮਨਦੀਪ ਸਿੰਘ ਭੱਦਲਥੂਹਾ, ਗੁਰਕੀਰਤ ਸਿੰਘ ਪਨਾਗ, ਦਿਲਮਨਪ੍ਰੀਤ ਸਿੰਘ ਰੁੜਕੀ, ਗੁਰਿੰਦਰ ਸਿੰਘ ਸਲਾਣਾ, ਸੁਖਬੀਰ ਸਿੰਘ ਡਡਹੇੜੀ, ਅੰਗਰੇਜ਼ ਸਿੰਘ ਲਾਡਪੁਰ, ਦਿਲਾਵਰ ਸਿੰਘ ਚੀਮਾ, ਗੁਰਸੇਵਕ ਸਿੰਘ ਕੁੱਕੀ, ਗੁਰਦੀਪ ਸਿੰਘ ਬੱਬੀ, ਬਲਤੇਜ ਸਿੰਘ ਅਮਲੋਹ, ਹਰਜੀਤ ਸਿੰਘ ਅਜਨਾਲੀ ਤੇ ਗੁਰਜੀਤ ਸਿੰਘ ਮੰਗਾ ਮੌਜੂਦ ਸਨ।

# ਸੈਣੀ ਮਹਾਂ ਸਭਾ ਪੰਜਾਬ ਦੀ ਮੀਟਿੰਗ



ਆਦਮਪੁਰ, 1 ਜੂਨ (ਜੰਡੀਰ ਸੈਣੀ): ਸੈਣੀ ਸਮਾਜ ਦੀ ਵਿਸ਼ੇਸ਼ ਮੀਟਿੰਗ ਚੰਨੀ ਰਿਜੋਰਟ ਰਾਹੋਂ ਜ਼ਿਲ੍ਹਾ ਨਵਾਂ ਸ਼ਹਿਰ ਤਰਸੇਮ ਸਿੰਘ ਸੈਣੀ ਰਾਸ਼ਟਰੀ ਪ੍ਰਧਾਨ ਰਾਈਸ ਮਿਲਜ਼ ਐਸੋਸੀਏਸ਼ਨ ਦੀ ਪ੍ਰਧਾਨਗੀ ਵਿੱਚ ਹੋਈ। ਮੀਟਿੰਗ ਵਿੱਚ ਪੰਜਾਬ ਭਰ ਤੋਂ ਸੈਣੀ ਸਮਾਜ ਦੇ ਆਗੂ ਸ਼ਾਮਲ ਹੋਏ ਤੇ ਸਟੇਜ ਸਕੱਤਰ ਦੀ ਭੂਮਿਕਾ ਰਾਜਿੰਦਰ ਸਿੰਘ ਨਨੂੰਆ ਪ੍ਰਧਾਨ ਸੈਣੀ ਭਵਨ ਰੋਪੜ ਨੇ ਬਾਖੂਬੀ ਨਿਭਾਈ। ਮੀਟਿੰਗ ਦਾ ਪ੍ਰਬੰਧ ਬਹਾਦਰ ਸਿੰਘ ਭਾਰਟਾ ਐਮਡੀ ਚੰਨੀ ਰਿਜੋਰਟ ਰਾਹੋਂ ਵੱਲੋਂ ਕੀਤਾ ਗਿਆ। ਮੀਟਿੰਗ ਵਿੱਚ ਅੰਮ੍ਰਿਤਸਰ ਸਾਹਿਬ, ਪਠਾਨਕੋਟ, ਗੁਰਦਾਸਪੁਰ, ਲੁਧਿਆਣਾ, ਨਵਾਂ ਸ਼ਹਿਰ, ਰੋਪੜ, ਮੋਹਾਲੀ, ਚੰਡੀਗੜ੍ਹ, ਸ੍ਰੀ ਫਤਹਿਗੜ੍ਹ ਸਾਹਿਬ ਤੇ ਪਟਿਆਲਾ ਜ਼ਿਲ੍ਹੇ ਤੋਂ ਸੈਣੀ ਸਮਾਜ ਦੇ ਆਗੂ ਸਾਹਿਬਾਨ ਇੱਕਤਰ ਹੋਏ। ਸਾਰੇ ਹੀ ਆਗੂਆਂ ਵੱਲੋਂ ਸੈਣੀ ਸਮਾਜ ਦੀ ਏਕਤਾ 'ਤੇ ਜ਼ੋਰ ਦਿੱਤਾ ਗਿਆ ਤੇ ਅਗਲੇਰੀ ਕਾਰਵਾਈ ਨੂੰ ਕਾਮਯਾਬ ਕਰਨ 'ਤੇ ਇੱਕ ਵਿਸ਼ਾਲ ਕਾਨਫਰੰਸ ਕਰਨ ਲਈ 11/21 ਮੈਂਬਰੀ ਕਮੇਟੀ ਦਾ ਸੁਝਾਅ ਦਿੱਤਾ ਗਿਆ, ਜਿਸਨੂੰ ਪ੍ਰਵਾਨ ਕਰਦੇ ਹੋਏ ਇਸਦੀ ਸ਼ੁਰੂਆਤ ਅੱਜ ਹੀ ਕੀਤੀ ਗਈ।ਮੀਟਿੰਗ ਵਿੱਚ ਸੈਣੀ ਸਮਾਜ ਦੀ ਬਿਹਤਰੀ ਲਈ ਤੇ ਸੈਣੀ ਸਮਾਜ ਦੇ ਇਤਿਹਾਸ, ਓਬੀਸੀ ਹੱਕਾਂ ਲਈ ਪੰਜ ਮਤੇ ਪੜ੍ਹ ਕੇ ਸੁਣਾਏ ਗਏ, ਜਿਨ੍ਹਾਂ ਨੂੰ ਸਰਬਸੰਮਤੀ ਨਾਲ ਪਾਸ ਕੀਤਾ ਗਿਆ। ਮੀਟਿੰਗ ਵਿੱਚ ਸੈਣੀ ਭਲਾਈ ਬੋਰਡ ਦੇ ਚੇਅਰਮੈਨ ਰਾਮ ਕੁਮਾਰ ਸੈਣੀ ਸਮੇਤ ਸਮਾਜ ਦੀਆਂ ਮੰਨੀਆਂ ਪਰਮੰਨਿਆਂ ਸ਼ਖ਼ਸੀਅਤਾਂ ਹਾਜ਼ਰ ਸਨ, ਜਿਨ੍ਹਾਂ ਵਿੱਚ ਅਸ਼ੋਕ ਸੈਣੀ ਰਿਟਾਇਰਡ ਡੀਐਸਪੀ, ਪੁਨੀਤ ਪਿੰਟਾ ਸੈਣੀ ਸਾਬਕਾ ਚੇਅਰਮੈਨ ਪੰਜਾਬ ਸਰਕਾਰ ਪਠਾਨਕੋਟ ਸਾਥੀਆਂ ਸਮੇਤ, ਤਰਸੇਮ ਸੈਣੀ ਪ੍ਰਧਾਨ ਸੈਣੀ ਸਭਾ ਅੰਮ੍ਰਿਤਸਰ ਸਾਹਿਬ, ਗੁਰਦਾਸਪੁਰ ਤੋਂ ਬਖਸ਼ੀਸ਼ ਸੈਣੀ ਪ੍ਰਧਾਨ, ਮਲਕੀਅਤ ਸਿੰਘ ਸੈਣੀ ਰਿਟ. ਡੀਐਸਪੀ ਸਾਥੀਆਂ ਸਮੇਤ, ਬਿੱਟੂ ਸੈਣੀ ਦੀਨਾਨਗਰ, ਡਾ. ਅਜਮੇਰ ਸਿੰਘ ਤੰਬੜ ਚੇਅਰਮੈਨ ਸੈਣੀ ਭਵਨ ਰੋਪੜ ਭਵਨ ਦੇ ਟਰੱਸਟੀਆਂ ਸਮੇਤ, ਹਰਦੀਪ ਸਿੰਘ ਸੈਣੀ ਬੁਟੇਰਲਾ ਸਾਬਕਾ ਡਿਪਟੀ ਮੇਅਰ ਚੰਡੀਗੜ੍ਹ, ਅਵਤਾਰ ਸਿੰਘ ਸੈਣੀ ਮਨੀਮਾਜਰਾ ਪ੍ਰਧਾਨ ਸੈਣੀ ਸਭਾ ਚੰਡੀਗੜ੍ਹ, ਸੰਤੋਖ ਸਿੰਘ ਸੈਣੀ ਸ਼ਿਵਾਲਕ ਮੁੱਖ ਸਰਪ੍ਰਸਤ ਸੈਣੀ ਸਭਾ ਪੰਜਾਬ, ਚੇਅਰਮੈਨ ਤਰਲੋਚਨ ਸਿੰਘ ਸੈਣੀ ਸ੍ਰੀ ਫਤਹਿਗੜ੍ਹ ਸਾਹਿਬ ਸੈਣੀ ਸਭਾ ਪੰਜਾਬ, ਜਥੇ. ਅਵਤਾਰ ਸਿੰਘ ਪਠਲਾਵਾ ਸੀਨੀਅਰ ਮੀਤ ਪ੍ਰਧਾਨ ਸੈਣੀ ਸਭਾ ਪੰਜਾਬ, ਕੇਸਰ ਸਿੰਘ ਸੈਣੀ ਮੁਸਾਪੁਰ ਸੀਨੀਅਰ ਮੀਤ ਪ੍ਰਧਾਨ ਸੈਣੀ ਸਭਾ ਪੰਜਾਬ ਆਦਿ ਹਾਜ਼ਰ ਸਨ।

# ਆਮ ਆਦਮੀ ਪਾਰਟੀ ਨੇ ਵਫ਼ਾਦਾਰੀ ਦਾ ਮੁੱਲ ਪਾਇਆ: ਚੇਅਰਮੈਨ ਰਾਜਾ



ਸ੍ਰੀ ਫਤਹਿਗੜ੍ਹ ਸਾਹਿਬ, 1 ਜੂਨ (ਨਰਿੰਦਰ ਸਿੰਘ): ਚੇਅਰਮੈਨ ਰਾਜਾ ਨੇ ਦੱਸਿਆ ਪਿੰਡ ਜਾਗੋ ਤੋਂ ਆਮ ਆਦਮੀ ਪਾਰਟੀ ਨੇ ਆਪਣੇ ਵਫ਼ਾਦਾਰ ਤੇ ਸਿਰਕੱਢ ਆਗੂਆਂ ਵਿਚੋਂ ਇੱਕ ਲਖਵਿੰਦਰ ਸਿੰਘ ਜਾਗੋ ਨੂੰ ਨਸ਼ਾ ਮੁਕਤੀ ਮੋਰਚਾ ਦਾ ਵਾਈਸ ਹਲਕਾ ਕੋਆਰਡੀਨੇਟਰ ਦੀ ਜ਼ਿੰਮੇਵਾਰੀ ਦਿੱਤੀ ਗਈ ਹੈ, ਇਸ ਮੌਕੇ ਪਿੰਡ ਵਾਸੀਆਂ ਤੇ ਚੇਅਰਮੈਨ ਰਾਜਾ ਵੱਲੋਂ ਲਖਵਿੰਦਰ ਸਿੰਘ ਜਾਗੋ ਨੂੰ ਨਵੀਂ ਜ਼ਿੰਮੇਵਾਰੀ ਦੇਣ ਲਈ ਪਾਰਟੀ ਹਾਈਕਮਾਂਡ ਦਾ ਬਹੁਤ-ਬਹੁਤ ਧੰਨਵਾਦ ਕੀਤਾ ਗਿਆ। ਇਸ ਮੌਕੇ ਲਖਵਿੰਦਰ ਸਿੰਘ ਨੂੰ ਮੁਬਾਰਕਬਾਦ ਦਿੱਤੀ ਤੇ ਸਨਮਾਨਿਤ ਕੀਤਾ ਗਿਆ। ਅੱਗੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜਾ ਨੇ ਦੱਸਿਆ ਕਿ ਰਾਜਾ ਵੈਲਫੇਅਰ ਵੱਲੋਂ ਮਿਸ਼ਨ ਹਰ ਘਰ ਸਿਹਤ ਯੋਜਨਾ ਕਾਰਡ ਤਹਿਤ ਲਾਭਪਾਤਰੀਆਂ ਨੂੰ ਕਾਰਡ ਵੀ ਵੰਡੇ ਗਏ ਤਾਂ ਜੋ ਆਮ ਲੋਕ ਬਿਨਾਂ ਕਿਸੇ ਪ੍ਰੇਸ਼ਾਨੀ ਦੇ ਆਪਣਾ ਇਲਾਜ ਕਰਵਾ ਸਕਣ ਤੇ ਤੰਦਰੁਸਤ ਜੀਵਨ ਬਤੀਤ ਕਰਨ। ਉਨ੍ਹਾਂ ਦੱਸਿਆ ਕਿ ਰਾਜਾ ਵੈਲਫੇਅਰ ਫਾਊਂਡੇਸ਼ਨ ਦਾ ਟੀਚਾ ਹੈ ਕਿ ਅਗਲੇ ਕੁੱਝ ਦਿਨਾਂ ਵਿੱਚ ਸੌ ਪ੍ਰਤੀਸ਼ਤ ਕਾਰਡ ਬਣਾ ਕੇ ਹਰ ਪਰਿਵਾਰ ਨੂੰ ਇਸ ਸਕੀਮ ਦਾ ਹਿੱਸਾ ਬਣਾਇਆ ਜਾਵੇਗਾ। ਇਸ ਲਈ ਉਨ੍ਹਾਂ ਦੇ ਲਗਾਤਾਰ ਲੋਕ ਸੇਵਾ ਕੈਂਪ ਲਗਾਏ ਜਾ ਰਹੇ ਹਨ।

# ਕੌਂਸਲ ਚੋਣਾਂ ਦੇ ਨਤੀਜਿਆਂ ਬਾਅਦ ਪੰਜਾਬ ਦੀ ਅਮੀਰ ਕੌਂਸਲ ਦੀ ਪ੍ਰਧਾਨਗੀ ਲਈ ਜਦੋ-ਜਹਿਦ ਸ਼ੁਰੂ

## ☛ਰਾਹੁਲ ਸੋਫ਼ਤ ਦੇ ਪਰਿਵਾਰ ਨੇ ਲਗਾਤਾਰ ਤੀਸਰੀ ਵਾਰ ਸਭ ਤੋਂ ਵੱਧ ਵੋਟਾਂ ਨਾਲ ਚੋਣ ਜਿੱਤ ਕੇ ਸਿਰਜਿਆ ਇਤਿਹਾਸ

ਮੰਡੀ ਗੋਬਿੰਦਗੜ੍ਹ, 1 ਜੂਨ (ਸੂਦ): ਪੰਜਾਬ ਦੀ ਪਹਿਲੀ ਕਤਾਰ ਦੀ ਅਮੀਰ ਕੌਂਸਲਾਂ ਵਿੱਚ ਸ਼ਾਮਲ ਮੰਡੀ ਗੋਬਿੰਦਗੜ੍ਹ ਕੌਂਸਲ ਉਪਰ ਆਮ ਆਦਮੀ ਪਾਰਟੀ ਦੀ 29 ਵਾਰਡਾਂ ਵਿਚੋਂ 19 ਵਾਰਡਾਂ ਵਿੱਚ ਹੋਈ ਸ਼ਾਨਦਾਰ ਜਿੱਤ ਤੋਂ ਬਾਅਦ ਪ੍ਰਧਾਨਗੀ ਪਦ ਹਾਸਲ ਕਰਨ ਲਈ ਚਾਹਵਾਨਾਂ ਦੀਆਂ ਸਰਗਰਮੀਆਂ ਤੇਜ਼ ਹੋ ਗਈਆਂ ਹਨ ਤੇ ਆਉਣ ਵਾਲੇ ਸਮੇਂ ਵਿੱਚ ਸਪੱਸ਼ਟ ਹੋਵੇਗਾ ਕਿ ਪਾਰਟੀ ਹਾਈਕਮਾਂਡ ਤੇ ਹਲਕਾ ਵਿਧਾਇਕ ਗੁਰਿੰਦਰ ਸਿੰਘ ਗੈਰੀ ਬੜਿੰਗ ਕਿਸ ਕੌਂਸਲਰ ਦੇ ਸਿਰ 'ਤੇ ਇਹ ਤਾਜ ਰੱਖਣਗੇ। ਵਿਧਾਨ ਸਭਾ ਦੀਆਂ ਚੋਣਾਂ ਵਿੱਚ ਕੇਵਲ 6-7 ਮਹੀਨੇ ਦਾ ਸਮਾਂ ਬਾਕੀ ਹੈ, ਇਸ ਲਈ ਪਾਰਟੀ ਲਈ ਇਹ ਵੱਡੀ ਸਿਰਦਰਦੀ ਹੋਵੇਗੀ ਕਿ ਉਹ ਅਜਿਹੇ ਚਿਹਰੇ ਨੂੰ ਅੱਗੇ ਲਿਆਉਣ ਜਿਹੜਾ ਲੰਬਾ ਸਮੇਂ ਤੋਂ ਪਾਰਟੀ ਦੀ ਸੇਵਾ ਕਰ ਰਿਹਾ ਹੋਵੇ ਤੇ ਲੋਕਾਂ ਵਿੱਚ ਹਰਮਨ ਪਿਆਰਾ ਹੋਵੇ। ਪ੍ਰਾਪਤ ਸੂਚਨਾ ਅਨੁਸਾਰ ਮੌਜੂਦਾ ਸਮੇਂ ਇਸ ਪਦ ਲਈ ਸਾਬਕਾ



ਕੌਂਸਲਰ ਰਾਹੁਲ ਸੋਫ਼ਤ ਦੀ ਪਤਨੀ ਦਿਲਰਾਜ ਸੋਫ਼ਤ ਦਾ ਨਾਮ ਚਰਚਾ ਦਾ ਵਿਸ਼ਾ ਹੈ। ਜੇਕਰ ਪਿਛੋਕੜ ਵਿੱਚ ਝਾਤ ਮਾਰੀਏ ਤਾਂ 2015 ਵਿੱਚ ਸ੍ਰੀ ਰਾਹੁਲ ਸੋਫ਼ਤ ਨੇ ਕੌਂਸਲ ਚੋਣਾਂ ਵਿੱਚ 1318 ਵੋਟਾਂ ਵਿੱਚੋਂ 1028 ਵੋਟਾਂ ਆਜ਼ਾਦ ਉਮੀਦਵਾਰ ਵਜੋਂ ਹਾਸਲ ਕਰਕੇ ਸ਼ਹਿਰ ਵਿੱਚ ਨਵਾਂ ਇਤਿਹਾਸ ਸਿਰਜਿਆ ਸੀ। ਉਸ ਸਮੇਂ ਸ਼੍ਰੋਮਣੀ ਅਕਾਲੀ ਦਲ ਦੀ ਪੂਨਮ ਜਿੰਦਲ ਕੌਂਸਲ ਪ੍ਰਧਾਨ ਬਣੀ ਤੇ 2021 ਵਿੱਚ ਸੋਫ਼ਤ ਦਾ ਵਾਰਡ ਔਰਤਾਂ ਲਈ ਕਾਂਗਰਸ ਸਰਕਾਰ ਸਮੇਂ ਰਿਜ਼ਰਵ ਕਰ ਦਿੱਤਾ ਗਿਆ। ਉਨ੍ਹਾਂ ਦੀ ਪਤਨੀ ਦਿਲਰਾਜ ਸੋਫ਼ਤ ਨੇ ਆਪ ਵੱਲੋਂ ਚੋਣ ਲੜੀ ਤੇ 80 ਪ੍ਰਤੀਸ਼ਤ ਵੋਟਾਂ ਹਾਸਲ ਕਰਕੇ ਸ਼ਹਿਰ ਹੀ ਨਹੀਂ ਸਗੋਂ ਸਮੁੱਚੇ ਪੰਜਾਬ ਵਿੱਚ ਕਾਂਗਰਸ ਸਰਕਾਰ ਸਮੇਂ ਆਪ ਦੇ ਸਾਰੇ ਕੌਂਸਲਰਾਂ ਵਿਚੋਂ ਸਭ ਤੋਂ ਵੱਧ ਲੀਡ ਲੈ ਕੇ ਜਿੱਤ ਹਾਸਲ ਕਰਕੇ ਇਤਿਹਾਸ ਸਿਰਜਿਆ। ਸੋਫਤ ਦੇ ਸਮਰਥਕਾਂ ਦਾ ਕਹਿਣਾ ਹੈ ਕਿ ਪਾਰਟੀ ਪ੍ਰਤੀ ਵਫ਼ਾਦਾਰੀ ਤੇ ਸ਼ਹਿਰੀਆਂ ਵੱਲੋਂ ਲਗਾਤਾਰ 3 ਵਾਰ ਇਤਿਹਾਸ ਸਿਰਜਣ ਵਾਲੇ ਪਰਿਵਾਰ ਨੂੰ ਪ੍ਰਧਾਨਗੀ ਦਾ ਤਾਜ ਮਿਲਣਾ ਚਾਹੀਦਾ ਹੈ। ਇਸ ਤਰ੍ਹਾਂ ਸ਼ਹਿਰ ਵਿੱਚ ਪ੍ਰਧਾਨਗੀ ਪਦ ਲਈ ਸਰਗਰਮੀਆਂ ਦਿਨ ਪ੍ਰਤੀ ਦਿਨ ਤੇਜ਼ ਹੁੰਦੀਆਂ ਜਾ ਰਹੀਆਂ ਹਨ।

# ਨਵੇਂ ਬਣੇ ਕੌਂਸਲਰ ਜਸਵੀਰ ਬੰਟੀ ਨੇ ਸ਼ਲਾਘਾਯੋਗ ਕਾਰਜ ਕੀਤਾ: ਰਾਏ

## ☛ਨਵਜਨਮੀ ਬੱਚੀ ਦੇ ਜਨਮ ਮੌਕੇ ਕਰਵਾਈ 21 ਹਜ਼ਾਰ ਦੀ ਐਫਡੀ

ਸ੍ਰੀ ਫਤਹਿਗੜ੍ਹ ਸਾਹਿਬ, 1 ਜੂਨ (ਨਰਿੰਦਰ ਸਿੰਘ): ਨਵੇਂ ਬਣੇ ਕੌਂਸਲਰ ਜਸਵੀਰ ਸਿੰਘ ਬੰਟੀ ਨੇ ਨਵ ਜਨਮੀ ਬੱਚੀ ਦੇ ਜਨਮ ਮੌਕੇ 21000 ਦੀ ਐਫ.ਡੀ. ਕਰਵਾਈ ਹੈ। ਇਸ ਮੌਕੇ ਫਤਹਿਗੜ੍ਹ ਸਾਹਿਬ ਦੇ ਵਿਧਾਇਕ ਲਖਬੀਰ ਸਿੰਘ ਰਾਏ ਵੱਲੋਂ ਪਰਿਵਾਰ ਨੂੰ ਸੌਂਪੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਰਾਏ ਨੇ ਦੱਸਿਆ ਕਿ ਕੌਂਸਲਰ ਜਸਬੀਰ ਵੰਟੀ ਨੇ ਚੋਣਾਂ ਦੌਰਾਨ ਵਾਰਡ ਵਾਸੀਆਂ ਦੇ ਨਾਲ ਵਾਅਦੇ ਕੀਤਾ ਸੀ ਕਿ ਉਹ ਆਪਣੀ ਟਰਮ ਦੇ ਦੌਰਾਨ ਵਾਰਡ ਦੇ ਵਿੱਚ ਜਨਮ ਲੈਣ ਵਾਲੀ ਬੱਚੀ ਦੇ ਨਾਮ 21000 ਦੀ ਐਫਡੀ ਕਰਵਾਉਣਗੇ। ਉਨ੍ਹਾਂ ਦੇ ਕੌਂਸਲਰ ਬਣਨ ਤੋਂ ਦੂਸਰੇ ਹੀ ਦਿਨ ਬੱਚੀ ਨੇ ਵਾਰਡ ਦੇ ਵਿੱਚ ਜਨਮ ਲਿਆ ਤੇ ਕੌਂਸਲਰ ਜਸਵੀਰ ਬੰਟੀ ਵੱਲੋਂ 21 ਹਜ਼ਾਰ ਦੀ ਐਫਡੀ ਕਰਵਾ ਕੇ ਪਰਿਵਾਰ ਨੂੰ ਸੌਂਪ ਦਿੱਤੀ ਗਈ ਹੈ। ਕੌਂਸਲਰ ਵੱਲੋਂ ਕੀਤਾ ਗਿਆ ਇਹ ਕਾਰਜ ਬਹੁਤ ਹੀ ਸ਼ਲਾਘਾਯੋਗ ਹੈ। ਅਜਿਹੀ ਅਗਾਂਹਵਧੂ ਸੋਚ ਵਾਲੇ ਵਿਅਕਤੀ ਸਮਾਜ ਦੇ ਲਈ ਚਾਨਣ ਮੁਨਾਰਾ ਬਣਦੇ ਹਨ। ਦੂਸਰੇ ਕੌਂਸਲਰਾਂ ਨੂੰ ਵੀ ਸਮਾਜਿਕ ਕਾਰਜਾਂ ਦੇ ਵਿੱਚ ਜਸਵੀਰ ਸਿੰਘ ਬੰਟੀ ਵਰਗੇ ਕੌਂਸਲਰਾਂ ਤੋਂ ਸੇਧ ਲੈਣ ਦੀ ਲੋੜ ਹੈ।ਇਸ ਮੌਕੇ ਜਸਵੀਰ ਬੰਟੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਟਰਮ ਦੌਰਾਨ ਜਿਸ ਪਰਿਵਾਰ ਦੇ ਵਿੱਚ ਬੱਚੀ ਦਾ ਜਨਮ ਹੋਵੇਗਾ, ਉਸ ਦੇ ਨਾਮ 21000 ਦੀ ਐਫਡੀ ਕਰਵਾਈ ਜਾਵੇਗੀ। ਇਸ ਤੋਂ ਇਲਾਵਾ ਵਾਰਡ ਦੇ ਰਹਿੰਦੇ ਕਾਰਜਾਂ ਨੂੰ ਵੀ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ। ਸਰਹੰਦ ਦੇ ਵਿੱਚ



ਪੈਂਦੇ 23 ਵਾਰਡਾਂ ਦੇ ਵਿੱਚੋਂ ਉਹ ਆਪਣੇ ਵਾਰਡ ਨੂੰ ਨਮੂਨੇ ਦਾ ਵਾਰਡ ਬਣਾਉਣਗੇ। ਹਰ ਤਰ੍ਹਾਂ ਦੀ ਸਮੱਸਿਆ ਦਾ ਹੱਲ ਕੀਤਾ ਜਾਵੇਗਾ ਤੇ ਬੁਨਿਆਦੀ ਸਹੂਲਤਾਂ ਦੇ ਨਾਲ ਲੈਸ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਥਾਣੇਦਾਰ ਬਲਜਿੰਦਰ ਸਿੰਘ ਸ਼ਹਿਰੀ ਪ੍ਰਧਾਨ, ਸੁਰਿੰਦਰ ਸਿੰਘ ਬੱਬੂ, ਜਸਪਾਲ ਸਿੰਘ, ਗੁਰਚਰਨ ਸਿੰਘ ਟੌਹੜਾ, ਸੰਦੀਪ ਧੀਮਾਨ, ਜਸਵਿੰਦਰ ਜੱਸੀ, ਅੱਛਰ ਸਿੰਘ, ਅੰਗਰੇਜ ਸਿੰਘ, ਬਲਜਿੰਦਰ ਸਿੰਘ, ਰਵਿੰਦਰ ਸਿੰਘ, ਸੁਰਜੀਤ ਸਿੰਘ, ਬਲਵਿੰਦਰ ਸਿੰਘ, ਕੁਲਵਿੰਦਰ ਸਿੰਘ, ਪ੍ਰਦੀਪ ਸਿੰਘ, ਛੱਜੂ ਸਿੰਘ, ਜਰਨੈਲ ਸਿੰਘ, ਪਰਮਜੀਤ ਸਿੰਘ ਸਮੇਤ ਵਾਰਡ ਨੰਬਰ 22 ਦੇ ਸਮੂਹ ਨਿਵਾਸੀ ਹਾਜ਼ਰ ਸਨ।

# ਸ੍ਰੀ ਕ੍ਰਿਸ਼ਨ ਗਊਸ਼ਾਲਾ ਵਿਖੇ ਸ੍ਰੀ ਰਾਧਾ ਕ੍ਰਿਸ਼ਨ ਗਊ ਮਾਤਾ ਦਾ 8ਵਾਂ ਮੂਰਤੀ ਸਥਾਪਨਾ ਦਿਵਸ ਮਨਾਇਆ



ਮੰਡੀ ਗੋਬਿੰਦਗੜ੍ਹ, 1 ਜੂਨ (ਸੂਦ): ਸ੍ਰੀ ਕ੍ਰਿਸ਼ਨਾ ਗਊਸ਼ਾਲਾ ਟਰੱਸਟ ਮੰਡੀ ਗੋਬਿੰਦਗੜ੍ਹ ਵੱਲੋਂ ਪ੍ਰਧਾਨ ਨਰਾਇਣ ਸਿੰਗਲਾ ਦੀ ਪ੍ਰਧਾਨਗੀ ਹੇਠ ਸ੍ਰੀ ਕ੍ਰਿਸ਼ਨਾ ਗਊਸ਼ਾਲਾ ਵਿਖੇ ਸ੍ਰੀ ਰਾਧਾ ਕ੍ਰਿਸ਼ਨ ਗਊਮਾਤਾ ਦਾ 8ਵਾਂ ਮੂਰਤੀ ਸਥਾਪਨਾ ਦਿਵਸ ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਪ੍ਰੇਮ ਲਤਾ, ਪ੍ਰਸਿੱਧ ਉਦਯੋਗਪਤੀ ਵਿਮਲ ਵਿਨੋਦ ਬਾਂਸਲ, ਵਰੁਣ ਬਾਂਸਲ, ਨੇਹਾ ਬਾਂਸਲ, ਦਿਵਿਤ ਬਾਂਸਲ, ਖਿਆਤੀ ਬਾਂਸਲ, ਰਾਮ ਗੋਪਾਲ ਅਗਰਵਾਲ ਤੇ ਰਮਾ ਨੇ ਸ਼ਿਰਕਤ ਕੀਤੀ। ਪੁਜਾਰੀ ਪੰਡਿਤ ਜਤਿੰਦਰ ਵਸ਼ਿਸ਼ਟ ਨੇ ਸ੍ਰੀ ਗੌਰੀ ਗਣੇਸ਼ ਤੇ ਨਵਗ੍ਰਹਿ ਦੀ ਪੂਜਾ ਕਰਵਾਈ, ਜਿਸ ਉਪਰੰਤ ਸ੍ਰੀ ਰਾਧਾ ਕ੍ਰਿਸ਼ਨ ਤੇ ਗਊ ਮਾਤਾ ਦੀ ਮੂਰਤੀ ਨੂੰ ਗੰਗਾ ਜਲ ਨਾਲ ਇਸ਼ਨਾਨ ਕਰਵਾ ਕੇ ਪੂਜਾ ਕੀਤੀ ਗਈ। ਇਸ ਮੌਕੇ ਮੰਦਰ ਤੇ ਗਊਸ਼ਾਲਾ ਨੂੰ ਸੁੰਦਰ ਢੰਗ ਨਾਲ ਸਜਾਇਆ ਗਿਆ। ਬਾਅਦ ਵਿੱਚ ਸ਼ਰਧਾਲੂਆਂ ਨੂੰ ਫਲ, ਸੁੱਕੇ ਮੇਵੇ, ਬਿਸਕੁਟ, ਕੜੀ ਚੌਲ, ਪੂਰੀ ਛੋਲੇ ਤੇ ਦੇਸੀ ਘਿਓ ਦਾ ਹਲਵੇ ਦਾ ਲੰਗਰ ਛਕਾਇਆ ਗਿਆ। ਇਸ ਮੌਕੇ ਪ੍ਰਧਾਨ ਨਰਾਇਣ ਸਿੰਗਲਾ, ਸ਼ਸ਼ੀ ਸਿੰਗਲਾ, ਕ੍ਰਿਸ਼ਨ ਸਿੰਗਲਾ, ਪਰਸ਼ੋਤਮ ਮਿੱਤਲ, ਸਤਪਾਲ ਗੋਇਲ, ਸੁਸ਼ੀਲ ਮਿੱਤਲ, ਨਰਿੰਦਰ ਮੌਜੂਦ ਭਾਟੀਆ, ਸੰਜੇ ਗਰਗ, ਸੁਗੰਧ ਸਿੰਗਲਾ, ਰਮੇਸ਼ ਬਾਂਸਲ, ਅਮਿਤ ਮਿੱਤਲ, ਰਿਤਿਕਾ ਮਿੱਤਲ, ਠਾਕੁਰ ਕੇਪੀ ਸਿੰਘ, ਅਜੇ ਕੁਮਾਰ ਨੰਦਾ, ਨਰੇਸ਼ ਕੁਮਾਰ ਸ਼ਰਮਾ ਤੇ ਸੰਜੇ ਕੁਮਾਰ ਹਾਜ਼ਰ ਸਨ।

# ਜ਼ਿਲ੍ਹਾ ਪ੍ਰਸ਼ਾਸਨ ਵਪਾਰੀ ਵਰਗ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਚਨਬੱਧ: ਡੀ.ਸੀ.



ਫਾਜ਼ਿਲਕਾ, 1 ਜੂਨ (ਬਖਸ਼ੀਸ਼ ਸਿੰਘ/ ਜਸਪ੍ਰੀਤ ਸਿੰਘ): ਡਿਪਟੀ ਕਮਿਸ਼ਨਰ ਅਮਰਪ੍ਰੀਤ ਕੌਰ ਸੰਧੂ ਨੇ ਵਪਾਰੀ ਵਰਗ ਨਾਲ ਸਬੰਧਤ ਹਰ ਸ਼ਿਕਾਇਤ ਨੂੰ ਪਹਿਲ ਦੇ ਆਧਾਰ 'ਤੇ ਅਤੇ ਨਿਰਧਾਰਿਤ ਸਮੇਂ ਅੰਦਰ ਹੱਲ ਲਈ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਵਪਾਰਕ ਸੰਸਥਾਵਾਂ ਦੇ ਮੈਂਬਰਾਂ ਨਾਲ ਰੀਵਿਊ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਨਾਲ ਵਧੀਕ ਡਿਪਟੀ ਕਮਿਸ਼ਨਰ (ਜਨ.) ਮਨਦੀਪ ਕੌਰ, ਐਸ.ਡੀ.ਐਮ. ਜਲਾਲਾਬਾਦ ਕੰਵਰਜੀਤ ਸਿੰਘ ਮਾਨ, ਚੀਫ ਮਨਿਸਟਰ ਫੀਲਡ ਅਫਸਰ ਬਬਨਦੀਪ ਸਿੰਘ ਵੀ ਹਾਜ਼ਰ ਸਨ। ਡਿਪਟੀ ਕਮਿਸ਼ਨਰ ਨੇ www.punjabdisewa.com ਪੋਰਟਲ 'ਤੇ ਪ੍ਰਾਪਤ ਵਪਾਰੀਆਂ ਦੀਆਂ ਸ਼ਿਕਾਇਤਾਂ ਦਾ ਰਿਵਿਊ ਕੀਤਾ। ਇਸ ਦੌਰਾਨ ਉਨ੍ਹਾਂ ਨਗਰ ਨਿਗਮ ਦੇ ਅਧਿਕਾਰੀਆਂ ਨੂੰ ਸਬੰਧਤ ਸ਼ਿਕਾਇਤਾਂ ਜਿਵੇਂ ਕਿ ਮੰਡੀਆਂ ਦੀਆਂ ਤਕਮੀਨਾਂ, ਸੜਕਾਂ 'ਤੇ ਟੁਆਇਟ ਵਾਸਤੇ ਅਸਟੀਮੇਟ ਤੇ ਸਾਫ-ਸਫਾਈ ਤੇ ਬੱਲੂਆਣਾ ਬੀਡੀਪੀਓ ਨੂੰ ਸੜਕਾਂ, ਬੱਸ ਸਟੈਂਡ, ਸੀ.ਸੀ.ਟੀ.ਵੀ. ਕੈਮਰੇ, ਪਬਲਿਕ ਟੌਆਇਲਟ ਆਦਿ ਦੀ ਰਿਪੇਅਰ ਤੇ ਸਾਫ-ਸਫਾਈ ਦੀਆਂ ਸ਼ਿਕਾਇਤਾਂ ਦੇ ਤੁਰੰਤ ਹੱਲ ਕਰਨ ਦੇ ਨਿਰਦੇਸ਼ ਦਿੱਤੇ। ਇਸ ਤੋਂ ਇਲਾਵਾ ਫਾਜ਼ਿਲਕਾ ਦੀਆਂ ਸ਼ਿਕਾਇਤਾਂ ਜਿਵੇਂ ਕਿ ਬਿਜਲੀ ਬੋਰਡ ਦੀਆਂ ਢਿੱਲੀਆਂ ਤਾਰਾਂ ਸਬੰਧੀ ਐਕਸੀਅਨ ਬਿਜਲੀ ਬੋਰਡ ਤੇ ਚੋਰੀਆਂ ਦੀਆਂ ਵਾਰਦਾਤਾਂ ਬਾਰੇ ਪੁਲਿਸ ਵਿਭਾਗ ਦੇ ਅਧਿਕਾਰੀਆਂ ਨੂੰ ਹੱਲ ਕਰਨ ਲਈ ਕਿਹਾ। ਇਸੇ ਤਰ੍ਹਾਂ ਜਲਾਲਾਬਾਦ ਦੀਆਂ ਸ਼ਿਕਾਇਤਾਂ ਜਿਵੇਂ ਕਿ ਊਧਮ ਸਿੰਘ ਪਾਰਕ 'ਚ ਵਾਟਰ ਸਪਲਾਈ ਦੇ ਪ੍ਰਬੰਧ, ਜਨਤਾ ਭਵਨ ਨੇੜੇ ਗਊਸ਼ਾਲਾ ਰੋਡ 'ਤੇ ਪਾਰਕਿੰਗ ਸਮੱਸਿਆ ਦੇ ਹੱਲ ਤੇ ਸਾਫ-ਸਫਾਈ ਬਾਰੇ ਕਾਰਜ ਸਾਧਕ ਅਫਸਰ ਜਲਾਲਾਬਾਦ ਨੂੰ ਤੁਰੰਤ ਹੱਲ ਦੇ ਨਿਰਦੇਸ਼ ਦਿੱਤੇ।

# ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਪ੍ਰਧਾਨ ਬਣਾਏ ਜਾਣ ਦੀ ਖੁਸ਼ੀ 'ਚ ਲੱਡੂ ਵੰਡੇ



ਫਿਰੋਜ਼ਪੁਰ, 1 ਜੂਨ (ਤਿਵਾੜੀ): ਅੱਜ ਫਿਰੋਜ਼ਪੁਰ ਵਿਖੇ ਰਾਣਾ ਗੁਰਮੀਤ ਸਿੰਘ ਸੋਢੀ ਦੇ ਸਮਰਥਕਾਂ ਦਾ ਖੁਸ਼ੀ ਦਾ ਮਾਹੌਲ ਦੇਖਣ ਨੂੰ ਮਿਲਿਆ, ਜਿੱਥੇ ਉਨ੍ਹਾਂ ਦੇ ਸਪੁੱਤਰ ਹੀਰਾ ਸੋਢੀ ਨੇ ਆਪਣੇ ਸਮਰਥਕਾਂ ਸਮੇਤ ਭਾਰਤੀ ਜਨਤਾ ਪਾਰਟੀ ਪੰਜਾਬ ਦੇ ਨਵ-ਨਿਯੁਕਤ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੂੰ ਪੰਜਾਬ ਪ੍ਰਧਾਨ ਬਣਾਏ ਜਾਣ ਦੀ ਖੁਸ਼ੀ ਵਿੱਚ ਲੱਡੂ ਵੰਡ ਕੇ ਜਸ਼ਨ ਮਨਾਇਆ। ਇਸ ਮੌਕੇ ਹੀਰਾ ਸੋਢੀ ਤੇ ਉਨ੍ਹਾਂ ਦੇ ਸਾਥੀਆਂ ਨੇ ਕੇਵਲ ਸਿੰਘ ਢਿੱਲੋਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਭਾਜਪਾ ਪੰਜਾਬ ਵਿੱਚ ਹੋਰ ਮਜ਼ਬੂਤ ਹੋਵੇਗੀ ਤੇ ਪਾਰਟੀ ਨਵੇਂ ਕੀਰਤੀਮਾਨ ਸਥਾਪਤ ਕਰੇਗੀ। ਸਮਾਗਮ ਦੌਰਾਨ ਹਾਜ਼ਰ ਸਾਰੇ ਸਾਥੀਆਂ ਨੇ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾਇਆ ਤੇ ਪੰਜਾਬ ਪ੍ਰਧਾਨ ਬਣਨ ਦੀ ਖੁਸ਼ੀ ਸਾਂਝੀ ਕੀਤੀ।

# ਰਵਨੀਤ ਬਿੱਟੂ ਨੇ ਦੋ ਸਾਲ ’ਚ ਪੰਜਾਬ ਲਈ ਕੁਝ ਨਹੀਂ ਕੀਤਾ : ਵੜਿੰਗ

ਲੁਧਿਆਣਾ, 1 ਜੂਨ (ਰਵਿੰਦਰ ਸਿੰਘ ਨਿੱਝਰ): ਪੰਜਾਬ ਕਾਂਗਰਸ ਪ੍ਰਧਾਨ



ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਹੈ ਕਿ ਪਾਰਟੀ ਪੂਰੀ ਤਰ੍ਹਾਂ ਇੱਕਜੁੱਟ ਹੈ ਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 'ਚ ਸੂਬੇ 'ਚ ਮੁੜ ਸੱਤਾ ਵਿੱਚ ਵਾਪਸੀ ਕਰੇਗੀ। ਵੜਿੰਗ, ਜਿਹੜੇ ਲੁਧਿਆਣਾ ਤੋਂ ਲੋਕ ਸਭਾ ਮੈਂਬਰ ਵੀ ਹਨ, ਆਪਣੇ ਸਾਥੀ ਤੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਮਿਲੇ, ਜੋ ਖੇਤੀਬਾੜੀ ਬਾਰੇ ਸੰਸਦੀ ਸਥਾਈ ਕਮੇਟੀ ਦੇ ਚੇਅਰਮੈਨ ਵੀ ਹਨ ਤੇ ਪੀਏਯੂ ਦੇ ਦੌਰੇ 'ਤੇ ਆਏ ਵਫ਼ਦ ਦੀ ਅਗਵਾਈ ਕਰ ਰਹੇ ਸਨ। ਇਸ ਮੌਕੇ ਵੜਿੰਗ ਨੇ ਸਥਾਨਕ ਸੀਨੀਅਰ ਆਗੂਆਂ ਦੇ ਨਾਲ ਪੀਏਯੂ ਕੈਂਪਸ 'ਚ ਚੰਨੀ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਉਹ ਖੁਦ, ਪ੍ਰਤਾਪ ਸਿੰਘ ਬਾਜਵਾ, ਚਰਨਜੀਤ ਸਿੰਘ ਚੰਨੀ, ਸੁਖਜਿੰਦਰ ਸਿੰਘ ਰੰਧਾਵਾ ਅਤੇ ਹੋਰ ਸਾਰੇ ਆਗੂ ਇਕੱਠੇ ਹਨ ਤੇ 2027 ਵਿੱਚ ਪੰਜਾਬ 'ਚ ਕਾਂਗਰਸ ਦੀ ਜਿੱਤ ਯਕੀਨੀ ਬਣਾਉਣਗੇ। ਸੂਬਾ ਕਾਂਗਰਸ ਪ੍ਰਧਾਨ ਨੇ ਚੰਨੀ ਨੂੰ ਇੱਕ ਵਿਸਥਾਰ ਸਹਿਤ ਮੰਗ ਪੱਤਰ ਸੌਂਪਦਿਆਂ, ਪੰਜਾਬ ਖੇਤੀਬਾੜੀ ਯੂਨੀਵਰਸਿਟੀ ਲਈ ਖੋਜ ਕਾਰਜਾਂ ਵਾਸਤੇ ਯਕਮੁਸ਼ਤ 1000 ਕਰੋੜ ਰੁਪਏ ਦੀ ਵਿਸ਼ੇਸ਼ ਗਰਾਂਟ ਅਤੇ ਇਸ ਤੋਂ ਇਲਾਵਾ, ਹਰ ਸਾਲ 50 ਤੋਂ 60 ਕਰੋੜ ਰੁਪਏ ਦੀ ਨਿਯਮਤ ਗਰਾਂਟ ਦੇਣ ਦੀ ਮੰਗ ਕੀਤੀ। ਉਨ੍ਹਾਂ ਨੇ ਕਿਹਾ ਕਿ ਪੀਏਯੂ ਨੂੰ ਲੰਮੇ ਸਮੇਂ ਤੋਂ ਲੋੜੀਂਦੇ ਫੰਡ ਨਹੀਂ ਮਿਲ ਰਹੇ ਹਨ। ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੀ ਜਿੱਤ ਸਬੰਧੀ ਦਾਅਵਿਆਂ ਬਾਰੇ ਪੁੱਛੇ ਜਾਣ 'ਤੇ ਵੜਿੰਗ ਨੇ ਕਿਹਾ ਕਿ ਪਿਛਲੇ 20 ਸਾਲਾਂ ਤੋਂ ਹਮੇਸ਼ਾ ਸੱਤਾਧਾਰੀ ਪਾਰਟੀ ਇਹ ਚੋਣਾਂ ਜਿੱਤਦੀ ਰਹੀ ਹੈ, ਲੇਕਿਨ ਬਾਅਦ ਵਿੱਚ ਵਿਧਾਨ ਸਭਾ ਚੋਣਾਂ ਹਾਰ ਜਾਂਦੀ ਹੈ।

ਇੱਕ ਹੋਰ ਸਵਾਲ ਦੇ ਜਵਾਬ ਵਿੱਚ, ਉਨ੍ਹਾਂ ਆਮ ਸਰਕਾਰ ਦੀਆਂ ਨਲਾਇਕੀਆਂ ਕਾਰਨ ਪੰਜਾਬ ਦੀ ਵਿਗੜ ਰਹੀ ਹਾਲਤ ਤੇ ਖੂਬ ਚਾਨਣਾ ਪਾਇਆ। ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦੀ ਪੁਲਿਸ ਨਾਲ ਹੋਈ ਝੜਪ ਅਤੇ ਬਾਅਦ ਵਿੱਚ ਮੰਗੀ ਮੁਆਫ਼ੀ ਬਾਰੇ ਪੁੱਛੇ ਜਾਣ 'ਤੇ ਵੜਿੰਗ ਨੇ ਉਨ੍ਹਾਂ ਨੂੰ 'ਮੰਦਬੁੱਧੀ' ਕਰਾਰ ਦਿੱਤਾ। ਉਨ੍ਹਾਂ ਨੇ ਕਿਹਾ ਕਿ ਪੁਲਿਸ ਨਾਲ ਉਲਝਣ ਦੀ ਬਜਾਏ ਬਿੱਟੂ ਨੂੰ ਪੰਜਾਬ ਦੇ ਲੋਕਾਂ ਨੂੰ ਦੱਸਣਾ ਚਾਹੀਦਾ ਹੈ ਕਿ ਦੋ ਸਾਲ ਮੰਤਰੀ ਰਹਿ ਕੇ ਉਨ੍ਹਾਂ ਨੇ ਸੂਬੇ ਲਈ ਕੀ ਕੀਤਾ ਹੈ। ਉਨ੍ਹਾਂ ਨੇ ਸਵਾਲ ਕੀਤਾ ਕਿ ਕੀ ਉਨ੍ਹਾਂ ਨੇ ਨੌਜਵਾਨਾਂ ਨੂੰ ਕੋਈ ਰੋਜ਼ਗਾਰ ਦਿੱਤਾ ਹੈ ਜਾਂ ਫਿਰ ਪੰਜਾਬ ਵਿੱਚ ਕੋਈ ਨਵੀਂ ਰੇਲ ਲਾਈਨ ਵਿਛਾਈ ਹੈ? ਕੈਪਟਨ ਅਮਰਿੰਦਰ ਸਿੰਘ ਦੇ ਹਾਲ ਹਾਲ ਹੀ ਵਿੱਚ ਦਿੱਤੇ ਬਿਆਨ ਬਾਰੇ ਉਹਨਾਂ ਆਖਿਆ ਕਿ ਹੁਣ ਸ਼ਾਇਦ ਇਨ੍ਹਾਂ ਨੂੰ ਅਹਿਸਾਸ ਹੋ ਗਿਆ ਹੋਵੇਗਾ ਕਿ ਕਾਂਗਰਸ ਕਿੰਨੀ ਖੁੱਲ੍ਹੀ ਸੋਚ ਵਾਲੀ ਪਾਰਟੀ ਹੈ ਅਤੇ ਭਾਜਪਾ ਵਿੱਚ ਕਿੰਨਾ ਘੁੱਟਣ ਵਾਲਾ ਮਾਹੌਲ ਹੈ।ਇਸ ਮੌਕੇ ਉਨ੍ਹਾਂ ਦੇ ਨਾਲ ਪੰਜਾਬ ਲਾਰਜ ਇੰਡਸਟਰੀਜ਼ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ, ਜੱਸੀ ਖੰਗੂੜਾ, ਸੁਰਿੰਦਰ ਡਾਵਰ, ਕੁਲਦੀਪ ਸਿੰਘ ਵੈਦ, ਸੰਜੇ ਤਲਵਾੜ ਤੇ ਹੋਰ ਸੀਨੀਅਰ ਆਗੂ ਵੀ ਮੌਜੂਦ ਰਹੇ।

# ਫ਼ਤਿਹ ਮਾਰਚ ’ਚ ਸ਼ਮੂਲੀਅਤ ਕਰਨ ਵਾਲਿਆਂ ਦਾ ਬਾਵਾ ਨੇ ਕੀਤਾ ਧੰਨਵਾਦ

ਲੁਧਿਆਣਾ, 1 ਜੂਨ (ਰਵਿੰਦਰ ਸਿੰਘ ਨਿੱਝਰ) ਬਾਬਾ ਬੰਦਾ ਸਿੰਘ ਬਹਾਦਰ ਫਾਊਂਡੇਸ਼ਨ ਦੇ ਅਹੁਦੇਦਾਰਾਂ ਦੀ ਮੀਟਿੰਗ ਫਾਊਂਡੇਸ਼ਨ ਦੇ ਅੰਤਰਰਾਸ਼ਟਰੀ ਪ੍ਰਧਾਨ ਕ੍ਰਿਸ਼ਨ ਕੁਮਾਰ ਬਾਵਾ, ਸਰਪ੍ਰਸਤ ਮਲਕੀਤ ਸਿੰਘ ਦਾਖਾ, ਸੂਬਾ ਪ੍ਰਧਾਨ ਕਰਨੈਲ ਸਿੰਘ ਗਿੱਲ, ਫਾਊਂਡੇਸ਼ਨ ਦੇ ਲੁਧਿਆਣਾ ਦਿਹਾਤੀ ਦੇ ਪ੍ਰਧਾਨ ਤੇਜਾ ਸਿੰਘ ਫਾਊਂਡੇਸ਼ਨ ਦੇ ਵਾਈਸ ਪ੍ਰਧਾਨ ਅਤੇ ਫਤਿਹ ਮਾਰਚ ਦੇ ਕਨਵੀਨਰ ਜਸਵੰਤ ਸਿੰਘ ਛਾਪਾ, ਫਾਊਂਡੇਸ਼ਨ ਦੀ ਮਹਿਲਾ ਵਿੰਗ ਦੀ ਪੰਜਾਬ ਦੀ ਪ੍ਰਧਾਨ ਕਰਮਜੀਤ ਕੌਰ ਛੰਦੜਾ, ਜਗਜੀਵਨ ਸਿੰਘ ਗਰੀਬ ਜਨਰਲ ਸਕੱਤਰ, ਅੰਮ੍ਰਿਤਪਾਲ ਸਿੰਘ ਸ਼ੰਕਰ ਦੀ ਪ੍ਰਧਾਨਗੀ ਹੇਠ ਹੋਈ। ਇਸ ਸਮੇਂ ਬਾਵਾ ਨੇ ਤਰਨਜੀਤ ਸਿੰਘ ਦਾਖਾ ਨੂੰ ਪੱਛਮੀ ਬੰਗਾਲ ਫਾਉਂਡੇਸ਼ਨ ਦਾ ਜਨਰਲ ਸਕੱਤਰ ਨਿਯੁਕਤ ਕੀਤਾ ਜਦਕਿ ਸੋਨੀਆ ਅਰੋੜਾ ਨੂੰ ਫਾਉਂਡੇਸ਼ਨ ਦੀ ਮਹਿਲਾ ਵਿੰਗ ਲੁਧਿਆਣਾ ਸ਼ਹਿਰੀ ਦੀ ਪ੍ਰਧਾਨ ਬਣਾਉਣ ਦਾ ਐਲਾਨ ਕੀਤਾ। ਇਸ ਸਮੇਂ ਗੁਰਬਖਸ਼ ਸਿੰਘ ਬਾਠ ਨੂੰ ਪੰਜਾਬ ਫਾਊਂਡੇਸ਼ਨ ਦਾ ਸਕੱਤਰ ਨਿਯੁਕਤ ਕੀਤਾ।



ਇਸ ਸਮੇਂ ਬੋਲਦਿਆਂ ਬਾਵਾ, ਦਾਖਾ ਤੇ ਛਾਪਾ ਨੇ ਕਿਹਾ ਕਿ 12 ਮਈ ਨੂੰ ਇਤਿਹਾਸਿਕ ਸਰਹਿੰਦ ਫਤਿਹ ਦਿਵਸ ਦੇ ਦਿਹਾੜੇ 'ਤੇ ਵਿਸ਼ਾਲ ਫਤਿਹ ਮਾਰਚ ਵਿੱਚ ਸ਼ਮੂਲੀਅਤ ਕਰਨ ਵਾਲੀਆਂ ਸ਼ਖਸ਼ੀਅਤਾਂ ਅਤੇ ਸਰਪ੍ਰਸਤੀ ਦੇਣ ਵਾਲੇ ਉੱਘੇ ਸਮਾਜਸੇਵੀ ਡਾ. ਐੱਸ.ਪੀ ਸਿੰਘ ਉਬਰਾਏ, ਹੇਮਰਾਜ ਗੋਇਲ, ਇਕਬਾਲ ਸਿੰਘ ਗਿੱਲ, ਗੁਰਮੀਤ ਸਿੰਘ ਗਿੱਲ ਯੂ.ਐੱਸ.ਏ, ਬਹਾਦਰ ਸਿੰਘ ਸਿੱਧੂ ਯੂ.ਐੱਸ.ਏ, ਨਿਰਮਲ ਸਿੰਘ ਗਰੇਵਾਲ, ਰਵੀ ਪੱਬੀਆਂ ਯੂ.ਐੱਸ.ਏ ਅਤੇ ਸੰਤਾਂ ਮਹਾਂਪੁਰਸ਼ਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਜਿਨਾਂ ਤਨ-ਮਨ-ਧੰਨ ਨਾਲ ਯੋਗਦਾਨ ਪਾਇਆ।

ਬਾਵਾ ਤੇ ਛਾਪਾ ਨੇ ਦੱਸਿਆ ਕਿ 9 ਜੂਨ ਨੂੰ ਮਹਾਨ ਯੋਧੇ ਬਾਬਾ ਬੰਦਾ ਸਿੰਘ ਬਹਾਦਰ ਜੀ ਦਾ 310ਵਾਂ ਸ਼ਹੀਦੀ ਦਿਹਾੜਾ ਰਕਬਾ ਭਵਨ ਵਿਖੇ ਮਨਾਵਾਂਗੇ ਜਦਕਿ 9 ਜੂਨ ਨੂੰ ਹੀ ਗੁਰਦੁਆਰਾ ਸ੍ਰੀ ਗੁਰੂ ਨਾਨਕ ਸਿਮਰਨ ਕੇਂਦਰ (ਨੇੜੇ ਇਆਲੀ ਚੌਂਕ) ਵਿਖੇ ਬਾਬਾ ਬੰਦਾ ਸਿੰਘ ਬਹਾਦਰ ਅਤੇ ਉਹਨ ਦੇ ਸਪੁੱਤਰਜੀ ਬਾਬਾ ਅਜੀਤ ਸਿੰਘ ਦੇ ਬੁੱਤ ਸਥਾਪਿਤ ਕੀਤੇ ਜਾਣਗੇ। । ਇਸ ਸਮੇਂ ਸਰਪੰਚ ਪੱਪੀ ਪੰਡੋਰੀ, ਸੁਖਪਾਲ ਸਿੰਘ ਗਿੱਲ ਐਡਵੋਕੇਟ, ਗੁਰਚਰਨ ਸਿੰਘ, ਗੁਰਦਿਆਲ ਸਿੰਘ , ਮਨੋਹਰ ਸੁਆਮੀ, ਦਾਰਾ ਦਾਸ ਬਾਵ, ਸੰਤੋਸ਼ ਰਾਣੀ, ਪਰਾਗ ਅਰੋੜਾ, ਗੁਰਪ੍ਰੀਤ ਸਿੰਘ ਰਕਬਾ, ਗੁਰਦੀਪ ਸਿੰਘ ਕੈਂਥ, ਰਵਿੰਦਰ ਸਿੰਘ ਪ੍ਰਧਾਨ, ਓਮ ਪ੍ਰਕਾਸ਼ ਸੁਆਮੀ, ਹਨੂਮਾਨ ਸੁਆਮੀ, ਵਿਕਾਸ ਸਵਾਮੀ ਤੇ ਬਸੰਤ ਸਿੰਘ ਆਦਿ ਹਾਜਰ ਸਨ।

# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੂਰਬ ਨੂੰ ਸਮਰਪਿਤ ਲੰਗਰ ਲਗਾਇਆ



ਲੁਧਿਆਣਾ, 1 ਜੂਨ (ਰਵਿੰਦਰ ਸਿੰਘ ਨਿੱਝਰ): ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਸਿੱਖ ਇਤਿਹਾਸ ਵਿੱਚ ਪਹਿਲੀ ਤੇ ਦੁਨੀਆਂ ਦੇ ਇਤਿਹਾਸ ਵਿਚ ਇਕ ਲਾਸਾਨੀ ਤੇ ਬੇਮਿਸਾਲ ਸ਼ਹਾਦਤ ਹੈ।ਜਿਸ ਦੇ ਨਾਲ ਸਿੱਖ ਇਤਿਹਾਸ ਵਿੱਚ ਸ਼ਹੀਦੀਆਂ ਦਾ ਇਕ ਨਵਾਂ ਅਧਿਆਇ ਆਰੰਭ ਹੋਇਆ।ਅੱਜ ਸਮੇਂ ਦੀ ਮੁੱਖ ਲੋੜ ਹੈ ਕਿ ਮੌਜੂਦਾ ਸਮੇਂ ਦੀ ਨੌਜਵਾਨ ਪੀੜੀ ਸ੍ਰੀ ਗੁਰੂ ਅਰਜਨ ਦੇਵ ਜੀ ਵੱਲੋਂ ਬਖਸ਼ੇ ਭਗਤੀ ਦੇ ਸੰਕਲਪ ਤੋਂ ਸੇਧ ਲੈ ਕੇ ਬਾਣੀ ਤੇ ਬਾਣੇ ਦੀ ਧਾਰਨੀ ਬਣੇ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਗਿ. ਜਸਵਿੰਦਰ ਸਿੰਘ ਗ੍ਰੰਥੀ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਨੇ ਪ੍ਰਮੁੱਖ ਮਿਊਜ਼ਿਕ ਕੰਪਨੀ ਅੰਮ੍ਰਿਤ ਸਾਗਰ ਦੇ ਪਰਿਵਾਰ ਵੱਲੋਂ ਆਪਣੇ ਸਹਿਯੋਗੀ ਸਾਥੀਆਂ ਦੇ ਨਿੱਘੇ ਸਹਿਯੋਗ ਨਾਲ ਪੰਜਵੇਂ ਪਾਤਸਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਪੁਰਬ ਨੂੰ ਸਮਰਪਿਤ ਸੰਗਤਾਂ ਲਈ ਲਗਾਏ ਗਏ ਅਟੁੱਟ ਲੰਗਰ ਨੂੰ ਵਰਤਾਉਣ ਲਈ ਸਤਿਗੁਰੂ ਦੇ ਚਰਨਾਂ ਵਿੱਚ ਅਰਦਾਸ ਕਰਨ ਉਪਰੰਤ ਕੀਤਾ।ਉਨ੍ਹਾਂ ਨੇ ਕਿਹਾ ਕਿ ਸਮੁੱਚੇ ਸੰਸਾਰ ਭਰ ਵਿੱਚ ਵੱਸਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਜੋੜਨ ਦਾ ਨਿੱਘਾ ਉਪਰਾਲਾ ਕਰ ਰਹੀ ਪ੍ਰਮੁੱਖ ਮਿਊਜ਼ਿਕ ਕੰਪਨੀ ਅੰਮ੍ਰਿਤ ਸਾਗਰ ਦੇ ਡਾਇਰੈਕਟਰ ਬਲਬੀਰ ਸਿੰਘ ਭਾਟੀਆ, ਕਰਨਪ੍ਰੀਤ ਸਿੰਘ ਭਾਟੀਆ ਤੇ ਉਨ੍ਹਾਂ ਦੇ ਪ੍ਰੀਵਾਰਕ ਮੈਂਬਰਾਂ ਵੱਲੋਂ ਪੂਰੀ ਸੇਵਾ ਭਾਵਨਾ ਦੇ ਨਾਲ ਹਰ ਮਹੀਨੇ ਦੀ ਪਹਿਲੀ ਤਰੀਕ ਨੂੰ ਆਪਣੇ ਗ੍ਰਹਿ ਵਿਖੇ ਲੰਗਰ ਲਗਾਉਣ ਦੀ ਸੇਵਾ ਕਰਨਾ, ਸੇਵਾ ਦੇ ਸਕੰਲਪ ਨਾਲ ਜੁੜਨ ਦੀ ਪ੍ਰਤੱਖ ਮਿਸਾਲ ਹੈ। ਇਸ ਸਮੇ ਅੰਮ੍ਰਿਤ ਸਾਗਰ ਦੇ ਡਾਇਰੈਕਟਰ ਬਲਬੀਰ ਸਿੰਘ ਭਾਟੀਆ, ਕਰਨਪ੍ਰੀਤ ਸਿੰਘ ਭਾਟੀਆ, ਪ੍ਰਗਟ ਸਿੰਘ ਗਰੇਵਾਲ, ਤਜਿੰਦਰਪਾਲ ਸਿੰਘ, ਦਾਨ ਸਿੰਘ, ਰਣਜੀਤ ਸਿੰਘ ਰਿੰਕੂ, ਉੱਤਮਜੀਤ ਸਿੰਘ ਸਲੂਜਾ, ਜਗਤਾਰ ਸਿੰਘ, ਰਤਨ ਸਿੰਘ, ਰਵੀ ਕੁਮਾਰ, ਬਾਬੂ ਰਾਮ, ਦਲਜੀਤ ਕੌਰ ਭਾਟੀਆ, ਅਰਵਿੰਦਰ ਕੌਰ, ਨਵਤੇਜ ਸਿੰਘ ਕਾਲੜਾ, ਜੈਸਮੀਨ ਕੌਰ ਭਾਟੀਆ, ਨਵਲੀਨ ਕੌਰ, ਅਮਨਦੀਪ ਕੌਰ ਬੱਗਾ ਆਦਿ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਸ਼ਰਧਾਂਜਲੀ ਸਮਾਗਮ ਕਰਵਾਇਆ



ਜਗਰਾਓਂ, 1 ਜੂਨ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਦੇ ਪਵਿੱਤਰ ਅਵਸਰ 'ਤੇ ਸ਼ਿਵਾਲਿਕ ਸਕੂਲ 'ਚ ਵਿਸ਼ੇਸ਼ ਸ਼ਰਧਾਂਜਲੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਕੁਝ ਬੱਚਿਆਂ ਨੇ ਗੁਰੂ ਜੀ ਦੀ ਮਹਾਨ ਕੁਰਬਾਨੀ ਨੂੰ ਸਮਰਪਿਤ ਕਵਿਤਾਵਾਂ ਪੇਸ਼ ਕੀਤੀਆਂ, ਕੁਝ ਬੱਚਿਆਂ ਨੇ ਗੁਰੂ ਜੀ ਦੇ ਜੀਵਨ ਤੇ ਸਿੱਖਿਆਵਾਂ 'ਤੇ ਭਾਸ਼ਣ ਦਿੱਤੇ ਤੇ ਕੁਝ ਬੱਚਿਆਂ ਨੇ ਸ਼ਬਦ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕੀਤਾ। ਗੁਰੂ ਜੀ ਦੀ ਯਾਦ ਵਿੱਚ ਸਕੂਲ ਦੇ ਵਿਹੜੇ ਵਿੱਚ ਠੰਡੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ। ਸਕੂਲ ਦੀ ਪ੍ਰਿੰਸੀਪਲ ਨੀਲਮ ਸ਼ਰਮਾ, ਡਾਇਰੈਕਟਰ ਡੀ.ਕੇ. ਸਰ, ਡਰਾਈਵਰ, ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੇ ਰਲ ਮਿਲ ਕੇ ਛਬੀਲ ਦੀ ਸੇਵਾ ਕੀਤੀ। ਸਮਾਗਮ ਦੇ ਅੰਤ ਵਿੱਚ ਸਾਰਿਆਂ ਨੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਤੇ ਵਾਹਿਗੁਰੂ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਪ੍ਰਿੰਸੀਪਲ ਨੇ ਦੱਸਿਆ ਕਿ ਸ੍ਰੀ ਗੁਰੂ ਅਰਜਨ ਦੇਵ ਜੀ ਸਿੱਖ ਧਰਮ ਦੇ ਪੰਜਵੇਂ ਗੁਰੂ ਸਨ ਜਿਨ੍ਹਾਂ ਨੇ ਧਰਮ ਅਤੇ ਸੱਚ ਦੀ ਖਾਤਰ ਸ਼ਹਾਦਤ ਦਿੱਤੀ। ਉਨ੍ਹਾਂ ਨੇ ਸ੍ਰੀ ਆਦਿ ਗ੍ਰੰਥ ਸਾਹਿਬ ਦਾ ਸੰਪਾਦਨ ਕੀਤਾ ਤੇ ਸੇਵਾ, ਨਿਮਰਤਾ ਦਾ ਸੰਦੇਸ਼ ਦਿੱਤਾ। ਇਸ ਸਮਾਗਮ ਰਾਹੀਂ ਵਿਦਿਆਰਥੀਆਂ ਨੂੰ ਗੁਰੂ ਜੀ ਦੇ ਸਬਰ, ਹਿੰਮਤ ਤੇ ਸੇਵਾ ਭਾਵ ਦੇ ਗੁਣ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਵਿਦਿਆਰਥੀਆਂ ਨੂੰ "ਤੇਰਾ ਭਾਣਾ ਮੀਠਾ ਲਾਗੈ" ਦਾ ਉਪਦੇਸ਼ ਦਿੱਤਾ ਗਿਆ।

# ਲੁਧਿਆਣਾ ’ਚ ਸ਼ਰੇਆਮ ਫ਼ਾਇਰਿੰਗ ਵਾਲ-ਵਾਲ ਬੱਚਿਆ ਨੌਜਵਾਨ

ਲੁਧਿਆਣਾ, 1 ਜੂਨ (ਵਿਸ਼ਾਲ ਸ਼ਰਮਾ): ਲੁਧਿਆਣਾ ਦੇ ਥਾਣਾ ਡਿਵੀਜ਼ਨ ਨੰਬਰ 3 ਦੇ ਅਧੀਨ ਪੈਂਦੇ ਸ਼ਿੰਗਾਰ ਸਿਨਮਾ ਦੇ ਨੇੜਲੀ ਗਲੀ ਵਿੱਚ ਉਸ ਵੇਲੇ ਦਹਿਸ਼ਤ ਦਾ ਮਹੌਲ ਬਣ ਗਿਆ ਜਦੋਂ ਹੈਪੀ ਨਾਮਕ ਨੌਜਵਾਨ ਉੱਤੇ ਅੰਨ ਪਛਾਤੇ ਹਮਲਾਵਰਾਂ ਵੱਲੋਂ ਗੋਲੀਆਂ ਚਲਾ ਕੇ ਹਮਲਾ ਕੀਤਾ ਗਿਆ। ਜਾਣਕਾਰੀ ਅਨੁਸਾਰ ਨੌਜਵਾਨ ਆਪਣੇ ਘਰ ਦੇ ਬਾਹਰ ਖੜ੍ਹਾ ਸੀ, ਜਦੋਂ ਮੋਟਰਸਾਈਕਲ ਸਵਾਰ 2 ਨੌਜਵਾਨ ਉੱਥੇ ਪਹੁੰਚੇ ਅਤੇ ਫਾਇਰਿੰਗ ਕਰ ਦਿੱਤੀ। ਹਾਲਾਂਕਿ ਕਿਸਮਤ ਚੰਗੀ ਹੋਣ ਕਾਰਨ ਹੈਪੀ ਇਸ ਹਮਲੇ ਵਿੱਚ ਬਾਲ-ਬਾਲ ਬਚ ਗਿਆ ਅਤੇ ਉਸਨੂੰ ਕੋਈ ਗੋਲੀ ਨਹੀਂ ਲੱਗੀ। ਫਾਇਰਿੰਗ ਤੋਂ ਬਾਅਦ ਘਬਰਾਏ ਹਮਲਾਵਰ ਆਪਣਾ ਮੋਟਰਸਾਈਕਲ ਮੌਕੇ 'ਤੇ ਹੀ ਛੱਡ ਕੇ ਫਰਾਰ ਹੋ ਗਏ ਸੂਤਰਾਂ ਮੁਤਾਬਿਕ ਇਹ ਹਮਲਾ ਪੁਰਾਣੀ ਰੰਜਿਸ਼ ਨਾਲ ਜੋੜਿਆ ਜਾ ਰਿਹਾ ਹੈ




ਦੱਸਿਆ ਜਾ ਰਿਹਾ ਹੈ ਕਿ ਸਾਲ 2024 ਵਿੱਚ ਦਰਜ ਇੱਕ ਕਤਲ ਕੇਸ ਨੂੰ ਲੈ ਕੇ ਦੋਵੇਂ ਧਿਰਾਂ ਵਿਚਕਾਰ ਵਿਵਾਦ ਚਲਦਾ ਆ ਰਿਹਾ ਸੀ ਤੇ ਅੱਜ ਦੀ ਵਾਰਦਾਤ ਨੂੰ ਉਸ ਦਾ ਬਦਲਾ ਮੰਨਿਆ ਜਾ ਰਿਹਾ ਹੈ ਪੁਲਿਸ ਪਾਰਟੀ ਨੇ ਜਾਂਚ ਸ਼ੁਰੂ ਕਰ ਦਿੱਤੀ ਹੈ ਘਟਨਾ ਦੀ ਸੂਚਨਾ ਮਿਲਦੇ ਹੀ ਥਾਣਾ ਡਿਵੀਜ਼ਨ ਨੰਬਰ 3 ਦੀ ਪੁਲਿਸ ਮੌਕੇ ਤੇ ਪਹੁੰਚ ਕੇ ਮੋਟਰਸਾਈਕਲ ਨੂੰ ਕਬਜ਼ੇ ਵਿੱਚ ਲੈ ਲਿਆ। ਪੁਲਿਸ ਵੱਲੋਂ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਨਾਲ ਹੀ ਹਮਲਾਵਰਾਂ ਅਤੇ ਉਨਾਂ ਨੂੰ ਸੰਭਾਵਿਤ ਸਾਥੀਆਂ ਦੀ ਭਾਲ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।ਪੁਲਿਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਾਮਲੇ ਦੀ ਹਰ ਪੱਖ ਤੋਂ ਜਾਂਚ ਕੀਤੀ ਜਾ ਰਹੀ ਹੈ ਦੋਸ਼ੀਆਂ ਨੂੰ ਜਲਦ ਤੋਂ ਜਲਦ ਕਾਬੂ ਕਰ ਲਿਆ ਜਾਵੇਗਾ। ਇਸ ਫਾਇਰਿੰਗ ਦੀ ਘਟਨਾ ਤੋਂ ਬਾਅਦ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ।

# ਸੰਗਤਾਂ ਨੇ ਗੁਰਬਾਣੀ ਕੀਰਤਨ ਦਾ ਮਾਣਿਆ ਆਨੰਦ

ਲੁਧਿਆਣਾ, 1 ਜੂਨ (ਰਵਿੰਦਰ ਸਿੰਘ ਨਿੱਝਰ): ਗੁਰਦੁਆਰਾ ਸ਼ਹੀਦਾਂ ਫੇਰੂਮਾਨ ਢੋਲੇਵਾਲ ਚੌਂਕ ਵਿਖੇ ਸਪਤਾਹਿਕ ਗੁਰਮਤਿ ਸਮਾਗਮ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸ਼ਰਧਾ ਭਾਵਨਾ ਨਾਲ ਆਯੋਜਿਤ ਕੀਤਾ ਗਿਆ। ਅੰਮ੍ਰਿਤ ਵੇਲੇ ਤੋਂ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਜੱਥਿਆਂ ਭਾਈ ਹਰਪ੍ਰੀਤ ਸਿੰਘ ਖਾਲਸਾ, ਭਾਈ ਗੁਰਮੇਲ ਸਿੰਘ ਬਰਨਾਲਾ, ਭਾਈ ਗੁਰਦੀਪ ਸਿੰਘ ਜੈਪੁਰ ਵਾਲੇ, ਭਾਈ ਪਰਮਵੀਰ ਸਿੰਘ ਲੁਧਿਆਣਾ ਵਾਲਿਆਂ ਅਤੇ ਵਿਸ਼ੇਸ਼ ਤੌਰ ਤੇ ਪੁੱਜੇ ਭਾਈ ਦਵਿੰਦਰ ਸਿੰਘ ਬਟਾਲਾ ਵਾਲੇ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ ਵਾਲਿਆਂ ਅਤੇ ਉਨ੍ਹਾਂ ਦੇ ਜੱਥੇ ਵੱਲੋਂ ਗੁਰਬਾਣੀ ਕੀਰਤਨ ਦੀ ਸੇਵਾ ਨਿਭਾਈ ਗਈ। ਉਪਰੰਤ ਗੁਰਦੁਆਰਾ ਸਾਹਿਬ ਦੇ ਮੁੱਖ ਕਥਾ ਵਾਚਕ ਭਾਈ ਮਨਪ੍ਰੀਤ ਸਿੰਘ ਨੇ ਗੁਰੂ ਘਰ ਨਤਮਸਤਕ ਹੋਈਆਂ ਸੰਗਤਾਂ ਨਾਲ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦੀਆਂ ਆਖਿਆ ਕਿ ਗੁਰਬਾਣੀ ਨਾਲ ਜੁੜਨ, ਨਾਮ ਸਿਮਰਨ ਕਰਨ ਅਤੇ ਗੁਰੂ ਸਾਹਿਬਾਨ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਨਾਲ ਜੀਵਨ ਦੇ ਅਸਲ ਮਾਰਗ ਦੀ ਸਚਾਈ ਪ੍ਰਾਪਤ ਹੁੰਦੀ ਹੈ। ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਐਡਵੋਕੇਟ ਬਲਵਿੰਦਰ ਸਿੰਘ ਲਾਇਲਪੁਰੀ




ਨੇ ਸੰਗਤਾਂ ਨੂੰ ਗੁਰਬਾਣੀ ਨਾਲ ਜੁੜਨ ਦਾ ਸੱਦਾ ਦਿੰਦਿਆਂ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੇ ਗਏ ਗੁਰਮਤਿ ਸਿਧਾਂਤਾਂ ਨੂੰ ਜੀਵਨ ਵਿੱਚ ਅਪਣਾ ਕੇ ਹੀ ਮਨੁੱਖ ਸੱਚੀ ਆਤਮਿਕ ਸ਼ਾਂਤੀ ਅਤੇ ਸਫਲਤਾ ਪ੍ਰਾਪਤ ਕੀਤੀ ਜਾ ਸਕਦੀ ਹੈ। ਇਹ ਮੌਕੇ ਗੁਰੂ ਕੇ ਲੰਗਰ ਅਟੁੱਟ ਵਰਤਾਏ ਗਏ ਅਤੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।ਇਸ ਸਮੇਂ ਹੋਰਨਾਂ ਤੋਂ ਇਲਾਵਾ ਪਰਮਜੀਤ ਸਿੰਘ ਲਾਇਲਪੁਰੀ, ਤੇਜਿੰਦਰ ਸੀ ਡੰਗ, ਤਰਲੋਚਨ ਸਿੰਘ ਬੱਬਰ, ਮਨਪ੍ਰੀਤ ਸਿੰਘ ਪ੍ਰਿੰਸ, ਗੁਰਜੀਤ ਸਿੰਘ ਟੋਨੀ ਗਿੱਲ ਐਨਆਰਆਈ, ਇੰਦਰਜੀਤ ਸਿੰਘ ਮੱਕੜ, ਜਤਿੰਦਰਪਾਲ ਸਿੰਘ ਸਲੂਜਾ, ਸੁਰਿੰਦਰਜੀਤ ਸਿੰਘ ਮੱਕੜ, ਬਲਜੀਤ ਸਿੰਘ ਦੁਖੀਆ, ਅਵਤਾਰ ਸਿੰਘ ਪਨੇਸਰ, ਪ੍ਰੀਤਮ ਸਿੰਘ ਮਣਕੂ, ਇੰਦਰਜੀਤ ਸਿੰਘ ਗੋਲਾ, ਲਖਵਿੰਦਰ ਸਿੰਘ ਲੱਖਾ, ਸੁਰਿੰਦਰ ਸਿੰਘ ਨਾਰੰਗ, ਮੋਹਨ ਸਿੰਘ ਚੌਹਾਨ, ਅਰਜੁਨ ਸਿੰਘ ਚੀਮਾ, ਪਰਮਿੰਦਰ ਸਿੰਘ, ਰਵਿੰਦਰ ਸਿੰਘ ਰਵੀ, ਗੁਰਮੀਤ ਸਿੰਘ, ਸੁਨੀਲ ਕੁਮਾਰ, ਦਵਿੰਦਰ ਕੌਰ ਸੋਹਲ, ਜਸਮੇਲ ਕੌਰ ਖੇੜੀਕਲਾਂ, ਰਵਨੀਤ ਕੌਰ ਖੇੜੀਕਲਾਂ, ਅਰਵਿੰਦਰ ਕੌਰ ਆਦਿ ਹਾਜ਼ਰ ਸਨ।

# ਬਾਵਾ ਨੇ ਨਗਰ ਨਿਗਮਾਂ ਤੇ ਨਗਰ ਕੌਂਸਲਾਂ ਚੋਣਾਂ ਵਿੱਚ ‘ਆਪ’ ਨੂੰ ਵੱਡੀ ਜਿੱਤ ਦਵਾਉਣ ਲਈ ਵੋਟਰਾਂ ਦਾ ਕੀਤਾ ਧੰਨਵਾਦ

ਲੁਧਿਆਣਾ, 1 ਜੂਨ (ਰਵਿੰਦਰ ਸਿੰਘ ਨਿੱਝਰ): ਆਮ ਆਦਮੀ ਪਾਰਟੀ ਦੇ ਕੰਮਾਂ ਨੂੰ ਤੇ ਨੀ ਤੀ ਆਂ ਨੂੰ ਦੇਖਦੇ ਹੋਏ ਜੋ ਕਿ ਪਿਛਲੇ ਚਾਰ ਸਾਲਾਂ ਦੇ ਵਿੱਚ ਸ ਰ ਕਾ ਰ ਨੇ ਕੰਮ ਕੀ ਤੇ ਹਨ ਹਨ ਲੋਕਾਂ ਨੂੰ ਮੁਫਤ ਬਿਜਲੀ ਦਿੱਤੀ ਹੈ, ਬੱਸ ਸਫਰ ਔਰਤਾਂ ਨੂੰ ਮੁਫਤ ਦਿੱਤਾ ਜਾ ਰਿਹਾ ਹੈ, ਬਜ਼ੁਰਗਾਂ ਨੂੰ ਗੁਰਧਾਮਾਂ ਦੀ ਯਾਤਰਾ ਮੁਫਤ ਕਰਵਾਈ ਜਾ ਰਹੀ ਹੈ, ਆਮ ਸ਼੍ਰੇਣੀ ਦੀਆਂ ਔਰਤਾਂ ਨੂੰ ਪ੍ਰਤੀ ਮਹੀਨਾ 1000 ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1500 ਪ੍ਰਤੀ ਮਹੀਨਾ ਦਿੱਤੇ ਜਾਣ ਦੀ ਸਕੀਮ ਸ਼ੁਰੂ ਕੀਤੀ ਹੈ ਅਤੇ ਹਰ ਵਿਅਕਤੀ ਦਾ 10 ਲੱਖ ਰੁਪਏ ਦਾ ਬੀਮਾ ਕੀਤਾ ਜਾ ਰਿਹਾ ਹੈ। ਇਹਨਾਂ ਸਾਰੀਆਂ ਸਹੂਲਤਾਂ ਨੂੰ ਦੇਖਦੇ ਹੋਏ ਪੰਜਾਬ ਵਿੱਚ ਜਿੱਥੇ ਵੀ ਨਗਰ ਨਿਗਮਾਂ, ਨਗਰ ਕੌਂਸਲ ਆਦਿ ਦੀਆਂ ਚੋਣਾਂ ਹੋਈਆਂ ਹਨ ਉਨ੍ਹਾਂ ਵਿੱਚ ਪੰਜਾਬ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਨੂੰ ਵੱਡਾ ਫਤਵਾ ਦਿੱਤਾ ਹੈ ਅਤੇ ਵਿਰੋਧੀ ਪਾਰਟੀਆਂ ਨੂੰ ਹਾਸ਼ੀਏ ਤੇ ਧੱਕ ਦਿੱਤਾ ਹੈ। ਉਹਨਾਂ ਆਖਿਆ ਕਿ ਉਹ ਪੰਜਾਬ ਦੇ ਸਮੂਹ ਵੋਟਰਾਂ ਦਾ ਧੰਨਵਾਦ ਕਰਦੇ ਹਨ ਜਿਨ੍ਹਾਂ ਨੇ ਆਮ ਆਦਮੀ ਪਾਰਟੀ ਨੂੰ ਬੰਪਰ ਜਿੱਤ ਦਿਵਾਈ ਹੈ। ਉਹਨਾਂ ਆਸ ਪ੍ਰਗਟ ਕੀਤੀ ਕਿ ਅਗਲੇ ਸਾਲ 2027 ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਵੀ ਪੰਜਾਬ ਦੇ ਲੋਕ ਆਮ ਆਦਮੀ ਪਾਰਟੀ ਦੇ ਹੱਕ ਵਿੱਚ ਇਸੇ ਤਰ੍ਹਾਂ ਭੁਗਤਣਗੇ।



# ਕਹਾਣੀਕਾਰ ਲਾਲ ਸਿੰਘ ਦੀ ਵਿਚਾਰਧਾਰਾ ਤੇ ਬਿਰਤਾਂਤ ਵਿਸ਼ੇ 'ਤੇ ਪ੍ਰਵਾਸੀ ਸਾਹਿਤਕਾਰ ਬਿੰਦਰ ਕੋਲੀਆਂ ਵਾਲਾ (ਇਟਲੀ) ਨਾਲ ਰੂ-ਬ-ਰੂ

ਦਸੂਹਾ, 1 ਜੂਨ (ਰਾਜਿੰਦਰ ਸਿੰਘ ਦਸੂਹਾ): ਅੱਜ ਕਹਾਣੀਕਾਰ ਲਾਲ ਸਿੰਘ




ਦਸੂਹਾ ਯਾਦਗਾਰੀ ਸਾਹਿਤਕ ਮੰਚ (ਰਜਿ.) ਦਸੂਹਾ ਵੱਲੋਂ ਪੰਜਾਬੀ ਕਹਾਣੀ ਸਾਹਿਤ ਦੇ ਪ੍ਰਸਿੱਧ ਕਹਾਣੀਕਾਰ ਲਾਲ ਸਿੰਘ ਦੀ ਸਾਹਿਤਕ ਦੇਣ, ਵਿਚਾਰਧਾਰਾ ਤੇ ਵਿਰਤਾਂਤਕ ਕਲਾ ਬਾਰੇ ਪ੍ਰਵਾਸੀ ਸਾਹਿਤਕਾਰ ਬਿੰਦਰ ਕੋਲੀਆਂ ਵਾਲਾ ਨਾਲ ਇੱਕ ਵਿਸ਼ੇਸ਼ ਰੂਬਰੂ ਸਮਾਗਮ ਕੀਤਾ ਗਿਆ। ਆਪਣੇ ਵਿਚਾਰਾਂ ਵਿੱਚ ਪ੍ਰਵਾਸੀ ਸਾਹਿਤਕਾਰ ਬਿੰਦਰ ਕੋਲੀਆਂ ਵਾਲਾ ਕਿਹਾ ਕਿ ਲਾਲ ਸਿੰਘ ਦੀਆਂ ਕਹਾਣੀਆਂ ਪੰਜਾਬ ਦੇ ਆਮ ਲੋਕਾਂ ਦੇ ਜੀਵਨ, ਸਮਾਜਿਕ ਸੰਘਰਸ਼ਾਂ ਤੇ ਮਨੁੱਖੀ ਸਰੋਕਾਰਾਂ ਨੂੰ ਬੜੀ ਸੰਵੇਦਨਸ਼ੀਲਤਾ ਤੇ ਯਥਾਰਥਵਾਦ ਨਾਲ ਪੇਸ਼ ਕਰਦੀਆਂ ਹਨ। ਬਿੰਦਰ ਕੋਲੀਆਂ ਵਾਲਾ ਨੇ ਕਿਹਾ ਕਿ ਲਾਲ ਸਿੰਘ ਦੀ ਵਿਚਾਰਧਾਰਾ ਮਨੁੱਖੀ ਕਦਰਾਂ-ਕੀਮਤਾਂ, ਸਮਾਜਿਕ ਬਰਾਬਰੀ ਤੇ ਇਨਸਾਫ਼ ਦੇ ਸਿਧਾਂਤਾਂ ਨਾਲ ਜੁੜੀ ਹੋਈ ਹੈ। ਉਨ੍ਹਾਂ ਦੀਆਂ ਰਚਨਾਵਾਂ ਵਿੱਚ ਜੀਵਨ ਦੀਆਂ ਜਟਿਲਤਾਵਾਂ, ਪਿੰਡਾਂ ਦੇ ਬਦਲਦੇ ਸਰੂਪ ਤੇ ਆਮ ਮਨੁੱਖ ਦੇ ਦੁੱਖ-ਸੁੱਖ ਨੂੰ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਉਕੇਰਿਆ ਗਿਆ ਹੈ।

ਇਸ ਮੌਕੇ ਪ੍ਰਸਿੱਧ ਲੇਖਕ ਮੋਹਨ ਸਿੰਘ ਮੋਤੀ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਲਾਲ ਸਿੰਘ ਦਾ ਵਿਰਤਾਂਤ ਸਧਾਰਨ ਹੋਣ ਦੇ ਬਾਵਜੂਦ ਪਾਠਕ ਨੂੰ ਆਪਣੇ ਨਾਲ ਜੋੜ ਕੇ ਰੱਖਣ ਦੀ ਸਮਰੱਥਾ ਰੱਖਦਾ ਹੈ। ਪਾਤਰਾਂ ਦੀ ਸਿਰਜਣਾ, ਸੰਵਾਦਾਂ ਦੀ ਸਹਿਜਤਾ ਅਤੇ ਕਥਾ ਦੇ ਪ੍ਰਵਾਹ ਵਿੱਚ ਉਨ੍ਹਾਂ ਦੀ ਵਿਲੱਖਣ ਪਹਿਚਾਣ ਬਣਦੀ ਹੈ। ਉਨ੍ਹਾਂ ਦੀਆਂ ਕਹਾਣੀਆਂ ਕੇਵਲ ਸਾਹਿਤਕ ਰਚਨਾਵਾਂ ਨਹੀਂ ਸਗੋਂ ਸਮੇਂ ਅਤੇ ਸਮਾਜ ਦੇ ਦਸਤਾਵੇਜ਼ ਵੀ ਹਨ। ਇਸ ਮੌਕੇ ਗਲਪਕਾਰ ਸੁਰਿੰਦਰ ਸਿੰਘ ਨੇਕੀ ਨੇ ਕਿਹਾ ਕਿ ਲਾਲ ਸਿੰਘ ਦਾ ਕਹਾਣੀ-ਸਾਹਿਤ ਪੰਜਾਬੀ ਅਦਬ ਦੀ ਅਹਿਮ ਧਰੋਹਰ ਹੈ ਅਤੇ ਨਵੀਂ ਪੀੜ੍ਹੀ ਲਈ ਪ੍ਰੇਰਣਾ ਦਾ ਸਰੋਤ ਬਣਿਆ ਰਹੇਗਾ। ਉਨ੍ਹਾਂ ਦੀਆਂ ਰਚਨਾਵਾਂ ਉੱਤੇ ਹੋਰ ਖੋਜ ਅਤੇ ਚਰਚਾ ਹੋਣੀ ਚਾਹੀਦੀ ਹੈ ਤਾਂ ਜੋ ਪੰਜਾਬੀ ਸਾਹਿਤ ਦੀ ਇਸ ਅਮੋਲ ਵਿਰਾਸਤ ਨੂੰ ਵਿਆਪਕ ਪੱਧਰ 'ਤੇ ਪਹੁੰਚਾਇਆ ਜਾ ਸਕੇ। ਇਸ ਮੌਕੇ ਕਹਾਣੀਕਾਰ ਲਾਲ ਸਿੰਘ ਦਸੂਹਾ ਯਾਦਗਾਰੀ ਸਾਹਿਤਕ ਮੰਚ ( ਰਜਿ.) ਦਸੂਹਾ ਦੇ ਪ੍ਰਧਾਨ ਅਮਰਜੀਤ ਸਿੰਘ ਨੇ ਇਟਲੀ ਸਾਹਿਤ ਸਭਾ ਅਤੇ ਪ੍ਰਵਾਸੀ ਸਾਹਿਤਕਾਰਾਂ ਦਾ ਆਪਣੇ ਪਿਤਾ ਕਹਾਣੀਕਾਰ ਲਾਲ ਸਿੰਘ ਦਸੂਹਾ ਨੂੰ ਸਰਧਾਂਜਲੀ ਅਰਪਿਤ ਕਰਨ ਤੇ ਯਾਦ ਰੱਖਣ ਲਈ ਦਿਲੋਂ ਧੰਨਵਾਦ ਕੀਤਾ ਸਮੂਹ ਹਾਜ਼ਰੀਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਾਹਿਤਕ ਸਮਾਗਮ ਪੰਜਾਬੀ ਭਾਸ਼ਾ, ਸਾਹਿਤ ਤੇ ਸੱਭਿਆਚਾਰ ਦੀ ਪ੍ਰਫੁੱਲਤਾ ਲਈ ਬਹੁਤ ਮਹੱਤਵਪੂਰਨ ਹਨ। ਇਸ ਮੌਕੇ ਮੰਚ ਪ੍ਰਧਾਨ ਅਮਰਜੀਤ ਸਿੰਘ, ਗਲਪਕਾਰ ਸੁਰਿੰਦਰ ਸਿੰਘ ਨੇਕੀ, ਦਲਬੀਰ ਸਿੰਘ ਭੁੱਲਰ, ਭੁਪਿੰਦਰ ਸਿੰਘ ਰਾਜਾ , ਗੁਰਪ੍ਰੀਤ ਸਿੰਘ ਸਹੋਤਾ, ਅਮਰਜੀਤ ਸਿੰਘ ਖਾਕ ਸਮੇਤ ਕਈ ਲੇਖਕ, ਬੁੱਧੀਜੀਵੀ ਅਤੇ ਸਾਹਿਤਕਾਰ ਹਾਜ਼ਿਰ ਸਨ। ਇਸ ਮੌਕੇ ਉਹਨਾਂ ਕਹਾਣੀਕਾਰ ਲਾਲ ਸਿੰਘ ਦਸੂਹਾ ਦੀਆਂ ਅਣਛਪੀਆਂ ਕਹਾਣੀਆਂ ਦਾ ਸੰਗ੍ਰਹਿ ਯੁੱਧਵੀਰ ਰੀਲੀਜ਼ ਕੀਤਾ।

# ਘਲੋਟੀ ਵਾਲੇ ਢਾਡੀ ਜਥੇ ਦਾ ਗਾਇਆ ਧਾਰਮਿਕ ਗੀਤ ‘ਚਰਨ ਕਮਲ’ ਰਿਲੀਜ਼



ਲੁਧਿਆਣਾ, 1 ਜੂਨ (ਰਵਿੰਦਰ ਸਿੰਘ ਨਿੱਝਰ): ਜੋਗੀ ਰਿਕਾਰਡਜ਼ ਵੱਲੋਂ ਢਾਡੀ ਜੱਥਾ ਪਾਲਜੀਤ ਕੌਰ ਘਲੋਟੀ ਅਤੇ ਸਾਥਣਾਂ ਦਾ ਗਾਇਆ ਧਾਰਮਿਕ ਗੀਤ 'ਚਰਨ ਕਮਲ' ਰਿਲੀਜ਼ ਕੀਤਾ ਗਿਆ ਹੈ । ਇਸ ਗੀਤ ਦਾ ਸੰਗੀਤ ਉੱਘੇ ਸੰਗੀਤਕਾਰ ਅਵਤਾਰ ਧੀਮਾਨ ਨੇ ਤਿਆਰ ਕੀਤਾ ਹੈ ਅਤੇ ਇਸ ਦੀ ਵੀਡੀਓ ਵੀ ਉਸੇ ਦੀ ਨਿਰਦੇਸ਼ਨਾ ਹੇਠ ਬਣਾਈ ਗਈ ਹੈ। ਧੀਮਾਨ ਨੇ ਦੱਸਿਆ ਕਿ ਇਹ ਗੀਤ ਜੋਗੀ ਤਲਵੰਡੀ ਵਾਲੇ ਦਾ ਲਿਖਿਆ ਹੋਇਆ ਹੈ। ਇਸ ਦੇ ਬੋਲ 'ਮਾਛੀਵਾੜੇ ਦੇ ਜੰਗਲਾਂ ਨੂੰ ਭਾਗ ਲਾ ਗਏ, ਤੇਰੇ ਚਰਨ ਕਮਲ ਦਾਤਾ ਚਰਨ ਕਮਲ' ਅਧਿਆਤਮਵਾਦ ਦੀ ਗੱਲ ਕਰਦੇ ਹਨ। ਉਨ੍ਹਾਂ ਆਖਿਆ ਕਿ ਸਭ ਕਲਾਕਾਰਾਂ ਦਾ ਫਰਜ਼ ਹੈ ਕਿ ਉਹ ਧਾਰਮਿਕ ਗੀਤਾਂ ਰਾਹੀਂ ਪੰਜਾਬ ਦੇ ਲੋਕਾਂ ਨੂੰ ਉਹਨਾਂ ਦੇ ਵਿਰਸੇ ਤੇ ਸੱਭਿਆਚਾਰ ਤੋਂ ਜਾਣੂ ਕਰਵਾਉਂਦੇ ਰਹਿਣ।

# ਭਾਰਤੀ ਜਨਤਾ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਵੱਲੋਂ ਨਗਰ ਕੌਂਸਲ ਸਬੰਧੀ ਆਗੂਆਂ ਨਾਲ ਅਹਿਮ ਮੀਟਿੰਗ

ਨਵਾਂਸ਼ਹਿਰ, 1 ਜੂਨ (ਸੰਜੀਵ ਕੁਮਾਰ ਬੌਬੀ): ਭਾਰਤੀ ਜਨਤਾ ਪਾਰਟੀ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਦੀ ਪ੍ਰਧਾਨਗੀ ਹੇਠ ਨਗਰ ਕੌਂਸਲ ਨ ਵਾਂ ਸ਼ ਹਿ ਰ ਚੋਣਾਂ ਵਿੱਚ ਭਾਜਪਾ ਵੱਲੋਂ ਚੋਣ ਲੜਨ ਵਾਲੇ ਸਾਰੇ ਉਮੀਦਵਾਰਾਂ ਦੀ ਇੱਕ ਅ ਹਿ ਮ ਮੀ ਟਿੰ ਗ ਆ ਯੋ ਜਿ ਤ ਕੀਤੀ ਗਈ। ਮੀ ਟਿੰ ਗ ਦੌਰਾਨ ਨਗਰ ਕੌਂਸਲ ਚੋਣਾਂ ਦੇ ਨਤੀਜਿਆਂ ਅਤੇ ਸਮੁੱਚੇ ਚੋਣ ਪ੍ਰਚਾਰ ਦਾ ਵਿਸਥਾਰ ਨਾਲ ਮੰਥਨ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਰਾਜਵਿੰਦਰ ਸਿੰਘ ਲੱਕੀ ਨੇ ਸਾਰੇ ਉਮੀਦਵਾਰਾਂ ਤੇ ਪਾਰਟੀ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਭਾਰਤੀ ਜਨਤਾ ਪਾਰਟੀ ਦੇ ਕਾਰਕੁਨਾਂ ਨੇ ਪੂਰੀ ਮਿਹਨਤ ਤੇ ਸਮਰਪਣ ਨਾਲ ਚੋਣ ਮੈਦਾਨ ਵਿੱਚ ਕੰਮ ਕੀਤਾ ਹੈ। ਉਨ੍ਹਾਂ ਕਿਹਾ ਕਿ ਚੋਣਾਂ ਲੋਕਤੰਤਰ ਦਾ ਹਿੱਸਾ ਹਨ ਅਤੇ ਇਨ੍ਹਾਂ ਤੋਂ ਮਿਲੇ ਤਜਰਬਿਆਂ ਦੇ ਆਧਾਰ 'ਤੇ ਪਾਰਟੀ ਭਵਿੱਖ ਵਿੱਚ ਹੋਰ ਮਜ਼ਬੂਤੀ ਨਾਲ ਅੱਗੇ ਵਧੇਗੀ।



ਮੀਟਿੰਗ ਦੌਰਾਨ ਸਾਰੇ ਉਮੀਦਵਾਰਾਂ ਨੇ ਇੱਕ ਸੁਰ ਵਿੱਚ ਪਾਰਟੀ ਦੀ ਵਿਚਾਰਧਾਰਾ ਅਤੇ ਲੀਡਰਸ਼ਿਪ 'ਤੇ ਵਿਸ਼ਵਾਸ ਪ੍ਰਗਟ ਕਰਦਿਆਂ ਆਉਣ ਵਾਲੇ ਸਮੇਂ ਵਿੱਚ ਭਾਰਤੀ ਜਨਤਾ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਨਾਲ ਜੁੜ ਕੇ ਸੰਗਠਨ ਦੇ ਵਿਸਥਾਰ ਲਈ ਮਿਲਜੁਲ ਕੇ ਕੰਮ ਕਰਨ ਦਾ ਸੰਕਲਪ ਲਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ "ਜਤਿੰਦਰ ਸਿੰਘ ਅਟਵਾਲ (ਚੋਣ ਪ੍ਰਭਾਰੀ)" ਤੇ "ਰਾਜ ਕੁਮਾਰ ਅਟਵਾਲ" ਵੀ ਹਾਜ਼ਰ ਹੋਏ। ਉਨ੍ਹਾਂ ਨੇ ਉਮੀਦਵਾਰਾਂ ਅਤੇ ਕਾਰਕੁਨਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪਾਰਟੀ ਦੀ ਤਾਕਤ ਉਸਦੇ ਸਮਰਪਿਤ ਵਰਕਰ ਹਨ ਤੇ ਸੰਗਠਨ ਨੂੰ ਬੂਥ ਪੱਧਰ ਤੱਕ ਹੋਰ ਮਜ਼ਬੂਤ ਬਣਾਉਣ ਲਈ ਲਗਾਤਾਰ ਕੰਮ ਕਰਨ ਦੀ ਲੋੜ ਹੈ।

ਮੀਟਿੰਗ ਦਾ ਮਾਹੌਲ ਬਹੁਤ ਹੀ ਸਕਾਰਾਤਮਕ ਰਿਹਾ ਅਤੇ ਸਾਰੇ ਆਗੂਆਂ ਤੇ ਉਮੀਦਵਾਰਾਂ ਨੇ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਤੇ ਭਵਿੱਖ ਦੀਆਂ ਚੋਣਾਂ ਲਈ ਹੁਣ ਤੋਂ ਹੀ ਤਿਆਰੀ ਸ਼ੁਰੂ ਕਰਨ 'ਤੇ ਜ਼ੋਰ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਨਮਰਤਾ ਖੰਨਾ, ਅਸ਼ਵਨੀ ਨਈਅਰ,ਰਾਜੇਸ਼ ਰਾਮ, ਕਰਨ ਕੁਮਾਰ, ਪੱਲਵੀ, ਬਬੀਤਾ ਕਾਲੀਆ, ਮਨੀਸ਼ ਸ਼ਰਮਾ, ਜਸਕਰਨ ਸਿੰਘ ਸੇਠੀ, ਨਿਰਮਲ ਰਾਜਪੂਤ, ਜਤਿੰਦਰ ਅਬਰੋਲ, ਮੁਨੀਸ਼ ਅਗਨੀਹੋਤਰੀ, ਹਰਵਿੰਦਰ ਕੌਰ ਸਿੰਮੀ, ਚੇਤ ਰਾਮ, ਵਿਸ਼ਾਲ ਸ਼ਰਮਾ, ਸਪਨਾ ਆਦਿ ਹਾਜ਼ਰ ਸਨ।

# ਪ੍ਰਦੇਸ ਗਏ ਪੁੱਤਰਾਂ ਨੂੰ ਸਮਰਪਿਤ ਦਿਓਲ ਦਾ ਲਿਖਿਆ ਗੀਤ 'ਸੁੰਨੀਆਂ ਹਵੇਲੀਆਂ' ਰਿਲੀਜ਼

ਲੁਧਿਆਣਾ, 1 ਜੂਨ (ਰਵਿੰਦਰ ਸਿੰਘ ਨਿੱਝਰ): ਨਾਮਵਰ ਗੀਤਕਾਰ ਤੇ ਨਿ ਰ ਮਾ ਤਾ ਮ ਲ ਕੀ ਤ ਦਿਓਲ ਦਾ ਲਿ ਖਿ ਆ ਸੱ ਜ ਰਾ ਗੀ ਤ ' ਸੁੰ ਨੀ ਆ ਹ ਵੇ ਲੀ ਆਂ' ਜੋ ਕਿ ਪ੍ਰਦੇਸ਼ ਗਏ ਪੁੱਤਰਾਂ ਦੀ ਬਾਤ ਪਾਉਂਦਾ ਹੈ, ਦਿਉਲ ਸਟੂਡੀਓ ਮਿਊਜ਼ਿਕ ਕੰਪਨੀ ਡਾਬਾ ਵੱਲੋਂ ਰਿਲੀਜ਼ ਕੀਤਾ ਗਿਆ ਹੈ। ਮਲਕੀਤ ਦਿਓਲ ਨੇ ਦੱਸਿਆ ਕਿ ਗਾਇਕਾ ਸੀਰਤ ਨੇ ਇਸ ਨੂੰ ਬਹੁਤ ਹੀ ਮਿੱਠੀ ਤੇ ਸੁਰੀਲੀ ਆਵਾਜ਼ ਵਿੱਚ ਗਾਇਆ ਹੈ। ਇਸ ਗੀਤ ਦੇ ਬੋਲ 'ਆਜੋ ਪੁੱਤਰੋ ਵੇ ਪਈਆਂ ਸੁੰਨੀਆਂ ਹਵੇਲੀਆਂ, ਸੁੰਨੀਆਂ ਨੇ ਪਈਆਂ ਇਹ ਹਵੇਲੀਆਂ' ਦਿਲ ਨੂੰ ਬੇਹੱਦ ਟੁੰਬਦੇ ਹਨ। ਇਸ ਦਾ ਸੰਗੀਤ ਅਜਿਹੇ ਰੰਧਾਵਾ ਤੇ ਰਕੇਸ਼ ਸ਼ਰਮਾ ਨੇ ਤਿਆਰ ਕੀਤਾ ਹੈ। ਦਿਓਲ ਨੇ ਦੱਸਿਆ ਕਿ ਇਹ ਗੀਤ ਉਹਨਾਂ ਪ੍ਰਦੇਸੀ ਪੁੱਤਰਾਂ ਨੂੰ ਆਪਣੇ ਘਰ ਪਰਤਣ ਲਈ ਇੱਕ ਸੁਨੇਹਾ ਹੈ ਜਿੰਨ੍ਹਾਂ ਦੇ ਮਾਂ ਬਾਪ ਆਪਣੇ ਪੁੱਤਰਾਂ ਦੇ ਵਿਛੋੜੇ ਵਿੱਚ ਜ਼ਿੰਦਗੀ ਭਰ ਤੜਫਦੇ ਹਨ। ਗੀਤ ਦੇ ਅਖੀਰਲੇ ਅੰਤਰੇ ਵਿੱਚ ਦਿਓਲ ਦੁਆਰਾ ਲਿਖੀਆਂ ਦੋ ਲਾਈਨਾਂ 'ਦਿਓਲ ਜਨਮਭੂਮੀ ਹੀ ਮਾਂ ਹੁੰਦੀ, ਨਾ ਮਾਵਾਂ ਬਣਨ ਸਤੇਲੀਆਂ' ਸਮਾਜ ਨੂੰ ਬਹੁਤ ਹੀ ਵੱਡਾ ਸੁਨੇਹਾ ਦਿੰਦੀਆਂ ਹਨ।



# ਮੁੱਖ ਮੰਤਰੀ ਨਿਵਾਸ ਵੱਲ ਮਾਰਚ ਕਰ ਰਹੇ ਮੁਲਾਜ਼ਮਾਂ ਤੇ ਲਾਠੀਚਾਰਜ ਦੀ ਨਿੰਦਾ

ਲੁਧਿਆਣਾ, 1 ਜੂਨ (ਰਵਿੰਦਰ ਸਿੰਘ ਨਿੱਝਰ): ਜਮਹੂਰੀ ਅਧਿਕਾਰ ਸਭਾ ਪੰਜਾਬ (ਜ਼ਿਲ੍ਹਾ ਲੁਧਿਆਣਾ) ਵਲੋਂ ਚੰਡੀਗੜ੍ਹ ਮੁੱਖ ਮੰਤਰੀ ਪੰਜਾਬ ਦੇ ਨਿਵਾਸ ਵੱਲ ਮਾਰਚ ਕਰ ਰਹੇ ਮੁਲਾਜ਼ਮਾਂ ਤੇ ਲਾਠੀਚਾਰਜ ਕਰਨ ਤੇ ਪਾਣੀ ਦੀਆਂ ਬੁਛਾੜਾਂ ਮਾਰਨ ਦੀ ਨਿੰਦਾ ਕਰਦਿਆਂ ਸਮੂਹ ਜਨਤਕ ਅਤੇ ਜਮਹੂਰੀ



ਟੀਚਰਜ਼ ਫਰੰਟ ਪੰਜਾਬ, ਪੁਰਾਣੀ ਪੈਨਸ਼ਨ ਪ੍ਰਾਪਤੀ ਫਰੰਟ, ਅਤੇ ਹੋਰ ਵੱਖ ਵੱਖ ਮੁਲਾਜ਼ਮ ਜਥੇਬੰਦੀਆਂ ਵੱਲੋਂ ਮੋਹਾਲੀ ਵਿਖੇ ਵੱਡੀ ਰੈਲੀ ਕਰਕੇ ਚੰਡੀਗੜ੍ਹ ਵੱਲ ਮਾਰਚ ਕੀਤਾ ਜਾ ਰਿਹਾ ਸੀ। ਪ੍ਰਦਸ਼ਨਕਾਰੀਆਂ ਵਲੋਂ ਮੁੱਖ ਮੰਤਰੀ ਪੰਜਾਬ ਨਾਲ ਮੀਟਿੰਗ ਕਰਨ ਦੀ ਮੰਗ ਕੀਤੀ ਜਾ ਰਹੀ ਸੀ। ਵੱਖ ਵੱਖ ਮੁਲਾਜ਼ਮ ਜਥੇਬੰਦੀਆਂ ਦੇ ਆਗੂਆਂ ਵੱਲੋਂ ਇਹ ਮੰਗ ਕੀਤੀ ਗਈ ਹੈ ਕਿ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ। 38 ਤਰ੍ਹਾਂ ਦੇ ਮੁਲਾਜ਼ਮਾਂ ਨਾਲ ਇੱਕ ਪਲੇਟਫਾਰਮ ਤੇ ਇਕੱਤਰ ਹੋ ਕੇ ਬੰਦ ਕੀਤੇ ਭੱਤਿਆਂ ਨੂੰ ਬਹਾਲ ਕੀਤਾ ਜਾਵੇ। ਡੀ ਏ ਦੀਆਂ ਬਕਾਇਆ ਕਿਸ਼ਤਾਂ ਦੀ ਰਾਸ਼ੀ ਜਾਰੀ ਕੀਤੀ ਜਾਵੇ। ਪਰ ਕੋਰਟ ਕੇਸ ਲਾਗੂ ਕਰਨ ਦੇ ਬਹਾਨੇ ਸੈਂਕੜੇ ਅਧਿਆਪਕਾਂ ਨੂੰ ਨੌਕਰੀ ਤੋਂ ਬਾਹਰ ਕੱਢਣ ਦੇ ਨੋਟਿਸ ਦਿੱਤੇ ਜਾ ਰਹੇ ਹਨ। ਜਮਹੂਰੀ ਅਧਿਕਾਰ ਸਭਾ ਪੰਜਾਬ ਨੇ ਪੰਜਾਬ ਸਰਕਾਰ ਦੇ ਇਹਨਾਂ ਲੋਕ ਵਿਰੋਧੀ ਵਰਤਾਰਿਆਂ ਰਾਹੀਂ ਸੰਘਰਸ਼ ਕਰ ਰਹੇ ਮੁਲਾਜ਼ਮਾਂ ਤੇ ਹੋਰ ਤਬਕਿਆਂ ਦੀ ਆਵਾਜ਼ ਬੰਦ ਕਰਨ ਦਾ ਭਰਮ ਪਾਲ ਰਹੀ ਸਰਕਾਰ ਨੂੰ ਮੀਟਿੰਗ ਕਰਨ ਉਪਰੰਤ ਮੰਗਾਂ ਮੰਨਣ ਦੀ ਅਪੀਲ ਕੀਤੀ ਹੈ।

ਜਥੇਬੰਦੀਆਂ ਨੂੰ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਡੱਟ ਕੇ ਪਹਿਰਾ ਦੇਣ ਦੀ ਅਪੀਲ ਕੀਤੀ ਹੈ। ਇਸ ਮੌਕੇ ਕਈ ਮੁਲਾਜ਼ਮਾਂ ਨੂੰ ਪੁਲਸੀਆ ਜਬਰ ਦਾ ਸਾਹਮਣਾ ਕਰਨਾ ਪਿਆ ਹੈ, ਜਿਸ ਕਾਰਣ ਕਈ ਮੁਲਾਜ਼ਮਾਂ ਨੂੰ ਸੱਟਾਂ ਵੀ ਲੱਗੀਆਂ ਹਨ। ਪ੍ਰੈਸ ਦੇ ਨਾਮ ਬਿਆਨ ਜਾਰੀ ਕਰਦਿਆਂ ਸਭਾ ਦੇ ਜ਼ਿਲ੍ਹਾ ਲੁਧਿਆਣਾ ਦੇ ਪ੍ਰਧਾਨ ਜਸਵੰਤ ਜੀਰਖ, ਸੀਨੀਅਰ ਮੈਂਬਰ ਪ੍ਰੋ ਏ ਕੇ ਮਲੇਰੀ, ਡਾ. ਹਰਬੰਸ ਗਰੇਵਾਲ, ਸਕੱਤਰ ਅਜਮੇਰ ਦਾਖਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਹੋਰ ਤਬਕਿਆਂ ਦੀਆਂ ਹੱਕੀ ਮੰਗਾਂ ਮੰਨਣ ਦੀ ਬਜਾਏ ਪੁਲਿਸੀ ਜਬਰ ਨਾਲ ਦਬਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ। ਉਹਨਾਂ ਕਿਹਾ ਕਿ ਜਿਹੜੀ ਸਰਕਾਰ ਲੋਕਾਂ ਨਾਲ ਇਹ ਵਾਅਦਾ ਕਰਕੇ ਸੱਤਾ 'ਚ ਆਈ ਹੋਵੇ ਕਿ, ਉਸ ਦੇ ਰਾਜ ਵਿੱਚ ਧਰਨੇ ਲਾਉਣ ਤੋਂ ਪਹਿਲਾਂ ਹੀ ਲੋਕਾਂ ਦੇ ਮਸਲੇ ਹੱਲ ਹੋਇਆ ਕਰਨਗੇ, ਕਿਉਂਕਿ ਉਹ ਖੁਦ ਧਰਨਿਆਂ 'ਚੋਂ ਨਿਕਲੀ ਪਾਰਟੀ ਹੈ।ਪਰ ਸੱਤਾ ਪ੍ਰਾਪਤੀ ਬਾਅਦ ਇਸ ਨੇ ਪਹਿਲੀਆਂ ਪਾਰਟੀਆਂ ਨੂੰ ਵੀ ਲੋਕਾਂ 'ਤੇ ਜਬਰ ਕਰਨ ਵਿੱਚ ਮਾਤ ਪਾ ਦਿੱਤੀ ਹੈ। ਹੋਰ ਸ਼ੰਘਰਸੀ ਤਬਕਿਆਂ ਦੀ ਤਰ੍ਹਾਂ ਡੈਮੋਕ੍ਰੇਟਿਕ

# ਬਾਬਾ ਮਨੋਹਰ ਦਾਸ ਆਸ਼ਰਮ ਵਿਖੇ ਅਧਿਕ ਮਾਸ ਸਬੰਧੀ ਚੰਡੀ ਮਹਾ ਯੱਗ ਅੱਜ ਤੋਂ



ਸਮਰਾਲਾ, 1 ਜੂਨ (ਵਰਿੰਦਰ ਸਿੰਘ ਹੀਰਾ): ਨੇੜਲੇ ਪਿੰਡ ਹੇਡੋਂ ਦੇ ਸੰਤ ਆਸ਼ਰਮ ਸ੍ਰੀ ਬਾਬਾ ਮਨੋਹਰ ਦਾਸ ਆਸ਼ਰਮ ਵਿਖੇ 2 ਤੋਂ 10 ਜੂਨ ਤੱਕ ਅਧਿਕ ਮਾਸ ਦੇ ਸੰਬੰਧ ਵਿੱਚ ਚੰਡੀ ਮਹਾ ਯੱਗ ਦਾ ਆਯੋਜਨ ਕਰਵਾਇਆ ਜਾ ਰਿਹਾ ਹੈ।। ਇਸ ਮਹਾ ਯਗ ਵਿੱਚ ਰੋਜ਼ਾਨਾ ਕਥਾ ਤੇ ਰਾਸਲੀਲਾ ਕੀਤੀ ਜਾਵੇਗੀ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਬਾਬਾ ਮਨੋਹਰ ਦਾਸ ਆਸ਼ਰਮ ਦੇ ਗੱਦੀ ਨਸ਼ੀਨ ਮਹੰਤ ਸਵਾਮੀ ਰਾਮ ਦਿਨੇਸ਼ ਦਾਸ ਨੇ ਦੱਸਿਆ ਕਿ ਮਿਤੀ 2 ਜੂਨ ਤੋਂ ਆਰੰਭ ਹੋਣ ਵਾਲੇ ਚੰਡੀ ਮਹਾ ਯਗ ਦੇ ਆਯੋਜਨ ਵਿੱਚ ਹਰ ਰੋਜ਼ ਸ਼ਾਮ ਤ ਵਜੇ ਤੋਂ 6 ਵਜੇ ਤਕ ਪ੍ਰਸਿੱਧ ਕਥਾਵਾਚਕ ਪੁਨੀਤ ਭਗਤ ਮਾਲੀ ਮਹਾਰਾਜ ਸੰਗਤਾਂ ਨੂੰ ਕਥਾ ਸੁਣਾ ਕੇ ਨਿਹਾਲ ਕਰਨਗੇ ਤੇ ਹਰ ਰੋਜ਼ ਸ਼ਾਮ 7 ਵਜੇ ਤੋਂ ਰਾਤ 11 ਵਜੇ ਤੱਕ ਰਾਸ ਲੀਲਾ ਦਾ ਆਯੋਜਨ ਕੀਤਾ ਜਾਵੇਗਾ। ਮਹੰਤ ਸਵਾਮੀ ਰਾਮ ਦਿਨੇਸ਼ ਦਾਸ ਨੇ ਅੱਗੇ ਦੱਸਿਆ ਕਿ ਇਨਾਂ ਦਿਨਾਂ ਵਿੱਚ ਵਿਸ਼ਾਲ ਭੰਡਾਰਾ ਚਲਦਾ ਰਹੇਗਾ। ਉਹਨਾਂ ਇਲਾਕੇ ਦੀਆਂ ਸੰਗਤਾਂ ਨੂੰ ਇਸ ਕਥਾ ਅਤੇ ਰਾਸਲੀਲਾ ਦਾ ਆਨੰਦ ਮਾਣਨ ਅਤੇ ਆਪਣਾ ਜੀਵਨ ਸਫਲਾ ਕਰਨ ਲਈ 2 ਤੋਂ 10 ਜੂਨ ਤੱਕ ਬਾਬਾ ਮਨੋਹਰ ਆਸ਼ਰਮ ਵਿਖੇ ਆਉਣ ਦੀ ਅਪੀਲ ਕੀਤੀ।

# ਬਹੁ ਕਰੋੜੀ ਡਰੱਗ ਰੈਕੇਟ ਕਿੰਗਪਿਨ ਗੁਰਦੀਪ ਰਾਣੋ ਦੀ ਗ਼ੈਰ-ਕਾਨੂੰਨੀ ਕੋਠੀ ’ਤੇ ਚੱਲਿਆ ਬੁਲਡੋਜ਼ਰ

ਖੰਨਾ/ਲੁਧਿਆਣਾ, 1 ਜੂਨ (ਸੰਜੀਵ ਲਹਿਲ/ਵਿਸ਼ਾਲ ਸ਼ਰਮਾ): ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦੇ ਆਪਣੇ ਸੰਕਲਪ ਨੂੰ ਸਾਕਾਰ ਕਰਨ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚੱਲ ਰਹੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਲਗਾਤਾਰ ਪ੍ਰਭਾਵਸ਼ਾਲੀ ਨਤੀਜੇ ਦੇ ਰਹੀ ਹੈ। ਇਸ ਮੁਹਿੰਮ ਤਹਿਤ ਪੁਲਿਸ ਜ਼ਿਲ੍ਹਾ ਖੰਨਾ ਵਿੱਚ ਅੱਜ ਉਸ ਸਮੇਂ ਵੱਡੀ ਕਾਰਵਾਈ ਦੇਖਣ ਨੂੰ ਮਿਲੀ ਜਦੋਂ ਬਹੁਚਰਚਿਤ ਅਤੇ ਬਹੁ ਕਰੋੜੀ ਡਰੱਗ ਤਸਕਰੀ ਮਾਮਲੇ ਦੇ ਕਿੰਗਪਿੰਨ ਸਾਬਕਾ ਸਰਪੰਚ ਗੁਰਦੀਪ ਸਿੰਘ ਰਾਣੋ ਦੀ ਗੈਰ-ਕਾਨੂੰਨੀ ਉਸਾਰੀ 'ਤੇ ਬੁਲਡੋਜ਼ਰ ਚਲਾਇਆ ਗਿਆ। ਇਸ ਮੌਕੇ ਜ਼ਿਲ੍ਹਾ ਨਗਰ ਯੋਜਨਾਕਾਰ (ਰੈਗੂਲੇਟਰੀ) ਗਲਾਡਾ ਪ੍ਰਦੀਪ ਕੁਮਾਰ ਨੇ ਦੱਸਿਆ ਕਿ ਵਧੀਕ ਮੁੱਖ ਪ੍ਰਸ਼ਾਸਕ ਗਲਾਡਾ ਵਿਕਾਸ ਹੀਰਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਗਲਾਡਾ ਲੁਧਿਆਣਾ ਦੀ ਟੀਮ ਜਿਸ ਵਿੱਚ ਲਾਅ ਅਫਸਰ ਦਿਗਵਿਜੈ ਸਿੰਘ, ਐਸ.ਡੀ.ਈ ਗੁਰਪ੍ਰੀਤ ਸਿੰਘ, ਐਸ.ਡੀ.ਈ ਕਰਨ ਅਗਰਵਾਲ, ਐਸ.ਡੀ.ਈ ਸੁਮੇਸ਼ ਕੌਸ਼ਲ, ਜੇ.ਈ ਵਰਿੰਦਰ ਸਿੰਘ, ਜੇ.ਈ ਅਮਨਦੀਪ ਸਿੰਘ, ਜੇ.ਈ ਰੋਹਿਤ ਗੋਇਲ, ਜੇ.ਈ ਅਕਸ਼ੇ ਵਿਸ਼ਿਸ਼ਟ, ਜੇ.ਈ ਵੀਰਪਾਲ ਸਿੰਘ, ਜੇ.ਈ (ਪੀ.ਐਚ) ਅਮਨਦੀਪ ਸਿੰਘ ਸ਼ਾਮਲ ਸਨ ਵੱਲੋਂ ਪੁਲਿਸ ਜ਼ਿਲ੍ਹਾ ਖੰਨਾ ਦੀ ਪੁਲਿਸ ਫੋਰਸ ਨਾਲ ਗੁਰਦੀਪ ਸਿੰਘ ਰਾਣੋ, ਪਿੰਡ ਰਾਣੋ, ਤਹਿਸੀਲ ਪਾਇਲ, ਜ਼ਿਲ੍ਹਾ ਲੁਧਿਆਣਾ ਦੇ ਅਧਿਕਾਰ ਖੇਤਰ ਪੈਂਦੀ ਨਿਜਾਇਜ ਉਸਾਰੀ ਨੂੰ ਨਿਯਮਾਂ ਅਨੁਸਾਰ ਢਾਹਿਆ ਗਿਆ ਹੈ। ਇਹ ਕਾਰਵਾਈ ਗ੍ਰੇਟਰ ਲੁਧਿਆਣਾ ਏਰੀਆ ਡਿਵੈਲਪਮੈਂਟ ਅਥਾਰਟੀ (ਗਲਾਡਾ) ਵੱਲੋਂ ਪੁਲਿਸ ਜ਼ਿਲ੍ਹਾ ਖੰਨਾ ਦੇ ਐਸ.ਐਸ.ਪੀ ਡਾ.




ਦਰਪਣ ਆਹਲੂਵਾਲੀਆ ਦੇ ਸਹਿਯੋਗ ਨਾਲ ਕੀਤੀ ਗਈ। ਪਾਇਲ ਦੇ ਪਿੰਡ ਰਾਣੋ ਵਿੱਚ ਸਥਿਤ ਕਰੀਬ 11 ਕਨਾਲ 11 ਮਰਲੇ ਵਿੱਚ ਫੈਲੀ ਆਲੀਸ਼ਾਨ ਕੋਠੀ ਦਾ ਕਾਫੀ ਹਿੱਸਾ ਗਲਾਡਾ ਵੱਲੋਂ ਗੈਰ-ਕਾਨੂੰਨੀ ਉਸਾਰੀ ਕਰਾਰ ਦਿੱਤਾ ਗਿਆ ਸੀ। ਇਸ ਤੋਂ ਬਾਅਦ ਨਿਯਮਾਂ ਅਨੁਸਾਰ ਢਾਹੁਣ ਦੀ ਕਾਰਵਾਈ ਨੂੰ ਅੰਜਾਮ ਦਿੱਤਾ ਗਿਆ। ਇਸ ਪੂਰੇ ਆਪ੍ਰੇਸ਼ਨ ਦੀ ਸਭ ਤੋਂ ਖਾਸ ਗੱਲ ਇਹ ਰਹੀ ਕਿ ਐਸ.ਐਸ.ਪੀ ਡਾ. ਦਰਪਣ ਆਹਲੂਵਾਲੀਆ ਦੀ ਸੁਪਰਵਿਜਨ ਹੇਠ ਖੰਨਾ ਪੁਲਿਸ ਨੇ ਬੇਹੱਦ ਸੁਚੱਜੇ ਅਤੇ ਪੇਸ਼ੇਵਰ ਢੰਗ ਨਾਲ ਕਾਨੂੰਨ-ਵਿਵਸਥਾ ਨੂੰ ਬਰਕਰਾਰ ਰੱਖਿਆ। ਸੀਨੀਅਰ ਪੁਲਿਸ ਕਪਤਾਨ ਡਾ. ਦਰਪਣ ਆਹਲੂਵਾਲੀਆ ਦੇ ਦਿਸ਼ਾ-ਨਿਰਦੇਸ਼ਾਂ ਹੇਠ ਪੁਲਿਸ ਵੱਲੋਂ ਪੂਰੀ ਯੋਜਨਾਬੰਦੀ ਨਾਲ ਸੁਰੱਖਿਆ ਪ੍ਰਬੰਧ ਕੀਤੇ ਗਏ ਸਨ। ਕੋਠੀ ਦੇ ਚੱਪੇ-ਚੱਪੇ 'ਤੇ ਪੁਲਿਸ ਤਾਇਨਾਤ ਕੀਤੀ ਗਈ ਸੀ ਤਾਂ ਜੋ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਿਆ ਜਾ ਸਕੇ।

ਡੀ.ਐਸ.ਪੀ ਪਾਇਲ ਹਰਮਨਪ੍ਰੀਤ ਸਿੰਘ ਚੀਮਾ ਨੇ ਦੱਸਿਆ ਕਿ ਗੁਰਦੀਪ ਸਿੰਘ ਰਾਣੋ ਖ਼ਿਲਾਫ਼ ਨਸ਼ਾ ਤਸਕਰੀ ਅਤੇ ਹੋਰ ਸੰਗੀਨ ਧਾਰਾਵਾਂ ਤਹਿਤ 10 ਮਾਮਲੇ ਦਰਜ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਦੀ ਨੀਤੀ ਸਪੱਸ਼ਟ ਹੈ ਕਿ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ। ਜਿੱਥੇ ਅਜਿਹੇ ਅਪਰਾਧੀਆਂ ਨੂੰ ਕਾਨੂੰਨ ਦੇ ਘੇਰੇ ਵਿੱਚ ਲਿਆਂਦਾ ਜਾ ਰਿਹਾ ਹੈ, ਉੱਥੇ ਹੀ ਨਸ਼ਿਆਂ ਦੀ ਕਮਾਈ ਨਾਲ ਬਣੀਆਂ ਗੈਰ-ਕਾਨੂੰਨੀ ਜਾਇਦਾਦਾਂ 'ਤੇ ਵੀ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ। ਖੰਨਾ ਪੁਲਿਸ ਜ਼ਿਲ੍ਹਾ ਵਿੱਚ ਹੋਈ ਇਹ ਵੱਡੀ ਕਾਰਵਾਈ ਪੰਜਾਬ ਸਰਕਾਰ ਦੀ "ਯੁੱਧ ਨਸ਼ਿਆਂ ਵਿਰੁੱਧ" ਮੁਹਿੰਮ ਦੀ ਮਜ਼ਬੂਤੀ ਅਤੇ ਖੰਨਾ ਪੁਲਿਸ ਦੀ ਦ੍ਰਿੜ੍ਹ ਇੱਛਾ ਸ਼ਕਤੀ ਦਾ ਸਪੱਸ਼ਟ ਸਬੂਤ ਹੈ। ਇਸ ਨਾਲ ਨਾ ਸਿਰਫ਼ ਨਸ਼ਾ ਤਸਕਰਾਂ ਵਿੱਚ ਡਰ ਦਾ ਮਾਹੌਲ ਪੈਦਾ ਹੋਇਆ ਹੈ, ਸਗੋਂ ਆਮ ਲੋਕਾਂ ਵਿੱਚ ਇਹ ਭਰੋਸਾ ਵੀ ਮਜ਼ਬੂਤ ਹੋਇਆ ਹੈ ਕਿ ਸਰਕਾਰ ਅਤੇ ਪੁਲਿਸ ਨਸ਼ਾ ਮੁਕਤ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਲਈ ਪੂਰੀ ਗੰਭੀਰਤਾ ਨਾਲ ਕੰਮ ਕਰ ਰਹੀਆਂ ਹਨ।

# ਸਨਮਤੀ ਵਿਮਲ ਜੈਨ ਸਕੂਲ ਵਿਖੇ ਅੱਗ ਸੁਰੱਖਿਆ ਬਾਰੇ ਜਾਗਰੂਕਤਾ ਸੈਮੀਨਾਰ



ਜਗਰਾਓਂ, 1 ਜੂਨ (ਵਿਸ਼ਾਲ ਅੱਤਰੇ ਆਰੀਅਨ ਅੱਤਰੇ): ਸਨਮਤੀ ਵਿਮਲ ਜੈਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ, ਜਗਰਾਓਂ ਵਿਖੇ ਵਿਦਿਆਰਥੀਆਂ ਅਤੇ ਸਟਾਫ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਅੱਗ ਸੁਰੱਖਿਆ ਅਤੇ ਬਚਾਅ ਸਬੰਧੀ ਇੱਕ ਵਿਸ਼ੇਸ਼ ਜਾਗਰੂਕਤਾ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਅੱਗ ਲੱਗਣ ਦੀ ਸਥਿਤੀ ਵਿੱਚ ਬਚਾਅ ਦੇ ਤਰੀਕਿਆਂ ਤੇ ਅੱਗ ਬੁਝਾਉਣ ਵਾਲੇ ਯੰਤਰਾਂ ਦੀ ਸਹੀ ਵਰਤੋਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਪ੍ਰੋਗਰਾਮ ਦੌਰਾਨ ਜਸਵਿੰਦਰ ਸ਼ਰਮਾ ਨੇ ਸਕੂਲ ਦੇ ਸਮੂਹ ਸਟਾਫ ਨੂੰ ਅੱਗ ਲੱਗਣ ਦੇ ਸੰਭਾਵਿਤ ਕਾਰਨਾਂ, ਐਮਰਜੈਂਸੀ ਹਾਲਾਤਾਂ ਵਿੱਚ ਅਪਣਾਈ ਜਾਣ ਵਾਲੀਆਂ ਸਾਵਧਾਨੀਆਂ ਅਤੇ ਅੱਗ ਬੁਝਾਉਣ ਵਾਲੇ ਉਪਕਰਨਾਂ ਦੇ ਪ੍ਰਭਾਵਸ਼ਾਲੀ ਇਸਤੇਮਾਲ ਬਾਰੇ ਪ੍ਰੈਕਟੀਕਲ ਡੈਮੋ ਦੇ ਕੇ ਜਾਣੂ ਕਰਵਾਇਆ। ਉਨ੍ਹਾਂ ਨੇ ਕਿਹਾ ਕਿ ਸਮੇਂ ਸਿਰ ਸਹੀ ਫ਼ੈਸਲਾ ਅਤੇ ਜਾਗਰੂਕਤਾ ਕਿਸੇ ਵੀ ਵੱਡੇ ਹਾਦਸੇ ਨੂੰ ਟਾਲ ਸਕਦੀ ਹੈ।ਇਸ ਮੌਕੇ ਸਕੂਲ ਦੇ ਸਟਾਫ ਮੈਂਬਰਾਂ ਨੇ ਵੀ ਅੱਗ ਸੁਰੱਖਿਆ ਸਬੰਧੀ ਜਾਣਕਾਰੀ ਹਾਸਲ ਕੀਤੀ ਤੇ ਵੱਖ-ਵੱਖ ਸਵਾਲ ਪੁੱਛ ਕੇ ਆਪਣੇ ਸੰਦੇਹ ਦੂਰ ਕੀਤੇ। ਪ੍ਰੋਗਰਾਮ ਦਾ ਮੁੱਖ ਉਦੇਸ਼ ਸਕੂਲ ਪਰਿਵਾਰ ਨੂੰ ਸੁਰੱਖਿਆ ਪ੍ਰਤੀ ਹੋਰ ਜਾਗਰੂਕ ਬਣਾਉਣਾ ਅਤੇ ਕਿਸੇ ਵੀ ਐਮਰਜੈਂਸੀ ਸਥਿਤੀ ਦਾ ਸਾਹਮਣਾ ਕਰਨ ਲਈ ਤਿਆਰ ਕਰਨਾ ਸੀ।ਇਹ ਸਮੂਹ ਪ੍ਰੋਗਰਾਮ ਸਕੂਲ ਦੀ ਪ੍ਰਿੰਸੀਪਲ ਸੁਪ੍ਰਿਆ ਖੁਰਾਣਾ ਦੀ ਯੋਗ ਅਗਵਾਈ ਅਤੇ ਦਿਸ਼ਾ-ਨਿਰਦੇਸ਼ ਹੇਠ ਸਫਲਤਾਪੂਰਵਕ ਸੰਪੰਨ ਹੋਇਆ। ਪ੍ਰਿੰਸੀਪਲ ਸੁਪ੍ਰਿਆ ਖੁਰਾਣਾ ਨੇ ਕਿਹਾ ਕਿ ਵਿਦਿਆਰਥੀਆਂ ਤੇ ਸਟਾਫ ਦੀ ਸੁਰੱਖਿਆ ਸਕੂਲ ਦੀ ਸਭ ਤੋਂ ਵੱਡੀ ਤਰਜੀਹ ਹੈ ਅਤੇ ਇਸ ਤਰ੍ਹਾਂ ਦੇ ਜਾਗਰੂਕਤਾ ਪ੍ਰੋਗਰਾਮ ਭਵਿੱਖ ਵਿੱਚ ਵੀ ਨਿਰੰਤਰ ਕਰਵਾਏ ਜਾਂਦੇ ਰਹਿਣਗੇ ਤਾਂ ਜੋ ਹਰ ਵਿਅਕਤੀ ਐਮਰਜੈਂਸੀ ਸਥਿਤੀਆਂ ਨਾਲ ਨਜਿੱਠਣ ਲਈ ਤਿਆਰ ਰਹੇ।ਅੰਤ ਵਿੱਚ ਸਕੂਲ ਪ੍ਰਬੰਧਕ ਕਮੇਟੀ ਵੱਲੋਂ ਜਸਵਿੰਦਰ ਸ਼ਰਮਾ ਦਾ ਧੰਨਵਾਦ ਕੀਤਾ ਗਿਆ ਅਤੇ ਉਨ੍ਹਾਂ ਦੀ ਸੇਵਾ ਦੀ ਸਰਾਹਨਾ ਕੀਤੀ ਗਈ।

# ਆਪ੍ਰੇਸ਼ਨ ਬਲਿਊ ਸਟਾਰ: ਸਾਰੀ ਕਹਾਣੀ ਕਿਤਾਬਾਂ ਦੀ ਜ਼ੁਬਾਨੀ



## Amritsar: Mrs. Gandhi's Last Battle




ਲੇਖਕ: ਮਾਰਕ ਟੁੱਲੀ ਅਤੇ ਸਤੀਸ਼ ਜੈਕਬ ਪ੍ਰਕਾਸ਼ਨ ਸਾਲ: 1985

ਇਹ ਕਿਤਾਬ BBC ਦੇ ਦੋ ਪ੍ਰਸਿੱਧ ਪੱਤਰਕਾਰਾਂ ਮਾਰਕ ਟੁੱਲੀ ਅਤੇ ਸਤੀਸ਼ ਜੈਕਬ ਵੱਲੋਂ ਲਿਖੀ ਗਈ ਹੈ, ਜੋ ਉਸ ਵੇਲੇ ਦਿੱਲੀ ਵਿੱਚ BBC ਦੇ ਬਿਊਰੋ ਚੀਫ਼ ਅਤੇ ਡਿਪਟੀ ਬਿਊਰੋ ਚੀਫ਼ ਸਨ। ਇਹ ਕਿਤਾਬ ਓਪਰੇਸ਼ਨ ਬਲਿਊ ਸਟਾਰ ਦਾ ਪਹਿਲਾ ਭਰੋਸੇਯੋਗ ਅਤੇ ਵਿਸਤ੍ਰਿਤ ਬਿਰਤਾਂਤ ਮੰਨੀ ਜਾਂਦੀ ਹੈ। ਦੋਵੇਂ ਲੇਖਕ ਉਨ੍ਹਾਂ ਪਹਿਲੇ ਪੱਤਰਕਾਰਾਂ ਵਿੱਚੋਂ ਸਨ ਜਿਨ੍ਹਾਂ ਨੇ ਗੋਲਡਨ ਟੈਂਪਲ ਦੀਆਂ ਕਿਲੇਬੰਦੀਆਂ ਦੀਆਂ ਤਸਵੀਰਾਂ ਲਈਆਂ ਅਤੇ ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਨਾਲ ਖੁਦ ਮੁਲਾਕਾਤ ਕੀਤੀ।

ਪਿਛੋਕੜ ਅਤੇ ਵਿਸ਼ਾ-ਵਸਤੂ: ਕਿਤਾਬ ਵਿੱਚ ਪੰਜਾਬ ਦੀ ਸਿਆਸੀ ਸਥਿਤੀ, ਸੰਤ ਜਰਨੈਲ ਸਿੰਘ ਭਿੰਡਰਾਂਵਾਲੇ ਦੇ ਉਭਾਰ ਅਤੇ ਅਕਾਲੀ ਦਲ ਦੀ ਅੰਦਰੂਨੀ ਫੁੱਟ ਦਾ ਡੂੰਘਾ ਵਿਸ਼ਲੇਸ਼ਣ ਕੀਤਾ ਗਿਆ ਹੈ। ਲੇਖਕਾਂ ਨੇ ਦੱਸਿਆ ਹੈ ਕਿ ਕਿਵੇਂ ਸੰਤ ਭਿੰਡਰਾਂਵਾਲੇ ਨੂੰ ਸ਼ੁਰੂ ਵਿੱਚ ਜ਼ੈਲ ਸਿੰਘ ਅਤੇ ਸੰਜੇ ਗਾਂਧੀ ਨੇ ਆਪਣੇ ਸਿਆਸੀ ਮਨੋਰਥਾਂ ਲਈ ਉਭਾਰਿਆ, ਪਰ ਬਾਅਦ ਵਿੱਚ ਸਥਿਤੀ ਕਾਬੂ ਤੋਂ ਬਾਹਰ ਹੋ ਗਈ। ਇਸ ਤੋਂ ਇਲਾਵਾ, ਆਨੰਦਪੁਰ ਸਾਹਿਬ ਮਤੇ ਦੀਆਂ ਮੰਗਾਂ, ਹਿੰਦੂ-ਸਿੱਖ ਸੰਬੰਧਾਂ ਵਿੱਚ ਆਈ ਦੂਰੀ ਅਤੇ ਕੇਂਦਰ ਸਰਕਾਰ ਦੀ ਢਿੱਲ-ਮੱਠ ਵਾਲੀ ਨੀਤੀ ਦਾ ਵੀ ਵਿਸਥਾਰ ਨਾਲ ਜ਼ਿਕਰ ਕੀਤਾ ਗਿਆ ਹੈ।




ਓਪਰੇਸ਼ਨ ਦਾ ਵਰਣਨ: ਕਿਤਾਬ ਵਿੱਚ 5 ਜੂਨ 1984 ਦੀ ਰਾਤ ਨੂੰ ਸ਼ੁਰੂ ਹੋਏ ਫ਼ੌਜੀ ਹਮਲੇ ਦਾ ਵਿਸਤ੍ਰਿਤ ਵੇਰਵਾ ਦਿੱਤਾ ਗਿਆ ਹੈ। ਫ਼ੌਜ ਨੇ ਜੁਝਾਰੂਆਂ ਦੀ ਤਾਕਤ ਅਤੇ ਤਿਆਰੀ ਨੂੰ ਘੱਟ ਅੰਕਿਆ, ਜਿਸ ਕਾਰਨ ਭਾਰੀ ਜਾਨੀ ਨੁਕਸਾਨ ਹੋਇਆ ਅਤੇ ਅਕਾਲ ਤਖ਼ਤ ਲਗਭਗ ਪੂਰੀ ਤਰ੍ਹਾਂ ਤਬਾਹ ਹੋ ਗਿਆ। ਟੈਂਕਾਂ ਦੀ ਵਰਤੋਂ ਅਤੇ ਨਿਰਦੋਸ਼ ਸ਼ਰਧਾਲੂਆਂ ਦੇ ਮਾਰੇ ਜਾਣ ਨੇ ਸਮੁੱਚੇ ਸਿੱਖ ਭਾਈਚਾਰੇ ਵਿੱਚ ਡੂੰਘੇ ਜ਼ਖ਼ਮ ਲਾਏ।

ਨਤੀਜੇ ਅਤੇ ਪ੍ਰਭਾਵ: ਕਿਤਾਬ 31 ਅਕਤੂਬਰ 1984 ਨੂੰ ਇੰਦਰਾ ਗਾਂਧੀ ਦੀ ਉਨ੍ਹਾਂ ਦੇ ਸਿੱਖ ਅੰਗਰੱਖਿਅਕਾਂ ਵੱਲੋਂ ਕੀਤੀ ਗਈ ਹੱਤਿਆ ਅਤੇ ਉਸ ਤੋਂ ਬਾਅਦ ਹੋਏ ਸਿੱਖ ਵਿਰੋਧੀ ਦੰਗਿਆਂ ਦਾ ਵੀ ਵਿਸ਼ਲੇਸ਼ਣ ਕਰਦੀ ਹੈ। ਲੇਖਕਾਂ ਨੇ ਇਸ ਦੁਖਾਂਤ ਲਈ ਕੇਂਦਰ ਸਰਕਾਰ, ਅਕਾਲੀ ਆਗੂਆਂ ਅਤੇ ਸੰਤ ਭਿੰਡਰਾਂਵਾਲੇ ਸਾਰਿਆਂ ਨੂੰ ਬਰਾਬਰ ਜ਼ਿੰਮੇਵਾਰ ਠਹਿਰਾਇਆ ਹੈ। ਕਿਤਾਬ ਇਹ ਸਵਾਲ ਵੀ ਉਠਾਉਂਦੀ ਹੈ ਕਿ ਕੀ ਗੱਲਬਾਤ ਰਾਹੀਂ ਇਸ ਦੁਖਾਂਤ ਤੋਂ ਬਚਿਆ ਜਾ ਸਕਦਾ ਸੀ।

ਮਹੱਤਤਾ: ਇਹ ਕਿਤਾਬ ਪੰਜਾਬੀ ਭਾਸ਼ਾ ਵਿੱਚ ਵੀ ਅਨੁਵਾਦ ਕੀਤੀ ਗਈ ਹੈ। 1984 ਦੀਆਂ ਘਟਨਾਵਾਂ ਨੂੰ ਸਮਝਣ ਲਈ ਇਹ ਇੱਕ ਜ਼ਰੂਰੀ ਹਵਾਲਾ-ਗ੍ਰੰਥ ਮੰਨੀ ਜਾਂਦੀ ਹੈ ਅਤੇ ਭਾਰਤੀ ਲੋਕਤੰਤਰ ਵਿੱਚ ਘੱਟ-ਗਿਣਤੀ ਸਿਆਸਤ ਅਤੇ ਰਾਜ ਸ਼ਕਤੀ ਦੀਆਂ ਸੀਮਾਵਾਂ ਬਾਰੇ ਅਹਿਮ ਸਬਕ ਦਿੰਦੀ ਹੈ।




ਆਪ੍ਰੇਸ਼ਨ ਬਲਿਊ ਨੂੰ ਵਾਪਰਿਆਂ ਤਕਰੀਬਨ 46 ਸਾਲ ਹੋ ਗਏ ਹਨ। ਇਸ ਲਈ ਜਦੋਂ ਜੂਨ ਮਹੀਨਾ ਆਉਂਦਾ ਹੈ ਤਾਂ ਸਿੱਖ ਕੌਮ ਦੇ ਜ਼ਖ਼ਮ ਹਰੇ ਹੋ ਜਾਂਦੇ ਹਨ ਕਿਉਂਕਿ ਇਹ ਸਿੱਖਾਂ ਦੇ ਪਵਿੱਤਰ ਤੇ ਧਾਰਮਿਕ ਸਥਾਨ ਉੱਤੇ ਅਜਿਹਾ ਹਮਲਾ ਸੀ ਜਿਸ ਤਰ੍ਹਾਂ ਵਿਦੇਸ਼ਾਂ ਵਿੱਚ ਆਏ ਧਾੜਵੀ ਪਿਛਲੇ ਸਮਿਆਂ ਵਿਚ ਕਰਦੇ ਸਨ। ਉਸ ਦੇ ਰਾਜਸੀ ਹਾਲਾਤ ਕਿਉਂ ਖ਼ਰਾਬ ਕੀਤੇ ਜਾ ਰਹੇ ਸਨ, ਪੰਜਾਬ ਨੂੰ ਕਿਉਂ ਅਸਥਿਰ ਕੀਤਾ ਜਾ ਰਿਹਾ ਹੈ ਸੀ? ਇਹ ਸਵਾਲ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਵੀ ਪੁੱਛਣਗੀਆਂ। ਇਹ ਹਾਲਾਤ ਕਿਸ ਤਰ੍ਹਾਂ ਬਣੇ, ਇੰਦਰਾ ਗਾਂਧੀ ਨੇ ਇਹ ਗ਼ਲਤੀ ਕਿਉਂ ਕੀਤੀ ਜਿਸ ਦਾ ਖ਼ਮਿਆਜ਼ਾ ਉਸ ਖ਼ੁਦ ਨੂੰ ਜਾਨ ਦੇ ਕੇ ਭੁਗਤਣਾ ਪਿਆ। ਅਸੀਂ ਪੰਜਾਬ ਵਿਚ ਰਹਿੰਦੇ ਹਾਂ ਇਸ ਲਈ ਕੁਝ ਕਾਰਨ ਤਾਂ ਸਾਨੂੰ ਪਤਾ ਹਨ ਪਰ ਇਸ ਪਿੱਛੇ ਕਿਹੜੀਆਂ ਸ਼ਕਤੀਆਂ ਕੰਮ ਕਰਦੀਆਂ ਸਨ, ਉਨ੍ਹਾਂ ਦਾ ਪਤਾ ਸਾਨੂੰ ਉਸ ਸਮੇਂ ਦੇ ਦਸਤਾਵੇਜ਼ ਜਾਂ ਜਿਨ੍ਹਾਂ ਨੇ ਇਸ ਆਪ੍ਰੇਸ਼ਨ ਨੂੰ ਅੱਖੀਂ ਦੇਖਿਆ ਉਨ੍ਹਾਂ ਦੀਆਂ ਕਿਤਾਬਾਂ ਤੋਂ ਹੀ ਪਤਾ ਲੱਗ ਸਕਦਾ ਹੈ। ਲੇਖਕਾਂ ਨੇ ਆਪਣੇ ਆਪਣੇ ਨਜ਼ਰੀਏ ਨਾਲ ਇਹ ਕਿਤਾਬਾਂ ਲਿਖੀਆਂ ਹਨ। ਕੁਝ ਪੱਤਰਕਾਰ ਹਨ, ਕੁਝ ਪ੍ਰਸ਼ਾਸਕ ਹਨ, ਕੁਝ ਮਿਲਟਰੀ ਅਫ਼ਸਰ ਹਨ ਜਿਨ੍ਹਾਂ ਨੇ ਇਸ ਆਪ੍ਰੇਸ਼ਨ ਨੂੰ ਅੰਜਾਮ ਦਿੱਤਾ ਜਿਨ੍ਹਾਂ ਨੇ ਉਨ੍ਹਾਂ ਹਾਲਾਤ ਨੂੰ ਕਿਤਾਬੀ ਰੂਪ ਦਿੱਤਾ ਹੈ। ਇਸ ਲਈ 1984 ਤੋਂ ਪਹਿਲਾਂ ਦੇ ਹਾਲਾਤ ਅਤੇ ਬਲਿਊ ਸਟਾਰ ਆਪ੍ਰੇਸ਼ਨ ਤੇ ਉਸ ਬਾਅਦ ਦੀਆਂ ਪਰਿਸਥਿਤੀਆਂ ਬਾਰੇ ਜਾਣਕਾਰੀ ਹਾਸਲ ਕਰਨੀ ਹੋਵੇ ਤਾਂ ਵੱਖ-ਵੱਖ ਕਿਤਾਬਾਂ ਪੜ੍ਹਨੀਆਂ ਬਹੁਤ ਜ਼ਰੂਰੀ ਹਨ। ਕਿਤਾਬਾਂ ਤਾਂ ਬਹੁਤ ਸਾਰੀਆਂ ਲਿਖੀਆਂ ਗਈਆਂ ਹਨ। ਕੁਝ ਪ੍ਰਮੁੱਖ ਕਿਤਾਬਾਂ ਦੀ ਸੰਖੇਪ ਜਾਣਕਾਰੀ ਦਿੱਤੀ ਗਈ ਹੈ ਜਿਨ੍ਹਾਂ ਤੋਂ ਪਤਾ ਲੱਗ ਸਕਦਾ ਹੈ ਕਿ ਉਦੋਂ ਦੀ ਕਾਂਗਰਸ ਸਰਕਾਰ ਨੇ ਪੰਜਾਬ ਨੂੰ ਬਰਬਾਦ ਕਰਨ ਅਤੇ ਸਿਆਸੀ ਲਾਹਾ ਖੱਟਣ ਲਈ ਕਿਸ ਤਰ੍ਹਾਂ ਦੀਆਂ ਸਾਜ਼ਿਸ਼ਾਂ ਰਚੀਆਂ। ਕਿਹੜੇ ਸਿਆਸਤਦਾਨ ਸਨ ਜਿਹੜੇ ਇਨ੍ਹਾਂ ਸਾਜ਼ਿਸ਼ਾਂ ਦਾ ਹਿੱਸਾ ਬਣੇ। ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੀ ਉਨ੍ਹਾਂ ਹਾਲਾਤ ਨੂੰ ਬਣਾਉਣ ਵਿੱਚ ਕੀ ਭੂਮਿਕਾ ਰਹੀ। ਇਹ ਸਭ ਕੁਝ ਇਨ੍ਹਾਂ ਵਿੱਚ ਦੱਸਿਆ ਗਿਆ ਹੈ। ਪਾਕਿਸਤਾਨ ਦੀ ਕੀ ਭੂਮਿਕਾ ਰਹੀ, ਇਨ੍ਹਾਂ ਸਾਰੇ ਸਵਾਲਾਂ ਦਾ ਜਵਾਬ ਇਨ੍ਹਾਂ ਕਿਤਾਬਾਂ ਵਿਚੋਂ ਮਿਲਦਾ ਹੈ। ਹੁਣ ਜਿਸ ਤਰ੍ਹਾਂ ਸਾਕਾ ਨੀਲਾ ਤਾਰਾ ਨਾਲ ਸਬੰਧਿਤ ਹਫ਼ਤਾ ਸ਼ੁਰੂ ਹੋ ਗਿਆ ਹੈ, ਇਸ ਸਬੰਧ ਵਿਚ ਰੋਜ਼ ਆਪਣੇ ਪਾਠਕਾਂ ਨੂੰ ਵਿਸਥਾਰਪੂਰਵਕ ਜਾਣਕਾਰੀ ਮੁਹੱਈਆ ਕਰਵਾਵਾਂਗੇ।

**ਦਰਸ਼ਨ ਸਿੰਘ ਦਰਸ਼ਕ**

## Tragedy of Punjab: Operation Bluestar




ਲੇਖਕ: ਕੁਲਦੀਪ ਨੱਯਰ ਅਤੇ ਖ਼ੁਸ਼ਵੰਤ ਸਿੰਘ ਪ੍ਰਕਾਸ਼ਕ: Vision Books, ਨਵੀਂ ਦਿੱਲੀ ਪ੍ਰਕਾਸ਼ਨ ਸਾਲ: ਸਤੰਬਰ 1984 ਸਫ਼ੇ: 192

### ਲੇਖਕਾਂ ਬਾਰੇ

ਇਹ ਕਿਤਾਬ ਦੋ ਅਜਿਹੇ ਮਹਾਨ ਲੇਖਕਾਂ ਦੀ ਸਾਂਝੀ ਰਚਨਾ ਹੈ ਜੋ ਵੱਖ-ਵੱਖ ਧਰਮਾਂ ਨਾਲ ਸੰਬੰਧਿਤ ਸਨ। ਕੁਲਦੀਪ ਨੱਯਰ ਅਤੇ ਖ਼ੁਸ਼ਵੰਤ ਸਿੰਘ — ਇੱਕ ਹਿੰਦੂ ਅਤੇ ਇੱਕ ਸਿੱਖ — ਦੋਵੇਂ ਸਿਆਸੀ ਤੌਰ ਤੇ ਸੈਕੂਲਰ ਟਿੱਪਣੀਕਾਰ ਸਨ। ਇਹ ਕਿਤਾਬ ਓਪਰੇਸ਼ਨ ਬਲਿਊ ਸਟਾਰ ਤੱਕ ਪਹੁੰਚਣ ਵਾਲੇ ਭਰੇ ਇਤਿਹਾਸ ਦਾ ਬਾਰੀਕੀ ਨਾਲ ਕੀਤਾ ਗਿਆ ਪੁਨਰ-ਨਿਰਮਾਣ ਹੈ।

### ਵਿਸ਼ਾ-ਵਸਤੂ

ਕਿਤਾਬ ਵਿੱਚ ਦੋਵੇਂ ਲੇਖਕਾਂ ਨੇ ਹਿੰਦੂ-ਸਿੱਖ ਵੰਡ ਦੀਆਂ ਇਤਿਹਾਸਕ ਅਤੇ ਤਾਜ਼ਾ ਜੜ੍ਹਾਂ ਦੀ ਘੋਖ ਕੀਤੀ ਹੈ। ਉਨ੍ਹਾਂ ਨੇ ਉਨ੍ਹਾਂ ਸਿਆਸੀ ਚਾਲਾਂ ਅਤੇ ਸਾਜ਼ਿਸ਼ਾਂ ਨੂੰ ਬੇਪਰਦ ਕੀਤਾ ਜਿਨ੍ਹਾਂ ਕਾਰਨ ਭਿੰਡਰਾਂਵਾਲੇ ਇੱਕ ਮਸ਼ਹੂਰ ਸ਼ਖ਼ਸੀਅਤ ਬਣਿਆ ਅਤੇ ਫਿਰ ਸਿੱਖਾਂ ਦੇ ਸਭ ਤੋਂ ਪਵਿੱਤਰ ਧਰਮ-ਅਸਥਾਨ ਉੱਤੇ ਫ਼ੌਜੀ ਹਮਲਾ ਹੋਇਆ।

### ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦੇ ਉਭਾਰ ਦਾ ਖੁਲਾਸਾ

ਕੁਲਦੀਪ ਨੱਯਰ ਨੇ ਇਸ ਕਿਤਾਬ ਵਿੱਚ ਦੱਸਿਆ ਹੈ ਕਿ ਇੰਦਰਾ ਗਾਂਧੀ ਦੇ ਪੁੱਤਰ ਸੰਜੇ ਗਾਂਧੀ ਨੇ ਅਕਾਲੀ ਦਲ ਨੂੰ ਚੁਣੌਤੀ ਦੇਣ ਲਈ ਇੱਕ "ਸੰਤ" ਖੜ੍ਹਾ ਕਰਨ ਦਾ ਸੁਝਾਅ ਦਿੱਤਾ। ਦੋ ਸਿੱਖ ਧਾਰਮਿਕ ਆਗੂਆਂ ਨੂੰ ਛਾਂਟਿਆ ਗਿਆ ਅਤੇ ਅੰਤ ਵਿੱਚ ਭਿੰਡਰਾਂਵਾਲੇ ਦੀ ਚੋਣ ਕੀਤੀ ਗਈ ਕਿਉਂਕਿ ਉਹ "ਤਾਕਤਵਰ ਅਤੇ ਦ੍ਰਿੜ੍ਹ" ਲੱਗਦਾ ਸੀ।

### ਆਪ੍ਰੇਸ਼ਨ ਦਾ ਵਰਣਨ ਅਤੇ ਸਵਾਲ

ਇਹ ਕਿਤਾਬ ਆਪ੍ਰੇਸ਼ਨ ਬਲਿਊਸਟਾਰ ਦਾ ਵਿਸਤ੍ਰਿਤ ਵੇਰਵਾ ਦਿੰਦੀ ਹੈ ਅਤੇ ਇਸ ਦੀ ਜ਼ਰੂਰਤ ਅਤੇ ਅਮਲ ਬਾਰੇ ਪਰੇਸ਼ਾਨ ਕਰਨ ਵਾਲੇ ਅਤੇ ਵਿਵਾਦਪੂਰਨ ਸਵਾਲ ਉਠਾਉਂਦੀ ਹੈ। ਓਪਰੇਸ਼ਨ ਤੋਂ ਬਾਅਦ ਕੀਤੀ ਗਈ "ਜ਼ਖ਼ਮਾਂ ਨੂੰ ਭਰਨ ਦੀ ਕੋਸ਼ਿਸ਼" ਨੂੰ ਵੀ ਅਕਸਰ ਅਣਢੁੱਕਵੀਂ ਦੱਸਿਆ ਗਿਆ ਹੈ।

### ਇੱਕ ਇਤਿਹਾਸਕ ਦਸਤਾਵੇਜ਼

ਇਹ ਕਿਤਾਬ ਆਪਣੀ ਸਮੱਗਰੀ ਤੋਂ ਵੱਧ ਕੇ ਉਸ ਦੌਰ ਦੀਆਂ ਭਾਵਨਾਵਾਂ ਦਾ ਇੱਕ ਇਤਿਹਾਸਕ ਦਸਤਾਵੇਜ਼ ਵੀ ਹੈ — ਉਸ ਘਟਨਾ ਦੇ ਮੱਦੇਨਜ਼ਰ, ਜਿਸ ਨੇ ਧਰਮ ਨੂੰ ਭਾਰਤੀ ਸਿਆਸਤ ਦੇ ਕੇਂਦਰ ਵਿੱਚ ਲਿਆ ਦਿੱਤਾ। ਕਿਤਾਬ ਜੂਨ 1984 ਤੋਂ ਸਿਰਫ਼ ਤਿੰਨ ਮਹੀਨੇ ਬਾਅਦ ਪ੍ਰਕਾਸ਼ਿਤ ਹੋਈ।

ਖ਼ੁਸ਼ਵੰਤ ਸਿੰਘ ਅਤੇ ਕੁਲਦੀਪ ਨੱਯਰ ਦਾ ਵੱਖਰਾ ਯੋਗਦਾਨ

ਖ਼ੁਸ਼ਵੰਤ ਸਿੰਘ ਨੇ ਸਮੱਸਿਆ ਦੀਆਂ ਜੜ੍ਹਾਂ ਅਤੇ ਫਿਰਕੂ ਟਕਰਾਅ ਦੇ ਮੂਲ ਕਾਰਨਾਂ ਬਾਰੇ ਡੂੰਘੀ ਜਾਣਕਾਰੀ ਦਿੱਤੀ। ਕੁਲਦੀਪ ਨੱਯਰ ਨੇ ਉਸ ਵੇਲੇ ਸਰਕਾਰ ਅਤੇ ਸਿੱਖ ਸੰਸਥਾਵਾਂ ਅੰਦਰ ਚੱਲ ਰਹੀਆਂ ਗਤੀਵਿਧੀਆਂ ਦਾ ਬਾਰੀਕੀ ਨਾਲ ਵੇਰਵਾ ਦਿੱਤਾ।

### ਮਹੱਤਤਾ

ਲੇਖਕਾਂ ਅਨੁਸਾਰ ਪੰਜਾਬ ਵਿੱਚ ਨਫ਼ਰਤ, ਅਫ਼ਵਾਹਾਂ, ਸ਼ੱਕ ਅਤੇ ਕੁੜੱਤਣ ਦਾ ਮਾਹੌਲ ਸੀ ਅਤੇ ਜੋ ਕੁਝ ਕੀਤਾ ਜਾਣਾ ਚਾਹੀਦਾ ਸੀ, ਉਹ ਨਹੀਂ ਕੀਤਾ ਜਾ ਰਿਹਾ ਸੀ। ਇਹ ਕਿਤਾਬ 1947 ਤੋਂ ਬਾਅਦ ਭਾਰਤ ਦੇ ਸਭ ਤੋਂ ਵੱਡੇ ਰਾਸ਼ਟਰੀ ਸੰਕਟ ਨੂੰ ਸਮਝਣ ਲਈ ਇੱਕ ਜ਼ਰੂਰੀ ਪਾਠ ਮੰਨੀ ਜਾਂਦੀ ਹੈ ਅਤੇ ਅੱਜ ਵੀ ਭਾਰਤੀ ਇਤਿਹਾਸ ਦੇ ਇਸ ਕਾਲੇ ਅਧਿਆਏ ਨੂੰ ਸਮਝਣ ਲਈ ਇੱਕ ਅਹਿਮ ਹਵਾਲਾ-ਗ੍ਰੰਥ ਵਜੋਂ ਜਾਣੀ ਜਾਂਦੀ ਹੈ।

## Operation Blue Star: The True Story




ਲੇਖਕ: ਲੈਫਟੀਨੈਂਟ ਜਨਰਲ ਕੁਲਦੀਪ ਸਿੰਘ ਬਰਾੜ ਪ੍ਰਕਾਸ਼ਕ: UBS Publisher's Distributors Pvt. Ltd. ਸਫ਼ੇ: 182 | ਭਾਸ਼ਾ: ਅੰਗਰੇਜ਼ੀ ਅਤੇ ਪੰਜਾਬੀ

### ਲੇਖਕ ਬਾਰੇ

ਲੈਫਟੀਨੈਂਟ ਜਨਰਲ ਕੁਲਦੀਪ ਸਿੰਘ ਬਰਾੜ ਇੱਕ ਸਿੱਖ ਫ਼ੌਜੀ ਅਫ਼ਸਰ ਸਨ ਜੋ 1971 ਦੀ ਭਾਰਤ-ਪਾਕਿਸਤਾਨ ਜੰਗ ਵਿੱਚ ਵੀ ਸੇਵਾ ਕਰ ਚੁੱਕੇ ਸਨ। ਉਨ੍ਹਾਂ ਨੇ ਇਸ ਕਿਤਾਬ ਵਿੱਚ ਆਪਣੀ ਨਿੱਜੀ ਡਾਇਰੀ, ਸਰਕਾਰੀ ਰਿਕਾਰਡਾਂ ਅਤੇ ਮੁੱਖ ਭਾਗੀਦਾਰਾਂ ਨਾਲ ਕੀਤੀਆਂ ਇੰਟਰਵਿਊਆਂ ਦੇ ਆਧਾਰ ਉੱਤੇ ਇਹ ਬਿਰਤਾਂਤ ਤਿਆਰ ਕੀਤਾ।

### ਆਪ੍ਰੇਸ਼ਨ ਦੀ ਯੋਜਨਾ ਅਤੇ ਅਮਲ

ਇਸ ਆਪ੍ਰੇਸ਼ਨ ਦੇ ਦੋ ਹਿੱਸੇ ਸਨ - ਆਪ੍ਰੇਸ਼ਨ ਮੈਟਲ, ਜੋ ਗੋਲਡਨ ਟੈਂਪਲ ਦੇ ਅਹਾਤੇ ਤੱਕ ਸੀਮਤ ਸੀ, ਅਤੇ ਆਪ੍ਰੇਸ਼ਨ ਸ਼ੌਪ ਜੋ ਪੰਜਾਬ ਦੇ ਪਿੰਡਾਂ ਵਿੱਚ ਸ਼ੱਕੀ ਵਿਅਕਤੀਆਂ ਨੂੰ ਫੜਨ ਲਈ ਚਲਾਇਆ ਗਿਆ। ਫ਼ੌਜ ਨੂੰ **5 ਜੂਨ 1984** ਦੀ ਰਾਤ ਹਮਲਾ ਕਰਨ ਦਾ ਹੁਕਮ ਮਿਲਿਆ। ਜਨਰਲ ਸੁੰਦਰਜੀ ਦੀ ਅਗਵਾਈ ਹੇਠ ਬਰਾੜ ਨੇ ਇਸ ਨੂੰ ਅੰਜ਼ਾਮ ਦਿੱਤਾ ਅਤੇ **7** ਜੂਨ ਦੀ ਸਵੇਰ ਤੱਕ ਫ਼ੌਜ ਦਾ ਮੰਦਰ ਉੱਤੇ ਪੂਰਾ ਕੰਟਰੋਲ ਹੋ ਗਿਆ। ਆਪ੍ਰੇਸ਼ਨ ਤੋਂ ਪਹਿਲਾਂ ਪੰਜਾਬ ਵਿੱਚ ਮੀਡੀਆ ਬਲੈਕਆਊਟ ਲਾਗੂ ਕੀਤਾ ਗਿਆ ਅਤੇ **36** ਘੰਟੇ ਦਾ ਕਰਫਿਊ ਲਾਇਆ ਗਿਆ।

### ਫ਼ੌਜੀ ਚੁਣੌਤੀਆਂ ਅਤੇ ਇਮਾਨਦਾਰੀ

ਬਰਾੜ ਨੇ ਮੰਨਿਆ ਕਿ ਫ਼ੌਜ ਨੇ ਜੁਝਾਰੂਆਂ ਦੀਆਂ ਕਿਲੇਬੰਦੀਆਂ ਅਤੇ ਹਥਿਆਰਾਂ ਦੀ ਤਾਕਤ ਨੂੰ ਘੱਟ ਅੰਕਿਆ, ਜਿਸ ਕਾਰਨ ਫ਼ੌਜੀਆਂ ਅਤੇ ਆਮ ਨਾਗਰਿਕਾਂ ਦੋਵਾਂ ਵਿੱਚ ਅਣਕਿਆਸੀਆਂ ਮੌਤਾਂ ਹੋਈਆਂ। ਸੁਨਹਿਰੀ ਮੰਦਰ ਵਰਗੀ ਪਵਿੱਤਰ ਥਾਂ ਉੱਤੇ ਫ਼ੌਜੀ ਦਖਲਅੰਦਾਜ਼ੀ ਬਾਰੇ ਬਰਾੜ ਦੇ ਅੰਦਰੂਨੀ ਦੁਬਿਧਾ ਅਤੇ ਡੂੰਘੇ ਦੁੱਖ ਦੀ ਝਲਕ ਵੀ ਕਿਤਾਬ ਵਿੱਚ ਮਿਲਦੀ ਹੈ।

### ਟੈਂਕਾਂ ਦੀ ਵਰਤੋਂ ਅਤੇ ਦੋਸ਼ਾਂ ਦਾ ਜਵਾਬ

ਜਦੋਂ ਹਲਕੇ ਹਥਿਆਰਾਂ ਨਾਲ ਹਮਲਾ ਅਸਫਲ ਰਿਹਾ ਤਾਂ ਟੈਂਕਾਂ ਨੂੰ ਅੰਦਰ ਲਿਆਉਣਾ ਪਿਆ। ਬਰਾੜ ਨੇ ਦੱਸਿਆ ਕਿ ਟੈਂਕਾਂ ਦਾ ਮੁੱਖ ਮਕਸਦ ਫ਼ੌਜੀਆਂ ਨੂੰ ਸੁਰੱਖਿਆ ਦੇਣਾ ਸੀ। ਨਾਲ ਹੀ ਬਰਾੜ ਨੇ ਇਹ ਵੀ ਕਿਹਾ ਕਿ ਸੰਤ ਭਿੰਡਰਾਂਵਾਲੇ ਦੇ ਸਾਥੀਆਂ ਵੱਲੋਂ ਹਰਿਮੰਦਰ ਸਾਹਿਬ ਨੂੰ ਉਡਾਉਣ ਦਾ ਡਰ ਬਹੁਤ ਅਸਲੀ ਸੀ, ਇਸ ਲਈ ਜਲਦ ਤੋਂ ਜਲਦ ਕਾਰਵਾਈ ਕਰਨੀ ਪਈ।

### ਕਿਤਾਬ ਦੀ ਵਿਸ਼ੇਸ਼ਤਾ

ਕਿਤਾਬ ਵਿੱਚ ਵਿਸਤ੍ਰਿਤ ਓਪਰੇਸ਼ਨਲ ਨਕਸ਼ੇ, ਫੋਟੋਆਂ ਅਤੇ ਦਸਤਾਵੇਜ਼ ਸ਼ਾਮਲ ਕੀਤੇ ਗਏ ਹਨ ਜੋ ਬਿਰਤਾਂਤ ਦੀ ਸੱਚਾਈ ਨੂੰ ਪ੍ਰਮਾਣਿਤ ਕਰਦੇ ਹਨ। ਕਿਤਾਬ ਨੇ ਕਈ ਮਿੱਥਾਂ, ਆਲੋਚਨਾਵਾਂ ਅਤੇ ਅਰਧ-ਸੱਚਾਈਆਂ ਨੂੰ ਤੋੜਿਆ ਅਤੇ ਉਨ੍ਹਾਂ ਸਵਾਲਾਂ ਦੇ ਜਵਾਬ ਦੇਣ ਦੀ ਕੋਸ਼ਿਸ਼ ਕੀਤੀ ਜੋ ਸਿੱਖਾਂ ਅਤੇ ਸਾਰੇ ਭਾਰਤੀਆਂ ਨੂੰ ਪਰੇਸ਼ਾਨ ਕਰਦੇ ਰਹੇ ਹਨ।

### ਮਹੱਤਤਾ

ਇਹ ਕਿਤਾਬ ਆਧੁਨਿਕ ਭਾਰਤੀ ਇਤਿਹਾਸ ਦੇ ਸਭ ਤੋਂ ਨਾਜ਼ੁਕ ਅਤੇ ਵਿਵਾਦਪੂਰਨ ਦੌਰ ਦਾ ਇੱਕ ਇਮਾਨਦਾਰ ਅਤੇ ਖਰਾ ਬਿਰਤਾਂਤ ਹੈ। ਬਾਅਦ ਵਿੱਚ ਇਸ ਕਿਤਾਬ ਦਾ ਇੱਕ ਨਵਾਂ ਸੰਸਕਰਣ "Thirty Years Later" ਨਾਂ ਦੇ ਵਾਧੂ ਅਧਿਆਏ ਨਾਲ ਵੀ ਪ੍ਰਕਾਸ਼ਿਤ ਕੀਤਾ ਗਿਆ, ਜਿਸ ਵਿੱਚ ਬਰਾੜ ਨੇ ਤਿੰਨ ਦਹਾਕਿਆਂ ਬਾਅਦ ਉਨ੍ਹਾਂ ਘਟਨਾਵਾਂ ਉੱਤੇ ਮੁੜ ਵਿਚਾਰ ਕੀਤਾ।

## Turmoil in Punjab: Before and After Blue Star — An Insider's Story




ਲੇਖਕ: ਰਮੇਸ਼ ਇੰਦਰ ਸਿੰਘ
ਪ੍ਰਕਾਸ਼ਕ: HarperCollins ਪ੍ਰਕਾਸ਼ਨ
ਸਾਲ: 20 ਜੂਨ 2022

### ਲੇਖਕ ਬਾਰੇ

ਰਮੇਸ਼ ਇੰਦਰ ਸਿੰਘ ਇੱਕ ਉੱਘੇ ਸਿਵਲ ਸੇਵਕ ਸਨ ਜਿਨ੍ਹਾਂ ਨੂੰ 1986 ਵਿੱਚ ਪਦਮ ਸ੍ਰੀ ਨਾਲ ਸਨਮਾਨਿਤ ਕੀਤਾ ਗਿਆ। ਉਹ 1984 ਤੋਂ 1987 ਤੱਕ ਅੰਮ੍ਰਿਤਸਰ ਦੇ ਜ਼ਿਲ੍ਹਾ ਮੈਜਿਸਟ੍ਰੇਟ ਰਹੇ ਅਤੇ ਬਾਅਦ ਵਿੱਚ ਪੰਜਾਬ ਦੇ ਚੀਫ਼ ਸੈਕਟਰੀ ਵੀ ਬਣੇ। ਓਪਰੇਸ਼ਨ ਬਲਿਊ ਸਟਾਰ, ਓਪਰੇਸ਼ਨ ਵੁੱਡਰੋਜ਼ ਅਤੇ ਓਪਰੇਸ਼ਨ ਬਲੈਕ ਥੰਡਰ ਪਹਿਲੀ ਵਾਰ ਉਨ੍ਹਾਂ ਦੀ ਸੇਵਾ ਦੌਰਾਨ ਹੀ ਚਲਾਏ ਗਏ।

ਕਿਤਾਬ ਦਾ ਸਮਾਂ-ਕਾਲ ਅਤੇ ਵਿਸ਼ਾ

ਇਹ ਕਿਤਾਬ 1978 ਤੋਂ 1994 ਤੱਕ ਦੇ ਸਿਆਸੀ ਉਥਲ-ਪੁਥਲ ਭਰੇ ਕਾਲ ਨੂੰ ਸਮੇਟਦੀ ਹੈ, ਜੋ ਸਿੱਖਾਂ ਅਤੇ ਨਿਰੰਕਾਰੀਆਂ ਵਿਚਕਾਰ ਮਤਭੇਦਾਂ ਨਾਲ ਸ਼ੁਰੂ ਹੋਇਆ ਅਤੇ ਓਪਰੇਸ਼ਨ ਬਲਿਊ ਸਟਾਰ, ਓਪਰੇਸ਼ਨ ਵੁੱਡਰੋਜ਼ ਅਤੇ ਬਲੈਕ ਥੰਡਰ ਪਹਿਲੀ ਅਤੇ ਦੂਜੀ ਤੱਕ ਫੈਲਿਆ।

### ਕਿਤਾਬ ਦੀ ਵਿਸ਼ੇਸ਼ਤਾ – ਅੰਦਰੂਨੀ ਨਜ਼ਰੀਆ

ਉਸ ਵੇਲੇ ਅੰਮ੍ਰਿਤਸਰ ਦੇ ਜ਼ਿਲ੍ਹਾ ਮੈਜਿਸਟ੍ਰੇਟ ਵਜੋਂ ਰਮੇਸ਼ ਇੰਦਰ ਸਿੰਘ ਨੇ ਉਨ੍ਹਾਂ ਘਟਨਾਵਾਂ ਦਾ ਅੰਦਰੂਨੀ ਦ੍ਰਿਸ਼ਟੀਕੋਣ ਪੇਸ਼ ਕੀਤਾ ਹੈ ਜਿਨ੍ਹਾਂ ਨੇ ਪੰਜਾਬ ਵਿੱਚ ਸਮਾਜਿਕ-ਸਿਆਸੀ ਦਰਾੜਾਂ ਪਾਈਆਂ। ਕਿਤਾਬ ਵਿੱਚ ਪੰਜਾਬ ਵਿੱਚ ਅੱਤਵਾਦੀ ਹਿੰਸਾ, ਫ਼ੌਜੀ ਕਾਰਵਾਈਆਂ ਪ੍ਰਤੀ ਸਰਕਾਰੀ ਜਵਾਬ ਅਤੇ ਹਜ਼ਾਰਾਂ ਨਿਰਦੋਸ਼ ਨਾਗਰਿਕਾਂ ਦੀਆਂ ਮੌਤਾਂ ਦਾ ਵੇਰਵਾ ਦਿੱਤਾ ਗਿਆ ਹੈ।

### ਮੁੱਖ ਖੁਲਾਸੇ

ਕਿਤਾਬ ਵਿੱਚ ਇਹ ਵੀ ਖ਼ੁਲਾਸਾ ਕੀਤਾ ਗਿਆ ਹੈ ਕਿ ਸੰਤ ਲੌਂਗੋਵਾਲ ਨੇ ਆਪ ਪੱਤਰਕਾਰ ਕੁਲਦੀਪ ਨੱਯਰ ਨੂੰ ਦਿੱਤੀ ਇੱਕ ਇੰਟਰਵਿਊ ਵਿੱਚ ਮੰਨਿਆ ਕਿ ਕੁਝ ਅਣਜਾਣ ਵਿਅਕਤੀ ਉਨ੍ਹਾਂ ਕੋਲ ਆਏ ਅਤੇ ਭਿੰਡਰਾਂਵਾਲੇ ਨੂੰ ਮਾਈਕ ਉੱਤੇ ਖ਼ਾਲਿਸਤਾਨ ਦੇ ਜਨਮ ਦਾ ਐਲਾਨ ਕਰਨ ਲਈ ਕਿਹਾ ਗਿਆ ਸੀ, ਪਰ ਅਜਿਹਾ ਐਲਾਨ ਕਦੇ ਨਹੀਂ ਹੋਇਆ।

### ਦਿੱਲੀ ਦੰਗਿਆਂ ਦਾ ਵਰਣਨ

ਕਿਤਾਬ ਵਿੱਚ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਦੀ ਕਤਲ ਅਤੇ ਉਸ ਤੋਂ ਬਾਅਦ ਦਿੱਲੀ ਵਿੱਚ ਲਗਭਗ 3,000 ਸਿੱਖਾਂ ਦੇ ਕਤਲੇਆਮ ਦਾ ਵੀ ਜ਼ਿਕਰ ਕੀਤਾ ਗਿਆ ਹੈ, ਜਿਸ ਨੇ ਪੰਜਾਬ ਵਿੱਚ ਇੱਕ ਵਿਨਾਸ਼ਕਾਰੀ ਕੌਮੀ ਲਹਿਰ ਦੀ ਨੀਂਹ ਰੱਖੀ

ਲੇਖਕ ਦੀ ਕਿਤਾਬ ਲਿਖਣ ਦੀ ਪ੍ਰੇਰਣਾ

ਲੇਖਕ ਦਾ ਕਹਿਣਾ ਹੈ ਕਿ ਉਨ੍ਹਾਂ ਦੀ ਅੰਤਰ-ਆਤਮਾ ਅਤੇ ਜਨਤਕ ਖੇਤਰ ਵਿੱਚ ਤੈਰ ਰਹੀਆਂ ਕਈ ਗਲਤ ਤੱਥਾਂ ਨੇ ਉਨ੍ਹਾਂ ਨੂੰ ਇਹ ਸੱਭ ਕੁਝ ਦੱਸਣ ਵਾਲੀ ਕਿਤਾਬ ਲਿਖਣ ਲਈ ਮਜਬੂਰ ਕੀਤਾ।

### ਆਲੋਚਕਾਂ ਦੀ ਰਾਏ

ਪ੍ਰਸਿੱਧ ਪੱਤਰਕਾਰ ਮਾਰਕ ਟੁੱਲੀ ਨੇ ਇਸ ਕਿਤਾਬ ਦੀ ਪ੍ਰਸ਼ੰਸਾ ਕਰਦੇ ਹੋਏ ਕਿਹਾ ਕਿ ਅਸੀਂ ਓਪਰੇਸ਼ਨ ਬਲਿਊ ਸਟਾਰ ਦੇ ਇੱਕ ਸੁਤੰਤਰ ਚਸ਼ਮਦੀਦ ਬਿਰਤਾਂਤ ਲਈ 38 ਸਾਲ ਉਡੀਕ ਕਰਨੀ ਪਈ। ਉਨ੍ਹਾਂ ਇਸ ਕਿਤਾਬ ਨੂੰ "ਖੁੰਝੇ ਮੌਕਿਆਂ, ਗ਼ਲਤ ਥਾਂ ਲਾਈ ਗਈ ਹਿੰਮਤ, ਫ਼ੌਜੀ ਹੰਕਾਰ ਅਤੇ ਅਪਰਾਧਿਕਤਾ ਦੀ ਦਿਲਚਸਪ ਕਹਾਣੀ" ਕਿਹਾ।

### ਮਹੱਤਤਾ

ਆਲੋਚਕਾਂ ਅਨੁਸਾਰ ਇਸ ਕਿਤਾਬ ਵਿੱਚ ਕੋਈ ਨਾਇਕ ਨਹੀਂ ਹੈ। ਇਹ ਭਾਰਤੀ ਇਤਿਹਾਸ ਦੇ ਸਭ ਤੋਂ ਦੁਖਦਾਈ ਦੌਰ ਦਾ ਇੱਕ ਸੂਚਿਤ, ਸੰਤੁਲਿਤ, ਬਾਰੀਕ ਅਤੇ ਸਭ ਤੋਂ ਵੱਧ ਨਿਰਪੱਖ ਬਿਰਤਾਂਤ ਹੈ। ਇਹ ਕਿਤਾਬ ਉਨ੍ਹਾਂ ਸਾਰਿਆਂ ਲਈ ਜ਼ਰੂਰੀ ਪਾਠ ਹੈ ਜੋ 1978 ਤੋਂ 1994 ਦਰਮਿਆਨ ਪੰਜਾਬ ਦੇ ਦਰਦਨਾਕ ਇਤਿਹਾਸ ਨੂੰ ਸਮਝਣਾ ਚਾਹੁੰਦੇ ਹਨ।

## The Kaurs of 1984: The Untold, Unheard Stories of Sikh Women

ਲੇਖਕ: ਸਨਮ ਸੁਤਿਰਥ ਵਾਜ਼ਿਰ ਪ੍ਰਕਾਸ਼ਕ: HarperCollins India ਸਫ਼ੇ: 256

### ਲੇਖਕ ਬਾਰੇ

ਸਨਮ ਸੁਤਿਰਥ ਵਾਜ਼ਿਰ ਜੰਮੂ-ਕਸ਼ਮੀਰ ਤੋਂ ਮਨੁੱਖੀ ਅਧਿਕਾਰਾਂ ਦੇ ਇੱਕ ਸਮਰਪਿਤ ਹਿਮਾਇਤੀ ਹਨ ਜੋ ਮੌਖਿਕ ਇਤਿਹਾਸ ਰਾਹੀਂ ਇਤਿਹਾਸਕ ਬੇਇਨਸਾਫ਼ੀਆਂ ਅਤੇ ਵੱਡੇ ਪੱਧਰ ਦੀ ਹਿੰਸਾ ਨੂੰ ਦਰਜ਼ ਕਰਨ ਵਿੱਚ ਡੂੰਘੀ ਦਿਲਚਸਪੀ ਰੱਖਦੇ ਹਨ। ਉਨ੍ਹਾਂ ਨੇ ਸਿੱਖ ਕਤਲੇਆਮ ਦੇ ਪੀੜਤਾਂ ਲਈ ਇਨਸਾਫ਼ ਦੀ ਮੰਗ ਕਰਦਿਆਂ ਦੁਨੀਆ ਭਰ ਵਿੱਚ ਪੰਜ ਲੱਖ ਤੋਂ ਵੱਧ ਲੋਕਾਂ ਦਾ ਸਮਰਥਨ ਜੁਟਾਇਆ।

### ਕਿਤਾਬ ਦਾ ਮੁੱਢ ਅਤੇ ਵਿਸ਼ਾ

ਓਪਰੇਸ਼ਨ ਬਲਿਊ ਸਟਾਰ ਅਤੇ ਉਸ ਸਾਲ ਬਾਅਦ ਵਿੱਚ ਹੋਈ ਸਿੱਖ ਵਿਰੋਧੀ ਹਿੰਸਾ ਤੋਂ ਤਿੰਨ ਦਹਾਕੇ ਤੋਂ ਵੱਧ ਸਮੇਂ ਬਾਅਦ, ਇੱਕ ਨੌਜਵਾਨ ਨੂੰ ਉਸ ਹਿੰਸਾ ਦੀ ਖੋਜ ਕਰਨ ਦਾ ਕੰਮ ਸੌਂਪਿਆ ਜਾਂਦਾ ਹੈ। ਜੋ ਕੁਝ ਉਸ ਨੂੰ ਮਿਲਦਾ ਹੈ ਉਹ ਉਸ ਨੂੰ ਹਿਲਾ ਕੇ ਰੱਖ ਦਿੰਦਾ ਹੈ। ਅਨੇਕਾਂ ਮੌਖਿਕ ਗਵਾਹੀਆਂ ਵਿੱਚੋਂ ਇੱਕ ਅਹਿਮ ਆਵਾਜ਼ ਚੁੱਪ ਰਹੀ ਸੀ — ਸੈਂਕੜੇ ਸਿੱਖ ਔਰਤਾਂ ਦੀ।

### ਔਰਤਾਂ ਦੀਆਂ ਕਹਾਣੀਆਂ

ਇਨ੍ਹਾਂ ਔਰਤਾਂ ਵਿੱਚ ਉਹ ਸ਼ਾਮਲ ਸਨ ਜੋ ਸੁਨਹਿਰੀ ਮੰਦਰ ਦੇ ਅੰਦਰ ਫਸੀਆਂ ਰਹੀਆਂ, ਉਹ ਜੋ ਆਪਣੇ ਜੁਝਾਰੂ ਪਤੀਆਂ ਦੇ ਨਾਲ ਖੜ੍ਹੀਆਂ ਰਹੀਆਂ, ਅਤੇ ਉਹ ਜੋ ਆਪ ਕਿਸੇ ਸਮੇਂ ਜੁਝਾਰੂ ਵੀ ਰਹੀਆਂ ਸਨ। ਉਹ ਬਲਾਤਕਾਰ ਤੋਂ ਬਚੀਆਂ ਹਨ। ਉਹ ਕਤਲੇਆਮ ਵਿੱਚ ਮਾਰੀਆਂ ਗਈਆਂ। ਉਹ ਭੁਲਾਈਆਂ ਗਈਆਂ ਹਨ।

### ਖੋਜ ਦਾ ਤਰੀਕਾ

ਇਸ ਕਿਤਾਬ ਨਾਲ ਪਹਿਲੀ ਵਾਰ ਸਿੱਖ ਔਰਤਾਂ ਦੀਆਂ ਆਵਾਜ਼ਾਂ ਅਤੇ ਯਾਦਾਂ ਨੂੰ ਖੁੱਲ੍ਹ ਕੇ ਅਤੇ ਵਿਸਤ੍ਰਿਤ ਵੇਰਵੇ ਨਾਲ ਸਿੱਖ ਕਤਲੇਆਮ ਅਤੇ ਉਸ ਦੌਰ ਦੀ ਉਥਲ-ਪੁਥਲ ਭਰੀ ਸਿਆਸਤ ਨੂੰ ਦੁਬਾਰਾ ਸਾਹਮਣੇ ਲਿਆਉਣ ਲਈ ਵਰਤਿਆ ਗਿਆ। ਵਾਜ਼ਿਰ ਨੇ ਇਸ ਖੋਜ ਲਈ ਉੱਤਰੀ ਭਾਰਤ ਦੇ ਵੱਖ-ਵੱਖ ਹਿੱਸਿਆਂ ਦਾ ਦੌਰਾ ਕੀਤਾ ਅਤੇ ਉਨ੍ਹਾਂ ਔਰਤਾਂ ਨੂੰ ਮਿਲੇ ਜੋ ਅੱਜ ਵੀ ਇਨਸਾਫ਼ ਲਈ ਅਦਿੱਖ ਲੜਾਈਆਂ ਲੜ ਰਹੀਆਂ ਹਨ।

### ਕਿਤਾਬ ਦੀ ਅਹਿਮ ਵਿਸ਼ੇਸ਼ਤਾ

ਲੇਖਕ ਸਨਮ ਦਾ ਕਹਿਣਾ ਹੈ — "ਉਦੋਂ ਤੋਂ ਲੈ ਕੇ ਹੁਣ ਤੱਕ, ਉਨ੍ਹਾਂ ਕੌਰਾਂ ਦੀਆਂ ਆਵਾਜ਼ਾਂ ਜੋ ਅਕਲਪਿਤ ਦਹਿਸ਼ਤ ਅਤੇ ਸਦਮੇ ਵਿੱਚੋਂ ਲੰਘੀਆਂ, ਚੁੱਪ ਕਰਾ ਦਿੱਤੀਆਂ ਗਈਆਂ। ਜਦੋਂ ਮੈਨੂੰ ਇਸ ਚੁੱਪ ਦਾ ਅਹਿਸਾਸ ਹੋਇਆ, ਮੈਂ ਇਸ ਨੂੰ ਤੋੜਨਾ ਚਾਹੁੰਦਾ ਸੀ। ਮੈਂ ਯਕੀਨੀ ਕਰਨਾ ਚਾਹੁੰਦਾ ਸੀ ਕਿ ਇਨ੍ਹਾਂ ਬਚੀਆਂ ਹੋਈਆਂ ਔਰਤਾਂ ਦੀਆਂ ਆਵਾਜ਼ਾਂ ਸੁਣੀਆਂ ਜਾਣ ਅਤੇ ਉਨ੍ਹਾਂ ਦੀਆਂ ਕਹਾਣੀਆਂ ਯਾਦ ਰੱਖੀਆਂ ਜਾਣ।"

### ਦਰਦਨਾਕ ਖੁਲਾਸੇ

ਕਿਤਾਬ ਵਿੱਚ ਦਰਜ਼ ਹੈ ਕਿ ਪੋਸਟ-ਮਾਰਟਮ ਰਿਪੋਰਟਾਂ ਵਿੱਚ ਡਾਕਟਰਾਂ ਨੇ ਕਈ ਮਰਦ ਲਾਸ਼ਾਂ ਦੇ ਹੱਥ ਪਿੱਛੇ ਬੱਝੇ ਹੋਣ ਦੀਆਂ ਅਨੇਕਾਂ ਉਦਾਹਰਣਾਂ ਦਰਜ਼ ਕੀਤੀਆਂ। ਸਵਾਲ ਇਹ ਉੱਠਿਆ ਕਿ ਜੇ ਇਹ ਨੌਜਵਾਨ ਗੋਲੀਆਂ ਦੀ ਅਦਲਾ-ਬਦਲੀ ਦੌਰਾਨ ਮਾਰੇ ਗਏ ਸਨ, ਤਾਂ ਉਨ੍ਹਾਂ ਦੇ ਹੱਥ ਪਿੱਛੇ ਬੱਝੇ ਕਿਉਂ ਸਨ?

### ਮਹੱਤਤਾ

ਇਹ ਕਿਤਾਬ ਸਿਰਫ਼ ਇੱਕ ਇਤਿਹਾਸਕ ਬਿਰਤਾਂਤ ਨਹੀਂ, ਸਗੋਂ ਉਨ੍ਹਾਂ ਅਣਡਿੱਠੀਆਂ ਔਰਤਾਂ ਨੂੰ ਇੱਕ ਸ਼ਰਧਾਂਜਲੀ ਵੀ ਹੈ ਜੋ ਦੁੱਖ, ਧੋਖੇ ਅਤੇ ਨੁਕਸਾਨ ਦੇ ਬਾਵਜੂਦ ਇਨਸਾਫ਼ ਲਈ ਡੱਟੀਆਂ ਰਹੀਆਂ। ਇਹ ਕਿਤਾਬ ਭਾਰਤੀ ਇਤਿਹਾਸ ਵਿੱਚੋਂ ਸਿੱਖ ਔਰਤਾਂ ਦੀ ਅਣਕਹੀ ਪੀੜ ਨੂੰ ਸਾਹਮਣੇ ਲਿਆਉਣ ਵਾਲੀ ਪਹਿਲੀ ਅਤੇ ਬੇਹੱਦ ਜ਼ਰੂਰੀ ਕਿਤਾਬ ਹੈ।



# ਲੌਂਗੋਵਾਲ ਦੀ ਜਨਤਾ ਨੇ ਵਿਕਾਸ ਅਤੇ ਲੋਕ ਪੱਖੀ ਨੀਤੀਆਂ ’ਤੇ ਲਗਾਈ ਮੋਹਰ : ਅਮਨ ਅਰੋੜਾ



ਲੌਂਗੋਵਾਲ, 1 ਜੂਨ (ਭਗਵੰਤ ਸ਼ਰਮਾ): ਕੈਬਨਿਟ ਮੰਤਰੀ ਨੇ ਨਵੇਂ ਚੁਣੇ ਗਏ ਕੌਂਸਲਰਾਂ ਨਾਲ ਕੀਤੀ ਮੁਲਾਕਾਤ, ਜਿੱਤ ਦੀ ਦਿੱਤੀ ਵਧਾਈ। ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਅੱਜ ਲੌਂਗੋਵਾਲ ਵਿਖੇ ਸਥਾਨਕ ਸਰਕਾਰਾਂ ਦੀਆਂ ਚੋਣਾਂ ਵਿੱਚ ਜਿੱਤ ਹਾਸਲ ਕਰਨ ਵਾਲੇ ਨਵੇਂ ਚੁਣੇ ਗਏ ਕੌਂਸਲਰਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਵਧਾਈ ਦਿੱਤੀ। ਇਸ ਮੌਕੇ ਉਨ੍ਹਾਂ ਕਿਹਾ ਕਿ ਲੌਂਗੋਵਾਲ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਦੀਆਂ ਲੋਕ ਭਲਾਈ ਨੀਤੀਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਦੇ ਕੰਮਾਂ ਅਤੇ ਸਾਫ਼-ਸੁਥਰੀ ਰਾਜਨੀਤੀ ’ਤੇ ਆਪਣੀ ਮੋਹਰ ਲਗਾਈ ਹੈ। ਅਮਨ ਅਰੋੜਾ ਨੇ ਕਿਹਾ ਕਿ ਸਥਾਨਕ ਸਰਕਾਰਾਂ ਦੀਆਂ ਚੋਣਾਂ ਦੇ ਨਤੀਜਿਆਂ ਨੇ ਇੱਕ ਵਾਰ ਫਿਰ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੇ ਲੋਕ ਰਵਾਇਤੀ ਸਿਆਸਤ ਨੂੰ ਨਕਾਰ ਕੇ ਵਿਕਾਸ ਅਤੇ ਪਾਰਦਰਸ਼ੀ ਪ੍ਰਸ਼ਾਸਨ ਦੇ ਹੱਕ ਵਿੱਚ ਖੜ੍ਹੇ ਹਨ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੂੰ ਮਿਲਿਆ ਭਰਵਾਂ ਸਮਰਥਨ ਲੋਕਾਂ ਦੇ ਭਰੋਸੇ ਅਤੇ ਸਰਕਾਰ ਦੀਆਂ ਪ੍ਰਾਪਤੀਆਂ ਦਾ ਨਤੀਜਾ ਹੈ। ਨਵੇਂ ਚੁਣੇ ਗਏ ਕੌਂਸਲਰਾਂ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਇਹ ਜਿੱਤ ਸਿਰਫ਼ ਇੱਕ ਸਿਆਸੀ ਸਫ਼ਲਤਾ ਨਹੀਂ, ਸਗੋਂ ਲੋਕਾਂ ਵੱਲੋਂ ਸੌਂਪੀ ਗਈ ਵੱਡੀ ਜ਼ਿੰਮੇਵਾਰੀ ਹੈ। ਉਨ੍ਹਾਂ ਕੌਂਸਲਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ-ਆਪਣੇ ਵਾਰਡਾਂ ਦੇ ਵਿਕਾਸ, ਸਫ਼ਾਈ ਪ੍ਰਬੰਧ, ਬੁਨਿਆਦੀ ਸਹੂਲਤਾਂ ਅਤੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਨੂੰ ਆਪਣੀ ਪਹਿਲ ਬਣਾਉਣ। ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ, ਵਰਕਰ ਅਤੇ ਵੱਡੀ ਗਿਣਤੀ ਵਿੱਚ ਸਮਰਥਕ ਵੀ ਹਾਜ਼ਰ ਸਨ।

# ਸਿੱਧ ਯੋਗੀ ਬਾਬਾ ਬਾਲਕ ਨਾਥ ਦਰਬਾਰ ਵਿਖੇ ਸਾਲਾਨਾ ਭੰਡਾਰਾ ਕਰਵਾਇਆ



ਗੜ੍ਹਦੀਵਾਲਾ, 1 ਜੂਨ (ਗੌਰਵ): ਸਿੱਧ ਯੋਗੀ ਬਾਬਾ ਬਾਲਕ ਨਾਥ ਦਰਬਾਰ ਤੇ ਗੌਤਮ ਗੋਤਰ ਜਨੋਰਿਆਂ ਤੇ ਪਿੰਡ ਕੋਈ ਵਿਖੇ ਸਾਲਾਨਾ ਭੰਡਾਰਾ ਐਤਵਾਰ ਨੂੰ ਬੜੀ ਸ਼ਰਧਾਪੂਰਵਕ ਕਰਵਾਇਆ ਗਿਆ। ਜਿਸ ਵਿੱਚ ਦੂਰ ਦੁਰਾਡੇ ਤੋਂ ਸੰਗਤਾਂ ਨੇ ਹਾਜਰ ਹੋ ਕੇ ਬਾਬਾ ਜੀ ਤੋਂ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਸਭ ਤੋਂ ਪਹਿਲਾਂ ਪੰਡਿਤ ਮਨੀਸ਼ ਕੁਮਾਰ ਮੋਨੂੰ ਰਾਮਟਟਵਾਲੀ ਵੱਲੋਂ ਹਵਨ ’ਚ ਆਹੁਤੀਆਂ ਪਵਾਉਣ ਉਪਰੰਤ ਝੰਡਾ ਚੜ੍ਹਾਉਣ ਦੀ ਰਸਮ ਨਿਭਾਉਣ ਤੋਂ ਬਾਅਦ ਕੰਜ਼ਕ ਪੂਜਨ ਕੀਤਾ ਗਿਆ। ਅੰਤ ਵਿਚ ਅਟੁੱਟ ਲੰਗਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਸੰਜੇ ਕੁਮਾਰ ਤੇ ਰਵੀ ਐਂਡ ਪਾਰਟੀਆਂ ਵੱਲੋਂ ਬਾਬਾ ਜੀ ਦੀ ਮਹਿਮਾ ਦਾ ਗੁਣਗਾਨ ਕੀਤਾ ਗਿਆ। ਇਸ ਮੌਕੇ ਕਮੇਟੀ ਪ੍ਰਧਾਨ ਮਾ.ਲਾਲਜੀ ਚੌਧਰੀ, ਵਾਈਸ ਪ੍ਰਧਾਨ ਚੌਧਰੀ ਜੈ ਰਾਮ, ਮਾਤਾ ਪਰਮਿੰਦਰ ਕੌਰ ਵਿੱਕੀ, ਕਰਣ ਕੁਮਾਰ, ਬਲਰਾਮ ਕੁਮਾਰ, ਸੁਭਾਸ ਕੁਮਾਰ, ਮਾ ਰਾਜੇਸ਼ ਕੁਮਾਰ, ਪ੍ਰਦੇਸ਼ ਕੁਮਾਰ, ਤਰਸੇਮ ਸਿੰਘ, ਸ਼ਾਮ ਲਾਲ, ਸੰਤੋਖ ਸਿੰਘ, ਜਤਿੰਦਰ ਕੁਮਾਰ, ਜਤਿਨ ਗੌਤਮ, ਸ਼ਾਦੀ ਲਾਲ, ਰੋਸ਼ਨ ਲਾਲ, ਬਲਵੀਰ ਸਿੰਘ ਬਿੱਲੂ, ਮਨੋਹਰ ਲਾਲ, ਅਸਵਨੀ ਕੁਮਾਰ, ਮਦਨ ਲਾਲ ਮੱਦੀ, ਜੋਗਿੰਦਰ ਸਿੰਘ, ਚਰਨਜੀਤ ਸਿੰਘ ਚੰਨੀ, ਰਣਜੀਤ ਸਿੰਘ, ਬਲਵੀਰ ਸਿੰਘ, ਮਨੋਜ ਕੁਮਾਰ, ਤਰਸੇਮ ਸਿੰਘ ਗੜ੍ਹਦੀਵਾਲਾ, ਮਲਕੀਤ ਸਿੰਘ ਦੀਪਕ ਸਿੰਘ, ਵਿਨੋਦ ਕੁਮਾਰ, ਉਕਾਰ ਸਿੰਘ, ਅਮਰ ਨਾਥ, ਕਿਸ਼ੋਰੀ ਲਾਲ, ਸੰਜੀਵ ਕੁਮਾਰ, ਸੋਨੂੰ, ਵਿਪਨ ਕੁਮਾਰ, ਗਣੇਸ਼ ਕੁਮਾਰ, ਜਤਿਨ ਕੁਮਾਰ, ਅਰਜਨ ਕੁਮਾਰ ਮਮਤਾ ਰਾਣੀ, ਡਿੰਪਲ, ਵੈਸ਼ਾਲੀ, ਦੀਪਾਲੀ, ਆਰਤੀ, ਸੁਨੈਨਾ ਤੇ ਅੰਮ੍ਰਿਤਸਰ, ਰੰਧਾਵਾ ਅਤੇ ਭੂੰਗਾ, ਮੁਕੇਰੀਆਂ, ਬਟਵਾੜਾ ਖੇਤਰ ਦੀ ਸੰਗਤਾਂ ਸਮੇਤ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

# ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਪਾਣੀ ਦੇ ਨਿਕਾਸ ਦੀ ਸਮੱਸਿਆ ਨੂੰ ਹੱਲ ਕੀਤਾ



ਸ੍ਰੀ ਹਰਿਗੋਬਿੰਦਪੁਰ ਸਾਹਿਬ/ਬਟਾਲਾ, 1 ਜੂਨ (ਜਗੀਰ ਸਿੰਘ ਮੰਡ/ਡਾ. ਨਰਿੰਦਰ ਸਿੰਘ ਘੁਮਾਣ): ਹਲਕਾ ਸ੍ਰੀ ਹਰਿਗੋਬਿੰਦਪੁਰ ਸਾਹਿਬ ਦੇ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਕਿਸ਼ਨਕੋਟ ਵੱਲੋਂ ਹਲਕੇ ਅੰਦਰ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਤਹਿਤ ਪਿੰਡ ਚਾਹਲ ਕਲਾਂ ਵਿਖੇ ਪਹੁੰਚ ਕੇ ਪਿੰਡ ਵਾਸੀਆਂ ਨੂੰ ਆ ਰਹੀ ਪਾਣੀ ਦੇ ਨਿਕਾਸ ਦੀ ਸਮੱਸਿਆ ਨੂੰ ਹੱਲ ਕੀਤਾ ਅਤੇ ਉਨ੍ਹਾਂ ਕਿਹਾ ਕਿ ਪਿੰਡ ਵਾਸੀਆਂ ਦੀਆਂ ਮੁਸ਼ਕਿਲਾਂ ਹੱਲ ਕਰਨ ਲਈ ਉਹ ਵਚਨਬੱਧ ਹਨ। ਇਸ ਮੌਕੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਐਡਵੋਕੇਟ ਅਮਰਪਾਲ ਸਿੰਘ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਵੱਡੇ ਉਪਰਾਲੇ ਕੀਤੇ ਗਏ ਹਨ। ਉਨ੍ਹਾਂ ਦੱਸਿਆ ਪਿਛਲੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਲੋਕਾਂ ਨੂੰ 600 ਯੂਨਿਟ ਬਿਜਲੀ ਮੁਫ਼ਤ, ਮੁਹੱਲਾ ਕਲੀਨਿਕ, ਸਕੂਲ ਆਫ ਐਮੀਨੈਂਸ, ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਗਈ ਹੈ, 10 ਲੱਖ ਰੁਪਏ ਤੱਕ ਦਾ ਸਿਹਤ ਇਲਾਜ ਕਰਵਾਉਣ ਸਮੇਤ ਵੱਖ-ਵੱਖ ਲੋਕ ਭਲਾਈ ਸਕੀਮਾਂ ਨੂੰ ਲਾਗੂ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਇਤਿਹਾਸਕ ਅਤੇ ਧਾਰਮਿਕ ਹਲਕੇ ਸ੍ਰੀ ਹਰਿਗੋਬਿੰਦਪੁਰ ਸਾਹਿਬ ਵਿਖੇ ਸਰਬਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ। ਪਿੰਡਾਂ ਵਿੱਚ ਲੋਕਾਂ ਦੀ ਸਹੂਲਤ ਲਈ ਗੰਦੇ ਪਾਣੀ ਦੀ ਨਿਕਾਸੀ, ਗਲੀਆਂ ਤੇ ਪਾਰਕਾਂ ਸਮੇਤ ਵੱਖ ਵੱਖ ਵਿਕਾਸ ਕਾਰਜ ਕਰਵਾਏ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ।

# ਸ਼ਬਦਾਂ ਦੀ ਉਡਾਣ ਸਾਹਿਤਕ ਗਰੁੱਪ ਵਲੋਂ ਕਵੀ ਦਰਬਾਰ ਕਵਾਇਆ ਗਿਆ

ਪੰਚਕੂਲਾ-ਚੰਡੀਗੜ : 1 ਜੂਨ (ਧਿਆਨ ਸਿੰਘ ਜਖਮ) ਬੀਤੀ ਸ਼ਾਮ ਸ਼ਬਦਾਂ ਦੀ ਉਡਾਣ ਸਾਹਿਤਕ ਗਰੁੱਪ ਵਲੋਂ ਪਲੇਠਾ ਅਤੇ ਸਵਾਗਤੀ ਆਨਲਾਈਨ ਕਵੀ ਦਰਬਾਰ ਕਰਵਾਇਆ ਗਿਆ। ਪ੍ਰੋਗਰਾਮ ਸ਼ਾਮ 5 ਵਜੇ ਸ਼ੁਰੂ ਹੋਇਆ ਤੇ ਰਾਤ 8ਵਜੇ ਤੱਕ ਚੱਲਿਆ। ਇਸ ਵਿੱਚ ਪੰਜਾਬ ਦੇ ਕਲਮਕਾਰਾਂ ਤੋਂ ਇਲਵਾ ਹਰਿਆਣਾ, ਦਿੱਲੀ, ਪੱਛਮੀ ਪੰਜਾਬ ਕਰਾਚੀ, ਯੂ ਐਸ ਏ, ਕੈਲਗਿਰੀ ( ਕਨੈਡਾ ) ਦੇ ਕਲਮਕਾਰਾਂ ਨੇ ਭਾਗ ਲਿਆ। ਪ੍ਰੋਗਰਾਮ ਦਾ ਆਗਾਜ ਇਸ ਗਰੁੱਪ ਦੇ ਸਰਵਰਾਹ ਮੰਗਤ ਰਾਮ ਨੇ ਜਨਾਬ ਸਰਦਾਰ ਅੰਜ਼ੁਮ ਦੀ ਨਜ਼ਮ ਏਹਨੂੰ ਮੈਲੀ ਨਾ ਕਰਨਾ ਮੇਰੇ ਪੰਜਾਬ ਦੀ ਮਿੱਟੀ ਹੈ ਸੁਣਾ ਕਿ ਮਾਹੌਲ ਸਿਰਜਿਆ। ਇਸ ਤੋ ਬਾਅਦ ਕਨੈਡਾ ਤੋ ਜੁੜੀ ਪ੍ਰਿੰਸੀਪਲ ਚਰਨਦੀਪ ਕੌਰ ਨੇ , ਨੀ ਕੁੜੀਓ ਤੁਸੀਂ ਚਿੜੀਆਂ ਬਣਨਾ ਛੱਡੋ , ਹੁਣ ਤਾ ਬਾਜ ਬਣ ਜਾਵੋ । ਗੁਰਪ੍ਰੀਤ ਨੇ ਨਜ਼ਮ ,ਅਸੀਂ ਵੀ ਹੱਕ ਮੰਗਦੀਆਂ, ਬੂਹੇ ਬੱਝਦੇ ਸਰੀਹਾਂ ਦਾ। ਕਰੋ ਬਹਾਲ ਜੱਗ ਵਾਲਿਓ,ਸਾਡਾ ਰੁਤਬਾ ਜੋ ਧੀਆਂ ਦਾ। ਕਰਾਚੀ, ਲਹਿੰਦੇ ਪੰਜਾਬ ਤੋਂ ਜੁੜੀ ਨਾਮਵਰ ਕਵਿਤ੍ਰੀ ਕਨੀਜ ਮਨਜੂਰ ਨੇ , ਕੁੰਞ ਕੇ ਰੱਖੀ ਕੰਨੀਆਂ , ਵੇਖ ਕੇ ਰੱਖੀ ਪੈਰ, ਤੇਰਾ ਨਾਰੀ ਹੋਣਾ ਤੇਰੇ ਪੈ ਨਾ ਜਾਵੇ ਵੈਰ। ਸੁਣਾ ਕੇ ਮਹੌਲ ਵਿੱਚ ਤਾਜ਼ਗੀ ਭਰੀ । ਇਹਨਾਂ ਤੋਂ ਬਾਅਦ ਜਨਾਬ ਸੂਰੀਆ ਕਾਂਤ ਨੇ ਅਪਣੀ ਕਵਿਤਾ ਮਾਂ ਪੇਸ਼ ਕੀਤੀ ਮਾਂ ਲੋਰੀ ਹੈ, ਗੀਤ ਹੈ , ਮਮਤਾ ਦੀ ਮੂਰਤ ਹੈ।ਦਿੱਲੀ ਤੋਂ ਜੁੜੀ ਨਾਮਵਰ ਕਵਿਤ੍ਰੀ ਪ੍ਰੀਤਮ ਕੌਰ ਨੇ ਆਪਣੀ ਨਜ਼ਮ ਰੰਗਲਾ ਪੰਜਾਬ ਪੇਸ਼ ਕੀਤੀ ।ਮੰਨਤ ਲਵਲੀ ਕਵਿਤਾ ਰੱਬੀ ਰੂਹਾਂ ਨਾਲ ਭਰਿਆ ਵਿਹੜਾ ,ਸਭ ਦਾ ਉੱਚ ਨਾਂਅ ਹੈ ਪੇਸ਼ ਕੀਤੀ। ਯੂ ਐਸ ਏ ਤੋਂ ਜੁੜੀ ਨਾਮਵਰ ਸ਼ਾਇਰਾ ਪੋਲੀ ਬਰਾੜ ਨੇ ਤੁਰੰਨਮ ਵਿਚ ਅਪਣੀ ਰਚਨਾ ਹੁਣ ਉਠੋ ਓ ਪੰਜਾਬੀਓ, ਵਿਰਸਾ ਲਓ ਸੰਭਾਲ। ਜਗਤਾਰ ਨਿਮਾਣਾ ਨੇ ਇਕ ਬਹੁਤ ਖੂਬਸੂਰ ਨਜ਼ਮ ਪੇਸ਼ ਕੀਤੀ ਬੋਲ ਸਨ : ਯਾਰ ਲਿਖਾਰੀ ਲਿਖ ਦੇ ਕਿੱਧਰੇ, ਦਿਲ ਦੇ ਕੁਝ ਅਰਮਾਨ । ਪ੍ਰਵੀਨ ਕੌਰ ਸਿੱਧੂ ਨੇ : ਬੁੱਲੇਸ਼ਾਹ ਨਾ ਰੌਲਾ ਪਾ,ਯਾਰ ਮਨਾ ਭਾਵੇਂ ਨੱਚ ਕੇ ਮਨਾ। ਇਸ ਤੋਂ ਬਾਅਦ ਜਨਾਬ ਜ਼ਖ਼ਮੀ ਨੇ ਟੱਪੇ ਸੁਣਾ ਕੇ ਅਪਣੀ ਹਾਜ਼ਰੀ ਲਵਾਈ। ਅੱਜ ਦੇ ਮੁੱਖ ਮਹਿਮਾਨ ਐਡਵੋਕੇਟ ਗੁਰਦਰਸ਼ਨ ਸਿੰਘ ਨੇ ਗ਼ਜ਼ਲ: ਨਹੀਂ ਸੰਭਵ ਕਿ ਹਰ ਇਕ ਨੂੰ ਹੀ ਸਭ ਦਾ ਪਿਆਰ ਮਿਲ ਜਾਵੇ । ਪੇਸ਼ ਕਰਕੇ ਤਾੜੀਆਂ ਦਾ ਨਿੱਘ ਮਾਣਿਆ ।ਇਹਨਾਂ ਤੋ ਇਲਾਵਾ ਭੂਪਿੰਦਰ ਦੌਲਾ, ਇੰਨਸ਼ਾਦ, ਰਣਜੀਤ ਸਿੰਘ, ਸਤਿੰਦਰ ਸਿੰਘ, ਸੰਦੀਪ ਕੌਰ, ਅਨੀਮੇਸ਼ਵਰ ਕੌਰ, ਰਮਨਦੀਪ ਕੌਰ, ਅਨੀਤਾ ਅਰੋੜਾ, ਅਸ਼ੋਕ ਭੰਡਾਰੀ,ਭੂਪਿੰਦਰ ਨਾਗਪਾਲ, ਬਲਵਿੰਦਰ ਸਿੰਘ ਬਿੱਲਾ ਆਦਿ ਕਲਮਕਾਰਾਂ ਨੇ ਆਨਲਾਈਨ ਭਾਗ ਲਿਆ।

# ਖਨਾਲ ਕਲਾਂ ਲੁੱਟ-ਖੋਹ ਮਾਮਲਾ ਟਰੇਸ, 4 ਮੁਲਜ਼ਮ ਗ੍ਰਿਫ਼ਤਾਰ

## 2 ਦੇਸੀ ਪਿਸਤੌਲ, ਵਾਰਦਾਤ ਸਮੇਂ ਵਰਤੀ ਕਾਰ ਅਤੇ ਮੋਟਰਸਾਈਕਲ ਬ੍ਰਾਮਦ




ਸੰਗਰੂਰ, 1 ਜੂਨ (ਹਰਕੰਵਲ ਸਿੰਘ ਹੈਪੀ): ਡਾ. ਰਵਜੋਤ ਗਰੇਵਾਲ, ਆਈ.ਪੀ.ਐਸ., ਸੀਨੀਅਰ ਕਪਤਾਨ ਪੁਲਿਸ, ਸੰਗਰੂਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਭੈੜੇ ਅਨਸਰਾਂ, ਲੁੱਟ-ਖੋਹ ਅਤੇ ਹੋਰ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਖਿਲਾਫ ਲਗਾਤਾਰ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਮੁਹਿੰਮ ਤਹਿਤ ਦਵਿੰਦਰ ਕੁਮਾਰ ਅੱਤਰੀ, ਪੀ.ਪੀ.ਐਸ., ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ), ਸੰਗਰੂਰ ਦੀ ਯੋਗ ਅਗਵਾਈ ਅਤੇ ਸ਼੍ਰੀਮਤੀ ਰੁਪਿੰਦਰ ਕੌਰ ਬਾਜਵਾ, ਪੀ.ਪੀ.ਐਸ., ਉਪ ਕਪਤਾਨ ਪੁਲਿਸ, ਸਬ ਡਵੀਜਨ ਦਿੜ੍ਹਬਾ ਦੀ ਨਿਗਰਾਨੀ ਹੇਠ ਥਾਣਾ ਦਿੜ੍ਹਬਾ ਪੁਲਿਸ ਵੱਲੋਂ ਪਿੰਡ ਖਨਾਲ ਕਲਾਂ ਵਿਖੇ ਵਾਪਰੀ ਲੁੱਟ ਖੋਹ ਦੀ ਵਾਰਦਾਤ ਸਬੰਧੀ ਦਰਜ ਮੁਕੱਦਮੇ ਦੀ ਤਫਤੀਸ਼ ਦੌਰਾਨ ਇੱਕ ਅਹਿਮ ਸਫਲਤਾ ਹਾਸਲ ਹੋਈ ਹੈ। ਪੁਲਿਸ ਟੀਮਾਂ ਵੱਲੋਂ ਤਕਨੀਕੀ ਅਤੇ ਮਨੁੱਖੀ ਸੂਚਨਾਵਾਂ ਦੇ ਆਧਾਰ ਪਰ ਕੀਤੀ ਗਈ ਕਾਰਵਾਈ ਦੌਰਾਨ ਉਕਤ ਵਾਰਦਾਤ ਨੂੰ ਟਰੇਸ ਕਰਦਿਆਂ ਇਸ ਵਿੱਚ ਸ਼ਾਮਲ 04 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ, ਜਿਨ੍ਹਾਂ ਪਾਸੋਂ 02 ਦੇਸੀ ਪਿਸਤੌਲ, ਵਾਰਦਾਤ ਵਿੱਚ ਵਰਤਿਆ ਗਿਆ ਮੋਟਰਸਾਈਕਲ, ਇੱਕ ਸਵਿਫਟ ਡਿਜਾਇਰ ਕਾਰ ਅਤੇ 4800/- ਰੁਪਏ ਬ੍ਰਾਮਦ ਕੀਤੇ ਗਏ ਹਨ।ਸ਼੍ਰੀ ਦਵਿੰਦਰ ਕੁਮਾਰ ਅੱਤਰੀ, ਪੀ.ਪੀ.ਐਸ., ਕਪਤਾਨ ਪੁਲਿਸ (ਇੰਨਵੈਸਟੀਗੇਸ਼ਨ) ਸੰਗਰੂਰ ਨੇ ਇਸ ਸੰਬੰਧੀ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਬੀਤੇ ਦਿਨੀਂ ਥਾਣਾ ਦਿੜ੍ਹਬਾ ਦੇ ਇਲਾਕੇ ਅਧੀਨ ਪੈਂਦੇ ਪਿੰਡ ਖਨਾਲ ਕਲਾਂ ਵਿਖੇ ਸਥਿੱਤ ਇੱਕ ਪੈਟਰੋਲ ਪੰਪ ਤੋਂ ਕੱਝ ਅਣਪਛਾਤੇ ਵਿਅਕਤੀਆਂ ਵੱਲੋਂ 15,000/- ਰੁਪਏ ਦੀ ਨਕਦੀ ਖੋਹ ਕਰਨ ਦੀ ਵਾਰਦਾਤ ਨੂੰ ਅੰਜ਼ਾਮ ਦਿੱਤਾ ਗਿਆ ਸੀ। ਇਸ ਸਬੰਧੀ ਮੁਕੱਦਮਾ ਨੰਬਰ 95 ਮਿਤੀ 20.05.2026 ਅ/ਧ 309(4), 333, 351(3), 3(5) 2, 2023 ਥਾਣਾ ਦਿੜ੍ਹਬਾ ਵਿਖੇ ਅਣਪਛਾਤੇ ਵਿਅਕਤੀਆਂ ਖਿਲਾਫ ਦਰਜ ਰਜਿਸਟਰ ਕਰਕੇ ਤਫਤੀਸ਼ ਅਮਲ ਵਿੱਚ ਲਿਆਂਦੀ ਗਈ ਸੀ। ਮੁਕੱਦਮੇ ਨੂੰ ਟਰੇਸ ਕਰਨ ਲਈ ਸ਼੍ਰੀਮਤੀ ਰੁਪਿੰਦਰ ਕੌਰ ਬਾਜਵਾ, ਪੀ.ਪੀ.ਐਸ., ਉਪ ਕਪਤਾਨ ਪੁਲਿਸ, ਸਬ ਡਵੀਜਨ ਦਿੜ੍ਹਬਾ ਦੀ ਨਿਗਰਾਨੀ ਹੇਠ ਇੰਸਪੈਕਟਰ ਜਗਤਾਰ ਸਿੰਘ 920/ਪਟਿ:, ਮੁੱਖ ਅਫਸਰ ਥਾਣਾ ਦਿੜ੍ਹਬਾ, ਇੰਸਪੈਕਟਰ ਸੰਦੀਪ ਸਿੰਘ 44/ਪੀ.ਆਰ, ਇੰਚਾਰਜ ਸੀ.ਆਈ.ਏ ਸੰਗਰੂਰ ਅਤੇ ਹੋਰ ਪੁਲਿਸ ਕਰਮਚਾਰੀਆਂ ਦੀਆਂ ਵਿਸ਼ੇਸ਼ ਟੀਮਾਂ ਦਾ ਗਠਨ ਕਰਕੇ ਪੁਲਿਸ ਟੀਮਾਂ ਵੱਲੋਂ ਤਕਨੀਕੀ ਅਤੇ ਮਨੁੱਖੀ ਸੂਚਨਾਵਾਂ ਦੇ ਆਧਾਰ ਪਰ ਕੀਤੀ ਗਈ ਜਾਂਚ ਦੌਰਾਨ ਕਮਲਜੀਤ ਸਿੰਘ ਉਰਫ ਕਮਲ ਵਾਸੀ ਸਫੀਪੁਰ ਕਲਾਂ, ਕਮਲਪ੍ਰੀਤ ਸਿੰਘ ਉਰਫ ਹਰਮਨ ਵਾਸੀ ਕਮਾਲਪੁਰ, ਜੈਵੀਰ ਸਿੰਘ ਉਰਫ ਜੋਧੂ ਵਾਸੀ ਘਨੌੜ ਰਾਜਪੂਤਾਂ ਅਤੇ ਜਸ਼ਨ ਉਰਫ ਕਿੱਲੂ ਵਾਸੀ ਘਨੌੜ ਰਾਜਪੂਤਾਂ ਦੀ ਸ਼ਮੂਲੀਅਤ ਸਾਹਮਣੇ ਆਈ ਹੈ।ਦੌਰਾਨੇ ਤਫਤੀਸ਼ ਮੁਕੱਦਮਾ ਦੇ ਸਾਰੇ ਮੁਲਜ਼ਮਾਂ ਨੂੰ ਗ੍ਰਿਫਤਾਰ ਕਰਕੇ ਕਮਲਜੀਤ ਸਿੰਘ ਉਰਫ ਕਮਲ ਪਾਸੋਂ 02 ਦੇਸੀ ਪਿਸਤੌਲ .32 ਬੋਰ, ਦੋਸ਼ੀ ਕਮਲਪ੍ਰੀਤ ਸਿੰਘ ਉਰਫ ਹਰਮਨ ਪਾਸੋਂ ਵਾਰਦਾਤ ਵਿੱਚ ਵਰਤਿਆ ਗਿਆ 01 ਮੋਟਰਸਾਈਕਲ ਬਿਨ੍ਹਾਂ ਨੰਬਰੀ ਅਤੇ 01 ਸਵਿਫਟ ਡਿਜਾਇਰ ਕਾਰ, ਜਸ਼ਨ ਉਰਫ ਕਿੱਲੂ ਪਾਸੋਂ ਲੁੱਟ ਕੀਤੀ ਗਈ ਰਕਮ ਵਿੱਚੋਂ 4800/- ਰੁਪਏ ਬ੍ਰਾਮਦ ਕਰਵਾਏ ਗਏ ਹਨ।ਸ਼੍ਰੀ ਅੱਤਰੀ ਨੇ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਮੁਲਜ਼ਮਾਂ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਮੁੱਢਲੀ ਤਫਤੀਸ਼ ਦੌਰਾਨ ਕਈ ਅਹਿਮ ਸੁਰਾਗ ਪ੍ਰਾਪਤ ਹੋਏ ਹਨ। ਮੁਲਜ਼ਮਾਂ ਤੋਂ ਹੋਰ ਵੀ ਮਹੱਤਵਪੂਰਨ ਖੁਲਾਸੇ ਹੋਣ ਦੀ ਸੰਭਾਵਨਾ ਹੈ ਅਤੇ ਮਾਮਲੇ ਦੀ ਅਗਲੇਰੀ ਤਫਤੀਸ਼ ਜਾਰੀ ਹੈ।ਉਨ੍ਹਾਂ ਕਿਹਾ ਕਿ ਡਾ. ਰਵਜੋਤ ਗਰੇਵਾਲ, ਆਈ.ਪੀ.ਐਸ., ਸੀਨੀਅਰ ਕਪਤਾਨ ਪੁਲਿਸ, ਸੰਗਰੂਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪੁਲਿਸ ਸੰਗਰੂਰ ਵੱਲੋਂ ਅਪਰਾਧਿਕ ਅਤੇ ਸਮਾਜ ਵਿਰੋਧੀ ਅਨਸਰਾਂ ਖਿਲਾਫ ਸਖਤ ਕਾਰਵਾਈ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਜਾਰੀ ਰੱਖੀ ਜਾਵੇਗੀ।

# ਅਕਾਲ ਅਕੈਡਮੀ ਮਸਤੂਆਣਾ ਸਾਹਿਬ ਵਿਖੇ ਬਾਰ੍ਹਵੀਂ ਜਮਾਤ ਦੇ ਹੋਣਹਾਰ ਵਿਦਿਆਰਥੀਆਂ ਲਈ ਵਿਸ਼ੇਸ਼ ਸਨਮਾਨ ਸਮਾਰੋਹ



ਸੰਗਰੂਰ, 1 ਜੂਨ (ਹਰਕੰਵਲ ਸਿੰਘ ਹੈਪੀ): ਸੰਤ ਅਤਰ ਸਿੰਘ ਅਕਾਲ ਅਕੈਡਮੀ, ਮਸਤੂਆਣਾ ਸਾਹਿਬ ਵਿਖੇ ਸੀ.ਬੀ.ਐੱਸ.ਈ. ਬਾਰ੍ਹਵੀਂ ਜਮਾਤ ਦੇ ਨਤੀਜਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਿਤ ਕਰਨ ਲਈ ਸਕੂਲ ਪਰਿਵਾਰ ਵੱਲੋਂ ਬਹੁਤ ਹੀ ਮਾਣ ਅਤੇ ਖੁਸ਼ੀ ਨਾਲ ਇੱਕ ਸ਼ਾਨਦਾਰ ਸਮਾਗਮ ਕਰਵਾਇਆ ਗਿਆ। ਇਸ ਵਿਸ਼ੇਸ਼ ਸਨਮਾਨ ਸਮਾਰੋਹ ਵਿੱਚ ਬੀਬਾ ਗਗਨਦੀਪ ਕੌਰ ਢੀਂਡਸਾ ਨੇ ਮੁੱਖ ਮਹਿਮਾਨ ਵਜੋਂ ਅਤੇ ਸਕੱਤਰ ਜਸਵੰਤ ਸਿੰਘ ਖਹਿਰਾ, ਸੀਨੀਅਰ ਮੈਂਬਰ ਗੁਰਜੰਟ ਸਿੰਘ ਗਿੱਲ, ਡਾ.ਸੁਮੀਤ ਗਰੇਵਾਲ, ਡਾ. ਸੁਖਦੀਪ ਕੌਰ ਸਿੱਧੂ, ਡਾ. ਹਰਪਾਲ ਕੌਰ, ਡਾ. ਜੋਤੀ ਗੁਪਤਾ (ਸੀ. ਟੀ. ਯੂਨੀਵਰਸਿਟੀ), ਹਰਿੰਦਰ ਸਿੰਘ (ਸੀ. ਟੀ. ਯੂਨੀਵਰਸਿਟੀ) ਨੇ ਵਿਸ਼ੇਸ਼ ਤੌਰ ’ਤੇ ਸ਼ਿਰਕਤ ਕੀਤੀ ਅਤੇ ਹੋਣਹਾਰ ਵਿਦਿਆਰਥੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਨਿੱਜੀ ਤੌਰ ’ਤੇ ਵਧਾਈ ਦਿੱਤੀ। ਇਸ ਗੌਰਵਮਈ ਸਮਾਰੋਹ ਦੌਰਾਨ ਸਕੂਲ ਮੈਨੇਜਮੈਂਟ, ਅਧਿਆਪਕ ਸਾਹਿਬਾਨ ਅਤੇ ਮਾਪਿਆਂ ਨੇ ਹਾਜ਼ਰ ਹੋ ਕੇ ਸੰਸਥਾ ਦਾ ਨਾਮ ਰੌਸ਼ਨ ਕਰਨ ਵਾਲੇ ਬੱਚਿਆਂ ਦੀ ਸਖ਼ਤ ਮਿਹਨਤ ਦੀ ਭਰਪੂਰ ਸ਼ਲਾਘਾ ਕੀਤੀ। ਸਮਾਰੋਹ ਦੌਰਾਨ ਅਕੈਡਮੀ ਵਿੱਚੋਂ ਪਹਿਲੇ ਤਿੰਨ ਸਥਾਨ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਵਿਸ਼ੇਸ਼ ਟਰਾਫੀਆਂ ਅਤੇ ਪ੍ਰਸ਼ੰਸਾ ਪੱਤਰ ਦੇ ਕੇ ਨਿਵਾਜਿਆ ਗਿਆ, ਜਿਨ੍ਹਾਂ ਵਿੱਚ ਹਰਪ੍ਰਤਾਪ ਸਿੰਘ ਗਿੱਲ ਨੇ 93.8% ਅੰਕ ਪ੍ਰਾਪਤ ਕਰਕੇ ਪਹਿਲਾ ਸਥਾਨ ਹਾਸਲ ਕੀਤਾ। ਨੀਲਪ੍ਰੀਤ ਕੌਰ ਨੇ 92.2% ਅੰਕਾਂ ਨਾਲ ਦੂਜਾ ਅਤੇ ਮਨਦੀਪ ਕੌਰ ਨੇ 89.6% ਅੰਕਾਂ ਨਾਲ ਤੀਜਾ ਸਥਾਨ ਹਾਸਲ ਕੀਤਾ। ਇਨ੍ਹਾਂ ਤੋਂ ਇਲਾਵਾ, 80% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ 19 ਵਿਦਿਆਰਥੀਆਂ ਅਤੇ ਵੱਖ-ਵੱਖ ਵਿਸ਼ਿਆਂ ਵਿੱਚ ਮੋਹਰੀ ਰਹਿਣ ਵਾਲੇ ਬੱਚਿਆਂ ਨੂੰ ਵੀ ਮੁੱਖ ਮਹਿਮਾਨ ਵੱਲੋਂ ਸਟੇਜ ’ਤੇ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ, ਸੀ. ਟੀ. ਯੂਨੀਵਰਸਿਟੀ ਦੇ ਅਹੁਦੇਦਾਰ ਮੈਡਮ ਜੋਤੀ ਗੁਪਤਾ ਵੱਲੋਂ ਵੀ ਪਹਿਲੇ ਦਰਜੇ ਵਿੱਚ ਬਾਰ੍ਹਵੀਂ ਪਾਸ ਕਰਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ, ਮੈਡਲ ਅਤੇ ਕਿੱਟ ਨਾਲ ਸਨਮਾਨਿਤ ਕੀਤਾ ਗਿਆ ਅਤੇ ਭਵਿੱਖ ਵਿੱਚ ਹੋਰ ਉਪਲੱਬਧੀਆਂ ਹਾਸਲ ਕਰਨ ਲਈ ਪ੍ਰੇਰਿਤ ਕੀਤਾ ਗਿਆ। ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਬੀਬਾ ਗਗਨਦੀਪ ਕੌਰ ਢੀਂਡਸਾ ਨੇ ਬਹੁਤ ਹੀ ਪ੍ਰੇਰਨਾਦਾਇਕ ਸ਼ਬਦ ਕਹੇ। ਉਨ੍ਹਾਂ ਕਿਹਾ ਕਿ ਸਫ਼ਲਤਾ ਦਾ ਕੋਈ ਸ਼ਾਰਟਕੱਟ ਨਹੀਂ ਹੁੰਦਾ, ਇਹ ਸਿਰਫ਼ ਸਖ਼ਤ ਮਿਹਨਤ, ਸਵੈ-ਅਨੁਸ਼ਾਸਨ ਅਤੇ ਸੱਚੀ ਲਗਨ ਨਾਲ ਹੀ ਹਾਸਲ ਕੀਤੀ ਜਾ ਸਕਦੀ ਹੈ। ਉਨ੍ਹਾਂ ਨੇ ਬੱਚਿਆਂ ਨੂੰ ਭਵਿੱਖ ਵਿੱਚ ਉੱਚੇ ਟੀਚੇ ਮਿੱਥਣ ਅਤੇ ਦੇਸ਼-ਕੌਮ ਦੀ ਸੇਵਾ ਲਈ ਹਮੇਸ਼ਾ ਤਿਆਰ ਰਹਿਣ ਲਈ ਪ੍ਰੇਰਿਤ ਕੀਤਾ। ਬੀਬਾ ਢੀਂਡਸਾ ਜੀ ਨੇ ਸ਼ਾਨਦਾਰ ਨਤੀਜੇ ਲਈ ਅਕੈਡਮੀ ਦੇ ਪ੍ਰਬੰਧਕਾਂ ਅਤੇ ਅਧਿਆਪਕਾਂ ਦੀ ਪ੍ਰਸ਼ੰਸਾ ਵੀ ਕੀਤੀ।ਸਮਾਗਮ ਦੌਰਾਨ ਸਕੱਤਰ ਜਸਵੰਤ ਸਿੰਘ ਖਹਿਰਾ ਨੇ ਮੁੱਖ ਮਹਿਮਾਨ ਦਾ ਸਵਾਗਤ ਕੀਤਾ ਅਤੇ ਵਿਦਿਆਰਥੀਆਂ ਦੀ ਮਿਹਨਤ ਤੇ ਅਧਿਆਪਕਾਂ ਦੇ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਨਤੀਜੇ ਆਧੁਨਿਕ ਵਿਗਿਆਨਕ ਸਿੱਖਿਆ ਅਤੇ ਅਧਿਆਤਮਿਕ ਕਦਰਾਂ-ਕੀਮਤਾਂ ਦੇ ਸੁਮੇਲ ਦਾ ਪ੍ਰਤੀਕ ਹਨ। ਪ੍ਰਿੰਸੀਪਲ ਸ਼੍ਰੀ ਵਿਜੇ ਪਲਾਹਾ ਨੇ ਮੁੱਖ ਮਹਿਮਾਨ ਬੀਬਾ ਗਗਨਦੀਪ ਕੌਰ ਢੀਂਡਸਾ ਦਾ ਧੰਨਵਾਦ ਕਰਦਿਆਂ ਸਾਰਿਆਂ ਨੂੰ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਅਨੁਸ਼ਾਸਨ ਤੇ ਇਮਾਨਦਾਰੀ ਨਾਲ ਪੜ੍ਹਨ ਨੂੰ ਕਿਹਾ।

# ਕਾਰ ਸਵਾਰ ਨੌਜਵਾਨਾਂ ਨੂੰ ਅਗਵਾ ਕਰਕੇ ਲੁੱਟਣ ਦੇ ਮਾਮਲੇ ’ਚ ਤਿੰਨ ਗ੍ਰਿਫ਼ਤਾਰ

ਮਲੋਟ , 1 ਜੂਨ (ਅਮਨਦੀਪ ਸਿੰਘ ਮਹਿਰਾ): ਥਾਣਾ ਸਿਟੀ ਮਲੋਟ ਪੁਲਿਸ ਨੇ ਕਾਰ ਸਵਾਰ ਦੋ ਨੌਜਵਾਨਾਂ ਨੂੰ ਅਗਵਾ ਕਰਕੇ 50 ਹਜ਼ਾਰ ਰੁਪਏ ਦੀ ਫਿਰੌਤੀ ਵਸੂਲਣ, ਚਾਂਦੀ ਦੇ ਗਹਿਣੇ ਅਤੇ ਮੋਬਾਈਲ ਫੋਨ ਲੁੱਟਣ ਦੇ ਸਨਸਨੀਖੇਜ਼ ਮਾਮਲੇ ਨੂੰ ਸੁਲਝਾਉਂਦਿਆਂ ਤਿੰਨ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਹੈ। ਪੁਲਿਸ ਨੇ ਗ੍ਰਿਫ਼ਤਾਰ ਕੀਤੇ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁੱਛਗਿੱਛ ਲਈ ਰਿਮਾਂਡ ਵੀ ਹਾਸਲ ਕਰ ਲਿਆ ਹੈ।ਥਾਣਾ ਸਿਟੀ ਮਲੋਟ ਦੇ ਮੁਖੀ ਇੰਸਪੈਕਟਰ ਵਰੁਣ ਯਾਦਵ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਿੰਡ ਭੂੰਦੜ ਵਾਸੀ ਜਸਪਾਲ ਰਾਮ ਪੁੱਤਰ ਜੈਲਾ ਰਾਮ ਨੇ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਦੱਸਿਆ ਕਿ 29 ਮਈ ਦੀ ਸ਼ਾਮ ਕਰੀਬ 4:30 ਵਜੇ ਉਹ ਆਪਣੇ ਚਾਚੇ ਦੇ ਲੜਕੇ ਬੂਟਾ ਰਾਮ ਨਾਲ ਆਪਣੀ ਕਰੇਟਾ ਕਾਰ ਰਾਹੀਂ ਚੰਨੂ ਫੈਕਟਰੀ ਵਿਖੇ ਗੁਣੇ ਦੇ ਪੈਸੇ ਲੈਣ ਜਾ ਰਹੇ ਸਨ। ਜਦੋਂ ਉਹ ਡੇਰਾ ਬਿਆਸ ਮਲੋਟ ਨੇੜੇ ਪੁੱਜੇ ਤਾਂ ਬਿਨਾਂ ਨੰਬਰੀ ਹੀਰੋ ਹਾਂਡਾ ਮੋਟਰਸਾਈਕਲ ਤੇ ਸਵਾਰ ਤਿੰਨ ਵਿਅਕਤੀਆਂ ਨੇ ਉਨ੍ਹਾਂ ਦੀ ਕਾਰ ਰੁਕਵਾ ਲਈ।ਸ਼ਿਕਾਇਤ ਅਨੁਸਾਰ ਇੱਕ ਦੋਸ਼ੀ ਨੇ ਪਿਸਤੌਲਨੁਮਾ ਹਥਿਆਰ ਉਸ ਦੇ ਕੰਨ ਨਾਲ ਲਾ ਕੇ ਦੋਵਾਂ ਨੂੰ ਕਾਰ ਦੀ ਪਿਛਲੀ ਸੀਟ ’ਤੇ ਬਿਠਾ ਦਿੱਤਾ, ਜਦਕਿ ਬਾਕੀ ਦੋ ਦੋਸ਼ੀਆਂ ਨੇ ਕਾਰ ਆਪਣੇ ਕਬਜ਼ੇ ਵਿੱਚ ਲੈ ਲਈ। ਦੋਸ਼ੀਆਂ ਨੇ ਰਸਤੇ ਵਿੱਚ ਡਰਾ-ਧਮਕਾ ਕੇ ਪੈਸਿਆਂ ਦੀ ਮੰਗ ਕੀਤੀ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ। ਇਸ ਦੌਰਾਨ ਜਸਪਾਲ ਰਾਮ ਨੇ ਆਪਣੇ ਰਿਸ਼ਤੇਦਾਰ ਸੋਨੂੰ ਰਾਮ ਵਾਸੀ ਅਬੋਹਰੀਆ ਚੱਕ, ਜ਼ਿਲ੍ਹਾ ਗੰਗਾਨਗਰ (ਰਾਜਸਥਾਨ) ਨੂੰ ਫੋਨ ਕਰਕੇ ਪੈਸਿਆਂ ਦਾ ਪ੍ਰਬੰਧ ਕਰਨ ਲਈ ਕਿਹਾ।ਦੋਸ਼ੀ ਦੋਵਾਂ ਨੌਜਵਾਨਾਂ ਨੂੰ ਬਠਿੰਡਾ ਰਾਹੀਂ ਰਾਮਪੁਰਾ ਫੂਲ ਲੈ ਗਏ, ਜਿੱਥੇ ਇੱਕ ਕੈਫੇ ਵਿੱਚ ਸਕੈਨਰ ਰਾਹੀਂ ਤਿੰਨ ਵੱਖ-ਵੱਖ ਟਰਾਂਜ਼ੈਕਸ਼ਨਾਂ ਰਾਹੀਂ 50 ਹਜ਼ਾਰ ਰੁਪਏ ਮੰਗਵਾਏ ਗਏ। ਕੈਫੇ ਸੰਚਾਲਕ ਤੋਂ ਨਕਦੀ ਪ੍ਰਾਪਤ ਕਰਨ ਉਪਰੰਤ ਦੋਸ਼ੀਆਂ ਨੇ ਜਸਪਾਲ ਰਾਮ ਦੀ ਚਾਂਦੀ ਦੀ ਚੇਨ, ਕੜਾ ਅਤੇ ਦੋਵਾਂ ਦੇ ਮੋਬਾਈਲ ਫੋਨ ਵੀ ਖੋਹ ਲਏ।ਇੰਸਪੈਕਟਰ ਵਰੁਣ ਯਾਦਵ ਨੇ ਦੱਸਿਆ ਕਿ ਜਾਂਚ ਦੌਰਾਨ ਸ਼ਿਕਾਇਤਕਰਤਾ ਨੇ ਦੋਸ਼ੀਆਂ ਦੀ ਪਛਾਣ ਇਕਬਾਲ ਸਿੰਘ ਉਰਫ਼ ਪਿੰਨ ਵਾਸੀ ਤਪਾ ਖੇੜਾ, ਹਰਮਨਦੀਪ ਸਿੰਘ ਵਾਸੀ ਕਿੰਗਰਾ ਰੋਡ ਅਬੁਲ ਖੁਰਾਣਾ ਅਤੇ ਕੁਲਦੀਪ ਸਿੰਘ ਵਾਸੀ ਤਪਾ ਖੇੜਾ ਵਜੋਂ ਕੀਤੀ। ਇਸ ਤੋਂ ਬਾਅਦ ਪੁਲਿਸ ਨੇ ਤਿੰਨਾਂ ਖ਼ਿਲਾਫ਼ ਭਾਰਤੀ ਨਿਆਂ ਸੰਹਿਤਾ ਦੀਆਂ ਧਾਰਾਵਾਂ 308(6), 309(3), 140(2), 3(5) ਅਤੇ ਅਸਲਾ ਐਕਟ ਦੀਆਂ ਧਾਰਾਵਾਂ 25/54/59 ਤਹਿਤ ਮਾਮਲਾ ਦਰਜ ਕਰ ਲਿਆ।ਉਨ੍ਹਾਂ ਦੱਸਿਆ ਕਿ ਪੁਲਿਸ ਟੀਮ ਨੇ ਤੁਰੰਤ ਕਾਰਵਾਈ ਕਰਦਿਆਂ ਤਿੰਨਾਂ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ। ਮੁੱਢਲੀ ਜਾਂਚ ਵਿੱਚ ਇਹ ਵੀ ਸਾਹਮਣੇ ਆਇਆ ਹੈ ਕਿ ਗ੍ਰਿਫ਼ਤਾਰ ਕੀਤੇ ਗਏ ਦੋਸ਼ੀਆਂ ਖ਼ਿਲਾਫ਼ ਪਹਿਲਾਂ ਵੀ ਕਈ ਅਪਰਾਧਿਕ ਮਾਮਲੇ ਦਰਜ ਹਨ।ਥਾਣਾ ਮੁਖੀ ਨੇ ਕਿਹਾ ਕਿ ਪੁਲਿਸ ਵੱਲੋਂ ਮਾਮਲੇ ਦੀ ਹਰ ਪੱਖ ਤੋਂ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ। ਰਿਮਾਂਡ ਦੌਰਾਨ ਦੋਸ਼ੀਆਂ ਤੋਂ ਲੁੱਟੀ ਗਈ ਰਕਮ, ਮੋਬਾਈਲ ਫੋਨ ਅਤੇ ਗਹਿਣਿਆਂ ਦੀ ਬਰਾਮਦਗੀ ਲਈ ਪੁੱਛਗਿੱਛ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਜਾਂਚ ਦੌਰਾਨ ਹੋਰ ਵੀ ਅਹਿਮ ਖੁਲਾਸੇ ਹੋਣ ਦੀ ਸੰਭਾਵਨਾ ਹੈ।

# ਲੋਕ ਸਥਾਈ ਲੋਕ ਅਦਾਲਤ ਵਿੱਚ ਕੇਸ ਲਗਾਉਣ, ਇਸ ਵਿੱਚ ਛੇਤੀ ਨਿਆਂ ਮਿਲਦਾ ਹੈ : ਜਸਵਿੰਦਰ ਸ਼ੀਮਰ



ਸ੍ਰੀ ਮੁਕਤਸਰ ਸਾਹਿਬ, 1 ਜੂਨ ( ਐਚ ਐਸ ਕਪੂਰ): ਨਾਲਸਾ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਐੱਸ.ਏ.ਐੱਸ ਨਗਰ (ਮੋਹਾਲੀ) ਜੀਆਂ ਦੀਆਂ ਹਦਾਇਤਾਂ ਅਨੁਸਾਰ ਸ਼੍ਰੀਮਤੀ ਜਸਵਿੰਦਰ ਸ਼ੀਮਰ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨਜ਼ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜੀਆਂ ਨੇ ਦੱਸਿਆ ਕਿ ਜ਼ਿਲ੍ਹਾ ਪੱਧਰ ’ਤੇ ਸਥਾਈ ਲੋਕ ਅਦਾਲਤਾਂ (ਜਨ ਉਪਯੋਗੀ ਸੇਵਾਵਾਂ) ਕਾਨੂੰਨੀ ਸੇਵਾਵਾਂ ਅਥਾਰਟੀਜ ਐਕਟ, 1987 ਦੀ ਧਾਰਾ 22-ਬੀ ਦੇ ਤਹਿਤ ਸਥਾਪਿਤ ਕੀਤੀਆਂ ਗਈਆਂ ਹਨ। ਇਨ੍ਹਾਂ ਉਦੇਸ਼ਾਂ ਨਾਲ ਹੀ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਜਿਸ ਨੂੰ ਇਸ ਤੋਂ ਬਾਅਦ ਪੀ.ਐਲ.ਏ (ਪੀ.ਯੂ.ਐਸ) ਕਿਹਾ ਜਾਂਦਾ ਹੈ। ਕਾਨੂੰਨੀ ਸੇਵਾਵਾਂ ਅਥਾਰਟੀਜ ਅਮੈਂਡਮੈਂਟ ਐਕਟ, 2002 ਅਨੁਸਾਰ ਜ਼ਿਲ੍ਹਾ ਪੱਧਰ ’ਤੇ ਸਥਾਈ ਲੋਕ ਅਦਾਲਤਾਂ (ਜਨ ਉਪਯੋਗੀ ਸੇਵਾਵਾਂ) ਦਾ ਗਠਨ ਕੀਤਾ ਗਿਆ। ਪਰਮਾਨੈਂਟ ਲੋਕ ਅਦਾਲਤ ਵਿੱਚ (ਜਨ ਉਪਯੋਗੀ ਸੇਵਾਵਾਂ) ਵਿੱਚ 01 ਚੇਅਰਮੈਨ ਅਤੇ 02 ਮੈਂਬਰ ਹੁੰਦੇ ਹਨ। ਇਸ ਲੋਕ ਅਦਾਲਤ ਵਿੱਚ ਜਨ ਉਪਯੋਗੀ ਸੇਵਾਵਾਂ ਨਾਲ ਸਬੰਧਤ ਪ੍ਰੀ-ਲਿਟੀਗੇਟਿਵ ਕੇਸਾਂ (ਜਿਹੜੇ ਕੇਸ ਅਦਾਲਤਾਂ ਵਿੱਚ ਲੰਬਿਤ ਨਹੀਂ ਹਨ) ਦਾ ਫੈਸਲਾ ਕੀਤਾ ਜਾਂਦਾ ਹੈ। ਇਸ ਸਥਾਈ ਲੋਕ ਅਦਾਲਤ ਵਿੱਚ ਜਨ ਉਪਯੋਗੀ ਸੇਵਾਵਾਂ ਜਿਵੇਂ ਕਿ ਆਵਾਜਾਈ ਸੇਵਾਵਾਂ, ਪੋਸਟਲ, ਟੈਲੀਫੋਨ ਸੇਵਾਵਾਂ, ਬਿਜਲੀ ਸੇਵਾਵਾਂ ਸਬੰਧੀ ਮਾਮਲੇ, ਪਾਣੀ ਸਬੰਧੀ ਮਾਮਲੇ ਕੁਦਰਤੀ ਸਾਧਨਾਂ ਦੀ ਸੁਰੱਖਿਆਂ ਜਾਂ ਸੈਨੀਟੇਸ਼ਨ ਸਬੰਧੀ ਮਾਮਲੇ, ਹਸਪਤਾਲਾਂ ਜਾਂ ਡਿਸਪੈਂਸਰੀਆਂ ਵਿੱਚ ਸੇਵਾਵਾਂ ਮਾਮਲੇ, ਬੀਮਾ ਸੇਵਾਵਾਂ, ਬੈਂਕਿੰਗ ਸੇਵਾਵਾਂ, ਹਾਊਸਿੰਗ ਸੇਵਾਵਾਂ, ਫਾਇਨਾਂਸ ਸੇਵਾਵਾਂ, ਸਿੱਖਿਆਂ ਪ੍ਰਦਾਨ ਕਰਨ ਅਤੇ ਇਸ ਨਾਲ ਜੁੜੇ ਮਾਮਲੇ, ਐਲ.ਪੀ.ਜੀ. ਦੇ ਨਵੇਂ ਕੁਨੈਕਸ਼ਨ, ਸਪਲਾਈ, ਰਿਫਿਲਿੰਗ ਅਤੇ ਇਸ ਨਾਲ ਜੁੜੇ ਮਾਮਲੇ, ਆਧਾਰ ਕਾਰਡ, ਰਾਸ਼ਨ ਕਾਰਡ, ਵੋਟਰ ਸ਼ਨਾਖਤੀ ਕਾਰਡ ਅਤੇ ਬੀ.ਪੀ.ਐਲ਼ ਕਾਰਡ ਜਾਰੀ ਕਰਨ ਸਬੰਧੀ, ਬੁਢਾਪਾ ਪੈਨਸ਼ਨ, ਵਿਧਵਾ ਸਕੀਮ, ਸ਼ਗਨ ਸਕੀਮ ਅਤੇ ਬੇਰੋਜ਼ਗਾਰੀ ਭੱਤੇ ਦੀਆਂ ਸੇਵਾਵਾਂ ਸਬੰਧੀ ਮਾਮਲੇ, ਜਨਤਕ ਵੰਡ ਸਬੰਧੀ ਸੇਵਾਵਾਂ, ਜਨਮ ਤੇ ਮੌਤ ਦੀ ਰਜ਼ਿਸਟਰੇਸ਼ਨ ਨਾਲ ਸਬੰਧਿਤ ਸੇਵਾਵਾਂ।ਉਪਰੋਕਤ ਸੇਵਾਵਾਂ ਨਾਲ ਸਬੰਧਤ ਅਜਿਹੇ ਝਗੜੇ, ਸ਼ਿਕਾਇਤਾਂ, ਵਿਵਾਦ ਜਿਹੜੇ ਅਦਾਲਤਾਂ ਵਿੱਚ ਲੰਬਿਤ ਨਹੀਂ ਹਨ, ਸਬੰਧੀ ਦਰਖ਼ਾਸਤ ਸਾਦੇ ਕਾਗਜ ’ਤੇ ਲਿਖ ਕੇ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਵਿੱਚ ਚੇਅਰਮੈਨ ਕੋਲ ਪੇਸ਼ ਕਰਨੀ ਹੁੰਦੀ ਹੈ ਅਤੇ ਇਸ ਲੋਕ ਅਦਾਲਤ ਵਿੱਚ 01 ਕਰੋੜ ਰੁਪਏ ਤੱਕ ਦੇ ਝਗੜੇ, ਮਾਮਲੇ ਰੱਖੇ ਜਾ ਸਕਦੇ ਹਨ। ਆਮ ਜਨਤਾ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਉਪਰੋਕਤ ਕੈਟਾਗਿਰੀਆਂ ਅਧੀਨ ਆਉਂਦੇ ਆਪਣੇ ਕੇਸਾਂ ਨੂੰ ਸਥਾਈ ਲੋਕ ਅਦਾਲਤ (ਜਨ ਉਪਯੋਗੀ ਸੇਵਾਵਾਂ) ਵਿੱਚ ਲਗਾਉਣ ਕਿਉਂਕਿ ਇਸ ਲੋਕ ਅਦਾਲਤ ਵਿੱਚ ਛੇਤੀ ਅਤੇ ਸਸਤਾ ਨਿਆਂ ਮਿਲਦਾ ਹੈ ਅਤੇ ਇਸ ਦੇ ਫੈਸਲੇ ਨੂੰ ਦੀਵਾਨੀ ਕੋਰਟ ਦੀ ਡਿਕਰੀ ਦੀ ਮਾਨਤਾ ਪ੍ਰਾਪਤ ਹੈ। ਕੇਸ ਲਗਾਉਣ ਲਈ ਕੋਈ ਵੀ ਕੋਰਟ ਫੀਸ ਨਹੀਂ ਲਗਦੀ ਅਤੇ ਇਸ ਦੇ ਫੈਸਲੇ ਦੇ ਖਿਲਾਫ ਕੋਈ ਅਪੀਲ ਨਹੀਂ ਹੁੰਦੀ।


ਚੰਡੀਗੜ੍ਹ ਹਾਊਸਿੰਗ ਬੋਰਡ 8, ਜਨ ਮਾਰਗ, ਸੈਕਟਰ 9-ਡੀ, ਚੰਡੀਗੜ੍ਹ
ਚੰਡੀਗੜ੍ਹ ਪ੍ਰਸ਼ਾਸਨ ਦਾ ਇੱਕ ਅਦਾਰਾ



**ਜਨਤਕ ਸੂਚਨਾ**

ਵਿਸ਼ਾ : ਅਲਾਟੀ/ਟ੍ਰਾਂਸਫਰੀ ਸ੍ਰੀ ਰਵਿੰਦਰ ਭਨੋਟ (ਰਵਿੰਦਰ ਕੁਮਾਰ ਭਨੋਟ) ਸਪੁੱਤਰ ਸ੍ਰੀ ਅਮਰ ਨਾਥ ਭਨੋਟ ਦੀ ਬੇਵਸੀਅਤੀ ਮੌਤ ’ਤੇ (1) ਸ੍ਰੀਮਤੀ ਵੀਨਾ ਭਨੋਟ ਸੁਪਤਨੀ ਸਵ. ਸ੍ਰੀ ਰਵਿੰਦਰ ਭਨੋਟ (ਰਵਿੰਦਰ ਕੁਮਾਰ ਭਨੋਟ), (2) ਸ੍ਰੀ ਮਨੀਸ਼ ਭਨੋਟ ਸਪੁੱਤਰ ਸਵ. ਸ੍ਰੀ ਰਵਿੰਦਰ ਭਨੋਟ (ਰਵਿੰਦਰ ਕੁਮਾਰ ਭਨੋਟ) ਅਤੇ (3) ਸ੍ਰੀਮਤੀ ਸ਼ਿਵਾਨੀ ਭਨੋਟ ਸ਼ਰਮਾ ਸਪੁੱਤਰੀ ਸਵ. ਸ੍ਰੀ ਰਵਿੰਦਰ ਭਨੋਟ ਦੇ ਨਾਮ ’ਤੇ ਸੈਕਟਰ 40-ਡੀ, ਚੰਡੀਗੜ੍ਹ ਵਿਚ ਐਮਆਈਜੀ ਵਰਗ ਦੀ ਰਿਹਾਇਸ਼ੀ ਇਕਾਈ ਨੰਬਰ 3391-1 ਦੀ ਅਲਾਟਮੈਂਟ/ਪੰਜੀਕਰਨ ਦਾ ਤਬਾਦਲਾ/ਪਰਿਵਰਤਨ।

ਆਮ ਜਨਤਾ ਅਤੇ ਸਾਰੇ ਸਬੰਧਤਾਂ ਦੀ ਜਾਣਕਾਰੀ ਲਈ ਇਸ ਦੁਆਰਾ ਸੂਚਿਤ ਕੀਤਾ ਜਾਂਦਾ ਹੈ ਕਿ ਸੈਕਟਰ 40-ਡੀ, ਚੰਡੀਗੜ੍ਹ ਵਿਚ ਐਮਆਈਜੀ ਵਰਗ ਦੀ ਰਿਹਾਇਸ਼ੀ ਇਕਾਈ ਨੰਬਰ 3391-1 ਦੇ ਅਲਾਟੀ/ਮਾਲਕ ਸ੍ਰੀ ਰਵਿੰਦਰ ਭਨੋਟ (ਰਵਿੰਦਰ ਕੁਮਾਰ ਭਨੋਟ) ਸਪੁੱਤਰ ਸ੍ਰੀ ਅਮਰ ਨਾਥ ਭਨੋਟ ਦੀ ਉਨ੍ਹਾਂ ਦੇ ਕਾਨੂੰਨੀ ਵਾਰਸਾਂ ਦੁਆਰਾ ਦਿੱਤੀ ਸੂਚਨਾ ਅਨੁਸਾਰ ਚੰਡੀਗੜ੍ਹ ਵਿਖੇ 06.07.2015 ਨੂੰ ਮੌਤ ਹੋ ਗਈ ਸੀ। (1) ਸ੍ਰੀਮਤੀ ਵੀਨਾ ਭਨੋਟ ਸੁਪਤਨੀ ਸਵ. ਸ੍ਰੀ ਰਵਿੰਦਰ ਭਨੋਟ (ਰਵਿੰਦਰ ਕੁਮਾਰ ਭਨੋਟ), (2) ਸ੍ਰੀ ਮਨੀਸ਼ ਭਨੋਟ ਸਪੁੱਤਰ ਸਵ. ਸ੍ਰੀ ਰਵਿੰਦਰ ਭਨੋਟ (ਰਵਿੰਦਰ ਕੁਮਾਰ ਭਨੋਟ) ਅਤੇ (3) ਸ੍ਰੀਮਤੀ ਸ਼ਿਵਾਨੀ ਭਨੋਟ ਸ਼ਰਮਾ ਸਪੁੱਤਰੀ ਸਵ. ਸ੍ਰੀ ਰਵਿੰਦਰ ਭਨੋਟ ਨੇ ਸ੍ਰੀ ਰਵਿੰਦਰ ਭਨੋਟ (ਰਵਿੰਦਰ ਕੁਮਾਰ ਭਨੋਟ) ਸਪੁੱਤਰ ਸ੍ਰੀ ਅਮਰ ਨਾਥ ਭਨੋਟ ਦੀ ਬੇਵਸੀਅਤੀ ਮੌਤ ਦੇ ਆਧਾਰ ’ਤੇ ਆਪਣੇ ਨਾਮ ’ਤੇ ਸੈਕਟਰ 40-ਡੀ, ਚੰਡੀਗੜ੍ਹ ਵਿਚ ਐਮਆਈਜੀ ਵਰਗ ਦੀ ਰਿਹਾਇਸ਼ੀ ਇਕਾਈ ਨੰਬਰ 3391-1 ਦੀ ਮਾਲਕੀ ਦੇ ਤਬਾਦਲੇ ਲਈ ਬੇਨਤੀ ਕੀਤੀ ਹੈ। ਉਨ੍ਹਾਂ ਨੇ ਅੱਗੇ ਬਿਆਨ ਦਿੱਤਾ ਹੈ ਕਿ ਕੋਈ ਹੋਰ ਕਾਨੂੰਨੀ ਵਾਰਸ ਛੱਡਿਆ ਨਹੀਂ ਗਿਆ ਹੈ।

ਜੇਕਰ ਕਿਸੇ ਵੀ ਵਿਅਕਤੀ ਨੂੰ ਰਿਹਾਇਸ਼ੀ ਇਕਾਈ, ਜੋ ਕਿ (1) ਸ੍ਰੀਮਤੀ ਵੀਨਾ ਭਨੋਟ (ਸੁਪਤਨੀ), (2) ਸ੍ਰੀ ਮਨੀਸ਼ ਭਨੋਟ (ਸਪੁੱਤਰ) ਅਤੇ (3) ਸ੍ਰੀਮਤੀ ਸ਼ਿਵਾਨੀ ਭਨੋਟ ਸ਼ਰਮਾ (ਸਪੁੱਤਰੀ) ਦੇ ਪੱਖ ਵਿਚ ਚੰਡੀਗੜ੍ਹ ਹਾਊਸਿੰਗ ਬੋਰਡ ਵੱਲੋਂ ਤਬਦੀਲ ਕੀਤੇ ਜਾਣ ਲਈ ਪ੍ਰਸਤਾਵਿਤ ਹੈ, ਵਿਚ ਦਾਅਵੇ/ਅਧਿਕਾਰ/ਹਿੱਤ ਸਬੰਧੀ ਕੋਈ ਵੀ ਇਤਰਾਜ਼ ਹੋਵੇ, ਤਾਂ ਉਹ ਇਸ ਸੂਚਨਾ ਦੇ ਪ੍ਰਕਾਸ਼ਨ ਤੋਂ 21 ਦਿਨਾਂ ਦੇ ਅੰਦਰ ਨਿਮਨ ਹਸਤਾਖ਼ਰੀ ਨੂੰ ਲਿਖਤ ਵਿਚ ਆਪਣਾ ਇਤਰਾਜ਼ ਪੇਸ਼ ਕਰ ਸਕਦਾ/ਸਕਦੀ ਹੈ, ਜਿਸ ਤੋਂ ਅਸਫਲ ਰਹਿਣ ’ਤੇ ਦਰਸਾਈ ਰਿਹਾਇਸ਼ੀ ਇਕਾਈ ਦਾ ਪੰਜੀਕਰਨ ਅਤੇ ਅਲਾਟਮੈਂਟ ਉਕਤ ਦਾਅਵੇਕਾਰ ਦੇ ਪੱਖ ਵਿਚ ਤਬਦੀਲ ਕਰ ਦਿੱਤੇ ਜਾਣਗੇ।

ਸਕੱਤਰ,
ਚੰਡੀਗੜ੍ਹ ਹਾਊਸਿੰਗ ਬੋਰਡ, ਚੰਡੀਗੜ੍ਹ



**ਉੱਤਰ ਰੇਲਵੇ**

ਈ-ਨਿਵਿਦਾ

ਖੁਲ੍ਹੀ ਨਿਵਿਦਾ ਨੰਬਰ-11-ਅੰਬਾਲਾ/2026-27 ਮਿਤੀ 01.06.2026

ਸੀਨੀਅਰ ਮੰਡਲ ਇੰਜੀਨੀਅਰ-ਤਾਲਮੇਲ/ਅੰਬਾਲਾ ਦੇ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਈ ਨਿਵਿਦਾ ਦੇ ਮਾਧਿਅਮ ਨਾਲ ਇਛੁਕ ਠੇਕੇਦਾਰਾਂ ਤੋਂ ਹੇਠਾਂ ਲਿਖਤ ਕੰਮਾਂ ਲਈ ਖੁਲ੍ਹੀਆਂ ਨਿਵਿਦਾਵਾਂ ਦੀ ਮੰਗ ਕੀਤੀ ਜਾਂਦੀ ਹੈ ਜੋ ਕਿ ਉਨ੍ਹਾਂ ਕੰਮਾਂ ਦੇ ਸਾਹਮਣੇ ਦਿਤੀ ਗਈ ਮਿਤੀ ਨੂੰ 15.00 ਵਜੇ ਖੁਲ੍ਹੇ ਰਹਿਣਗੇ ਅਤੇ ਉਸ ਦੇ ਬਾਅਦ ਖੋਹਲੇ ਜਾਣਗੇ।

| ਲ. ਨ. | ਕੰਮ ਦਾ ਨਾਮ | ਅੰਦਾਜਨ ਲਾਗਤ (Rs.) | ਅਗਾਊਂ ਰਾਸ਼ੀ (Rs.) | ਕੰਮ ਸਮਾਪਤੀ ਦਾ ਸਮਾਂ | ਨਿਵਿਦਾ ਖੁਲਣ ਦੀ ਮਿਤੀ |
|---|---|---|---|---|---|
| 1 | ਏਡੀਈਐਨ/ਐਸਆਰਈ ਦੇ ਤਹਿਤ ਐਸਆਰਈ-ਯੂਐਮਬੀ ਸੈਕਸ਼ਨ ਉਤੇ ਕਿਮੀ 214/588-206 ਤੇ ਡਾਊਨ ਸਾਈਡ ਸਪੈਨ (2x7.62 ਮੀਟਰ) ਵਾਲੇ ਬ੍ਰਿਜ ਨੰਬਰ 255 ਸਾਈਡਿੰਗ ਦੇ ਪੀਐਸਸੀ ਸਲੈਬ ਦੇ ਨਾਲ ਸਟੀਲ ਗਡੂਰ ਦਾ ਪ੍ਰਤੀਸਥਾਪਨ। | 59,08,541 | 1,18,200 | 12 ਮਹੀਨੇ | 24.06.2026 |
| 2 | MRND-DLPC ਸੈਕਸ਼ਨ ਉਤੇ SSE/W/NLDM ਦੇ ਤਹਿਤ ਨੰਗਲ ਡੈਮ ਅਤੇ ਕਿਰਤਪੁਰ ਯਾਰਡ ਦੇ ਅਪ੍ਰੋਚ ਵਿਚ ਨਜਾਇਜ ਕਬਜੇ-ਪ੍ਰਵਨ ਸਥਾਨਾਂ ਤੇ ਸੀਮਾ ਦੀਵਾਰ ਦਾ ਪ੍ਰਾਵਧਾਨ (ਕਾਸਟ-ਇਨ - ਸੀਟੂ/ ਪ੍ਰੀਕਾਸਟ ਆਰਸੀਸੀ ਦੀਵਾਰ) | 1,85,27,093 | 3,70,600 | 06 ਮਹੀਨੇ | 24. |
| 3 | ਏਡੀਈਐਨ/ਬੀਟੀਆਈ ਦੇ ਤਹਿਤ ਐਸਐਸਈ/ਪੀ.ਵੇ./ਬੀਟੀਆਈ ਦੇ ਅਨੁਭਾਗ ਵਿਚ ਟੀਆਰਆਰ (ਪੀ) 7.213 ਟੀਕੇਐਮ ਲੂਪ ਲਾਈਨਾਂ ਅਤੇ ਯਾਰਡ ਸੁਧਾਰ ਕੰਮਾਂ ਦੇ ਸਬੰਧ ਵਿਚ ਬੀਟੀਆਈ ਯਾਰਡ ਵਿਚ ਟੀਆਰਆਰ ਅਤੇ ਹੋਰ ਵਖ-ਵਖ ਕੰਮ। | 92,55,053 | 1,85,100 | 10 ਮਹੀਨੇ | 24.06.2026 |
| 4 | ਯੂਐਮਬੀ - ਐਲਡੀਐਚ ਸੈਕਸ਼ਨ ਵੁਤੇ ਦੋਰਾਹਾ ਸਟੇਸ਼ਨ ਤੇ ਯਾਤਰੀ ਪਲੇਟਫਾਰਮ ਨੰਬਰ 1 ਨੂੰ ਮਾਧਿਅਮ ਪਧਰ ਤੋਂ ਉਚ ਪਧਰ ਤਕ ਵਧਾਉਣ ਦੇ ਨਾਲ-ਨਾਲ 600 ਮੀਟਰ ਤਕ ਵਿਸਤਾਰ। | 2,15,79,359 | 4,31,600 | 06 ਮਹੀਨੇ | 24.06.2026 |
| 5 | ਅੰਬਾਲਾ-ਲੁਧਿਆਣਾ ਸੈਕਸ਼ਨ ਉਤੇ ਰਾਜਪੁਰਾ ਰੇਲਵੇ ਸਟੇਸ਼ਨ ਤੇ ਮੌਜੂਦਾ ਫੁਟ ਓਵਰ ਬ੍ਰਿਜ (ਕੋਡਲ ਜੀਵਨ ਪੂਰਾ ਹੋਣ ਦੇ ਕਾਰਨ) ਦੇ ਬਦਲੇ ਵਿਚ ਲੁਧਿਆਣਾ ਵਾਲੇ ਪਾਸੇ ਤੇ ਪਲੇਟਫਾਰਮ ਨੰਬਰ 1 ਅਤੇ ਪਲੇਟਫਾਰਮ ਨੰਬਰ 2/3 ਨੂੰ ਜੋੜਨ ਵਾਲੇ 3.0 ਮੀਟਰ ਚੌੜੇ ਫੁਟ ਓਵਰ ਬ੍ਰਿਜ ਦਾ ਪ੍ਰਾਵਧਾਨ। | 2,06,33,000 | 4,12,700 | 12 ਮਹੀਨੇ | 24.06.2026 |
| 6 | 1) ਏਡੀਈਐਨ/ਯੂਐਮਵੀ ਦੇ ਤਹਿਤ ਐਸਐਸਈ/ਡਬਲਯੂ/ਐਮ/ਐਮ/ਯੂਐਮਬੀ ਦੇ ਅਨੁਭਾਗ ਵਿਚ ਅੰਬਾਲਾ ਕੈਂਟ ਵਿਚ ਆਰਐਮਆਰਵੀ ਦੇ ਲਈ ਗੈਰੇਜ ਅਤੇ ਮੌਜੂਦਾ ਏਆਰਟੀ ਕਵਰ ਸ਼ੈਡ ਦੀ ਛੱਤ ਸ਼ੀਟ, ਵੈਲੀ ਗਟਰ, ਆਰਡਬਲਯੂਪੀ, ਫਰਸ਼ ਆਦਿ ਦੀ ਮੁਰੰਮਤ ਦਾ ਪ੍ਰਾਵਧਾਨ (2) ਆਰਓਐਚ ਡਿਪੋ ਯੂਐਮਬੀ ਵਿਚ ਸ਼ਾਵਰ ਪ੍ਰੀਖਸ਼ਣ ਸਹੂਲਤਾਂ ਦਾ ਪ੍ਰਾਵਧਾਨ। | 1,01,39,349 | 2,02,800 | 06 ਮਹੀਨੇ | 24.06.2026 |
| 7 | ਸੀਨੀਅਰ ਡੀਈਐਨ/।।/ ਯੂਐਮਬੀ ਦੇ ਤਹਿਤ ਏਡੀਈਐਨ/ਪੀਟੀਏ ਦੇ ਅਨੁਭਾਗ ਵਿਚ ਟੀਆਰਆਰ (ਪੀ) 7.213 ਟੀਕੇਐਮ ਲੂਪ ਲਾਈਨਾਂ ਅਤੇ ਯਾਰਡ ਸੁਧਾਰ ਕੰਮਾਂ ਦੇ ਸਬੰਧ ਵਿਚ ਟੀਆਰਆਰ (3.845 ਟੀਕੇਐਮ) ਅਤੇ ਹੋਰ ਵਖ-ਵਖ। | 1,03,07,111 | 2,06,200 | 10 ਮਹੀਨੇ | 24/06/2026 |
| 8 | ADEN/BTI ਦੇ ਤਹਿਤ ਯਾਰਡ ਸੁਧਾਰ ਕੰਮਾਂ ਦੇ ਸਬੰਧ ਵਿਚ SSE/Pway/BNN, BTI ਅਤੇ ABS ਦੇ ਅਨੁਭਾਗ ਵਿਚ ਵਖ-ਵਖ ਯਾਰਡਾਂ (BTI ਯਾਰਡ ਨੂੰ ਛੱਡ ਕੇ) ਵਿਚ ਵਖ-ਵਖ ਕੰਮ। | 1,13,92,499 | 2,27,900 | 10 ਮਹੀਨੇ | 24/06/2026 |

ਨੋਟ:- 1. ਠੇਕੇਦਾਰ ਨੂੰ ਸ਼ਰਤਾਂ ਦੇ ਅਨੁਸਾਰ ਟੈਂਡਰ ਯੋਗਤਾ ਪੂਰੀ ਕਰਨ ਲਈ ਸਾਰੇ ਜਰੂਰੀ ਸਬੰਧਤ ਡਾਕੂਮੈਂਟਾਂ ਦੀ ਸਕੈਨਿੰਗ ਕਾਪੀ ਨੂੰ ਰੇਲਵੇ ਵੈਬਸਾਈਟ IREPS ਤੇ ਅਪਲੋਡ ਕਰਨੀ ਜਰੂਰੀ ਹੈ। 2. ਅਗਾਊਂ ਰਾਸ਼ੀ ਆਨ ਲਾਈਨ ਪੇਮੈਂਟ ਨੈਟ ਬੈਂਕਿੰਗ/ਗੇਟਵੇ ਪੇਮੈਂਟ ਦੇ ਦੁਆਰਾ ਹੀ ਸਵੀਕਾਰ ਹੋਣਗੇ। 3.ਟੈਂਡਰ ਦੀ ਵਿਸਤ੍ਰਿਤ ਜਾਣਕਾਰੀ ਲਈ ਰੇਲਵੇ ਵੈਬਸਾਈਟ www.ireps.gov.in ਤੇ ਲਾਗ ਆਨ ਕਰੋ। 4.ਠੇਕੇਦਾਰ ਨੂੰ ਈ-ਟੈਂਡਰ ਵਿਚ ਭਾਗੀਦਾਰੀ ਲਈ (ਕਲਾਸ-III) ਡਿਜੀਟਲ ਸਿਗਨੇਚਰ ਸਰਟੀਫਿਕੇਟ ਦੁਆਰਾ ਲਾਗ-ਆਨ ਕਰਨਾ ਹੋਵੇਗਾ। 5. ਜੀ.ਐਸ.ਟੀ. ਐਕਟ 2017 ਦੇ ਅਨੁਸਾਰ ਲਾਗੂ ਹੋਵੇਗਾ। 1853/26

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ



ਅਸਟੇਟ ਦਫਤਰ, ਯੂ.ਟੀ., ਚੰਡੀਗੜ੍ਹ
ਚੰਡੀਗੜ੍ਹ ਵਿਚ ਪੂਰੀ ਮਾਲਕੀ ਅਧਾਰ ’ਤੇ ਰਿਹਾਇਸ਼ੀ ਥਾਵਾਂ ਦੀ ਈ-ਨਿਲਾਮੀ
ਰਿਹਾਇਸ਼ੀ ਥਾਵਾਂ ਦੀ ਈ-ਨਿਲਾਮੀ ਦੀ ਸੂਚੀ ਨਿਮਨ ਅਨੁਸਾਰ :-



| ਪ੍ਰਕਾਸ਼ਨ ਮਿਤੀ | ਦਸਤਾਵੇਜ਼/ਬਿਆਨਾ ਰਕਮ ਜਮ੍ਹਾਂ/ ਭੁਗਤਾਨ ਮਿਤੀ | | ਦਸਤਾਵੇਜ਼/ਬਿਆਨਾ ਰਕਮ ਪ੍ਰਵਾਨਗੀ ਮਿਤੀ | | ਨਿਲਾਮੀ ਦੀ ਮਿਤੀ | |
|---|---|---|---|---|---|---|
| ਸ਼ੁਰੂਆਤ | ਸ਼ੁਰੂਆਤ | ਅੰਤ | ਸ਼ੁਰੂਆਤ | ਅੰਤ | ਸ਼ੁਰੂਆਤ | ਅੰਤ |
| 02.06.2026 | 02.06.2026 | 23.06.2026 | 24.06.2026 | 26.06.2026 | 27.06.2026 | 29.06.2026 |
| 09:00 AM | 10:00 AM | 05:00 PM | 09:00 AM | 05:00 PM | 09:00 AM | 11:00 AM |

ਨਿਲਾਮ ਕੀਤੀਆਂ ਜਾਣ ਵਾਲੀਆਂ ਥਾਵਾਂ ਦੇ ਵੇਰਵੇ:-

ਰਿਹਾਇਸ਼ੀ ਥਾਵਾਂ
(ਈ-ਨਿਲਾਮੀ ਆਈਡੀ ਨੰ. **2026_CH_189**)

| ਲ. ਨੰ. | ਸੰਪੱਤੀ ਨੰ. | ਸਥਾਨ/ਸੈਕਟਰ | ਵਰਗ ਗਜ਼ ** ਵਿਚ ਖੇਤਰਫਲ | ਪੈਮਾਇਸ਼ ** | ਰਾਖਵੀਂ ਕੀਮਤ ਰੁ. ’ਚ | ਬਿਆਨਾ ਰਕਮ ਰੁ. ’ਚ |
|---|---|---|---|---|---|---|
| 1 | 1279 | 15-B | 249.375 | 33’-9x66’-6” | 8,23,38,887 | 16,46,778 |
| 2 | 38 | 20 | 198.33 | 25’-6”x70’-0” | 6,54,84,798 | 13,09,696 |
| 3 | 2092 | 21 | 500.5 | 49’-6” x 91-0” | 16,52,55,591 | 33,05,112 |
| 4 | 2452 | 23 | 198.33 | 25’-6x70’-0 198.33 sq yd | 6,54,84,798 | 13,09,696 |
| 5 | 3226 | 27-D | 256.666 | 33’-0” x 70’-0” | 8,47,46,237 | 16,94,925 |
| 6 | 334 | 44 | 502.316 | 15x28=420 Mtr. Or 502.316 Sq. Y rd. | 16,58,55,199 | 33,17,104 |
| 7 | 396 | 30-A | 500.5 | 49’-6”x91’-0” | 16,52,55,591 | 33,05,112 |
| 8 | 326 | 37-A | 338 | 39’-0”x 78’-0” | 11,16,01,178 | 22,32,024 |
| 9 | 1366 | 44-B | 100 | 15’-0” x 60’-0” | 3,30,18,100 | 6,60,362 |
| 10 | 1367 | 44-B | 100 | 15’-0” x 60’-0” | 3,30,18,100 | 6,60,362 |

ਨੋਟ:
ਕੋਨੇ/ਪਾਰਕ ਵੱਲ ਮੂੰਹ ਵਾਲੀਆਂ ਥਾਵਾਂ ਲਈ 5% ਵਾਧੂ ਚਾਰਜ ਕੀਤਾ ਜਾਵੇਗਾ।
* ਲੜੀ ਨੰਬਰ 8 ’ਤੇ ਦੱਸੀਆਂ ਗਈਆਂ ਰਿਹਾਇਸ਼ੀ ਥਾਵਾਂ ਪਾਰਕ ਵੱਲ ਮੂੰਹ ਵਾਲੀਆਂ ਥਾਵਾਂ ਹਨ।
** ਸਾਈਟਾਂ ਦਾ ਖੇਤਰਫਲ ਅੰਦਾਜਨ ਹੈ ਅਤੇ ਕਬਜ਼ੇ ਦੇ ਸਮੇਂ ਇਹ ਭਿੰਨਤਾ ਦੇ ਅਧੀਨ ਹੈ।

ਸਾਈਟਾਂ ਦੀ ਸਥਿਤੀ ਲਈ, ਦਿਲਚਸਪੀ ਰੱਖਣ ਵਾਲੇ ਬੋਲੀਕਾਰ ਸ਼ਹਿਰੀ ਯੋਜਨਾ ਵਿਭਾਗ, ਚੰਡੀਗੜ੍ਹ ਦੀ ਵੈੱਬਸਾਈਟ https://urbanplanning.chd.gov.in/ ’ਤੇ ਉਪਲਬਧ ਵੱਖ-ਵੱਖ ਸੈਕਟਰਾਂ ਦੇ ਲੇਆਉਟ ਦੀ ਜਾਂਚ ਕਰ ਸਕਦੇ ਹਨ। ਸਾਈਟਾਂ ਦੇ ਜ਼ੋਨਿੰਗ ਉਕਤ ਵੈੱਬਸਾਈਟ ’ਤੇ ਵੀ ਉਪਲਬਧ ਹਨ।

**ਈ-ਨਿਲਾਮੀ ਲਈ ਦਿਸ਼ਾ-ਨਿਰਦੇਸ਼:**
- ਬੋਲੀਕਾਰਾਂ ਨੂੰ https://eauction.gov.in/eauction/#/ ’ਤੇ ਇਲੈਕਟਾਨਿਕ ਤੌਰ ’ਤੇ ਸਾਫਟ ਕਾਪੀਆਂ ਜਮਾਂ ਕਰਾਉਣ ਲਈ ਡਿਜੀਟਲ ਦਸਤਖਤ ਸਰਟੀਫਿਕੇਟ (DSC) ਦੀ ਲੋੜ ਹੁੰਦੀ ਹੈ।
- ਬੋਲੀਕਾਰਾਂ ਨੂੰ “ਬੋਲੀਕਾਰ ਨਾਮਾਂਕਣ” ਲਿੰਕ ’ਤੇ ਕਲਿੱਕ ਕਰਕੇ https://eauction.gov.in eauction/#/ ’ਤੇ ਨਾਮਾਂਕਣ ਕਰਨ ਅਤੇ ਇੱਕ ਵਿਲੱਖਣ ਉਪਭੋਗਤਾ ਨਾਮ ਚੁਣਨ ਅਤੇ ਆਪਣੇ ਖਾਤਿਆਂ ਲਈ ਪਾਸਵਰਡ ਨਿਰਧਾਰਤ ਕਰਨ ਦੀ ਵੀ ਲੋੜ ਹੁੰਦੀ ਹੈ।
- ਨਾਮਾਂਕਣ ’ਤੇ, ਬੋਲੀਕਾਰਾਂ ਨੂੰ ਆਪਣੇ ਵੈਧ ਡਿਜੀਟਲ ਦਸਤਖਤ ਸਰਟੀਫਿਕੇਟ ਨੂੰ ਆਪਣੇ ਪ੍ਰੋਫਾਈਲ ਨਾਲ ਰਜਿਸਟਰ ਕਰਨ ਦੀ ਲੋੜ ਹੋਵੇਗੀ।
- ਇੱਕ ਬੋਲੀਕਾਰ ਦੁਆਰਾ ਸਿਰਫ਼ ਇੱਕ ਵੈਧ DSC ਰਜਿਸਟਰ ਕੀਤਾ ਜਾਣਾ ਚਾਹੀਦਾ ਹੈ। ਕਿਰਪਾ ਕਰਕੇ ਧਿਆਨ ਦਿਓ ਕਿ ਬੋਲੀਕਾਰ ਇਹ ਯਕੀਨੀ ਬਣਾਉਣ ਲਈ ਜ਼ਿੰਮੇਵਾਰ ਹਨ ਕਿ ਉਹ ਆਪਣੇ DSC ਦੂਜੇ ਨੂੰ ਉਧਾਰ ਨਾ ਦੇਣ ਜਿਸ ਨਾਲ ਦੁਰਵਰਤੋਂ ਹੋ ਸਕਦੀ ਹੈ।
- ਵਿਸਤ੍ਰਿਤ ਨਿਯਮ ਅਤੇ ਸ਼ਰਤਾਂ eauction.gov.in ’ਤੇ ਉਪਲਬਧ ਹਨ।
- ਅਨੁਲੱਗਣ - 2 (ਨਿਯਮਾਂ ਅਤੇ ਸ਼ਰਤਾਂ ਨਾਲ ਜੁੜਿਆ ਹੋਇਆ ਸਾਰੇ ਪ੍ਰਤੀਯੋਗੀਆਂ ਲਈ ਲਾਜ਼ਮੀ ਹੈ)
- RTGS/NEFT ਰਾਹੀਂ EMD ਆਦਿ ਦੀ ਅਦਾਇਗੀ ਲਈ ਬੈਂਕ ਵੇਰਵੇ।
  - ਬੈਂਕ ਦਾ ਨਾਮ - ਸਟੇਟ ਬੈਂਕ ਆਫ਼ ਇੰਡੀਆ
  - ਬੈਂਕ ਖਾਤਾ ਨੰਬਰ - 30743528283
  - IFSC ਕੋਡ - SBIN0008719
- ਇੱਛੁਕ ਭਾਗੀਦਾਰਾਂ ਨੂੰ ਬੈਂਕ ਖਾਤਾ ਨੰਬਰ ਦੇ ਵੇਰਵੇ ਵੀ ਦੱਸਣੇ ਚਾਹੀਦੇ ਹਨ ਜਿਸ ਤੋਂ EMD ਭੁਗਤਾਨ ਕੀਤਾ ਜਾਂਦਾ ਹੈ, ਜਿਸ ਵਿੱਚ ਭੁਗਤਾਨਕਰਤਾ/ਖਾਤਾ ਧਾਰਕ ਦਾ ਨਾਮ, ਬੈਂਕ ਖਾਤਾ ਨੰਬਰ/ਟਰਾਂਜੈਕਸ਼ਨ ਆਈਡੀ/UTR ਅਤੇ ਸਾਈਟ ਵੇਰਵੇ ਸ਼ਾਮਲ ਹਨ ਜਿਸ ਲਈ ਅਰਜ਼ੀ ਜਮਾਂ ਕਰਵਾਈ ਗਈ ਹੈ।
- ਸਿਰਫ਼ ਤਕਨੀਕੀ ਸਹਾਇਤਾ ਲਈ, ਕਿਰਪਾ ਕਰਕੇ **ਮੋਬਾਈਲ ਨੰਬਰ 9888347326, 8146775747** ’ਤੇ ਸੰਪਰਕ ਕਰੋ
- ਨਿਯਮਾਂ ਅਤੇ ਸ਼ਰਤਾਂ ਅਤੇ ਸਾਈਟਾਂ ਬਾਰੇ ਸਪਸ਼ਟੀਕਰਨ ਲਈ, ਕਿਰਪਾ ਕਰਕੇ ਸੰਪਰਕ ਕਰੋ - 0172-5046634।

ਨੋਟ: 1. ਪ੍ਰਿੰਟ ਕੀਤੇ RTGS/NEFT ਦੀ ਸਕੈਨ ਕੀਤੀ ਤਸਵੀਰ ਦਾ ਪ੍ਰਿੰਟਆਊਟ, UTR ਨੰਬਰ ਅਤੇ ਮਿਤੀ, ਪੈਨ ਕਾਰਡ (ਭਾਰਤੀ ਨਿਵਾਸੀਆਂ ਲਈ ਲਾਜ਼ਮੀ) ਪੈਨ/ਪਾਸਪੋਰਟ ਦੇ ਨਾਲ DIC/PIO ਦਿਸ਼ਾ-ਨਿਰਦੇਸ਼, ਨਿਯਮਾਂ ਅਤੇ ਸ਼ਰਤਾਂ ਅਤੇ ਅਧਿਕਾਰ ਪੱਤਰ (ਜੇਕਰ ਲੋੜ ਹੋਵੇ) ਦੀਆਂ ਦਸਤਖਤ ਕੀਤੀਆਂ ਕਾਪੀਆਂ ਅਪਲੋਡ ਕਰਨੀਆਂ ਚਾਹੀਦੀਆਂ ਹਨ। ਅਧੂਰੇ ਦਸਤਾਵੇਜ਼ਾਂ ਵਾਲੀਆਂ ਅਰਜ਼ੀਆਂ ਨੂੰ ਤੁਰੰਤ ਰੱਦ ਕਰ ਦਿੱਤਾ ਜਾਵੇਗਾ।
2. ਈ-ਨਿਲਾਮੀ ਲਈ ਮਦਦ ਡੈਸਕ ਹਾਲ, ਤੀਜੀ ਮੰਜ਼ਿਲ, ਅਸਟੇਟ ਦਫ਼ਤਰ, ਸੈਕਟਰ-17, ਚੰਡੀਗੜ੍ਹ ਵਿਖੇ ਵੀ ਉਪਲਬਧ ਹੈ।
3. ਈ-ਨਿਲਾਮੀ ਨੋਟਿਸ, ਨਿਯਮ ਅਤੇ ਸ਼ਰਤਾਂ ਅਤੇ ਈ-ਨਿਲਾਮੀ ਸਿਖਲਾਈ ਟੂਲ ਕਿੱਟ ਦਫ਼ਤਰ ਦੀ ਵੈੱਬਸਾਈਟ estateoffice.chd.gov.in ’ਤੇ ਵੀ ਉਪਲਬਧ ਹਨ।
4. ਬੋਲੀਕਾਰਾਂ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਉਹ ਬੋਲੀ ਦੇ ਸਮੇਂ ਦੌਰਾਨ ਸਮਰਪਿਤ ਇੰਟਰਨੈਟ ਕਨੈਕਸ਼ਨ ਦੀ ਵਰਤੋਂ ਕਰਨ ਅਤੇ ਮੋਬਾਈਲ ਹੌਟ ਸਪਾਟ ਕਨੈਕਸ਼ਨਾਂ ਦੀ ਵਰਤੋਂ ਨਾ ਕਰਨ। ਮੋਬਾਈਲ ਹੌਟ ਸਪਾਟ ਦੀ ਵਰਤੋਂ ਕਰਦੇ ਸਮੇਂ, IP ਪਤਾ ਬਦਲਦਾ ਰਹਿੰਦਾ ਹੈ। IP ਪਤਾ ਟਕਰਾਅ ਦੌਰਾਨ ਈ-ਆਕਸ਼ਨ ਪੋਰਟਲ ਉਪਭੋਗਤਾ ਨੂੰ ਲੌਗ ਆਉਟ ਕਰ ਦਿੰਦਾ ਹੈ।
5. **ਈ-ਆਕਸ਼ਨ ਅਸਟੇਟ ਅਫਸਰ ਯੂ.ਟੀ., ਚੰਡੀਗੜ੍ਹ ਵਿੱਚ ਹਿੱਸਾ ਲੈਣ ਲਈ ਇੱਛੁਕ ਬੋਲੀਕਾਰਾਂ ਨੂੰ ਸਿਖਲਾਈ ਦੇਣ ਲਈ ਕਮੇਟੀ ਰੂਮ, ਪਹਿਲੀ ਮੰਜ਼ਿਲ ਅਸਟੇਟ ਦਫਤਰ, ਟਾਊਨ ਹਾਲ ਬਿਲਡਿੰਗ, ਸੈਕਟਰ 17, ਯੂ.ਟੀ., ਚੰਡੀਗੜ੍ਹ ਵਿੱਚ 06.06.2026 ਨੂੰ 07.06.2026 ਨੂੰ ਸ਼ਾਮ 03:00 ਵਜੇ ਤੋਂ 05:00 ਵਜੇ ਤੱਕ ਇੱਕ ਪ੍ਰੀ-ਬਿਡ ਸੈਮੀਨਾਰ ਵੀ ਕਰਵਾਇਆ ਜਾਵੇਗਾ।**

ਅਸਟੇਟ ਅਧਿਕਾਰੀ
ਯੂ.ਟੀ., ਚੰਡੀਗੜ੍ਹ



ਰੋਜ਼ਾਨਾ ਚੜ੍ਹਦੀਕਲਾ
## ਸਿਹਤ ਖ਼ਬਰਨਾਮਾ



# ਦੁੱਧ ਅਤੇ ਕੇ? ਦੇ ਫਾਇਦੇ: ਸ਼ਕਤੀ ਦਾ ਸੁਮੇਲ ਜੋ ਸਰੀਰ ਨੂੰ ਦੇਵੇ 7 ਵੱਡੇ ਲਾਭ

ਦੁੱਧ ਅਤੇ ਕੇਲਾ ਭਾਰਤੀ ਖੁਰਾਕ ਵਿੱਚ ਇੱਕ ਆਮ ਪਰ ਪੌਸ਼ਟਿਕ ਜੋੜ ਮੰਨਿਆ ਜਾਂਦਾ ਹੈ।



ਇਹ ਦੋਵੇਂ ਮਿਲ ਕੇ ਸਰੀਰ ਨੂੰ ਊਰਜਾ, ਤਾਕਤ ਅਤੇ ਪੋਸ਼ਣ ਦੇਣ ਵਿੱਚ ਮਦਦ ਕਰ ਸਕਦੇ ਹਨ।

**ਤੁਰੰਤ ਊਰਜਾ ਮਿਲਦੀ ਹੈ**: ਕੇਲੇ ਵਿੱਚ ਕੁਦਰਤੀ ਸ਼ੱਕਰ ਅਤੇ ਕਾਰਬੋਹਾਈਡਰੇਟ ਹੁੰਦੇ ਹਨ, ਜਦਕਿ ਦੁੱਧ ਪ੍ਰੋਟੀਨ ਦਿੰਦਾ ਹੈ। ਇਹ ਮਿਲਾਪ ਸਰੀਰ ਨੂੰ ਜਲਦੀ ਊਰਜਾ ਦੇ ਸਕਦਾ ਹੈ।

**ਮਾਸਪੇਸ਼ੀਆਂ ਦੀ ਰਿਕਵਰੀ**: ਕਸਰਤ ਤੋਂ ਬਾਅਦ ਇਹ ਜੋੜ ਪ੍ਰੋਟੀਨ ਅਤੇ ਪੋਟਾਸ਼ੀਅਮ ਦੇ ਕੇ ਮਾਸਪੇਸ਼ੀਆਂ ਦੀ ਰਿਕਵਰੀ ਵਿੱਚ ਮਦਦ ਕਰ ਸਕਦਾ ਹੈ।

**ਲੰਬੇ ਸਮੇਂ ਤੱਕ ਭੁੱਖ ਨਹੀਂ ਲੱਗਦੀ**: ਇਹ ਸਨੈਕ ਪੇਟ ਭਰਿਆ ਰੱਖਣ ਵਿੱਚ ਮਦਦ ਕਰਦਾ ਹੈ, ਇਸ ਲਈ ਇਹ ਇੱਕ ਵਧੀਆ ਨਾਸ਼ਤਾ ਮੰਨਿਆ ਜਾਂਦਾ ਹੈ।

**ਸਿਹਤਮੰਦ ਵਜ਼ਨ ਵਧਾਉਣ ਵਿੱਚ ਮਦਦ**: ਜਿਨ੍ਹਾਂ ਲੋਕਾਂ ਨੂੰ ਵਜ਼ਨ ਵਧਾਉਣ ਦੀ ਲੋੜ ਹੁੰਦੀ ਹੈ, ਉਨ੍ਹਾਂ ਲਈ ਇਹ ਕੈਲੋਰੀ ਅਤੇ ਪੋਸ਼ਣ ਦਾ ਵਧੀਆ ਸਰੋਤ ਹੈ।

**ਹੱਡੀਆਂ ਦੀ ਮਜ਼ਬੂਤੀ**: ਦੁੱਧ ਵਿੱਚ ਕੈਲਸ਼ੀਅਮ ਅਤੇ ਕੇਲੇ ਵਿੱਚ ਖਣਿਜ ਹੱਡੀਆਂ ਨੂੰ ਮਜ਼ਬੂਤ ਕਰਨ ਵਿੱਚ ਮਦਦ ਕਰ ਸਕਦੇ ਹਨ।

**ਪਾਚਨ ਨੂੰ ਸਹਾਰਾ**: ਕੇਲੇ ਵਿੱਚ ਫਾਈਬਰ ਹੁੰਦਾ ਹੈ ਜੋ ਪਾਚਨ ਕਿਰਿਆ ਨੂੰ ਸੁਧਾਰ ਸਕਦਾ ਹੈ।

ਥਕਾਵਟ ਘਟਾਉਣ ਵਿੱਚ ਮਦਦ- ਜਦੋਂ ਸਰੀਰ ਥੱਕਿਆ ਹੋਵੇ, ਇਹ ਜੋੜ ਤੁਰੰਤ ਊਰਜਾ ਦੇ ਕੇ ਤਾਜਗੀ ਲਿਆ ਸਕਦਾ ਹੈ।

# ਦਿੱਲੀ ਦੇ ਉਪ-ਰਾਜਪਾਲ ਵੱਲੋਂ ਦੇਸ਼ ਦੇ ਉਪ-ਰਾਸ਼ਟਰਪਤੀ ਸੀ. ਪੀ. ਰਾਧਾਕ੍ਰਿਸ਼ਨਨ ਨਾਲ ਮੁਲਾਕਾਤ, ਸ੍ਰ. ਤੇਜਾ ਸਿੰਘ ਸਮੁੰਦਰੀ ਦੇ ਜੀਵਨ ’ਤੇ ਆਧਾਰਿਤ ਪੁਸਤਕ ਕੀਤੀ ਭੇਟ

ਨਵੀਂ ਦਿੱਲੀ, 1 ਜੂਨ (ਅੰਮ੍ਰਿਤਪਾਲ ਸਿੰਘ) : ਦਿੱਲੀ ਦੇ ਉਪ-ਰਾਜਪਾਲ (ਐਲ.ਜੀ.) ਵੱਲੋਂ ਭਾਰਤ ਦੇ ਮਾਨਯੋਗ ਉਪ-ਰਾਸ਼ਟਰਪਤੀ ਸ਼੍ਰੀ ਸੀ. ਪੀ. ਰਾਧਾਕ੍ਰਿਸ਼ਨਨ ਨਾਲ ਇੱਕ ਵਿਸ਼ੇਸ਼ ਅਤੇ ਸ਼ਿਸ਼ਟਾਚਾਰ ਮੁਲਾਕਾਤ ਕੀਤੀ ਗਈ। ਇਸ ਅਹਿਮ ਬੈਠਕ ਦੌਰਾਨ ਉਪ-ਰਾਜਪਾਲ ਨੇ ਉਪ-ਰਾਸ਼ਟਰਪਤੀ ਨੂੰ ਇੱਕ ਬਹੁਤ ਹੀ ਮਹੱਤਵਪੂਰਨ ਪੁਸਤਕ ਭੇਂਟ ਕੀਤੀ, ਜੋ ਉਨ੍ਹਾਂ ਦੇ ਦਾਦਾ ਜੀ ਅਤੇ ਮਹਾਨ ਸਿੱਖ ਆਗੂ ਸਰਦਾਰ ਤੇਜਾ ਸਿੰਘ ਸਮੁੰਦਰੀ ਦੇ ਜੀਵਨ, ਸੰਘਰਸ਼ਾਂ ਅਤੇ ਉਨ੍ਹਾਂ ਦੀ ਇਤਿਹਾਸਕ ਵਿਰਾਸਤ ਨੂੰ ਬਿਆਨ ਕਰਦੀ ਹੈ। ਇਸ ਮੁਲਾਕਾਤ ਦੀ ਜਾਣਕਾਰੀ ਅਤੇ ਤਸਵੀਰਾਂ ਵਜੋਂ ਸੋਸ਼ਲ ਮੀਡੀਆ ਪਲੇਟਫਾਰਮ ਐਕਸ (X) ’ਤੇ ਸਾਂਝੀਆਂ ਕੀਤੀਆਂ ਗਈਆਂ ਹਨ, ਜਿੱਥੇ ਇਸ ਇਤਿਹਾਸਕ ਮਿਲਣੀ ਦੀ ਕਾਫੀ ਚਰਚਾ ਹੋ ਰਹੀ ਹੈ।

ਉਪ-ਰਾਜਪਾਲ ਨੇ ਮੁਲਾਕਾਤ ਤੋਂ ਬਾਅਦ ਆਪਣੇ ਜਜ਼ਬਾਤ ਸਾਂਝੇ ਕਰਦਿਆਂ ਕਿਹਾ ਕਿ ਮਾਨਯੋਗ ਉਪ-ਰਾਸ਼ਟਰਪਤੀ ਸ਼੍ਰੀ ਸੀ. ਪੀ. ਰਾਧਾਕ੍ਰਿਸ਼ਨਨ ਜੀ ਨੂੰ ਮਿਲਣਾ ਅਤੇ ਉਨ੍ਹਾਂ ਨਾਲ ਆਪਣੇ ਦਾਦਾ ਜੀ ਸਰਦਾਰ ਤੇਜਾ ਸਿੰਘ ਸਮੁੰਦਰੀ ਦੇ ਜੀਵਨ ਨਾਲ ਜੁੜੇ ਪੰਨਿਆਂ ਨੂੰ ਸਾਂਝਾ ਕਰਨਾ ਉਨ੍ਹਾਂ ਲਈ ਬਹੁਤ ਵੱਡੇ ਮਾਣ ਵਾਲੀ ਗੱਲ ਹੈ। ਉਨ੍ਹਾਂ ਕਿਹਾ ਕਿ ਸਰਦਾਰ ਤੇਜਾ ਸਿੰਘ ਸਮੁੰਦਰੀ ਇੱਕ ਉੱਘੇ ਸਮਾਜ ਸੁਧਾਰਕ, ਦੇਸ਼ ਭਗਤ, ਸੁਤੰਤਰਤਾ ਸੰਗਰਾਮੀ ਅਤੇ ਦੂਰਦਰਸ਼ੀ ਆਗੂ ਸਨ। ਉਨ੍ਹਾਂ ਨੇ ਲੋਕਤੰਤਰੀ ਕਦਰਾਂ-ਕੀਮਤਾਂ ਦੀ ਬਹਾਲੀ, ਸਿੱਖਿਆ ਦੇ ਪਸਾਰ, ਸਮਾਜਿਕ ਸੁਧਾਰਾਂ ਅਤੇ ਖਾਸ ਕਰਕੇ ਮਹਿਲਾਵਾਂ ਤੇ ਨੌਜਵਾਨਾਂ ਦੇ ਸਸ਼ਕਤੀਕਰਨ ਲਈ ਬਹੁਤ ਵੱਡਾ ਅਤੇ ਲਾਮਿਸਾਲ ਯੋਗਦਾਨ ਪਾਇਆ ਹੈ। ਸਿੱਖ ਕੌਮ ਅਤੇ ਸਮੁੱਚੇ ਦੇਸ਼ ਲਈ ਕੀਤੀਆਂ ਗਈਆਂ ਉਨ੍ਹਾਂ ਦੀਆਂ ਮਹਾਨ ਸੇਵਾਵਾਂ ਅੱਜ ਵੀ ਆਉਣ ਵਾਲੀਆਂ ਪੀੜ੍ਹੀਆਂ ਨੂੰ ਨਿਰੰਤਰ ਪ੍ਰੇਰਿਤ ਕਰ ਰਹੀਆਂ ਹਨ।

ਬੈਠਕ ਦੌਰਾਨ ਦੋਵਾਂ ਆਗੂਆਂ ਵਿਚਾਲੇ ਸਰਦਾਰ ਸਮੁੰਦਰੀ ਦੇ ਸ਼ਾਨਦਾਰ ਜੀਵਨ ਸਫ਼ਰ, ਉਨ੍ਹਾਂ ਦੇ ਉੱਚ ਆਦਰਸ਼ਾਂ ਅਤੇ ਦੇਸ਼ ਪ੍ਰਤੀ ਸੋਚ ਬਾਰੇ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਉਪ-ਰਾਜਪਾਲ ਨੇ ਦੱਸਿਆ ਕਿ ਇੱਕ ਮਜ਼ਬੂਤ, ਅਖੰਡ ਅਤੇ ਸਮਾਵੇਸ਼ੀ ਭਾਰਤ ਦੇ ਨਿਰਮਾਣ ਲਈ ਸਰਦਾਰ ਤੇਜਾ ਸਿੰਘ ਸਮੁੰਦਰੀ ਜੀ ਦੀ ਦੂਰਦਰਸ਼ੀ ਸੋਚ ਅਤੇ ਉਨ੍ਹਾਂ ਦੇ ਸਿਧਾਂਤ ਅੱਜ ਦੇ ਸਮੇਂ ਵਿੱਚ ਵੀ ਪੂਰੀ ਤਰ੍ਹਾਂ ਸਾਰਥਕ ਅਤੇ ਪ੍ਰਾਸੰਗਿਕ ਹਨ। ਇਸ ਮੁਲਾਕਾਤ ਨੂੰ ਦੇਸ਼ ਦੀ ਇਤਿਹਾਸਕ ਅਤੇ ਸੱਭਿਆਚਾਰਕ ਵਿਰਾਸਤ ਨੂੰ ਯਾਦ ਕਰਨ ਦੇ ਇੱਕ ਵਧੀਆ ਉਪਰਾਲੇ ਵਜੋਂ ਦੇਖਿਆ ਜਾ ਰਿਹਾ ਹੈ।



# ਆਸਟ੍ਰੇਲੀਆ ਦਾ ਵਰਕ ਐਂਡ ਹਾਲੀਡੇ ਵੀਜ਼ਾ: ਨੌਜਵਾਨਾਂ ਲਈ ਸੁਨਹਿਰੀ ਮੌਕਾ, 4 ਜੂਨ ਤੋਂ ਸ਼ੁਰੂ ਹੋਵੇਗੀ ਰਜਿਸਟ੍ਰੇਸ਼ਨ

ਸਿਡਨੀ , 1 ਜੂਨ (ਚ.ਨ.ਸ.) : ਆਸਟ੍ਰੇਲੀਆਈ ਸਰਕਾਰ ਨੇ 18 ਤੋਂ 30 ਸਾਲ ਦੀ ਉਮਰ ਦੇ ਨੌਜਵਾਨਾਂ ਲਈ ਵਰਕ ਐਂਡ ਹਾਲੀਡੇ ਵੀਜ਼ਾ ਪ੍ਰੋਗਰਾਮ ਦੀ ਘੋਸ਼ਣਾ ਕੀਤੀ ਹੈ। ਇਸ ਵੀਜ਼ੇ ਲਈ ਰਜਿਸਟ੍ਰੇਸ਼ਨ 4 ਜੂਨ ਤੋਂ ਸ਼ੁਰੂ ਹੋਵੇਗੀ ਅਤੇ 25 ਜੂਨ ਤੱਕ ਜਾਰੀ ਰਹੇਗੀ, ਜਿਸ ਨਾਲ ਯੋਗ ਉਮੀਦਵਾਰਾਂ ਨੂੰ ਅਰਜ਼ੀ ਦੇਣ ਲਈ ਤਿੰਨ ਹਫ਼ਤਿਆਂ ਦਾ ਸਮਾਂ ਮਿਲੇਗਾ।ਇਸ ਵੀਜ਼ੇ ਦੀ ਖਾਸ ਗੱਲ ਇਹ ਹੈ ਕਿ ਸਿਰਫ਼ 25 ਆਸਟ੍ਰੇਲੀਆਈ ਡਾਲਰ (ਲਗਭਗ 1500 ਰੁਪਏ) ਦੀ ਫੀਸ ਦੇ ਕੇ ਨੌਜਵਾਨ ਖੁਦ ਔਨਲਾਈਨ ਅਪਲਾਈ ਕਰ ਸਕਦੇ ਹਨ। ਚੁਣੇ ਗਏ ਉਮੀਦਵਾਰਾਂ ਨੂੰ ਇੱਕ ਸਾਲ ਤੱਕ ਆਸਟ੍ਰੇਲੀਆ ਵਿੱਚ ਰਹਿਣ, ਕੰਮ ਕਰਨ ਅਤੇ ਘੁੰਮਣ-ਫਿਰਣ ਦਾ ਮੌਕਾ ਮਿਲੇਗਾ।ਵੀਜ਼ਾ ਲਾਟਰੀ ਸਿਸਟਮ ਰਾਹੀਂ ਜਾਰੀ ਕੀਤਾ ਜਾਂਦਾ ਹੈ ਅਤੇ ਇਸ ਲਈ ਕਿਸੇ ਖਾਸ ਵਿਸ਼ੇ ਜਾਂ ਡਿਗਰੀ ਦੀ ਸ਼ਰਤ ਨਹੀਂ ਹੈ। ਕਿਸੇ ਵੀ ਮਾਨਤਾ ਪ੍ਰਾਪਤ ਸੰਸਥਾ ਤੋਂ ਪੜ੍ਹੇ ਨੌਜਵਾਨ ਇਸ ਮੌਕੇ ਦਾ ਲਾਭ ਲੈ ਸਕਦੇ ਹਨ।ਅਰਜ਼ੀ ਪ੍ਰਕਿਰਿਆ ਪੂਰੀ ਤਰ੍ਹਾਂ ਔਨਲਾਈਨ ਹੈ ਅਤੇ ਉਮੀਦਵਾਰਾਂ ਨੂੰ ਸਿਰਫ਼ ਆਸਟ੍ਰੇਲੀਆਈ ਇਮੀਗ੍ਰੇਸ਼ਨ ਵਿਭਾਗ ਦੀ ਅਧਿਕਾਰਤ ਵੈੱਬਸਾਈਟ ’ਤੇ ਜਾ ਕੇ ਫਾਰਮ ਭਰਨਾ ਹੋਵੇਗਾ। ਚੋਣ ਹੋਣ ਤੋਂ ਬਾਅਦ ਹੀ ਅਗਲੀ ਵੀਜ਼ਾ ਪ੍ਰਕਿਰਿਆ ਸ਼ੁਰੂ ਕੀਤੀ ਜਾਵੇਗੀ, ਜਿਸ ਵਿੱਚ ਲਗਭਗ 4 ਲੱਖ ਰੁਪਏ ਦੇ ਫੰਡ ਦਾ ਸਬੂਤ ਦੇਣਾ ਲਾਜ਼ਮੀ ਹੋ ਸਕਦਾ ਹੈ।






ਚੜ੍ਹਦੀਕਲਾ ਅਦਾਰਾ ਵਿਖੇ ਹਾਸਿਆਂ ਦੇ ਬਾਦਸ਼ਾਹ ਗੁਰਪ੍ਰੀਤ ਸਿੰਘ ਅਤੇ ਪ੍ਰਭਪ੍ਰੀਤ ਸਿੰਘ (ਸੰਤਾ-ਬੰਤਾ/ਸ਼ੁਗਲੀ-ਜੁਗਲੀ) ਵਿਸ਼ੇਸ਼ ਤੌਰ ਤੇ ਪੁੱਜੇ, ਜਿਨ੍ਹਾਂ ਨੂੰ ਚੜਦੀਕਲਾ ਦੇ ਚੇਅਰਮੈਨ ਸ੍ਰ. ਜਗਜੀਤ ਸਿੰਘ ਦਰਦੀ ਅਤੇ ਡਾਇਰੈਕਟਰ ਸ੍ਰ. ਹਰਪ੍ਰੀਤ ਸਿੰਘ ਦਰਦੀ ਵੱਲੋਂ ਸਨਮਾਨਿਤ ਕੀਤਾ ਗਿਆ। ਨਾਲ ਨਜ਼ਰ ਆ ਰਹੇ ਹਨ ਸ੍ਰੀ ਦੀਪਕ ਜੈਦਕਾ, ਸ੍ਰ. ਪਰਮਜੀਤ ਸਿੰਘ ਸੀਨੀਅਰ ਮੈਨੇਜਰ ਤੇ ਸ੍ਰ. ਜਗਪ੍ਰੀਤ ਸਿੰਘ ਮਹਾਜਨ।

### ਭਾਰਤ ਦੇ ਰਾਸ਼ਟਰਪਤੀ ਵੱਲੋਂ ਮਿਆਂਮਾਰ ਦੇ ਰਾਸ਼ਟਰਪਤੀ ਦਾ ਸਵਾਗਤ

# ਮਿਆਂਮਾਰ ਦੱਖਣ-ਪੂਰਬੀ ਏਸ਼ੀਆ ਲਈ ਭਾਰਤ ਦਾ ਪ੍ਰਵੇਸ਼ ਦੁਆਰ ਹੈ: ਦ੍ਰੌਪਦੀ ਮੁਰਮੂ

ਨਵੀਂ ਦਿੱਲੀ, 1 ਜੂਨ (ਅੰਮ੍ਰਿਤਪਾਲ ਸਿੰਘ) :ਭਾਰਤ ਦੇ ਰਾਸ਼ਟਰਪਤੀ, ਸ਼੍ਰੀਮਤੀ ਦ੍ਰੌਪਦੀ ਮੁਰਮੂ ਨੇ ਅੱਜ, 1 ਜੂਨ, 2026 ਨੂੰ ਰਾਸ਼ਟਰਪਤੀ ਭਵਨ ਵਿਖੇ ਮਿਆਂਮਾਰ ਗਣਰਾਜ ਦੇ ਰਾਸ਼ਟਰਪਤੀ, ਮਹਾਮਹਿਮ ਯੂ ਮਿਨ ਆਂਗ ਹਲੈਂਗ ਦਾ ਸਵਾਗਤ ਕੀਤਾ। ਰਾਸ਼ਟਰਪਤੀ ਭਵਨ ਵਿਖੇ ਰਾਸ਼ਟਰਪਤੀ ਹਲੈਂਗ ਦਾ ਸਵਾਗਤ ਕਰਦੇ ਹੋਏ, ਰਾਸ਼ਟਰਪਤੀ ਨੇ ਕਿਹਾ ਕਿ ਭਾਰਤ ਅਤੇ ਮਿਆਂਮਾਰ ਸਦੀਆਂ ਪੁਰਾਣੇ ਡੂੰਘੇ ਸੱਭਿਆਚਾਰਕ, ਸੱਭਿਅਤਾਵਾਦੀ ਅਤੇ ਅਧਿਆਤਮਿਕ ਸਬੰਧਾਂ ਨਾਲ ਜੁੜੇ ਹੋਏ ਹਨ। ਸਾਡੇ ਸਬੰਧ ਆਪਸੀ ਸਮਝ ਅਤੇ ਦੋਸਤੀ ਦੀ ਮਜ਼ਬੂਤ ਨੀਂਹ ’ਤੇ ਅਧਾਰਤ ਹਨ। ਮਿਆਂਮਾਰ ਭਾਰਤ ਦਾ ਦੱਖਣ-ਪੂਰਬੀ ਏਸ਼ੀਆ ਦਾ ਪ੍ਰਵੇਸ਼ ਦੁਆਰ ਹੈ, ਕਿਉਂਕਿ ਇਹ ਇਕਲੌਤਾ ਆਸੀਆਨ ਦੇਸ਼ ਹੈ ਜੋ ਭਾਰਤ ਨਾਲ ਜ਼ਮੀਨੀ ਸਰਹੱਦ ਸਾਂਝਾ ਕਰਦਾ ਹੈ। ਇਹ ਭਾਰਤ ਦੀਆਂ ਗੁਆਂਢੀ ਪਹਿਲਾਂ, ਪੂਰਬ ਵੱਲ ਕੰਮ ਕਰੋ ਅਤੇ ਸਮੁੰਦਰ ਨੀਤੀਆਂ ਵਿੱਚ ਇੱਕ ਮਹੱਤਵਪੂਰਨ ਭਾਈਵਾਲ ਹੈ। ਰਾਸ਼ਟਰਪਤੀ ਨੇ ਰਾਸ਼ਟਰਪਤੀ ਹਲੈਇੰਗ ਨੂੰ ਮਿਆਂਮਾਰ ਦੇ ਰਾਸ਼ਟਰਪਤੀ ਵਜੋਂ ਅਹੁਦਾ ਸੰਭਾਲਣ ’ਤੇ ਵਧਾਈ ਦਿੱਤੀ ਅਤੇ ਕਿਹਾ ਕਿ ਭਾਰਤ ਸਾਡੀ ਦੁਵੱਲੀ ਭਾਈਵਾਲੀ ਨੂੰ ਹੋਰ ਮਜ਼ਬੂਤ ਕਰਨ ਲਈ ਨਵੀਂ ਸਰਕਾਰ ਨਾਲ ਮਿਲ ਕੇ ਕੰਮ ਕਰਨ ਲਈ ਉਤਸੁਕ ਹੈ। ਉਨ੍ਹਾਂ ਕਿਹਾ ਕਿ ਭਾਰਤ ਮਿਆਂਮਾਰ ਸਰਕਾਰ ਨੂੰ ਉਸਦੀਆਂ ਤਰਜੀਹਾਂ ਦੇ ਅਨੁਸਾਰ ਉਸਦੀਆਂ ਕੋਸ਼ਿਸ਼ਾਂ ਵਿੱਚ ਸਮਰਥਨ ਦੇਣ ਲਈ ਤਿਆਰ ਹੈ। ਉਨ੍ਹਾਂ ਸ਼ਾਂਤੀ ਅਤੇ ਸੁਲ੍ਹਾ ਲਈ ਮਿਆਂਮਾਰ ਦੇ ਯਤਨਾਂ ਲਈ ਭਾਰਤ ਦਾ ਅਟੁੱਟ ਸਮਰਥਨ ਪ੍ਰਗਟ ਕੀਤਾ। ਰਾਸ਼ਟਰਪਤੀ ਨੇ ਕਿਹਾ ਕਿ ਸੰਪਰਕ ਭਾਰਤ-ਮਿਆਂਮਾਰ ਭਾਈਵਾਲੀ ਦਾ ਇੱਕ ਮਹੱਤਵਪੂਰਨ ਥੰਮ੍ਹ ਹੈ। ਉਨ੍ਹਾਂ ਉਮੀਦ ਪ੍ਰਗਟ ਕੀਤੀ ਕਿ ਚੱਲ ਰਹੇ ਪ੍ਰੋਜੈਕਟ ਮਿਆਂਮਾਰ ਸਰਕਾਰ ਦੇ ਸਹਿਯੋਗ ਨਾਲ ਜਲਦੀ ਤੋਂ ਜਲਦੀ ਪੂਰੇ ਹੋ ਜਾਣਗੇ। ਰਾਸ਼ਟਰਪਤੀ ਨੂੰ ਇਹ ਜਾਣ ਕੇ ਖੁਸ਼ੀ ਹੋਈ ਕਿ ਭਾਰਤ-ਮਿਆਂਮਾਰ ਵਪਾਰਕ ਸਬੰਧ ਫਾਰਮਾਸਿਊਟੀਕਲ, ਮਸ਼ੀਨਰੀ ਅਤੇ ਖੇਤੀਬਾੜੀ ਉਤਪਾਦਾਂ ਵਰਗੇ ਖੇਤਰਾਂ ਵਿੱਚ ਵਧੇ ਹਨ। ਉਨ੍ਹਾਂ ਕਿਹਾ ਕਿ ਦੁਵੱਲਾ ਵਪਾਰ ਆਪਣੀ ਸਮਰੱਥਾ ਤੋਂ ਘੱਟ ਹੈ, ਅਤੇ ਅਸੀਂ ਇਸਨੂੰ ਹੋਰ ਵਧਾਉਣ ਲਈ ਮਿਲ ਕੇ ਕੰਮ ਕਰ ਸਕਦੇ ਹਾਂ। ਦੋਵਾਂ ਨੇਤਾਵਾਂ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ ਆਉਣ ਵਾਲੇ ਸਾਲਾਂ ਵਿੱਚ ਭਾਰਤ ਅਤੇ ਮਿਆਂਮਾਰ ਵਿਚਕਾਰ ਦੋਸਤੀ ਹੋਰ ਮਜ਼ਬੂਤ ਹੋਵੇਗੀ।



# ਦਿੱਲੀ ਵਿੱਚ ਹਵਾ ਪ੍ਰਦੂਸ਼ਣ ਨੂੰ ਨੱਥ ਪਾਉਣ ਲਈ ਤਰਨਜੀਤ ਸਿੰਘ ਸੰਧੂ ਅਤੇ ਸੀ.ਏ.ਕਿਊ.ਐਮ. ਦੇ ਚੇਅਰਮੈਨ ਰਾਜੇਸ਼ ਵਰਮਾ ਵਿਚਕਾਰ ਅਹਿਮ ਮੁਲਾਕਾਤ

ਨਵੀਂ ਦਿੱਲੀ, 1 ਜੂਨ (ਅੰਮ੍ਰਿਤਪਾਲ ਸਿੰਘ) : ਰਾਸ਼ਟਰੀ ਰਾਜਧਾਨੀ ਦਿੱਲੀ ਅਤੇ ਇਸ ਦੇ ਆਸ-ਪਾਸ ਦੇ ਇਲਾਕਿਆਂ (ਐਨ.ਸੀ.ਆਰ.) ਵਿੱਚ ਲਗਾਤਾਰ ਗੰਭੀਰ ਹੁੰਦੀ ਜਾ ਰਹੀ ਹਵਾ ਪ੍ਰਦੂਸ਼ਣ ਦੀ ਸਮੱਸਿਆ ਨਾਲ ਨਜਿੱਠਣ ਅਤੇ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਲਿਆਉਣ ਲਈ ਅੱਜ ਰਾਜਧਾਨੀ ਵਿੱਚ ਇੱਕ ਉੱਚ ਪੱਧਰੀ ਅਤੇ ਬੇਹੱਦ ਅਹਿਮ ਬੈਠਕ ਹੋਈ। ਮਿਲੀ ਜਾਣਕਾਰੀ ਅਤੇ ਸੋਸ਼ਲ ਮੀਡੀਆ ਐਕਸ ’ਤੇ ਸਾਂਝੀ ਕੀਤੀ ਗਈ ਇੱਕ ਤਸਵੀਰ ਮੁਤਾਬਕ, ਕਮਿਸ਼ਨ ਫਾਰ ਏਅਰ ਕੁਆਲਿਟੀ ਮੈਨੇਜਮੈਂਟ ਦੇ ਚੇਅਰਮੈਨ ਸ਼੍ਰੀ ਰਾਜੇਸ਼ ਵਰਮਾ ਨੇ ਅੱਜ ਦਿੱਲੀ ਦੇ ਮਾਨਯੋਗ ਉਪ-ਰਾਜਪਾਲ (ਐਲ.ਜੀ.) ਸ਼੍ਰੀ ਤਰਨਜੀਤ ਸਿੰਘ ਸੰਧੂ ਨਾਲ ਮੁਲਾਕਾਤ ਕੀਤੀ। ਇਹ ਅਧਿਕਾਰਤ ਮੁਲਾਕਾਤ ਦਿੱਲੀ ਦੇ ਉਪ-ਰਾਜਪਾਲ ਦੇ ਸਰਕਾਰੀ ਨਿਵਾਸ ਲੋਕ ਨਿਵਾਸ ਵਿਖੇ ਹੋਈ, ਜਿਸ ਦੌਰਾਨ ਦਿੱਲੀ ਅਤੇ ਸਮੁੱਚੇ ਰਾਸ਼ਟਰੀ ਰਾਜਧਾਨੀ ਖੇਤਰ ਦੇ ਵਾਤਾਵਰਣ ਨੂੰ ਸੁਧਾਰਨ ਲਈ ਕਈ ਅਹਿਮ ਮੁੱਦਿਆਂ ’ਤੇ ਵਿਸਥਾਰਪੂਰਵਕ ਚਰਚਾ ਕੀਤੀ ਗਈ।

ਇਸ ਉੱਚ-ਪੱਧਰੀ ਬੈਠਕ ਦੌਰਾਨ ਦੋਵਾਂ ਉੱਚ ਅਧਿਕਾਰੀਆਂ ਵਿਚਕਾਰ ਹਵਾ ਪ੍ਰਦੂਸ਼ਣ ਦੇ ਖ਼ਤਰਨਾਕ ਪੱਧਰ ਨੂੰ ਘਟਾਉਣ ਅਤੇ ਦਿੱਲੀ ਦੀ ਆਬੋ-ਹਵਾ ਨੂੰ ਸਾਫ਼-ਸੁਥਰਾ ਬਣਾਉਣ ਲਈ ਆਪਸੀ ਤਾਲਮੇਲ ਨਾਲ ਕੀਤੇ ਜਾਣ ਵਾਲੇ ਯਤਨਾਂ ਨੂੰ ਹੋਰ ਮਜ਼ਬੂਤ ਕਰਨ ਬਾਰੇ ਲੰਬੀ ਗੱਲਬਾਤ ਹੋਈ। ਮੁਲਾਕਾਤ ਦੌਰਾਨ ਇਸ ਗੱਲ ’ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ ਕਿ ਆਮ ਜਨਤਾ ਦੀ ਸਿਹਤ ਦੀ ਰੱਖਿਆ ਕਰਨਾ ਅਤੇ ਦੇਸ਼ ਦੀ ਰਾਜਧਾਨੀ ਲਈ ਇੱਕ ਸਾਫ਼-ਸੁਥਰਾ, ਸੁਰੱਖਿਅਤ ਅਤੇ ਸਥਿਰ ਭਵਿੱਖ ਯਕੀਨੀ ਬਣਾਉਣਾ ਇਸ ਵੇਲੇ ਪ੍ਰਸ਼ਾਸਨ ਦੀ ਸਭ ਤੋਂ ਵੱਡੀ ਅਤੇ ਤੁਰੰਤ ਲੋੜੀਂਦੀ ਤਰਜੀਹ ਹੈ। ਹਵਾ ਦੀ ਖ਼ਰਾਬ ਹੁੰਦੀ ਸਥਿਤੀ ਨੂੰ ਦੇਖਦਿਆਂ ਦੋਵਾਂ ਧਿਰਾਂ ਨੇ ਮੰਨਿਆ ਕਿ ਇਸ ਮੁੱਦੇ @ਤੇ ਕਿਸੇ ਵੀ ਤਰ੍ਹਾਂ ਦੀ ਢਿੱਲ ਜਨਤਕ ਸਿਹਤ ਲਈ ਭਾਰੀ ਨੁਕਸਾਨਦੇਹ ਸਾਬਤ ਹੋ ਸਕਦੀ ਹੈ। ਇਸ ਅਹਿਮ ਰਣਨੀਤਕ ਬੈਠਕ ਵਿੱਚ ਪ੍ਰਦੂਸ਼ਣ ਰੋਕੂ ਨਿਯਮਾਂ ਅਤੇ ਉਪਾਵਾਂ ਨੂੰ ਜ਼ਮੀਨੀ ਪੱਧਰ @ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਬਾਰੇ ਵਿਸ਼ੇਸ਼ ਰੂਪ ਵਿੱਚ ਰਣਨੀਤੀ ਉਲੀਕੀ ਗਈ। ਚਰਚਾ ਦੌਰਾਨ ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਏਜੰਸੀਆਂ ਵਿਚਕਾਰ ਆਪਸੀ ਤਾਲਮੇਲ (ਇੰਟਰ-ਏਜੰਸੀ ਕੋਆਰਡੀਨੇਸ਼ਨ) ਨੂੰ ਵਧਾਉਣ ’ਤੇ ਜ਼ੋਰ ਦਿੱਤਾ ਗਿਆ, ਤਾਂ ਜੋ ਪ੍ਰਦੂਸ਼ਣ ਖ਼ਿਲਾਫ਼ ਵਿੱਢੀ ਮੁਹਿੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਰੁਕਾਵਟ ਨਾ ਆਵੇ। ਇਸ ਤੋਂ ਇਲਾਵਾ, ਸਮੁੱਚੇ ਰਾਸ਼ਟਰੀ ਰਾਜਧਾਨੀ ਖੇਤਰ ਵਿੱਚ ਵਾਤਾਵਰਣ ਦੀਆਂ ਚੁਣੌਤੀਆਂ ਅਤੇ ਸਮੱਸਿਆਵਾਂ ਦਾ ਸਥਾਈ ਹੱਲ ਲੱਭਣ ਲਈ ਲੰਬੇ ਸਮੇਂ ਦੀਆਂ ਯੋਜਨਾਵਾਂ ਅਤੇ ਨੀਤੀਆਂ ਬਣਾਉਣ ’ਤੇ ਵੀ ਸਹਿਮਤੀ ਜਤਾਈ ਗਈ, ਤਾਂ ਜੋ ਆਉਣ ਵਾਲੇ ਸਮੇਂ ਵਿੱਚ ਦਿੱਲੀ ਵਾਸੀਆਂ ਨੂੰ ਪ੍ਰਦੂਸ਼ਣ ਦੇ ਕਹਿਰ ਤੋਂ ਪੱਕੇ ਤੌਰ ’ਤੇ ਨਿਜਾਤ ਦਿਵਾਈ ਜਾ ਸਕੇ।



## ਜਨਮ ਦਿਨ ਮੁਬਾਰਕ



ਨੂਰਪ੍ਰੀਤ ਕੌਰ



ਪ੍ਰਵਾਨ ਸਿੰਘ



ਜਪਤਾਜ ਸਿੰਘ



ਸਿਮਰਨਪ੍ਰੀਤ ਕੌਰ



ਵੰਸ਼ਦੀਪ ਸਿੰਘ

# ਟੀਮ ਇੰਡੀਆ ਹੁਣ ਕਦੋਂ ਮੈਦਾਨ ’ਤੇ ਉਤਰੇਗੀ? ਇਹ ਰਿਹਾ ਜੂਨ ਮਹੀਨੇ ਦਾ ਪੂਰਾ ਸ਼ਡਿਊਲ

ਨਵੀਂ ਦਿੱਲੀ, 1 ਜੂਨ (ਚ.ਨ.ਸ.) : ਆਈਪੀਐਲ 2026 ਦੇ ਰੋਮਾਂਚਕ ਅੰਤ ਵਿੱਚ ਰਾਇਲ ਚੈਲੰਜਰਜ਼ ਬੈਂਗਲੁਰੂ ਨੇ ਗੁਜਰਾਤ ਟਾਈਟਨਸ ਨੂੰ ਹਰਾ ਕੇ ਲਗਾਤਾਰ ਦੂਜੀ ਵਾਰ ਖ਼ਿਤਾਬ ਆਪਣੇ ਨਾਮ ਕੀਤਾ ਹੈ, ਹੁਣ ਭਾਰਤੀ ਕ੍ਰਿਕਟ ਟੀਮ ਇੱਕ ਵਾਰ ਫਿਰ ਅੰਤਰਰਾਸ਼ਟਰੀ ਮੈਦਾਨ ਵਿੱਚ ਉਤਰਨ ਲਈ ਤਿਆਰ ਹੈ। ਜੂਨ ਦਾ ਪੂਰਾ ਮਹੀਨਾ ਟੀਮ ਇੰਡੀਆ ਲਈ ਬਹੁਤ ਰੁਝੇਵਿਆਂ ਭਰਿਆ ਰਹਿਣ ਵਾਲਾ ਹੈ, ਜਿਸ ਵਿੱਚ ਟੈਸਟ, ਵਨਡੇ ਅਤੇ ਟੀ-20 ਤਿੰਨੋਂ ਫਾਰਮੈਟ ਖੇਡੇ ਜਾਣਗੇ।

**ਭਾਰਤ ਬਨਾਮ ਅਫਗਾਨਿਸਤਾਨ** : ਟੈਸਟ ਅਤੇ ਵਨਡੇ ਸੀਰੀਜ਼ ਭਾਰਤੀ ਟੀਮ ਆਪਣੇ ਅਭਿਆਨ ਦੀ ਸ਼ੁਰੂਆਤ ਅਫਗਾਨਿਸਤਾਨ ਵਿਰੁੱਧ ਕਰੇਗੀ

**ਟੈਸਟ ਮੈਚ** : 6 ਜੂਨ ਤੋਂ ਨਿਊ ਚੰਡੀਗੜ੍ਹ ਦੇ ਮੁੱਲਾਂਪੁਰ ਵਿੱਚ ਇੱਕਮਾਤਰ ਟੈਸਟ ਮੈਚ ਖੇਡਿਆ ਜਾਵੇਗਾ। ਹਾਲਾਂਕਿ ਇਹ ਵਿਸ਼ਵ ਟੈਸਟ ਚੈਂਪੀਅਨਸ਼ਿਪ ਦਾ ਹਿੱਸਾ ਨਹੀਂ ਹੈ, ਪਰ ਸ਼ੁਭਮਨ ਗਿੱਲ ਇਸ ਵਿੱਚ ਟੀਮ ਦੀ ਕਪਤਾਨੀ ਸੰਭਾਲਦੇ ਨਜ਼ਰ ਆਉਣਗੇ।

**ਵਨਡੇ ਸੀਰੀਜ਼** : ਟੈਸਟ ਤੋਂ ਬਾਅਦ ਦੋਵਾਂ ਟੀਮਾਂ ਵਿਚਾਲੇ ਤਿੰਨ ਮੈਚਾਂ ਦੀ ਵਨਡੇ ਸੀਰੀਜ਼ ਹੋਵੇਗੀ। ਪਹਿਲਾ ਮੈਚ 13 ਜੂਨ ਨੂੰ ਧਰਮਸ਼ਾਲਾ ਵਿੱਚ, ਦੂਜਾ 17 ਜੂਨ ਨੂੰ ਲਖਨਊ ਵਿੱਚ ਅਤੇ ਤੀਜਾ ਤੇ ਆਖਰੀ ਮੈਚ 20 ਜੂਨ ਨੂੰ ਚੇਨਈ ਵਿੱਚ ਖੇਡਿਆ ਜਾਵੇਗਾ। ਇਸ ਸੀਰੀਜ਼ ਵਿੱਚ ਵੀ ਸ਼ੁਭਮਨ ਗਿੱਲ ਕਪਤਾਨ ਹੋਣਗੇ ਅਤੇ ਖ਼ਾਸ ਗੱਲ ਇਹ ਹੈ ਕਿ ਵਿਰਾਟ ਕੋਹਲੀ ਅਤੇ ਰੋਹਿਤ ਸ਼ਰਮਾ ਲੰਬੇ ਸਮੇਂ ਬਾਅਦ ਅੰਤਰਰਾਸ਼ਟਰੀ ਮੈਚ ਖੇਡਦੇ ਦਿਖਾਈ ਦੇਣਗੇ।

**ਆਇਰਲੈਂਡ ਦਾ ਦੌਰਾ ;** ਜੂਨ ਦੇ ਅਖੀਰ ਵਿੱਚ ਭਾਰਤੀ ਟੀਮ ਆਇਰਲੈਂਡ ਦੇ ਦੌਰੇ ’ਤੇ ਜਾਵੇਗੀ, ਜਿੱਥੇ ਦੋ ਟੀ-20 ਅੰਤਰਰਾਸ਼ਟਰੀ ਮੈਚ ਖੇਡੇ ਜਾਣਗੇ। ਪਹਿਲਾ ਮੁਕਾਬਲਾ 26 ਜੂਨ ਨੂੰ ਅਤੇ ਦੂਜਾ 28 ਜੂਨ ਨੂੰ ਹੋਵੇਗਾ ਹਾਲਾਂਕਿ ਇਸ ਸੀਰੀਜ਼ ਲਈ ਅਜੇ ਟੀਮ ਦਾ ਐਲਾਨ ਨਹੀਂ ਕੀਤਾ ਗਿਆ ਹੈ, ਪਰ ਦੇਖਣਾ ਹੋਵੇਗਾ ਕਿ ਸੂਰਿਆਕੁਮਾਰ ਯਾਦਵ ਹੀ ਕਪਤਾਨੀ ਸੰਭਾਲਦੇ ਹਨ ਜਾਂ ਕੋਈ ਬਦਲਾਅ ਹੁੰਦਾ ਹੈ।



# ਇਟਲੀ ’ਚ ਇਬੋਲਾ ਦਾ ਸ਼ੱਕੀ ਕੇਸ : ਕਾਂਗੋ ਤੋਂ ਵਾਪਸ ਆਏ ਮਰੀਜ਼ ਨੂੰ ਕੀਤਾ ਆਈਸੋਲੇਟ

ਰੋਮ, 1 ਜੂਨ (ਚ.ਨ.ਸ.) : ਇਟਲੀ ਦੇ ਸਿਹਤ ਮੰਤਰਾਲੇ ਨੇ ਕਿਹਾ ਹੈ ਕਿ ਕੈਗਲਿਆਰੀ ਵਿੱਚ ਇਬੋਲਾ ਦੇ ਇੱਕ ਸ਼ੱਕੀ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ। ਸਥਾਨਕ ਮੀਡੀਆ ਦੇ ਅਨੁਸਾਰ, ਮਰੀਜ਼ ਹਾਲ ਹੀ ਵਿੱਚ ਕਾਂਗੋ ਤੋਂ ਵਾਪਸ ਆਇਆ ਹੈ ਅਤੇ ਵਰਤਮਾਨ ਵਿੱਚ ਸਾਰਡੀਨੀਆ ਦੀ ਰਾਜਧਾਨੀ ਵਿੱਚ ਸਥਿਤ ਹੈ। ਮਰੀਜ਼ ਵਿੱਚ ਬਿਮਾਰੀ ਦੇ ਲੱਛਣ ਦਿਖਾਈ ਦੇ ਰਹੇ ਹਨ ਅਤੇ ਉਸਦਾ ਇਬੋਲਾ ਟੈਸਟ ਕਰਵਾਇਆ ਗਿਆ ਹੈ। ਇਸ ਟੈਸਟ ਦੇ ਨਮੂਨਿਆਂ ਦਾ ਵਿਸ਼ਲੇਸ਼ਣ ਰੋਮ ਦੇ ਸਪਲਾਨਜ਼ਾਨੀ ਇੰਸਟੀਚਿਊਟ ਵਿੱਚ ਕੀਤਾ ਜਾਵੇਗਾ। ਵਰਤਮਾਨ ਵਿੱਚ, ਮਰੀਜ਼ ਨੂੰ ਇੱਕ ਹਸਪਤਾਲ ਵਿੱਚ ਆਈਸੋਲੇਸ਼ਨ ਵਿੱਚ ਰੱਖਿਆ ਗਿਆ ਹੈ।ਐਡਨਕ੍ਰੋਨੋਸ ਨਿਊਜ਼ ਏਜੰਸੀ ਦੇ ਅਨੁਸਾਰ, ਸਿਹਤ ਮੰਤਰਾਲੇ ਨੇ ਇੱਕ ਪ੍ਰੈਸ ਰਿਲੀਜ਼ ਵਿੱਚ ਕਿਹਾ ਕਿ ਉਹ ਸਾਰਡੀਨੀਆ ਵਿੱਚ ਸਥਾਨਕ ਸਿਹਤ ਏਜੰਸੀਆਂ ਦੇ ਨਾਲ-ਨਾਲ ਸਪਲਾਨਜ਼ਾਨੀ ਇੰਸਟੀਚਿਊਟ ਦੇ ਸੰਪਰਕ ਵਿੱਚ ਹੈ, ਅਤੇ ਸਥਿਤੀ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ।



# 250 ਦੇ ਨੋਟ ’ਤੇ ਟਰੰਪ ਦੀ ਫੋਟੋ ! ਅਮਰੀਕਾ ’ਚ ਛਿੜਿਆ ਸਿਆਸੀ ਘਮਾਸਾਨ

ਵਾਸ਼ਿੰਗਟਨ, 1 ਜੂਨ (ਚ.ਨ.ਸ.) : ਅਮਰੀਕੀ ਆਜ਼ਾਦੀ ਦੀ 250ਵੀਂ ਵਰ੍ਹੇਗੰਢ ਮਨਾਉਣ ਦੀਆਂ ਤਿਆਰੀਆਂ ਵਿਚਾਲੇ ਇੱਕ ਨਵਾਂ ਸਿਆਸੀ ਅਤੇ ਕਾਨੂੰਨੀ ਵਿਵਾਦ ਖੜ੍ਹਾ ਹੋ ਗਿਆ ਹੈ। ਰਿਪੋਰਟਾਂ ਮੁਤਾਬਕ, ਟਰੰਪ ਪ੍ਰਸ਼ਾਸਨ ਦੇ ਅਧਿਕਾਰੀਆਂ ਨੇ ਬਿਊਰੋ ਆਫ਼ ਐਨਗ੍ਰੇਵਿੰਗ ਐਂਡ ਪ੍ਰਿੰਟਿੰਗ ’ਤੇ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਤਸਵੀਰ ਵਾਲੇ 250 ਡਾਲਰ ਦੇ ਇੱਕ ਖ਼ਾਸ ਨੋਟ ਦੇ ਪ੍ਰੋਟੋਟਾਈਪ ਤਿਆਰ ਕਰਨ ਲਈ ਦਬਾਅ ਪਾਇਆ ਹੈ।ਅਮਰੀਕੀ ਵਿੱਤ ਮੰਤਰੀ ਸਕਾਟ ਬੈਸੈਂਟ ਨੇ ਵ੍ਹਾਈਟ ਹਾਊਸ ’ਚ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਇਸ 250 ਡਾਲਰ ਦੇ ਨੋਟ ਦਾ ਇੱਕ ਡਿਜ਼ਾਈਨ ਵੀ ਜਨਤਕ ਤੌਰ ’ਤੇ ਦਿਖਾਇਆ ਹੈ। ਇਸ ਯੋਜਨਾ ਦੇ ਸਾਹਮਣੇ ਆਉਣ ਤੋਂ ਬਾਅਦ ਵਿੱਤ ਵਿਭਾਗ ਦੇ ਅਧਿਕਾਰੀਆਂ ਨੇ ਕਾਨੂੰਨ ਦਾ ਹਵਾਲਾ ਦਿੱਤਾ ਹੈ। ਦਰਅਸਲ, ਅਮਰੀਕਾ ਵਿੱਚ ਸਾਲ 1866 ਦਾ ਇੱਕ ਫੈਡਰਲ ਕਾਨੂੰਨ ਲਾਗੂ ਹੈ, ਜਿਸ ਤਹਿਤ ਕਿਸੇ ਵੀ ਜਿਊਂਦੇ ਅਮਰੀਕੀ ਨਾਗਰਿਕ ਦੀ ਤਸਵੀਰ ਦੇਸ਼ ਦੀ ਕਰੰਸੀ ’ਤੇ ਨਹੀਂ ਛਾਪੀ ਜਾ ਸਕਦੀ। ਇਹ ਕਾਨੂੰਨ 19ਵੀਂ ਸਦੀ ਵਿੱਚ ਸਿਆਸੀ ਆਗੂਆਂ ਦੇ ਗੁਣਗਾਨ ਨੂੰ ਰੋਕਣ ਲਈ ਬਣਾਇਆ ਗਿਆ ਸੀ। ਟਰੰਪ ਦੀ ਤਸਵੀਰ ਵਾਲਾ ਨੋਟ ਜਾਰੀ ਕਰਨ ਲਈ ਅਮਰੀਕੀ ਸੰਸਦ ਨੂੰ ਇਸ ਕਾਨੂੰਨ ਵਿੱਚ ਸੋਧ ਕਰਨੀ ਪਵੇਗੀ।



# ਅਮਰੀਕਾ ’ਚ ਚੰਦਰਕਾਂਤ ਪਟੇਲ ਦਾ ਕਬੂਲਨਾਮਾ, ਯੂ ਵੀਜ਼ਾ ਘੁਟਾਲੇ ਦਾ ਦੋਸ਼ ਕੀਤਾ ਸਵੀਕਾਰ

ਨਿਊਯਾਰਕ , 1 ਜੂਨ (ਚ.ਨ.ਸ.) :ਅਮਰੀਕਾ ਦੇ ਸਭ ਤੋਂ ਵੱਡੇ ਯੂ ਵੀਜ਼ਾ ਧੋਖਾਧੜੀ ਮਾਮਲੇ ਵਿੱਚ ਹੁਣ ਇੱਕ ਵੱਡਾ ਮੋੜ ਆਇਆ ਹੈ, ਜੋ ਕਿ ਚੰਦਰਕਾਂਤ ਪਟੇਲ ਨਾਮ ਦੇ ਇੱਕ ਗੁਜਰਾਤੀ ਦੁਆਰਾ ਕੀਤਾ ਗਿਆ ਸੀ। ਚੰਦਰਕਾਂਤ ਪਟੇਲ ਪਿਛਲੇ ਸਾਲ ਇਸ ਘੁਟਾਲੇ ਦੇ ਸਾਹਮਣੇ ਆਉਣ ਤੋਂ ਬਾਅਦ ਜੁਲਾਈ 2025 ਤੋਂ ਜੇਲ੍ਹ ਵਿੱਚ ਨਜ਼ਰਬੰਦ ਹੈ। ਅਤੇ ਹੁਣ ਉਸਨੇ ਆਪਣਾ ਅਪਰਾਧ ਕਬੂਲ ਕਰ ਲਿਆ ਹੈ। 29 ਮਈ ਨੂੰ ਚੰਦਰਕਾਂਤ ਉਰਫ਼ ਲਾਲਾ ਨੇ ਆਪਣੇ ਵਿਰੁੱਧ ਦੋ ਦੋਸ਼ਾਂ ਵਿੱਚ ਦੋਸ਼ੀ ਮੰਨਿਆ। ਅਮਰੀਕੀ ਅਦਾਲਤ ਉਸ ਨੂੰ 10 ਸਤੰਬਰ ਨੂੰ ਸਜ਼ਾ ਸੁਣਾਉਣ ਵਾਲੀ ਹੈ। ਚੰਦਰਕਾਂਤ ਨੇ ਜਿਨ੍ਹਾਂ ਅਪਰਾਧਾਂ ਦਾ ਇਕਬਾਲ ਕੀਤਾ ਹੈ, ਉਨ੍ਹਾਂ ਵਿੱਚ 15 ਸਾਲ ਤੱਕ ਦੀ ਕੈਦ ਅਤੇ ਪੰਜ ਲੱਖ ਡਾਲਰ ਦਾ ਜੁਰਮਾਨਾ ਹੋ ਸਕਦਾ ਹੈ। ਚੰਦਰਕਾਂਤ ਨੇ ਕਿਸੇ ਵੀ ਸਜ਼ਾ ਦੇ ਵਿਰੁੱਧ ਅਪੀਲ ਕਰਨ ਦੇ ਆਪਣੇ ਅਧਿਕਾਰ ਨੂੰ ਵੀ ਛੱਡ ਦਿੱਤਾ ਹੈ ਅਤੇ ਇਸ ਮਾਮਲੇ ਦੇ ਉਸ ਦੇ ਇਮੀਗ੍ਰੇਸ਼ਨ ਰੁਤਬੇ ’ਤੇ ਪੈਣ ਵਾਲੇ ਕਿਸੇ ਵੀ ਪ੍ਰਭਾਵ ਨੂੰ ਸਵੀਕਾਰ ਕਰਨ ਲਈ ਵੀ ਸਹਿਮਤੀ ਦਿੱਤੀ ਹੈ। ਚੰਦਰਕਾਂਤ, ਜੋ ਕਿ ਅਮਰੀਕਾ ਵਿੱਚ ਗੈਰ-ਕਾਨੂੰਨੀ ਤੌਰ ’ਤੇ ਰਹਿ ਰਿਹਾ ਸੀ, ਨੇ ਖੁਦ 2023 ਵਿੱਚ ਯੂ ਵੀਜ਼ਾ ਪ੍ਰਾਪਤ ਕੀਤਾ ਸੀ। ਜੇਕਰ ਉਸਦਾ ਘੁਟਾਲਾ ਫੜਿਆ ਨਾ ਗਿਆ ਹੁੰਦਾ, ਤਾਂ ਉਹ ਹੁਣ ਤੱਕ ਗ੍ਰੀਨ ਕਾਰਡ ਲਈ ਅਰਜ਼ੀ ਦੇ ਚੁੱਕਾ ਹੁੰਦਾ। ਚੰਦਰਕਾਂਤ @ਤੇ ਕੁੱਲ 34 ਦੋਸ਼ ਲਗਾਏ ਗਏ ਸਨ, ਜਿਨ੍ਹਾਂ ਵਿੱਚ ਵੀਜ਼ਾ ਧੋਖਾਧੜੀ ਕਰਨ ਦੀ ਸਾਜ਼ਿਸ਼ ਰਚਣ ਦਾ ਇੱਕ ਦੋਸ਼, ਰਿਸ਼ਵਤਖੋਰੀ ਦਾ ਇੱਕ ਦੋਸ਼, ਡਾਕ ਧੋਖਾਧੜੀ ਦੇ 24 ਦੋਸ਼ ਅਤੇ ਮਨੀ ਲਾਂਡਰਿੰਗ ਦੇ ਅੱਠ ਦੋਸ਼ ਸ਼ਾਮਲ ਸਨ, ਜਿਨ੍ਹਾਂ ਵਿੱਚੋਂ ਉਸਨੇ ਵੀਜ਼ਾ ਧੋਖਾਧੜੀ ਅਤੇ ਮਨੀ ਲਾਂਡਰਿੰਗ ਦਾ ਦੋਸ਼ੀ ਮੰਨਿਆ ਹੈ।

# ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ 2 ਲੱਖ 21 ਹਜ਼ਾਰ ਦੀ ਨਗਦ ਰਾਸ਼ੀ ਭੇਟ



ਅੰਮ੍ਰਿਤਸਰ, 1 ਜੂਨ (ਗੁਰਦਿਆਲ ਸਿੰਘ) :ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸ਼ਰਧਾ ਪ੍ਰਗਟਾਉਂਦਿਆਂ ਅੱਜ ਯੂਐਸਏ ਵਾਸੀ ਬਲਬੀਰ ਸਿੰਘ ਵੱਲੋਂ 2 ਲੱਖ 10 ਹਜ਼ਾਰ ਅਤੇ ਸੁਰਜੀਤ ਸਿੰਘ ਵੱਲੋਂ 11 ਹਜ਼ਾਰ ਰੁਪਏ ਦੀ ਨਗਦ ਰਾਸ਼ੀ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਲਈ ਭੇਟ ਕੀਤੀ ਗਈ। ਇਹ ਰਾਸ਼ੀ ਸੁਰਜੀਤ ਸਿੰਘ ਤੂਰਕੋਟ ਨੇ ਸ਼੍ਰੋਮਣੀ ਕਮੇਟੀ ਦੇ ਮੁੱਖ ਦਫ਼ਤਰ ਵਿਖੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਸੌਂਪੀ। ਇਸ ਮੌਕੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਲੱਖਾਂ ਦੀ ਗਿਣਤੀ 'ਚ ਸੰਗਤਾਂ ਰੋਜ਼ਾਨਾ ਨਤਮਸਤਕ ਹੁੰਦੀਆਂ ਹਨ ਅਤੇ ਆਪਣੀ ਸ਼ਰਧਾ ਅਨੁਸਾਰ ਭੇਟਾਵਾਂ ਭੇਟ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਲੰਗਰ ਸ੍ਰੀ ਗੁਰੂ ਰਾਮਦਾਸ ਜੀ ਵਿਖੇ ਰੋਜ਼ਾਨਾ ਲੱਖਾਂ ਦੀ ਗਿਣਤੀ ਸੰਗਤਾਂ ਬਿਨਾਂ ਭੇਦ-ਭਾਵ ਦੇ ਪ੍ਰਸ਼ਾਦਾ ਛਕਦੀਆਂ ਹਨ। ਐਡਵੋਕੇਟ ਧਾਮੀ ਨੇ ਚੱਲ ਰਹੀਆਂ ਲੰਗਰ ਸੇਵਾਵਾਂ ਵਿਚ ਹਿੱਸਾ ਪਾਉਣ ਲਈ ਬਲਬੀਰ ਸਿੰਘ ਯੂਐਸਏ ਤੇ ਸੁਰਜੀਤ ਸਿੰਘ ਤੂਰਕੋਟ ਤੇ ਪਰਿਵਾਰ ਦਾ ਧੰਨਵਾਦ ਕੀਤਾ। ਸ਼੍ਰੋਮਣੀ ਕਮੇਟੀ ਪ੍ਰਧਾਨ ਤੇ ਅਹੁਦੇਦਾਰ ਸਾਹਿਬਾਨ ਵੱਲੋਂ ਸੇਵਕ ਪਰਿਵਾਰ ਨੂੰ ਗੁਰੂ ਬਖ਼ਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਰਘੂਜੀਤ ਸਿੰਘ ਵਿਰਕ, ਜੂਨੀਅਰ ਮੀਤ ਪ੍ਰਧਾਨ ਸ. ਬਲਦੇਵ ਸਿੰਘ ਕਲਿਆਣ, ਜਨਰਲ ਸਕੱਤਰ ਸ਼ੇਰ ਸਿੰਘ ਮੰਡਵਾਲਾ, ਮੁੱਖ ਸਕੱਤਰ ਕੁਲਵੰਤ ਸਿੰਘ ਮੰਨਣ, ਅੰਤ੍ਰਿੰਗ ਮੈਂਬਰ ਸੁਰਜੀਤ ਸਿੰਘ ਗੜ੍ਹੀ, ਸੁਰਜੀਤ ਸਿੰਘ ਤੁਗਲਵਾਲ, ਸੁਰਜੀਤ ਸਿੰਘ ਕੰਗ, ਗੁਰਪ੍ਰੀਤ ਸਿੰਘ ਝੱਬਰ, ਦਲਜੀਤ ਸਿੰਘ ਭਿੰਡਰ, ਬਲਦੇਵ ਸਿੰਘ ਕਾਇਮਪੁਰ, ਮੇਜਰ ਸਿੰਘ ਢਿੱਲੋਂ, ਮੰਗਵਿੰਦਰ ਸਿੰਘ ਖਾਪੜਖੇੜੀ, ਓਐਸਡੀ ਸਤਬੀਰ ਸਿੰਘ ਧਾਮੀ, ਸਕੱਤਰ ਬਲਵਿੰਦਰ ਸਿੰਘ ਕਾਹਲਵਾਂ, ਇੰਜੀ: ਸੁਖਵਿੰਦਰ ਸਿੰਘ, ਨਿੱਜੀ ਸਕੱਤਰ ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਤੇਜਿੰਦਰ ਸਿੰਘ ਪੱਡਾ, ਜਸਵਿੰਦਰ ਸਿੰਘ ਜੱਸੀ, ਭਗਵੰਤ ਸਿੰਘ ਧੰਗੇੜਾ, ਮੈਨੇਜਰ ਮੇਜਰ ਸਿੰਘ ਅਤੇ ਹੋਰ ਮੌਜੂਦ ਸਨ।

# ਨਸ਼ਾ ਤਸਕਰਾਂ ਖ਼ਿਲਾਫ਼ ਆਵਾਜ਼ ਉਠਾਉਣ ਵਾਲੇ ਪੱਤਰਕਾਰ ਪੰਛੀ 'ਤੇ ਹਮਲੇ ਨੂੰ ਲੈ ਕੇ ਪੱਤਰਕਾਰ ਭਾਈਚਾਰੇ 'ਚ ਰੋਸ

## ਫ਼ੀਲਡ ਜਰਨਲਿਸਟ ਵੈਲ਼ਫੇਅਰ ਐਸੋਸੀਏਸ਼ਨ ਦਾ ਵਫ਼ਦ ਡੀਐਸਪੀ ਗੋਇੰਦਵਾਲ ਸਾਹਿਬ ਨੂੰ ਮਿਲਿਆ



ਤਰਨਤਾਰਨ, 1 ਜੂਨ (ਪੁਸ਼ਪਿੰਦਰ ਬੰਟੀ ਗੁਰਵਿੰਦਰ ਸਿੰਘ ) :ਨਸ਼ਾ ਤਸਕਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਨਿਰੰਤਰ ਆਵਾਜ਼ ਬੁਲੰਦ ਕਰਨ ਵਾਲੇ ਸੀਨੀਅਰ ਪੱਤਰਕਾਰ ਪਰਮਜੀਤ ਸਿੰਘ ਪੰਛੀ ਅਤੇ ਉਨ੍ਹਾਂ ਦੇ ਪਰਿਵਾਰ 'ਤੇ ਹੋਏ ਜਾਨਲੇਵਾ ਹਮਲੇ ਦੇ ਮਾਮਲੇ ਨੂੰ ਲੈ ਕੇ ਪੱਤਰਕਾਰ ਭਾਈਚਾਰੇ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ। ਇਸ ਸਬੰਧੀ ਫ਼ੀਲਡ ਜਰਨਲਿਸਟ ਵੈਲ਼ਫੇਅਰ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਪੁਸ਼ਪਿੰਦਰ ਸਿੰਘ ਬੰਟੀ ਦੀ ਅਗਵਾਈ ਹੇਠ ਪੱਤਰਕਾਰਾਂ ਦੇ ਇੱਕ ਵਫ਼ਦ ਨੇ ਡੀਐਸਪੀ ਗੋਇੰਦਵਾਲ ਸਾਹਿਬ ਹਰਿੰਦਰ ਸਿੰਘ ਨਾਲ ਵਿਸ਼ੇਸ਼ ਮੁਲਾਕਾਤ ਕਰਕੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਤੇ ਤੁਰੰਤ ਗ੍ਰਿਫ਼ਤਾਰੀ ਦੀ ਮੰਗ ਕੀਤੀ।ਵਫ਼ਦ ਨੇ ਡੀਐਸਪੀ ਨੂੰ ਦੱਸਿਆ ਕਿ ਹਮਲੇ ਦੌਰਾਨ ਪਰਮਜੀਤ ਸਿੰਘ ਪੰਛੀ ਵੱਲੋਂ ਤੁਰੰਤ ਥਾਣਾ ਮੁਖੀ ਬਲਜੀਤ ਕੌਰ ਨੂੰ ਫ਼ੋਨ ਕਰਕੇ ਸੂਚਨਾ ਦਿੱਤੀ ਗਈ ਸੀ। ਥਾਣਾ ਮੁਖੀ ਵੱਲੋਂ ਪੁਲਿਸ ਪਾਰਟੀ ਨੂੰ ਤੁਰੰਤ ਮੌਕੇ 'ਤੇ ਭੇਜਣ ਦਾ ਭਰੋਸਾ ਵੀ ਦਿੱਤਾ ਗਿਆ, ਪਰ ਇਸ ਦੇ ਬਾਵਜੂਦ ਹਮਲਾਵਰਾਂ ਨੇ ਕਾਫ਼ੀ ਸਮੇਂ ਤੱਕ ਦਹਿਸ਼ਤ ਦਾ ਮਾਹੌਲ ਬਣਾਈ ਰੱਖਿਆ। ਪੱਤਰਕਾਰਾਂ ਨੇ ਇਸ ਮਾਮਲੇ ਵਿੱਚ ਪੁਲਿਸ ਦੀ ਕਾਰਗੁਜ਼ਾਰੀ ਬਾਰੇ ਵੀ ਆਪਣੀਆਂ ਚਿੰਤਾਵਾਂ ਡੀਐਸਪੀ ਸਾਹਮਣੇ ਰੱਖੀਆਂ।ਇਸ ਮੌਕੇ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਪੁਸਪਿੰਦਰ ਸਿੰਘ ਬੰਟੀ ਨੇ ਕਿਹਾ ਕਿ ਲੋਕਤੰਤਰ ਦੇ ਚੌਥੇ ਥੰਮ੍ਹ ਵਜੋਂ ਆਪਣੀ ਜ਼ਿੰਮੇਵਾਰੀ ਨਿਭਾ ਰਹੇ ਪੱਤਰਕਾਰਾਂ 'ਤੇ ਹਮਲੇ ਬਹੁਤ ਹੀ ਚਿੰਤਾਜਨਕ ਹਨ ਅਤੇ ਅਜਿਹੀਆਂ ਘਟਨਾਵਾਂ ਨੂੰ ਕਿਸੇ ਵੀ ਹਾਲਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਜੇਕਰ ਪੱਤਰਕਾਰਾਂ ਦੀ ਸੁਰੱਖਿਆ ਯਕੀਨੀ ਨਾ ਬਣਾਈ ਗਈ ਤਾਂ ਸਮੂਹ ਪੱਤਰਕਾਰ ਭਾਈਚਾਰਾ ਸੰਘਰਸ਼ ਦਾ ਰਾਹ ਅਖਤਿਆਰ ਕਰਨ ਲਈ ਮਜਬੂਰ ਹੋਵੇਗਾ।ਮੁਲਾਕਾਤ ਦੌਰਾਨ ਡੀਐਸਪੀ ਹਰਿੰਦਰ ਸਿੰਘ ਨੇ ਪੱਤਰਕਾਰਾਂ ਨੂੰ ਭਰੋਸਾ ਦਿਵਾਇਆ ਕਿ ਇਸ ਮਾਮਲੇ ਵਿੱਚ ਸ਼ਾਮਲ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਉਨ੍ਹਾਂ ਖ਼ਿਲਾਫ਼ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਨਸ਼ਾ ਤਸਕਰਾਂ ਅਤੇ ਗੁੰਡਾ ਅਨਸਰਾਂ ਨੂੰ ਕਾਨੂੰਨ ਆਪਣੇ ਹੱਥ ਵਿੱਚ ਲੈਣ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ ਅਤੇ ਦੋਸ਼ੀਆਂ ਤੇ ਜਲਦ ਕਾਰਵਾਈ ਕੀਤੀ ਜਾਵੇਗੀ।ਡੀਐਸਪੀ ਨੇ ਇਹ ਵੀ ਕਿਹਾ ਕਿ ਘਟਨਾ ਦੌਰਾਨ ਪੁਲਿਸ ਦੀ ਕਾਰਵਾਈਅਤੇ ਮੌਕੇ ਤੇ ਦੇਰੀ ਨਾਲ ਪਹੁੰਚਣ ਦੇ ਮਾਮਲੇ ਦੀ ਜਾਂਚ ਕਰਵਾਈ ਜਾਵੇਗੀ ਅਤੇ ਜੇਕਰ ਕਿਸੇ ਅਧਿਕਾਰੀ ਜਾਂ ਕਰਮਚਾਰੀ ਦੀ ਲਾਪਰਵਾਹੀ ਸਾਹਮਣੇ ਆਈ ਤਾਂ ਉਸ ਖ਼ਿਲਾਫ਼ ਬਣਦੀ ਵਿਭਾਗੀ ਕਾਰਵਾਈ ਕੀਤੀ ਜਾਵੇਗੀ। ਇਸ ਮੌਕੇਫੀਲਡ ਜਰਲਿਸਟ ਵੈਲਫੇਅਰਐਸੋਸੀਏਸ਼ਨ ਦੇ ਅਹੁਦੇਦਾਰ ਮਨਦੀਪ ਸਿੰਘ ਰਾਜਨ ਸੀਨੀਅਰਮੀਤਪ੍ਰਧਾਨ ਪੰਜਾਬ,ਕੁਲਦੀਪ ਸਿੰਘ ਦੀਪਾ ਜਰਨਲ ਸਕੱਤਰ ਪੰਜਾਬ, ਬਾਬਾ ਗੁਰਦਿਆਲ ਸਿੰਘਮੀਤਪ੍ਰਧਾਨਪੰਜਾਬ,ਗੁਰਪ੍ਰੀਤ ਸਿੰਘ ਕੱਦ ਗਿੱਲ ਸਕੱਤਰ ਪੰਜਾਬ, ਸਰਬਜੀਤ ਸਿੰਘ ਮੀਆਂਵਿੰਡ ਮੁੱਖ ਬੁਲਾਰਾ ਪੰਜਾਬ, ਪੁਨੀਤ ਸ਼ਰਮਾ ਜ਼ਿਲਾ ਸਪੋਕਸਮੈਨ ,ਅਜੇ ਭਾਰਗਵ ਜ਼ਿਲਾ ਸੀਨੀਅਰ ਮੀਤ ਪ੍ਰਧਾ ਤੋ ਇਲਾਵਾ ਸੀਨੀਅਰ ਪੱਤਰਕਾਰ ਸੁਖਵਿੰਦਰ ਸਿੰਘ ਸਹੋਤਾ ਹਾਜ਼ਰ ਸਨ।

# ਪੀਰ ਬਾਬਾ ਕੋਨੀ ਸ਼ਾਹ ਦੀ ਮਜਾਰ 'ਤੇ ਮਨਾਇਆ ਸਾਲਾਨਾ ਜੋੜ ਮੇਲਾ

ਬਟਾਲਾ, 1 ਜੂਨ ( ਬਲਵਿੰਦਰ ਸਿੰਘ ਪੰਜਗਰਾਈਂ) :ਨਜ਼ਦੀਕੀ ਪਿੰਡ ਪੱਤੀ ਰਾਮਪੁਰ (ਨੇੜੇ ਪਿੰਡ ਰਧਾਨ) ਦੀ ਨਗਰ ਪੰਚਾਇਤ ਅਤੇ ਮੇਲਾ ਕਮੇਟੀ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ, ਪੀਰ ਬਾਬਾ ਕੋਨੀ ਸ਼ਾਹ ਜੀ ਦਾ ਸਾਲਾਨਾ ਜੋੜ ਮੇਲਾ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਹਰ ਸਾਲ ਦੀ ਤਰ੍ਹਾਂ, ਜੋੜ ਮੇਲੇ ਨੂੰ ਸਫਲਤਾ ਪੂਰਵਕ ਮਨਾਉਣ ਲਈ ਨਗਰ ਦੇ ਸਰਪੰਚ ਸ. ਜਗੀਰ ਸਿੰਘ, ਪ੍ਰਧਾਨ ਸੁਲੱਖਣ ਸਿੰਘ ਅਤੇ ਹੋਰ ਸਾਥੀ ਸੇਵਾਦਾਰਾਂ ਨੇ ਪੂਰਾ ਜ਼ੋਰ ਲਗਾਇਆ ਹੋਇਆ ਸੀ। ਪਰਬੰਧਕਾਂ ਵੱਲੋਂ ਸਾਰੇ ਮੇਲੇ ਦਾ ਲਾਈਵ ਪ੍ਰਸਾਰਣ ਕੀਤਾ ਗਿਆ, ਜਿਸ ਨਾਲ ਦੇਸ਼ ਵਿਦੇਸ਼ ਵਿੱਚ ਬੈਠੀਆਂ ਸੰਗਤਾਂ ਨੇ ਵੀ ਮੇਲੇ ਦਾ ਆਨੰਦ ਮਾਣਿਆ। ਇਸ ਮੌਕੇ ਸੰਗਤਾਂ ਦੀ ਟਹਿਲ ਸੇਵਾ ਲਈ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ ਅਤੇ ਗੁਰੂ ਕਾ ਲੰਗਰ ਵੀ ਅਟੁੱਟ ਵਰਤਾਇਆ ਗਿਆ। ਇਸ ਮੇਲੇ ਵਿੱਚ ਪੰਜਾਬ ਦੇ ਪ੍ਰਸਿੱਧ ਕਵਾਲ ਮਨੀ ਸੂਫੀ ਗਰੁੱਪ ਅਤੇ ਕਵਾਲ ਮੁਖਤਾਰ ਕਾਦਰੀ ਗਰੁੱਪ ਦੇ ਕਲਾਕਾਰਾਂ ਨੇ ਪੀਰ ਬਾਬਾ ਕੋਨੀ ਸ਼ਾਹ ਦੀ ਮਜਾਰ ਉੱਪਰ ਸੂਫੀਆਨਾ ਕਲਾਮਾਂ ਰਾਹੀਂ ਖ਼ੂਬ ਰੰਗ ਬੰਨ੍ਹਿਆ। ਸਰਪੰਚ ਜਗੀਰ ਸਿੰਘ ਨੇ ਦੱਸਿਆ ਕਿ ਪੀਰ ਜੀ ਦੀ ਜਗ੍ਹਾ ਉੱਪਰ ਜੋੜ ਮੇਲੇ ਨੂੰ ਪੂਰੇ ਉਤਸ਼ਾਹ ਨਾਲ ਮਨਾਉਣ ਲਈ, ਤਰਨਵੀਰ ਸਿੰਘ, ਲਕਸ਼ਦੀਪ ਸਿੰਘ, ਹਰਮਨ ਸਿੰਘ, ਗੁਰਤਾਜ ਸਿੰਘ, ਬਿਕਰਮਜੀਤ ਸਿੰਘ, ਜੁਗਰਾਜ ਸਿੰਘ, ਨਿਰਮਲ ਸਿੰਘ, ਨਵਜੋਤ ਸਿੰਘ, ਰਮਨਦੀਪ ਸਿੰਘ ਅਤੇ ਐਨ ਆਰ ਆਈ ਵੀਰਾਂ ਦਾ ਵਿਸ਼ੇਸ਼ ਸਹਿਯੋਗ ਰਿਹਾ ਹੈ। ਹੋਰ ਸੇਵਾਦਾਰਾਂ ਨੇ ਵੀ ਆਪਣੀ ਦਸਾਂ ਨੌਹਾਂ ਦੀ ਕਿਰਤ ਕਮਾਈ ਵਿੱਚੋਂ ਦਸਵੰਧ ਕੱਢਦਿਆਂ ਹੋਇਆਂ, ਵੱਡਾ ਯੋਗਦਾਨ ਪਾਇਆ ਹੈ। ਉਹਨਾਂ ਇਲਾਕੇ ਭਰ ਦੀਆਂ ਸੰਗਤਾਂ ਨੂੰ ਕਿਹਾ ਕਿ ਆਪਣੀ ਜ਼ਿੰਦਗੀ ਦੇ ਰੁਝੇਵਿਆਂ ਨੂੰ ਛੱਡ ਕੇ, ਤੁਸੀਂ ਅੱਜ ਇਸ ਜੋੜ ਮੇਲੇ ਵਿੱਚ ਹਾਜ਼ਰੀਆਂ ਭਰੀਆਂ ਹਨ, ਪ੍ਰਮਾਤਮਾ ਵੱਲੋਂ ਬਖਸ਼ਿਸ਼ ਹੋਈਆਂ ਰਹਿਮਤਾਂ ਨਾਲ ਆਪਣੀਆਂ ਝੋਲੀਆਂ ਭਰਨਗੇ। ਇਸ ਮੌਕੇ ਸਰਪੰਚ ਜਗੀਰ ਸਿੰਘ ਅਤੇ ਪ੍ਰਧਾਨ ਸੁਲੱਖਣ ਸਿੰਘ ਤੋਂ ਇਲਾਵਾ ਨਗਰ ਦੀ ਸਮੁੱਚੀ ਪੰਚਾਇਤ ਅਤੇ ਮੋਹਤਬਰ ਸੱਜਣ ਵੀ ਹਾਜ਼ਰ ਸਨ। ਇਸ ਮੌਕੇ ਦਵਿੰਦਰ ਸਿੰਘ, ਜਸਪਾਲ ਸਿੰਘ, ਰਵਿੰਦਰ ਸਿੰਘ ਰਾਜਾ, ਜਸਬੀਰ ਸਿੰਘ, ਮਨਰਾਜ ਸਿੰਘ, ਰਵਿੰਦਰ ਸਿੰਘ, ਹਰਜੀਤ ਸਿੰਘ ਫੌਜੀ, ਪਲਜੀਤ ਸਿੰਘ, ਸੇਵਾਦਾਰ ਹਾਜ਼ਰ ਸਨ ।

# ਜੂਨ 84 ਦੇ ਪਹਿਲੇ ਸ਼ਹੀਦ ਭਾਈ ਮਹਿਗਾ ਸਿੰਘ ਬੱਬਰ ਅਤੇ ਸਮੂਹ ਸ਼ਹੀਦਾਂ ਦੀ ਯਾਦ ਵਿੱਚ ਸਮਾਗਮ ਹੋਇਆ



ਅੰਮ੍ਰਿਤਸਰ, 1 ਜੂਨ (ਬਬਲੂ ਮਹਾਜਨ) : ਜਥੇਦਾਰ ਹਵਾਰਾ ਕਮੇਟੀ ਨੇ ਸ਼੍ਰੋਮਣੀ ਕਮੇਟੀ, ਮੈਨੇਜਰ ਸ੍ਰੀ ਦਰਬਾਰ ਸਾਹਿਬ,ਅਖੰਡ ਕੀਰਤਨੀ ਜਥਾ ਅਤੇ ਪੰਥਕ ਜਥੇਬੰਦੀਆਂ ਦੇ ਸਹਿਯੋਗ ਨਾਲ ਭਾਰਤੀ ਫੌਜ ਵੱਲੋਂ ਜੂਨ 84 ਦੇ ਹਮਲੇ ਦੇ ਪਹਿਲੇ ਸ਼ਹੀਦ ਭਾਈ ਮਹਿੰਗਾ ਸਿੰਘ ਬੱਬਰ ਅਤੇ ਸਮੂਹ ਸ਼ਹੀਦਾਂ ਦੀ ਪਵਿੱਤਰ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਗਮ ਗੁ.ਬਾਬਾ ਅਟੱਲ ਰਾਇ ਸਾਹਿਬ ਵਿਖੇ ਕਰਵਾਇਆ ਗਿਆ। ਇਸ ਮੌਕੇ ਅਖੰਡ ਕੀਰਤਨੀ ਜਥਾ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ, ਸ਼੍ਰੋਮਣੀ ਅਕਾਲੀ ਦਲ ਵਾਰਿਸ ਪੰਜਾਬ ਅਤੇ ਦਲ ਖ਼ਾਲਸਾ ਨੇ ਸਮਾਗਮ ਵਿੱਚ ਸ਼ਮੂਲੀਅਤ ਕੀਤੀ। ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਜਗਦੀਪ ਸਿੰਘ ਅਤੇ ਭਾਈ ਹਰਸਿਮਰਨਜੀਤ ਸਿੰਘ ਦੇ ਜੱਥਿਆਂ ਨੇ ਸ਼ਬਦ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਸੱਚਖੰਡਸ੍ਰੀ ਦਰਬਾਰ ਸਾਹਿਬ ਦੇ ਸਿੰਘ ਸਾਹਿਬ ਗਿਆਨੀ ਪ੍ਰਵਿੰਦਰਪਾਲ ਸਿੰਘ ਅਤੇ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ ਅਤੇ ਭਾਈ ਮਹਿੰਗਾ ਸਿੰਘ ਬੱਬਰ ਅਤੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਦਿੱਤੀ ।ਇਸ ਮੌਕੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਸਨਮਾਨਿਤ ਕੀਤਾ ਗਿਆ ਜਿਨ੍ਹਾਂ ਵਿੱਚ ਦਵਿੰਦਰ ਸਿੰਘ , ਬੇਅੰਤ ਸਿੰਘ ਖਿਆਲਾ, ਸਤਵੰਤ ਸਿੰਘ, ਮਹਾਂਬੀਰ ਸਿੰਘ ਸੁਲਤਾਨਵਿੰਡ, ਹਰਦੀਪ ਸਿੰਘ, ਬੀਬੀ ਮਨਿੰਦਰ ਕੌਰ, ਸਰਬਜੀਤ ਸਿੰਘ ਸ਼ਾਮਲ ਹਨ। ਉਪਰੰਤ ਸੰਗਤਾਂ ਸ੍ਰੀ ਅਕਾਲ ਤਖਤ ਸਾਹਿਬ ਵਿੱਖੇ ਨਤਮਸਤਕ ਹੋਈਆਂ ਜਿੱਥੇ ਭਾਈ ਸਤਨਾਮ ਸਿੰਘ ਝੰਝੀਆਂ ਨੇ ਸ਼ਹੀਦਾਂ ਦੇ ਨਮਿਤ ਅਰਦਾਸ ਕੀਤੀ। ਪ੍ਰੋ. ਬਲਜਿੰਦਰ ਸਿੰਘ ਨੇ ਦੱਸਿਆ ਇਸ ਮੌਕੇ ਤੇ ਜੱਥੇਦਾਰ ਬਖਸ਼ੀਸ਼ ਸਿੰਘ, ਪੰਜ ਪਿਆਰੇ ਸਤਨਾਮ ਸਿੰਘ ਖੰਡਾ, ਤਰਲੋਕ ਸਿੰਘ, ਬਾਪੂ ਗੁਰਚਰਨ ਸਿੰਘ, ਜੈਮ ਸਿੰਘ ਮੀਤ ਮੈਨੇਜਰ ਦਰਬਾਰ ਸਾਹਿਬ, ਰਜਿੰਦਰ ਸਿੰਘ ਮੁਗਲਵਾਲ, ਬਲਦੇਵ ਸਿੰਘ ਨਵਾਂਪਿੰਡ, ਪ੍ਰਗਟ ਸਿੰਘ ਚੋਗਾਵਾਂ, ਸਵਰਨਜੀਤ ਸਿੰਘ ਕੁਰਲੀਆ, ਉਪਕਾਰ ਸਿੰਘ ਸੰਧੂ, ਨਰਿੰਦਰ ਸਿੰਘ ਗਿੱਲ, ਪ੍ਰਤਾਪ ਸਿੰਘ ਕਾਲੀਆਂ, ਡਾ ਸੁਖਦੇਵ ਸਿੰਘ ਬਾਬਾ, ਰਘਬੀਰ ਸਿੰਘ ਭੁੱਚਰ, ਸਤਜੋਤ ਸਿੰਘ ਮੂਧਲ, ਸਤਨਾਮ ਸਿੰਘ ਕਾਹਲੋਂ, ਬੀਬੀ ਮਨਿੰਦਰ ਕੌਰ, ਮਾਤਾ ਸੁਰਜੀਤ ਕੌਰ, ਜਤਿੰਦਰ ਸਿੰਘ ਨਵਾਂਪਿੰਡ, ਦਵਿੰਦਰ ਸਿੰਘ ਨਵਾਂਪਿੰਡ, ਭਰਪੂਰ ਸਿੰਘ ਆਦਿ ਹਾਜ਼ਰ ਸਨ।

# ਰੋਮਾਣਾ ਚੱਕ ਵਿਖੇ ਕ੍ਰਿਸ਼ੀ ਵਿਗਿਆਨ ਕੇਂਦਰ ਨਾਗਕਲਾਂ ਵੱਲੋਂ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ




ਮਜੀਠਾ, 1 ਜੂਨ (ਅਸ਼ਵਨੀ ਨਈਅਰ) : ਹਲਕਾ ਮਜੀਠਾ ਦੇ ਪਿੰਡ ਰੋਮਾਣਾ ਚੱਕ ਵਿਖੇ ਕ੍ਰਿਸ਼ੀ ਵਿਗਿਆਨ ਕੇਂਦਰ (ਪੀ ਏ ਯੂ) ਨਾਗਕਲਾਂ ਵੱਲੋਂ 'ਮਾਸਟੀਟਿਸ' ਅਤੇ 'ਰਿਪੀਟ ਬ੍ਰੀਡਿੰਗ' ਸਬੰਧੀ ਕਿਸਾਨ ਨੂੰ ਜਾਗਰੂਕ ਕਰਨ ਲਈ ਕੈਂਪ ਲਗਾਇਆ ਗਿਆ, ਜਿਸ ਵਿੱਚ ਖੇਤੀਬਾੜੀ ਅਤੇ ਪਸ਼ੂ ਪਾਲਕ ਕਿਸਾਨਾਂ ਨੇ ਭਾਗ ਲਿਆ। ਇਸ ਕੈਂਪ ਦੌਰਾਨ ਡਾ ਕੰਵਰਪਾਲ ਸਿੰਘ ਢਿੱਲੋਂ, ਡਾ. ਰਮਿੰਦਰ ਕੌਰ ਤੇ ਡਾ. ਰਾਜਨ ਭੱਟ ਵੱਲੋ ਪਸ਼ੂਆਂ ਵਿੱਚ ਹੋਣ ਵਾਲੀ ਬੀਮਾਰੀ ਮਾਸਟੀਟਿਸ (ਥਣਾਂ ਵਿੱਚ ਸੋਜ) ਬਾਰੇ ਵਿਸਥਾਰ ਨਾਲ ਕਿਸਾਨਾਂ ਨੂੰ ਜਾਣਕਾਰੀ ਦਿੰਦਿਆਂ ਇਸ ਬੀਮਾਰੀ ਦੀ ਰੋਕਥਾਮ ਅਤੇ ਇਲਾਜ ਲਈ ਉਪਾਅ ਬਾਰੇ ਦੱਸਿਆ ਗਿਆ। ਇਸ ਤੋਂ ਇਲਾਵਾ ਡੇਅਰੀ ਪਸ਼ੂਆਂ ਵਿੱਚ ਰਿਪੀਟ ਬ੍ਰੀਡਿੰਗ (ਵਾਰ-ਵਾਰ ਗਰਭਧਾਰਣ ਵਿੱਚ ਅਸਫਲਤਾ) ਦੀ ਸਮੱਸਿਆ ਅਤੇ ਇਸ ਨੂੰ ਦੂਰ ਕਰਨ ਲਈ ਵਿਗਿਆਨਕ ਤਰੀਕਿਆਂ ਬਾਰੇ ਵੀ ਚਰਚਾ ਕੀਤੀ ਗਈ। ਕਿਸਾਨਾਂ ਨੇ ਆਪਣੀਆਂ ਡੇਅਰੀ ਫਾਰਮਿੰਗ ਅਤੇ ਪਸ਼ੂ ਸਿਹਤ ਨਾਲ ਜੁੜੀਆਂ ਸਮੱਸਿਆਵਾਂ ਬਾਰੇ ਵੀ ਆਪਣੇ ਸਵਾਲ ਪੁੱਛੇ, ਜਿਨ੍ਹਾਂ ਦਾ ਤਜਰਬੇਕਾਰ ਡਾਕਟਰਾਂ ਵੱਲੋਂ ਉਚਿਤ ਤਰੀਕੇ ਨਾਲ ਉੱਤਰ ਦਿੱਤੇ ਗਏ। ਇਸ ਤੋਂ ਇਲਾਵਾ ਕੈਂਪ ਵਿੱਚ ਫਸਲਾਂ ਬਾਰੇ ਵੀ ਮਹੱਤਵਪੂਰਨ ਜਾਣਕਾਰੀ ਦਿੱਤੀ ਗਈ। ਉਕਤ ਮਾਹਰਾ ਦੱਸਿਆ ਕਿ ਇਸ ਜਾਗਰੂਕਤਾ ਕੈਂਪ ਦਾ ਮੁੱਖ ਉਦੇਸ਼ ਕਿਸਾਨਾਂ ਨੂੰ ਆਧੁਨਿਕ ਤਕਨੀਕਾਂ ਨਾਲ ਜਾਗਰੂਕ ਕਰਕੇ ਉਨ੍ਹਾਂ ਦੀ ਫਸਲੀ ਉਤਪਾਦਕਤਾ ਵਧਾਉਣਾ, ਸਰੋਤਾਂ ਦੀ ਬੱਚਤ ਕਰਨਾ ਅਤੇ ਖੇਤੀ ਨੂੰ ਵਧੇਰੇ ਲਾਭਦਾਇਕ ਬਣਾਉਣਾ ਸੀ। ਪ੍ਰੋਗਰਾਮ ਦੇ ਅੰਤ ਵਿੱਚ ਸੰਦੀਪ ਸਿੰਘ ਨੇ ਆਏ ਹੋਏ ਕੇ.ਵੀ.ਕੇ ਦੇ ਮਾਹਿਰਾਂ ਦਾ ਧੰਨਵਾਦ ਕਰਦਿਆਂ ਕਿਸਾਨਾਂ ਨੂੰ ਖੇਤੀਬਾੜੀ ਅਤੇ ਪਸ਼ੂ ਪਾਲਣ ਸੰਬੰਧੀ ਨਵੀਆਂ ਜਾਣਕਾਰੀਆਂ ਪ੍ਰਦਾਨ ਕਰਨ ਲਈ ਭਵਿੱਖ ਵਿੱਚ ਵੀ ਅਜਿਹੇ ਜਾਗਰੂਕਤਾ ਕੈਂਪ ਆਯੋਜਿਤ ਕਰਨ ਦੀ ਅਪੀਲ ਕੀਤੀ।

# ਪੰਜਾਬ ਸਟੇਟ ਕਰਾਟੇ ਚੈਂਪੀਅਨਸ਼ਿਪ ਵਿੱਚ ਸੁਲਤਾਨਪੁਰ ਲੋਧੀ ਦੇ ਖਿਡਾਰੀਆਂ ਨੇ ਲਹਿਰਾਇਆ ਪਰਚਮ



ਅੰਮ੍ਰਿਤਸਰ, 1 ਜੂਨ :(ਬਬਲੂ ਮਹਾਜਨ) : ਪੰਜਾਬ ਸਟੇਟ ਕਰਾਟੇ ਚੈਂਪੀਅਨਸ਼ਿਪ ਰਣਜੀਤ ਐਵਨਿਊ, ਅੰਮ੍ਰਿਤਸਰ ਵਿਖੇ ਸ਼ਾਨਦਾਰ ਢੰਗ ਨਾਲ ਕਰਵਾਈ ਗਈ, ਜਿਸ ਵਿੱਚ ਪੰਜਾਬ ਭਰ ਤੋਂ ਵੱਡੀ ਗਿਣਤੀ ਵਿੱਚ ਖਿਡਾਰੀਆਂ ਨੇ ਹਿੱਸਾ ਲਿਆ। ਇਸ ਚੈਂਪੀਅਨਸ਼ਿਪ ਵਿੱਚ ਸੁਲਤਾਨਪੁਰ ਲੋਧੀ ਦੇ ਖਿਡਾਰੀਆਂ ਨੇ ਵੀ ਉਤਸ਼ਾਹ ਨਾਲ ਭਾਗ ਲੈਂਦਿਆਂ ਬਿਹਤਰੀਨ ਪ੍ਰਦਰਸ਼ਨ ਕੀਤਾ ਅਤੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ।ਟੀਮ ਦੀ ਅਗਵਾਈ ਏਸ਼ੀਅਨ ਗੋਲਡ ਮੈਡਲਿਸਟ ਗੁਰਪ੍ਰੀਤ ਰੋਜ਼ੀ ਸੇਠੀ ਵੱਲੋਂ ਕੀਤੀ ਗਈ। ਉਨ੍ਹਾਂ ਦੀ ਰਹਿਨੁਮਾਈ ਹੇਠ ਬੱਚਿਆਂ ਨੇ ਅਨੁਸ਼ਾਸਨ, ਮਿਹਨਤ ਅਤੇ ਖੇਡ ਭਾਵਨਾ ਦਾ ਪ੍ਰਦਰਸ਼ਨ ਕਰਦਿਆਂ ਕਈ ਮੁਕਾਬਲਿਆਂ ਵਿੱਚ ਸ਼ਾਨਦਾਰ ਨਤੀਜੇ ਹਾਸਲ ਕੀਤੇ। ਖਿਡਾਰੀਆਂ ਦੀ ਇਸ ਪ੍ਰਾਪਤੀ ਨਾਲ ਮਾਪਿਆਂ ਅਤੇ ਇਲਾਕਾ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਚੈਂਪੀਅਨਸ਼ਿਪ ਤੋਂ ਬਾਅਦ ਜੇਤੂ ਟੀਮ ਦਾ ਵਿਸ਼ੇਸ਼ ਸਨਮਾਨ ਅਕਾਲੀ ਫੂਲਾ ਸਿੰਘ ਬੁਰਜ ਵਿਖੇ ਕੀਤਾ ਗਿਆ। ਇਸ ਮੌਕੇ ਯੂਨਾਈਟਿਡ ਸਿੱਖ ਪੰਜਾਬ ਦੇ ਕਨਵੀਨਰ ਹਰਮੀਤ ਸਿੰਘ ਸਲੂਜਾ ਨੇ ਖਿਡਾਰੀਆਂ ਨੂੰ ਸਨਮਾਨਿਤ ਕਰਦਿਆਂ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਨਸ਼ਿਆਂ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹਨ। ਇਸ ਮੌਕੇ ਬਾਬਾ ਭਗਤ ਸਿੰਘ ਮੈਨੇਜਰ ਪਰਮਜੀਤ ਸਿੰਘ ਪਰਮਜੀਤ ਕੌਰ ਪਿੰਕੀ ਭੈਣਜੀ ਕੋਚਾਂ,ਮਾਪਿਆਂ ਅਤੇ ਹੋਰ ਪਤਵੰਤੇ ਸੱਜਣਾਂ ਨੇ ਵੀ ਖਿਡਾਰੀਆਂ ਨੂੰ ਵਧਾਈ ਦਿੱਤੀ। ਜੇਤੂ ਖਿਡਾਰੀਆਂ ਨੇ ਇਸ ਸਨਮਾਨ ਲਈ ਧੰਨਵਾਦ ਪ੍ਰਗਟ ਕੀਤਾ।

# ਭਾਰਤੀ ਭਾਸ਼ਾ ਸਮਰ ਕੈਂਪ ਦਾ ਪੰਜਵਾਂ ਦਿਨ ਰਿਹਾ ਮਹਾਰਾਸ਼ਟਰ ਦੇ ਆਜ਼ਾਦੀ ਘੁਲਾਟੀਆਂ ਦੇ ਨਾਮ




ਟਾਂਡਾ ਉੜਮੁੜ, 1 ਜੂਨ (ਅਰਜੁਨ ਜੈਨ) :ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਹਬਾਜ਼ਪੁਰ ਵਿਖੇ ਭਾਰਤੀ ਭਾਸ਼ਾ ਸਮਰ ਕੈਂਪ ਦਾ ਪੰਜਵਾਂ ਦਿਨ ਬੜੀਆਂ ਦਿਲਚਸਪ ਗਤੀਵਿਧੀਆਂ ਦੇ ਨਾਲ ਸਿਰੇ ਚੜ੍ਹਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਅਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਰਿਸੋਰਸ ਕੋਆਰਡੀਨੇਟਰ ਬਿਕਰਮਜੀਤ ਸਿੰਘ ਭੇਲਾ ਅਤੇ ਸੀਸੀਏ ਵਿਭਾਗ ਦੇ ਸੁਮਿਤ ਅਤੇ ਬਲਜੀਤ ਦੀ ਅਗਵਾਈ ਵਿੱਚ ਬੱਚਿਆਂ ਨੇ ਭਾਰਤੀ ਭਾਸ਼ਾ ਸਮਰ ਕੈਂਪ ਦੇ ਪੰਜਵੇਂ ਦਿਨ ਮਹਾਰਾਸ਼ਟਰ ਰਾਜ ਦੇ ਵਿੱਚ ਪੈਦਾ ਹੋਏ ਆਜ਼ਾਦੀ ਘੁਲਾਟੀਆਂ ਬਾਰੇ ਜਾਣਕਾਰੀ ਹਾਸਿਲ ਕੀਤੀ। ਇਸ ਦੇ ਨਾਲ ਹੀ ਬੱਚਿਆਂ ਨੂੰ ਮਰਾਠੀ ਸਮਾਜਿਕ ਕਦਰਾਂ ਕੀਮਤਾਂ ਨਾਲ ਸੰਬੰਧਿਤ ਲਘੂ ਫਿਲਮ ਦਿਖਾਈ ਗਈ।ਬੱਚਿਆਂ ਨੇ ਵੀ ਆਪਣੇ ਮਨ ਦੇ ਵਿਚਾਰ ਸਰੋਤਿਆਂ ਅੱਗੇ ਰੱਖੇ। ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਅੱਜ ਦੀਆਂ ਇਹਨਾਂ ਗਤੀਵਿਧੀਆਂ ਦਾ ਮਕਸਦ ਬੱਚਿਆਂ ਦੇ ਵਿੱਚ ਸੁਣਨ ਅਤੇ ਸਮਝਣ ਦੀ ਕਾਬਲੀਅਤ ਦਾ ਵਿਕਾਸ ਕਰਨਾ ਸੀ। ਇਸ ਨਾਲ ਬੱਚੇ ਬੜੀ ਛੇਤੀ ਮਰਾਠੀ ਭਾਸ਼ਾ ਦੇ ਸ਼ਬਦ ਸਮਝ ਸਕੇ ਅਤੇ ਅਸੀਂ ਭਾਰਤੀ ਭਾਸ਼ਾ ਸਮਰ ਕੈਂਪ ਦੇ ਅੱਜ ਦੇ ਦਿਨ ਦੇ ਮਕਸਦ ਵਿੱਚ ਕਾਫੀ ਹੱਦ ਤੱਕ ਕਾਮਯਾਬ ਰਹੇ।ਇਸ ਮੌਕੇ ਤੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਜਗਬੰਧਨ ਸਿੰਘ, ਅਮਰਜੀਤ ਕੌਰ ਸੈਣੀ, ਕੰਚਨ, ਪਰਮਜੀਤ, ਰਾਜਵੀਰ, ਰਾਜਵਿੰਦਰ, ਵਿਸ਼ਾਲੀ, ਹਿਨਾ ,ਪ੍ਰਭਜੀਤ, ਪੂਜਾ, ਸਵੇਤਾ, ਪਰਵੀਨ ,ਕੁਲਦੀਪ, ਸੁਰੇਸ਼, ਪੰਕਜ, ਸੁਸ਼ੀਲ ਅਤੇ ਹੋਰ ਸਟਾਫ ਮੈਂਬਰ ਮੌਜੂਦ ਸਨ।

# ਅਕਾਲੀ ਦਲ ਵਾਰਿਸ ਪੰਜਾਬ ਦੇ ਦੀ ਮਹਿਲਾ ਵਿੰਗ ਨੂੰ ਮਜ਼ਬੂਤ ਕਰਨ ਲਈ ਹੋਈ ਪਹਿਲੀ ਸੂਬਾ ਪੱਧਰੀ ਮੀਟਿੰਗ

## ਜ਼ਿਲ੍ਹੇਵਾਰ ਨਿਯੁਕਤੀਆਂ ਕਰਕੇ ਇਸਤਰੀ ਵਿੰਗ ਨੂੰ ਕੀਤਾ ਜਾਵੇਗਾ ਹੋਰ ਮਜ਼ਬੂਤ : ਬਰਾੜ



ਅਮ੍ਰਿਤਸਰ, 1 ਜੂਨ ( ਬਬਲੂ ਮਹਾਜਨ) :ਅਕਾਲੀ ਦਲ ਵਾਰਿਸ ਪੰਜਾਬ ਦੇ ਪੰਜਾਬ ਸੂਬਾ ਕਮੇਟੀ ( ਮਹਿਲਾ ਵਿੰਗ ) ਦੀ ਪਹਿਲੀ ਸੂਬਾ ਪੱਧਰੀ ਮੀਟਿੰਗ ਅੱਜ ਪੈਲੇਸ ਸੈਲੀਬ੍ਰੇਸ਼ਨ ਪਲਾਜ਼ਾ, ਲੁਧਿਆਣਾ ਵਿਖੇ ਹੋਈ। ਇਹ ਮੀਟਿੰਗ ਪਾਰਟੀ ਦੀ ਮਹਿਲਾ ਵਿੰਗ ਨੂੰ ਸੰਗਠਨਾਤਮਕ ਤੌਰ 'ਤੇ ਹੋਰ ਮਜ਼ਬੂਤ ਕਰਨ, ਬੀਬੀਆਂ ਦੀ ਸਰਗਰਮ ਭਾਗੀਦਾਰੀ ਨੂੰ ਯਕੀਨੀ ਬਣਾਉਣ ਅਤੇ ਪੰਥਕ ਤੇ ਸਮਾਜਿਕ ਮੁੱਦਿਆਂ 'ਤੇ ਇਸਤਰੀ ਸ਼ਕਤੀ ਦੀ ਭੂਮਿਕਾ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਦੇ ਉਦੇਸ਼ ਨਾਲ ਕੀਤੀ ਗਈ। ਮੀਟਿੰਗ ਦੀ ਅਗਵਾਈ ਸੀਨੀਅਰ ਆਗੂਆਂ ਸ੍ਰ. ਸ੍ਰ. ਬਾਬੂ ਸਿੰਘ ਬਰਾੜ ਅਤੇ ਸ੍ਰ. ਕਾਬਲ ਸਿੰਘ ਜੀ ਵੱਲੋਂ ਕੀਤੀ ਗਈ ਅਤੇ ਇਸ ਮੌਕੇ ਉਚੇਚੇ ਤੌਰ 'ਤੇ ਸ੍ਰ ਮਨਪ੍ਰੀਤ ਇਆਲੀ ਵੀ ਪਹੁੰਚੇ। ਇਸ ਮੌਕੇ ਸੀਨੀਅਰ ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਸਿੱਖ ਪੰਥ, ਪੰਜਾਬ ਅਤੇ ਪੰਜਾਬੀਅਤ ਦੇ ਹੱਕਾਂ ਦੀ ਰਾਖੀ ਲਈ ਵਚਨਬੱਧ ਹੈ ਅਤੇ ਇਸ ਮਿਸ਼ਨ ਵਿੱਚ ਮਹਿਲਾ ਵਿੰਗ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਆਗੂਆਂ ਨੇ ਕਿਹਾ ਕਿ ਪੰਜਾਬ ਦੀਆਂ ਬੀਬੀਆਂ ਨੇ ਪੰਥ ਅਤੇ ਪੰਜਾਬ ਦੇ ਹਰ ਸੰਘਰਸ਼ ਵਿੱਚ ਅਹਿਮ ਯੋਗਦਾਨ ਪਾਇਆ ਹੈ ਅਤੇ ਭਵਿੱਖ ਵਿੱਚ ਵੀ ਉਹ ਪੰਥਕ, ਸਮਾਜਿਕ ਅਤੇ ਰਾਜਨੀਤਿਕ ਖੇਤਰਾਂ ਵਿੱਚ ਮੋਹਰੀ ਭੂਮਿਕਾ ਨਿਭਾਉਣਗੀਆਂ। ਮੀਟਿੰਗ ਦੌਰਾਨ ਸੰਗਠਨ ਦੇ ਵਿਸਥਾਰ, ਆਉਣ ਵਾਲੇ ਪ੍ਰੋਗਰਾਮਾਂ, ਪਿੰਡ ਪੱਧਰ ਤੱਕ ਢਾਂਚੇ ਦੀ ਉਸਾਰੀ ਅਤੇ ਮਹਿਲਾ ਵਿੰਗ ਦੀਆਂ ਜ਼ਿੰਮੇਵਾਰੀਆਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਤੇ ਬੋਲਦਿਆਂ ਸ੍ਰ ਬਾਬੂ ਸਿੰਘ ਬਰਾੜ ਨੇ ਕਿਹਾ ਕਿ ਜਲਦ ਹੀ ਸਾਰੇ ਪੰਜਾਬ ਵਿੱਚ ਜ਼ਿਲ੍ਹੇਵਾਰ ਮੀਟਿੰਗਾਂ ਕਰਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਮਹਿਲਾ ਵਿੰਗ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ। ਮੀਟਿੰਗ ਵਿੱਚ ਹਾਜ਼ਰ ਨਵ-ਨਿਯੁਕਤ ਅਹੁਦੇਦਾਰ ਬੀਬੀਆਂ ਨੇ ਪਾਰਟੀ ਦੀ ਵਿਚਾਰਧਾਰਾ, ਪੰਥਕ ਮੁੱਦਿਆਂ ਅਤੇ ਪੰਜਾਬ ਦੇ ਹੱਕਾਂ ਲਈ ਪੂਰੀ ਤਨਦੇਹੀ ਨਾਲ ਕੰਮ ਕਰਨ ਦਾ ਅਹਿਦ ਕੀਤਾ।ਮੀਟਿੰਗ ਵਿੱਚ ਮਹਿਲਾ ਵਿੰਗ ਦੀਆਂ ਅਹੁਦੇਦਾਰ ਬੀਬੀਆਂ ਵਿੱਚ ਮੁੱਖ ਤੌਰ ਤੇ ਸੂਬਾ ਪ੍ਰਧਾਨ ਬੀਬੀ ਹਰਪ੍ਰੀਤ ਕੌਰ, ਬੀਬੀ ਰਾਜਵੰਤ ਕੌਰ ਘੜਾਮ ( ਮੀਤ ਪ੍ਰਧਾਨ ), ਬੀਬੀ ਅਮਨਦੀਪ ਕੌਰ ਰੰਧਾਵਾ ( ਮੀਤ ਪ੍ਰਧਾਨ ), ਬੀਬੀ ਸਾਜੀਆ ਪ੍ਰਵੀਨ ਜਰਨਲ ( ਸਕੱਤਰ ), ਬੀਬੀ ਹਰਪ੍ਰੀਤ ਕੌਰ ਮੋਗਾ ਜੋਇੰਟ ( ਸਕੱਤਰ ), ਬੀਬੀ ਦਵਿੰਦਰ ਕੌਰ ਬਰਨਾਲਾ ( ਸਕੱਤਰ ), ਬੀਬੀ ਮੀਤਾ ਵਰਮਾ ( ਸਕੱਤਰ ), ਬੀਬੀ ਪਰਮਿੰਦਰ ਕੌਰ ( ਸਕੱਤਰ ), ਬੀਬੀ ਸਰਬਜੀਤ ਕੌਰ ( ਕਾਰਜਕਾਰੀ ਮੈਂਬਰ ), ਬੀਬੀ ਹਰਮਨਜੀਤ ਕੌਰ ( ਮੈਂਬਰ ) ਅਤੇ ਬੀਬੀ ਬਲਜਿੰਦਰ ਕੌਰ ਸ਼ਾਮਿਲ ਸਨ।

# ਸੜਕ ਹਾਦਸੇ ਵਿੱਚ ਪ੍ਰਵਾਸੀ ਮਜ਼ਦੂਰ ਦੀ ਮੌਤ

ਹਰਚੋਵਾਲ / ਸ੍ਰੀ ਹਰਗੋਬਿੰਦਪੁਰ ਸਾਹਿਬ, 1 ਜੂਨ ( ਸੁਖ ਅੰਮ੍ਰਿਤ ਘੁਮਾਣ ਡਾ.ਸਰਬਜੀਤ ਭਿੰਡਰ) : ਸ੍ਰੀ ਹਰਗੋਬਿੰਦਪੁਰ ਅਧੀਨ ਪੈਂਦੇ ਪਿੰਡ ਭਾਮ ਨੇੜੇ ਸੜਕ ਹਾਦਸੇ ਵਿੱਚ ਬਿਹਾਰ ਦੇ ਇੱਕ ਪ੍ਰਵਾਸੀ ਮਜ਼ਦੂਰ ਦੀ ਮੌਤ ਹੋ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਮ੍ਰਿਤਕ ਦੀ ਪਛਾਣ ਅਰੁਣ ਪਾਸਵਾਨ ਪੁੱਤਰ ਪ੍ਰਭੂ ਪਾਸਵਾਨ ਵਜੋਂ ਹੋਈ ਹੈ, ਜੋ ਆਪਣੇ ਸਾਥੀਆਂ ਨਾਲ ਹਰਚੋਵਾਲ ਵਿਖੇ ਝੋਨਾ ਲਗਾਉਣ ਦੇ ਕੰਮ ਲਈ ਆਇਆ ਹੋਇਆ ਸੀ।ਪੁਲਿਸ ਨੂੰ ਦਿੱਤੇ ਬਿਆਨ ਵਿੱਚ ਅਜਾਨੇ ਉੱਤਮ ਚੌਪਾਲ ਪੁੱਤਰ ਸੌਖਾਈ ਚੌਪਾਲ ਵਾਸੀ ਜ਼ਿਲ੍ਹਾ ਦਰਭੰਗਾ (ਬਿਹਾਰ) ਨੇ ਦੱਸਿਆ ਕਿ ਉਹ ਅਤੇ ਉਸ ਦੇ ਸਾਥੀ ਹਰਚੋਵਾਲ ਵਿਖੇ ਖੇਤੀਬਾੜੀ ਦੇ ਕੰਮ ਲਈ ਰਹਿ ਰਹੇ ਸਨ। 31 ਮਈ ਦੀ ਸ਼ਾਮ ਅਰੁਣ ਪਾਸਵਾਨ ਆਪਣਾ ਮੋਬਾਈਲ ਫੋਨ ਠੀਕ ਕਰਵਾਉਣ ਲਈ ਗਿਆ ਸੀ ਪਰ ਰਾਤ ਨੂੰ ਵਾਪਸ ਨਹੀਂ ਆਇਆ। ਅਗਲੇ ਦਿਨ ਸਵੇਰੇ ਜਾਣਕਾਰੀ ਮਿਲੀ ਕਿ ਪਿੰਡ ਭਾਮ ਨੇੜੇ ਸ੍ਰੀ ਹਰਗੋਬਿੰਦਪੁਰ ਰੋਡ 'ਤੇ ਕਿਸੇ ਅਣਪਛਾਤੇ ਵਾਹਨ ਦੀ ਟੱਕਰ ਕਾਰਨ ਅਰੁਣ ਪਾਸਵਾਨ ਦੀ ਮੌਤ ਹੋ ਗਈ ਹੈ

# ਬਲਾਕ ਸੰਮਤੀ ਦੇ ਨਵੇਂ ਚੁਣੇ ਚੇਅਰਮੈਨ ਸੂਬੇਦਾਰ ਅਤੇ ਵਾਈਸ ਚੇਅਰਮੈਨ ਯੋਗੀ ਨੇ ਸੰਭਾਲਿਆ ਅਹੁਦਾ



ਬਾਬਾ ਬਕਾਲਾ ਸਾਹਿਬ/ ਅੰਮ੍ਰਿਤਸਰ, 1 ਜੂਨ (ਗੁਰਦਿਆਲ ਸਿੰਘ ) : ਬਲਾਕ ਸੰਮਤੀ ਬਾਬਾ ਬਕਾਲਾ ਸਾਹਿਬ ਦੇ ਨਵੇਂ ਚੁਣੇ ਚੇਅਰਮੈਨ ਹਰਭਜਨ ਸਿੰਘ ਸੂਬੇਦਾਰ ਅਤੇ ਵਾਈਸ ਚੇਅਰਮੈਨ ਸ. ਯੋਗਬੀਰ ਸਿੰਘ ਯੋਗੀ ਨੇ ਅੱਜ ਆਪਣੇ ਅਹੁਦਿਆਂ ਦਾ ਕਾਰਜਭਾਰ ਸੰਭਾਲ ਲਿਆ। ਇਸ ਮੌਕੇ ਵਿਧਾਨ ਸਭਾ ਹਲਕਾ ਬਾਬਾ ਬਕਾਲਾ ਸਾਹਿਬ ਦੇ ਵਿਧਾਇਕ ਸ. ਦਲਬੀਰ ਸਿੰਘ ਟੌਂਗ ਨੇ ਦੋਵਾਂ ਅਹੁਦੇਦਾਰਾਂ ਨੂੰ ਮੁਬਾਰਕਬਾਦ ਦਿੰਦਿਆਂ ਉਨ੍ਹਾਂ ਦੇ ਸਫਲ ਕਾਰਜਕਾਲ ਅਤੇ ਚੰਗੇ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ।ਵਿਧਾਇਕ ਸ. ਦਲਬੀਰ ਸਿੰਘ ਟੌਂਗ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਬਲਾਕ ਸੰਮਤੀਆਂ ਸਥਾਨਕ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਆਸ ਪ੍ਰਗਟਾਈ ਕਿ ਨਵੇਂ ਚੇਅਰਮੈਨ ਅਤੇ ਵਾਈਸ ਚੇਅਰਮੈਨ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦੇ ਹੋਏ ਇਲਾਕੇ ਦੇ ਵਿਕਾਸ ਅਤੇ ਲੋਕ ਭਲਾਈ ਲਈ ਤਨਦੇਹੀ ਨਾਲ ਕੰਮ ਕਰਨਗੇ।ਇਸ ਮੌਕੇ ਨਵੇਂ ਚੁਣੇ ਚੇਅਰਮੈਨ ਹਰਭਜਨ ਸਿੰਘ ਸੂਬੇਦਾਰ ਅਤੇ ਵਾਈਸ ਚੇਅਰਮੈਨ ਯੋਗਬੀਰ ਸਿੰਘ ਯੋਗੀ ਨੇ ਇਸ ਨਵੀਂ ਜ਼ਿੰਮੇਵਾਰੀ ਲਈ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ, ਪਾਰਟੀ ਹਾਈਕਮਾਨ, ਵਿਧਾਇਕ ਦਲਬੀਰ ਸਿੰਘ ਟੌਂਗ ਅਤੇ ਬਲਾਕ ਸੰਮਤੀ ਦੇ ਸਮੂਹ ਮੈਂਬਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਆਪਣੀ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਉਣਗੇ।ਇਸ ਮੌਕੇ ਬੀ.ਡੀ.ਪੀ.ਓ.ਸ. ਸਰਬਜੀਤ ਸਿੰਘ, ਚੇਅਰਮੈਨ ਸ. ਗੁਰਦੇਵ ਸਿੰਘ, ਸਰਪੰਚ ਸ. ਗੁਰਜੀਤ ਸਿੰਘ ਫੱਤੂਵਾਲ, ਸਰਪੰਚ ਸ. ਕਰਮਜੀਤ ਸਿੰਘ, ਸਰਪੰਚ ਸ. ਜਸਪਾਲ ਸਿੰਘ, ਸਰਪੰਚ ਸ. ਬਲਦੇਵ ਸਿੰਘ ਨਿੱਝਰ, ਸ. ਸੰਜੀਵ ਭੰਡਾਰੀ, ਸ. ਜਗਤਾਰ ਸਿੰਘ ਬਿੱਲਾ, ਕੌਂਸਲਰ ਸ. ਵਿਸ਼ਾਲ ਮੰਨਣ, ਸਰਪੰਚ ਸ. ਰਣਬੀਰ ਸਿੰਘ, ਸਰਪੰਚ ਸ. ਜੋਬਨ, ਸਰਪੰਚ ਸ. ਦਲਬੀਰ ਸਿੰਘ ਅਤੇ ਸਰਪੰਚ ਸ. ਸੁਖਦੇਵ ਸਿੰਘ ਤਿੰਮੋਵਾਲ ਸਮੇਤ ਹੋਰ ਪਤਵੰਤੇ ਵੀ ਹਾਜ਼ਰ ਸਨ।

# ਛੀਨਾ ਨੇ ਖ਼ਾਲਸਾ ਵਰਸਿਟੀ ਦੇ ਡੀਨ ਵਜੋਂ ਡਾ. ਗੋਗੋਆਣੀ ਨੂੰ ਸੌਂਪਿਆ ਅਹੁਦਾ

ਅੰਮ੍ਰਿਤਸਰ, 1 ਜੂਨ (ਗੁਰਦਿਆਲ ਸਿੰਘ/ਬਬਲੂ ਮਹਾਜਨ ) : ਸਿੱਖਿਆ, ਖੋਜ ਅਤੇ ਸਿੱਖ ਵਿਰਾਸਤ ਦੇ ਪ੍ਰਸਾਰ ਲਈ ਕੰਮ ਕਰ ਰਹੀਆਂ ਖਾਲਸਾ ਸੰਸਥਾਵਾਂ ਨੂੰ ਹੋਰ ਮਜ਼ਬੂਤ ਕਰਨ ਦੇ ਮਕਸਦ ਤਹਿਤ ਖ਼ਾਲਸਾ ਯੂਨੀਵਰਸਿਟੀ ਦੇ ਪ੍ਰੋ-ਚਾਂਸਲਰ ਅਤੇ ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਦੇ ਆਨਰੇਰੀ ਸਕੱਤਰ ਸ: ਰਜਿੰਦਰ ਮੋਹਨ ਸਿੰਘ ਛੀਨਾ ਵੱਲੋਂ ਅੱਜ ਖਾਲਸਾ 'ਵਰਸਿਟੀ ਦੇ ਰਿਲੀਜੀਅਸ ਸਟੱਡੀਜ਼ ਵਿਭਾਗ ਦੇ ਡੀਨ ਅਤੇ ਸਿੱਖ ਇਤਿਹਾਸ ਖੋਜ ਕੇਂਦਰ ਦੇ ਪ੍ਰੋਫੈਸਰ ਇੰਚਾਰਜ ਵਜੋਂ ਡਾ. ਇੰਦਰਜੀਤ ਸਿੰਘ ਗੋਗੋਆਣੀ ਨੂੰ ਕਾਰਜਭਾਰ ਸੌਂਪਿਆ ਗਿਆ, ਜਦਕਿ ਖਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਦੇ ਸੀਨੀਅਰ ਅਧਿਆਪਕ ਸ: ਸ਼ਰਨਜੀਤ ਸਿੰਘ ਨੂੰ ਬਤੌਰ ਪ੍ਰਿੰਸੀਪਲ ਵਜੋਂ ਨਿਯੁਕਤ ਕੀਤਾ ਗਿਆ।ਇਸ ਮੌਕੇ ਸ: ਛੀਨਾ ਨੇ ਕੌਂਸਲ ਦੇ ਮੀਤ ਪ੍ਰਧਾਨ ਸ: ਸਵਿੰਦਰ ਸਿੰਘ ਕੱਥੂਨੰਗਲ, ਜੁਆਇੰਟ ਸਕੱਤਰ ਸ: ਗੁਨਬੀਰ ਸਿੰਘ, 'ਵਰਸਿਟੀ ਦੇ ਉੱਪ ਕੁਲਪਤੀ ਡਾ. ਮਹਿਲ ਸਿੰਘ ਤੇ ਹੋਰਨਾਂ ਅਹੁੱਦੇਦਾਰਾਂ ਦੀ ਮੌਜੂਦਗੀ 'ਚ ਗੱਲਬਾਤ ਦੌਰਾਨ ਡਾ. ਗੋਗੋਆਣੀ 'ਤੇ ਵਿਸ਼ਵਾਸ ਪ੍ਰਗਟਾਉਂਦਿਆ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਸੰਸਥਾਵਾਂ ਨਾ ਸਿਰਫ਼ ਅਕਾਦਮਿਕ ਖੇਤਰ 'ਚ, ਸਗੋਂ ਨੈਤਿਕ, ਸੱਭਿਆਚਾਰਕ ਅਤੇ ਸਮਾਜਿਕ ਮੁੱਲਾਂ ਦੇ ਪ੍ਰਚਾਰ-ਪ੍ਰਸਾਰ 'ਚ ਵੀ ਨਵੀਆਂ ਮਿਸਾਲਾਂ ਕਾਇਮ ਕਰਨਗੀਆਂ। ਇਸ ਮੌਕੇ ਕੌਂਸਲ ਦੇ ਹੋਰਨਾਂ ਮੌਜੂਦ ਅਹੁੱਦੇਦਾਰਾਂ ਅਤੇ ਡਾ. ਮਹਿਲ ਸਿੰਘ ਨੇ ਸਾਂਝੇ ਤੌਰ 'ਤੇ ਕਿਹਾ ਕਿ ਡਾ. ਗੋਗੋਆਣੀ ਦੇ ਵਿਸ਼ਾਲ ਅਨੁਭਵ, ਅਕਾਦਮਿਕ ਯੋਗਤਾ ਅਤੇ ਦੂਰਅੰਦੇਸ਼ੀ ਅਗਵਾਈ ਸਦਕਾ ਸੰਸਥਾਵਾਂ ਨੂੰ ਨਵੀਆਂ ਉਪਲਬੱਧੀਆਂ ਪ੍ਰਾਪਤ ਹੋਣਗੀਆਂ। ਉਨ੍ਹਾਂ ਕਿਹਾ ਕਿ ਡਾ. ਗੋਗੋਆਣੀ ਨੇ ਸਿੱਖਿਆ ਅਤੇ ਖੋਜ ਦੇ ਖੇਤਰ 'ਚ ਮਹੱਤਵਪੂਰਨ ਯੋਗਦਾਨ ਪਾਇਆ ਹੈ ਅਤੇ ਉਨ੍ਹਾਂ ਦੀ ਅਗਵਾਈ ਹੇਠ ਵਿਦਿਆਰਥੀਆਂ, ਅਧਿਆਪਕਾਂ ਅਤੇ ਖੋਜਾਰਥੀਆਂ ਨੂੰ ਨਵੇਂ ਮੌਕੇ ਮਿਲਣਗੇ।

# ਪੂਰਨ ਮਾਸ਼ੀ ਮੌਕੇ ਗੁ. ਸੰਤੋਖਸਰ ਸਾਹਿਬ ਵਿਖੇ ਛਬੀਲ ਅਤੇ ਲੰਗਰ ਲਗਾਇਆ



ਅੰਮ੍ਰਿਤਸਰ, 1 ਜੂਨ (ਬਬਲੂ ਮਹਾਜਨ) : ਪੂਰਨ ਮਾਸ਼ੀ ਦੇ ਪਾਵਨ ਦਿਹਾੜੇ ਮੌਕੇ ਗੁਰਦੁਆਰਾ ਸੰਤੋਖਸਰ ਸਾਹਿਬ ਵਿਖੇ ਸੇਵਕ ਜੱਥਾ ਇਸ਼ਨਾਨ ਦੇ ਪ੍ਰਧਾਨ ਸ. ਤਲੋਚਨ ਸਿੰਘ ਬਿੱਟੂ ਦੀ ਅਗਵਾਈ ਹੇਠ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕਾ ਲੰਗਰ ਲਗਾਇਆ ਗਿਆ। ਇਸ ਧਾਰਮਿਕ ਸੇਵਾ ਕਾਰਜ ਵਿੱਚ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਸ਼ਮੂਲੀਅਤ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ।ਸਮਾਗਮ ਦੌਰਾਨ ਰਾਗੀ ਜਥਿਆਂ ਵੱਲੋਂ ਗੁਰਬਾਣੀ ਕੀਰਤਨ ਕੀਤਾ ਗਿਆ, ਜਿਸ ਨਾਲ ਸੰਗਤਾਂ ਦਾ ਮਨ ਗੁਰਬਾਣੀ ਦੇ ਰੰਗ ਵਿੱਚ ਰੰਗਿਆ ਗਿਆ। ਕੀਰਤਨ ਉਪਰੰਤ ਸੰਗਤਾਂ ਨੂੰ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕਾ ਲੰਗਰ ਛਕਾਇਆ ਗਿਆ। ਗਰਮੀ ਦੇ ਮੌਸਮ ਨੂੰ ਦੇਖਦੇ ਹੋਏ ਛਬੀਲ ਸੇਵਾ ਨੂੰ ਸੰਗਤਾਂ ਵੱਲੋਂ ਖਾਸ ਤੌਰ 'ਤੇ ਸਰਾਹਿਆ ਗਿਆ।ਇਸ ਮੌਕੇ ਹਰਪ੍ਰੀਤ ਸਿੰਘ ਹੈਪੀ, ਜਸਵਿੰਦਰ ਸਿੰਘ ਅਤੇ ਹੋਰ ਸੇਵਾਦਾਰਾਂ ਨੇ ਸੇਵਾ ਵਿੱਚ ਵਧ-ਚੜ੍ਹ ਕੇ ਹਿੱਸਾ ਲਿਆ। ਸਮਾਗਮ ਵਿੱਚ ਵੱਡੀ ਗਿਣਤੀ ਵਿੱਚ ਸੰਤ ਮਹਾਪੁਰਖ ਅਤੇਸੰਗਤਾਂ ਹਾਜ਼ਰ ਸਨ। ਪ੍ਰਧਾਨ ਸ. ਤਲੋਚਨ ਸਿੰਘ ਬਿੱਟੂ ਨੇ ਕਿਹਾ ਕਿ ਗੁਰੂ ਘਰ ਦੀ ਸੇਵਾ ਅਤੇ ਮਨੁੱਖਤਾ ਦੀ ਭਲਾਈ ਲਈ ਅਜਿਹੇ ਉਪਰਾਲੇ ਅੱਗੇ ਵੀ ਜਾਰੀ ਰਹਿਣਗੇ। ਉਨ੍ਹਾਂ ਸੰਗਤਾਂ ਦਾ ਧੰਨਵਾਦ ਕੀਤਾ ਜਿਨ੍ਹਾਂ ਨੇ ਸਮਾਗਮ ਨੂੰ ਸਫਲ ਬਣਾਉਣ ਵਿੱਚ ਆਪਣਾ ਯੋਗਦਾਨ ਪਾਇਆ।

# ਗੁ. ਬਾਲ ਲੀਲ੍ਹਾ ਪਟਨਾ ਸਾਹਿਬ ਦੇ ਲੰਗਰ ਲਈ ਰਸਦਾਂ ਦੇ ਟਰੱਕ ਰਵਾਨਾ

## ਲੰਗਰ ਸੇਵਾ ਸੰਗਤਾਂ ਦੇ ਪਿਆਰ ਅਤੇ ਸਹਿਯੋਗ ਨਾਲ ਹੀ ਚੱਲਦੀ ਹੈ: ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ



ਅੰਮ੍ਰਿਤਸਰ, 1 ਜੂਨ ( ਬਬਲੂ ਮਹਾਜਨ) : ਕਲਗੀਧਰ ਦਸਮੇਸ਼ ਪਿਤਾ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪਾਵਨ ਬਾਲ ਅਸਥਾਨ ਗੁਰਦੁਆਰਾ ਬਾਲ ਲੀਲਾ ਸਾਹਿਬ ਪਟਨਾ ਸਾਹਿਬ ਵਿਖੇ ਚੱਲ ਰਹੇ ਗੁਰੂ ਕੇ ਅਟੁੱਟ ਲੰਗਰ ਦੀ ਸੇਵਾ ਨੂੰ ਨਿਰੰਤਰ ਜਾਰੀ ਰੱਖਣ ਲਈ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਅਤੇ ਬਾਬਾ ਸੁਖਵਿੰਦਰ ਸਿੰਘ ਜੀ ਦੀ ਅਗਵਾਈ ਹੇਠ ਸਥਾਨਕ ਡੇਰਾ ਨਿਰਮਲੇ ਤਪੋਬਨ, ਤਰਨ ਤਾਰਨ ਰੋਡ ਤੋਂ ਲੰਗਰ ਲਈ ਲੋੜੀਂਦੀ ਰਸਦ ਦੇ ਟਰੱਕ ਅੱਜ ਸ੍ਰੀ ਪਟਨਾ ਸਾਹਿਬ ਲਈ ਰਵਾਨਾ ਕੀਤੇ ਗਏ।ਇਸ ਮੌਕੇ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੇ ਭਾਵੁਕ ਸ਼ਬਦਾਂ ਵਿੱਚ ਕਿਹਾ ਕਿ ਗੁਰੂ ਕਾ ਲੰਗਰ ਕੇਵਲ ਭੋਜਨ ਨਹੀਂ, ਸਗੋਂ ਗੁਰੂ ਸਾਹਿਬ ਦੀ ਬਖ਼ਸ਼ੀ ਹੋਈ ਬਰਾਬਰੀ, ਸੇਵਾ ਅਤੇ ਸਾਂਝੀਵਾਲਤਾ ਦੀ ਮਹਾਨ ਪਰੰਪਰਾ ਦਾ ਪ੍ਰਤੀਕ ਹੈ। ਇਹ ਅਟੁੱਟ ਲੰਗਰ ਸੰਗਤਾਂ ਦੇ ਪਿਆਰ, ਸ਼ਰਧਾ ਅਤੇ ਸੇਵਾ ਭਾਵਨਾ ਨਾਲ ਹੀ ਨਿਰੰਤਰ ਵਰਤਦਾ ਹੈ। ਉਨ੍ਹਾਂ ਕਿਹਾ ਕਿ ਦੇਸ਼-ਵਿਦੇਸ਼ ਤੋਂ ਪਟਨਾ ਸਾਹਿਬ ਆਉਣ ਵਾਲੀਆਂ ਲੱਖਾਂ ਦੀ ਗਿਣਤੀ ਵਿੱਚ ਸੰਗਤਾਂ ਹਰ ਰੋਜ਼ ਗੁਰੂ ਕੇ ਲੰਗਰ ਦਾ ਪ੍ਰਸਾਦ ਛੱਕ ਕੇ ਆਤਮਿਕ ਅਨੰਦ ਪ੍ਰਾਪਤ ਕਰਦੀਆਂ ਹਨ ਅਤੇ ਇਹ ਸੇਵਾ ਨਿਰਵਿਘਨ ਚਲਦੀ ਰਹੇ, ਇਸ ਲਈ ਹਰ ਮਹੀਨੇ ਦੀ ਪਹਿਲੀ ਤਰੀਕ ਨੂੰ ਰਸਦਾਂ ਭੇਜਣ ਦੀ ਸ਼ੁਰੂਆਤ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਗੁਰਦੁਆਰਾ ਬਾਲ ਲੀਲਾ ਸਾਹਿਬ ਦਾ ਸਮੁੱਚਾ ਪ੍ਰਬੰਧ ਸੰਪਰਦਾਇ ਕਾਰ ਸੇਵਾ ਭੂਰੀ ਵਾਲਿਆਂ ਵੱਲੋਂ ਚਲਾਇਆ ਜਾ ਰਿਹਾ ਹੈ, ਜਿੱਥੇ ਸੰਗਤਾਂ ਲਈ ਮਿਆਰੀ ਰਿਹਾਇਸ਼ੀ ਪ੍ਰਬੰਧਾਂ ਦੇ ਨਾਲ-ਨਾਲ ਵੱਡੇ ਪੱਧਰ 'ਤੇ ਲੰਗਰ ਦੀ ਸੇਵਾ ਵੀ ਨਿਭਾਈ ਜਾਂਦੀ ਹੈ। ਇਸ ਕਾਰਜ ਲਈ ਸੰਪਰਦਾ ਦੇ ਵੱਖ-ਵੱਖ ਇਲਾਕਿਆਂ ਦੇ ਜਥੇਦਾਰਾਂ ਨੂੰ ਲੰਗਰ ਵਾਸਤੇ ਲੋੜੀਂਦੀ ਰਸਦ ਇਕੱਠੀ ਕਰਨ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ, ਸੋ ਉਹਨਾਂ ਵੱਲੋਂ ਇਕੱਤਰ ਕੀਤੀ ਰਸਦ ਅੱਜ ਪਟਨਾ ਸਾਹਿਬ ਲਈ ਰਵਾਨਾ ਕੀਤੀ ਗਈ ਹੈ।ਸੰਤ ਬਾਬਾ ਕਸ਼ਮੀਰ ਸਿੰਘ ਜੀ ਨੇ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਰੂ ਘਰ ਦੀ ਸੇਵਾ ਵਿੱਚ ਪਾਇਆ ਗਿਆ ਹਰ ਦਾਣਾ ਅਤੇ ਹਰ ਯੋਗਦਾਨ ਸੱਚੇ ਪਾਤਸ਼ਾਹ ਦੇ ਦਰ 'ਤੇ ਪਰਵਾਨ ਹੁੰਦਾ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਗੁਰੂ ਕੇ ਲੰਗਰ ਦੀ ਇਸ ਮਹਾਨ ਸੇਵਾ ਵਿੱਚ ਵੱਧ ਤੋਂ ਵੱਧ ਸਹਿਯੋਗ ਦੇ ਕੇ ਆਪਣਾ ਜੀਵਨ ਸਫਲ ਬਣਾਉਣ।ਇਸ ਮੌਕੇ ਹਾਜ਼ਰ ਸੰਗਤਾਂ ਨੇ ਅਰਦਾਸ ਉਪਰੰਤ ਰਸਦਾਂ ਨਾਲ ਭਰੇ ਟਰੱਕਾਂ ਨੂੰ ਰਵਾਨਾ ਕੀਤਾ ।ਇਸ ਮੌਕੇ ਬਾਬਾ ਸੋਹਨ ਸਿੰਘ , ਬਾਬਾ ਨਾਜਰ ਸਿੰਘ, ਬਾਬਾ ਕਰਨ ਸਿੰਘ, ਬਾਬਾ ਰਤਨ ਸਿੰਘ, ਬਾਬਾ ਹਰੀ ਸਿੰਘ, ਬਾਬਾ ਜੁਗਰਾਜ ਸਿੰਘ, ਬਾਬਾ ਲਸ਼ਕਰ ਸਿੰਘ, ਬਾਬਾ ਰਾਣਾ ਜੀ, ਬਾਬਾ ਯਾਦਵਿੰਦਰ ਸਿੰਘ, ਬਾਬਾ ਸੁਖਦੇਵ ਸਿੰਘ, ਬਾਬਾ ਸੇਵਾ ਸਿੰਘ, ਬਾਬਾ ਕਾਲਾ ਸਿੰਘ, ਬਾਬਾ ਦੀਦਾਰ ਸਿੰਘ, ਬਾਬਾ ਜੋਧਬੀਰ ਸਿੰਘ, ਬਾਬਾ ਫਤਿਹ ਸਿੰਘ, ਬਾਬਾ ਗੁਰਸਾਜਨ ਸਿੰਘ, ਨਿਰਮਲ ਸਿੰਘ, ਤੇ ਸੁਖਵਿੰਦਰ ਸਿੰਘ ਆਦਿ ਮੌਜੂਦ ਸਨ।

# ਗੁਰਦੁਆਰਾ ਈਸ਼ਰ ਦਰਬਾਰ ਵਿਖੇ ਬਾਬਾ ਸੁੱਖਾ ਸਿੰਘ ਦਾ ਸਨਮਾਨ



ਚੋਹਲਾ ਸਾਹਿਬ , 1 ਜੂਨ ( ਭਗਤ ਸਿੰਘ ਸੰਧੂ ) : ਸੰਪਰਦਾਇ ਕਾਰ ਸੇਵਾ ਸਰਹਾਲੀ ਸਾਹਿਬ ਦੇ ਮੁਖੀ ਸੰਤ ਬਾਬਾ ਸੁੱਖਾ ਸਿੰਘ ਜੀ ਇਨੀਂ ਦਿਨੀਂ ਆਸਟ੍ਰੇਲੀਆ ਵਿੱਚ ਗੁਰਮਤਿ ਪ੍ਰਚਾਰ ਫੇਰੀ ਕਰ ਰਹੇ ਹਨ। ਸੰਗਤਾਂ ਦੇ ਸੱਦੇ 'ਤੇ ਅੱਜ ਬਾਬਾ ਜੀ ਮੈਲਬੌਰਨ ਵਿੱਚ ਗੁਰਦੁਆਰਾ ਈਸ਼ਰ ਦਰਬਾਰ ਨਾਨਕਸਰ ਠਾਠ ਲਿਨਬਰੁਕ ਵਿਖੇ ਪਹੁੰਚੇ, ਜਿੱਥੇ ਸੰਤ ਬਾਬਾ ਸੁੱਖਾ ਸਿੰਘ ਜੀ ਦਾ ਸੰਗਤ ਵੱਲੋਂ ਨਿੱਘਾ ਸਵਾਗਤ ਕੀਤਾ। ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਦੀ ਹਜ਼ੂਰੀ ਵਿੱਚ ਨਾਮ ਸਿਮਰਨ ਉਪਰੰਤ ਸੰਤ ਬਾਬਾ ਸੁੱਖਾ ਸਿੰਘ ਜੀ ਨੇ ਕੀਰਤਨ ਕੀਤਾ। ਪੰਜਾਬ ਦੇ ਹੜਾਂ ਦੌਰਾਨ ਨਿਭਾਈਆਂ ਗਈਆਂ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਇਸ ਮੌਕੇ ਧੰਨ ਧੰਨ ਸ਼ਹੀਦ ਬਾਬਾ ਦੀਪ ਸਿੰਘ ਜੀ ਇੰਟਰਨੈਸ਼ਨਲ ਯੂਥ ਕਲੱਬ ਵਿਕਟੋਰੀਆ ਵੱਲੋਂ ਬਾਬਾ ਜੀ ਨੂੰ ਸਨਮਾਨਿਤ ਕੀਤਾ ਗਿਆ। ਬਾਬਾ ਜੀ ਨੇ ਮਾਨਵਤਾ ਲਈ ਜੋ ਪਰਉਪਕਾਰ ਕੀਤੇ ਹਨ, ਅਸੀਂ ਅਲਪ ਬੁੱਧੀ ਵਾਲੇ ਉਹਨਾਂ ਪਰਉਪਕਾਰਾਂ ਬਾਰੇ ਵਿਸਥਾਰ ਨਾਲ ਨਹੀਂ ਦੱਸ ਸਕਦੇ। ਏਨਾ ਕੁ ਕਹਿ ਸਕਦੇ ਹਾਂ ਕਿ ਬਾਬਾ ਜੀ ਨੇ ਹੜ੍ਹਾਂ ਵੇਲੇ ਪਾਣੀ ਵਿੱਚ ਡੁੱਬਦੀ ਲੋਕਾਈ ਦੀ ਬਾਂਹ ਫੜੀ। ਪਾਣੀ ਵਿੱਚ ਰੁੜ ਚੁੱਕੇ ਪਰਿਵਾਰਾਂ ਦੇ ਮੁੜ ਵਸੇਬੇ ਕਰਾਏ। ਬਰਬਾਦ ਹੋ ਚੁੱਕੀ ਕਿਸਾਨੀ ਨੂੰ ਮੁੜ ਪੈਰਾਂ ਸਿਰ ਕੀਤਾ। ਵਾਤਾਵਰਨ ਸੰਭਾਲ ਲਈ ਕੁਦਰਤੀ ਹਰਿਆਵਲ ਵਿੱਚ ਵਾਧਾ ਕਰਨ ਹਿੱਤ ਹਰ ਸਾਲ ਲੱਖਾਂ ਪੌਦੇ ਲਗਾਏ। ਆਪ ਜੀ ਦੇ ਪਰਉਪਕਾਰਾਂ ਦੀ ਸੂਚੀ ਬਹੁਤ ਲੰਬੀ ਹੈ। ਇਸ ਮੌਕੇ ਸੰਗਤ ਵਿਚ ਸੰਤ ਬਾਬਾ ਅਮਰ ਸਿੰਘ ਜੀ ਬੜੂੰਦੀ ਵਾਲਿਆਂ ਵੱਲੋਂ ਜਥੇਦਾਰ ਬਾਬਾ ਲੱਖਾ ਸਿੰਘ , ਕਥਾ ਵਾਚਕ ਗਿਆਨੀ ਅੰਮ੍ਰਿਤਪਾਲ ਸਿੰਘ ਭਕਨਾ, ਹਰਪ੍ਰੀਤ ਸਿੰਘ ਬਾਠ ਮਨਿਹਾਲਾ, ਮਨਜਿੰਦਰ ਸਿੰਘ ਢਿੱਲੋਂ, ਸੁਖਮਨਪ੍ਰੀਤ ਸਿੰਘ ਧਾਲੀਵਾਲ, ਗੁਰਸੇਵਕ ਸਿੰਘ ਜਵੰਦਾ, ਹਰਪ੍ਰੀਤ ਸਿੰਘ ਜੱਗੀ ਸੰਧੂ , ਹਰਮਨਪ੍ਰੀਤ ਸਿੰਘ , ਅਮਰੀਕ ਸਿੰਘ, ਹਰਪ੍ਰੀਤ ਸਿੰਘ ਨੂਰਪੁਰ, ਖੁਸ਼ਪਾਲ ਸਿੰਘ ਚੀਮਾ, ਮਨਜੋਧ ਸਿੰਘ , ਜੋਬਨਪ੍ਰੀਤ ਸਿੰਘ , ਜਥੇਦਾਰ ਹਰਮਨਦੀਪ ਸਿੰਘ ਮੀਆਂਵਿੰਡ ਅਤੇ ਹੋਰ ਕਈ ਗੁਰਸਿੱਖ ਹਾਜ਼ਰ ਸਨ।

# ਵਿਸ਼ੇਸ਼ ਗਹਿਰੀ ਸੁਧਾਈ (SIR) ਤਹਿਤ ਸੋਧੀ ਸਮਾਂ ਸਾਰਨੀ ਜਾਰੀ: ਜ਼ਿਲ੍ਹਾ ਚੋਣਕਾਰ ਅਫ਼ਸਰ



ਬਠਿੰਡਾ, 1 ਜੂਨ, (ਜਗਸੀਰ ਭੁੱਲਰ) : ਭਾਰਤ ਚੋਣ ਕਮਿਸ਼ਨ ਵੱਲੋਂ ਪੰਜਾਬ ਰਾਜ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਰੀ ਸੁਧਾਈ ਦੀ ਸੋਧੀ ਹੋਈ ਸਮਾਂ ਸਾਰਨੀ ਜਾਰੀ ਕੀਤੀ ਗਈ ਹੈ। ਇਸ ਸਬੰਧੀ ਜਾਰੀ ਪ੍ਰੋਗਰਾਮ ਅਨੁਸਾਰ 1 ਅਕਤੂਬਰ 2026 ਨੂੰ ਯੋਗਤਾ ਮਿਤੀ ਮੰਨਦਿਆਂ ਵੋਟਰ ਸੂਚੀਆਂ ਦੀ ਸੁਧਾਈ ਕੀਤੀ ਜਾਵੇਗੀ।

ਜ਼ਿਲ੍ਹਾ ਚੋਣਕਾਰ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਰਾਜੇਸ਼ ਧੀਮਾਨ ਨੇ ਦੱਸਿਆ ਕਿ ਸੋਧੇ ਹੋਏ ਪ੍ਰੋਗਰਾਮ ਤਹਿਤ ਵੋਟਰ ਸੂਚੀਆਂ ਦਾ ਖਰੜਾ 31 ਜੁਲਾਈ ਦੀ ਜਗ੍ਹਾ 3 ਅਗਸਤ 2026 ਨੂੰ ਪ੍ਰਕਾਸ਼ਿਤ ਕੀਤਾ ਜਾਵੇਗਾ। ਦਾਅਵੇ ਅਤੇ ਇਤਰਾਜ਼ 31 ਜੁਲਾਈ ਤੋਂ 30 ਅਗਸਤ 2026 ਦੀ ਬਜਾਏ 3 ਅਗਸਤ ਤੋਂ 2 ਸਤੰਬਰ 2026 ਤੱਕ ਪ੍ਰਾਪਤ ਕੀਤੇ ਜਾਣਗੇ, ਜਦਕਿ ਇਨ੍ਹਾਂ ਦਾ ਨਿਪਟਾਰਾ 3 ਅਗਸਤ ਤੋਂ 28 ਸਤੰਬਰ 2026 ਤੱਕ ਕੀਤਾ ਜਾਵੇਗਾ।

ਬਾਕੀ ਪ੍ਰੋਗਰਾਮ ਪਹਿਲਾਂ ਵਾਂਗ ਹੀ ਰਹੇਗਾ, ਜਿਸ ਤਹਿਤ 15 ਜੂਨ ਤੋਂ 24 ਜੂਨ 2026 ਤੱਕ ਤਿਆਰੀ, ਸਿਖਲਾਈ ਅਤੇ ਛਪਾਈ ਦਾ ਕੰਮ ਕੀਤਾ ਜਾਵੇਗਾ, ਜਦਕਿ 25 ਜੂਨ ਤੋਂ 24 ਜੁਲਾਈ 2026 ਤੱਕ ਬੂਥ ਲੈਵਲ ਅਫ਼ਸਰ (BLO) ਘਰ-ਘਰ ਜਾ ਕੇ ਵੋਟਰਾਂ ਦੀ ਜਾਣਕਾਰੀ ਦੀ ਤਸਦੀਕ ਕਰਨਗੇ ਅਤੇ ਲੋੜੀਂਦੇ ਦਸਤਾਵੇਜ਼ ਪ੍ਰਾਪਤ ਕਰਨਗੇ। ਅੰਤਿਮ ਵੋਟਰ ਸੂਚੀ 1 ਅਕਤੂਬਰ 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।

ਇਸ ਮੁਹਿੰਮ ਤਹਿਤ ਜ਼ਿਲ੍ਹੇ ਅੰਦਰ 1192 ਬੀ.ਐਲ.ਓਜ਼, 130 ਸੁਪਰਵਾਈਜ਼ਰ, 6 ਈ.ਆਰ.ਓਜ਼ ਅਤੇ 6 ਏ.ਈ.ਆਰ.ਓਜ਼ ਸਮੇਤ ਪੂਰਾ ਚੋਣ ਅਮਲਾ ਲਗਾਇਆ ਗਿਆ ਹੈ। ਇਨ੍ਹਾਂ ਨੂੰ ਐਸ.ਆਈ.ਆਰ ਲਈ ਵਿਸ਼ੇਸ਼ ਸਿਖਲਾਈ ਵੀ ਦਿੱਤੀ ਜਾਵੇਗੀ ਤਾਂ ਜੋ ਵੋਟਰ ਸੂਚੀਆਂ ਦੀ ਸੁਧਾਈ ਦਾ ਕੰਮ ਸੁਚਾਰੂ ਢੰਗ ਨਾਲ ਮੁਕੰਮਲ ਹੋ ਸਕੇ।

ਉਨ੍ਹਾਂ ਦੱਸਿਆ ਕਿ ਜੇਕਰ ਕੋਈ ਵੋਟਰ ਐਨੂਮਿਰੇਸ਼ਨ ਫਾਰਮ ਨਹੀਂ ਭਰਦਾ ਹੈ ਤਾਂ ਉਸ ਨੂੰ ਡਰਾਫਟ ਵੋਟਰ ਸੂਚੀ ਵਿੱਚ ਸ਼ਾਮਲ ਨਹੀਂ ਕੀਤਾ ਜਾਵੇਗਾ। ਮੈਪ ਹੋ ਚੁੱਕੇ ਵੋਟਰਾਂ ਨੂੰ ਵੀ ਇਹ ਫਾਰਮ ਭਰਨਾ ਜ਼ਰੂਰੀ ਹੈ। ਐੱਸ.ਆਈ. ਆਰ. ਦੌਰਾਨ ਵੋਟਰਾਂ ਨੂੰ ਆਪਣੀ ਯੋਗਤਾ ਸਾਬਤ ਕਰਨ ਲਈ ਬੀ.ਐਲ.ਓ. ਨੂੰ ਨਿਰਧਾਰਤ ਦਸਤਾਵੇਜ਼ ਜਮ੍ਹਾਂ ਕਰਵਾਉਣੇ ਹੋਣਗੇ। ਇਨ੍ਹਾਂ ਵਿੱਚ ਜਨਮ ਸਰਟੀਫਿਕੇਟ, ਪਾਸਪੋਰਟ, ਮੈਟ੍ਰਿਕ/ਵਿੱਦਿਅਕ ਸਰਟੀਫਿਕੇਟ, ਸਥਾਈ ਨਿਵਾਸ ਸਰਟੀਫਿਕੇਟ, ਜਾਤੀ ਸਰਟੀਫਿਕੇਟ, ਸਰਕਾਰੀ ਕਰਮਚਾਰੀ ਜਾਂ ਪੈਨਸ਼ਨਰ ਪਛਾਣ ਪੱਤਰ, ਸਰਕਾਰੀ ਅਥਾਰਟੀ ਵੱਲੋਂ ਜਾਰੀ ਹੋਰ ਪਛਾਣ ਦਸਤਾਵੇਜ਼, ਜ਼ਮੀਨ ਜਾਂ ਮਕਾਨ ਅਲਾਟਮੈਂਟ ਸਰਟੀਫਿਕੇਟ ਆਦਿ ਸ਼ਾਮਲ ਹਨ।

ਜ਼ਿਲ੍ਹਾ ਚੋਣਕਾਰ ਅਫਸਰ ਨੇ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਇਸ ਪ੍ਰਕਿਰਿਆ ਦੌਰਾਨ ਆਪਣੇ ਵੇਰਵਿਆਂ ਦੀ ਤਸਦੀਕ ਕਰਵਾਉਣ ਅਤੇ ਲੋੜੀਂਦੇ ਦਸਤਾਵੇਜ਼ ਸਮੇਂ-ਸਿਰ ਬੀ.ਐਲ.ਓਜ਼ ਨੂੰ ਮੁਹੱਈਆ ਕਰਵਾਉਣ, ਤਾਂ ਜੋ ਵੋਟਰ ਸੂਚੀਆਂ ਨੂੰ ਹੋਰ ਸ਼ੁੱਧ ਬਣਾਇਆ ਜਾ ਸਕੇ। ਇਸ ਸਬੰਧੀ ਵਧੇਰੇ ਜਾਣਕਾਰੀ ਵੋਟਰ ਹੈਲਪਲਾਈਨ ਨੰਬਰ 1950 'ਤੇ ਪ੍ਰਾਪਤ ਕੀਤੀ ਜਾ ਸਕਦੀ ਹੈ।

# ਪਿੰਡ ਬੱਲਰਾਂ ਵਿਖੇ ਕਈ ਪਰਿਵਾਰ ਹੋਏ 'ਆਪ' ਵਿੱਚ ਸ਼ਾਮਿਲ



ਮੂਨਕ, 1 ਜੂਨ (ਸਮਸ਼ੇਰ ਸਿੰਘ ਭੁਟਾਲ) : ਨਜ਼ਦੀਕੀ ਪਿੰਡ ਬੱਲਰਾਂ ਵਿਖੇ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਬਲ ਮਿਲਿਆ ਜਦੋਂ ਵੱਖ-ਵੱਖ ਪਾਰਟੀਆਂ ਨੂੰ ਅਲਵਿਦਾ ਆਖ ਕੇ ਐਡਵੋਕੇਟ ਗੌਰਵ ਗੋਇਲ ਦੀ ਰਹਿਨੁਮਾਈ ਹੇਠ ਪਿੰਡ ਦੇ ਕਈ ਪਰਿਵਾਰ ਆਪ ਪਾਰਟੀ ਵਿੱਚ ਸ਼ਾਮਿਲ ਹੋ ਗਏ। ਇਸ ਮੌਕੇ ਗੌਰਵ ਗੋਇਲ ਨੇ ਸਾਰੇ ਪਰਿਵਾਰਾਂ ਦਾ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਸਵਾਗਤ ਕੀਤਾ ਅਤੇ ਬੋਲਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਇਕ ਇਮਾਨਦਾਰ ਪਾਰਟੀ ਹੈ ਅਤੇ ਜੇਕਰ ਵਿਕਾਸ ਦੀ ਗੱਲ ਕੀਤੀ ਜਾਵੇ, ਤਾਂ ਪਿਛਲੇ ਪੰਜ ਸਾਲਾਂ ਦਾ ਰਿਕਾਰਡ ਦੇਖੋ ਬਿਨਾਂ ਕਿਸੇ ਰੁਕਾਵਟ ਤੋਂ ਵਿਕਾਸ ਕਾਰਜ ਦੇ ਕੰਮ ਨਿਰੰਤਰ ਚੱਲ ਰਹੇ ਹਨ । ਨਹਿਰੀ ਪਾਣੀ ਦੀ ਗੱਲ ਕੀਤੀ ਜਾਵੇ ਤਾਂ ਅਸੀ ਜਲਦੀ ਹੀ ਨਹਿਰੀ ਪਾਣੀ ਦੀ ਵਰਤੋਂ ਦਾ ਟੀਚਾ 100 ਫ਼ੀਸਦੀ ਮੁਕੰਮਲ ਕਰ ਲਵਾਂਗੇ। ਇਸ ਮੌਕੇ ਗੌਰਵ ਗੋਇਲ ਨੇ ਸ਼ਾਮਿਲ ਹੋਏ ਪਰਿਵਾਰਾਂ ਨੂੰ ਵਧਾਈ ਦਿੰਦਿਆਂ ਹਰ ਸੰਭਵ ਮੱਦਦ ਦਾ ਭਰੋਸਾ ਦਿੱਤਾ ਇਸ ਮੌਕੇ ਉਨ੍ਹਾਂ ਨਾਲ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕੁਲਜਿੰਦਰ ਸਿੰਘ ਢੀਂਡਸ, ਬਲਾਕ ਪ੍ਰਧਾਨ ਕਰਮਜੀਤ ਸਿੰਘ, ਯੂਥ ਆਗੂ ਰਿੰਕੂ ਸਿੰਘ ਕੁਦਨੀ, ਚਰਨ ਸਿੰਘ ਬੱਲਰਾਂ, ਬਾਦਲ ਗੁੱਜਰ, ਅਮਨਦੀਪ ਸਿੰਘ ਬੱਲਰਾਂ ਆਦਿ ਆਮ ਆਦਮੀ ਪਾਰਟੀ ਦੇ ਵਰਕਰ ਮੌਜੂਦ ਸਨ।

# ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਮਿਮਿਟ ਦੇ ਕਰਮਚਾਰੀਆਂ ਨੂੰ ਵੰਡੇ ਤਰੱਕੀ ਪੱਤਰ



ਮਲੋਟ, 1 ਜੂਨ, (ਅਮਨਦੀਪ ਸਿੰਘ ਮਹਿਰਾ): ਪੰਜਾਬ ਸਰਕਾਰ ਦੀ ਕੈਬਨਿਟ ਮੰਤਰੀ ਅਤੇ ਮਲੋਟ ਤੋਂ ਵਿਧਾਇਕ ਡਾ. ਬਲਜੀਤ ਕੌਰ ਨੇ ਅੱਜ ਮਿਮਿਟ ਮਲੋਟ ਦਾ ਵਿਸ਼ੇਸ਼ ਦੌਰਾ ਕਰਦਿਆਂ ਸੰਸਥਾ ਦੇ ਨਾਨ-ਟੀਚਿੰਗ ਸਟਾਫ ਦੇ 10 ਕਰਮਚਾਰੀਆਂ ਨੂੰ ਤਰੱਕੀ ਪੱਤਰ ਵੰਡੇ। ਇਸ ਮੌਕੇ ਉਨ੍ਹਾਂ ਨੇ ਸੰਸਥਾ ਵਿੱਚ ਸ਼ੁਰੂ ਕੀਤੇ ਗਏ ਨਵੇਂ ਕੋਰਸਾਂ ਦਾ ਉਦਘਾਟਨ ਕਰਨ ਦੇ ਨਾਲ-ਨਾਲ ਵਿਦਿਆਰਥੀਆਂ ਅਤੇ ਸਟਾਫ ਦੀਆਂ ਸਿਹਤ ਸਹੂਲਤਾਂ ਲਈ ਨਵੀਂ ਐਂਬੂਲੈਂਸ ਸੇਵਾ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ।

ਡਾ. ਬਲਜੀਤ ਕੌਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਥਾਪਿਤ ਮਿਮਿਟ ਮਲੋਟ ਇਲਾਕੇ ਦੀ ਮਾਣਮੱਤੀ ਸੰਸਥਾ ਹੈ, ਜਿੱਥੋਂ ਪੜ੍ਹ ਕੇ ਵਿਦਿਆਰਥੀ ਦੇਸ਼-ਵਿਦੇਸ਼ ਦੀਆਂ ਨਾਮੀ ਕੰਪਨੀਆਂ ਵਿੱਚ ਸੇਵਾਵਾਂ ਨਿਭਾ ਕੇ ਖੇਤਰ ਦਾ ਨਾਮ ਰੌਸ਼ਨ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਸਫਲਤਾ ਪਿੱਛੇ ਸੰਸਥਾ ਦੇ ਅਧਿਆਪਕਾਂ ਅਤੇ ਕਰਮਚਾਰੀਆਂ ਦੀ ਮਿਹਨਤ ਦਾ ਵੱਡਾ ਯੋਗਦਾਨ ਹੈ।

ਉਨ੍ਹਾਂ ਦੱਸਿਆ ਕਿ ਮਿਮਿਟ ਦੇ ਨਾਨ-ਟੀਚਿੰਗ ਸਟਾਫ ਦੀਆਂ ਤਰੱਕੀਆਂ ਪਿਛਲੇ 8 ਤੋਂ 15 ਸਾਲਾਂ ਤੋਂ ਲੰਬਿਤ ਪਈਆਂ ਸਨ, ਪਰ ਪੰਜਾਬ ਸਰਕਾਰ ਦੀ ਮੁਲਾਜ਼ਮ ਪੱਖੀ ਨੀਤੀ ਦੇ ਤਹਿਤ ਅੱਜ ਇਨ੍ਹਾਂ ਤਰੱਕੀਆਂ ਦਾ ਰਾਹ ਖੁੱਲ੍ਹਿਆ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਸੰਸਥਾ ਵਿੱਚ ਪਿਛਲੇ 15-16 ਸਾਲਾਂ ਤੋਂ ਠੇਕੇ ਦੇ ਆਧਾਰ 'ਤੇ ਕੰਮ ਕਰ ਰਹੇ ਲੱਗਭੱਗ 35 ਟੀਚਿੰਗ ਅਤੇ ਨਾਨ-ਟੀਚਿੰਗ ਕਰਮਚਾਰੀਆਂ ਦੀਆਂ ਸੇਵਾਵਾਂ ਵੀ ਜਲਦ ਰੈਗੂਲਰ ਕੀਤੀਆਂ ਜਾਣਗੀਆਂ। ਇਸ ਦੇ ਨਾਲ ਹੀ ਟੀਚਿੰਗ ਸਟਾਫ ਲਈ ਸੱਤਵੇਂ ਤਨਖ਼ਾਹ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਵੀ ਜਲਦੀ ਲਾਗੂ ਕਰਵਾਈਆਂ ਜਾਣਗੀਆਂ।

ਇਸ ਮੌਕੇ ਸੰਸਥਾ ਦੇ ਡਾਇਰੈਕਟਰ ਡਾ. ਅਸ਼ਵਨੀ ਬਾਂਸਲ ਅਤੇ ਰਜਿਸਟਰਾਰ ਡਾ. ਸੰਜੀਵ ਸ਼ਰਮਾ ਨੇ ਦੱਸਿਆ ਕਿ 1400 ਤੋਂ ਵੱਧ ਵਿਦਿਆਰਥੀਆਂ ਅਤੇ ਸਟਾਫ ਮੈਂਬਰਾਂ ਨੂੰ ਬਿਹਤਰ ਸਿਹਤ ਸੇਵਾਵਾਂ ਪ੍ਰਦਾਨ ਕਰਨ ਦੇ ਉਦੇਸ਼ ਨਾਲ ਨਵੀਂ ਐਂਬੂਲੈਂਸ ਸੇਵਾ ਸ਼ੁਰੂ ਕੀਤੀ ਗਈ ਹੈ।

ਡਾ. ਅਸ਼ਵਨੀ ਬਾਂਸਲ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਪੰਜ ਸਾਲਾਂ ਤੋਂ ਸੰਸਥਾ ਨੂੰ ਲਗਾਤਾਰ ਗ੍ਰਾਂਟਾਂ ਅਤੇ ਵਿਕਾਸ ਕਾਰਜਾਂ ਲਈ ਸਹਿਯੋਗ ਮਿਲ ਰਿਹਾ ਹੈ, ਜਿਸ ਕਾਰਨ ਮਿਮਿਟ ਵਿੱਚ ਨਵੇਂ ਕੋਰਸ ਸ਼ੁਰੂ ਹੋ ਸਕੇ ਹਨ। ਉਨ੍ਹਾਂ ਦੱਸਿਆ ਕਿ ਸੰਸਥਾ ਵਿੱਚ ਬੀ.ਟੈਕ ਆਰਟੀਫ਼ਿਸ਼ੀਅਲ ਇੰਟੈਲੀਜੈਂਸ, ਐਮ.ਟੈਕ ਕੰਪਿਊਟਰ ਸਾਇੰਸ ਐਂਡ ਇੰਜੀਨੀਅਰਿੰਗ ਅਤੇ ਵੋਕੇਸ਼ਨਲ ਕੋਰਸ ਅਧੀਨ ਬੈਚਲਰ ਡਿਗਰੀ ਇਨ ਆਟੋਮੋਬਾਈਲ ਸਰਵਿਸਿੰਗ ਵਰਗੇ ਨਵੇਂ ਕੋਰਸਾਂ ਦੀ ਸ਼ੁਰੂਆਤ ਕੀਤੀ ਗਈ ਹੈ।

ਤਰੱਕੀ ਪ੍ਰਾਪਤ ਕਰਨ ਵਾਲੇ ਕਰਮਚਾਰੀਆਂ ਨੇ ਪੰਜਾਬ ਦੇ ਮੁੱਖ ਮੰਤਰੀ , ਤਕਨੀਕੀ ਸਿੱਖਿਆ ਮੰਤਰੀ ਅਤੇ ਕੈਬਨਿਟ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਦੇ ਇਸ ਫੈਸਲੇ ਨਾਲ ਕਰਮਚਾਰੀਆਂ ਵਿੱਚ ਨਵਾਂ ਉਤਸ਼ਾਹ ਪੈਦਾ ਹੋਇਆ ਹੈ।

# ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਤਰਨਤਾਰਨ ਨੇ ਕੀਤਾ ਪੈਦਲ ਰੋਸ ਪ੍ਰਦਰਸ਼ਨ



ਚੋਹਲਾ ਸਾਹਿਬ, 1 ਜੂਨ, (ਭਗਤ ਸਿੰਘ ਸੰਧੂ) : ਅੱਜ ਤਰਨ ਤਾਰਨ ਦੇ ਸੇਵਾ ਕੇਂਦਰ ਮੁਲਾਜ਼ਮਾਂ ਨੇ ਸੂਬਾ ਕਮੇਟੀ ਯੂਨੀਅਨ ਤਰਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੇਵਾ ਕੇਂਦਰ ਪ੍ਰਧਾਨ ਤਰਨ ਤਾਰਨ ਗੁਰਸੇਵਕ ਸਿੰਘ ਦੀ ਰਹਿਨੁਮਾਈ ਵਿੱਚ ਰੋਸ ਮਾਰਚ ਕਰਕੇ ਤਰਨ ਤਾਰਨ ਦੇ ਵਾਸੀਆਂ ਨੂੰ ਆਪਣੀਆਂ ਹੱਕੀ ਮੰਗਾ ਤੋਂ ਜਾਣੂੰ ਕਰਾਇਆ ਗਿਆ। ਉਹਨਾਂ ਦੱਸਿਆ ਕੇ ਅਸੀਂ ਪਿਛਲੇ 10 ਸਾਲ ਤੋਂ ਸੇਵਾ ਕੇਂਦਰ ਵਿੱਚ ਬਹੁਤ ਘੱਟ ਤਨਖਾਹਾਂ 'ਤੇ ਕੰਮ ਕਰ ਰਹੇ ਹਨ, ਪਰ ਸਰਕਾਰ ਅਤੇ ਕੰਪਨੀ ਨੇ ਰਲ ਕੇ ਮੁਲਾਜ਼ਮਾਂ ਉੱਪਰ ਤਾਨਾਸ਼ਾਹੀ ਰੁਖ ਅਪਣਾਇਆ ਹੋਇਆ ਹੈ।

ਹੈਰਾਨਗੀ ਵਾਲੀ ਗੱਲ ਹੈ ਕੇ ਮੁੱਖ ਮੰਤਰੀ ਭਗਵੰਤ ਮਾਨ ਨੇ ਦੋ ਦਿਨ ਪਹਿਲਾਂ ਵੱਖ ਵੱਖ ਵਿਭਾਗਾਂ ਵਿੱਚ ਮੁਲਾਜ਼ਮਾਂ ਨੂੰ ਪੱਕੇ ਕਰਨ ਬਾਰੇ ਪ੍ਰਚਾਰਿਆ ਸੀ। ਪ੍ਰੈਸ ਸਕੱਤਰ ਹਰਮਨ ਸਿੰਘ ਨੇ ਕਿਹਾ ਕੇ ਸਰਕਾਰ ਪੱਕੇ ਕਰਨ ਵਾਲੇ ਕਰਮਚਾਰੀਆਂ ਵਿੱਚ ਸੇਵਾ ਕੇਂਦਰ ਮੁਲਾਜ਼ਮਾਂ ਦਾ ਨਾਮ ਨਹੀਂ ਆਇਆ। ਓਹਨਾ ਦਾ ਨਾਮ ਨਾ ਆਉਣ ਕਰਕੇ ਸਾਰੇ ਸੇਵਾ ਕੇਂਦਰ ਦੇ ਮੁਲਾਜ਼ਮਾਂ ਵਿੱਚ ਭਾਰੀ ਵਿਰੋਧ ਆਇਆ ਹੈ।ਜਿਸ ਕਰਕੇ ਸਾਨੂੰ ਸਰਕਾਰ ਦੇ ਖਿਲਾਫ ਰੋਸ ਮਾਰਚ ਕਰਨਾ ਪਿਆ ਇਸ ਸਮੇਂ ਬੇਅੰਤ ਕੌਰ ਨੇ ਦੱਸਿਆ ਕੇ ਸਰਕਾਰ ਨੂੰ ਸਾਡੀ ਚਿਤਾਵਨੀ ਹੈ ਕੇ ਜੇਕਰ ਸਾਡੀਆਂ ਮੰਗਾ ਨਾ ਮੰਨੀਆਂ ਗਈਆਂ ਤਾਂ 3 ਜੂਨ ਨੂੰ ਜੋ ਸਰਕਾਰ ਤੇ ਕੰਪਨੀ ਵੱਲੋਂ ਰੋਜ਼ਗਾਰ ਮੇਲਾ ਰੱਖਿਆ ਗਿਆ ਹੈ। ਉਸਦਾ ਰੋਜ਼ਗਾਰ ਦਫ਼ਤਰ ਅੱਗੇ ਜਾ ਕੇ ਵਿਰੋਧ ਕਰਾਂਗੇ। ਇਸ ਸਮੇ ਸਲਾਹ ਕਾਰ ਕੰਵਲਪ੍ਰੀਤ ਸਿੰਘ ਨੇ ਦੱਸਿਆ ਕੇ ਜੋ ਕੰਪਨੀ ਵੱਲੋਂ ਸਾਨੂੰ ਤਰ੍ਹਾਂ ਦੇ ਡਰਾਵੇ ਮਾਰੇ ਜਾ ਰਹੇ ਓਹਨਾਂ ਦਾ ਓਹਨਾਂ 'ਤੇ ਕੋਈ ਅਸਰ ਨਹੀਂ ਹੈ।ਓਹਨਾਂ ਦੀ ਹੁਣ ਕੰਪਨੀ ਨਾਲ ਲੜਾਈ ਨਹੀਂ ਸਰਕਾਰ ਨਾਲ ਹੈ ਤੇ ਓਹ ਸਰਕਾਰ ਦਾ ਡੱਟ ਕੇ ਵਿਰੋਧ ਕਰਨਗੇ। ਪੈਦਲ ਰੋਸ ਕਰਦਿਆਂ ਸੇਵਾ ਕੇਂਦਰ ਮੁਲਾਜ਼ਮਾਂ ਆਮ ਆਦਮੀ ਪਾਰਟੀ ਦੇ ਐਮ.ਐਲ.ਏ ਸ ਹਰਮੀਤ ਸਿੰਘ ਸੰਧੂ ਨੂੰ ਮੰਗ ਪੱਤਰ ਸੌਂਪਿਆ ਤੇ ਮੰਗਾ ਬਾਰੇ ਜਾਣੂੰ ਕਰਵਾਇਆ ਗਿਆ। ਓਹਨਾਂ ਇਹ ਵਿਸ਼ਵਾਸ ਦਿਵਾਇਆ ਕੇ ਓਹ ਓਹਨਾਂ ਦੀਆਂ ਮੰਗਾਂ ਦਾ ਹੱਲ ਕਰਾਉਣ ਲਈ ਖੁਦ ਮੁੱਖ ਮੰਤਰੀ ਸਾਹਿਬ ਨਾਲ ਮਿਲਕੇ ਸੇਵਾ ਕੇਂਦਰ ਮੁਲਾਜ਼ਮਾਂ ਦੀਆਂ ਮੰਗਾਂ ਹੱਲ ਕਰਵਾਉਣਗੇ। ਇਸ ਸਮੇਂ ਸਮੂਹ ਸਟਾਫ ਸੇਵਾ ਕੇਂਦਰ ਦੇ ਮੁਲਾਜ਼ਮ ਹਾਜ਼ਰ ਸਨ।

# ਪਿੰਡ ਸਿਰੀਏਵਾਲਾ ਵਿਖੇ ਆਧਾਰ ਕਾਰਡ ਕੈਂਪ ਲਗਾਇਆ

ਭਗਤਾ ਭਾਈ ਕਾ, 1 ਜੂਨ (ਸਵਰਨ ਸਿੰਘ ਭਗਤਾ) : ਨਜ਼ਦੀਕੀ ਪਿੰਡ ਸਿਰੀਏਵਾਲਾ ਵਿਖੇ ਪਿੰਡ ਵਾਸੀਆਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਸਰਪੰਚ ਹਰਜਿੰਦਰ ਕੌਰ ਅਤੇ ਸਮੁੱਚੀ ਗ੍ਰਾਮ ਪੰਚਾਇਤ ਵੱਲੋਂ ਡਾਕ ਵਿਭਾਗ ਦੇ ਵਿਸ਼ੇਸ਼ ਸਹਿਯੋਗ ਨਾਲ ਸ਼ਹੀਦ ਸੁਖਦੇਵ ਸਿੰਘ ਅਟਵਾਲ ਲਾਇਬਰੇਰੀ ਵਿਖੇ ਇੱਕ ਰੋਜ਼ਾ ਆਧਾਰ ਕਾਰਡ ਕੈਂਪ ਦਾ ਸਫ਼ਲ ਆਯੋਜਨ ਕੀਤਾ ਗਿਆ। ਇਸ ਕੈਂਪ ਦੌਰਾਨ ਡਾਕ ਵਿਭਾਗ ਵੱਲੋਂ ਪਹੁੰਚੇ ਗੁਰਦੀਪ ਸਿੰਘ ਨੇ ਪਿੰਡ ਵਾਸੀਆਂ ਦੇ ਆਧਾਰ ਕਾਰਡ ਅਪਡੇਟ ਕਰਨ ਦੀ ਸਹੂਲਤ ਪ੍ਰਦਾਨ ਕੀਤੀ। ਕੈਂਪ ਦੌਰਾਨ ਕਰੀਬ 47 ਪਿੰਡ ਵਾਸੀਆਂ ਨੇ ਆਪਣੇ ਆਧਾਰ ਕਾਰਡ ਅਪਡੇਟ ਕਰਵਾਏ।

# ਸਿਵਲ ਹਸਪਤਾਲ ਬੁਢਲਾਡਾ ਵਿੱਚ ਸਿਹਤ ਮੁਲਾਜ਼ਮਾਂ ਵੱਲੋਂ ਬਲਾਕ ਐਜੂਕੇਟਰ ਹਰਬੰਸ ਮੱਤੀ ਦੇ ਖ਼ਿਲਾਫ਼ ਕੀਤਾ ਰੋਸ ਪ੍ਰਦਰਸ਼ਨ



ਬੁਢਲਾਡਾ, 1 ਜੂਨ, (ਦਵਿੰਦਰ ਸਿੰਘ ਕੋਹਲੀ, ਜੀਵਨ ਕੁਮਾਰ) : ਅੱਜ ਸਿਵਲ ਹਸਪਤਾਲ ਬੁਢਲਾਡਾ ਵਿੱਚ ਸਿਹਤ ਮੁਲਾਜ਼ਮਾਂ ਵੱਲੋਂ ਬਲਾਕ ਐਜੂਕੇਟਰ ਹਰਬੰਸ ਮੱਤੀ ਦੇ ਖ਼ਿਲਾਫ਼ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ। ਇਸ ਮੌਕੇ ਵੱਖ-ਵੱਖ ਸਿਹਤ ਯੂਨੀਅਨਾਂ ਅਤੇ ਮੁਲਾਜ਼ਮਾਂ ਨੇ ਇਕੱਠੇ ਹੋ ਕੇ ਧਰਨਾ ਲਗਾਇਆ ਅਤੇ ਆਪਣਾ ਰੋਸ ਜ਼ਾਹਿਰ ਕੀਤਾ।ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦਿਆਂ ਸਿਹਤ ਮੁਲਾਜ਼ਮ ਆਗੂਆਂ ਨੇ ਦੋਸ਼ ਲਗਾਇਆ ਕਿ ਬਲਾਕ ਐਜੂਕੇਟਰ ਹਰਬੰਸ ਮੱਤੀ ਵੱਲੋਂ ਲਗਾਤਾਰ ਸਿਹਤ ਵਿਭਾਗ ਦੇ ਕਰਮਚਾਰੀਆਂ ਦੀਆਂ ਸੀਐਮ ਪੋਰਟਲ ਉੱਤੇ ਝੂਠੀਆਂ ਅਤੇ ਬੇਬੁਨਿਆਦ ਸ਼ਿਕਾਇਤਾਂ ਦਰਜ ਕਰਵਾਈਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਸਿਹਤ ਮੁਲਾਜ਼ਮ ਆਪਣੀਆਂ ਡਿਊਟੀਆਂ ਸੀਨੀਅਰ ਅਧਿਕਾਰੀਆਂ ਦੇ ਹੁਕਮਾਂ ਅਤੇ ਸਰਕਾਰੀ ਨਿਯਮਾਂ ਅਨੁਸਾਰ ਨਿਭਾਉਂਦੇ ਹਨ, ਫਿਰ ਵੀ ਉਨ੍ਹਾਂ ਨੂੰ ਬਿਨਾਂ ਕਾਰਨ ਨਿਸ਼ਾਨਾ ਬਣਾਇਆ ਜਾ ਰਿਹਾ ਹੈ।ਮੁਲਾਜ਼ਮਾਂ ਦਾ ਕਹਿਣਾ ਸੀ ਕਿ ਇਸ ਤਰ੍ਹਾਂ ਦੀਆਂ ਝੂਠੀਆਂ ਸ਼ਿਕਾਇਤਾਂ ਕਾਰਨ ਕਰਮਚਾਰੀਆਂ ਦਾ ਮਨੋਬਲ ਡਿੱਗਦਾ ਹੈ ਅਤੇ ਉਨ੍ਹਾਂ ਨੂੰ ਬੇਵਜ੍ਹਾ ਮਾਨਸਿਕ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਦੱਸਿਆ ਕਿ ਸਿਹਤ ਵਿਭਾਗ ਦੇ ਕਰਮਚਾਰੀ ਦਿਨ-ਰਾਤ ਲੋਕਾਂ ਦੀ ਸੇਵਾ ਵਿੱਚ ਜੁਟੇ ਹੋਏ ਹਨ, ਪਰ ਕੁਝ ਵਿਅਕਤੀਆਂ ਵੱਲੋਂ ਉਨ੍ਹਾਂ ਦੇ ਕੰਮ ਨੂੰ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।ਧਰਨਾਕਾਰੀਆਂ ਨੇ ਮੰਗ ਕੀਤੀ ਕਿ ਅਜਿਹੀਆਂ ਬੇਬੁਨਿਆਦ ਸ਼ਿਕਾਇਤਾਂ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾਵੇ ਅਤੇ ਬਿਨਾਂ ਤੱਥਾਂ ਦੇ ਸਰਕਾਰੀ ਕਰਮਚਾਰੀਆਂ ਨੂੰ ਪ੍ਰੇਸ਼ਾਨ ਕਰਨ ਵਾਲਿਆਂ ਖ਼ਿਲਾਫ਼ ਬਣਦੀ ਕਾਰਵਾਈ ਕੀਤੀ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਇਸ ਮਾਮਲੇ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਦੌਰਾਨ ਜਦੋਂ ਬਲਾਕ ਐਜੂਕੇਟਰ ਹਰਬੰਸ ਮੱਤੀ ਦਾ ਪੱਖ ਜਾਣਨ ਲਈ ਉਨ੍ਹਾਂ ਨਾਲ ਫੋਨ ਰਾਹੀਂ ਸੰਪਰਕ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਉਨ੍ਹਾਂ ਵੱਲੋਂ ਫੋਨ ਨਹੀਂ ਚੁੱਕਿਆ ਗਿਆ, ਜਿਸ ਕਾਰਨ ਉਨ੍ਹਾਂ ਦਾ ਪੱਖ ਪ੍ਰਾਪਤ ਨਹੀਂ ਹੋ ਸਕਿਆ।ਫਿਲਹਾਲ ਇਸ ਮਾਮਲੇ ਨੂੰ ਲੈ ਕੇ ਸਿਹਤ ਮੁਲਾਜ਼ਮਾਂ ਵਿੱਚ ਕਾਫ਼ੀ ਰੋਸ ਦੇਖਣ ਨੂੰ ਮਿਲ ਰਿਹਾ ਹੈ ਅਤੇ ਹੁਣ ਸਭ ਦੀਆਂ ਨਜ਼ਰਾਂ ਪ੍ਰਸ਼ਾਸਨ ਦੀ ਅਗਲੀ ਕਾਰਵਾਈ ਉੱਤੇ ਟਿਕੀਆਂ ਹੋਈਆਂ ਹਨ।

# ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਨੇ ਪੰਜਾਬ ਦੇ ਵੱਖ-ਵੱਖ ਮੁੱਦਿਆਂ ਸਬੰਧੀ ਰਾਜਪਾਲ ਦੇ ਨਾਮ ਡੀ.ਸੀ. ਸੰਗਰੂਰ ਨੂੰ ਸੌਂਪਿਆ ਮੰਗ ਪੱਤਰ



ਸੰਗਰੂਰ, 1 ਜੂਨ (ਹਰਕੰਵਲ ਸਿੰਘ ਹੈਪੀ) : ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਦੀ ਅਗਵਾਈ ਹੇਠ ਅਕਾਲੀ ਆਗੂਆਂ ਸਮੇਤ ਵੱਡੀ ਗਿਣਤੀ ਵਿੱਚ ਵਰਕਰਾਂ ਨੇ ਪੰਥ ਤੇ ਪੰਜਾਬ ਨਾਲ ਸਬੰਧਤ ਵੱਖ ਵੱਖ ਮੁੱਦਿਆਂ ਬਾਰੇ ਡਿਪਟੀ ਕਮਿਸ਼ਨਰ ਸੰਗਰੂਰ ਪੂਨਮਦੀਪ ਕੌਰ ਰਾਹੀਂ ਗਵਰਨਰ ਪੰਜਾਬ ਦੇ ਨਾਮ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਮੁੱਖ ਆਗੂਆਂ ਵਿੱਚ ਸ਼੍ਰੋਮਣੀ ਕਮੇਟੀ ਦੇ ਸਾਬਕਾ ਪ੍ਰਧਾਨ ਭਾਈ ਗੋਬਿੰਦ ਸਿੰਘ ਲੌਂਗੋਵਾਲ, ਸਾਬਕਾ ਸੰਸਦੀ ਸਕੱਤਰ ਬਾਬੂ ਪ੍ਰਕਾਸ ਚੰਦ ਗਰਗ, ਸਾਬਕਾ ਏ.ਐਮ ਗੁਰਬਚਨ ਸਿੰਘ ਬਚੀ, ਸੀਨੀਅਰ ਆਗੂ ਜਥੇਦਾਰ ਤੇਜਾ ਸਿੰਘ ਕਮਾਲਪੁਰ, ਸੰਗਰੂਰ ਦੇ ਜ਼ਿਲ੍ਹਾ ਪ੍ਰਧਾਨ ਰਿਪੁਦਮਨ ਸਿੰਘ ਢਿੱਲੋਂ ਤੇ ਹੋਰ ਆਗੂ ਸ਼ਾਮਲ ਸਨ।

ਇਸ ਮੌਕੇ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਕਿਹਾ ਕਿ ਸਰਕਾਰ ਵੱਲੋਂ ਪੰਥ ਤੇ ਪੰਜਾਬ ਦੇ ਹਿੱਤਾਂ ਦੇ ਖਿਲਾਫ ਫੈਸਲੇ ਲਏ ਜਾ ਰਹੇ ਹਨ ਜਿਹਨਾਂ ਨੂੰ ਕਿਸੇ ਕੀਮਤ 'ਤੇ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ। ਉਹਨਾਂ ਕਿਹਾ ਕਿ ਪੰਜਾਬ ਸਿਆਸੀ ਤੌਰ 'ਤੇ ਬਹੁਤ ਮੁਸ਼ਕਲ ਹਾਲਾਤ ਵਿੱਚੋਂ ਲੰਘ ਰਿਹਾ ਹੈ। ਇਸ ਕਰਕੇ ਹਰ ਕੋਈ ਤਣਾਓ ਮਹਿਸੂਸ ਕਰ ਰਿਹਾ ਹੈ। ਸੱਤਾਧਾਰੀ ਤੇ ਵਿਰੋਧੀ ਧਿਰਾਂ ਹੁਣ ਤੱਕ ਲੋਕਾਂ ਦੀਆਂ ਉਮੀਦਾਂ ਉੱਪਰ ਖਰੀਆਂ ਨਹੀਂ ਉਤਰੀਆਂ। ਢੀਂਡਸਾ ਨੇ ਕਿਹਾ ਕਿ ਪੰਜਾਬ ਆਰਥਿਕ ਤੌਰ ਉੱਤੇ ਕਮਜ਼ੋਰ ਹੋ ਰਿਹਾ ਹੈ। ਦੇਸ਼ ਭਰ ਵਿਚ ਰਾਜ ਦੀ ਜੀ ਡੀ ਹੇਠਲੇ ਸਥਾਨ 'ਤੇ ਹੈ, ਉਹਨਾਂ ਕਿਹਾ ਕਿ ਸਿਤਮ ਦੀ ਗੱਲ ਹੈ ਕਿ ਮੁੱਖ ਮੰਤਰੀ ਭਗਵੰਤ ਮਾਨ ਤੇ ਉਸਦਾ ਕੋਈ ਮੰਤਰੀ ਪੰਜਾਬ ਦਾ ਕੋਈ ਮੁੱਦਾ ਕੇਂਦਰ ਸਰਕਾਰ ਕੋਲ ਲੈਕੇ ਹੀ ਨਹੀਂ ਜਾ ਰਿਹਾ। ਕਰਤਾਰਪੁਰ ਦਾ ਲਾਂਘਾ ਬੰਦ ਪਿਆ ਹੈ, ਸ਼੍ਰੋਮਣੀ ਕਮੇਟੀ ਚੋਣ ਦਾ ਮੁੱਦਾ ਹੈ, ਸਿੱਖ ਵਿਦਵਾਨਾਂ ਦੀ ਸਲਾਹ ਤੋਂ ਬਿਨਾਂ ਪਾਸ ਕੀਤੇ ਬੇਅਦਬੀ ਕਾਨੂੰਨ, ਬੰਦੀ ਸਿੰਘਾਂ ਦੀ ਰਿਹਾਈ ਦਾ ਮਾਮਲੇ ਤੋਂ ਇਲਾਵਾ ਪੰਜਾਬੀ ਬੋਲਦੇ ਇਲਾਕੇ ਤੇ ਪਾਣੀਆਂ ਦੀ ਵੰਡ ਵਰਗੇ ਪੰਜਾਬੀਆਂ ਦੀਆਂ ਭਾਵਨਾਵਾਂ ਜੁੜੇ ਅਹਿਮ ਮੁੱਦੇ ਹਨ, ਜਿਹਨਾਂ ਨੂੰ ਛੋਹਿਆ ਤਕ ਨਹੀਂ। ਉਹਨਾਂ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਥ ਤੇ ਪੰਜਾਬ ਨੂੰ ਮਜ਼ਬੂਤ ਬਣਾਉਣ ਲਈ ਇੱਕਜੁੱਟਤਾ ਨਾਲ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਵਲੋਂ ਸਿਧਾਂਤਾਂ 'ਤੇ ਲੋਕ ਮੁੱਦਿਆਂ ਦੀ ਲੜੇ ਜਾ ਰਹੇ ਸੰਘਰਸ਼ 'ਚ ਡੱਟਕੇ ਸ਼ਾਮਲ ਹੋਣ, ਤਾਂਕਿ ਸਰਕਾਰਾਂ ਨੂੰ ਲੋਕਾਂ ਦੀਆਂ ਮੰਗਾਂ ਮੰਨਵਾਉਣ ਲਈ ਮਜ਼ਬੂਰ ਕੀਤਾ ਜਾ ਸਕੇ।

# ਧੂਰੀ ਖੰਡ ਮਿੱਲ ਨੂੰ ਮੁੜ ਚਾਲੂ ਕਰਵਾਉਣ ਲਈ ਕਿਸਾਨਾਂ ਨੇ ਕਮਰ ਕੱਸੀ

## ਮੁੱਖ ਮੰਤਰੀ ਦੇ ਓ.ਐੱਸ.ਡੀ. ਅਤੇ ਡਿਪਟੀ ਕਮਿਸ਼ਨਰ ਨੂੰ ਦਿੱਤੇ ਜਾਣਗੇ ਮੰਗ ਪੱਤਰ



ਧੂਰੀ, 1 ਜੂਨ, (ਰਾਜੇਸ਼ਵਰ ਪਿੰਟੂ, ਅਮਨ ਗਰਗ) : ਧੂਰੀ ਇਲਾਕੇ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਮੰਨੀ ਜਾਂਦੀ ਬੰਦ ਪਈ ਖੰਡ ਮਿੱਲ ਨੂੰ ਮੁੜ ਸੁਰਜੀਤ ਕਰਨ ਲਈ ਕਿਸਾਨ ਜਥੇਬੰਦੀਆਂ ਨੇ ਸੰਘਰਸ਼ ਦਾ ਬਿਗਲ ਵਜਾ ਦਿੱਤਾ ਹੈ। ਅੱਜ ਇੱਥੇ 'ਗੰਨਾ ਕਾਸ਼ਤਕਾਰ ਸਲਾਹਕਾਰ ਕਮੇਟੀ' ਦੇ ਮੋਢੀ ਆਗੂ ਹਰਿੰਦਰ ਸਿੰਘ ਕਾਹਲੋਂ ਕਹੇਰੂ ਅਤੇ 'ਕਿਰਤੀ ਕਿਸਾਨ ਯੂਨੀਅਨ' ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਜਰਨੈਲ ਸਿੰਘ ਜਹਾਂਗੀਰ ਦੀ ਅਗਵਾਈ ਹੇਠ ਇੱਕ ਹੰਗਾਮੀ ਮੀਟਿੰਗ ਹੋਈ। ਇਸ ਅਹਿਮ ਬੈਠਕ ਵਿੱਚ ਵੱਖ-ਵੱਖ ਕਿਸਾਨ ਆਗੂਆਂ ਨੇ ਭਰਵੀਂ ਸ਼ਿਰਕਤ ਕਰਦਿਆਂ ਮਿੱਲ ਨੂੰ ਚਲਾਉਣ ਲਈ ਆਰ-ਪਾਰ ਦੀ ਲੜਾਈ ਲੜਨ ਦਾ ਅਹਿਦ ਲਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਬੁਲਾਰਿਆਂ ਨੇ ਕਿਹਾ ਕਿ ਧੂਰੀ ਖੰਡ ਮਿੱਲ ਦਾ ਇਸ ਖੇਤਰ ਦੇ ਵਿਕਾਸ ਵਿੱਚ ਬਹੁਤ ਵੱਡਾ ਯੋਗਦਾਨ ਰਿਹਾ ਹੈ। ਇਹ ਮਿੱਲ ਨਾ ਸਿਰਫ਼ ਸੈਂਕੜੇ ਬੇਰੁਜ਼ਗਾਰ ਨੌਜਵਾਨਾਂ ਦੇ ਰੁਜ਼ਗਾਰ ਦਾ ਮੁੱਖ ਸਾਧਨ ਹੈ, ਸਗੋਂ ਧਰਤੀ ਹੇਠਲੇ ਡਿੱਗ ਰਹੇ ਪਾਣੀ ਦੇ ਪੱਧਰ ਨੂੰ ਬਚਾਉਣ ਲਈ ਵੀ ਇੱਕ ਲਾਹੇਵੰਦ ਹੱਲ ਹੈ। ਆਗੂਆਂ ਨੇ ਜ਼ੋਰ ਦੇ ਕੇ ਕਿਹਾ ਕਿ ਰਵਾਇਤੀ ਝੋਨੇ-ਕਣਕ ਦੇ ਫਸਲੀ ਚੱਕਰ ਵਿੱਚੋਂ ਨਿਕਲਣ ਲਈ ਗੰਨਾ ਇੱਕ ਸਰਵੋਤਮ ਬਦਲਵੀਂ ਫਸਲ ਹੈ। ਮਿੱਲ ਦੇ ਬੰਦ ਹੋਣ ਕਾਰਨ ਅੱਜ ਇਲਾਕੇ ਦਾ ਕਿਸਾਨ ਅਤੇ ਮਜ਼ਦੂਰ ਦੋਵੇਂ ਹੀ ਗੰਭੀਰ ਸੰਕਟ ਵਿੱਚੋਂ ਗੁਜ਼ਰ ਰਹੇ ਹਨ।

ਕਿਸਾਨੀ ਹਿੱਤਾਂ ਨੂੰ ਮੁੱਖ ਰੱਖਦਿਆਂ ਇਸ ਮੌਕੇ ਸਰਬਸੰਮਤੀ ਨਾਲ ਇੱਕ ਵੱਡਾ ਫੈਸਲਾ ਲਿਆ ਗਿਆ। ਬੁਲਾਰਿਆਂ ਨੇ ਐਲਾਨ ਕੀਤਾ ਕਿ ਬੰਦ ਪਈ ਖੰਡ ਮਿੱਲ ਨੂੰ ਜਲਦ ਤੋਂ ਜਲਦ ਚਾਲੂ ਕਰਵਾਉਣ ਲਈ ਮੁੱਖ ਮੰਤਰੀ ਪੰਜਾਬ ਦੇ ਓ.ਐੱਸ.ਡੀ. ਅਤੇ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਜਲਦੀ ਹੀ ਮੰਗ ਪੱਤਰ ਸੌਂਪੇ ਜਾਣਗੇ, ਤਾਂ ਜੋ ਸੁੱਤੀ ਪਈ ਸਰਕਾਰ ਨੂੰ ਜਗਾਇਆ ਜਾ ਸਕੇ।

ਇਸ ਭਰਵੀਂ ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਗੁਰਜੀਤ ਸਿੰਘ ਭੜੀ ਮਾਨਸਾ, ਅਵਤਾਰ ਸਿੰਘ ਭੂੱਲਰਹੇੜੀ, ਹਰਭਜਨ ਸਿੰਘ ਨੰਬਰਦਾਰ, ਸਤਵੰਤ ਸਿੰਘ ਗਿੱਲ, ਮਨਪ੍ਰੀਤ ਸਿੰਘ ਬੱਬਨਪੁਰ, ਮਨਦੀਪ ਸਿੰਘ ਰੁਲਦੂ ਸਿੰਘ ਵਾਲਾ, ਰਣਜੋਧ ਸਿੰਘ ਬੱਬਨਪੁਰ, ਅਵਤਾਰ ਸਿੰਘ ਤਾਰੀ ਬੱਬਨਪੁਰ ਅਤੇ ਬਬਲਪ੍ਰੀਤ ਸਿੰਘ ਬਮਾਲ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਕਿਸਾਨ ਆਗੂ ਹਾਜ਼ਰ ਸਨ।

# ਕੈਬਨਿਟ ਮੰਤਰੀ ਅਮਨ ਅਰੋੜਾ ਵੱਲੋਂ ਕੀਤੀ ਨਵੇਂ ਕੌਂਸਲਰਾਂ ਨਾਲ ਮੀਟਿੰਗ



ਸੁਨਾਮ ਊਧਮ ਸਿੰਘ ਵਾਲਾ, 1 ਜੂਨ (ਮੋਹਣ ਸ਼ਰਮਾ /ਰਾਊਵਰਿੰਦਰ ਮਠਾੜੂ) : ਨਗਰ ਕੌਂਸਲ ਦਫ਼ਤਰ ਵਿਖੇ ਇੱਕ ਵਿਸ਼ੇਸ਼ ਮੀਟਿੰਗ ਨਵੇਂ ਬਣੇ ਕੌਂਸਲਰਾਂ ਦੀ ਹੋਈ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਨਵੇਂ ਕੌਂਸਲਰਾਂ ਦਾ ਮੂੰਹ ਮਿੱਠਾ ਕਰਵਾਉਣ ਤੋ ਬਾਅਦ ਇੱਕ ਸ਼ਹਿਰ ਦੇ ਵਾਰਡਾਂ ਦੇ ਲਈ ਇੱਕ ਵਿਸ਼ੇਸ਼ ਮੀਟਿੰਗ ਕੀਤੀ ਗਈ। ਇਸ ਮੌਕੇ 'ਤੇ ਅਮਨ ਅਰੋੜਾ ਨੇ ਕੌਂਸਲਰਾਂ ਨੂੰ ਆਦੇਸ਼ ਜਾਰੀ ਕਰਦਿਆਂ ਕਿਹਾ ਕਿ ਉਹ ਆਪਣੇ ਆਪਣੇ ਵਾਰਡਾਂ ਵਿੱਚ ਕੱਲ ਤੋਂ ਹੀ ਕੰਮ ਸ਼ੁਰੂ ਕਰ ਦੇਣ, ਤਾਂ ਜੋ ਤੁਹਾਡੇ ਵਾਰਡ ਦੇ ਲੋਕਾਂ ਨੂੰ ਆ ਰਹੀਆਂ ਮੁਸਕਲਾਂ ਦਾ ਹੱਲ ਜਲਦ ਤੋ ਜਲਦ ਹੋ ਸਕੇ। ਚਾਹੇ ਉਹ ਨਾਲੀਆਂ ਗਲੀਆਂ ਦੀ ਸਫਾਈ ਹੋਵੇ ਜਾਂ ਫਿਰ ਕਿਸੇ ਵੀ ਵਿਅਕਤੀ ਨੂੰ ਨਗਰ ਕੌਂਸਲ ਦਫ਼ਤਰ ਪ੍ਰਤੀ ਕੋਈ ਹੋਰ ਕੰਮ ਨੂੰ ਪਹਿਲ ਦੇ ਆਧਾਰ 'ਤੇ ਕਰਵਾਉਣ ਦੇ ਲਈ ਕੌਂਸਲਰਾਂ ਨੂੰ ਆਦੇਸ਼ ਦਿੱਤਾ। ਉਹਨਾਂ ਕਿਹਾ ਕਿ ਜਨ ਪ੍ਰਤੀਨਿਧੀਆ ਦੀ ਜ਼ਿੰਮੇਵਾਰੀ ਸਿਰਫ ਚੋਣ ਜਿੱਤਣ ਤੱਕ ਸੀਮਤ ਨਹੀਂ ਹੁੰਦੀ, ਸਗੋਂ ਆਪਣੇ ਵਾਰਡ ਨਿਵਾਸੀਆਂ ਦੀਆਂ ਮੁਸਕਲਾਂ ਦਾ ਹੱਲ ਯਤਨ ਕਰਨਾ ਵੀ ਉਹਨਾਂ ਦਾ ਫਰਜ਼ ਬਣਦਾ ਹੈ। ਇਸ ਮੌਕੇ 'ਤੇ ਈ ਓ ਨਗਰ ਕੌਂਸਲ ਸੰਜੀਵ ਸੰਜੂ ਮਾਰਕੀਟ ਕਮੇਟੀ ਦੇ ਚੇਅਰਮੈਨ ਮੁਕੇਸ਼ ਜੁਨੇਜਾ ਯਸ਼ਪਾਲ ਮੰਗਲਾ ਅਤੇ ਵੱਡੀ ਗਿਣਤੀ ਵਿੱਚ ਨਵਨਿਯੁਕਤ ਕੌਂਸਲਰ ਹਾਜ਼ਰ ਸਨ।

# ਪੀ.ਏ.ਯੂ.-ਕੇ.ਵੀ.ਕੇ., ਸੰਗਰੂਰ ਨੇ ਕਿਸਾਨਾਂ ਨੂੰ ਖਾਦਾਂ ਦੀ ਸੰਤੁਲਿਤ ਵਰਤੋਂ ਸਬੰਧੀ ਕੀਤਾ ਜਾਗਰੂਕ



ਦਿੜ੍ਹਬਾ, 1 ਜੂਨ (ਹੈਪੀ) : ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ ਖੇਤੀਬਾੜੀ ਵਿਭਾਗ ਦੇ ਸਹਿਯੋਗ ਨਾਲ ਪਿੰਡ ਕਮਾਲਪੁਰਾ, ਬਲਾਕ ਦਿੜ੍ਹਬਾ ਵਿਖੇ 'ਸੰਤੁਲਿਤ ਖਾਦ ਪ੍ਰਬੰਧ' ਵਿਸ਼ੇ 'ਤੇ ਕਿਸਾਨ ਜਾਗਰੂਕਤਾ ਪ੍ਰੋਗਰਾਮ ਕੀਤਾ ਗਿਆ, ਜਿਸ ਵਿੱਚ 4 ਚਾਰ ਦਰਜਨ ਦੇ ਕਰੀਬ ਕਿਸਾਨਾਂ ਨੇ ਭਾਗ ਲਿਆ।

ਇਸ ਕੈਂਪ ਦੌਰਾਨ ਡਾ. ਮਨਦੀਪ ਸਿੰਘ, ਇੰਚਾਰਜ, ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਨੇ ਕਿਸਾਨਾਂ ਨੂੰ ਫਸਲਾਂ ਵਿੱਚ ਸੰਤੁਲਿਤ ਖਾਦ ਪ੍ਰਬੰਧ ਦੀ ਮਹੱਤਤਾ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਫ਼ਸਲ ਵਿੱਚ ਖਾਦਾਂ ਦੀ ਵਰਤੋਂ ਮਿੱਟੀ ਪਰਖ ਆਧਾਰ 'ਤੇ ਸਹੀ ਮਾਤਰਾ, ਸਹੀ ਸਮੇਂ ਅਤੇ ਸਹੀ ਢੰਗ ਅਨੁਸਾਰ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਕਿਸਾਨਾਂ ਨੂੰ ਰਸਾਇਣਕ ਖਾਦਾਂ, ਖਾਸ ਕਰਕੇ ਯੂਰੀਆ ਅਤੇ ਫਾਸਫੋਰਸ ਦੀ ਲੋੜ ਤੋਂ ਵੱਧ ਵਰਤੋਂ ਕਰਨ ਤੋਂ ਗ਼ੁਰੇਜ਼ ਕਰਨ ਦੀ ਸਲਾਹ ਦਿੱਤੀ ਅਤੇ ਏਕੀਕ੍ਰਿਤ ਪੌਸ਼ਟਿਕ ਤੱਤ ਪ੍ਰਬੰਧਨ 'ਤੇ ਜ਼ੋਰ ਦਿੱਤਾ।

ਉਨ੍ਹਾਂ ਝੋਨੇ ਅਤੇ ਬਾਸਮਤੀ ਵਿੱਚ ਨਾਈਟ੍ਰੋਜਨ, ਫਾਸਫੋਰਸ ਅਤੇ ਪੋਟਾਸ਼ ਦੀ ਸੰਤੁਲਿਤ ਵਰਤੋਂ ਸਬੰਧੀ ਵਿਗਿਆਨਕ ਜਾਣਕਾਰੀ ਸਾਂਝੀ ਕੀਤੀ। ਉਹਨਾਂ ਕਿਹਾ ਕਿ ਜੇਕਰ ਕਣਕ ਦੀ ਫਸਲ ਨੂੰ ਸਿਫਾਰਸ਼ ਕੀਤੀ ਮਾਤਰਾ ਵਿੱਚ ਡੀ ਏ ਪੀ ਖਾਦ ਪਾਈ ਗਈ ਹੋਵੇ ਤਾਂ ਸਾਉਣੀ ਦੌਰਾਨ ਝੋਨੇ ਵਿੱਚ ਫਾਸਫੋਰਸ ਵਾਲੀ ਖਾਦ ਪਾਉਣ ਦੀ ਲੋੜ ਨਹੀਂ ਹੁੰਦੀ। ਉਹਨਾਂ ਝੋਨੇ ਵਿੱਚ ਯੂਰੀਆ ਖਾਦ ਦੀ ਸੁਚੱਜੀ ਵਰਤੋਂ ਲਈ ਖੇਤ ਨੂੰ ਕੱਦੂ ਕਰਨ ਤੋਂ ਪਹਿਲਾਂ ਇਸ ਦੀ ਸੁੱਕੇ ਖੇਤ ਵਿੱਚ ਵਰਤੋਂ ਤੋਂ ਗ਼ੁਰੇਜ਼ ਕਰਨ ਲਈ ਵੀ ਆਖਿਆ। ਇਸ ਤੋਂ ਇਲਾਵਾ ਉਹਨਾਂ ਮਿੱਟੀ ਪਰਖ ਲਈ ਨਮੂਨਾ ਲੈਣ ਦੇ ਵਿਗਿਆਨਕ ਢੰਗ ਬਾਰੇ ਵੀ ਜਾਣਕਾਰੀ ਦਿੱਤੀ।

ਡਾ. ਰਵਿੰਦਰ ਕੌਰ , ਸਹਿਯੋਗੀ ਪ੍ਰੋਫੈਸਰ ਸਹਾਇਕ (ਬਾਗਬਾਨੀ) ਨੇ ਕਿਸਾਨਾਂ ਨੂੰ ਬਾਗਬਾਨੀ ਫ਼ਸਲਾਂ ਵਿੱਚ ਖਾਦ ਪ੍ਰਬੰਧਨ ਦੀਆਂ ਵਿਗਿਆਨਕ ਵਿਧੀਆਂ ਬਾਰੇ ਜਾਣਕਾਰੀ ਦਿੱਤੀ। ਉਹਨਾਂ ਕਿਸਾਨਾਂ ਨੂੰ ਗਰਮੀ ਰੁੱਤ ਦੌਰਾਨ ਫਲਦਾਰ ਬੂਟਿਆਂ ਅਤੇ ਸਬਜ਼ੀਆਂ ਦੀ ਦੇਖਭਾਲ ਬਾਰੇ ਵੀ ਜਾਣਕਾਰੀ ਦਿੱਤੀ। ਉਹਨਾਂ ਕਿਸਾਨਾਂ ਨੂੰ ਸਬਜ਼ੀਆਂ ਦੀਆਂ ਨਵੀਆਂ ਅਤੇ ਉੱਨਤ ਕਿਸਮਾਂ ਬਾਰੇ ਵੀ ਜਾਣਕਾਰੀ ਦਿੱਤੀ।

ਡਾ. ਮਨਜੀਤ ਕੌਰ, ਖੇਤੀਬਾੜੀ ਵਿਕਾਸ ਅਫਸਰ, ਸੁਨਾਮ ਨੇ ਕਿਸਾਨਾਂ ਨੂੰ ਪੀ.ਏ.ਯੂ. ਵੱਲੋਂ ਪ੍ਰਮਾਣਿਤ ਝੋਨੇ ਦੀਆਂ ਘੱਟ ਸਮੇਂ ਦੀਆਂ ਕਿਸਮਾਂ ਬੀਜਣ ਦੇ ਫਾਇਦਿਆਂ ਬਾਰੇ ਜਾਣਕਾਰੀ ਦਿੱਤੀ। ਉਹਨਾਂ ਝੋਨੇ ਵਿੱਚ ਮਧਰੇਪਣ ਦੇ ਰੋਗ ਅਤੇ ਹਲਦੀ ਰੋਗ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਹਨਾਂ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਅਤੇ ਸਾਉਣੀ ਰੁੱਤ ਦੀ ਮੱਕੀ ਬੀਜਣ ਲਈ ਵੀ ਉਤਸ਼ਾਹਿਤ ਕੀਤਾ।

ਉਹਨਾਂ ਕਿਸਾਨਾਂ ਨੂੰ ਕਿਸਾਨ ਆਈ. ਡੀ. ਅਤੇ ਪੀ. ਐਮ. ਕਿਸਾਨ ਸਕੀਮ ਬਾਰੇ ਵੀ ਜਾਣਕਾਰੀ ਦਿੱਤੀ। ਅਖੀਰ ਵਿੱਚ ਕਿਸਾਨਾਂ ਨੂੰ ਖੇਤੀਬਾੜੀ ਸਾਹਿਤ ਵੰਡਿਆ ਗਿਆ। ਇਸ ਕੈਂਪ ਨੂੰ ਕਾਮਯਾਬ ਬਣਾਉਣ ਵਿੱਚ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਅਤੇ ਅਗਾਂਹਵਧੂ ਕਿਸਾਨ ਸ. ਹਰਪ੍ਰੀਤ ਸਿੰਘ ਨੇ ਵਿਸ਼ੇਸ਼ ਯੋਗਦਾਨ ਪਾਇਆ।

# ਸੀਨੀਅਰ ਸਿਟੀਜ਼ਨਾਂ ਦੇ ਜਨਮ ਦਿਨ ਮਨਾਏ



ਧੂਰੀ, 1 ਜੂਨ (ਰਾਜੇਸ਼ਵਰ ਪਿੰਟੂ, ਅਮਨ ਗਰਗ) : ਸੀਨੀਅਰ ਸਿਟੀਜਨ ਆਫ ਧੂਰੀ ਵੈਲਫੇਅਰ ਐਸੋਸੀਏਸ਼ਨ, ਰਾਮ ਬਾਗ ਪਾਰਕ ਦੇ ਯੋਗਾ ਹਾਲ 'ਚ ਮਹੀਨਾਵਾਰ ਮੀਟਿੰਗ ਸੁਖਵੀਰ ਸਿੰਘ ਦੀ ਪ੍ਰਧਾਨਗੀ ਹੇਠ ਹੋਈ। ਇਸੇ ਦੌਰਾਨ ਰਾਈਸਿਲਾ ਹੈਲਥ ਫੂਡਜ਼ ਲਿਮ: ਧੂਰੀ ਦੇ ਡਾਇਰੈਕਟਰ ਪ੍ਰਸ਼ੋਤਮ ਦਾਸ ਗਰਗ ਦਾ ਜਨਮ ਦਿਨ ਮਨਾਇਆ ਗਿਆ ਅਤੇ ਉਨ੍ਹਾਂ ਨੂੰ ਲੋਈ ਅਤੇ ਗਿਫਟ ਦੇ ਕੇ ਸਨਮਾਨਿਤ ਕੀਤਾ ਗਿਆ । ਇਸੇ ਹੀ ਦੌਰਾਨ ਸਾਥੀ ਮੈਂਬਰਾਂ ਫਕੀਰ ਸਿੰਘ, ਸਖਦੇਵ ਸਿੰਘ, ਮਾ. ਬੁੱਧ ਰਾਮ, ਹਰਮਿੰਦਰ ਸਿੰਘ, ਹਰਨੇਕ ਸਿੰਘ, ਗੁਰਬਖਸ ਸਿੰਘ, ਬਲਜੀਤ ਸਿੰਘ, ਚਰਨਜੀਤ ਸਿੰਘ ਈਸੜਾ, ਦਰਸ਼ਨ ਸਿੰਘ ਰੇਲਵੇ, ਰਵਿੰਦਰ ਸ਼ਰਮਾ, ਅਨਿਲ ਕੁਮਾਰ, ਰਣਜੀਤ ਅਜਾਦ, ਦਰਸ਼ਨ ਸਿੰਘ, ਜਗਦੇਵ ਸੋਹੀ, ਦਵਿੰਦਰ ਸਿੰਘ ਸਿੱਧੂ ਦੇ ਜਨਮ ਦਿਨ ਮਨਾਏ ਗਏ। ਉਨ੍ਹਾਂ ਦੇ ਐਸੋਸੀਏਸ਼ਨ ਵੱਲੋਂ ਹਾਰ ਪਾ ਕੇ ਅਤੇ ਯਾਦਗਾਰੀ ਗਿਫਟ ਦੇ ਕੇ ਸਨਮਾਨਿਤ ਕੀਤਾ ਗਿਆ ਅਤੇ ਮੈਂਬਰਸ਼ਿਪ ਲੈਣ ਵਾਲੇ ਨਵੇਂ ਮੈਂਬਰਾਂ ਦਾ ਸਵਾਗਤ ਕੀਤਾ ਗਿਆ। ਜਸਪਾਲ ਭੁੱਲਰ ਨੇ ਸਟੇਜ ਸਕੱਤਰ ਦਾ ਫਰਜ਼ ਬਾਖੂਬੀ ਨਿਭਾਇਆ। ਅਖੀਰ ਵਿੱਚ ਪ੍ਰੀਤਮ ਸਿੰਘ ਨੇ ਆਏ ਮੈਂਬਰਾਂ ਦਾ ਧੰਨਵਾਦ ਕੀਤਾ।

# ਲੁਟੇਰਿਆਂ ਦਾ ਨਵਾਂ ਪੈਂਤੜਾ ਪੁੱਤ ਦਾ ਸਾਢੂ ਬਣ ਕੇ ਮਾਰੀ ਲੱਖਾਂ ਦੀ ਠੱਗੀ

ਬਠਿੰਡਾ, 1 ਜੂਨ (ਦੀਪਕ ਸ਼ਰਮਾ) : ਮੈਂ ਤੁਹਾਡੇ ਬੇਟੇ ਦਾ ਸਾਢੂ ਬੋਲ ਰਿਹਾ ਹਾਂ, ਬਹੁਤ ਵੱਡੀ ਮੁਸੀਬਤ ਵਿੱਚ ਫਸ ਗਿਆ ਹਾਂ, ਤੁਰੰਤ ਪੈਸਿਆਂ ਦੀ ਲੋੜ ਹੈ। ਮੋਬਾਈਲ ਫੋਨ 'ਤੇ ਆਈ ਇਸ ਇੱਕ ਝੂਠੀ ਕਾਲ ਨੇ ਸਥਾਨਕ ਜ਼ਿਲ੍ਹੇ ਦੇ ਇੱਕ ਭੋਲੇ-ਭਾਲੇ ਪਰਿਵਾਰ ਦੀ ਖ਼ੂਨ-ਪਸੀਨੇ ਦੀ ਕਮਾਈ 'ਤੇ ਡਾਕਾ ਮਾਰ ਦਿੱਤਾ। ਰਿਸ਼ਤੇਦਾਰੀ ਦਾ ਨਾਜਾਇਜ਼ ਫਾਇਦਾ ਚੁੱਕ ਕੇ ਸਾਈਬਰ ਅਪਰਾਧੀਆਂ ਨੇ ਪੀੜਤ ਵਿਅਕਤੀ ਨੂੰ ਬੇਹੱਦ ਮਜਬੂਰੀ ਦਾ ਹਵਾਲਾ ਦਿੱਤਾ ਅਤੇ ਉਸ ਕੋਲੋਂ 1,45,000 ਰੁਪਏ ਦੀ ਰਕਮ ਬੜੀ ਚਲਾਕੀ ਨਾਲ ਆਪਣੇ ਖਾਤੇ ਵਿੱਚ ਟ੍ਰਾਂਸਫਰ ਕਰਵਾ ਲਈ। ਭੋਲੇਪਨ ਵਿੱਚ ਪੀੜਤ ਨੇ ਪੈਸੇ ਤਾਂ ਭੇਜ ਦਿੱਤੇ, ਪਰ ਬਾਅਦ ਵਿੱਚ ਜਦੋਂ ਅਸਲ ਰਿਸ਼ਤੇਦਾਰ ਨਾਲ ਗੱਲ ਕੀਤੀ ਤਾਂ ਪਤਾ ਲੱਗਾ ਕਿ ਪਰਿਵਾਰ ਵਿੱਚ ਕਿਸੇ ਨੇ ਅਜਿਹਾ ਕੋਈ ਫੋਨ ਹੀ ਨਹੀਂ ਸੀ ਕੀਤਾ। ਇਸ ਸਬੰਧੀ ਪੀੜਤ ਵੱਲੋਂ ਦਿੱਤੀ ਸ਼ਿਕਾਇਤ 'ਤੇ ਕਾਰਵਾਈ ਕਰਦਿਆਂ ਸਾਈਬਰ ਥਾਣੇ ਦੀ ਪੁਲਿਸ ਨੇ ਮੁੱਢਲੀ ਜਾਂਚ ਤੋਂ ਬਾਅਦ ਲੰਘੀ 27 ਮਈ 2026 ਨੂੰ ਅਣਪਛਾਤੇ ਠੱਗ ਖ਼ਿਲਾਫ਼ ਨਵੀਂ ਕਾਨੂੰਨੀ ਧਾਰਾ ਬੀਐਨਐਸ ਤਹਿਤ ਮੁਕੱਦਮਾ ਦਰਜ ਕਰਕੇ ਅਗਲੇਰੀ ਪੜਤਾਲ ਸ਼ੁਰੂ ਕਰ ਦਿੱਤੀ ਹੈ।

ਬਠਿੰਡਾ ਪੁਲਿਸ ਦੇ ਸਾਈਬਰ ਕ੍ਰਾਈਮ ਥਾਣੇ ਨੇ ਇਨ੍ਹਾਂ ਡਿਜੀਟਲ ਲੁਟੇਰਿਆਂ ਖ਼ਿਲਾਫ਼ ਸ਼ਿਕੰਜਾ ਕਸਦਿਆਂ ਵੱਖ-ਵੱਖ ਮਾਮਲਿਆਂ ਵਿੱਚ ਮੁਕੱਦਮੇ ਦਰਜ ਕੀਤੇ ਹਨ, ਜਿੱਥੇ ਕਥਿਤ ਠੱਗਾਂ ਨੇ ਵੱਖ-ਵੱਖ ਨਵੇਂ ਢੰਗ-ਤਰੀਕੇ ਅਪਣਾ ਕੇ ਲੱਖਾਂ ਰੁਪਏ ਦੀ ਲੁੱਟ ਕੀਤੀ ਹੈ।

ਇਸੇ ਲੜੀ ਤਹਿਤ ਇੱਕ ਹੋਰ ਵੱਡਾ ਮਾਮਲਾ ਸ਼ਹਿਰ ਦੇ ਇੱਕ ਨਜ਼ਦੀਕੀ ਇਲਾਕੇ ਤੋਂ ਸਾਹਮਣੇ ਆਇਆ, ਜਿੱਥੇ ਸ਼ੇਅਰ ਬਾਜ਼ਾਰ ਵਿੱਚ ਮੁਨਾਫ਼ਾ ਕਮਾਉਣ ਦੇ ਨਾਂ 'ਤੇ ਇੱਕ ਵਿਅਕਤੀ ਨਾਲ 42,50,520 ਰੁਪਏ ਦੀ ਮਹਾਂ-ਠੱਗੀ ਮਾਰੀ ਗਈ। ਪੀੜਤ ਨੇ ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਦੱਸਿਆ ਕਿ ਉਹ ਇੰਟਰਨੈੱਟ 'ਤੇ ਕੋਈ ਜਾਣਕਾਰੀ ਲੱਭ ਰਿਹਾ ਸੀ, ਜਿੱਥੇ ਉਸ ਨੂੰ ਇੱਕ ਵਟਸਐਪ ਗਰੁੱਪ ਦਾ ਲਿੰਕ ਮਿਲਿਆ। ਗਰੁੱਪ ਵਿੱਚ ਸ਼ਾਮਲ ਇੱਕ ਨਿਵੇਸ਼ ਕੰਪਨੀ ਦੀ ਕਥਿਤ ਮਹਿਲਾ ਮੈਂਬਰ ਨੇ ਉਸ ਨੂੰ ਰਾਤੋ-ਰਾਤ ਅਮੀਰ ਹੋਣ ਦੇ ਸਬਜ਼ਬਾਗ ਦਿਖਾਏ। ਸ਼ੁਰੂਆਤ ਵਿੱਚ ਮਾੜਾ-ਮੋਟਾ ਫਾਇਦਾ ਦਿਖਾ ਕੇ ਮੁਲਜ਼ਮਾਂ ਨੇ ਉਸ ਦਾ ਅੰਨ੍ਹਾ ਭਰੋਸਾ ਜਿੱਤ ਲਿਆ ਅਤੇ ਫਿਰ ਵੱਖ-ਵੱਖ ਬੈਂਕ ਖਾਤਿਆਂ ਵਿੱਚ ਪੈਸੇ ਪੁਆਉਂਦੇ ਰਹੇ। ਇਹ ਸਿਲਸਿਲਾ ਲੰਘੀ 30 ਮਾਰਚ 2026 ਤੋਂ 21 ਮਈ 2026 ਤੱਕ ਲਗਾਤਾਰ ਚੱਲਦਾ ਰਿਹਾ। ਜਦੋਂ ਪੀੜਤ ਨੇ ਆਪਣਾ ਮੂਲ ਅਤੇ ਮੁਨਾਫ਼ਾ ਕਢਵਾਉਣਾ ਚਾਹਿਆ ਤਾਂ ਅੱਗੋਂ ਹੋਰ ਮੋਟੀ ਰਕਮ ਦੀ ਮੰਗ ਕੀਤੀ ਗਈ, ਜਿਸ ਤੋਂ ਬਾਅਦ ਉਸ ਨੂੰ ਅਹਿਸਾਸ ਹੋਇਆ ਕਿ ਉਹ ਲੁਟੇਰਿਆਂ ਦੇ ਜਾਲ ਵਿੱਚ ਫਸ ਚੁੱਕਾ ਹੈ। ਸਾਈਬਰ ਥਾਣੇ ਨੇ ਇਸ ਸਬੰਧੀ ਵੀ ਲੰਘੀ 27 ਮਈ 2026 ਨੂੰ ਵੱਡੀ ਧਾਰਾ ਤਹਿਤ ਪਰਚਾ ਦਰਜ ਕਰ ਲਿਆ ਹੈ।

ਠੱਗਾਂ ਦੀ ਬੇਖ਼ੌਫ਼ੀ ਦਾ ਆਲਮ ਇਹ ਹੈ ਕਿ ਉਨ੍ਹਾਂ ਨੇ ਪੜ੍ਹੇ-ਲਿਖੇ ਵਰਗ ਨੂੰ ਵੀ ਨਹੀਂ ਬਖ਼ਸ਼ਿਆ। ਸਥਾਨਕ ਸ਼ਹਿਰ ਦੀ ਹੀ ਰਹਿਣ ਵਾਲੀ ਇੱਕ ਮਹਿਲਾ ਡਾਕਟਰ ਵੀ ਇਸ ਆਧੁਨਿਕ ਠੱਗੀ ਦਾ ਸ਼ਿਕਾਰ ਹੋਈ ਹੈ। ਉਸ ਮਹਿਲਾ ਡਾਕਟਰ ਨੂੰ ਸਾਈਬਰ ਅਪਰਾਧੀਆਂ ਨੇ ਆਨਲਾਈਨ ਮਾਧਿਅਮ ਰਾਹੀਂ ਤੁਰਦੇ-ਫਿਰਦੇ ਆਪਣੇ ਝਾਂਸੇ ਵਿੱਚ ਲਿਆ ਅਤੇ ਕਾਨੂੰਨੀ ਕਾਰਵਾਈ ਦਾ ਡਰ ਦਿਖਾ ਕੇ ਲੱਖਾਂ ਰੁਪਏ ਦੀ ਰਕਮ ਹੜੱਪ ਲਈ। ਪੁਲਿਸ ਹੁਣ ਇਸ ਮਾਮਲੇ ਦੀ ਵੀ ਬਾਰੀਕੀ ਨਾਲ ਜਾਂਚ ਕਰ ਰਹੀ ਹੈ ਤਾਂ ਜੋ ਪਤਾ ਲੱਗਾ ਸਕੇ ਕਿ ਇਸ ਡਿਜੀਟਲ ਗਿਰੋਹ ਦੇ ਤਾਰ ਕਿੱਥੇ ਜੁੜੇ ਹੋਏ ਹਨ।

ਜੇਕਰ ਕੋਈ ਵਿਅਕਤੀ ਇਸ ਡਿਜੀਟਲ ਜਾਲ ਦਾ ਸ਼ਿਕਾਰ ਹੋ ਜਾਂਦਾ ਹੈ, ਤਾਂ ਸਭ ਤੋਂ ਪਹਿਲਾਂ ਬਿਨਾਂ ਸਮਾਂ ਗੁਆਏ ਕੇਂਦਰੀ ਸਾਈਬਰ ਹੈਲਪਲਾਈਨ ਨੰਬਰ 1930 'ਤੇ ਕਾਲ ਕਰਨੀ ਚਾਹੀਦੀ ਹੈ, ਕਿਉਂਕਿ ਪਹਿਲੇ ਕੁਝ ਘੰਟਿਆਂ ਵਿੱਚ ਸ਼ਿਕਾਇਤ ਮਿਲਣ 'ਤੇ ਬੈਂਕ ਖਾਤੇ ਫਰੀਜ਼ ਕਰਵਾ ਕੇ ਪੈਸੇ ਵਾਪਸ ਆਉਣ ਦੀ ਸੰਭਾਵਨਾ ਬਣੀ ਰਹਿੰਦੀ ਹੈ। ਇਸ ਤੋਂ ਇਲਾਵਾ ਭਾਰਤ ਸਰਕਾਰ ਦੇ ਅਧਿਕਾਰਤ ਪੋਰਟਲ 'ਤੇ ਜਾ ਕੇ ਵੀ ਆਨਲਾਈਨ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ। ਕਿਸੇ ਵੀ ਅਣਜਾਣ ਲਿੰਕ 'ਤੇ ਕਲਿੱਕ ਨਾ ਕਰਨਾ, ਕਿਸੇ ਦੇ ਕਹਿਣ 'ਤੇ ਕੋਈ ਐਪ ਡਾਊਨਲੋਡ ਨਾ ਕਰਨਾ ਅਤੇ ਆਪਣੇ ਪਿੰਨ ਨੰਬਰ ਜਾਂ ਓਟੀਪੀ ਸਾਂਝੇ ਨਾ ਕਰਨਾ ਹੀ ਇਸ ਦਾ ਸਭ ਤੋਂ ਵੱਡਾ ਬਚਾਅ ਹੈ। ਲੋਕਾਂ ਨੂੰ ਖੁਦ ਸੁਚੇਤ ਹੋਣਾ ਪਵੇਗਾ, ਕਿਉਂਕਿ ਸਾਡੀ ਇੱਕ ਛੋਟੀ ਜਿਹੀ ਅਣਗਹਿਲੀ ਜ਼ਿੰਦਗੀ ਭਰ ਦੀ ਕਮਾਈ ਨੂੰ ਪਲਾਂ ਵਿੱਚ ਸਾਫ਼ ਕਰ ਸਕਦੀ ਹੈ।

# ਪੈਟਰੋਲ-ਡੀਜ਼ਲ ਦੀਆਂ ਕੀਮਤਾਂ 'ਚ ਵਾਧੇ ਖ਼ਿਲਾਫ਼ ਕਾਂਗਰਸੀਆਂ ਨੇ ਮੋਦੀ ਸਰਕਾਰ ਦਾ ਪੁਤਲਾ ਫੂਕਿਆ



ਧੂਰੀ, 1 ਜੂਨ, (ਰਾਜੇਸ਼ਵਰ ਪਿੰਟੂ, ਅਮਨ ਗਰਗ) : ਪੈਟਰੋਲ, ਡੀਜ਼ਲ ਅਤੇ ਰਸੋਈ ਗੈਸ ਦੀਆਂ ਲਗਾਤਾਰ ਵੱਧ ਰਹੀਆਂ ਕੀਮਤਾਂ ਦੇ ਵਿਰੋਧ ਵਿੱਚ ਅੱਜ ਸਾਬਕਾ ਹਲਕਾ ਵਿਧਾਇਕ ਦਲਵੀਰ ਸਿੰਘ ਗੋਲਡੀ ਦੀ ਅਗਵਾਈ ਹੇਠ ਮੋਦੀ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ ਕੀਤਾ ਗਿਆ ਅਤੇ ਸਰਕਾਰ ਦਾ ਪੁਤਲਾ ਫੂਕਿਆ ਗਿਆ। ਵੱਖ ਵੱਖ ਬੁਲਾਰਿਆਂ ਨੇ ਕਿਹਾ ਕਿ ਮਹਿੰਗਾਈ ਨੇ ਆਮ ਲੋਕਾਂ ਦਾ ਜੀਵਨ ਮੁਸ਼ਕਲ ਬਣਾ ਦਿੱਤਾ ਹੈ। ਪੈਟਰੋਲ, ਡੀਜ਼ਲ ਅਤੇ ਗੈਸ ਦੀਆਂ ਵਧਦੀਆਂ ਕੀਮਤਾਂ ਕਾਰਨ ਹਰ ਵਰਗ ਪ੍ਰਭਾਵਿਤ ਹੋ ਰਿਹਾ ਹੈ। ਉਨ੍ਹਾਂ ਕੇਂਦਰ ਸਰਕਾਰ ਨੂੰ ਲੋਕ ਵਿਰੋਧੀ ਨੀਤੀਆਂ ਛੱਡ ਕੇ ਤੁਰੰਤ ਕੀਮਤਾਂ ਵਿੱਚ ਕਮੀ ਕਰਨ ਦੀ ਮੰਗ ਕੀਤੀ। ਪ੍ਰਦਰਸ਼ਨ ਦੌਰਾਨ ਵਰਕਰਾਂ ਨੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਲੋਕ ਹਿੱਤਾਂ ਦੀ ਰੱਖਿਆ ਦੀ ਮੰਗ ਕੀਤੀ। ਇਸ ਮੌਕੇ ਗੁਰਪਿਆਰ ਸਿੰਘ ਧੂਰਾ ਪੀਸੀਸੀ ਮੈਂਬਰ, ਚੇਅਰਮੈਨ ਜਗਤਾਰ ਸਿੰਘ ਤਾਰਾ ਬੇਨੜਾ, ਹੰਸਰਾਜ ਗੁਪਤਾ, ਨਰੇਸ਼ ਕੁਮਾਰ ਮੰਗੀ, ਮਹਾਂਵੀਰ ਸਿੰਘ ਫੌਜੀ ਸਾਬਕਾ ਕੌਂਸਲਰ, ਪ੍ਰੇਮ ਕੁਮਾਰ ਗੋਇਲ ਸਾਬਕਾ, ਗੁਰਸ਼ਰਨ ਸਿੰਘ ਗੋਲਡੀ, ਸਤਵਿੰਦਰ ਸਿੰਘ ਛਿੰਦੀ ਤੇ ਹੋਰ ਕਾਂਗਰਸ ਵਰਕਰ ਹਾਜ਼ਰ ਰਹੇ!

# ਸਾਬਕਾ ਫ਼ੌਜੀਆਂ ਦੇ ਹੱਕਾਂ ਲਈ ਪੰਜਾਬ ਸੈਨਿਕ ਵਿੰਗ ਸਰਗਰਮ, ਡੀ.ਸੀ. ਨੂੰ ਸੌਂਪੇਗੀ ਮੰਗ ਪੱਤਰ



ਬਰਨਾਲਾ, 1 ਜੂਨ (ਹਮੀਰ ਸਿੰਘ) : ਪੰਜਾਬ ਸੈਨਿਕ ਵਿੰਗ ਦੀ ਹਗਾਮੀ ਮੀਟਿੰਗ ਹੋਈ, ਜਿਸ ਵਿੱਚ ਜਿਲ੍ਹਾ ਕਮੇਟੀ ਦੇ ਸਮੂਹ ਮੈਬਰਾਂ ਨੇ ਸ਼ਮੂਲੀਅਤ ਕੀਤੀ ਇਹ ਮੀਟਿੰਗ ਸੂਬੇਦਾਰ ਸੌਦਾਗਰ ਸਿੰਘ ਅਤੇ ਸੂਬੇਦਾਰ ਕਮਲਜੀਤ ਸ਼ਰਮਾ ਦੀ ਪ੍ਰਧਾਨਗੀ ਹੇਠ ਹੋਈ ਇਹ ਜਾਣਕਾਰੀ ਜਿਲ੍ਹਾ ਪ੍ਰਧਾਨ ਸੂਬੇਦਾਰ ਮੇਜਰ ਰਾਜ ਸਿੰਘ ਨੇ ਪ੍ਰੈਸ ਨੋਟ ਜਾਰੀ ਕਰਕੇ ਰਿਲੀਜ਼ ਕੀਤੀ ਹਾਜ਼ਰੀਨ ਨੂੰ ਸਬੋਧਨ ਕਰਦਿਆ ਸੂਬਾ ਪ੍ਰਧਾਨ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਜਿਵੇਂ ਪੰਜਾਬ ਸਰਕਾਰ ਨੇ ਠੇਕੇਦਾਰੀ ਸਿਸਟਮ ਨੂੰ ਅਲਵਿਦਾ ਕਿਹਾ ਹੈ ਓਸੇ ਤਰਜ ਤੇ ਸਾਬਕਾ ਫੌਜੀਆ ਵਾਸਤੇ ਭੀ ਸਰਕਾਰ ਨੂੰ ਚਾਹੀਦਾ ਹੈ ਕਿ ਪੈਸਕੋ ਵਰਗੀਆਂ ਸੰਸਥਾਵਾਂ ਨੂੰ ਖਤਮ ਕਰਨਾ ਚਾਹੀਦਾ ਹੈ ਤਾਕਿ ਉਹ ਮਹਿਕਮਿਆਂ ਵੱਲੋ ਮਿਲਣ ਵਾਲੀਆ ਤਨਖਾਹਾਂ ਵਿੱਚੋ ਅਧੀਆ ਤਨਖਾਹਾਂ ਨਾ ਹੜੱਪਣ ਅਤੇ ਪੂਰੀਆ ਤਨਖਾਹਾਂ ਫੌਜੀਆ ਨੂੰ ਮਿਲ ਸਕਣ ਇਹਨਾਂ ਵਿਚੋਲਿਆ ਨੂੰ ਖਤਮ ਕਰਵਾਉਣ ਲਈ ਅਤੇ ਸਾਬਕਾ ਫੌਜੀ ਵੀਰਾ ਨੂੰ ਉਹਨਾਂ ਦਾ ਪੂਰੇ ਮਿਹਨਤਾਨੇ ਦਿਵਾਉਣ ਲਈ ਸਘੰਰਸ਼ ਵਿੱਡਾਗੇ ਉਹਨਾਂ ਇਸ ਦਾ ਭੀ ਨੋਟਿਸ ਲਿਆ ਕੇ ਜਦ ਭੀ ਕੋਈ ਸਾਬਕਾ ਸੈਨਿਕ ਸਿਕਿਓਰਿਟੀ ਡਿਊਟੀ ਲਈ ਗਨ ਲਾਇਸੈਂਸ ਬਣਾਉਣ ਸੰਬਤੱਤ ਅਧਿਕਾਰੀਆ ਕੋਲ ਜਾਦਾ ਹੈ ਤਾਂ ਉਸ ਨੂੰ 21 ਹਜਾਰ ਰੁਪਏ ਰੈੱਡ ਕਰਾਸ ਫੰਡ ਵਿੱਚ ਦਾਨ ਦੇਣ ਲਈ ਕਿਹਾ ਜਾਦਾ ਹੈ ਇਸ ਸਬੰਧੀ ਮਾਣਯੋਗ ਡੀ ਸੀ ਸਾਹਿਬ ਨੂੰ ਇਕ ਮੰਗ ਪੱਤਰ ਦੇਵਾਂਗੇ ਜੇਕਰ ਸੁਣਵਾਈ ਨਾ ਹੋਈ ਤਾਂ ਇੱਕ ਦਿਨ ਦੀ ਸਕੇਤਕ ਭੁੱਖ ਹੜਤਾਲ ਸ਼ਹੀਦਾ ਦੀ ਗੈਲਰੀ ਹੇਠ ਮੇਰੇ ਅਤੇ ਸਾਥੀਆਂ ਵਲੋਂ ਕੀਤੀ ਜਾਵੇਗੀ ਸੂਬੇਦਾਰ ਮੇਜਰ ਅਮਰਜੀਤ ਸਿੰਘ ਨੂੰ ਸਰਕਲ ਤਪਾ ਦਾ ਪ੍ਰਧਾਨ ਥਾਪਿਆ ਗਿਆ ਇਸ ਮੌਕੇ ਕੈਪਟਨ ਵਿਕਰਮ ਸਿੰਘ ਵਾਰੰਟ ਅਫ਼ਸਰ ਬਲਵਿੰਦਰ ਸਿੰਘ ਢੀਂਡਸਾ ਵਾਰੰਟ ਅਫ਼ਸਰ ਅਵਤਾਰ ਸਿੰਘ ਸਿੱਧੂ ਕੈਪਟਨ ਵਿਕਰਮ ਸਿੰਘ ਮਾਂਗੇਵਾਲ ਵਾਰੰਟ ਅਫ਼ਸਰ ਜਗਦੀਪ ਸਿੰਘ ਉੱਗੋਕੇ ਸੂਬੇਦਾਰ ਗੁਰਜੰਟ ਸਿੰਘ ਸੂਬੇਦਾਰ ਇੰਦਰਜੀਤ ਸਿੰਘ ਸੂਬੇਦਾਰ ਨਾਇਬ ਸਿੰਘ ਹੌਲਦਾਰ ਰੂਪ ਸਿੰਘ ਮਹਿਤਾ ਹੌਲਦਾਰ ਬਸੰਤ ਸਿੰਘ ਹੌਲਦਾਰ ਬਲਦੇਵ ਸਿੰਘ ਹਮੀਦੀ ਹੌਲਦਾਰ ਨਛੱਤਰ ਸਿੰਘ ਹੌਲਦਾਰ ਹਰਬੰਸ ਸਿੰਘ ਹੌਲਦਾਰ ਅਮਨਪ੍ਰੀਤ ਸਿੰਘ ਅਤੇ ਚਮਕੌਰ ਸਿੰਘ ਹਾਜ਼ਰ ਸਨ।

# ਸਰਵੋਤਮ ਅਕੈਡਮੀ ਖੁੱਡੀ ਕਲਾਂ ਵਿਖੇ ਵਿਦਿਆਰਥੀਆਂ ਵੱਲੋਂ ਬਾਸਕਟਬਾਲ 'ਚ ਸ਼ਾਨਦਾਰ ਪ੍ਰਦਰਸ਼ਨ



ਬਰਨਾਲਾ, 1 ਜੂਨ (ਸੁਖਵਿੰਦਰ ਸਿੰਘ ਭੰਡਾਰੀ) : ਸਰਵੋਤਮ ਅਕੈਡਮੀ ਖੁੱਡੀ ਕਲਾਂ ਦੇ ਵਿੱਚ ਵਿਦਿਆਰਥੀਆਂ ਦੁਆਰਾ ਬਾਸਕਟਬਾਲ ਵਿੱਚ ਆਪਣਾ ਬਹੁਤ ਵਧੀਆ ਪ੍ਰਦਰਸ਼ਨ ਦਿਖਾਇਆ ਗਿਆ। ਪ੍ਰਿੰਸੀਪਲ ਡਾਕਟਰ ਰੁਪਿੰਦਰ ਕੌਰ ਬਾਜਵਾ ਦੁਆਰਾ ਸਾਰੇ ਵਿਦਿਆਰਥੀਆਂ ਨਾਲ ਜਾਣ ਪਹਿਚਾਣ ਕੀਤੀ ਗਈ, ਜਿਸ ਵਿੱਚ ਬੱਚਿਆਂ ਨੇ ਅੰਡਰ 19 ਦੇ ਵਿੱਚ ਫਸਟ ਪੁਜ਼ੀਸ਼ਨਾਂ 'ਤੇ ਅੰਡਰ 14 ਦੇ ਵਿੱਚ ਸੈਕਿੰਡ ਪੁਜੀਸ਼ਨਾਂ ਹਾਸਿਲ ਕੀਤੀਆਂ ਇਹ ਸਾਰਾ ਕੁਝ ਡੀ ਪੀ ਈ ਲਖਵੀਰ ਸਿੰਘ ਦੇ ਸਹਿਯੋਗ ਸਦਕਾ ਹੋਇਆ। ਇਸ ਮੌਕੇ 'ਤੇ ਪ੍ਰਿੰਸੀਪਲ ਰੁਪਿੰਦਰ ਕੌਰ ਬਾਜਵਾ ਨੇ ਬੱਚਿਆਂ ਨੂੰ ਖੇਡਾਂ ਵਿੱਚ ਵੱਧ ਤੋਂ ਵੱਧ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਫਾਊਂਡਰ ਕੁਲਵੰਤ ਸਿੰਘ ਬਾਜਵਾ ਚੇਅਰਮੈਨ ਸੁਖਮੰਦਰ ਸਿੰਘ ਐਮ ਡੀ ਚਮਕੌਰ ਸਿੰਘ ਬਾਜਵਾ ,ਅਧਿਆਪਕ ਸਾਹਿਬਾਨ ਅਤੇ ਸਮੂਹ ਵਿਦਿਆਰਥੀ ਹਾਜ਼ਰ ਸਨ।

# ਤੰਬਾਕੂ ਸੇਵਨ ਨਾਲ ਕੈਂਸਰ ਸਮੇਤ ਕਈ ਗੰਭੀਰ ਬਿਮਾਰੀਆਂ ਦਾ ਖ਼ਤਰਾ : ਸਿਹਤ ਵਿਭਾਗ



ਬਰਨਾਲਾ, 1 ਜੂਨ (ਬਘੀਲ ਸਿੰਘ ਧਾਲੀਵਾਲ) : ਸਿਹਤ ਵਿਭਾਗ ਬਰਨਾਲਾ ਵੱਲੋਂ ਡਾ. ਹਰੀਪਾਲ ਸਿੰਘ ਸਿਵਲ ਸਰਜਨ ਬਰਨਾਲਾ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਜ਼ਿਲ੍ਹੇ ਦੀਆਂ ਸਾਰੀਆਂ ਸਰਕਾਰੀ ਸਿਹਤ ਸੰਸਥਾਵਾਂ ਅਧੀਨ ' ਵਿਸ਼ਵ ਤੰਬਾਕੂ ਵਿਰੋਧੀ ਦਿਵਸ ਮੌਕੇ ਲੋਕਾਂ ਨੂੰ ਤੰਬਾਕੂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਗਿਆ। ਸਿਵਲ ਹਸਪਤਾਲ ਬਰਨਾਲਾ ਦੇ ਜ਼ਿਲ੍ਹਾ ਨਸ਼ਾ ਛਡਾਊ ਕੇਂਦਰ ਵਿਖੇ ਕਰਵਾਏ ਇਕ ਸੈਮੀਨਾਰ ਵਿੱਚ ਜਾਣਕਾਰੀ ਦਿੰਦਿਆਂ ਡਾ. ਹਰੀਪਾਲ ਸਿੰਘ ਨੇ ਦੱਸਿਆ ਕਿ ਲੋਕਾਂ ਨੂੰ ਤੰਬਾਕੂ ਦੇ ਬੁਰੇ ਪ੍ਰਭਾਵਾਂ ਬਾਰੇ ਜਾਣੂੰ ਕਰਵਾਇਆ ਜਾ ਰਿਹਾ ਹੈ, ਤਾਂ ਜੋ ਇਸ ਬੁਰੀ ਅਲਾਮਤ ਤੋਂ ਸਾਡੇ ਸਮਾਜ ਨੂੰ ਬਚਾਇਆ ਜਾ ਸਕੇ। ਡਾ. ਮੁਨੀਸ਼ ਕੁਮਾਰ ਜ਼ਿਲ੍ਹਾ ਐਪੀਡਮੋਲੋਜਿਸਟ ਨੇ ਦੱਸਿਆ ਕਿ ਤੰਬਾਕੂ ਦੇ ਸੇਵਨ ਨਾਲ ਜਿੱਥੇ ਸਰੀਰ 'ਤੇ ਬੁਰਾ ਪ੍ਰਭਾਵ ਪੈਂਦਾ ਹੈ ਉੱਥੇ ਹੀ ਇਸ ਨਾਲ ਕੈਂਸਰ ਵਰਗਾ ਮਾਰੂ ਰੋਗ ਲੱਗ ਜਾਂਦਾ ਹੈ। ਕੁਲਦੀਪ ਸਿੰਘ ਮਾਨ ਜ਼ਿਲ੍ਹਾ ਮਾਸ ਮੀਡੀਆ ਅਫ਼ਸਰ , ਬਲਰਾਜ ਸਿੰਘ ਡਿਪਟੀ ਮਾਸ ਮੀਡੀਆ ਅਫ਼ਸਰ ਅਤੇ ਹਰਜੀਤ ਸਿੰਘ ਬਾਗੀ ਜ਼ਿਲ੍ਹਾ ਬੀ.ਸੀ.ਸੀ. ਕੋਆਰਡੀਨੇਟਰ ਨੇ ਕਿਹਾ ਕਿ ਸਿਹਤ ਵਿਭਾਗ ਦੀ ਟੀਮ ਵੱਲੋਂ ਅੱਜ ਕੋਟਪਾ ਐਕਟ 2003 ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਦੇ ਨਾਲ ਨਾਲ ਜੁਰਮਾਨਾ ਵਸੂਲ ਕੀਤਾ ਜਾ ਸਕਦਾ ਹੈ। ਜਾਣਕਾਰੀ ਦਿੰਦਿਆਂ ਡਾ. ਗੁਰਤੇਜਿੰਦਰ ਕੌਰ ਨੇ ਦੱਸਿਆ ਕਿ ਸਿਹਤ ਬਲਾਕ ਮਹਿਲਕਲਾਂ ਵੱਲੋਂ ਲੋਕਾਂ ਨੂੰ ਲਗਾਤਾਰ ਤੰਬਾਕੂ ਦੇ ਬੁਰੇ ਪ੍ਰਭਾਵਾਂ ਬਾਰੇ ਜਾਣੂੰ ਕਰਵਾਇਆ ਜਾ ਰਿਹਾ ਹੈ। ਇਸ ਮੌਕੇ ਐਸ.ਆਈ ਸੁਖਵਿੰਦਰ ਸਿੰਘ ਨੇ ਕਿਹਾ ਕਿ ਸਿਹਤ ਵਿਭਾਗ ਦੀ ਟੀਮ ਵੱਲੋਂ ਅੱਜ ਕੋਟਪਾ (ਸਿਗਰਟ ਅਤੇ ਹੋਰ ਤੰਬਾਕੂ ਉਤਪਾਦ )ਐਕਟ 2003 ਦੀ ਉਲੰਘਣਾ ਕਰਨ ਵਾਲਿਆਂ ਦੇ ਚਲਾਨ ਕੀਤੇ ਤੇ ਮੌਕੇ 'ਤੇ ਹੀ ਜੁਰਮਾਨਾ ਵਸੂਲ ਕੀਤਾ ਗਿਆ।

# ਜਨਗਣਨਾ ਦੇ ਪਹਿਲੇ ਪੜਾਅ ਵਿੱਚ ਬਰਨਾਲਾ ਜ਼ਿਲ੍ਹਾ ਮੋਹਰੀ, ਹੰਡਿਆਇਆ ਸੂਬੇ ਭਰ ਵਿੱਚ ਅੱਵਲ



ਬਰਨਾਲਾ, 1 ਜੂਨ (ਬਘੇਲ ਸਿੰਘ ਧਾਲੀਵਾਲ) : ਜਨਗਣਨਾ 2027 ਦੇ ਪਹਿਲੇ ਪੜਾਅ ਤਹਿਤ ਜ਼ਿਲ੍ਹਾ ਬਰਨਾਲਾ ਅਤੇ ਨਗਰ ਨਿਗਮ ਬਰਨਾਲਾ ਜਿੱਥੇ 100 ਫੀਸਦੀ ਬਲਾਕਾਂ ਵਿਚ ਹਾਊਸਿੰਗ ਅਤੇ ਹਾਊਸ ਲਿਸਟਿੰਗ ਸ਼ੁਰੂ ਕਰਨ ਵਿਚ ਸੂਬੇ ਵਿਚੋਂ ਮੋਹਰੀ ਹੈ, ਓਥੇ ਹੰਡਿਆਇਆ ਪਹਿਲਾ ਪੜਾਅ ਮੁਕੰਮਲ ਕਰਨ ਵਿਚ ਸੂਬੇ ਵਿਚੋਂ ਪਹਿਲੇ ਸਥਾਨ 'ਤੇ ਰਿਹਾ ਹੈ। ਇਹ ਪ੍ਰਗਟਾਵਾ ਡਾਇਰੈਕਟਰ ਜਨਗਣਨਾ ਕਾਰਜ, ਪੰਜਾਬ ਨਵਜੋਤ ਕੌਰ ਆਈ ਏ ਐੱਸ ਵੱਲੋਂ ਅੱਜ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਡਿਪਟੀ ਕਮਿਸ਼ਨਰ ਕਮ ਪ੍ਰਮੁੱਖ ਜਨਗਣਨਾ ਅਫ਼ਸਰ ਹਰਪ੍ਰੀਤ ਸਿੰਘ ਆਈ ਏ ਐੱਸ ਸਮੇਤ ਹੋਰ ਅਧਿਕਾਰੀਆਂ ਨਾਲ ਅਹਿਮ ਮੀਟਿੰਗ ਦੌਰਾਨ ਕੀਤਾ ਗਿਆ। ਹੰਡਿਆਇਆ ਨੇ ਸੂਬੇ ਵਿਚੋਂ ਮੋਹਰੀ ਰਹਿ ਕੇ ਜਨਗਣਨਾ ਦਾ ਪਹਿਲਾ ਪੜਾਅ ਮੁਕੰਮਲ ਕੀਤਾ ਹੈ। ਜ਼ਿਕਰਯੋਗ ਹੈ ਕਿ ਪੰਜਾਬ ਵਿੱਚ ਜਨਗਣਨਾ 2027 ਫੇਜ਼-1 - ਹਾਊਸਲਿਸਟਿੰਗ ਅਤੇ ਹਾਊਸਿੰਗ ਆਪਰੇਸ਼ਨਜ਼ 15 ਮਈ, 2026 ਤੋਂ ਸ਼ੁਰੂ ਹੋ ਚੁੱਕਿਆ ਹੈ ਅਤੇ 13 ਜੂਨ, 2026 ਤੱਕ ਚੱਲੇਗਾ।

# ਵਿਹਾਨ ਵੱਲੋਂ ਅੰਤਰਰਾਸ਼ਟਰੀ ਸ਼ਤਰੰਜ ਸ਼ਾਨਦਾਰ ਰੇਟਿੰਗ ਪ੍ਰਾਪਤ



ਬਰਨਾਲਾ, 1 ਜੂਨ (ਹਮੀਰ ਸਿੰਘ) : ਵਾਈਐਸ ਗਰੁੱਪ ਲਈ ਇਹ ਬਹੁਤ ਹੀ ਮਾਣ ਅਤੇ ਖੁਸ਼ੀ ਦੀ ਗੱਲ ਹੈ ਕਿ ਸਾਡੇ ਹੋਣਹਾਰ ਸਕਾਲਰ ਵਿਹਾਨ ਨੇ 1592 ਦੀ ਅੰਤਰਰਾਸ਼ਟਰੀ ਸ਼ਤਰੰਜ ਰੇਟਿੰਗ ਪ੍ਰਾਪਤ ਕਰਕੇ ਇੰਟਰਨੈਸ਼ਨਲ ਰੇਟਡ ਚੈੱਸ ਪਲੇਅਰ ਬਣਨ ਦਾ ਮਾਣ ਹਾਸਲ ਕੀਤਾ ਹੈ। ਇਹ ਸ਼ਾਨਦਾਰ ਉਪਲੱਬਧੀ ਉਸਦੀ ਸਖ਼ਤ ਮਿਹਨਤ, ਸਮਰਪਣ, ਅਨੁਸ਼ਾਸਨ, ਰਣਨੀਤਿਕ ਸੋਚ ਅਤੇ ਸ਼ਤਰੰਜ ਪ੍ਰਤੀ ਡੂੰਘੇ ਜਜ਼ਬੇ ਦਾ ਨਤੀਜਾ ਹੈ। ਇੰਨੀ ਛੋਟੀ ਉਮਰ ਵਿੱਚ ਅੰਤਰਰਾਸ਼ਟਰੀ ਰੇਟਿੰਗ ਹਾਸਲ ਕਰਨਾ ਇੱਕ ਮਹੱਤਵਪੂਰਨ ਪ੍ਰਾਪਤੀ ਹੈ, ਜੋ ਉਸਦੀ ਵਿਲੱਖਣ ਪ੍ਰਤਿਭਾ ਅਤੇ ਵਿਸ਼ਵ ਪੱਧਰ 'ਤੇ ਮੁਕਾਬਲਾ ਕਰਨ ਦੀ ਸਮਰੱਥਾ ਨੂੰ ਦਰਸਾਉਂਦੀ ਹੈ। ਵਾਈਐਸ ਗਰੁੱਪ ਵਿੱਚ ਅਸੀਂ ਮੰਨਦੇ ਹਾਂ ਕਿ ਸਿੱਖਿਆ ਸਿਰਫ਼ ਅਕਾਦਮਿਕ ਪ੍ਰਾਪਤੀਆਂ ਤੱਕ ਸੀਮਿਤ ਨਹੀਂ ਹੈ। ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ,ਸ਼ਤਰੰਜ, ਸੱਭਿਆਚਾਰਕ ਗਤੀਵਿਧੀਆਂ, ਲੀਡਰਸ਼ਿਪ ਪ੍ਰੋਗਰਾਮਾਂ ਅਤੇ ਹੋਰ ਸਹਿ-ਪਾਠਕ੍ਰਮ ਗਤੀਵਿਧੀਆਂ ਵਿੱਚ ਵੀ ਆਪਣੀ ਪ੍ਰਤਿਭਾ ਨਿਖਾਰਨ ਲਈ ਉਤਸ਼ਾਹਿਤ ਕੀਤਾ ਜਾਂਦਾ ਹੈ। ਅਸੀਂ ਵਿਹਾਨ ਨੂੰ ਉਸਦੀ ਇਸ ਵਿਲੱਖਣ ਪ੍ਰਾਪਤੀ ਲਈ ਦਿਲੋਂ ਵਧਾਈ ਦਿੰਦੇ ਹਾਂ ਅਤੇ ਉਸਦੇ ਰੌਸ਼ਨ ਭਵਿੱਖ, ਲਗਾਤਾਰ ਸਫਲਤਾਵਾਂ ਅਤੇ ਸ਼ਤਰੰਜ ਦੇ ਖੇਤਰ ਵਿੱਚ ਹੋਰ ਉੱਚਾਈਆਂ ਛੂਹਣ ਦੀ ਕਾਮਨਾ ਕਰਦੇ ਹਾਂ। ਸਾਨੂੰ ਪੂਰਾ ਵਿਸ਼ਵਾਸ ਹੈ ਕਿ ਉਹ ਭਵਿੱਖ ਵਿੱਚ ਵੀ ਆਪਣੇ ਪਰਿਵਾਰ, ਸਕੂਲ ਅਤੇ ਦੇਸ਼ ਦਾ ਨਾਮ ਰੌਸ਼ਨ ਕਰਦਾ ਰਹੇਗਾ। ਦਿਲੋਂ ਮੁਬਾਰਕਾਂ ਅਤੇ ਸ਼ੁਭਕਾਮਨਾਵਾਂ, ਵਿਹਾਨ! ਇੰਝ ਹੀ ਚਮਕਦੇ ਰਹੋ ਅਤੇ ਹੋਰਨਾਂ ਲਈ ਪ੍ਰੇਰਨਾ ਬਣਦੇ ਰਹੋ।

# ਅਵਾਰਾ ਪਸ਼ੂਆਂ ਕਾਰਨ ਲੋਕ ਪ੍ਰੇਸ਼ਾਨ, ਇੱਕ ਹੋਰ ਔਰਤ ਹੋਈ ਜ਼ਖ਼ਮੀ

ਬਰਨਾਲਾ, 1 ਜੂਨ (ਹਮੀਰ ਸਿੰਘ) : ਬੇਸਹਾਰਾ ਪਸ਼ੂ ਵਲੋਂ ਇਕ ਔਰਤ ਨੂੰ ਟੱਕਰ ਮਾਰ ਕੇ ਜ਼ਖ਼ਮੀ ਕੀਤੇ ਜਾਣ ਦੀ ਜਾਣਕਾਰੀ ਪ੍ਰਾਪਤ ਹੋਈ ਹੈ। ਪਿੰਡ ਹੰਡਿਆਇਆ (ਦਿਹਾਤੀ) ਦੇ ਵਾਸੀਆਂ ਕੁਲਦੀਪ ਸਿੰਘ ਮਾਲੀ, ਅਜੈਬ ਸਿੰਘ, ਜਸਵੀਰ ਸਿੰਘ, ਮਲਕੀਤ ਸਿੰਘ, ਅਵਤਾਰ ਸਿੰਘ, ਸੰਦੀਪ ਸਿੰਘ ਨੇ ਦੱਸਿਆ ਕਿ ਸਾਡੇ ਪਿੰਡ (ਖੇੜੀ ਵਾਲੇ ਕੋਠਿਆਂ) 'ਚ ਬੇਸਹਾਰਾ ਪਸ਼ੂ ਫਿਰਦੇ ਰਹਿੰਦੇ ਹਨ। ਜਿਨ੍ਹਾਂ ਨੇ ਭਰਪੂਰ ਕੌਰ ਨੂੰ ਟੱਕਰ ਮਾਰ ਕੇ ਜ਼ਖ਼ਮੀ ਕਰ ਦਿੱਤਾ। ਜਿਸ ਇਲਾਜ ਲਈ ਸਿਵਲ ਹਸਪਤਾਲ ਬਰਨਾਲਾ ਵਿਖੇ ਦਾਖ਼ਲ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਇਨ੍ਹਾਂ ਬੇਸਹਾਰਾ ਪਸ਼ੂਆਂ ਨੇ ਅਵਤਾਰ ਸਿੰਘ, ਜਸਵੀਰ ਸਿੰਘ, ਕੁਲਵਿੰਦਰ ਕੌਰ, ਮਨਜੀਤ ਕੌਰ ਅਤੇ ਜਸਵੀਰ ਕੌਰ,ਪੰਜ ਜਣਿਆ ਨੂੰ ਟੱਕਰ ਮਾਰ ਕੇ ਜ਼ਖ਼ਮੀ ਕਰ ਦਿੱਤਾ ਸੀ। ਇਨ੍ਹਾਂ ਆਵਾਰਾ ਪਸ਼ੂਆਂ ਤੋਂ ਪਿੰਡ ਵਾਸੀਆਂ ਅਤੇ ਰਾਹਗੀਰਾਂ ਨੂੰ ਡਰਦੇ ਮਾਰੇ ਬਾਹਰ ਨਿਕਲਣਾ ਮੁਸ਼ਕਿਲ ਹੋਇਆ ਪਿਆ। ਹੈ। ਉਕਤ ਵਾਸੀਆਂ ਨੇ ਡਿਪਟੀ ਕਮਿਸ਼ਨਰ ਬਰਨਾਲਾ ਹਰਪ੍ਰੀਤ ਸਿੰਘ ਪਾਸੋਂ ਮੰਗ ਕੀਤੀ ਕਿ ਬੇਸਹਾਰਾ ਪਸ਼ੂਆਂ ਨੂੰ ਫੜ ਕੇ ਸਰਕਾਰੀ ਗਊਸ਼ਾਲਾ ਮਨਾਲ ਵਿਖੇ ਭੇਜਣ ਦੇ ਪ੍ਰਬੰਧ ਕੀਤੇ ਜਾਣ।

# ਸੰਗਰੂਰ ਵਾਸੀਆਂ ਨੇ ਕੇਂਦਰੀ ਰੇਲ ਰਾਜ ਮੰਤਰੀ ਦੇ ਨਾਮ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਨੂੰ ਸੌਂਪਿਆ ਮੰਗ ਪੱਤਰ



ਸੰਗਰੂਰ 1 ਜੂਨ (ਹਰਕੰਵਲ ਸਿੰਘ ਹੈਪੀ) : ਸਥਾਨਕ ਸੰਗਰੂਰ ਦੀ ਰਾਮ ਨਗਰ ਬਸਤੀ, ਅਜੀਤ ਨਗਰ ਬਸਤੀ ਅਤੇ ਗੰਗਾ ਰਾਮ ਬਸਤੀ ਦੇ ਸਮੂਹ ਨਿਵਾਸੀਆ ਵੱਲੋ ਅੱਜ ਕੇਂਦਰੀ ਰੇਲ ਰਾਜ ਮੰਤਰੀ ਰਵਨੀਤ ਬਿੱਟੂ ਦੇ ਨਾਮ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ, ਕੌਮੀ ਆਗੂ ਅਮਨਦੀਪ ਸਿੰਘ ਪੂਨੀਆਂ, ਨਰਿੰਦਰ ਗੁੱਪਤਾ (ਮੈਬਰ DRUCC) ਨੂੰ ਆਪਣਾ ਇੱਕ ਮੰਗ ਪੱਤਰ ਸੌਂਪਿਆ ਗਿਆ, ਜਿਸ ਵਿੱਚ ਉਹਨਾਂ ਦੱਸਿਆ ਕਿ ਰੇਲਵੇ ਬੋਰਡ ਵੱਲੋ 18 ਫੁੱਟ ਦੀ ਇੱਕ ਦਿਵਾਰ ਬਣਾਏ ਜਾਣ ਨਾਲ ਇਹ ਤਿੰਨੋ ਬਸਤੀਆ ਦੇ ਲੋਕ ਜਿਨ੍ਹਾਂ ਨੇ ਰੇਲ ਦਾ ਸਫਰ ਕਰਨਾ ਹੈ ਉਹਨਾ ਨੂੰ ਭਾਰੀ ਮੁਸ਼ਕਲਾ ਦਾ ਸਾਹਮਣਾ ਕਰਨਾ ਪਵੇਗਾ। ਉਹਨਾਂ ਦੱਸਿਆ ਕਿ ਦੀਵਾਰ ਦੀ ਉਸਾਰੀ ਕਾਰਣ ਸਥਾਨਕ ਮੁਹੱਲੇ ਦੇ ਲੋਕਾਂ ਨੂੰ ਰੇਲਵੇ ਸਟੇਸ਼ਨ 'ਤੇ ਜਾਣ ਲਈ ਤਕਰੀਬਨ 2 ਤੋਂ 3 ਕਿਲੋਮੀਟਰ ਦਾ ਚੱਕਰ ਕੱਟਣਾ ਪਵੇਗਾ। ਉਹਨਾਂ ਦੱਸਿਆ ਕਿ ਦੀਵਾਰ ਦੀ ਉਸਾਰੀ ਤੇ ਉੱਥੋਂ ਦੀਆਂ ਗਲੀਆ 8 ਫੁੱਟ ਦੀਆ ਹੋਣ ਕਰਕੇ ਉਕਤ ਬਸਤੀਆਂ ਬਿਲਕੁੱਲ ਬੰਦ ਹੋ ਜਾਵੇਗੀ। ਉਹਨਾ ਕੇਂਦਰੀ ਮੰਤਰੀ ਤੋਂ ਮੰਗ ਕੀਤੀ ਕਿ ਰੇਲਵੇ ਸਟੇਸ਼ਨ 'ਤੇ ਜਾਣ ਲਈ 3 ਤੋਂ 4 ਫੁੱਟ ਦਾ ਰਸਤਾ ਰੱਖਿਆ ਜਾਵੇ, ਰੇਲਵੇ ਮਹਿਕਮੇ ਨੂੰ 5 ਜਾਂ 6 ਫੁੱਟ ਛੱਡ ਕੇ ਦਿਵਾਰ ਬਣਾਈ ਜਾਵੇ ਤਾਂ ਜੋ ਗਲੀ ਖੁੱਲੀ ਹੋ ਸਕੇ।

ਇਸ ਦੌਰਾਨ ਭਾਜਪਾ ਦੇ ਜਿਲ੍ਹਾ ਪ੍ਰਧਾਨ ਸਰਜੀਵਨ ਜਿੰਦਲ ਨੇ ਬਸਤੀ ਵਾਸੀਆਂ ਨੂੰ ਭਰੋਸਾ ਦਿੱਤਾ ਕਿ ਉਕਤ ਮੰਗਾ ਨੂੰ ਰਵਨੀਤ ਬਿੱਟੂ ਜੀ ਦੇ ਧਿਆਨ ਵਿੱਚ ਲਿਆ ਕੇ ਜਲਦੀ ਹੀ ਹਲ ਕਰਵਾਇਆ ਜਾਵੇਗਾ। ਇਸ ਮੌਕੇ ਨਿਰਭੈਅ ਸਿੰਘ, ਅੰਜੂ ਰੰਗਾ, ਤਾਰਾ ਸਿੰਘ ਐਮ.ਸੀ, ਅਸ਼ੋਕ ਕੁਮਾਰ ਸਾਬਕਾ ਐਮ.ਸੀ, ਸੁਖਪ੍ਰੀਤ, ਸੁਖਵਿੰਦਰ ਸਿੰਘ, ਦੀਪਕ, ਬਲਵੀਰ ਸਿੰਘ, ਹਰਜਿੰਦਰ ਸਿੰਘ, ਭੀਮ ਸਿੰਘ, ਸਤੀਸ ਕੁਮਾਰ, ਨਿਸਾਨ ਸਿੰਘ, ਬਾਦਲ ਸਿੰਘ, ਰਾਮ ਬਿਲਾਸ, ਜਗਦੀਪ ਕੁਮਾਰ, ਸਤਨਾਮ ਸਿੰਘ, ਗੁਰਬਚਨ ਸਿੰਘ, ਕ੍ਰਿਸਨ

# ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਟੂ ਵਿਖੇ ਹੋਈ ਮਾਪੇ-ਅਧਿਆਪਕ ਮਿਲਣੀ



ਬਰਨਾਲਾ, 1 ਜੂਨ (ਸੁਖਵਿੰਦਰ ਸਿੰਘ ਭੰਡਾਰੀ) : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੱਟੂ ਜ਼ਿਲ੍ਹਾ ਬਰਨਾਲਾ ਸਕੂਲ ਵਿਖੇ ਸਕੂਲ ਮੁਖੀ ਰੁਪਿੰਦਰ ਸਿੰਘ ਦੀ ਅਗਵਾਈ ਹੇਠ ਮੈਗਾ ਪੀ.ਟੀ.ਐਮ. ਕਰਵਾਈ ਗਈ, ਜਿਸ ਵਿੱਚ ਮਾਪਿਆਂ ਨੂੰ ਛੁੱਟੀਆਂ ਦੌਰਾਨ ਬੱਚਿਆਂ ਦੀ ਪੜ੍ਹਾਈ ਰੌਚਕ ਬਣਾਉਣ, ਮੋਬਾਈਲ ਦੀ ਦੁਰਵਰਤੋਂ ਰੋਕਣ ਅਤੇ ਸਿਹਤ ਸੰਭਾਲ ਬਾਰੇ ਜਾਗਰੂਕ ਕੀਤਾ ਗਿਆ। ਰਵੀ ਕੁਮਾਰ (ਹਿੰਦੀ ਮਾਸਟਰ) ਨੇ ਮੰਚ ਸੰਚਾਲਨ ਕਰਦਿਆਂ ਬੋਰਡ ਜਮਾਤਾਂ ਵਿੱਚੋਂ ਪਹਿਲੀ, ਦੂਜੀ ਤੇ ਤੀਜੀ ਪੁਜ਼ੀਸ਼ਨ ਵਾਲੇ ਹੋਣਹਾਰ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡੀ.ਐਸ.ਐਮ. ਕਮਲਦੀਪ ਸਿੰਘ, ਇੰਗਲਿਸ਼ ਮੈਂਟਰ ਤੇਜਿੰਦਰ ਸ਼ਰਮਾ ਅਤੇ ਐਸ.ਐਮ.ਸੀ. ਮੈਂਬਰਾਂ ਨੇ ਵੀ ਲਾਭਦਾਇਕ ਵਿਚਾਰ ਸਾਂਝੇ ਕੀਤੇ ਅਤੇ ਅਖੀਰ ਵਿੱਚ ਸਕੂਲ ਮੁਖੀ ਵੱਲੋਂ ਸਾਰੇ ਮਾਪਿਆਂ ਦਾ ਧੰਨਵਾਦ ਕੀਤਾ ਗਿਆ। ਇਸ ਦੌਰਾਨ ਵਿਦਿਆਰਥੀਆਂ ਦੇ ਮਾਪੇ ਵੀ ਮੌਜੂਦ ਸਨ।

# ਸਮਾਰਟ ਅਧਿਆਪਕ ਬਣਨ ਲਈ ਬੀ.ਵੀ.ਐਮ. ਸਕੂਲ ਵਿੱਚ ਵਰਕਸ਼ਾਪ



ਬਰਨਾਲਾ, 1 ਜੂਨ (ਹਮੀਰ ਸਿੰਘ) : ਬੀਵੀਐਮ ਇੰਟਰਨੈਸ਼ਨਲ ਸਕੂਲ, ਬਰਨਾਲਾ ਵੱਲੋਂ ਅਧਿਆਪਕਾਂ ਦੇ ਪੇਸ਼ੇਵਰ ਵਿਕਾਸ ਨੂੰ ਉਤਸ਼ਾਹਿਤ ਕਰਨ ਲਈ '21ਵੀਂ ਸਦੀ ਦੇ ਸਮਾਰਟ ਅਧਿਆਪਕ' ਵਿਸ਼ੇ 'ਤੇ ਇੱਕ ਪ੍ਰੇਰਨਾਦਾਇਕ ਵਰਕਸ਼ਾਪ ਕਰਵਾਈ ਗਈ। ਵਰਕਸ਼ਾਪ ਵਿੱਚ ਪ੍ਰਸਿੱਧ ਸਿੱਖਿਆ ਸਲਾਹਕਾਰ ਸ਼੍ਰੀਮਤੀ ਜਸਵਿੰਦਰ ਸੇਠੀ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ ਅਤੇ ਅਧਿਆਪਕਾਂ ਨੂੰ ਆਧੁਨਿਕ ਸਿੱਖਿਆ ਵਿਧੀਆਂ, ਵਿਦਿਆਰਥੀ-ਕੇਂਦ੍ਰਿਤ ਸਿੱਖਣ, ਪ੍ਰਭਾਵਸ਼ਾਲੀ ਸੰਚਾਰ ਅਤੇ ਤਕਨਾਲੋਜੀ ਦੀ ਸਹੀ ਵਰਤੋਂ ਬਾਰੇ ਜਾਣਕਾਰੀ ਦਿੱਤੀ। ਸਕੂਲ ਪ੍ਰਬੰਧਨ ਅਤੇ ਪ੍ਰਿੰਸੀਪਲ ਨੇ ਕਿਹਾ ਕਿ ਅੱਜ ਦੇ ਸਮੇਂ ਵਿੱਚ ਅਧਿਆਪਕਾਂ ਲਈ ਨਵੀਆਂ ਅਧਿਆਪਨ ਤਕਨੀਕਾਂ ਨੂੰ ਅਪਣਾਉਣਾ ਬਹੁਤ ਜ਼ਰੂਰੀ ਹੈ ਤਾਂ ਜੋ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਇਆ ਜਾ ਸਕੇ। ਵਰਕਸ਼ਾਪ ਦੌਰਾਨ ਅਧਿਆਪਕਾਂ ਨੇ ਉਤਸ਼ਾਹ ਨਾਲ ਭਾਗ ਲਿਆ ਅਤੇ ਇਸ ਨੂੰ ਬਹੁਤ ਹੀ ਲਾਭਦਾਇਕ ਤੇ ਪ੍ਰੇਰਨਾਦਾਇਕ ਕਰਾਰ ਦਿੱਤਾ। ਅੰਤ ਵਿੱਚ ਸਕੂਲ ਵੱਲੋਂ ਸ਼੍ਰੀਮਤੀ ਜਸਵਿੰਦਰ ਸੇਠੀ ਦਾ ਧੰਨਵਾਦ ਕੀਤਾ ਗਿਆ।

# ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ 3 ਅਗਸਤ ਨੂੰ, 7 ਜੂਨ ਨੂੰ ਲੱਗਣਗੇ ਵਿਸ਼ੇਸ਼ ਕੈਂਪ

ਬਰਨਾਲਾ, 1 ਜੂਨ (ਬਘੀਲ ਸਿੰਘ ਧਾਲੀਵਾਲ) : ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਆਈ ਏ ਐੱਸ ਨੇ ਦੱਸਿਆ ਕਿ ਮੁੱਖ ਚੋਣ ਅਫਸਰ ਪੰਜਾਬ ਦੀਆਂ ਹਦਾਇਤਾਂ ਅਨੁਸਾਰ 7 ਜੂਨ ਨੂੰ ਸਵੇਰੇ 10 ਵਜੇ ਤੋਂ ਲੈ ਕੇ ਸ਼ਾਮ 4 ਵਜੇ ਤੱਕ ਜ਼ਿਲ੍ਹਾ ਬਰਨਾਲਾ ਦੇ ਪੋਲਿੰਗ ਬੂਥਾਂ ਵਿੱਚ ਪ੍ਰੀ-ਐਸਆਈਆਰ 'ਤੇ ਅਧਾਰਿਤ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ। ਇਸ ਵਿਸ਼ੇਸ਼ ਮੁਹਿੰਮ ਤਹਿਤ ਸਾਰੇ ਬੂਥ ਲੈਵਲ ਅਫਸਰ, 7 ਜੂਨ ਦਿਨ ਐਤਵਾਰ ਨੂੰ ਆਪੋ ਆਪਣੇ ਬੂਥਾਂ ਉਤੇ ਮੌਜੂਦ ਰਹਿਣਗੇ। ਉਨ੍ਹਾਂ ਦੱਸਿਆ ਕਿ ਜਿਹੜੇ ਵੋਟਰਾਂ ਦੀ ਵੋਟ, 2003 ਦੀ ਵੋਟਰ ਸੂਚੀ ਨਾਲ ਹਲੇ ਤੱਕ ਮੈਪ ਨਹੀਂ ਹੋਈ, ਉਹ ਵੋਟਰ ਇਸ ਵਿਸ਼ੇਸ਼ ਕੈਂਪ ਵਿੱਚ ਆਪਣੀ ਵੋਟ ਮੈਪ ਕਰਵਾ ਲੈਣ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਪਹਿਲਾਂ ਜਾਰੀ ਵਿਸ਼ੇਸ਼ ਗਹਿਰੀ ਸੁਧਾਈ ਦੇ ਸ਼ਡਿਊਲ ਵਿੱਚ ਅੰਸ਼ਿਕ ਸੋਧ ਕੀਤੀ ਗਈ ਹੈ ਜਿਸ ਤਹਿਤ ਹੁਣ ਵੋਟਰ ਸੂਚੀਆਂ ਦੀ ਮੁੱਢਲੀ ਪ੍ਰਕਾਸ਼ਨਾ 31 ਜੁਲਾਈ ਦੀ ਥਾਂ ਉੱਤੇ 3 ਅਗਸਤ 2026 ਨੂੰ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਇਸੇ ਤਰ੍ਹਾਂ ਦਾਅਵੇ ਅਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ 2026 ਤੱਕ ਪ੍ਰਾਪਤ ਕੀਤੇ ਜਾਣਗੇ ਅਤੇ ਇਹਨਾਂ ਦਾ ਨਿਪਟਾਰਾ 3 ਅਗਸਤ ਤੋਂ 28 ਸਤੰਬਰ ਤੱਕ ਕੀਤਾ ਜਾਵੇਗਾ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਬਾਕੀ ਸ਼ਡਿਊਲ ਉਸੇ ਤਰ੍ਹਾਂ ਜਾਰੀ ਰਹੇਗਾ ਜਿਸ ਤਹਿਤ 25 ਜੂਨ ਤੋਂ 24 ਜੁਲਾਈ ਤੱਕ ਬੂਥ ਲੈਵਲ ਅਫਸਰ ਘਰ ਘਰ ਜਾ ਕੇ ਵੋਟਰਾਂ ਨੂੰ ਇਨੁਮੀਰੇਸ਼ਨ ਫਾਰਮ ਦੀ ਵੰਡ ਕਰਨਗੇ ਅਤੇ ਸਬੰਧਤ ਵੋਟਰ ਪਾਸੋਂ ਲੋੜੀਂਦੀ ਜਾਣਕਾਰੀ ਭਰਵਾ ਕੇ ਹਸਤਾਖਰਸ਼ੁਦਾ ਫਾਰਮ ਇਕੱਤਰ ਕਰਨਗੇ। ਉਨ੍ਹਾਂ ਕਿਹਾ ਕਿ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ 1 ਅਕਤੂਬਰ 2026 ਨੂੰ ਕੀਤੀ ਜਾਵੇਗੀ।

# ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸੁਨਾਮ ਦੇ ਨਵੇਂ ਚੁਣੇ ਕੌਂਸਲਰਾਂ ਨੂੰ ਐਮ.ਸੀ. ਸਰਟੀਫ਼ਿਕੇਟ ਵੰਡੇ




ਸੁਨਾਮ, 1 ਜੂਨ (ਮੋਹਣ ਸ਼ਰਮਾ / ਰਾਊਵਰਿੰਦਰ ਮਠਾੜੂ) : ਪੰਜਾਬ ਦੇ ਕੈਬਨਿਟ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਪ੍ਰਧਾਨ, ਅਮਨ ਅਰੋੜਾ ਨੇ ਅੱਜ ਸੁਨਾਮ ਨਗਰ ਕੌਂਸਲ ਦੇ ਨਵੰਨ ਚੁਣੇ ਕੌਂਸਲਰਾਂ ਨਾਲ ਇਕ ਵਿਸ਼ੇਸ਼ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਵੱਲੋਂ ਸਾਰੇ ਨਵੇਂ ਚੁਣੇ ਕੌਂਸਲਰਾਂ ਨੂੰ ਐਮ.ਸੀ. ਸਰਟੀਫਿਕੇਟ ਵੀ ਵੰਡੇ ਗਏ ਅਤੇ ਉਨ੍ਹਾਂ ਨੂੰ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਦਿਆਂ ਇਮਾਨਦਾਰੀ ਅਤੇ ਸਮਰਪਣ ਨਾਲ ਸੇਵਾ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਮੀਟਿੰਗ ਦੌਰਾਨ ਕੈਬਨਿਟ ਮੰਤਰੀ ਨੇ ਕੌਂਸਲਰਾਂ ਨੂੰ ਕਿਹਾ ਕਿ ਉਹ ਆਪਣੇ-ਆਪਣੇ ਵਾਰਡਾਂ ਦੇ ਵਸਨੀਕਾਂ ਨਾਲ ਲਗਾਤਾਰ ਰਾਬਤਾ ਕਾਇਮ ਰੱਖਣ ਅਤੇ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਤੁਰੰਤ ਹੱਲ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਜਨ ਪ੍ਰਤੀਨਿਧੀਆਂ ਦੀ ਜ਼ਿੰਮੇਵਾਰੀ ਸਿਰਫ਼ ਚੋਣ ਜਿੱਤਣ ਤਕ ਸੀਮਤ ਨਹੀਂ ਹੁੰਦੀ, ਸਗੋਂ ਲੋਕਾਂ ਦੀਆਂ ਮੁਸ਼ਕਲਾਂ ਨੂੰ ਸਮਝ ਕੇ ਉਨ੍ਹਾਂ ਦੇ ਹੱਲ ਲਈ ਨਿਰੰਤਰ ਯਤਨ ਕਰਨਾ ਵੀ ਉਨ੍ਹਾਂ ਦਾ ਫਰਜ਼ ਹੈ।

ਸ਼੍ਰੀ ਅਮਨ ਅਰੋੜਾ ਨੇ ਨਗਰ ਕੌਂਸਲ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸ਼ਹਿਰ ਵਿੱਚ ਮੌਜੂਦ ਸਾਰੇ ਪ੍ਰਾਇਮਰੀ ਅਤੇ ਸੈਕੰਡਰੀ ਡੰਪਾਂ ਦੀ ਸਫ਼ਾਈ ਹਰ ਰੋਜ਼ ਸਵੇਰੇ 10 ਵਜੇ ਤੱਕ ਮੁਕੰਮਲ ਕੀਤੀ ਜਾਣੀ ਯਕੀਨੀ ਬਣਾਈ ਜਾਵੇ। ਉਨ੍ਹਾਂ ਕਿਹਾ ਕਿ ਸ਼ਹਿਰ ਦੀ ਸਫ਼ਾਈ ਨੂੰ ਲੈ ਕੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਅਤੇ ਨਾਗਰਿਕਾਂ ਨੂੰ ਸਾਫ਼-ਸੁਥਰਾ ਵਾਤਾਵਰਨ ਮੁਹੱਈਆ ਕਰਵਾਉਣਾ ਨਗਰ ਕੌਂਸਲ ਦੀ ਮੁੱਖ ਜ਼ਿੰਮੇਵਾਰੀ ਹੈ।

ਉਨ੍ਹਾਂ ਸ਼ਹਿਰ ਦੇ ਖਾਲੀ ਪਲਾਟਾਂ ਦੇ ਮਾਲਕਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਪਲਾਟਾਂ ਦੀ ਚਾਰਦੀਵਾਰੀ ਕਰਵਾਉਣ ਅਤੇ ਉਨ੍ਹਾਂ ਦੀ ਨਿਯਮਤ ਸਫ਼ਾਈ ਯਕੀਨੀ ਬਣਾਉਣ। ਉਨ੍ਹਾਂ ਕਿਹਾ ਕਿ ਖਾਲੀ ਪਲਾਟਾਂ ਵਿੱਚ ਗੰਦਗੀ ਅਤੇ ਜੰਗਲੀ ਬੂਟੇ ਇਕੱਠੇ ਹੋਣ ਕਾਰਨ ਨਾ ਸਿਰਫ਼ ਵਾਤਾਵਰਨ ਪ੍ਰਭਾਵਿਤ ਹੁੰਦਾ ਹੈ, ਸਗੋਂ ਬਿਮਾਰੀਆਂ ਫੈਲਣ ਦਾ ਖ਼ਤਰਾ ਵੀ ਵੱਧ ਜਾਂਦਾ ਹੈ।

ਅਗਾਮੀ ਬਰਸਾਤ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਕੈਬਨਿਟ ਮੰਤਰੀ ਨੇ ਸਬੰਧਤ ਅਧਿਕਾਰੀਆਂ ਨੂੰ ਸ਼ਹਿਰ ਦੇ ਸੀਵਰੇਜ ਅਤੇ ਪਾਣੀ ਨਿਕਾਸੀ ਪ੍ਰਬੰਧਾਂ ਦੀ ਸਮੇਂ ਸਿਰ ਸਫ਼ਾਈ ਕਰਵਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਬਰਸਾਤ ਦੌਰਾਨ ਪਾਣੀ ਖੜ੍ਹਾ ਹੋਣ ਦੀ ਸਮੱਸਿਆ ਤੋਂ ਬਚਣ ਲਈ ਸਾਰੇ ਨਾਲਿਆਂ ਅਤੇ ਡਰੇਨਾਂ ਦੀ ਸਫ਼ਾਈ ਪਹਿਲਾਂ ਹੀ ਮੁਕੰਮਲ ਕਰ ਲਈ ਜਾਵੇ।

ਮੀਟਿੰਗ ਦੌਰਾਨ ਸ਼੍ਰੀ ਅਮਨ ਅਰੋੜਾ ਨੇ ਇਹ ਵੀ ਭਰੋਸਾ ਦਿਵਾਇਆ ਕਿ ਸੁਨਾਮ ਸ਼ਹਿਰ ਦੇ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦਾ ਭੇਦਭਾਵ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਭਾਵੇਂ ਕੋਈ ਕੌਂਸਲਰ ਆਮ ਆਦਮੀ ਪਾਰਟੀ ਨਾਲ ਸਬੰਧਤ ਹੋਵੇ ਜਾਂ ਕਿਸੇ ਹੋਰ ਰਾਜਨੀਤਿਕ ਪਾਰਟੀ ਨਾਲ, ਸਾਰੇ ਵਾਰਡਾਂ ਵਿੱਚ ਇੱਕਸਾਰ ਵਿਕਾਸ ਯਕੀਨੀ ਬਣਾਇਆ ਜਾਵੇਗਾ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ਹਿਰੀ ਵਿਕਾਸ, ਸਫ਼ਾਈ, ਹਰਿਆਵਲੀ ਅਤੇ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਨਗਰ ਕੌਂਸਲਾਂ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ।

ਇਸ ਮੌਕੇ ਵੱਡੀ ਗਿਣਤੀ ਐਮ.ਸੀ. ਸਾਹਿਬਾਨ ਅਤੇ ਵੱਖ ਵੱਖ ਅਹੁਦੇਦਾਰ ਹਾਜ਼ਰ ਸਨ।

# ਕਿਸਾਨ-ਮਜ਼ਦੂਰ ਮੰਗਾਂ ਨੂੰ ਲੈ ਕੇ ਸੰਘਰਸ਼ ਤੇਜ਼ ਕਰਨ ਦਾ ਐਲਾਨ, ਅੱਜ ਡੀ.ਸੀ. ਦਫ਼ਤਰਾਂ ਦਾ ਘਿਰਾਓ



ਬਰਨਾਲਾ,1 ਜੂਨ (ਬਘੀਲ ਸਿੰਘ ਧਾਲੀਵਾਲ) : ਭਾਰਤੀ ਕਿਸਾਨ ਯੂਨੀਅਨ ਡਕੌਂਦਾ ਦੀ ਸੂਬਾ ਪੱਧਰੀ ਮਹੀਨਾਵਾਰ ਮੀਟਿੰਗ ਸੂਬਾ ਪ੍ਰਧਾਨ ਬੂਟਾ ਸਿੰਘ ਬੁਰਜਗਿੱਲ ਦੀ ਅਗਵਾਈ ਹੇਠ ਬੀਬੀ ਪ੍ਰਧਾਨ ਕੌਰ ਗੁਰੂਘਰ ਵਿਖੇ ਹੋਈ ਜਿਸ ਵਿੱਚ ਸੂਬਾ ਕਮੇਟੀ ਨਾਲ ਮੁੱਦੇ ਸਾਂਝੇ ਕਰਦਿਆਂ ਸ੍ਰੀ ਗਿੱਲ ਅਤੇ ਸੂਬਾ ਜਨਰਲ ਸਕੱਤਰ ਜਗਮੋਹਨ ਸਿੰਘ ਪਟਿਆਲਾ ਨੇ ਕਿਹਾ ਕੀ ਮੋਦੀ ਸਰਕਾਰ ਖਾਦ , ਡੀਜ਼ਲ,ਯੂਰੀਆ ਅਤੇ DAP ਖਾਦ ਦੀ ਸਪਲਾਈ ਯਕੀਨੀ ਬਣਾਵੇ ਤਾਂ ਜੋ ਕਿਸਾਨਾਂ ਨੂੰ ਆਉਣ ਵਾਲੇ ਝੋਨੇ ਦੇ ਸੀਜ਼ਨ ਦੌਰਾਨ ਦਰਪੇਸ਼ ਮੁਸ਼ਕਲਾਂ ਦਾ ਸਾਹਮਣਾ ਨਾ ਕਰਨਾ ਪਵੇ। ਇਸਦੇ ਨਾਲ ਹੀ ਬੈਂਕਾਂ ਵੱਲੋਂ ਨਗਦੀ ਦੇਣ 'ਤੇ ਲਾਈਆਂ ਰੁਕਾਵਟਾਂ ਹਟਾਈਆਂ ਜਾਣ ਅਤੇ ਭਾਖੜਾ ਬਿਆਸ ਪ੍ਰਬੰਧਕੀ ਬੋਰਡ 'ਚ ਪੰਜਾਬ ਦੀ ਸਥਾਈ ਮੈਂਬਰੀ ਦਾ ਹੱਕ ਬਹਾਲ ਕੀਤਾ ਜਾਵੇ। ਉਹਨਾਂ ਇਹ ਵੀ ਕਿਹਾ ਕੀ ਰਜਿਸਟਰਾਰ ਸਹਿਕਾਰੀ ਸਭਾਵਾਂ ਨੇ 15 ਮਈ ਤੱਕ ਵਾਅਦਾ ਕੀਤਾ ਸੀ, ਪਰ ਅਜੇ ਤੱਕ ਨੋਟੀਫਿਕੇਸ਼ਨ ਨਹੀਂ ਆਇਆ ਜਿਸ 'ਤੇ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ। ਸੂਬਾ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ ਭੱਟੀਵਾਲ ਨੇ ਕਿਹਾ ਕੀ ਸਾਰੇ ਕਿਸਾਨ-ਮਜ਼ਦੂਰਾਂ ਦੀ ਪੂਰਨ ਕਰਜ਼ਾ ਮੁਕਤੀ ਅਤੇ 58 ਸਾਲ ਦੀ ਉਮਰ 'ਤੇ ਕਿਸਾਨ ਨੂੰ 10,000 ਰੁਪਏ ਮਹੀਨਾ ਪੈਨਸ਼ਨ ਦਿੱਤੀ ਜਾਵੇ ਅਤੇ ਡਿਮਾਂਡ ਨੋਟਿਸਾਂ ਦੀ ਮਿਆਦ ਵਧਾ ਕੇ ਮੋਟਰ ਕੁਨੈਕਸ਼ਨ ਜਾਰੀ ਕੀਤੇ ਜਾਣ। ਮੀਟਿੰਗ ਦੌਰਾਨ ਨਵੇਂ ਸ਼ੁਰੂ ਹੋਏ ਜ਼ਿਲ੍ਹਾ ਮੋਗਾ ਦੀ ਜ਼ਿਲ੍ਹਾ ਕਮੇਟੀ ਜੀ ਆਇਆ ਕਹਿੰਦੇ ਹੋਏ ਉਹਨਾਂ ਦੀ ਜਾਣ ਸਮੂਹ ਸੂਬਾ ਕਮੇਟੀ ਨਾਲ ਜਾਣ ਪਹਿਚਾਣ ਕਰਵਾਈ ਗਈ। ਇਸ ਸਮੇਂ ਸੂਬਾ ਖਜ਼ਾਨਚੀ ਰਾਮ ਸਿੰਘ ਮਟੋਰੜਾ, ਸੂਬਾ ਪ੍ਰੈੱਸ ਸਕੱਤਰ ਇੰਦਰ ਪਾਲ ਸਿੰਘ,ਸੂਬਾ ਮੀਤ ਪ੍ਰਧਾਨ ਬਲਦੇਵ ਸਿੰਘ ਘੁਡਾਨੀ ਸੂਬਾ ਸਹਿ ਖਜ਼ਾਨਚੀ ਦਲਜਿੰਦਰ ਸਿੰਘ ਗੁਰਨਾਂ, ਹਰਭਗਵਾਨ ਸਿੰਘ ਪਟਿਆਲਾ, ਜਗਮੇਲ ਸਿੰਘ ਸੁਧੇਵਾਲ,ਪੂਰਨ ਸਿੰਘ ਵੱਟੂ,ਕਰਮ ਸਿੰਘ ਭਾਈਰੂਪਾ,ਦਰਸ਼ਨ ਸਿੰਘ ਉੱਗੋਕੇ,ਸਿਕੰਦਰ ਸਿੰਘ ਭੂਰੇ,ਕਰਮਜੀਤ ਸਿੰਘ ਚੈਨਾ,,ਸੁਖਦੇਵ ਸਿੰਘ ਫੌਜੀ,ਮਹਿੰਦਰ ਸਿੰਘ ਕਮਾਲਪੁਰਾ, ਜਸਵਿੰਦਰ ਸਿੰਘ ਕਾਲੇਕੇ,ਡਾਕਟਰ ਅਕਬਰ ਚੜਿਕ,ਸਤਿਬੀਰ ਸਿੰਘ ਰਾਏ,ਮਹਿੰਦਰ ਸਿੰਘ ਭੈਣੀ ਬਾਘਾ,ਲੱਛਮਣ ਸਿੰਘ ਚੱਕ ਅਲੀਸ਼ੇਰ, ਸਤਨਾਮ ਸਿੰਘ ਲੋਹਗੜ੍ਹ, ਰਾਜਮਹਿੰਦਰ ਸਿੰਘ ਕੋਟਭਾਰਾ,ਸ਼ਮਸ਼ੇਰ ਸਿੰਘ ਈਸਾਪੁਰ, ਛਿੰਦਰ ਸਿੰਘ ਹਰਦਾਸਾ, ਸਵਰਨ ਸਿੰਘ ਫਿਰੋਜ਼ਪੁਰ, ਟਹਿਲ ਸਿੰਘ ਕੱਕੇਪੁਰ ਆਦਿ ਆਗੂ ਹਾਜ਼ਰ ਸਨ।

# ਪੰਜਾਬ ਸਰਕਾਰ ਦੀਆਂ ਨੀਤੀਆਂ ਖ਼ਿਲਾਫ਼ 52 ਵਿਭਾਗਾਂ ਦੇ ਆਗੂ ਇਕੱਠੇ, ਸੰਘਰਸ਼ ਦਾ ਐਲਾਨ




ਬਰਨਾਲਾ,1 ਜੂਨ (ਬਘੀਲ ਸਿੰਘ ਧਾਲੀਵਾਲ) : ਪੰਜਾਬ ਸਰਕਾਰ ਵੱਲੋਂ ਸਰਕਾਰੀ ਬੱਸ ਸੇਵਾ ਨੂੰ ਨਿੱਜੀ ਹੱਥਾਂ ਵਿੱਚ ਸੌਂਪਣ ਦੀਆਂ ਤਿਆਰੀਆਂ ਖ਼ਿਲਾਫ਼ ਪੰਜਾਬ ਸਟੇਟ ਮਿਨਿਸਟੀਰੀਅਲ ਸਰਵਿਸਿਜ਼ ਯੂਨੀਅਨ ਨੇ ਸੰਘਰਸ਼ ਦਾ ਮੋਰਚਾ ਸ਼ੁਰੂ ਕਰ ਦਿੱਤਾ ਹੈ। ਯੂਨੀਅਨ ਦੇ ਸੂਬਾ ਜਨਰਲ ਸਕੱਤਰ ਤਰਸੇਮ ਭੱਠਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 31 ਮਈ 2026 ਨੂੰ ਪੰਜਾਬ ਭਰ ਦੇ 52 ਵਿਭਾਗਾਂ ਦੇ ਪ੍ਰਧਾਨਾਂ ਅਤੇ ਜਨਰਲ ਸਕੱਤਰਾਂ ਦੀ ਮੀਟਿੰਗ ਦੌਰਾਨ ਇਸ ਮਸਲੇ 'ਤੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਰਵਿੰਦਰ ਸ਼ਰਮਾ, ਨਿਰਮਲਜੀਤ ਸਿੰਘ ਚਾਨੇ, ਰਣਜੀਤ ਸਿੰਘ ਭੰਮ, ਜਗਸੀਰ ਸਿੰਘ, ਦਰਸ਼ਨ ਸਿੰਘ, ਕਮਲਜੀਤ ਸਿੰਘ ਸ਼ਾਦ, ਰਨਅਵਤਾਰ ਪੰਧੇਰ, ਅੰਸ਼ੂ ਗੁਪਤਾ, ਚੰਚਲ ਕੌਸ਼ਲ, ਪ੍ਰਿਤਪਾਲ ਸਿੰਘ, ਦਵਿੰਦਰ ਸਿੰਘ, ਅਮਨਦੀਪ ਸਿੰਘ ਅਤੇ ਸੁਖਜੀਤ ਸੰਧੂ ਦੇ ਨਾਲ ਹੋਰ ਵੱਖ-ਵੱਖ ਵਿਭਾਗਾਂ ਦੇ ਹੋਰ ਆਗੂਆਂ ਨੇ ਸ਼ਮੂਲੀਅਤ ਕੀਤੀ। ਯੂਨੀਅਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕਰੀਬ 4.5 ਸਾਲ ਪਹਿਲਾਂ ਕਰੋੜਾਂ ਰੁਪਏ ਖਰਚ ਕਰਕੇ ਖਰੀਦੀਆਂ ਗਈਆਂ ਏ.ਸੀ. ਨੌਂਟ ਲੋ ਫਲੋਰ ਬੱਸਾਂ ਨੂੰ ਨਿੱਜੀ ਕੰਪਨੀਆਂ ਦੇ ਹਵਾਲੇ ਕਰਨ ਦੀ ਤਿਆਰੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਇਹ ਫ਼ੈਸਲਾ ਸਰਕਾਰੀ ਆਵਾਜਾਈ ਪ੍ਰਣਾਲੀ ਨੂੰ ਕਮਜ਼ੋਰ ਕਰਨ ਦੇ ਨਾਲ-ਨਾਲ ਨੌਜਵਾਨਾਂ ਦੇ ਰੁਜ਼ਗਾਰ ਮੌਕਿਆਂ 'ਤੇ ਵੀ ਨਕਾਰਾਤਮਕ ਅਸਰ ਪਾਵੇਗਾ।ਇਸ ਮੀਟਿੰਗ ਦੌਰਾਨ ਆਗੂਆਂ ਨੇ ਸਰਕਾਰੀ ਵਿਭਾਗਾਂ ਵਿੱਚ ਖ਼ਾਲੀ ਅਸਾਮੀਆਂ ਨੂੰ ਜਲਦ ਭਰਨ, ਠੇਕਾ ਪ੍ਰਥਾ ਅਤੇ ਆਊਟਸੋਰਸਿੰਗ ਨੂੰ ਖ਼ਤਮ ਕਰਨ ਅਤੇ ਮੁਲਾਜ਼ਮਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਦਾ ਹੱਲ ਕਰਨ ਦੀ ਮੰਗ ਕੀਤੀ। ਯੂਨੀਅਨ ਵੱਲੋਂ ਐਲਾਨ ਕੀਤਾ ਗਿਆ ਕਿ 2 ਜੂਨ 2026 ਨੂੰ ਸਮੂਹ ਜ਼ਿਲ੍ਹਾ ਕੰਪਲੈਕਸਾਂ ਅਤੇ ਹੈੱਡਕੁਆਰਟਰਾਂ 'ਤੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ। ਇਸ ਦੌਰਾਨ ਪੰਜਾਬ ਸਰਕਾਰ ਦੀਆਂ ਮੁਲਾਜ਼ਮ ਅਤੇ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ ਆਵਾਜ਼ ਬੁਲੰਦ ਕੀਤੀ ਜਾਵੇਗੀ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੰਗਾਂ ਵੱਲ ਧਿਆਨ ਨਾ ਦਿੱਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਤਨਖ਼ਾਹਾਂ ਨਾ ਮਿਲਣ ਕਾਰਨ ਭੜਕੇ ਬੀ.ਡੀ.ਪੀ.ਓ. ਕਰਮਚਾਰੀ, ਦਫ਼ਤਰ ਦੇ ਗੇਟ ਬੰਦ ਕਰਕੇ ਕੀਤਾ ਰੋਸ ਪ੍ਰਦਰਸ਼ਨ



ਬਰਨਾਲਾ, 1 ਜੂਨ (ਬਘੇਲ ਸਿੰਘ ਧਾਲੀਵਾਲ) : ਬੀ.ਡੀ.ਪੀ.ਓ ਦਫ਼ਤਰ ਬਰਨਾਲਾ ਦੇ ਸਮੂਹ ਦਫ਼ਤਰੀ ਅਤੇ ਫੀਲਡ ਸਟਾਫ ਵੱਲੋਂ ਕਲਮ ਛੋੜ ਹੜਤਾਲ ਕਰ ਰੋਸ ਪ੍ਰਦਰਸ਼ਨ ਕੀਤਾ ਗਿਆ, ਉਨ੍ਹਾਂ ਵੱਲੋਂ ਦਫ਼ਤਰ ਦੀਆਂ ਸਮੂਹ ਬ੍ਰਾਂਚਾਂ ਦੇ ਗੇਟ ਬੰਦ ਕਰਕੇ ਆਪਣੀਆਂ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ ਕੀਤਾ ਗਿਆ। ਜਾਣਕਾਰੀ ਦਿੰਦੇ ਹੋਏ ਸਮੂਹ ਸਟਾਫ਼ ਵੱਲੋਂ ਦੱਸਆ ਗਿਆ ਹੈ ਕਿ ਸਾਰੇ ਕਮਰਚਾਰੀਆਂ ਨੂੰ ਫਰਵਰੀ/2026 ਤੋਂ ਬਾਅਦ ਦੀ ਤਨਖਾਹ ਨਾ ਮਿਲਣ ਕਾਰਨ ਕਰਮਚਾਰੀ ਦਾ ਗੁਜ਼ਾਰਾ ਹੋਣਾ ਮੁਸ਼ਕਿਲ ਹੈ। ਸਟਾਫ਼ ਵੱਲੋਂ ਤਨਖਾਹ ਨਾ ਮਿਲਣ ਦਾ ਕਾਰਨ ਦੱਸਿਆ ਗਿਆ ਦਫ਼ਤਰ ਡਿਪਟੀ ਕਮਿਸ਼ਨਰ ਬਰਨਾਲਾ ਵੱਲੋਂ ਸਿਵਲ ਸੂਟ ਨੰਬਰ 314 ਆਫ 2021 ਵੀਰਪਾਲ ਕੌਰ ਬਨਾਮ ਪੰਜਾਬ ਸਰਕਾਰ 'ਚ ਪਏ ਮੁਆਵਜੇ ਦੀ ਰਕਮ 3150234/- ਰੁਪਏ ਅਦਾ ਕਰਨ ਲਈ ਪੰਚਾਇਤ ਸੰਮਤੀ ਬਰਨਾਲਾ ਦਾ ਖਾਤਾ ਮਾਣਯੋਗ ਕੋਰਟ 'ਚ ਦਿੱਤਾ ਗਿਆ, ਜਿਸ ਕਾਰਨ ਮਾਣਯੋਗ ਸਿਵਲ ਕੋਰਟ ਵੱਲੋਂ ਪੰਚਾਇਤ ਸੰਮਤੀ ਬਰਨਾਲਾ ਦੇ ਖਾਤੇ ਨੂੰ ਹੋਲਡ ਤੇ ਲਾ ਦਿੱਤਾ ਗਿਆ ਹੈ। ਸਮੂਹ ਸਟਾਫ਼ ਦੀ ਤਨਖਾਹ ਇਸ ਖਾਤੇ 'ਚੋਂ ਦਿੱਤੀ ਜਾਂਦੀ ਹੈ। ਲੰਮੇ ਸਮੇਂ ਤੋਂ ਚੱਲਦੀ ਆ ਰਹੀ ਕਲਮ ਛੋੜ ਹੜਤਾਲ ਵੱਲ ਪ੍ਰਸ਼ਾਸਨ ਵੱਲੋਂ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ। ਕਰਮਚਾਰੀਆਂ ਨੂੰ ਤਨਖਾਹ ਨਾ ਮਿਲਣ ਕਾਰਨ ਆਪਣੇ ਘਰੇਲੂ ਖਰਚੇ ਪੂਰੇ ਕਰਨ 'ਚ ਮੁਸ਼ਕਿਲ ਪੇਸ਼ ਆ ਰਹੀ ਹੈ ਲੰਮੀ ਅਤੇ ਜਾਨਲੇਵਾ ਬਿਮਾਰੀ ਨਾਲ ਜੂਝ ਰਹੇ ਹਨ ਕਿਉਂਕਿ ਉਹਨਾਂ ਨੂੰ ਦਵਾਈਆਂ ਦਵਾਉਣ ਅਤੇ ਮੈਡੀਕਲ ਇਲਾਜ ਕਰਵਾਉਣ 'ਚ ਮੁਸ਼ਕਿਲ ਪੇਸ਼ ਆ ਰਹੀ ਹੈ। ਉਨ੍ਹਾਂ ਕਿਹਾ ਕਿ ਜੇਕਰ ਕਰਮਚਾਰੀਆਂ ਦੇ ਪਰਿਵਾਰਕ ਮੈਂਬਰਾਂ ਨੂੰ ਕੁਝ ਹੁੰਦਾ ਹੈ ਤਾਂ ਉਸਦਾ ਜਿੰਮੇਵਾਰ ਪ੍ਰਸ਼ਾਸਨ ਹੋਵੇਗਾ।



# ਪਟਿਆਲਾ-ਆਸ/ਪਾਸ



## ਜ਼ਿਲ੍ਹਾ ਪ੍ਰੀਸ਼ਦ ਸਮੇਤ ਤਿੰਨੇ ਬਲਾਕ ਸੰਮਤੀਆਂ ਦੇ ਚੇਅਰਮੈਨਾਂ ਵੱਲੋਂ ਅਹੁਦੇ ਸੰਭਾਲਣ ਨਾਲ ਜ਼ਿਲ੍ਹੇ ਦੇ ਪੇਂਡੂ ਵਿਕਾਸ ਨੂੰ ਮਿਲੇਗੀ ਰਫ਼ਤਾਰ : ਹਰਪਾਲ ਸਿੰਘ ਚੀਮਾ

ਮਲੇਰਕੋਟਲਾ, 1 ਜੂਨ (ਬਲਜੀਤ ਸਿੰਘ ਟਿੱਬਾ) : ਜ਼ਿਲ੍ਹਾ ਪ੍ਰੀਸ਼ਦ ਮਾਲੇਰਕੋਟਲਾ ਅਤੇ ਤਿੰਨਾਂ ਬਲਾਕ ਸੰਮਤੀਆਂ ਦੇ ਨਵੇਂ ਚੁਣੇ ਚੇਅਰਮੈਨ ਅਤੇ ਵਾਈਸ ਚੇਅਰਮੈਨਾਂ ਨੇ ਅੱਜ ਰਸਮੀ ਤੌਰ 'ਤੇ ਆਪਣੇ ਅਹੁੱਦਿਆਂ ਦਾ ਕਾਰਜਭਾਰ ਸੰਭਾਲ ਲਿਆ ਹੈ। ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਮਾਲੇਰਕੋਟਲਾ ਰਘਵੀਰ ਸਿੰਘ ਚੌਂਦਾ, ਚੇਅਰਮੈਨ ਬਲਾਕ ਸੰਮਤੀ ਮਾਲੇਰਕੋਟਲਾ ਸੰਤੋਖ ਸਿੰਘ, ਚੇਅਰਮੈਨ ਬਲਾਕ ਸੰਮਤੀ ਅਹਿਮਦਗੜ੍ਹ ਮੋਹਨਜੀਤ ਸਿੰਘ ਅਤੇ ਚੇਅਰਪਰਸਨ ਬਲਾਕ ਸੰਮਤੀ ਅਮਰਗੜ੍ਹ ਮਨਜੀਤ ਕੌਰ ਬਾਠਾਂ ਨੇ ਆਪਣੇ ਅਹੁਦੇ ਸੰਭਾਲੇ। ਇਸ ਦੇ ਨਾਲ ਹੀ ਵਾਈਸ ਚੇਅਰਪਰਸਨ ਜ਼ਿਲ੍ਹਾ ਪ੍ਰੀਸ਼ਦ ਕੁਲਦੀਪ ਕੌਰ, ਵਾਈਸ ਚੇਅਰਮੈਨ ਬਲਾਕ ਸੰਮਤੀ ਮਾਲੇਰਕੋਟਲਾ ਸੈਦਾ ਪ੍ਰਵੀਨ, ਵਾਈਸ ਚੇਅਰਮੈਨ ਬਲਾਕ ਸੰਮਤੀ ਅਹਿਮਦਗੜ੍ਹ ਰਵਿੰਦਰ ਸਿੰਘ ਅਤੇ ਵਾਈਸ ਚੇਅਰਮੈਨ ਬਲਾਕ ਸੰਮਤੀ ਅਮਰਗੜ੍ਹ ਸਲਾਮ ਦੀਨ ਨੇ ਵੀ ਅਹੁਦਾ ਸੰਭਾਲਿਆ।ਸਥਾਨਕ ਬਲਾਕ ਵਿਕਾਸ ਅਤੇ ਪੰਚਾਇਤ ਦਫ਼ਤਰ ਵਿਖੇ ਕਰਵਾਏ ਗਏ ਸਮਾਗਮ ਮੌਕੇ ਕੈਬਨਿਟ ਮੰਤਰੀ ਪੰਜਾਬ ਸ. ਹਰਪਾਲ ਸਿੰਘ ਚੀਮਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ, ਵਿਧਾਇਕ ਅਮਰਗੜ੍ਹ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ, ਫਰਿਆਲ ਰਹਿਮਾਨ, ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ, ਸਹਾਇਕ ਕਮਿਸ਼ਨਰ ਮਨਦੀਪ ਕੌਰ, ਬੀ.ਡੀ.ਪੀ.ਓ. ਬਬਲਜੀਤ ਕੌਰ ਅਤੇ ਹੋਰ ਪ੍ਰਮੁੱਖ ਆਗੂ ਤੇ ਅਧਿਕਾਰੀ ਵੀ ਹਾਜ਼ਰ ਸਨ।ਨਵੇਂ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਜ਼ਿਲ੍ਹਾ ਪ੍ਰੀਸ਼ਦ ਅਤੇ ਬਲਾਕ ਸੰਮਤੀਆਂ ਪੇਂਡੂ ਵਿਕਾਸ ਦੀਆਂ ਸਭ ਤੋਂ ਅਹਿਮ ਸੰਸਥਾਵਾਂ ਹਨ। ਵਿੱਤ ਮੰਤਰੀ ਸ.ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ ਅਤੇ ਇਸੇ ਮਕਸਦ ਨਾਲ ਉਨ੍ਹਾਂ ਜ਼ਿਲ੍ਹੇ ਦੇ ਸਮੂਹ ਪਿੰਡਾਂ ਦੇ ਵਿਕਾਸ ਲਈ 20 ਕਰੋੜ ਰੁਪਏ ਦੀ ਵਿਸ਼ੇਸ਼ ਗ੍ਰਾਂਟ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਪਿਛਲੇ ਸਾਲਾਂ ਦੌਰਾਨ ਸੂਬੇ ਦੀ ਆਰਥਿਕਤਾ ਨੂੰ ਮਜ਼ਬੂਤ ਕੀਤਾ ਹੈ ਅਤੇ ਸਰਕਾਰੀ ਆਮਦਨ ਵਿੱਚ ਰਿਕਾਰਡਤੋੜ ਵਾਧਾ ਦਰਜ ਕੀਤਾ ਹੈ। ਵਿਧਾਇਕ ਡਾ. ਜਮੀਲ ਉਰ ਰਹਿਮਾਨ ਅਤੇ ਪ੍ਰੋ. ਜਸਵੰਤ ਸਿੰਘ ਗੱਜਣਮਾਜਰਾ ਨੇ ਵੀ ਨਵੇਂ ਅਹੁਦੇਦਾਰਾਂ ਨੂੰ ਵਧਾਈ ਦਿੱਤੀ। ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਘਵੀਰ ਸਿੰਘ ਚੌਂਦਾ ਅਤੇ ਹੋਰ ਨਵੇਂ ਅਹੁਦੇਦਾਰਾਂ ਨੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ, ਕੈਬਨਿਟ ਮੰਤਰੀ ਸ. ਹਰਪਾਲ ਸਿੰਘ ਚੀਮਾ, ਵਿਧਾਇਕਾਂ ਅਤੇ ਪਾਰਟੀ ਲੀਡਰਸ਼ਿਪ ਦਾ ਧੰਨਵਾਦ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਅਤੇ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਸ਼ਕਾਬ ਅਲੀ ਰਾਜਾ, ਮਾਰਕੀਟ ਕਮੇਟੀ ਮਾਲੇਰਕੋਟਲਾ ਦੇ ਚੇਅਰਮੈਨ ਜਾਫਰ ਅਲੀ, ਚੇਅਰਮੈਨ ਮਾਰਕੀਟ ਕਮੇਟੀ ਅਮਰਗੜ੍ਹ ਹਰਪ੍ਰੀਤ ਸਿੰਘ ਹੈਪੀ ਨੰਗਲ, ਚੇਅਰਮੈਨ ਵਪਾਰ ਮੰਡਲ ਅਮਰਗੜ੍ਹ ਅਸ਼ਵਨੀ ਕੁਮਾਰ, ਮੈਂਬਰ ਵਕਫ਼ ਬੋਰਡ ਸ਼ਹਿਬਾਜ਼ ਰਾਣਾ, ਏ.ਕੇ.ਵਾਈ. ਮੁਨਿਸ ਰਹਿਮਾਨ, ਚਰਨਜੀਤ ਸਿੰਘ ਅਤੇ ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ ਸਮੇਤ ਵੱਡੀ ਗਿਣਤੀ ਵਿੱਚ ਪਤਵੰਤੇ ਅਤੇ ਪਾਰਟੀ ਆਗੂ ਹਾਜ਼ਰ ਸਨ।



## ਪੰਥ ਅਤੇ ਪੰਜਾਬੀਆਂ ਦੇ ਮਸਲਿਆਂ ਨੂੰ ਸੂਬਾ ਤੇ ਕੇਂਦਰ ਸਰਕਾਰ ਤੁਰੰਤ ਹੱਲ ਕਰੇ: ਪ੍ਰੋ. ਚੰਦੂਮਾਜਰਾ

### ਅਕਾਲੀ ਦਲ ਪੁਨਰ ਸੁਰਜੀਤ ਨੇ ਡੀ.ਸੀ. ਨੂੰ ਮੰਗ ਪੱਤਰ ਸੌਂਪਿਆ



ਪਟਿਆਲਾ, 1 ਜੂਨ (ਰੁਪਾਣਾ/ ਅਮਰਜੀਤ ਸਿੰਘ) : ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਅਤੇ ਸਾਬਕਾ ਮੈਂਬਰ ਪਾਰਲੀਮੈਂਟ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ ਅਤੇ ਜ਼ਿਲ੍ਹਾ ਪ੍ਰਧਾਨ ਰਣਧੀਰ ਸਿੰਘ ਰੱਖੜਾ ਦੀ ਅਗਵਾਈ ਹੇਠ ਅੱਜ ਇੱਕ ਵਫ਼ਦ ਨੇ ਪਟਿਆਲਾ ਦੇ ਡਿਪਟੀ ਕਮਿਸ਼ਨਰ ਨੂੰ ਪੰਥ ਅਤੇ ਪੰਜਾਬ ਨਾਲ ਜੁੜੀਆਂ ਅਹਿਮ ਮੰਗਾਂ ਸਬੰਧੀ ਮੰਗ ਪੱਤਰ ਸੌਂਪਿਆ। ਇਸ ਮੌਕੇ ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਪੰਜਾਬ ਅੱਜ ਕਈ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ ਅਤੇ ਸੂਬੇ ਦੇ ਲੋਕਾਂ ਦੇ ਹੱਕਾਂ ਅਤੇ ਧਾਰਮਿਕ ਭਾਵਨਾਵਾਂ ਨਾਲ ਜੁੜੇ ਮੁੱਦਿਆਂ ਨੂੰ ਲਗਾਤਾਰ ਅਣਡਿੱਠਾ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਥ ਅਤੇ ਪੰਜਾਬੀਆਂ ਦੇ ਮਸਲਿਆਂ ਨੂੰ ਸੂਬਾ ਅਤੇ ਕੇਂਦਰ ਸਰਕਾਰ ਤੁਰੰਤ ਹੱਲ ਕਰੇ। ਉਨ੍ਹਾਂ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰਾਂ ਨੂੰ ਪੰਜਾਬ ਦੇ ਸੰਵਿਧਾਨਕ, ਆਰਥਿਕ ਅਤੇ ਧਾਰਮਿਕ ਹੱਕਾਂ ਦੀ ਰੱਖਿਆ ਲਈ ਤੁਰੰਤ ਕਦਮ ਚੁੱਕਣੇ ਚਾਹੀਦੇ ਹਨ। ਪ੍ਰੋ. ਚੰਦੂਮਾਜਰਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਪੰਥਕ ਅਤੇ ਪੰਜਾਬੀਆਂ ਮਸਲਿਆਂ 'ਤੇ ਡੱਟ ਕੇ ਪਹਿਰਾ ਦੇਵੇਗੀ। ਇਸ ਮੌਕੇ ਵਫ਼ਦ ਵੱਲੋਂ ਸੌਂਪੇ ਗਏ ਮੰਗ ਪੱਤਰ ਵਿੱਚ ਵਿੱਚ ਜ ਾਗਤ ਜੋਤਿ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ ਐਕਟ 2026), ਬੰਦੀ ਸਿੰਘਾਂ ਦੀ ਰਿਹਾਈ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ, ਨੌਜਵਾਨਾਂ ਵਿੱਚ ਵਧ ਰਹੀ ਬੇਰੁਜ਼ਗਾਰੀ, ਸੂਬੇ ਵਿੱਚ ਵਿਗੜ ਰਹੀ ਕਾਨੂੰਨ ਵਿਵਸਥਾ, ਪੰਜਾਬ ਦੇ ਪਾਣੀਆਂ ਦੇ ਹੱਕ, ਕਿਸਾਨਾਂ ਅਤੇ ਨੌਜਵਾਨਾਂ ਨਾਲ ਸਬੰਧਤ ਮੁੱਦੇ, ਸੂਬੇ ਦੇ ਆਰਥਿਕ ਹਿਤਾਂ ਦੀ ਰੱਖਿਆ, ਪੰਜਾਬ ਨੂੰ ਦਰਪੇਸ਼ ਹੋਰ ਅਹਿਮ ਸਮੱਸਿਆਵਾਂ ਦਾ ਜ਼ਿਕਰ ਕੀਤਾ ਗਿਆ। ਆਗੂਆਂ ਨੇ ਮੰਗ ਕੀਤੀ ਕਿ ਇਨ੍ਹਾਂ ਮਸਲਿਆਂ ਦੇ ਹੱਲ ਲਈ ਸਰਕਾਰ ਵੱਲੋਂ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇ। ਜ਼ਿਲ੍ਹਾ ਪ੍ਰਧਾਨ ਰਣਧੀਰ ਸਿੰਘ ਰੱਖੜਾ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੀ ਸਾਰੀ ਲੀਡਰਸ਼ਿਪ ਪੰਥ ਅਤੇ ਪੰਜਾਬੀਆਂ ਦੇ ਹਿੱਤਾਂ ਦੀ ਰਾਖੀ ਦੇ ਲਈ ਵਚਨਬੱਧ ਹੈ। ਇਸ ਮੌਕੇ ਸ ਜਰਨੈਲ ਸਿੰਘ ਕਰਤਾਰਪੁਰ ਮੈਂਬਰ ਐਸ ਜੀ ਪੀ ਐਸ, ਰਵਿੰਦਰ ਸਿੰਘ ਵਿੰਦਾ ਗਰੇਵਰ ਜ਼ਿਲਾ ਪ੍ਰਧਾਨ ਸ਼ਹਿਰੀ, ਭੁਪਿੰਦਰ ਸਿੰਘ ਸੇਖੂਪੁਰ ਹਲਕਾ ਇੰਚਾਰਜ਼ ਘਨੌਰ, ਅਰਵਿੰਦਰ ਸਿੰਘ ਸ਼ਾਹਪੁਰ ਹਲਕਾ ਇੰਚਾਰਜ਼ ਨਾਭਾ, ਹਰਵਿੰਦਰ ਸਿੰਘ ਜੱਸੋਵਾਲ, ਸਤਿੰਦਰ ਸਿੰਘ ਸੁੱਕੂ, ਗੁਰਵਿੰਦਰ ਸਿੰਘ ਸ਼ਕਤੀਮਾਨ, ਮਹਿੰਦਰ ਪਾਲ ਸਿੰਘ ਸੋਢੀ, ਸੁਖਵਿੰਦਰ ਸਿੰਘ ਬੋਬੀ, ਧਰਮ ਸਿੰਘ ਧਾਰੋਕੀ, ਮਨਜੀਤ ਸਿੰਘ ਮੱਲੇਵਾਲ, ਬਲਵੰਤ ਸਿੰਘ ਤਰਖੇੜੀ,ਗੁਰਬਚਨ ਸਿੰਘ ਨਾਨੋਕੀ, ਜਗਦੀਪ ਸਿੰਘ ਗਲਵੱਟੀ, ਲਖਵਿੰਦਰ ਸਿੰਘ ਲੱਖੀ, ਕੁਲਵਿੰਦਰ ਸਿੰਘ ਲਵਲੀ ਅਮਰੀਕ ਸਿੰਘ ਲੰਗ, ਗੁਰਚਰਨ ਸਿੰਘ ਸੇਹਰਾ, ਚੰਦਰਭਾਨ ਜੀ, ਪ੍ਰੋ ਮਲਕੀਤ ਸਿੰਘ, ਚਰਨਜੀਤ ਸਿੰਘ, , ਨਿਰੰਜਨ ਸਿੰਘ ਫੌਜੀ, ਤਰਸੇਮ ਸਿੰਘ ਕੋਟਲਾ, ਗੁਰਦੀਪ ਸਿੰਘ ਦੇਵੀਨਗਰ, ਰਾਜ ਕੁਮਾਰ ਖਰਾਬਗੜ੍ਹ, ਜਰਨੈਲ ਸਿੰਘ ਰਾਠੌਲ, ਸ਼ੇਰ ਸਿੰਘ ਪੰਜੇਟਾ , ਗੁਰਜੀਤ ਸਿੰਘ ਉੱਪਲੀ, ਭੁਪਿੰਦਰ ਸਿੰਘ ਗਿੱਲ, ਗੁਰਮੁੱਖ ਸਿੰਘ ਸੁਹਾਗਹੇੜੀ, ਅਮਰਜੀਤ ਸਿੰਘ ਨੌਗਾਵਾਂ, ਜਗਜੀਤ ਸਿੰਘ ਡੰਡੋਆਂ, ਪਲਵਿੰਦਰ ਸਿੰਘ ਰਿੰਕੂ ਅਤੇ ਕੁਲਵੰਤ ਸਿੰਘ ਗਿੱਲ ਆਦਿ ਪਾਰਟੀ ਦੇ ਹੋਰ ਸੀਨੀਅਰ ਆਗੂ, ਅਹੁਦੇਦਾਰ ਅਤੇ ਵਰਕਰ ਵੀ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

## ਡਾ. ਬੀ.ਐੱਸ. ਸੰਧੂ ਸਕੂਲ ਦੇ ਖਿਡਾਰੀਆਂ ਨੇ ਨੈਸ਼ਨਲ ਚੈਂਪੀਅਨਸ਼ਿਪ 'ਚ ਗੱਡੇ ਝੰਡੇ, ਜਿੱਤੀ ਓਵਰਆਲ ਟਰਾਫ਼ੀ ਤੇ 31 ਮੈਡਲ



ਦੇਵੀਗੜ੍ਹ, 1 ਜੂਨ (ਗੁਰਜੀਤ ਸਿੰਘ ਢੋਟ) : ਡਾ. ਬੀ.ਐੱਸ. ਸੰਧੂ ਮੈਮੋਰੀਅਲ ਪਬਲਿਕ ਸਕੂਲ, ਘੜਾਮ ਰੋਡ, ਜੁਲਾਹ ਖੇੜੀ ਦੇ ਖਿਡਾਰੀਆਂ ਨੇ ਖੇਡਾਂ ਦੇ ਖੇਤਰ ਵਿੱਚ ਰਾਸ਼ਟਰੀ ਪੱਧਰ 'ਤੇ ਸਕੂਲ ਅਤੇ ਇਲਾਕੇ ਦਾ ਨਾਮ ਪੂਰੇ ਦੇਸ਼ ਵਿੱਚ ਰੌਸ਼ਨ ਕੀਤਾ ਹੈ। ਸ੍ਰੀ ਗੁਰੂ ਤੇਗ ਬਹਾਦਰ ਸੀਨੀਅਰ ਸੈਕੰਡਰੀ ਸਕੂਲ, ਬਹਿਰ ਸਾਹਿਬ (ਪਾਤੜਾਂ) ਵਿਖੇ ਯੂਥ ਐਂਡ ਰੂਰਲ ਐਸੋਸੀਏਸ਼ਨ (ਇੰਡੀਆ) ਵੱਲੋਂ ਕਰਵਾਈ ਗਈ YRSA ਨੈਸ਼ਨਲ ਚੈਂਪੀਅਨਸ਼ਿਪ 2026 ਵਿੱਚ ਸਕੂਲ ਦੇ ਵਿਦਿਆਰਥੀਆਂ ਨੇ ਬਿਹਤਰੀਨ ਪ੍ਰਦਰਸ਼ਨ ਕਰਦੇ ਹੋਏ ਓਵਰਆਲ ਟਰਾਫ਼ੀ ਅਤੇ ਕੁੱਲ 31 ਮੈਡਲ ਆਪਣੇ ਨਾਮ ਕੀਤੇ। ਇਨ੍ਹਾਂ ਖਿਡਾਰੀਆਂ ਦੇ ਨਾਲ ਮੁਕਾਬਲਾ ਕਰਦਿਆਂ ਸਕੂਲ ਦੇ ਹੋਣਹਾਰ ਖਿਡਾਰੀਆਂ ਨੇ ਵੱਖ - ਵੱਖ ਖੇਡਾਂ ਜਿਵੇਂ ਕਿ ਕਰਾਟੇ , ਸ਼ਤਰੰਜ , ਐਥਲੇਟਿਕਸ , ਤਾਇਕਵਾਂਡੋ, ਕਿੱਕ - ਬਾਕਸਿੰਗ ਆਦਿ ਖੇਡਾਂ ਵਿਚ ਆਪਣੀ ਖੇਡ ਕਲਾ ਅਤੇ ਤਕਨੀਕ ਦਾ ਲੋਹਾ ਮਨਾਇਆ। ਖਿਡਾਰੀਆਂ ਦੀ ਸ਼ਾਨਦਾਰ ਖੇਡ ਸਦਕਾ ਸਕੂਲ ਨੇ ਵੱਖ-ਵੱਖ ਮੁਕਾਬਲਿਆਂ ਵਿੱਚ ਸ਼ਾਨਦਾਰ ਜਿੱਤਾਂ ਦਰਜ ਕਰਕੇ ਕੁੱਲ 31 ਮੈਡਲ ਹਾਸਲ ਕੀਤੇ ਜਿਨ੍ਹਾਂ ਵਿਚੋਂ 15 ਗੋਲਡ ਮੈਡਲ, 11 ਸਿਲਵਰ ਮੈਡਲ ਅਤੇ 5 ਬਰੌਂਜ਼ ਮੈਡਲ ਹਾਸਿਲ ਕਰਨ ਦੇ ਨਾਲ ਨਾਲ ਚੈਂਪੀਅਨਸ਼ਿਪ ਦੀ 'ਓਵਰਆਲ ਟਰਾਫ਼ੀ' 'ਤੇ ਵੀ ਕਬਜ਼ਾ ਕੀਤਾ। ਸਕੂਲ ਪਹੁੰਚਣ 'ਤੇ ਜੇਤੂ ਖਿਡਾਰੀਆਂ ਅਤੇ ਉਨ੍ਹਾਂ ਦੇ ਕੋਚਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਚੇਅਰਮੈਨ ਸ. ਹਰਦੀਪ ਸਿੰਘ ਸੰਧੂ ਅਤੇ ਮੈਨੇਜਿੰਗ ਡਾਇਰੈਕਟਰ ਮੈਡਮ ਰਜਿੰਦਰ ਕੌਰ ਸੰਧੂ ਨੇ ਖਿਡਾਰੀਆਂ ਨੂੰ ਮੁਬਾਰਕਬਾਦ ਦਿੱਤੀ। ਪ੍ਰਿੰਸੀਪਲ ਤਰਨਦੀਪ ਕੌਰ ਅਰੋੜਾ ਨੇ ਇਸ ਸ਼ਾਨਦਾਰ ਸਫ਼ਲਤਾ ਲਈ ਸਪੋਰਟਸ ਇੰਚਾਰਜ ਅਵਤਾਰ ਸਿੰਘ ਅਤੇ ਜਸਵੰਤ ਸਿੰਘ ਦੀ ਅਤੇ ਬੱਚਿਆਂ ਦੀ ਦਿਨ-ਰਾਤ ਦੀ ਮਿਹਨਤ ਦੀ ਸ਼ਲਾਘਾ ਕੀਤੀ।

## ਪੁਸਤਕ ਗਣਿਤ ਸਿੱਖਿਆ ਦਾ ਲੋਕ ਅਰਪਣ



ਪਟਿਆਲਾ, 1 ਜੂਨ (ਚ.ਨ.ਸ) : ਗੌਰਮਿੰਟ ਕਾਲਜ ਆਫ ਐਜੂਕੇਸ਼ਨ, ਪਟਿਆਲਾ ਵਿਖੇ ਗਣਿਤ ਸਿੱਖਿਆ ਪੁਸਤਕ ਦਾ ਅਰਪਣ ਸਮਾਰੋਹ ਆਯੋਜਿਤ ਕੀਤਾ ਗਿਆ। ਪ੍ਰਿੰਸੀਪਲ ਪ੍ਰੋ. ਡਾ. ਵਨੀਤਾ ਰਾਣੀ ਵੱਲੋਂ ਪੁਸਤਕ ਦਾ ਲੋਕ ਅਰਪਣ ਕੀਤਾ ਗਿਆ ਅਤੇ ਡਾ. ਕੁਲਜੀਤ ਕੌਰ ਨੂੰ ਇਸ ਮਹੱਤਵਪੂਰਨ ਰਚਨਾ ਲਈ ਵਧਾਈ ਦਿੱਤੀ ਗਈ। ਉਨ੍ਹਾਂ ਕਿਹਾ ਕਿ ਇਹ ਪੁਸਤਕ ਗਣਿਤ ਦੇ ਅਧਿਆਪਕ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਅਧਿਆਪਕਾ ਅਤੇ ਵਿਦਿਆਰਥੀਆਂ ਲਈ ਬਹੁਤ ਲਾਭਦਾਇਕ ਸਾਬਤ ਹੋਵੇਗੀ। ਇਸ ਮੌਕੇ ਕਾਲਜ ਦਾ ਸਾਰਾ ਸਟਾਫ ਮੌਜੂਦ ਸੀ ਅੰਤ ਵਿੱਚ ਹਾਜਰ ਸ਼ਖ਼ਸ਼ੀਅਤਾਂ ਦਾ ਧੰਨਵਾਦ ਕੀਤਾ।

## ਜਸਪਾਲ ਸਿੰਘ ਭੰਗੂ ਵੱਲੋਂ ਪੰਜਾਬ ਭਾਜਪਾ ਦੇ ਨਵ-ਨਿਯੁਕਤ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦਾ ਸਨਮਾਨ



ਘਨੌਰ, 1 ਜੂਨ (ਮਦਨ ਲਾਲ) : ਭਾਰਤੀ ਜਨਤਾ ਪਾਰਟੀ ਪਟਿਆਲਾ ਦਿਹਾਤੀ ਉੱਤਰੀ ਦੇ ਪ੍ਰਧਾਨ ਜਸਪਾਲ ਸਿੰਘ ਭੰਗੂ ਨੇ ਅੱਜ ਚੰਡੀਗੜ੍ਹ ਵਿਖੇ ਪੰਜਾਬ ਭਾਜਪਾ ਦੇ ਨਵ ਨਿਯੁਕਤ ਸੂਬਾ ਪ੍ਰਧਾਨ ਸਰਦਾਰ ਕੇਵਲ ਸਿੰਘ ਢਿੱਲੋ ਨਾਲ ਇੱਕ ਉੱਚ ਪੱਧਰੀ ਅਤੇ ਅਹਿਮ ਮੁਲਾਕਾਤ ਕੀਤੀ। ਇਸ ਮੁਲਾਕਾਤ ਦੌਰਾਨ ਉਨ੍ਹਾਂ ਨੇ ਕੇਵਲ ਢਿੱਲੋਂ ਨੂੰ ਪੰਜਾਬ ਭਾਜਪਾ ਦੀ ਵਾਗਡੋਰ ਸੰਭਾਲਣ 'ਤੇ ਹਲਕਾ ਘਨੌਰ ਸਨੌਰ ਤੇ ਰਾਜਪੁਰਾ ਦੇ ਸਮੁੱਚੇ ਭਾਜਪਾ ਆਗੂਆਂ ਵਰਕਰਾਂ ਤੇ ਇਲਾਕਾ ਨਿਵਾਸੀਆਂ ਵੱਲੋਂ ਵਧਾਈ ਦਿੱਤੀ।ਇਸ ਦੌਰਾਨ ਉਹਨਾਂ ਸੂਬਾ ਪ੍ਰਧਾਨ ਦਾ ਗੁਲਦਸਤਾ ਭੇਟ ਕਰਕੇ ਸਨਮਾਨ ਵੀ ਕੀਤਾ। ਇਸ ਮੌਕੇ ਰਮੇਸ਼ ਲਾਂਬਾ ਯੁਵਾ ਮੋਰਚਾ ਦੇ ਜ਼ਿਲ੍ਹਾ ਪ੍ਰਧਾਨ ਜਰਨੈਲ ਸਿੰਘ ਸੇਖੂਪੁਰਾ, ਜ਼ਿਲ੍ਹਾ ਸਕੱਤਰ ਰਜਿੰਦਰ ਸੈਣੀ, ਐਡਵੋਕੇਟ ਅਰੁਨ ਕੌਂਸਲ, ਜ਼ਿਲ੍ਹਾ ਆਈ ਟੀ ਦੇ ਇੰਚਾਰਜ ਵਿਸ਼ੂ ਸ਼ਰਮਾ , ਦਫ਼ਤਰ ਇੰਚਾਰਜ ਵਰਿੰਦਰ ਸਿੰਘ ਮਿਹੌਣ, ਰਜਿੰਦਰ ਸਿੰਘ ਬਹਾਦਰਗੜ੍ਹ ਅਮਨ, ਅਤੇ ਜੈਪਾਲ ਸਿੰਘ ਸਮੇਤ ਹੋਰ ਵੀ ਭਾਜਪਾ ਆਗੂ ਹਾਜ਼ਰ ਸਨ।

## ਵੁਸ਼ੂ ਚੈਂਪੀਅਨਸ਼ਿਪ 'ਚ ਟੈਗੋਰ ਇੰਟਰਨੈਸ਼ਨਲ ਸਕੂਲ ਦੀਆਂ ਖਿਡਾਰਨਾਂ ਦਾ ਸ਼ਾਨਦਾਰ ਪ੍ਰਦਰਸ਼ਨ




ਦੇਵੀਗੜ੍ਹ, 1 ਜੂਨ (ਗੁਰਜੀਤ ਸਿੰਘ ਢੋਟ) : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਗੋਨਿਆਣਾ ਮੰਡੀ, ਬਠਿੰਡਾ ਵਿਖੇ 30 ਮਈ ਤੋਂ 1 ਜੂਨ 2026 ਤੱਕ ਆਯੋਜਿਤ 28ਵੀਂ ਪੰਜਾਬ ਸਟੇਟ (ਗਰਲਜ਼) ਵੁਸ਼ੂ ਚੈਂਪੀਅਨਸ਼ਿਪ ਵਿੱਚ ਟੈਗੋਰ ਇੰਟਰਨੈਸ਼ਨਲ ਸਕੂਲ ਦੀਆਂ ਖਿਡਾਰਨਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਚੈਂਪੀਅਨਸ਼ਿਪ ਦੌਰਾਨ ਅਰਸ਼ਦੀਪ ਕੌਰ ਨੇ 60 ਕਿੱਲੋਗ੍ਰਾਮ ਭਾਰ ਵਰਗ ਵਿੱਚ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਦਿਆਂ ਸੋਨ ਤਗਮਾ ਆਪਣੇ ਨਾਮ ਕੀਤਾ, ਜਦਕਿ ਜਸਮੀਨ ਕੌਰ ਨੇ 39 ਕਿੱਲੋਗ੍ਰਾਮ ਭਾਰ ਵਰਗ ਵਿੱਚ ਕਾਂਸੀ ਤਗਮਾ ਜਿੱਤ ਕੇ ਸਕੂਲ ਨੂੰ ਮਾਣ ਦਿਵਾਇਆ। ਇਸ ਮੌਕੇ ਟੈਗੋਰ ਇੰਟਰਨੈਸ਼ਨਲ ਸਕੂਲ ਦੇ ਡਾਇਰੈਕਟਰ ਸ੍ਰੀ ਗੌਰਵ ਗੁਲਾਟੀ, ਪ੍ਰੈਜ਼ੀਡੈਂਟ ਸ਼੍ਰੀਮਤੀ ਸਲੋਨੀ ਗੁਲਾਟੀ, ਮੈਨੇਜਰ ਸ੍ਰੀ ਸੁਸ਼ੀਲ ਮਿਸ਼ਰਾ ਅਤੇ ਪ੍ਰਿੰਸੀਪਲ ਡਾ. ਮੀਨਾਕਸ਼ੀ ਸੂਦ ਨੇ ਜੇਤੂ ਖਿਡਾਰਨਾਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚਿੰਗ ਸਟਾਫ ਨੂੰ ਦਿਲੋਂ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀਆਂ ਇਹ ਉਪਲਬਧੀਆਂ ਨਾ ਸਿਰਫ਼ ਸਕੂਲ ਲਈ ਮਾਣ ਦੀ ਗੱਲ ਹਨ, ਸਗੋਂ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਦਾ ਸਰੋਤ ਹਨ। ਸਕੂਲ ਪ੍ਰਬੰਧਕਾਂ ਨੇ ਖਿਡਾਰਨਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਕਿਹਾ ਕਿ ਟੈਗੋਰ ਇੰਟਰਨੈਸ਼ਨਲ ਸਕੂਲ ਸਿੱਖਿਆ ਦੇ ਨਾਲ-ਨਾਲ ਖੇਡਾਂ ਦੇ ਖੇਤਰ ਵਿੱਚ ਵੀ ਵਿਦਿਆਰਥੀਆਂ ਨੂੰ ਅੱਗੇ ਵਧਾਉਣ ਲਈ ਹਮੇਸ਼ਾ ਯਤਨਸ਼ੀਲ ਰਹੇਗਾ। ਟੈਗੋਰ ਇੰਟਰਨੈਸ਼ਨਲ ਸਕੂਲ ਪਰਿਵਾਰ ਵੱਲੋਂ ਅਰਸ਼ਦੀਪ ਕੌਰ ਅਤੇ ਜਸਮੀਨ ਕੌਰ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਹਾਰਦਿਕ ਵਧਾਈਆਂ ਦਿੱਤੀਆਂ।

## ਤਰਕਸ਼ੀਲ ਸੁਸਾਇਟੀ ਪਟਿਆਲਾ ਇਕਾਈ ਦੀ ਮੀਟਿੰਗ



ਪਟਿਆਲਾ, 1 ਜੂਨ (ਚ.ਨ.ਸ.) : ਸੁਸਾਇਟੀ ਪਟਿਆਲਾ ਇਕਾਈ ਦੀ ਮੀਟਿੰਗ ਅੱਜ ਡਾ. ਅਨਿਲ ਕੁਮਾਰ ਦੇ ਘਰ ਅੰਨਦ ਨਗਰ -ਬੀ ਵਿਖੇ ਹੋਈ। ਇਹ ਮੀਟਿੰਗ ਪਟਿਆਲਾ ਇਕਾਈ ਦੇ ਵਿੱਤ ਵਿਭਾਗ ਮੁਖੀ ਸ਼ਤੀਸ਼ ਆਲੋਵਾਲ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿਚ ਇਕਾਈ ਦੇ ਜਥੇਬੰਦਕ ਮੁਖੀ ਪੂਰਨ ਸਿੰਘ ਦੇ ਛੇ ਮਹੀਨੇ ਲਈ ਕੈਨੇਡਾ ਗਏ ਹੋਣ ਕਾਰਨ ਜਨਕ ਰਾਜ ਨੂੰ ਸਰਬਸੰਮਤੀ ਨਾਲ ਇਕਾਈ ਦਾ ਜਥੇਬੰਦਕ ਵਿਭਾਗ ਮੁਖੀ ਬਣਾਇਆ ਗਿਆ। ਇਸ ਮੀਟਿੰਗ ਵਿੱਚ ਸ੍ਰੀ ਰਾਮ ਕੁਮਾਰ ਢਕੜੱਬਾ, ਸਨੇਹ ਲਤਾ, ਰਾਮ ਸਿੰਘ ਬੰਗ, ਇੰਦਰਜੀਤ ਕੌਰ, ਕੁਲਵੰਤ ਕੌਰ, ਪ੍ਰੀਤਮਾ ਸ਼ਰਮਾ, ਦਵਿੰਦਰ ਸਿੰਘ, ਸੁਰਜੀਤ ਸਿੰਘ ਨੇ ਵੀ ਸ਼ਮੂਲੀਅਤ ਕੀਤੀ ਤੇ ਚਰਚਾ ਵਿੱਚ ਹਿੱਸਾ ਲਿਆ। ਸੂਬਾ ਕਮੇਟੀ ਰਿਪੋਰਟ ਕੁਲਵੰਤ ਕੌਰ ਨੇ ਪੜ੍ਹੀ। ਇਸ ਮੀਟਿੰਗ ਵਿੱਚ ਇਕਾਈ ਦੀ ਮੈਂਬਰਸ਼ਿਪ ਵਧਾਉਣ ਲਈ ਸਾਰਿਆਂ ਨੂੰ ਕਿਹਾ ਗਿਆ ਤਾਂ ਕਿ ਅੰਧਵਿਸ਼ਵਾਸ ਤੇ ਗੈਰਵਿਗਿਆਨਿਕ ਵਿਚਾਰਾਂ ਨੂੰ ਛੇਤੀ ਖਤਮ ਕੀਤਾ ਜਾ ਸਕੇ।

## ਨਗਰ ਕੌਂਸਲ ਚੋਣਾਂ 'ਚ ਜਿੱਤੇ ਮਨਜਿੰਦਰ ਸਿੰਘ ਰਾਣਾ ਸੇਖੋਂ ਵੱਲੋਂ ਵਾਰਡ ਨੰਬਰ 8 ਦਾ ਦੌਰਾ



ਸਮਾਣਾ, 1 ਜੂਨ (ਸੁਖਜਿੰਦਰ ਸਿੰਘ ਕੁਲਾਰਾਂ) : ਨਗਰ ਕੌਂਸਲ ਚੋਣਾਂ ਵਿੱਚ ਸ਼ਾਨਦਾਰ ਜਿੱਤ ਦਰਜ ਕਰਨ ਤੋਂ ਬਾਅਦ ਮਨਜਿੰਦਰ ਸਿੰਘ ਰਾਣਾ ਸੇਖੋਂ ਵੱਲੋਂ ਅੱਜ ਵਾਰਡ ਨੰਬਰ 8 ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਵਾਰਡ ਦੇ ਸਮੂਹ ਨਿਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਦਿਲੋਂ ਧੰਨਵਾਦ ਕੀਤਾ। ਰਾਣਾ ਸੇਖੋ ਨੇ ਵਾਰਡ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਇਹ ਜਿੱਤ ਸਿਰਫ਼ ਉਨ੍ਹਾਂ ਦੀ ਨਹੀਂ, ਸਗੋਂ ਪੂਰੇ ਵਾਰਡ ਦੇ ਲੋਕਾਂ ਦੀ ਜਿੱਤ ਹੈ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਵਾਰਡ ਦੇ ਵਿਕਾਸ ਲਈ ਉਹ ਪੂਰੀ ਇਮਾਨਦਾਰੀ ਅਤੇ ਨਿਸ਼ਠਾ ਨਾਲ ਕੰਮ ਕਰਨਗੇ ਅਤੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਦੌਰੇ ਦੌਰਾਨ ਵਾਰਡ ਵਾਸੀਆਂ ਵੱਲੋਂ ਮਨਜਿੰਦਰ ਸਿੰਘ ਰਾਣਾ ਸੇਖੋਂ ਦਾ ਗਰਮਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਸ ਮੌਕੇ ਸ਼ਹੀਦ ਭਗਤ ਸਿੰਘ ਸਪੋਰਟਸ ਵੈਲਫੇਅਰ ਦੇ ਸਮੂਹ ਮੈਂਬਰ ਅਤੇ ਵਾਰਡ ਵਾਸੀ ਹਾਜ਼ਰ ਸਨ।

## ਸ੍ਰੀ ਭਗਵਾਨ ਵਿਸ਼ਵਕਰਮਾ ਭਵਨ ਲਈ ਅਲਾਟ ਜ਼ਮੀਨ 'ਤੇ ਕਬਜ਼ੇ ਦੀ ਕੋਸ਼ਿਸ਼

➢ਨਗਰ ਨਿਗਮ ਦੇ ਕਮਿਸ਼ਨਰ ਨੂੰ ਲਿਖਤੀ ਸ਼ਿਕਾਇਤ ਪੱਤਰ ਸੌਂਪ ਕੇ ਕਾਰਵਾਈ ਦੀ ਮੰਗ ਕੀਤੀ



ਪਟਿਆਲਾ, 1 ਜੂਨ (ਰੁਪਾਣਾ) : ਸ਼ਹਿਰ ਦੀ ਲਹੌਰੀ ਗੇਟ ਭਗਵਾਨ ਸ੍ਰੀ ਵਿਸ਼ਵਕਰਮਾ ਮੰਦਿਰ ਵੱਲੋਂ ਨਗਰ ਨਿਗਮ ਦੇ ਕਮਿਸ਼ਨਰ ਨੂੰ ਇੱਕ ਲਿਖਤੀ ਸ਼ਿਕਾਇਤ ਪੱਤਰ ਸੌਂਪ ਕੇ ਵਿਸ਼ਵਕਰਮਾ ਭਵਨ ਲਈ ਅਲਾਟ ਕੀਤੀ ਗਈ ਸਰਕਾਰੀ ਜਗ੍ਹਾ 'ਤੇ ਭੂ ਮਾਫੀਆ ਵੱਲੋਂ ਕਥਿਤ ਤੌਰ 'ਤੇ ਨਾਜਾਇਜ਼ ਕਬਜ਼ਾ ਕਰਨ ਦੀਆਂ ਕੋਸ਼ਿਸ਼ਾਂ ਖਿਲਾਫ ਤੁਰੰਤ ਅਤੇ ਸਖਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ। ਮੰਦਰ ਕਮੇਟੀ ਦੇ ਪ੍ਰਧਾਨ ਅਮਰਜੀਤ ਸਿੰਘ ਰਾਮਗੜੀਆ ਨੇ ਪ੍ਰਸ਼ਾਸਨ ਦੇ ਧਿਆਨ ਵਿੱਚ ਲਿਆਂਦਾ ਕਿ ਸਾਲ 2021 ਵਿੱਚ ਤਤਕਾਲੀਨ ਪੰਜਾਬ ਸਰਕਾਰ ਦੇ ਸਥਾਨਕ ਸਰਕਾਰਾਂ ਵਿਭਾਗ ਵੱਲੋਂ ਰਾਮਗੜ੍ਹੀਆ ਸਮਾਜ ਨੂੰ ਵਿਸ਼ਕਰਮਾ ਭਵਨ/ਧਰਮਸ਼ਾਲਾ ਦੇ ਨਿਰਮਾਣ ਲਈ ਨਦੀ ਦੇ ਬੰਨ ਦੇ ਕੋਲ ਵੱਡਾ ਰਾਈ ਮਾਜਰਾ ਵਿਖੇ ਲਗਭਗ ਦੋ ਵਿਘੇ ਸਰਕਾਰੀ ਜਗ੍ਹਾ ਅਲਾਟ ਕੀਤੀ ਗਈ ਸੀ। ਇਹ ਰਕਬਾ ਪਹਿਲਾਂ ਵਾਰਡ ਨੰਬਰ 27 ਅਤੇ ਮੌਜੂਦਾ ਸਮੇਂ ਵਿੱਚ ਵਾਰਡ ਨੰਬਰ 36 ਦੇ ਅਧੀਨ ਆਉਂਦਾ ਹੈ। ਪ੍ਰਧਾਨ ਰਾਮਗੜ੍ਹੀਆ ਨੇ ਕਿਹਾ ਕਿ ਇਹ ਸਿਰਫ ਨਾ ਕਾਨੂੰਨ ਦੀ ਸਗੋਂ ਸਮੁੱਚਾ ਰਾਮਗੜ੍ਹੀਆ ਸਮਾਜ ਦੀਆਂ ਧਾਰਮਿਕ ਤੇ ਸਮਾਜਿਕ ਭਾਵਨਾਵਾਂ ਨਾਲ ਖਿਲਵਾੜ ਵੀ ਹੈ ਉਹਨਾਂ ਚੇਤਾਵਨੀ ਦਿੱਤੀ ਕਿ ਜੇਕਰ ਸਮੇਂ-ਸਿਰ ਪ੍ਰਸ਼ਾਸਨ ਵੱਲੋਂ ਸਖਤ ਕਾਰਵਾਈ ਨਾ ਕੀਤੀ ਗਈ ਤਾਂ ਇਹ ਮਾਫੀਆ ਤੱਤ ਸਰਕਾਰੀ ਜਗ੍ਹਾ 'ਤੇ ਗੈਰ ਕਾਨੂੰਨੀ ਕਬਜ਼ਾ ਕਰਕੇ ਕਾਨੂੰਨ ਅਤੇ ਪ੍ਰਸ਼ਾਸਨ ਦੀ ਸਾਖ਼ ਨੂੰ ਵੱਡੀ ਚੁਨੌਤੀ ਦੇਣਗੇ। ਕਮੇਟੀ ਨੇ ਮੰਗ ਕੀਤੀ ਕਿ ਸਬੰਧਤ ਜਗਾ ਦੀ ਤੁਰੰਤ ਨਿਸ਼ਾਨਦੇਹੀ ਕਰਵਾ ਕੇ ਉਸ ਜਗ੍ਹਾ 'ਤੇ ਸਰਕਾਰੀ ਸੁਰੱਖਿਆ ਪ੍ਰਦਾਨ ਕੀਤੀ ਜਾਵੇ। ਉਹਨਾਂ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਜੇਕਰ ਪ੍ਰਸ਼ਾਸਨ ਨੇ ਜਲਦੀ ਕੋਈ ਪ੍ਰਭਾਵਸ਼ਾਲੀ ਕਾਰਵਾਈ ਨਾ ਕੀਤੀ ਤਾਂ ਸਮੁੱਚਾ ਰਾਮਗੜ੍ਹੀਆ ਵਿਸ਼ਵਕਰਮਾ ਸਮਾਜ ਤਿੱਖੇ ਸੰਘਰਸ਼ ਦੀ ਰਾਹ ਚੁਣਨ ਲਈ ਮਜਬੂਰ ਹੋਵੇਗਾ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਦੀ ਹੋਵੇਗੀ। ਦੱਸਣਯੋਗ ਹੈ ਕਿ ਇਹ ਮਾਮਲੇ ਦੀ ਗੰਭੀਰਤਾ ਨੂੰ ਦੇਖਦਿਆਂ ਸ਼ਿਕਾਇਤ ਦੀਆਂ ਕਾਪੀਆਂ ਪੰਜਾਬ ਦੇ ਮੁੱਖ ਮੰਤਰੀ ਲੋਕਲ ਬਾਡੀ ਮਨਿਸਟਰ, ਵਿਧਾਇਕ ਪਟਿਆਲਾ ਅਜੀਤਪਾਲ ਸਿੰਘ ਕੋਹਲੀ ਸ਼ਹਿਰੀ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਪ੍ਰਧਾਨ ਅਤੇ ਚੇਅਰਮੈਨ ਪਲੈਨਿੰਗ ਬੋਰਡ ਤੇਜਿੰਦਰ ਮਹਿਤਾ ਨੂੰ ਵੀ ਅਗਲੇਰੀ ਯੋਗ ਕਾਰਵਾਈ ਲਈ ਭੇਜੀਆਂ ਗਈਆਂ ਹਨ।

## ਸਨੌਰ ਵਿਖੇ ਦਰਗਾਹ 'ਤੇ ਨਤਮਸਤਕ ਹੋਏ ਨਿਰਮਲ ਸਿੰਘ ਭੱਟੀਆਂ



ਸਨੌਰ, 1 ਜੂਨ (ਪ੍ਰਥਮ ਕੁਮਾਰ) : ਹਲਕਾ ਸਨੌਰ ਦੇ ਸੀਨੀਅਰ ਕਾਂਗਰਸੀ ਆਗੂ ਨਿਰਮਲ ਸਿੰਘ ਭੱਟੀਆਂ ਅੱਜ ਇਲਾਕੇ ਦੇ ਪ੍ਰਸਿੱਧ ਅਤੇ ਇਤਿਹਾਸਕ ਧਾਰਮਿਕ ਅਸਥਾਨ ਖੇਤਾਂ ਵਾਲਾ ਪੀਰ ਪਿੰਡ ਕਰਤਾਰਪੁਰ ਸਨੌਰ, ਵਿਖੇ ਨਤਮਸਤਕ ਹੋਏ, ਇਸ ਮੌਕੇ ਉਨ੍ਹਾਂ ਨੇ ਦਰਗਾਹ 'ਤੇ ਸਰਬੱਤ ਦੇ ਭਲੇ, ਆਪਸੀ ਭਾਈਚਾਰਕ ਸਾਂਝ ਅਤੇ ਹਲਕੇ ਦੀ ਚੜ੍ਹਦੀਕਲਾ ਲਈ ਦੁਆ ਕੀਤੀ, ਦਰਗਾਹ ਵਿਖੇ ਨਤਮਸਤਕ ਹੋਣ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਨਿਰਮਲ ਸਿੰਘ ਭੱਟੀਆਂ ਨੇ ਕਿਹਾ ਕਿ ਇਹ ਪਵਿੱਤਰ ਅਸਥਾਨ ਲੱਖਾਂ ਲੋਕਾਂ ਦੀ ਆਸਥਾ ਦਾ ਕੇਂਦਰ ਹੈ, ਜਿੱਥੇ ਹਰ ਧਰਮ ਦੇ ਲੋਕ ਬਿਨਾਂ ਕਿਸੇ ਭੇਦਭਾਵ ਦੇ ਸੀਸ ਨਿਵਾਉਣ ਆਉਂਦੇ ਹਨ, ਉਨ੍ਹਾਂ ਨੇ ਕਿਹਾ ਧਾਰਮਿਕ ਅਸਥਾਨ ਸਾਨੂੰ ਆਪਸੀ ਪਿਆਰ, ਸ਼ਾਂਤੀ ਅਤੇ ਮਾਨਵਤਾ ਦੀ ਸੇਵਾ ਕਰਨ ਦਾ ਸੰਦੇਸ਼ ਦਿੰਦੇ ਹਨ।। ਇਸ ਮੌਕੇ ਨਿਰਮਲ ਸਿੰਘ ਭੱਟੀਆਂ ਦਾ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ, ਇਸ ਮੌਕੇ ਸੇਵਾਦਾਰ ਬਾਬਾ ਬਲਕਾਰ ਸਿੰਘ ਲੱਖੀ ਅਸਰਪੁਰ, ਜਸਵਿੰਦਰ ਸ਼ਰਮਾ, ਕੁਲਦੀਪ ਸਿੰਘ ਕਾਲਾ ਸਾਬਕਾ ਪ੍ਰਧਾਨ ਨਗਰ ਕੌਂਸਲ ਸਨੌਰ ਰਾਮ ਸਰਨ, ਗੁਰਮੀਤ ਬਾਵਾ ਹਾਜ਼ਰ ਸਨ।

## ਮਹਿਰਾ ਮਹਾਂ ਸਭਾ ਵੱਲੋਂ ਰਾਜਨੀਤੀ 'ਚ ਉਤਰਨ ਦਾ ਐਲਾਨ

➢ਅਸੀਂ ਆਪਣੇ ਜਮਹੂਰੀ ਹੱਕਾਂ ਦੀ ਰਾਖੀ ਕਰਨ ਲਈ ਸੰਘਰਸ਼ ਕਰਦੇ ਰਹਾਂਗੇ: ਐਡ: ਨਿਰਮਲ ਸਿੰਘ



ਦੇਵੀਗੜ੍ਹ, 1 ਜੂਨ (ਗੁਰਜੀਤ ਸਿੰਘ ਢੋਟ) : ਮਹਿਰਾ ਮਹਾ ਸਭਾ ਪੰਜਾਬ ਵੱਲੋਂ ਦੂਸਰਾ ਸਰਬ ਸਾਂਝਾ ਭਾਈਚਾਰਕ ਵਿਸ਼ਾਲ ਇਕੱਠ ਐਡਵੋਕੇਟ ਨਿਰਮਲ ਸਿੰਘ ਬੀਬੀਪੁਰ ਦੀ ਪ੍ਰਧਾਨਗੀ ਵਿੱਚ ਤਨੇਜਾ ਪੈਲੇਸ ਦੇਵੀਗੜ੍ਹ ਵਿਖੇ ਹੋਈ ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਮਹਿਰਾ ਮਹਾ ਸਭਾ ਪੰਜਾਬ ਵੱਲੋਂ ਦੂਸਰਾ ਸਰਬ ਸਾਂਝਾ ਭਾਈਚਾਰਕ ਵਿਸ਼ਾਲ ਇਕੱਠ ਐਡਵੋਕੇਟ ਨਿਰਮਲ ਸਿੰਘ ਬੀਬੀਪੁਰ ਦੀ ਪ੍ਰਧਾਨਗੀ ਵਿੱਚ ਤਨੇਜਾ ਪੈਲੇਸ ਦੇਵੀਗੜ੍ਹ ਹਲਕਾ ਸਨੌਰ ਵਿਖੇ ਕੀਤਾ ਗਿਆ, ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਟਰੱਸਟ ਫ਼ਤਹਿਗੜ੍ਹ ਸਾਹਿਬ ਤੋਂ ਚੇਅਰਮੈਨ ਸਾਹਿਬ,ਭਾਈ ਹਿੰਮਤ ਸਿੰਘ ਖ਼ਾਲਸਾ ਦਲ,ਕਰਨਾਲ ਹਰਿਆਣੇ ਤੋਂ ਕੈਸ਼ਯਪ ਸਭਾ ਪ੍ਰਧਾਨ ਤੇ ਟੀਮ,ਐਸ ਸੀ,ਬੀ ਸੀ, ਭਾਈਚਾਰੇ, ਮੁਸਲਿਮ ਭਾਈਚਾਰੇ ਅਤੇ ਜਨਰਲ ਭਾਈਚਾਰੇ ਦੇ ਸੂਝਵਾਨ ਵਿਅਕਤੀਆਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਸਭਾ ਵੱਲੋਂ ਆਪਣੇ ਹੱਕਾਂ ਨੂੰ ਮੁੱਖ ਰੱਖਦੇ ਹੋਏ ਰਾਜਨੀਤੀ ਵਿੱਚ ਆਪਣੀ ਸ਼ਮੂਲੀਅਤ ਦਾ ਐਲਾਨ ਕਰਦਿਆਂ ਆਖਿਆ ਕਿ ਇਹ ਸੰਘਰਸ਼ ਸਾਡੇ ਸਾਰਿਆਂ ਲਈ ਬਹੁਤ ਮਹੱਤਵਪੂਰਨ ਅਤੇ ਜ਼ਰੂਰੀ ਹੈ। ਇਸ ਮੌਕੇ ਮਹਿਰਾ ਮਹਾਂ ਸਭਾ ਪੰਜਾਬ ਅਤੇ ਹੋਰ ਵੀ ਬੁਲਾਰਿਆਂ ਨੇ ਆਪਣੇ ਵਿਚਾਰ ਪੇਸ਼ ਕੀਤੇ ਨਾਲ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਟਰੱਸਟ ਫ਼ਤਹਿਗੜ੍ਹ ਸਾਹਿਬ ਤੋਂ ਚੇਅਰਮੈਨ ਸਾਹਿਬ,ਭਾਈ ਹਿੰਮਤ ਸਿੰਘ ਖ਼ਾਲਸਾ ਦਲ,ਕਰਨਾਲ ਹਰਿਆਣੇ ਤੋਂ ਕਸ਼ਿਅਪ ਸਭਾ ਪ੍ਰਧਾਨ ਤੇ ਟੀਮ, ਐਸ ਸੀ, ਬੀ ਸੀ, ਭਾਈਚਾਰੇ, ਮੁਸਲਿਮ ਭਾਈਚਾਰੇ ਅਤੇ ਜਨਰਲ ਭਾਈਚਾਰੇ ਦੇ ਸੂਝਵਾਨ ਵਿਅਕਤੀਆਂ ਨੇ ਸ਼ਮੂਲੀਅਤ ਕੀਤੀ ਅਤੇ ਆਪਣੇ ਕੀਮਤੀ ਵਿਚਾਰ ਪ੍ਰਗਟ ਕਰਦਿਆਂ ਕਿਹਾ ਕਿ ਇਸ ਸੰਘਰਸ਼ ਵਿੱਚ ਸ਼ਾਮਲ ਲੋਕਾਂ ਨੂੰ ਆਪਣੇ ਹੱਕਾਂ ਲਈ ਲਾਮਬੰਦ ਹੋਣ ਦਾ ਸੁਨੇਹਾ ਦੇਣ ਦਾ ਅਹਿਦ ਕੀਤਾ। ਇਸ ਮੌਕੇ ਸਭਾ ਵੱਲੋਂ ਆਪਣੇ ਹੱਕਾਂ ਨੂੰ ਮੁੱਖ ਰੱਖਦੇ ਹੋਏ ਰਾਜਨੀਤੀ ਵਿੱਚ ਆਪਣੀ ਸ਼ਮੂਲੀਅਤ ਦਾ ਐਲਾਨ ਕਰਦਿਆਂ ਆਖਿਆ ਕਿ ਇਹ ਸੰਘਰਸ਼ ਸਾਡੇ ਸਾਰਿਆਂ ਲਈ ਬਹੁਤ ਮਹੱਤਵਪੂਰਨ ਅਤੇ ਜ਼ਰੂਰੀ ਹੈ। ਇਸ ਮੌਕੇ ਉਨ੍ਹਾਂ ਕਿਹਾ ਕਿ ਇਹ ਸੰਘਰਸ਼ ਉਦੋਂ ਤੱਕ ਜਾਰੀ ਰਹੇਗਾ ਜਦੋਂ ਤੱਕ ਅਸੀਂ ਆਪਣੇ ਹੱਕਾਂ ਦੀ ਪ੍ਰਾਪਤੀ ਨਹੀਂ ਕਰਦੇ।

## ਡੀ.ਪੀ.ਆਰ.ਓ. ਭੁਪੇਸ਼ ਚੱਠਾ ਵੱਲੋਂ ਸਨੌਰ ਪ੍ਰੈਸ ਕਲੱਬ ਦੀ ਵੈੱਬਸਾਈਟ ਲਾਂਚ



ਸਨੌਰ, 1 ਜੂਨ (ਪ੍ਰਥਮ ਕੁਮਾਰ) : ਡਿਜੀਟਲ ਯੁੱਗ ਵਿੱਚ ਪੱਤਰਕਾਰਤਾ ਨੂੰ ਲੋਕਾਂ ਦੇ ਹੋਰ ਨੇੜੇ ਲਿਆਉਣ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਇੱਕ ਮਜ਼ਬੂਤ ਮੰਚ ਪ੍ਰਦਾਨ ਕਰਨ ਦੇ ਮਕਸਦ ਨਾਲ ਜ਼ਿਲ੍ਹਾ ਪਟਿਆਲਾ ਦੇ ਪ੍ਰੈਸ ਕਲੱਬ ਸਨੌਰ ਵੱਲੋਂ ਇੱਕ ਵਿਲੱਖਣ ਅਤੇ ਇਤਿਹਾਸਕ ਉਪਰਾਲਾ ਕਰਦਿਆਂ ਆਪਣੀ ਆਧੁਨਿਕ ਵੈੱਬਸਾਈਟ ਦੀ ਸ਼ੁਰੂਆਤ ਕੀਤੀ ਗਈ। ਇਹ ਵੈੱਬਸਾਈਟ ਪੰਜਾਬ ਦੀ ਕਿਸੇ ਵੀ ਪ੍ਰੈਸ ਕਲੱਬ ਵੱਲੋਂ ਸ਼ੁਰੂ ਕੀਤਾ ਗਿਆ ਪਹਿਲਾ ਡਿਜੀਟਲ ਜਨ-ਸੰਪਰਕ ਪਲੇਟਫਾਰਮ ਮੰਨਿਆ ਜਾ ਰਿਹਾ ਹੈ, ਜਿਸ ਰਾਹੀਂ ਆਮ ਲੋਕ ਆਪਣੀਆਂ ਸਮੱਸਿਆਵਾਂ, ਸ਼ਿਕਾਇਤਾਂ, ਸੁਝਾਅ ਅਤੇ ਪ੍ਰੈਸ ਨੋਟ ਸਿੱਧੇ ਤੌਰ 'ਤੇ ਪੱਤਰਕਾਰਾਂ ਤੱਕ ਪਹੁੰਚਾ ਸਕਣਗੇ। ਇਸ ਵੈੱਬਸਾਈਟ ਦਾ ਰਸਮੀ ਉਦਘਾਟਨ ਪਟਿਆਲਾ ਦੇ ਜ਼ਿਲ੍ਹਾ ਲੋਕ ਸੰਪਰਕ ਅਧਿਕਾਰੀ (ਡੀ.ਪੀ.ਆਰ.ਓ.) ਭੁਪੇਸ਼ ਚੱਠਾ ਵੱਲੋਂ ਕੀਤਾ ਗਿਆ। ਸਮਾਗਮ ਦੌਰਾਨ ਵੱਖ-ਵੱਖ ਰਾਜਨੀਤਿਕ, ਸਮਾਜਿਕ, ਧਾਰਮਿਕ ਅਤੇ ਪ੍ਰਸ਼ਾਸਨਿਕ ਖੇਤਰਾਂ ਨਾਲ ਜੁੜੀਆਂ ਪ੍ਰਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕਰਦਿਆਂ ਪ੍ਰੈਸ ਕਲੱਬ ਸਨੌਰ ਦੀ ਇਸ ਪਹਿਲ ਦੀ ਭਰਪੂਰ ਸ਼ਲਾਘਾ ਕੀਤੀ। ਉਦਘਾਟਨੀ ਸਮਾਰੋਹ ਨੂੰ ਸੰਬੋਧਨ ਕਰਦਿਆਂ ਡੀ.ਪੀ.ਆਰ.ਓ. ਭੁਪੇਸ਼ ਚੱਠਾ ਨੇ ਕਿਹਾ ਕਿ ਅੱਜ ਦਾ ਸਮਾਂ ਡਿਜੀਟਲ ਸੰਚਾਰ ਦਾ ਯੁੱਗ ਹੈ ਅਤੇ ਜਾਣਕਾਰੀ ਦੀ ਤੇਜ਼ ਅਤੇ ਪਾਰਦਰਸ਼ੀ ਪਹੁੰਚ ਹੀ ਵਿਕਾਸ ਦਾ ਆਧਾਰ ਬਣਦੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪ੍ਰੈਸ ਕਲੱਬ ਸਨੌਰ ਵੱਲੋਂ ਸ਼ੁਰੂ ਕੀਤੀ ਗਈ ਇਹ ਵੈੱਬਸਾਈਟ ਲੋਕਾਂ ਅਤੇ ਮੀਡੀਆ ਵਿਚਕਾਰ ਸੰਪਰਕ ਦਾ ਇੱਕ ਮਜ਼ਬੂਤ ਸਾਧਨ ਸਾਬਤ ਹੋਵੇਗੀ। ਸਮਾਗਮ ਦੌਰਾਨ ਵੱਖ-ਵੱਖ ਰਾਜਨੀਤਿਕ, ਸਮਾਜਿਕ ਅਤੇ ਧਾਰਮਿਕ ਖੇਤਰਾਂ ਨਾਲ ਸਬੰਧਿਤ ਪ੍ਰਮੁੱਖ ਸ਼ਖ਼ਸੀਅਤਾਂ ਨੇ ਵੀ ਸ਼ਿਰਕਤ ਕੀਤੀ। ਇਸ ਮੌਕੇ ਭਾਰਤੀ ਰਾਸ਼ਟਰਵਾਦੀ ਪਾਰਟੀ ਦੇ ਪ੍ਰਧਾਨ ਡਾ. ਨਵਜੋਤ ਕੌਰ ਸਿੱਧੂ, ਪਟਿਆਲਾ ਦੇ ਮੈਂਬਰ ਪਾਰਲੀਮੈਂਟ ਡਾ. ਧਰਮਵੀਰ ਗਾਂਧੀ, ਸਾਬਕਾ ਸੰਸਦ ਮੈਂਬਰ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਪੰਜਾਬ ਐਗਰੋ ਦੇ ਚੇਅਰਮੈਨ ਬਲਜਿੰਦਰ ਸਿੰਘ ਢਿੱਲੋਂ, ਪੰਜਾਬ ਵੇਅਰਹਾਊਸਿੰਗ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਇੰਦਰਜੀਤ ਸਿੰਘ ਸੰਧੂ, ਸਿਮਰਨਜੀਤ ਕੌਰ ਪਠਾਣਮਾਜਰਾ, ਗੁਰਸ਼ਰਨ ਕੌਰ ਰੰਧਾਵਾ ਜ਼ਿਲ੍ਹਾ ਪ੍ਰਧਾਨ , ਹਰਿੰਦਰਪਾਲ ਸਿੰਘ ਹੈਰੀ ਮਾਨ, ਨਿਰਮਲ ਸਿੰਘ ਭੱਟੀਆ, ਬਲਿਹਾਰ ਸਿੰਘ ਸ਼ਮਸ਼ਪੁਰਾ, ਤੇਜਿੰਦਰਪਾਲ ਸਿੰਘ ਸੰਧੂ, ਉਘੇ ਕਾਰੋਬਾਰੀ ਪ੍ਰੇਮਪ੍ਰੀਤ ਸਿੰਘ ਘਲੋੜੀ, ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਕ੍ਰਿਸ਼ਨ ਸਿੰਘ ਸਨੌਰ , ਸਤਪਾਲ ਸਿੰਘ ਪੂਨੀਆ, ਹਰਦੀਪ ਸਿੰਘ ਜੋਸ਼ਨ, ਗੁਰਵਿੰਦਰ ਸਿੰਘ ਗੌਰਵ ਸੰਧੂ, ਜਸਮੀਤ ਕੌਰ ਛੀਨਾ, ਜਸਪਾਲ ਸਿੰਘ ਭੰਗੂ , ਰਾਕੇਸ਼ ਬੱਗਾ, ਜਸਵਿੰਦਰ ਸਿੰਘ ਮੋਨੀ ਭਾਖਰ, ਸੀਨੀਅਰ ਕਾਂਗਰਸੀ ਆਗੂ ਦਲਵਿੰਦਰ ਸਿੰਘ ਧੰਜੂ, ਬੂਟਾ ਸਿੰਘ ਸ਼ਾਦੀਪੁਰ ਅਤੇ ਹੋਰ ਕਈ ਪ੍ਰਮੁੱਖ ਸ਼ਖ਼ਸੀਅਤਾਂ ਹਾਜ਼ਰ ਸਨ। ਇਸ ਮੌਕੇ ਪ੍ਰੈਸ ਕਲੱਬ ਸਨੌਰ ਦੇ ਸਰਪ੍ਰਸਤ ਮਨਦੀਪ ਸਿੰਘ ਜੋਸ਼ਨ, ਪ੍ਰਧਾਨ ਸੁਰਜੀਤ ਸਿੰਘ ਗੋਗੀ,ਖਜ਼ਾਨਚੀ ਗੀਤਵਿੰਦਰ ਸਿੰਘ ਸੋਖਲ, ਜਨਰਲ ਸਕੱਤਰ ਪਰਮਜੀਤ ਸਿੰਘ ਪਟਵਾਰੀ, ਪ੍ਰੈਸ ਸਕੱਤਰ ਬਲਵਿੰਦਰ ਸਿੰਘ, ਪ੍ਰਥਮ ਕੁਮਾਰ, ਮੁਖਤਿਆਰ ਸਿੰਘ ਨੋਗਾਵਾ, ਅਮਨ ਨੋਗਾਵਾ, ਦੇਵ ਸਿੰਘ ਮਾਨ, ਲਵਲੀ ਬਲਬੇੜਾ, ਅਰਵਿੰਦਰ ਸਿੰਘ, ਰਾਮ ਸਰੂਪ ਪੰਜੋਲਾ, ਰੋਹਿਤ ਪੰਜੋਲਾ, ਬਸੰਤ ਚੌਹਾਨ, ਸੁਖਦੇਵ ਸਿੰਘ ਵਿਰਕ, ਜਪਅਨੰਤਪ੍ਰੀਤ ਸਿੰਘ, ਅਤੇ ਰਾਕੇਸ਼ ਸ਼ਰਮਾ ਸਮੇਤ ਹੋਰ ਮੈਂਬਰਾਂ ਨੂੰ ਇਸ ਉਪਰਾਲੇ ਲਈ ਵਧਾਈ ਦਿੱਤੀ ਗਈ। ਸਮਾਗਮ ਵਿੱਚ ਚੇਅਰਮੈਨ ਬਲਾਕ ਸੰਮਤੀ ਸਨੌਰ ਹੈਪੀ ਪਹਾੜੀਪੁਰ, ਹਰਪ੍ਰੀਤ ਸਿੰਘ ਘੁੰਮਣ, ਪ੍ਰੀਤੀ ਸਨੌਰ ,ਜੋਗਿੰਦਰ ਸਿੰਘ ਕਾਕਾ ਜੁਵੇਲਰ, ਐਸ.ਜੀ.ਪੀ.ਸੀ. ਮੈਂਬਰ ਜਰਨੈਲ ਸਿੰਘ ਕਰਤਾਰਪੁਰ, ਅਸ਼ਵਨੀ ਕੁਮਾਰ ਬੱਤਾ, ਚਰਨਜੀਤ ਸਿੰਘ ਜੱਜ, ਹਰਦੀਪ ਸਿੰਘ ਕੰਬੋਜ, ਚਰਨਜੀਤ ਸਿੰਘ ਨੈਣਾਂ, ਮਨਜਿੰਦਰ ਸਿੰਘ ਸੰਧਰ, ਬਲਵਿੰਦਰ ਸਿੰਘ ਟਰੈਫਿਕ ਇੰਚਾਰਜ, ਪ੍ਰੀਤਮ ਸਿੰਘ, ਜਸਪਿੰਦਰ ਸਿੰਘ ਮੋਨੂੰ ਰੰਧਾਵਾ, ਅੰਕੁਰ ਸਿੰਗਲਾ,ਪ੍ਰਧਾਨ ਨੰਦ ਲਾਲ,ਇੰਦਰ ਸਿੰਘ ਛਿੰਦੀ, ਗੌਤਮ ਗੁਪਤਾ,ਅਮਰਜੀਤ ਸਿੰਘ ਜਾਗਦੇ ਰਹੋ, ਰਾਜਾ ਧੰਜੂ,ਤਰਸੇਮ ਕੌਂਸਲਰ, ਸ਼ਾਮ ਸਿੰਘ ਸਨੌਰ ,ਦਲਵਿੰਦਰ ਸਿੰਘ ਸਾਬਕਾ ਕੌਂਸਲਰ,ਭਾਰਤ ਗੋਇਲ, ਨਰੇਸ਼ ਗੋਇਲ,ਸ਼ਿਵ ਗਰਗ, ਰਮਨ ਗਰਗ,ਨਿਸ਼ਾ ਰਿਸ਼ੀ, ਵਕੀਲ ਪ੍ਰਵੀਨ ਕੁਮਾਰ ਸ਼ਰਮਾ ਅਤੇ ਹੋਰ ਸੈਂਕੜੇ ਲੋਕ ਹਾਜ਼ਰ ਸਨ।


ਵਾਹਿਗੁਰੂ ਜੀ ਕਾ ਖ਼ਾਲਸਾ॥ ਵਾਹਿਗੁਰੂ ਜੀ ਕੀ ਫ਼ਤਹਿ॥

ਸ੍ਰੀ ਗੁਰੂ ਅਰਜਨ ਦੇਵ ਜੀ ਅਤੇ ਅੱਜ ਤੱਕ ਦੇ ਸ਼ਹੀਦਾਂ ਦੀ ਯਾਦ ਵਿੱਚ



ਡਾ. ਸਰਬ ਸਿੰਘ
ਬਾਨੀ ਗੁਰੂ ਅਰਜਨ ਕੀਰਤਨ ਮੰਡਲ

ਸ਼ਹੀਦੀ ਜੋੜ-ਮੇਲ
ਅੱਜ ਦਾ ਪ੍ਰੋਗਰਾਮ
2-6-2026
ਦਿਨ-ਮੰਗਲਵਾਰ



ਭਾਈ ਤਖਤ ਸਿੰਘ ਜੀ
ਸਾਬਕਾ ਪ੍ਰਧਾਨ ਗੁਰੂ ਅਰਜਨ ਕੀਰਤਨ ਮੰਡਲ

ਗੁਰਦੁਆਰਾ ਟਿਕਾਣਾ ਭਾਈ ਰਾਮ ਕਿਸ਼ਨ
(ਸ਼ੇਰਾਂ ਵਾਲਾ ਗੇਟ) ਪਟਿਆਲਾ।
ਕੀਰਤਨ ਰਾਤ 7.00 ਵਜੇ ਤੋਂ 9.00 ਵਜੇ ਤੱਕ।
ਸੰਪਰਕ ਕਰੋ : 98887-42047, 99157-70074

ਲੋਕਲ ਗੁਰਦੁਆਰਾ ਪ੍ਰਬੰਧਕ ਕਮੇਟੀਆਂ ਅਤੇ ਸਭਾ ਕਮੇਟੀਆਂ ਦੇ ਸਹਿਯੋਗ ਨਾਲ ਗੁਰੂ ਅਰਜਨ ਕੀਰਤਨ ਮੰਡਲ (ਰਜਿ.) ਪਟਿਆਲਾ



# ਪਟਿਆਲਾ-ਆਸ/ਪਾਸ



## ਪੀ.ਆਰ.ਟੀ.ਸੀ. ਦੇ ਮੁੱਖ ਦਫ਼ਤਰ ਦੇ ਬਾਹਰ ਨਵੇਂ ਬੱਸ ਸਟਾਪ ਦਾ ਉਦਘਾਟਨ

### ➢ਚੇਅਰਮੈਨ ਜੁਨੇਜਾ ਨੇ ਸੇਵਾਦਾਰ ਤੋਂ ਕਰਵਾਈ ਸ਼ੁਰੂਆਤ



ਪਟਿਆਲਾ, 1 ਜੂਨ (ਚ.ਨ.ਸ) : ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਇੱਥੇ ਨਾਭਾ ਰੋਡ 'ਤੇ ਸਥਿਤ ਮੁੱਖ ਦਫ਼ਤਰ ਦੇ ਬਾਹਰ 9.50 ਰੁਪਏ ਲੱਖ ਦੀ ਲਾਗਤ ਨਾਲ ਨਵੇਂ ਬਣਾਏ ਬੱਸ ਸਟਾਪ ਦਾ ਉਦਘਾਟਨ ਇੱਕ ਸੇਵਾਦਾਰ ਤੋਂ ਕਰਵਾਇਆ। ਇਸ ਮੌਕੇ ਚੇਅਰਮੈਨ ਪੀ.ਆਰ.ਟੀ.ਸੀ. ਐਡਵੋਕੇਟ ਹਰਪਾਲ ਜੁਨੇਜਾ ਨੇ ਕਿਹਾ ਕਿ ਭਾਵੇਂ ਪੀਆਰਟੀਸੀ ਦੇ ਕਰਮਚਾਰੀ ਵੱਖ-ਵੱਖ ਅਹੁਦਿਆਂ 'ਤੇ ਆਪਣੀਆਂ ਸੇਵਾਵਾਂ ਨਿਭਾ ਰਹੇ ਹਨ, ਪਰ ਉਨ੍ਹਾਂ ਲਈ ਸਾਰੇ ਕਰਮਚਾਰੀ ਇਕਸਾਰ ਹਨ। ਅੱਜ ਦਾ ਇਹ ਉਪਰਾਲਾ ਇਸੇ ਸੋਚ ਦਾ ਪ੍ਰਤੀਕ ਹੈ ਅਤੇ ਅਦਾਰੇ ਦੇ ਇੱਕ ਸੇਵਾਦਾਰ ਨੇ ਇਸ ਨਵੇਂ ਬੱਸ ਸਟਾਪ ਦਾ ਉਦਘਾਟਨ ਕੀਤਾ ਹੈ ਅਤੇ ਸਾਰੇ ਕਰਮਚਾਰੀਆਂ ਦੀ ਬਰਾਬਰੀ ਅਤੇ ਸਨਮਾਨ ਦੀ ਭਾਵਨਾ ਨੂੰ ਪ੍ਰਗਟ ਕੀਤਾ ਗਿਆ ਹੈ। ਐਡਵੋਕੇਟ ਹਰਪਾਲ ਜੁਨੇਜਾ ਨੇ ਕਿਹਾ ਕਿ ਨਾਭਾ, ਮਲੇਰਕੋਟਲਾ ਤੇ ਅੱਗੇ ਜਾਣ ਵਾਲੀਆਂ ਸਵਾਰੀਆਂ ਨੂੰ ਬਰਸਾਤ, ਗਰਮੀ ਦੇ ਮੌਸਮ ਤੋਂ ਬਚਾਉਣ ਲਈ 9.50 ਰੁਪਏ ਲੱਖ ਦੀ ਲਾਗਤ ਨਾਲ ਇਹ ਨਵਾਂ ਬੱਸ ਸਟਾਪ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਰਹਿਨੁਮਾਈ ਅਤੇ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੀ.ਆਰ.ਟੀ.ਸੀ. ਦੀ ਤਰੱਕੀ ਅਤੇ ਬਿਹਤਰੀ ਲਈ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਦੇ ਲੋਕ-ਹਿਤੈਸ਼ੀ ਅਤੇ ਕਰਮਚਾਰੀ-ਪੱਖੀ ਉਪਰਾਲੇ ਜਾਰੀ ਰਹਿਣਗੇ। ਇਸ ਤੋਂ ਇਲਾਵਾ ਪੀ.ਆਰ.ਟੀ.ਸੀ. ਵੱਲੋਂ ਪੁਰਾਣੇ ਬੱਸ ਸਟੈਂਡ ਪਟਿਆਲਾ, ਨਵੇਂ ਬੱਸ ਸਟੈਂਡ ਪਟਿਆਲਾ ਅਤੇ ਮੁੱਖ ਦਫ਼ਤਰ ਪਟਿਆਲਾ ਵਿਖੇ ਜਲਦ ਹੀ ਵੇਰਕਾ ਬੂਥ ਵੀ ਸਥਾਪਿਤ ਕੀਤੇ ਜਾਣਗੇ।ਜਦੋਂ ਕਿ ਪੁਰਾਣੇ ਬੱਸ ਸਟੈਂਡ ਪਟਿਆਲਾ ਦੀ ਮੌਜੂਦਾ ਜਮੀਨ ਵਿੱਚ 1.50 ਏਕੜ ਜਗ੍ਹਾ ਉੱਪਰ ਬੱਸ ਸਟੈਂਡ ਦੀ ਉਸਾਰੀ ਅਤੇ ਬਾਕੀ ਰਹਿੰਦੀ ਜਮੀਨ ਨੂੰ ਕਮਰਸ਼ੀਅਲਾਈਜ਼ ਕਰਨ ਸਬੰਧੀ ਕਾਰਵਾਈ ਸਰਕਾਰ ਪੱਧਰ 'ਤੇ ਅਰੰਭੀ ਹੋਈ ਹੈ। ਇਸ ਮੌਕੇ ਵਾਈਸ ਚੇਅਰਮੈਨ ਬਲਵਿੰਦਰ ਸਿੰਘ ਝਾੜਵਾਂ, ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ, ਏ ਐਮ ਡੀ ਨਵਦੀਪ ਕੁਮਾਰ ਤੇ ਪੀ.ਆਰ.ਟੀ.ਸੀ. ਦੇ ਡਾਇਰੈਕਟਰਾਂ ਸਮੇਤ ਜਨਰਲ ਮੈਨੇਜਰਜ ਇੰਜ. ਜਤਿੰਦਰਪਾਲ ਸਿੰਘ ਗਰੇਵਾਲ, ਮਨਿੰਦਰਪਾਲ ਸਿੰਘ ਸਿੱਧੂ, ਪ੍ਰਵੀਨ ਕੁਮਾਰ, ਰਮਨ ਸ਼ਰਮਾ, ਅਮਨਵੀਰ ਸਿੰਘ ਟਿਵਾਣਾ ਤੇ ਪ੍ਰਵੀਨ ਸ਼ਰਮਾ ਵੀ ਹਾਜ਼ਰ ਸਨ।

## ਭੁਨਰਹੇੜੀ ਤੋਂ ਘੜਾਮ ਨੂੰ ਜਾਣ ਵਾਲੀ ਸੜਕ ਦਾ ਕੰਮ ਹੋਇਆ ਪੂਰਾ



ਭੁਨਰਹੇੜੀ, 1 ਜੂਨ (ਗੁਰਜੀਤ ਸਿੰਘ ਢੋਟ) : ਭੁਨਰਹੇੜੀ ਤੋਂ ਇਤਿਹਾਸਿਕ ਪਿੰਡ ਘੜਾਮ ਨੂੰ ਜਾਣ ਵਾਲੀ ਸੰਪਰਕ ਸੜਕ ਦਾ ਚੱਲ ਰਿਹਾ ਕੰਮ ਪੂਰਾ ਹੋ ਚੁੱਕਾ ਹੈ ਅਤੇ ਵਿਭਾਗ ਵੱਲੋਂ ਇਸ ਨਵੀਂ ਬਣੀ ਸੰਪਰਕ ਸੜਕ ਤੇ ਥਰਮੋ ਪਲਾਸਟਿਕ ਪੇਂਟ ਦਾ ਕੰਮ ਵੀ ਮੁਕੰਮਲ ਕੀਤਾ ਜਾ ਚੁੱਕਾ ਹੈ। ਇਸ ਸੰਪਰਕ ਸੜਕ ਵਾਸਤੇ ਕ੍ਰਾਂਤੀਕਾਰੀ ਕਿਸਾਨ ਯੂਨੀਅਨ ਬੁੱਟਰ ਦੇ ਬਲਾਕ ਪ੍ਰਧਾਨ ਸੁਖਵਿੰਦਰ ਸਿੰਘ ਲਾਲੀ ਵੱਲੋਂ ਸੰਘਰਸ਼ ਕਰਕੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਤੋਂ ਫੰਡ ਜਾਰੀ ਕਰਵਾ ਕੇ ਇਸ ਸੜਕ ਦਾ ਕੰਮ ਸ਼ੁਰੂ ਕਰਵਾਇਆ ਗਿਆ ਸੀ। ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਵੱਲੋਂ ਹਲਕਾ ਸਨੌਰ ਲਈ ਸੜਕਾਂ ਦੇ ਕਾਰਜ ਲਈ 87 ਕਰੋੜ ਦੀ ਲਾਗਤ ਨਾਲ ਸੜਕਾਂ ਦੇ ਨਵੀਨੀਕਰਨ ਦੀ ਸ਼ੁਰੂਆਤ ਕੀਤੀ ਗਈ ਸੀ ਜਿਸ ਤਹਿਤ ਇਹ ਸੰਪਰਕ ਸੜਕ ਪੂਰੀ ਤਰ੍ਹਾਂ ਨਾਲ ਬਣ ਕੇ ਤਿਆਰ ਹੋ ਚੁੱਕੀ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪੰਜਾਬ ਮੰਡੀ ਬੋਰਡ ਵਿਭਾਗ ਦੇ ਐਕਸੀਅਨ ਅੰਮ੍ਰਿਤਪਾਲ ਸਿੰਘ ਨੇ ਕਿਹਾ ਕਿ ਸੰਪਰਕ ਸੜਕ ਉਨ੍ਹਾਂ ਦੀ ਦੇਖ-ਰੇਖ ਹੇਠ ਬਣੀ ਹੈ, ਜਿਸ ਵਿੱਚ ਵਿਭਾਗ ਦੇ ਐਸਡੀਓ ਜੈਯੰਤੀ ਸ਼ਰਮਾ ਅਤੇ ਜੇ ਈ ਕਰਮਜੀਤ ਸਿੰਘ ਦੀ ਨਿਗਰਾਨੀ ਹੇਠ ਸਮੁੱਚਾ ਕਾਰਜ ਨੇਪਰੇ ਚਾੜ੍ਹਿਆ ਜਾ ਚੁੱਕਾ ਹੈ ਅਤੇ ਸਰਕਾਰ ਵੱਲੋਂ ਠੇਕੇਦਾਰ ਬਰਿੰਦਰ ਕੁਮਾਰ ਬਰਨਾਲਾ ਨੂੰ ਇਸ ਸੰਪਰਕ ਸੜਕ ਦਾ ਕੰਟਰੈਕਟ ਦਿੱਤਾ ਗਿਆ ਸੀ। ਸਰਕਾਰ ਵੱਲੋਂ ਮਿਲੀਆਂ ਹਦਾਇਤਾਂ ਅਨੁਸਾਰ ਠੇਕੇਦਾਰ ਵਰਿੰਦਰ ਕੁਮਾਰ ਬਰਨਾਲਾ ਵੱਲੋਂ ਇਸ ਸੰਪਰਕ ਸੜਕ ਦੇ ਕੰਮ ਨੂੰ ਪੂਰਾ ਕਰ ਦਿੱਤਾ ਗਿਆ ਹੈ। ਉਹਨਾਂ ਕਿਹਾ ਕਿ ਇਹ ਸੰਪਰਕ ਸੜਕ ਟੋਟਲ 11 ਕਿਲੋਮੀਟਰ ਦੀ ਲੰਬਾਈ ਵਾਲੀ ਸੜਕ ਨੂੰ ਪੂਰਾ ਕਰ ਦਿੱਤਾ ਗਿਆ ਹੈ। ਅਤੇ ਵਿਭਾਗ ਵੱਲੋਂ ਇਸ ਸੜਕ 'ਤੇ ਥਰਮੋ ਪਲਾਸਟਿਕ ਪੇਂਟ ਦੇ ਕੰਮ ਵੀ ਮੁਕੰਮਲ ਕਰ ਦਿੱਤਾ ਗਿਆ ਹੈ। ਐਕਸੀਅਨ ਅੰਮ੍ਰਿਤਪਾਲ ਨੇ ਕਿਹਾ ਕਿ ਘੜਾਮ ਤੋਂ ਰੋਹੜ ਜਗੀਰ ਤੱਕ ਤਕਰੀਬਨ ਸਾਢੇ 8 ਕਿਲੋਮੀਟਰ ਸੜਕ ਦਾ ਕੰਮ ਵੀ ਜੰਗੀ ਪੱਧਰ 'ਤੇ ਚੱਲ ਰਿਹਾ ਹੈ।

## ਅਬਚਲ ਨਗਰ ਵਾਸੀਆਂ ਨੂੰ ਬਰਸਾਤੀ ਪਾਣੀ ਦੀ ਸਮੱਸਿਆ ਤੋਂ ਮਿਲੇਗੀ ਰਾਹਤ: ਡਾ. ਬਲਬੀਰ ਸਿੰਘ

### ਸਿਹਤ ਮੰਤਰੀ ਨੇ ਸਟਰੌਮ ਸੀਵਰ ਪ੍ਰੋਜੈਕਟ ਦੇ ਕੰਮ ਦੀ ਕਰਵਾਈ ਸ਼ੁਰੂਆਤ



ਪਟਿਆਲਾ, 1 ਜੂਨ (ਰੁਪਾਣਾ) : ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਪਟਿਆਲਾ ਦਿਹਾਤੀ ਦੇ ਵਾਰਡ ਨੰਬਰ 19 ਅਧੀਨ ਅਬਚਲ ਨਗਰ ਵਿੱਚ 45 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸਟਰੌਮ ਸੀਵਰ ਪ੍ਰੋਜੈਕਟ ਦੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਮੌਕੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਵਸਨੀਕ ਹਾਜ਼ਰ ਸਨ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਦੇ ਹਰਸ਼ਹਿਰ, ਵਾਰਡ ਅਤੇ ਪਿੰਡ ਵਿੱਚ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧ ਹੈ। ਸਰਕਾਰ ਵੱਲੋਂ ਲੋਕਾਂ ਦੀਆਂ ਮੁੱਢਲੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਕਾਸ ਕਾਰਜਾਂ ਨੂੰ ਤਰਜੀਹ ਦਿੱਤੀ ਜਾ ਰਹੀ ਹੈ, ਤਾਂ ਜੋ ਆਮ ਲੋਕਾਂ ਨੂੰ ਰੋਜ਼ਾਨਾ ਜੀਵਨ ਵਿੱਚ ਦਰਪੇਸ਼ ਸਮੱਸਿਆਵਾਂ ਤੋਂ ਰਾਹਤ ਮਿਲ ਸਕੇ। ਉਨ੍ਹਾਂ ਦੱਸਿਆ ਕਿ ਅਬਚਲ ਨਗਰ ਦੇ ਵਸਨੀਕਾਂ ਵੱਲੋਂ ਬਰਸਾਤੀ ਮੌਸਮ ਦੌਰਾਨ ਗਲੀਆਂ ਵਿੱਚ ਪਾਣੀ ਖੜ੍ਹਨ ਦੀ ਸਮੱਸਿਆ ਲੰਬੇ ਸਮੇਂ ਤੋਂ ਉਠਾਈ ਜਾ ਰਹੀ ਸੀ। ਇਸ ਸਮੱਸਿਆ ਦੇ ਸਥਾਈ ਹੱਲ ਲਈ 45 ਲੱਖ ਰੁਪਏ ਦੀ ਲਾਗਤ ਨਾਲ ਸਟਰੌਮ ਸੀਵਰ ਪ੍ਰੋਜੈਕਟ ਸ਼ੁਰੂ ਕੀਤਾ ਗਿਆ ਹੈ। ਇਸ ਪ੍ਰੋਜੈਕਟ ਤਹਿਤ ਇਲਾਕੇ ਦੀਆਂ ਪੰਜ ਗਲੀਆਂ ਵਿੱਚ ਪਾਈਪ ਲਾਈਨ ਵਿਛਾਈ ਜਾਵੇਗੀ, ਜਿਸ ਨਾਲ ਬਰਸਾਤੀ ਪਾਣੀ ਦੀ ਸੁਚੱਜੀ ਨਿਕਾਸੀ ਯਕੀਨੀ ਬਣੇਗੀ ਅਤੇ ਲੋਕਾਂ ਨੂੰ ਬਰਸਾਤੀ ਪਾਣੀ ਦੀ ਸਮੱਸਿਆ ਤੋਂ ਛੁਟਕਾਰਾ ਮਿਲੇਗਾ। ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਸੜਕਾਂ, ਸੀਵਰੇਜ਼, ਪੀਣ ਵਾਲੇ ਪਾਣੀ, ਸਿਹਤ ਅਤੇ ਸਿੱਖਿਆ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਲਈ ਲਗਾਤਾਰ ਯਤਨਸ਼ੀਲ ਹੈ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਇਸ ਸਟਰੌਮ ਸੀਵਰ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਅਬਚਲ ਨਗਰ ਦੇ ਵਸਨੀਕਾਂ ਨੂ ਰਾਹਤ ਮਿਲੇਗੀ ਅਤੇ ਇਲਾਕੇ ਦੀ ਸਮੁੱਚੀ ਜੀਵਨ ਸ਼ੈਲੀ ਵਿੱਚ ਸੁਧਾਰ ਆਵੇਗਾ। ਇਲਾਕਾ ਨਿਵਾਸੀਆਂ ਨੇ ਇਸ ਵਿਕਾਸ ਕਾਰਜ ਲਈ ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਧੰਨਵਾਦ ਕਰਦਿਆਂ ਕਿਹਾ ਕਿ ਬਰਸਾਤ ਦੇ ਦਿਨਾਂ ਵਿੱਚ ਪਾਣੀ ਖੜ੍ਹਨ ਕਾਰਨ ਉਨ੍ਹਾਂ ਨੂੰ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਹੁਣ ਇਸ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਉਨ੍ਹਾਂ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਸਮੱਸਿਆ ਦਾ ਹੱਲ ਹੋਵੇਗਾ।

## ਵਿਸ਼ਵ ਸਾਈਕਲ ਦਿਵਸ ਮੌਕੇ ਅਸਮਿਤਾ ਖੇਲੋ ਇੰਡੀਆ ਵੂਮੈਨ ਸਿਟੀ ਲੀਗ ਅਤੇ ਸਾਈਕਲ ਰੈਲੀ

### ਮੁੱਖ ਮਹਿਮਾਨ ਵਜੋਂ ਦ੍ਰੋਣਾਚਾਰਿਆ ਐਵਾਰਡੀ ਕੋਚ ਗੁਰਬਖਸ਼ ਸਿੰਘ ਅਤੇ ਪਦਮਸ਼੍ਰੀ ਹਰਵਿੰਦਰ ਸਿੰਘ ਸ਼ਾਮਲ ਹੋਏ




ਪਟਿਆਲਾ, 1 ਜੂਨ (ਰੁਪਾਣਾ/ਅਮਰਜੀਤ): ਵਿਸ਼ਵ ਸਾਈਕਲ ਦਿਵਸ ਮੌਕੇ ਸਾਈਕਲਿੰਗ ਐਸੋਸੀਏਸ਼ਨ ਪੰਜਾਬ ਵੱਲੋਂ ਜ਼ਿਲ੍ਹਾ ਸਾਈਕਲਿੰਗ ਐਸੋਸੀਏਸ਼ਨ ਪਟਿਆਲਾ ਦੇ ਸਹਿਯੋਗ ਨਾਲ ਪਟਿਆਲਾ ਵਿਖੇ ਅਸਮਿਤਾ ਖੇਲੋ ਇੰਡੀਆ ਵੂਮੈਨ ਸਿਟੀ ਲੀਗ ਅਤੇ ਵਿਸ਼ਾਲ ਸਾਈਕਲ ਰੈਲੀ ਕਰਵਾਈ ਗਈ। ਇਸ ਸਮਾਗਮ ਦਾ ਉਦੇਸ਼ ਮਹਿਲਾਵਾਂ ਨੂੰ ਖੇਡਾਂ ਰਾਹੀਂ ਸਸ਼ਕਤ ਬਣਾਉਣਾ, ਨੌਜਵਾਨ ਪ੍ਰਤਿਭਾਵਾਂ ਨੂੰ ਉਤਸ਼ਾਹਿਤ ਕਰਨਾ ਅਤੇ ਸਾਈਕਲਿੰਗ ਨੂੰ ਸਿਹਤਮੰਦ ਅਤੇ ਵਾਤਾਵਰਨ ਪੱਖੀ ਜੀਵਨ ਸ਼ੈਲੀ ਵਜੋਂ ਪ੍ਰਫੁੱਲਤ ਕਰਨਾ ਸੀ। ਇਹ ਸਮਾਗਮ ਭਾਰਤ ਸਰਕਾਰ ਦੇ ਯੁਵਾ ਮਾਮਲੇ ਅਤੇ ਖੇਡ ਮੰਤਰਾਲੇ, ਸਪੋਰਟਸ ਅਥਾਰਟੀ ਆਫ ਇੰਡੀਆ, ਫਿੱਟ ਇੰਡੀਆ ਅਤੇ ਸਾਈਕਲਿੰਗ ਫੈਡਰੇਸ਼ਨ ਆਫ ਇੰਡੀਆ ਦੇ ਸਹਿਯੋਗ ਨਾਲ 'ਖੇਲ ਸੇ ਹੀ ਹੈ ਪਹਿਚਾਨ' ਮੁਹਿੰਮ ਤਹਿਤ ਕਰਵਾਇਆ ਗਿਆ। ਸਮਾਗਮ ਦੇ ਮੁੱਖ ਮਹਿਮਾਨ ਦ੍ਰੋਣਾਚਾਰਿਆ ਐਵਾਰਡੀ ਕੋਚ ਗੁਰਬਖਸ਼ ਸਿੰਘ ਅਤੇ ਪਦਮਸ਼੍ਰੀ ਤੇ ਅਰਜੁਨ ਐਵਾਰਡੀ ਹਰਵਿੰਦਰ ਸਿੰਘ ਸਨ। ਇਸ ਮੌਕੇ ਦ੍ਰੋਣਾਚਾਰਿਆ ਐਵਾਰਡੀ ਗੁਰਬਖਸ਼ ਸਿੰਘ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰਵਪੱਖੀ ਵਿਕਾਸ ਦਾ ਸਭ ਤੋਂ ਪ੍ਰਭਾਵਸ਼ਾਲੀ ਮਾਧਿਅਮ ਹਨ। ਅਸਮਿਤਾ ਖੇਲੋ ਇੰਡੀਆ ਵਰਗੀਆਂ ਪਹਿਲਕਦਮੀਆਂ ਮਹਿਲਾ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਅਤੇ ਰਾਸ਼ਟਰੀ ਪੱਧਰ 'ਤੇ ਅੱਗੇ ਵਧਣ ਲਈ ਬੇਹਤਰੀਨ ਮੌਕੇ ਪ੍ਰਦਾਨ ਕਰਦੀਆਂ ਹਨ। ਪਦਮਸ਼੍ਰੀ ਅਤੇ ਅਰਜੁਨ ਐਵਾਰਡੀ ਹਰਵਿੰਦਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਸਾਈਕਲਿੰਗ ਸਿਰਫ਼ ਇੱਕ ਖੇਡ ਹੀ ਨਹੀਂ, ਸਗੋਂ ਸਿਹਤਮੰਦ ਅਤੇ ਵਾਤਾਵਰਨ ਪੱਖੀ ਜੀਵਨ ਸ਼ੈਲੀ ਦਾ ਪ੍ਰਤੀਕ ਵੀ ਹੈ। ਸਵੇਰੇ ਨੇਤਾਜੀ ਸੁਭਾਸ਼ ਨੈਸ਼ਨਲ ਇੰਸਟੀਚਿਊਟ ਆਫ ਸਪੋਰਟਸ (ਐਨ.ਆਈ.ਐਸ.) ਦੇ ਮੁੱਖ ਗੇਟ ਨੇੜੇ ਸਥਿਤ ਹੋਟਲ ਰੈੱਡ ਚਿੱਲੀ ਤੋਂ ਵਿਸ਼ਾਲ ਸਾਈਕਲ ਰੈਲੀ ਨੂੰ ਰਵਾਨਾ ਕੀਤਾ ਗਿਆ। ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸਾਈਕਲਿੰਗ ਪ੍ਰੇਮੀਆਂ, ਖਿਡਾਰੀਆਂ, ਵਿਦਿਆਰਥੀਆਂ ਅਤੇ ਆਮ ਨਾਗਰਿਕਾਂ ਨੇ ਹਿੱਸਾ ਲਿਆ। ਇਹ ਰੈਲੀ ਫੁਹਾਰਾ ਚੌਕ ਤੱਕ ਕੱਢੀ ਗਈ, ਜਿਸ ਰਾਹੀਂ ਲੋਕਾਂ ਨੂੰ ਫਿਟਨੈੱਸ, ਸਿਹਤਮੰਦ ਜੀਵਨ ਅਤੇ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੱਤਾ ਗਿਆ। ਉਪਰੰਤ ਅਸਮਿਤਾ ਖੇਲੋ ਇੰਡੀਆ ਵੂਮਨ ਲੀਗ ਦੇ ਮੁਕਾਬਲੇ ਕਰਵਾਏ ਗਏ। ਉਪਰੰਤ ਦੋਵਾਂ ਮੁੱਖ ਮਹਿਮਾਨਾਂ ਨੇ ਜੇਤੂ ਖਿਡਾਰਨਾਂ ਨੂੰ ਮੈਡਲ ਅਤੇ ਪ੍ਰਮਾਣ ਪੱਤਰ ਭੇਟ ਕਰਕੇ ਸਨਮਾਨਿਤ ਕੀਤਾ । ਅਸਮੀਤਾ ਖੇਲੋ ਇੰਡੀਆ ਵੂਮੈਨ ਸਿਟੀ ਲੀਗ ਦੇ ਵੱਖ-ਵੱਖ ਵਰਗਾਂ ਵਿੱਚ ਹੋਏ ਮੁਕਾਬਲਿਆਂ ਵਿੱਚ ਮਹਿਲਾ ਸਾਈਕਲਿਸਟਾਂ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸਬ-ਜੂਨੀਅਰ ਵਰਗ ਵਿੱਚ ਗੁਨਤਾਸ ਸੰਧੂ ਨੇ ਸੋਨ ਤਗਮਾ, ਦੀਕਸ਼ਾ ਨੇ ਚਾਂਦੀ ਤਗਮਾ ਅਤੇ ਪ੍ਰਿਯੰਕਾ ਨੇ ਕਾਂਸੀ ਤਗਮਾ ਜਿੱਤਿਆ। ਜੂਨੀਅਰ ਵਰਗ ਵਿੱਚ ਰੁਕਮਣੀ ਨੇ ਸੋਨ ਤਗਮਾ, ਸੌਮਿਆ ਨੇ ਚਾਂਦੀ ਤਗਮਾ ਅਤੇ ਇਸ਼ਰੀਤ ਨੇ ਕਾਂਸੀ ਤਗਮਾ ਹਾਸਲ ਕੀਤਾ। ਐਲੀਟ ਵਰਗ ਵਿੱਚ ਅਰਚਨਾ ਪੰਜਰਾਥ ਨੇ ਸੋਨ ਤਗਮਾ, ਰਜਨੀ ਕਸ਼ਯਪ ਨੇ ਚਾਂਦੀ ਤਗਮਾ ਅਤੇ ਅਰਵਿੰਦਰ ਕੌਰ ਨੇ ਕਾਂਸੀ ਤਗਮਾ ਜਿੱਤਿਆ। ਸਾਈਕਲਿੰਗ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਚਰਨਜੀਤ ਸਿੰਘ ਧਾਲੀਵਾਲ ਅਤੇ ਜਨਰਲ ਸਕੱਤਰ ਜਗਦੀਪ ਸਿੰਘ ਕਾਹਲੋਂ ਨੇ ਜੇਤੂ ਖਿਡਾਰਨਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪੰਜਾਬ ਦੀ ਸਾਈਕਲਿੰਗ ਦੁਨੀਆਂ ਵਿੱਚ ਚਮਕਾਵਾਂਗੇ ਅਤੇ ਪਿਛਲੇ 30 ਸਾਲ ਜਿੰਨਾ ਕੰਮ ਇੱਕ ਸਾਲ ਵਿੱਚ ਕਰਾਂਗੇ। ਅਸਮਿਤਾ ਖੇਲੋ ਇੰਡੀਆ ਵੂਮੈਨ ਸਿਟੀ ਲੀਗ ਮਹਿਲਾ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਪ੍ਰਦਰਸ਼ਿਤ ਕਰਨ ਲਈ ਇੱਕ ਮਹੱਤਵਪੂਰਨ ਮੰਚ ਪ੍ਰਦਾਨ ਕਰ ਰਹੀ ਹੈ। ਇਸ ਸਾਈਕਲਿੰਗ ਈਵੈਂਟ ਨੂੰ ਕਰਵਾਉਣ ਵਿੱਚ ਦਿਲਸ਼ਾਨ ਸਿੰਘ ਸਿੱਧੂ ਪਟਿਆਲਾ ਹਾਰਟ ਇੰਸਟੀਚਿਊਟ ਅਤੇ ਉਹਨਾਂ ਦੀ ਪੂਰੀ ਟੀਮ ਵੱਲੋਂ ਵਿਸ਼ੇਸ਼ ਸਹਿਯੋਗ ਕੀਤਾ ਗਿਆ। ਇਸ ਮੌਕੇ ਸੁਰਿੰਦਰ ਸਿੰਘ ਅੰਤਰਰਾਸ਼ਟਰੀ ਆਰਚਰੀ ਕੋਚ, ਸੁਖਜਿੰਦਰ ਸਿੰਘ, ਐਸ ਪੀ ਸਿੰਘ, ਪ੍ਰਨਾਮ ਸਿੰਘ ਬਰਾੜ ਡਾਇਰੈਕਟਰ ਸਪੋਰਟਸ ਰਿਮਟ ਮੰਡੀ ਗੋਬਿੰਦਗੜ੍ਹ, ਸਰਪ੍ਰੀਤ ਸਿੰਘ, ਮਨੀਸ਼ ਸਾਹਨੀ, ਸੁਖਬੀਰ ਸਿੰਘ ਆਈਆਰਟੀਐਸ ਪ੍ਰਿੰਸੀਪਲ ਜੀਐਮ ਬੀਐਸਐਨਐਲ ਪਟਿਆਲਾ, ਨੀਰਜ ਸਾਹਨੀ, ਰਾਜ ਕੁਮਾਰ, ਰਜੇਸ਼ ਕੁਮਾਰ, ਗੁਰਪ੍ਰੀਤ ਕੌਰ ਸਾਈਕਲਿੰਗ ਕੋਚ, ਸੰਦੀਪ ਕੌਰ ,ਸਾਈਕਲਿੰਗ ਕੋਚ ਹਰਪ੍ਰੀਤ ਕੌਰ, ਡਾ ਰੀਤੂ, ਨਾਗੇਸ਼ ਗੁਪਤਾ ਮੈਸਰਜ਼ ਬਿਜਵਰਸ ਵਰਲਡ ਪਟਿਆਲਾ, ਗ੍ਰੀਨ ਬਾਈਕਰ, ਫ੍ਰੈਂਡਜ਼ ਔਨ ਵ੍ਹੀਲਜ਼, ਰਾਇਲ ਪਟਿਆਲਾ ਰਾਈਡਰਜ਼, ਪਟਿਆਲਾ ਰੋਡੀਜ਼, ਫ੍ਰੈਂਡਜ਼ ਆਫ਼ ਇਨਵਾਇਰਮੈਂਟ ਸਾਈਕਲਿੰਗ ਗਰੁੱਪ, ਬਰਾਦਰੀ ਆਈਡੀਅਲਜ਼, ਟੂਰ ਦੀ ਪਟਿਆਲਾ, ਭਾਰਤ ਵਿਕਾਸ ਪ੍ਰੀਸ਼ਦ, ਹਿਮਾਲੀਅਨ ਸਾਈਕਲਿੰਗ ਗਰੁੱਪ ਤੋਂ ਇਲਾਵਾ ਸਮਾਗਮ ਨੂੰ ਸਫਲ ਬਣਾਉਣ ਲਈ ਸਾਰੇ ਭਾਗੀਦਾਰਾਂ, ਕੋਚਾਂ, ਅਧਿਕਾਰੀਆਂ, ਵਲੰਟੀਅਰਾਂ, ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਵਿਭਾਗ ਦਾ ਧੰਨਵਾਦ ਵੀ ਕੀਤਾ ਗਿਆ।

## ਕ੍ਰਿਕਟ ਟੂਰਨਾਮੈਂਟ 'ਚ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਬਰਸਟ ਵੱਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ



ਸਮਾਣਾ, 1 ਜੂਨ (ਵਿਜੇ ਕੁਮਾਰ) ਹਲਕਾ ਸਮਾਣਾ ਦੇ ਪਿੰਡ ਬਦਨਪੁਰ ਵਿਖੇ ਸ਼ਹੀਦ ਊਧਮ ਸਿੰਘ ਸਪੋਰਟਸ ਕਲੱਬ ਵੱਲੋਂ ਸਮੂਹ ਨਗਰ ਨਿਵਾਸੀਆਂ ਅਤੇ ਐਨ.ਆਰ.ਆਈਜ਼. ਦੇ ਸਹਿਯੋਗ ਨਾਲ ਤੀਜੇ ਕ੍ਰਿਕੇਟ ਟੂਰਨਾਮੈਂਟ ਦਾ ਆਯੋਜਨ ਕੀਤਾ ਗਿਆ। ਟੂਰਨਾਮੈਂਟ ਦੌਰਾਨ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ, ਪੰਜਾਬ ਦੇ ਸੂਬਾ ਜਨਰਲ ਸਕੱਤਰ ਹਰਚੰਦ ਸਿੰਘ ਬਰਸਟ ਵੱਲੋਂ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਇਸ ਖੇਡ ਮੇਲੇ ਵਿੱਚ ਇਲਾਕੇ ਦੀਆਂ ਵੱਖ-ਵੱਖ ਟੀਮਾਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ ਅਤੇ ਖੇਡ ਭਾਵਨਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਸ. ਬਰਸਟ ਨੇ ਖਿਡਾਰੀਆਂ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਦਾ ਹੌਸਲਾ ਵਧਾਇਆ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੁੜਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਖੇਡਾਂ ਨਾ ਸਿਰਫ ਸਰੀਰਕ ਤੰਦਰੁਸਤੀ ਨੂੰ ਮਜ਼ਬੂਤ ਕਰਦੀਆਂ ਹਨ, ਸਗੋਂ ਨੌਜਵਾਨਾਂ ਵਿੱਚ ਅਨੁਸ਼ਾਸਨ, ਟੀਮ ਭਾਵਨਾ ਅਤੇ ਆਤਮ-ਵਿਸ਼ਵਾਸ ਵੀ ਪੈਦਾ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਖੇਡ ਢਾਂਚੇ ਨੂੰ ਮਜ਼ਬੂਤ ਕਰਨ, ਨਵੇਂ ਖੇਡ ਮੈਦਾਨ ਬਣਾਉਣ ਅਤੇ ਖਿਡਾਰੀਆਂ ਨੂੰ ਬਿਹਤਰ ਸਹੂਲਤਾਂ ਪ੍ਰਦਾਨ ਕਰਨ ਲਈ ਲਗਾਤਾਰ ਕੰਮ ਕਰ ਰਹੀ ਹੈ, ਤਾਂ ਜੋ ਪੰਜਾਬ ਦੇ ਨੌਜਵਾਨ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾ ਸਕਣ। ਟੂਰਨਾਮੈਂਟ ਦੌਰਾਨ ਐਨ. ਆਰ. ਆਈ. ਪਰਿਵਾਰਾਂ ਵੱਲੋਂ ਦਿੱਤੇ ਗਏ ਸਹਿਯੋਗ ਦੀ ਵੀ ਵਿਸ਼ੇਸ਼ ਤੌਰ 'ਤੇ ਸ਼ਲਾਘਾ ਕੀਤੀ । ਇਸ ਮੌਕੇ ਸਰਪੰਚ ਮਨਪ੍ਰੀਤ ਸਿੰਘ, ਹਰਭਜਨ ਸਿੰਘ, ਕਰਮਜੀਤ ਸਿੰਘ, ਨਾਜਮ ਸਿੰਘ, ਮਲਕੀਤ ਸਿੰਘ, ਸਤਪਾਲ ਸਿੰਘ ਨੰਬਰਦਾਰ, ਭੁਪਿੰਦਰ ਨੰਬਰਦਾਰ, ਮੇਜਰ ਸਿੰਘ, ਜਗਤਾਰ ਸਿੰਘ ਕਾਲਾ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

## ਪ੍ਰੈਸ ਕਲੱਬ ਨਾਭਾ ਵੱਲੋਂ ਪੱਤਰਕਾਰ 'ਤੇ ਹੋਏ ਜਾਨਲੇਵਾ ਹਮਲੇ ਦੀ ਨਿੰਦਾ



ਨਾਭਾ, 1 ਜੂਨ (ਗੁਰਚਰਨ ਸਿੰਘ ਚੌਧਰੀਮਾਜਰਾ) :ਪ੍ਰੈਸ ਕਲੱਬ ਨਾਭਾ ਦੀ ਇਕ ਮੀਟਿੰਗ ਪ੍ਰਧਾਨ ਹਰਮੀਤ ਸਿੰਘ ਮਾਨ ਦੀ ਪ੍ਰਧਾਨਗੀ ਵਿੱਚ ਹੋਈ। ਜਿਸ ਵਿੱਚ ਰਾਜਪੁਰਾ ਦੇ ਇੱਕ ਨਿਡਰ ਪੱਤਰਕਾਰ ਅਤੇ ਨਿਊ ਪ੍ਰੈਸ ਕਲੱਬ ਦੇ ਚੇਅਰਮੈਨ ਪ੍ਰਿੰਸ ਤਨੇਜਾ 'ਤੇ ਹੋਏ ਹਾਲ ਹੀ ਦੇ ਜਾਨਲੇਵਾ ਹਮਲੇ ਨੂੰ ਅੱਜ ਨੌਂ ਦਿਨ ਹੋ ਗਏ ਹਨ, ਪਰ ਸਥਾਨਕ ਪੁਲਿਸ ਪ੍ਰਸ਼ਾਸਨ ਦੀ ਢਿੱਲੀ ਕਾਰਵਾਈ ਕਾਰਨ, ਇਸ ਮਾਮਲੇ ਵਿੱਚ ਕੋਈ ਠੋਸ ਕਾਨੂੰਨੀ ਕਾਰਵਾਈ (ਐਫਆਈਆਰ) ਦਰਜ ਨਹੀਂ ਕੀਤੀ ਗਈ ਹੈ। ਪ੍ਰੈਸ ਕਲੱਬ ਨਾਭਾ ਇਸ ਦੀ ਸਖ਼ਤ ਨਿੰਦਾ ਕਰਦਾ ਹੈ। ਪੱਤਰਕਾਰ ਪ੍ਰਿੰਸ ਤਨੇਜਾ 'ਤੇ ਹੋਏ ਹਮਲੇ ਦੀ ਇੱਕ ਵੀਡੀਓ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ। ਇਹ ਸਾਫ਼ ਦੇਖਿਆ ਜਾ ਸਕਦਾ ਹੈ ਕਿ ਹਮਲਾਵਰ ਤਿਆਰ ਹੋ ਕੇ ਪੱਤਰਕਾਰ ਨੂੰ ਮਾਰਨ ਦੇ ਇਰਾਦੇ ਨਾਲ ਆਏ ਸਨ। ਪ੍ਰੈਸ ਕਲੱਬ ਨਾਭਾ ਨੇ ਸਖ਼ਤ ਕਾਰਵਾਈ ਦੀ ਮੰਗ ਕੀਤੀ ਅਤੇ ਮੈਂਬਰਾਂ ਨੇ ਸਰਬਸੰਮਤੀ ਨਾਲ ਕਿਹਾ ਕਿ ਲੋਕਤੰਤਰ ਦੇ ਚੌਥੇ ਥੰਮ੍ਹ 'ਤੇ ਅਜਿਹਾ ਘਾਤਕ ਹਮਲਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

## ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਦੀ ਚੋਣ, ਦਲਵੀਰ ਸਿੰਘ ਸਿੱਧੂਪੁਰ ਬਣੇ ਸੂਬਾ ਪ੍ਰਧਾਨ



ਬਲਬੇੜ੍ਹਾ/ਡਕਾਲਾ, 1 ਜੂਨ (ਗੁਰਸੇਵਕ ਸਿੰਘ ਕਰਹਾਲੀ ਸਾਹਿਬ) : ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਪੰਜਾਬ ਦਾ ਡੈਲੀਗੇਟ ਇਜਲਾਸ ਗੁਰਦੁਆਰਾ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਵਿਖੇ ਹੋਇਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਜਥੇਬੰਦੀ ਦੇ ਡੈਲੀਗੇਟਾਂ ਨੇ ਹਿੱਸਾ ਲਿਆ ਅਤੇ ਸਰਬਸੰਮਤੀ ਨਾਲ ਪੰਜਾਬ ਕਮੇਟੀ ਦੀ ਚੋਣ ਕੀਤੀ ਗਈ, ਜਿਸ ਅਨੁਸਾਰ ਜਥੇਬੰਦੀ ਦੇ ਸੂਬਾ ਪ੍ਰਧਾਨ ਦਲਵੀਰ ਸਿੰਘ ਸਿੱਧੂਪੁਰ, ਸੂਬਾ ਜਨਰਲ ਸਕੱਤਰ ਬੋਗ ਸਿੰਘ ਮਾਨਸਾ, ਸੂਬਾ ਪ੍ਰੈਸ ਸਕੱਤਰ ਮੇਹਰ ਸਿੰਘ ਥੇੜੀ, ਸੂਬਾ ਸੀਨੀਅਰ ਮੀਤ ਪ੍ਰਧਾਨ ਜੋਰਾਵਰ ਸਿੰਘ ਬਲਬੇੜਾ, ਮੀਤ ਪ੍ਰਧਾਨ ਸੁਖਦੇਵ ਸਿੰਘ ਸਰਾਓ ਅਤੇ ਸੂਬਾ ਸਕੱਤਰ ਬੇਅੰਤ ਸਿੰਘ ਮਹਿਮਾ ਬਠਿੰਡਾ ਦੀ ਚੋਣ ਕੀਤੀ ਗਈ। ਇਸ ਮੌਕੇ ਜਥੇਬੰਦੀ ਦੇ ਨਵਨਿਯੁਕਤ ਸੂਬਾ ਪ੍ਰਧਾਨ ਦਲਵੀਰ ਸਿੰਘ ਸਿੱਧੂਪੁਰ ਨੇ ਹਾਜ਼ਰ ਡੈਲੀਗੇਟਾਂ ਦਾ ਧੰਨਵਾਦ ਕੀਤਾ। ਇਸ ਮੌਕੇ ਵੱਖ-ਵੱਖ ਜ਼ਿਲ੍ਹਾ ਪ੍ਰਧਾਨ ਜਿਨ੍ਹਾਂ ਵਿੱਚ ਸੁਰਜੀਤ ਸਿੰਘ ਭਾਦਸੋਂ ਪ੍ਰਧਾਨ ਸੰਗਰੂਰ, ਗਿਆਨ ਸਿੰਘ ਪ੍ਰਧਾਨ ਪਟਿਆਲਾ, ਬਖ਼ਸ਼ੀਸ਼ ਸਿੰਘ ਪ੍ਰਧਾਨ ਗੁਰਦਾਸਪੁਰ, ਗਮਦੂਰ ਸਿੰਘ ਪ੍ਰਧਾਨ ਫਰੀਦਕੋਟ, ਗੁਰਮੀਤ ਸਿੰਘ ਪ੍ਰਧਾਨ ਸ੍ਰੀ ਫ਼ਤਿਹਗੜ੍ਹ ਸਾਹਿਬ, ਰਵਿੰਦਰ ਸਿੰਘ ਪ੍ਰਧਾਨ ਮੋਹਾਲੀ, ਜਸਵਿੰਦਰ ਸਿੰਘ ਪ੍ਰਧਾਨ ਫਿਰੋਜ਼ਪੁਰ, ਰੂਪ ਸਿੰਘ ਪ੍ਰਧਾਨ ਬਰਨਾਲਾ, ਗਗਨਦੀਪ ਸਿੰਘ ਪ੍ਰਧਾਨ ਬਠਿੰਡਾ, ਕੁਲਵਿੰਦਰ ਸਿੰਘ ਪ੍ਰਧਾਨ ਰੋਪੜ ਆਪਣੇ-ਆਪਣੇ ਸਾਥੀਆਂ ਸਮੇਤ ਹਾਜ਼ਰ ਹੋਏ। ਇਜਲਾਸ ਦੌਰਾਨ ਜਥੇਬੰਦੀ ਵੱਲੋਂ ਤੇਲ ਦੀਆਂ ਵਧੀਆਂ ਕੀਮਤਾਂ ਵਿਰੁੱਧ ਰੋਸ ਪ੍ਰਗਟ ਕੀਤਾ ਗਿਆ ਅਤੇ 2 ਜੂਨ ਨੂੰ ਐਸ.ਕੇ.ਐਮ. ਵੱਲੋਂ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਦੀ ਹਮਾਇਤ ਕੀਤੀ ਜਾਵੇਗੀ।

## ਵਾਤਾਵਰਨ ਦੀ ਸ਼ੁੱਧਤਾ ਲਈ 'ਹਰ ਮਨੁੱਖ ਲਾਵੇ ਦੋ ਰੁੱਖ' ਮੁਹਿੰਮ ਨਾਲ ਜੁੜਨਾ ਸਮੇਂ ਦੀ ਲੋੜ: ਮੇਅਰ ਕੁੰਦਨ ਗੋਗੀਆ



ਪਟਿਆਲਾ, 1 ਜੂਨ (ਰੁਪਾਣਾ) : ਆਉਣ ਵਾਲੇ ਵਿਸ਼ਵ ਵਾਤਾਵਰਨ ਦਿਵਸ ਨੂੰ ਮੁੱਖ ਰੱਖਦਿਆਂ ਸ਼ਾਹੀ ਸ਼ਹਿਰ ਪਟਿਆਲਾ ਨੂੰ ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਦਾ ਸੁਨੇਹਾ ਦੇਣ ਲਈ ਅੱਜ ਇੱਕ ਵਿਸ਼ੇਸ਼ ਮੁਹਿੰਮ ਦਾ ਆਗਾਜ਼ ਕੀਤਾ ਗਿਆ। ਗਿਆਨ ਜਯੋਤੀ ਐਜੂਕੇਸ਼ਨ ਸੁਸਾਇਟੀ ਪਟਿਆਲਾ ਵੱਲੋਂ ਨਗਰ ਨਿਗਮ (ਮਿਊਂਸੀਪਲ ਕਾਰਪੋਰੇਸ਼ਨ) ਦੇ ਸਹਿਯੋਗ ਨਾਲ ਸ਼ਹਿਰ ਦੇ ਇਤਿਹਾਸਕ ਨਹਿਰੂ ਪਾਰਕ ਵਿਖੇ ਪੌਦੇ ਲਗਾਉਣ ਦੀ ਮੁਹਿੰਮ ਸ਼ੁਰੂ ਕੀਤੀ ਗਈ, ਜਿਸ ਦਾ ਉਦਘਾਟਨ ਮੁੱਖ ਮਹਿਮਾਨ ਵਜੋਂ ਪਹੁੰਚੇ ਪਟਿਆਲਾ ਦੇ ਮੇਅਰ ਕੁੰਦਨ ਗੋਗੀਆ ਨੇ ਪੌਦਾ ਲਗਾ ਕੇ ਕੀਤਾ। ਇਹ ਸਮਾਗਮ ਸੁਸਾਇਟੀ ਦੇ ਆਗੂ ਉਪਕਾਰ ਸਿੰਘ ਦੀ ਯੋਗ ਅਗਵਾਈ ਹੇਠ ਕਰਵਾਇਆ ਗਿਆ। ਸਮਾਗਮ ਦੌਰਾਨ ਲੋਕਾਂ ਨੂੰ ਜਾਗਰੂਕ ਕਰਦਿਆਂ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਪਟਿਆਲਾ ਸ਼ਹਿਰ ਇਤਿਹਾਸਕ ਤੌਰ 'ਤੇ ਬਾਗਾਂ ਅਤੇ ਪਾਰਕਾਂ ਦੇ ਸ਼ਹਿਰ ਵਜੋਂ ਜਾਣਿਆ ਜਾਂਦਾ ਹੈ, ਇਸ ਲਈ ਇਸ ਦੀ ਪੁਰਾਤਨ ਸੁੰਦਰਤਾ ਅਤੇ ਹਰਿਆਲੀ ਨੂੰ ਬਰਕਰਾਰ ਰੱਖਣਾ ਸਾਡੀ ਸਾਰਿਆਂ ਦੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਵਾਤਾਵਰਨ ਨੂੰ ਸਾਫ਼ ਅਤੇ ਸ਼ੁੱਧ ਰੱਖਣ ਲਈ ਸਾਨੂੰ ਆਪਣੀਆਂ ਰੋਜ਼ਾਨਾ ਦੀਆਂ ਆਦਤਾਂ ਵਿੱਚ ਬਦਲਾਅ ਲਿਆਉਣਾ ਪਵੇਗਾ। ਮੇਅਰ ਨੇ ਜ਼ੋਰ ਦੇ ਕੇ ਕਿਹਾ ਕਿ ਆਮ ਜਨਤਾ ਦੀ ਭਾਗੀਦਾਰੀ, ਪ੍ਰਦੂਸ਼ਣ ਨੂੰ ਘਟਾਉਣ ਵਾਲੇ ਸਾਧਨਾਂ ਅਤੇ ਨਵੀਨਤਮ ਗ੍ਰੀਨ ਐਨਰਜੀ ਤਕਨੀਕਾਂ ਨੂੰ ਅਪਨਾ ਕੇ ਅਸੀਂ ਵਾਤਾਵਰਨ ਪ੍ਰਣਾਲੀ ਦੀ ਬਹਾਲੀ ਵਿੱਚ ਵੱਡਾ ਯੋਗਦਾਨ ਪਾ ਸਕਦੇ ਹਾਂ। ਉਨ੍ਹਾਂ ਸੁਸਾਇਟੀ ਵੱਲੋਂ ਪਿਛਲੇ ਦੋ ਦਹਾਕਿਆਂ ਤੋਂ ਚਲਾਈ ਜਾ ਰਹੀ ਮੁਹਿੰਮ 'ਮਨੁੱਖ ਲਾਵੇ ਦੋ ਰੁੱਖ, ਜਿਸ ਦਾ ਰਿਸ਼ਤਾ ਸਾਰਿਆਂ ਦੇ ਸੁੱਖ' ਦੀ ਭਰਪੂਰ ਸ਼ਲਾਘਾ ਕੀਤੀ ਅਤੇ ਲੋਕਾਂ ਨੂੰ ਇਸ ਨਾਲ ਜੁੜਨ ਦੀ ਅਪੀਲ ਕੀਤੀ। ਇਸ ਤੋਂ ਪਹਿਲਾਂ ਸਮਾਗਮ ਵਾਲੀ ਥਾਂ ਪਹੁੰਚਣ 'ਤੇ ਲਖਵਿੰਦਰ ਸਿੰਘ, ਦੇਵ ਰਾਜ, ਪ੍ਰਿੰਸ ਅਤੇ ਬੇਦੀ ਜੀ ਨੇ ਮੇਅਰ ਕੁੰਦਨ ਗੋਗੀਆ ਨੂੰ ਗੁਲਦਸਤਾ ਭੇਟ ਕਰਕੇ ਜੀ-ਆਇਆਂ ਨੂੰ ਕਿਹਾ। ਸਮਾਗਮ ਨੂੰ ਸਫ਼ਲ ਬਣਾਉਣ ਵਿੱਚ ਸਵੇਰ ਦੀ ਸੈਰ ਕਰਨ ਆਏ ਪ੍ਰੇਮੀਆਂ ਅਤੇ ਇਲਾਕਾ ਨਿਵਾਸੀਆਂ ਨੇ ਭਰਵਾਂ ਸਹਿਯੋਗ ਦਿੱਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੋਹਨ ਖੰਨਾ, ਟੋਨੀ ਸ਼ਹਿਰ, ਦੀਪਕ ਕਪੂਰ, ਨਿਤਿਨ ਸ਼ਰਮਾ, ਸੈਂਟੀ ਪ੍ਰੇਮੀ, ਸੋਢੀ, ਰਾਜ ਕੁਮਾਰ, ਚੰਦਨ, ਨਗਰ ਨਿਗਮ ਦੇ ਸੁਪਰਵਾਈਜ਼ਰ ਪੁਰੀ, ਸੁਖਵਿੰਦਰ ਸਿੰਘ ਅਤੇ ਨਹਿਰੂ ਪਾਰਕ ਦਾ ਸਮੂਹ ਸਟਾਫ਼ ਵਿਸ਼ੇਸ਼ ਤੌਰ 'ਤੇ ਹਾਜ਼ਰ ਸੀ।

## ਰਣਜੋਧ ਸਿੰਘ ਹਡਾਣਾ ਪਿੰਡ ਅਲੀਪੁਰ ਅਰਾਈਆਂ ਵਿਖੇ ਪਹੁੰਚੇ, ਸੁਣੀਆਂ ਸਮੱਸਿਆਵਾਂ



ਪਟਿਆਲਾ, 1 ਜੂਨ (ਚ.ਨ.ਸ) : ਪਿੰਡ ਅਲੀਪੁਰ ਅਰਾਈਆ ਵਿਖੇ ਹਲਕਾ ਇੰਚਾਰਜ ਸਨੌਰ ਰਣਜੋਧ ਸਿੰਘ ਹਡਾਣਾ ਦਾ ਪਿੰਡ ਵਾਸੀਆਂ ਵੱਲੋਂ ਨਿੱਘਾ ਸਵਾਗਤ ਕੀਤਾ।ਉਹਨਾਂ ਨੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ। ਮੰਗਾਂ ਵਿੱਚ ਪਿੰਡ ਦੇ ਪਾਰਕ ਦਾ ਰੁਕਿਆ ਹੋਇਆ ਕੰਮ ਮੁੜ ਸ਼ੁਰੂ ਕਰਕੇ ਪੂਰਾ ਕਰਵਾਇਆ ਜਾਵੇ। ਪਿੰਡ ਦੀ ਪਾਣੀ ਵਾਲੀ ਟੈਂਕੀ ਉੱਤੇ ਵਾਟਰ ਆਰ.ਓ ਸਿਸਟਮ ਲਗਾਇਆ ਜਾਵੇ। ਪਿੰਡ ਦੀ ਸਰਕਾਰੀ ਡਿਸਪੈਂਸਰੀ ਦਾ ਵਿਕਾਸ ਅਤੇ ਸੁਧਾਰ ਕੀਤਾ ਜਾਵੇ ਅਤੇ ਇਸ ਨੂੰ ਕਿਸੇ ਹੋਰ ਥਾਂ ਸ਼ਿਫਟ ਨਾ ਕੀਤਾ ਜਾਵੇ। ਪਿੰਡ ਵਿੱਚ ਮੌਜੂਦਾ ਸੁੱਕੇ ਛੱਪੜ ਦੀ ਜਗ੍ਹਾ ਦੀ ਹੱਦਬੰਦੀ ਕਰਕੇ ਪਾਰਕ ਜਾਂ ਖੇਡ ਦਾ ਮੈਦਾਨ ਬਣਾਇਆ ਜਾਵੇ, ਜਿਨ੍ਹਾਂ ਗਲੀਆਂ ਵਿੱਚ ਸੀਵਰੇਜ਼ ਅਤੇ ਵਾਟਰ ਸਪਲਾਈ ਦੀ ਸਹੂਲਤ ਨਹੀਂ ਹੈ, ਮੁਹੱਈਆ ਕਰਵਾਈਆਂ ਜਾਣ ਅਤੇ ਖਾਲਸਾ ਨਗਰ ਅਤੇ ਗੁਰਦੁਆਰਾ ਦੁਧਾਧਾਰੀ ਸਾਹਿਬ ਨੇੜੇ ਰਹਿ ਗਈਆਂ ਗਲੀਆਂ ਅਤੇ ਸੜਕਾਂ ਦਾ ਨਿਰਮਾਣ ਕਰਵਾਇਆ ਜਾਵੇ, ਸਰਕਾਰੀ ਸਕੂਲ ਨੂੰ ਅੱਠਵੀਂ ਤੋਂ ਅਪਗ੍ਰੇਡ ਕਰਕੇ ਬਾਰਵੀਂ ਤੱਕ ਕੀਤਾ ਜਾਵੇ, ਜਿਹੜੀਆਂ ਗਲੀਆਂ ਤੇ ਸੜਕਾਂ ਬਣਨ ਤੋਂ ਰਹਿ ਗਈਆਂ ਉਹਨਾਂ ਦਾ ਨਿਰਮਾਣ ਕਰਵਾਇਆ ਜਾਵੇ। ਬੰਦ ਪਏ ਸੁਵਿਧਾ ਕੇਂਦਰ ਨੂੰ ਮੁੜ ਚਾਲੂ ਕੀਤਾ ਜਾਵੇ। ਇਸ ਮੌਕੇ ਹਡਾਣਾ ਨੇ ਮੰਗਾਂ ਨੂੰ ਹੱਲ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਹਰਜੀਤ ਸਿੰਘ, ਸਰਨਜੀਤ ਕੌਰ, ਜੰਗ ਸਿੰਘ, ਬਾਜ ਸਿੰਘ, ਕਿਰਪਾਲ ਸਿੰਘ, ਬਾਬਾ ਜੈਮਲ ਸਿੰਘ, ਦਰਸ਼ਨ ਸਿੰਘ, ਸੁਖਜੀਤ ਸਿੰਘ, ਸੋਨੂੰ ਭਲਵਾਨ, ਕੁਲਦੀਪ ਸਿੰਘ ਆਦਿ ਹਾਜ਼ਰ ਸਨ।

## ਹਰਿਆਣਾ ਮਾਅਰਕਾ ਦੇਸੀ ਸ਼ਰਾਬ ਸਮੇਤ ਇੱਕ ਕਾਬੂ

ਸਮਾਣਾ, 1 ਜੂਨ (ਵਿਜੇ ਕੁਮਾਰ) : ਸਿਟੀ ਪੁਲਿਸ ਨੇ ਇੱਕ ਕਾਰ ਸਵਾਰ ਵਿਅਕਤੀ ਨੂੰ ਹਰਿਆਣਾ ਤੋਂ ਤਸਕਰੀ ਕਰਕੇ ਲਿਆਂਦੀ ਜਾ ਰਹੀ ਦੇਸੀ ਸ਼ਰਾਬ ਦੀਆਂ 48 ਬੋਤਲਾਂ ਸਮੇਤ ਕਾਬੂ ਕਰਕੇ ਉਸ ਦੇ ਖਿਲਾਫ਼ ਐਕਸਾਈਜ਼ ਐਕਟ ਦੀਆਂ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਹੈ। ਮੁਲਜ਼ਮ ਦੀ ਪਛਾਣ ਜਸਵੀਰ ਸਿੰਘ ਨਿਵਾਸੀ ਪਿੰਡ ਨਿਜ਼ਾਮਨੀਵਾਲਾ ਵਜੋਂ ਹੋਈ ਹੈ। ਸਿਟੀ ਪੁਲਿਸ ਇੰਚਾਰਜ ਬਲਜੀਤ ਸਿੰਘ ਨੇ ਦੱਸਿਆ ਕਿ ਸਬ ਇੰਸਪੈਕਟਰ ਪੂਰਨ ਸਿੰਘ ਪੁਲਿਸ ਪਾਰਟੀ ਸਮੇਤ ਗਸ਼ਤ ਦੌਰਾਨ ਕਮਾਸਪੁਰ ਰੋਡ 'ਤੇ ਸਥਿਤ ਸਰਕਾਰੀ ਗੋਦਾਮ ਨੇੜੇ ਮੌਜੂਦ ਸਨ। ਇਸ ਦੌਰਾਨ ਆ ਰਹੀ ਮੁਲਜ਼ਮ ਦੀ ਗੱਡੀ ਨੂੰ ਸ਼ੱਕ ਦੇ ਆਧਾਰ 'ਤੇ ਰੋਕਿਆ ਗਿਆ ਅਤੇ ਤਲਾਸ਼ੀ ਦੌਰਾਨ ਹਰਿਆਣਾ ਮਾਰਕਾ ਦੇਸੀ ਸ਼ਰਾਬ ਦੀਆਂ 48 ਬੋਤਲਾਂ ਬਰਾਮਦ ਹੋਣ 'ਤੇ ਮੁਲਜ਼ਮ ਨੂੰ ਕਾਰ ਸਮੇਤ ਹਿਰਾਸਤ ਵਿੱਚ ਲੈ ਲਿਆ ਗਿਆ। ਅਧਿਕਾਰੀ ਅਨੁਸਾਰ ਮਾਨਯੋਗ ਅਦਾਲਤ ਦੇ ਹੁਕਮਾਂ 'ਤੇ ਮੁਲਜ਼ਮ ਨੂੰ ਜੁਡੀਸ਼ੀਅਲ ਹਿਰਾਸਤ ਵਿੱਚ ਜੇਲ੍ਹ ਭੇਜ ਦਿੱਤਾ ਗਿਆ ਹੈ।

## ਸੀਨੀਅਰ ਸਿਟੀਜ਼ਨ ਕੌਂਸਲ (ਹੋਮ) ਵੱਲੋਂ ਮਹੀਨਾਵਾਰ ਮੀਟਿੰਗ ਦੌਰਾਨ 7 ਬਜ਼ੁਰਗਾਂ ਦਾ ਸਨਮਾਨ



ਸਮਾਣਾ, 1 ਜੂਨ (ਵਿਜੇ ਕੁਮਾਰ) : ਸੀਨੀਅਰ ਸਿਟੀਜ਼ਨ ਕੌਂਸਲ (ਹੋਮ) ਸਮਾਣਾ ਦੀ ਮਹੀਨਾਵਾਰ ਮੀਟਿੰਗ ਸੰਸਥਾ ਸਰਪ੍ਰਸਤ ਸੋਮ ਪ੍ਰਕਾਸ਼ ਤੇ ਪ੍ਰਧਾਨ ਆਸਾ ਨੰਦ ਟੂਲਾਨੀ ਦੀ ਅਗਵਾਈ 'ਚ ਸਤੀ ਮਾਤਾ ਮੰਦਿਰ ਧਰਮਸ਼ਾਲਾ 'ਚ ਹੋਈ। ਮੀਟਿੰਗ ਦੌਰਾਨ ਜਿਨ੍ਹਾਂ ਮੈਂਬਰਾਂ ਸੀਨੀ: ਵਾਇਸ ਪ੍ਰਧਾਨ ਸੁਭਾਸ਼ ਪੰਜਰਥ, ਸੈਕਟਰੀ ਸੁਰਿੰਦਰ ਕੁਮਾਰ ਗਰਗ, ਕੈਸੀਅਰ ਨਛੱਤਰ ਸਿੰਘ,ਲਾਭ ਸਿੰਘ ਸਿੱਧੂ,ਰਾਜਿੰਦਰ ਪ੍ਰਸ਼ਾਦ, ਤੀਰਥ ਰਾਮ, ਗੁਰਚਰਨ ਕੌਰ ਦੇ ਜਨਮ ਦਿਨ ਮਈ ਮਹੀਨੇ 'ਚ ਆਏ ਸਨ ਉਨ੍ਹਾਂ ਨੂੰ ਵਧਾਈ ਦਿੰਦਿਆ ਸਨਮਾਨਿਤ ਕੀਤਾ ਗਿਆ। ਇਸ ਤੋਂ ਇਲਾਵਾ ਮੈਂਬਰ ਗੁਰਚਰਨ ਕੌਰ ਦੇ ਘਰ ਪੜਪੋਤਰੇ ਹੋਣ 'ਤੇ ਸੰਸਥਾ ਦੇ ਸਮੂਹ ਮੈਂਬਰਾਂ ਸਨਮਾਨ ਦੇ ਕੇ ਵਧਾਈ ਦਿੱਤੀ। ਇਸ ਮੌਕੇ ਸੰਸਥਾ ਦੇ ਪ੍ਰਧਾਨ ਆਸਾ ਨੰਦ ਟੂਲਾਨੀ ਤੇ ਹੋਰ ਬੁਲਾਰਿਆਂ ਨੇ ਵੱਧ ਰਹੀਆਂ ਤੇਲ ਦੀਆਂ ਕੀਮਤਾਂ ਤੇ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਹੁਣ ਆਮ ਆਦਮੀ ਤੇ ਸਰਕਾਰ ਨੇ ਵੱਡਾ ਬੋਝ ਪਾ ਦਿੱਤਾ ਹੈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਤੇਲ ਦੀਆਂ ਵਧਾਈਆਂ ਗਈਆਂ ਕੀਮਤਾਂ ਨੂੰ ਤੁਰੰਤ ਵਾਪਸ ਲਿਆ ਜਾਵੇ। ਉਨ੍ਹਾਂ ਆਪਣੇ ਸੰਬੋਧਨ ਦੌਰਾਂਨ ਬਜ਼ੁਰਗਾਂ ਨੂੰ ਅਤ ਦੀ ਪੈ ਰਾਹ ਗਰਮੀ ਤੋਂ ਬਚਣ ਅਤੇ ਆਪਣੇ ਬੱਚਿਆਂ ਨਾਲ ਜਿੰਦਗੀ ਦੇ ਤਜਰਬੇ ਸਾਂਝੇ ਕਰਨ ਲਈ ਵੀ ਕਿਹਾ। ਇਸ ਮੌਕੇ ਸੰਸਥਾ ਦੇ ਨਵੇਂ ਬਣੇ ਮੈਂਬਰ ਅਸ਼ੋਕ ਕੁਮਾਰ ਸਪੁੱਤਰ ਛੋਟੂ ਮੱਲ ਨੇ ਪੁੰਨ ਦਾ ਕਾਰਜ ਕਰਦਿਆਂ ਇਕ ਜ਼ਰੂਰਤਮੰਦ ਔਰਤ ਨੂੰ ਸਿਲਾਈ ਮਸ਼ੀਨ ਦਿੱਤੀ। ਇਸ ਮੌਕੇ ਸਲਾਹਕਾਰ ਰਾਜਿੰਦਰ ਪਾਲ, ਰਾਮ ਗੋਪਾਲ ਗਰਗ, ਜਗਦੀਸ਼ ਸ਼ਰਮਾ, ਲੇਖ ਰਾਜ, ਸੁਰਿੰਦਰਾ ਦੇਵੀ, ਰਾਜ ਕਿਸ਼ਨ, ਨਿਸ਼ਾਨ ਸਿੰਘ ਸੰਧੂ, ਅਸ਼ੋਕ ਕੁਮਾਰ, ਸੁਰਿੰਦਰ ਸਿੰਗਲਾ, ਰਾਮ ਕ੍ਰਿਸ਼ਨ ਨਿਰੰਕਾਰੀ, ਅਸ਼ੋ ਕੁਮਾਰ, ਰਾਜ ਕੁਮਾਰ ਜੈ ਸਿੰਘ, ਬਲਵਿੰਦਰ ਕੁਮਾਰ, ਸੀਤਾ ਰਾਮ,ਸੁਭਾਸ਼ ਕੈਟਰਿੰਗ ਵਾਲੇ, ਆਦਿ ਵੀ ਮੌਜੂਦ ਸਨ। ਅੰਤ ਵਿਚ ਮੈਂਬਰ ਪ੍ਰਿਤਪਾਲ ਸਿੰਘ ਸੰਧੂ ਦੇ ਮਾਤਾ ਸ਼੍ਰੀਮਤੀ ਜੋਗਿੰਦਰ ਕੌਰ (ਪਤਨੀ ਸਵ: ਤਰਲੋਕ ਸਿੰਘ ਨਕਈ) ਦੀ ਮੌਤ ਤੇ ਦੁੱਖ ਪ੍ਰਗਟ ਕਰਦਿਆਂ ਦੋ ਮਿੰਟ ਦਾ ਮੋਨ ਧਾਰ ਕੇ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਅਰਦਾਸ ਕੀਤੀ ਗਈ। ਅੰਤ ਵਿਚ ਸੰਸਥਾ ਪ੍ਰਧਾਨ ਵੱਲੋਂ ਹਾਜਰ ਸਾਰੇ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਅਪੀਲ ਕੀਤੀ ਕਿ ਹਰ ਮੈਂਬਰ ਮੀਟਿੰਗ 'ਚ ਇੱਕ-ਇੱਕ ਸਾਥੀ ਨਾਲ ਲੈ ਕੇ ਆਵੇ, ਤਾਂ ਜੋ ਉਨ੍ਹਾਂ ਨੂੰ ਸੰਸਥਾ ਦੀਆਂ ਗਤੀਵਿਧੀਆ ਬਾਰੇ ਪਤਾ ਲੱਗ ਸਕੇ।

## ਪੰਜਾਬ ਸਰਕਾਰ ਵੱਲੋਂ ਵਿੱਕੀ ਘਨੌਰ 'ਸਪੋਰਟਸ ਵੈਲਫੇਅਰ ਬੋਰਡ' ਦੇ ਅਹਿਮ ਮੈਂਬਰ ਨਿਯੁਕਤ



ਘਨੌਰ, 1 ਜੂਨ (ਰਾਜਿੰਦਰ ਸਿੰਘ ਕੰਬੋਜ) : ਪੰਜਾਬ ਦੇ ਖੇਡਾਂ ਅਤੇ ਨੌਜਵਾਨ ਸੇਵਾਵਾਂ ਵਿਭਾਗ ਵੱਲੋਂ ਅੱਜ ਸੂਬੇ ਵਿੱਚ ਖੇਡਾਂ ਦੇ ਵਿਕਾਸ ਅਤੇ ਖਿਡਾਰੀਆਂ ਦੀ ਭਲਾਈ ਲਈ ਇੱਕ ਉੱਚ-ਪੱਧਰੀ 'ਸਪੋਰਟਸ ਵੈਲਫੇਅਰ ਬੋਰਡ' ਦਾ ਗਠਨ ਕੀਤਾ ਗਿਆ ਹੈ। ਪੰਜਾਬ ਦੇ ਰਾਜਪਾਲ ਦੀ ਪ੍ਰਵਾਨਗੀ ਤੋਂ ਬਾਅਦ ਜਾਰੀ ਹੋਏ ਅਧਿਕਾਰਤ ਨੋਟੀਫਿਕੇਸ਼ਨ ਤਹਿਤ ਜਿੱਥੇ ਇਸ ਬੋਰਡ ਦੇ ਚੇਅਰਮੈਨ ਅਤੇ ਮੈਂਬਰਾਂ ਦੀਆਂ ਨਿਯੁਕਤੀਆਂ ਕੀਤੀਆਂ ਗਈਆਂ ਹਨ, ਉੱਥੇ ਹੀ ਆਮ ਆਦਮੀ ਪਾਰਟੀ ਦੇ ਸੂਬਾ ਸਪੋਰਟਸ ਵਿੰਗ ਦੇ ਪ੍ਰਧਾਨ ਅਤੇ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਦੇ ਵਾਈਸ ਚੇਅਰਮੈਨ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਨੂੰ ਇਸ ਬੋਰਡ ਦਾ ਅਹਿਮ ਮੈਂਬਰ ਨਿਯੁਕਤ ਕਰਕੇ ਇੱਕ ਹੋਰ ਵੱਡੀ ਸੰਗਠਨਾਤਮਕ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸ ਨਿਯੁਕਤੀ ਦੀ ਖ਼ਬਰ ਆਉਂਦਿਆਂ ਹੀ ਹਲਕਾ ਘਨੌਰ ਅਤੇ ਸਮੁੱਚੇ ਪੰਜਾਬ ਦੇ ਖੇਡ ਜਗਤ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ ਅਤੇ ਸਮੂਹ ਖੇਡ ਪ੍ਰੇਮੀਆਂ ਵੱਲੋਂ ਇੱਕ-ਦੂਜੇ ਦਾ ਮੂੰਹ ਮਿੱਠਾ ਕਰਵਾ ਕੇ ਵਧਾਈਆਂ ਦਿੱਤੀਆਂ ਗਈਆਂ। ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮਨਿੰਦਰਜੀਤ ਸਿੰਘ ਵਿੱਕੀ ਘਨੌਰ ਨੇ ਇਸ ਵੱਕਾਰੀ ਜ਼ਿੰਮੇਵਾਰੀ ਲਈ ਆਮ ਆਦਮੀ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ, ਪਾਰਟੀ ਮਾਮਲਿਆਂ ਦੇ ਰਾਸ਼ਟਰੀ ਇੰਚਾਰਜ ਮਨੀਸ਼ ਸਿਸੋਦੀਆ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ, 'ਆਪ' ਪੰਜਾਬ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਅਤੇ ਸਮੁੱਚੀ ਪੰਜਾਬ ਸਰਕਾਰ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਪ੍ਰਗਟਾਇਆ। ਇਸ ਨਵੇਂ ਗਠਿਤ ਬੋਰਡ ਵਿੱਚ ਜਸਕੰਵਰ ਸਿੰਘ (ਜੱਸਾ ਪੱਟੀ) ਨੂੰ ਬੋਰਡ ਦਾ ਚੇਅਰਮੈਨ ਲਗਾਇਆ ਗਿਆ ਹੈ, ਜਦਕਿ ਵਿੱਕੀ ਘਨੌਰ (ਪਟਿਆਲਾ) ਤੋਂ ਇਲਾਵਾ ਗਗਨਦੀਪ ਸਿੰਘ ਬਰਾੜ (ਫਰੀਦਕੋਟ), ਮਨਪ੍ਰੀਤ ਸਿੰਘ (ਤਰਨਤਾਰਨ), ਗੁਰਕਮਲਜੀਤ ਸਿੰਘ ਬਿੱਲਾ ਜੌਹਲ (ਗੁਰਦਾਸਪੁਰ), ਅਮਨਦੀਪ ਸਿੰਘ (ਹੁਸ਼ਿਆਰਪੁਰ), ਬੁੱਧ ਸਿੰਘ ਧੂਲੇਤਾ (ਜਲੰਧਰ), ਸੋਨੀਆ ਆਲਗ (ਲੁਧਿਆਣਾ), ਪਵਨ ਸ਼ਰਮਾ (ਪਟਿਆਲਾ) ਅਤੇ ਨਵਤੇਜਦੀਪ ਸਿੰਘ (ਤਰਨ ਤਾਰਨ) ਨੂੰ ਬਤੌਰ ਮੈਂਬਰ ਸ਼ਾਮਲ ਕੀਤਾ ਗਿਆ ਹੈ।